ਸੋਮਵਾਰ, 31 ਅਗਸਤ, 2026
15 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 90

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 31 AUGUST, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਨਵਾਂ ਪ੍ਰੋਗਰਾਮ ਐਲਾਨਿਆ

**ਲੁਧਿਆਣਾ (ਸਤੀਸ਼ ਸਚਦੇਵਾ)**

ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਦੀ ਸਾਂਝੀ ਤਾਲਮੇਲ ਕਮੇਟੀ ਦੀ ਵਿਸਥਾਰੀ ਮੀਟਿੰਗ ਸਥਾਨਕ ਬੱਚਤ ਭਵਨ ਵਿਖੇ ਗੁਰਨਾਮ ਸਿੰਘ ਵਿਰਕ ਅਤੇ ਸਤੀਸ਼ ਰਾਣਾ ਦੀ ਪ੍ਰਧਾਨਗੀ ਵਿੱਚ ਕੀਤੀ ਗਈ।ਇਸ ਮੀਟਿੰਗ ਦੌਰਾਨ ਹੁਣ ਤੱਕ ਦੇ ਸੰਘਰਸ਼ ਨੂੰ ਭਾਰੀ ਸਮਰਥਨ ਦੇਣ ਲਈ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਮਾਣਭੱਤਾ ਵਰਕਰਾਂ ਦਾ ਧੰਨਵਾਦ ਕੀਤਾ ਗਿਆ ਅਤੇ ਪੰਜਾਬ ਸਰਕਾਰ ਖ਼ਿਲਾਫ਼ ਵੱਡੇ ਸੰਘਰਸ਼ ਦਾ ਐਲਾਨ ਕੀਤਾ ਗਿਆ।ਮੀਟਿੰਗ ਵਿੱਚ ਸਭ ਤੋਂ ਪਹਿਲਾਂ ਪੰਜਾਬ ਸਰਕਾਰ ਵੱਲੋਂ 27 ਅਗਸਤ ਨੂੰ ਸਮੂਹਿਕ ਛੁੱਟੀ ਤੇ ਮੁਲਾਜ਼ਮਾਂ ਸਬੰਧੀ ਕੱਢੇ ਪੱਤਰ ਅਤੇ ਉਸ ਉਪਰੰਤ ਕਾਰਨ ਦੱਸੋ ਨੋਟਿਸ ਦੇਣ ਦੀ ਧਮਕੀ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਤਾਲਮੇਲ ਕਮੇਟੀ ਵੱਲੋਂ ਆਉਣ ਵਾਲੇ ਸਮੇਂ ਅੰਦਰ ਦਿੱਤੇ ਸੰਘਰਸ਼ੀ ਪ੍ਰੋਗਰਾਮਾਂ ਨੂੰ 'ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਕੱਤਰੇਤ ਤੋਂ ਸਤੌਜ ਵਾਪਸੀ' ਮੁਹਿੰਮ ਦਾ ਨਾਂਅ ਦਿੱਤਾ ਗਿਆ।

ਮੀਟਿੰਗ ਤੋਂ ਬਾਅਦ ਸੰਬੋਧਨ ਕਰਦਿਆਂ ਤਾਲਮੇਲ ਕਮੇਟੀ ਦੇ ਆਗੂਆਂ ਜਰਮਨਜੀਤ ਸਿੰਘ, ਸੁਖਚੈਨ ਸਿੰਘ ਖਹਿਰਾ, ਕਰਮ ਸਿੰਘ ਧਨੋਆ, ਤਰਸੇਮ ਸਿੰਘ ਭੱਠਲ, ਰਣਜੀਤ ਸਿੰਘ ਰਾਣਵਾਂ, ਸਾਹਿਲ ਸ਼ਰਮਾ, ਗਗਨਦੀਪ ਭੁੱਲਰ, ਹਰਨੇਕ ਸਿੰਘ, ਸੁਖਦੇਵ ਸਿੰਘ ਸੈਣੀ, ਹਰਜਿੰਦਰਪਾਲ ਸਿੰਘ ਪੰਨੂ, ਭਜਨ ਸਿੰਘ ਗਿੱਲ, ਮਨਜੀਤ ਸਿੰਘ ਬਾਸਰਕੇ, ਕੁਲਵਿੰਦਰ ਢਿੱਲੋਂ, ਅਵਤਾਰ ਕੈਂਥ, ਹਰੀ ਸਿੰਘ ਟੌਹੜਾ, ਮਨਦੀਪ ਸਿੰਘ ਸਿੱਧੂ ਆਦਿ ਨੇ ਆਖਿਆ ਕਿ ਪੰਜਾਬ ਸਰਕਾਰ ਦੁਆਰਾ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਮਾਣਭੱਤਾ ਵਰਕਰਾਂ ਦੀਆਂ ਮੰਗਾਂ ਹੱਲ ਨਾ ਕੀਤੇ ਜਾਣ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੁਆਰਾ ਵਾਰ-ਵਾਰ ਮੀਟਿੰਗਾਂ ਦੇ ਕੇ ਮੁਕਰਨ ਖ਼ਿਲਾਫ਼ ਪੰਜਾਬ ਦੇ ਹਰ ਤਰ੍ਹਾਂ ਦੇ ਸਮੁੱਚੇ ਮੁਲਾਜ਼ਮ 21-22 ਅਕਤੂਬਰ ਨੂੰ ਦੋ ਦਿਨਾ ਸਮੂਹਿਕ ਛੁੱਟੀ 'ਤੇ ਜਾਣਗੇ ਅਤੇ 10 ਅਕਤੂਬਰ ਨੂੰ ਸੰਗਰੂਰ ਵਿਖੇ ਵਿਸ਼ਾਲ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ।ਇਸ ਰੈਲੀ ਤੋਂ ਪਹਿਲਾਂ ਸੰਘਰਸ਼ ਨੂੰ ਤੇਜ਼ ਕਰਦਿਆਂ 12-13 ਸਤੰਬਰ ਨੂੰ ਪੰਜਾਬ ਦੇ ਕੈਬਨਿਟ ਮੰਤਰੀਆਂ ਦੇ ਘਰਾਂ ਦੇ ਘਿਰਾਓ ਕੀਤੇ ਜਾਣਗੇ, ਜਿਸ ਦੇ ਤਹਿਤ 12 ਸਤੰਬਰ ਨੂੰ ਹਰਭਜਨ ਸਿੰਘ ਈ ਟੀ ਓ ਦੇ ਅੰਮ੍ਰਿਤਸਰ, ਜੈ ਕਿਸ਼ਨ ਸਿੰਘ ਰੋੜੀ ਦੇ ਗੜ੍ਹਸ਼ੰਕਰ, ਡਾਕਟਰ ਬਲਵੀਰ ਸਿੰਘ ਦੇ ਪਟਿਆਲਾ, ਕੁਲਤਾਰ ਸਿੰਘ ਸੰਧਵਾਂ ਦੇ ਸੰਧਵਾਂ ਅਤੇ 13 ਸਤੰਬਰ ਨੂੰ ਲਾਲ ਚੰਦ ਕਟਾਰੂ ਚੱਕ ਦੇ ਪਠਾਨਕੋਟ, ਹਰਜੋਤ ਸਿੰਘ ਬੈਂਸ ਦੇ ਅਨੰਦਪੁਰ ਸਾਹਿਬ ਅਤੇ ਅਮਨ ਅਰੋੜਾ ਦੇ ਸੁਨਾਮ ਵਿਖੇ ਰੈਲੀਆਂ ਕਰਨ ਉਪਰੰਤ ਇਹਨਾਂ ਦੀਆਂ ਕੋਠੀਆਂ ਦਾ ਘਰਾਓ ਕੀਤਾ ਜਾਵੇਗਾ। ਇਸ ਉਪਰੰਤ 19-20 ਸਤੰਬਰ ਨੂੰ ਰਹਿੰਦੇ ਮੰਤਰੀਆਂ ਅਤੇ ਵਿਧਾਇਕਾਂ ਦੀਆਂ ਕੋਠੀਆਂ ਦੇ ਘਰਾਓ ਕੀਤੇ ਜਾਣਗੇ।ਇਸੇ ਤਰ੍ਹਾਂ ਫੈਸਲਾ ਕੀਤਾ ਗਿਆ ਕਿ ਜੇਕਰ ਪੰਜਾਬ ਸਰਕਾਰ ਨੇ 07 ਸਤੰਬਰ ਤੱਕ ਮੁਲਾਜ਼ਮਾਂ 'ਤੇ ਕਾਰਵਾਈ ਕਰਨ ਸੰਬੰਧੀ ਧਮਕੀ ਪੱਤਰ ਵਾਪਸ ਨਾ ਲਏ ਤਾਂ ਸਕੱਤਰੇਤ ਅਤੇ ਡਾਇਰੈਕਟੋਰੇਟਾਂ ਦੇ ਮੁਲਾਜ਼ਮਾਂ ਸਮੇਤ ਸਮੁੱਚੇ ਮਨਿਸਟੀਰੀਅਲ ਸਟਾਫ਼ ਵੱਲੋਂ 8 ਸਤੰਬਰ ਨੂੰ ਸਮੂਹਿਕ ਛੁੱਟੀ ਲੈ ਕੇ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਨਗੇ, ਜਿਸ ਵਿੱਚ ਸਾਂਝੀ ਤਾਲਮੇਲ ਕਮੇਟੀ ਨਾਲ ਸੰਬੰਧਤ ਸਾਰੀਆਂ ਧਿਰਾਂ ਸ਼ ਮੂ ਲੀ ਅ ਤ • ਬਾਕੀ ਸਫ਼ਾ 2 'ਤੇ



# ਪ੍ਰਿੰਸੀਪਲ ਨੇ 1643 ਘਰਾਂ ਦੇ ਚਿਰਾਗ ਬੁਝਣੋ ਬਚਾਏ



ਤ੍ਰਿਭੁਵਨ ਤ੍ਰਿਸ਼ੂਲੀ ਸੈਕੰਡਰੀ ਸਕੂਲ, ਜਿਸ ਦਾ ਨਾਮੋ-ਨਿਸ਼ਾਨ ਮਿਟ ਗਿਆ। (ਇਨਸੈੱਟ) ਪ੍ਰਿੰਸੀਪਲ ਰਾਜੇਂਦਰ ਦਵਾੜੀ।

**ਕਠਮੰਡੂ (ਨ ਜ਼ ਸ)**

ਚਾਣਚੱਕ ਆਏ ਹੜ੍ਹ ਨਾਲ ਬੁਰੀ ਤਰ੍ਹਾਂ ਤਬਾਹ ਹੋਏ ਨੇਪਾਲ ਤੋਂ ਹੈਰਾਨਕੁੰਨ ਕਹਾਣੀਆਂ ਸਾਹਮਣੇ ਆ ਰਹੀਆਂ ਹਨ। ਨੁਵਾਕੋਟ ਜ਼ਿਲ੍ਹੇ ਵਿੱਚ ਇੱਕ ਸਕੂਲ ਦੇ ਪ੍ਰਿੰਸੀਪਲ ਦੇ ਤੁਰੰਤ ਲਏ ਫੈਸਲੇ ਅਤੇ ਸਮਝਦਾਰੀ ਨੇ 1,643 ਮਾਸੂਮ ਬੱਚਿਆਂ ਦੀਆਂ ਜਾਨਾਂ ਬਚਾ ਲਈਆਂ। 'ਤ੍ਰਿਭੁਵਨ ਤ੍ਰਿਸ਼ੂਲੀ ਸੈਕੰਡਰੀ ਸਕੂਲ' ਵਿੱਚ ਬੁੱਧਵਾਰ ਸਵੇਰੇ ਆਮ ਦਿਨਾਂ ਵਾਂਗ ਚਹਿਲ-ਪਹਿਲ ਸੀ, ਪਰ ਅਚਾਨਕ ਵੱਜੀ ਸਕੂਲ ਦੀ ਘੰਟੀ ਪੜ੍ਹਾਈ ਲਈ ਨਹੀਂ, ਸਗੋਂ ਜ਼ਿੰਦਗੀ ਬਚਾਉਣ ਲਈ ਦੌੜਨ ਦਾ ਇਸ਼ਾਰਾ ਸੀ। ਖ਼ਤਰੇ ਦਾ ਸੁਨੇਹਾ ਮਿਲਦਿਆਂ ਹੀ ਬੱਚਿਆਂ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ ਅਤੇ ਕੁਝ ਹੀ ਮਿੰਟਾਂ ਵਿੱਚ ਪੂਰਾ ਸਕੂਲ ਪਾਣੀ ਦੇ ਤੇਜ਼ ਵਹਾਅ ਵਿੱਚ ਤਬਾਹ ਹੋ ਕੇ ਓਹਲੇ ਹੋ ਗਿਆ।

ਇਹ ਦਿਲ ਦਹਿਲਾ ਦੇਣ ਵਾਲਾ ਘਟਨਾਕ੍ਰਮ ਸਵੇਰੇ ਲਗਭਗ 9:20 ਵਜੇ ਵਾਪਰਿਆ। 47 ਸਾਲਾ ਪ੍ਰਿੰਸੀਪਲ ਅਤੇ ਅੰਗਰੇਜ਼ੀ ਦੇ ਅਧਿਆਪਕ ਰਾਜੇਂਦਰ ਦਵਾੜੀ ਨੂੰ ਲੱਗਦਾ ਸੀ ਕਿ ਨਦੀ ਤੋਂ 60 ਮੀਟਰ ਦੀ ਉੱਚਾਈ 'ਤੇ ਬਣੀ ਉਨ੍ਹਾਂ ਦੀ ਤਿੰਨ ਮੰਜ਼ਲਾ ਕੰਕਰੀਟ ਦੀ ਇਮਾਰਤ ਪੂਰੀ ਤਰ੍ਹਾਂ ਸੁਰੱਖਿਅਤ ਹੈ, ਪਰ ਉਸੇ ਵੇਲੇ ਉਨ੍ਹਾ ਦੇ ਇੱਕ ਦੋਸਤ ਦਾ ਫੋਨ ਆਇਆ, ਜਿਸ ਨੇ ਚਿਤਾਵਨੀ ਦਿੱਤੀ ਕਿ ਹੇਠਲਾ ਪੂਰਾ ਪਿੰਡ ਹੜ੍ਹ ਦੀ ਲਪੇਟ 'ਚ ਆ ਕੇ ਬਰਬਾਦ ਹੋ ਚੁੱਕਾ ਹੈ ਅਤੇ ਪਾਣੀ ਦਾ ਪੱਧਰ ਤੇਜ਼ੀ ਨਾਲ ਉੱਪਰ ਆ ਰਿਹਾ ਹੈ। ਪ੍ਰਿੰਸੀਪਲ ਦਵਾੜੀ ਨੇ ਬਿਨਾਂ ਦੇਰੀ ਕੀਤੇ ਸਕੂਲ ਖਾਲੀ ਕਰਨ ਦੇ ਹੁਕਮ ਦਿੱਤੇ। ਅਧਿਆਪਕਾਂ ਨੇ ਤੁਰੰਤ ਸਾਰੇ 1,643 ਵਿਦਿਆਰਥੀਆਂ ਨੂੰ ਪੈਦਲ ਹੀ ਉੱਚੀ ਪਹਾੜੀ ਵੱਲ ਭੇਜਿਆ, ਜਿੱਥੇ ਉਨ੍ਹਾਂ ਇੱਕ ਬੋਹੜ ਦੇ ਦਰੱਖਤ ਹੇਠਾਂ ਸ਼ਰਨ ਲਈ। ਬੱਚਿਆਂ ਦੇ ਉੱਚੀ ਥਾਂ 'ਤੇ ਪਹੁੰਚਦੇ ਹੀ ਨਦੀ ਦੇ ਵਿਕਰਾਲ ਰੂਪ ਨੇ ਪੂਰੇ ਸਕੂਲ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਅਤੇ ਇਮਾਰਤ ਦਾ ਨਾਮੋ-ਨਿਸ਼ਾਨ ਮਿਟ ਗਿਆ। ਤੁਰੰਤ ਫੈਸਲਾ ਲੈਣ ਦੀ ਸਮਰੱਥਾ ਲਈ ਪ੍ਰਿੰਸੀਪਲ ਦਵਾੜੀ ਦੀ ਪੂਰੇ ਦੇਸ਼ ਵਿੱਚ ਸ਼ਲਾਘਾ ਕੀਤੀ ਜਾ ਰਹੀ ਹੈ। ਪ੍ਰਿੰਸੀਪਲ ਨੇ ਬੱਚੇ ਤਾਂ ਬਚਾ ਲਏ, ਪਰ ਸਕੂਲ ਦੀ ਇਮਾਰਤ ਵਿੱਚ ਫਸ ਜਾਣ ਕਾਰਨ ਸਟਾਫ ਦੇ ਦੋ ਮੈਂਬਰਾਂ ਦੀ ਮੌਤ ਹੋ ਗਈ। ਪ੍ਰਿੰਸੀਪਲ ਰਾਜੇਂਦਰ ਦਵਾੜੀ ਨੂੰ ਹੈਲੀਕਾਪਟਰ ਰਾਹੀਂ ਬਚਾਇਆ ਗਿਆ। ਸਕੂਲ ਵਿੱਚ ਹੜ੍ਹ ਪ੍ਰਭਾਵਤ ਇਲਾਕਿਆਂ ਦੇ ਬੱਚੇ ਪੜ੍ਹਦੇ ਸਨ। ਪ੍ਰਿੰਸੀਪਲ ਨੇ ਦੱਸਿਆ ਕਿ ਬਹੁਤ ਸਾਰੇ ਬੱਚਿਆਂ ਨੇ ਆਪਣੇ ਪੂਰੇ ਪਰਵਾਰ ਗੁਆ ਦਿੱਤੇ ਹਨ।

ਨੇਪਾਲ-ਤਿੱਬਤ ਸਰਹੱਦ 'ਤੇ ਸਿਆਫਰੂਬੇਸੀ ਅਤੇ ਕੇਰੁੰਗ ਵਿਚਕਾਰ ਆਏ ਭਿਆਨਕ ਅਚਾਨਕ ਹੜ੍ਹ ਅਤੇ ਤਬਾਹੀ ਦੌਰਾਨ ਤਾਮਿਲਨਾਡੂ ਦੇ ਸ਼ਰਧਾਲੂਆਂ ਦੀ ਹਿੰਮਤ ਨੇ 21 ਲੋਕਾਂ ਨੂੰ ਮੌਤ ਦੇ ਮੂੰਹੋਂ ਬਾਹਰ ਕੱਢ ਲਿਆ। ਕੈਲਾਸ਼ ਮਾਨਸਰੋਵਰ ਯਾਤਰਾ 'ਤੇ ਗਿਆ ਇਹ ਗਰੁੱਪ ਉਸ ਵੇਲੇ ਵੱਡੇ ਹਾਦਸੇ ਦਾ ਸ਼ਿਕਾਰ ਹੁੰਦੇ-ਹੁੰਦੇ ਬਚਿਆ, ਜਦੋਂ ਉਨ੍ਹਾਂ ਦੀ ਗੱਡੀ ਭਾਰਤੀ ਦੂਤਾਵਾਸ ਚੌਕੀ ਦੇ ਨੇੜੇ ਹੜ੍ਹ ਦੇ ਤੇਜ਼ ਵਹਾਅ ਵਿੱਚ ਫਸ ਗਈ। ਗੱਡੀ ਵਿੱਚੋਂ ਬਾਹਰ ਨਿਕਲ ਕੇ ਜਦੋਂ ਸਾਰੇ ਚਿੱਕੜ ਅਤੇ ਮਲਬੇ ਵਿੱਚੋਂ ਲੰਘਦੇ ਹੋਏ ਉੱਚੀ ਢਲਾਣ ਵੱਲ ਭੱਜੇ, ਤਾਂ ਤਿਲਕਣ ਜ਼ਿਆਦਾ ਹੋਣ ਕਰਕੇ ਔਰਤਾਂ ਲਈ ਉੱਪਰ ਚੜ੍ਹਨਾ ਅਸੰਭਵ ਹੋ ਗਿਆ। ਇਸ ਮੁਸ਼ਕਲ ਘੜੀ ਵਿੱਚ ਮਾਇਆਵਰਮ ਦੇ ਰਹਿਣ ਵਾਲੇ ਰਤਨਕੁਮਾਰ ਅਤੇ ਉਸ ਦੀ ਪਤਨੀ ਪੂੰਗੁਜ਼ਾਲੀ ਨੇ ਅਦਭੁਤ ਸਮਝਦਾਰੀ ਦਿਖਾਈ। ਪਹਿਲਾਂ ਹੀ ਸੁਰੱਖਿਅਤ ਉਚਾਈ 'ਤੇ ਪਹੁੰਚ ਚੁੱਕੇ ਇਸ ਜੋੜੇ ਨੇ ਆਪਣੀਆਂ ਸਾੜ੍ਹੀਆਂ ਨੂੰ ਬੰਨ੍ਹ ਕੇ ਮਜ਼ਬੂਤ ਅਸਥਾਈ ਰੱਸੀ ਤਿਆਰ ਕੀਤੀ। ਰਤਨਾਕੁਮਾਰ ਨੇ ਹੇਠਾਂ ਔਰਤਾਂ ਨੂੰ ਇੱਕ-ਇੱਕ ਕਰਕੇ ਚੁੱਕਿਆ, ਜਦੋਂ ਕਿ ਉਸ ਦੀ ਪਤਨੀ ਪੂੰਗੁਜ਼ਾਲੀ ਨੇ ਉੱਪਰੋਂ ਸਾੜ੍ਹੀ ਦੀ ਰੱਸੀ ਖਿੱਚ ਕੇ ਸਾਰੀਆਂ ਔਰਤਾਂ ਨੂੰ ਸੁਰੱਖਿਅਤ ਢਲਾਣ ਤੋਂ ਉੱਪਰ ਪਹੁੰਚਾਇਆ।

# ਮੁਲਾਜ਼ਮ ਕਹਿਣ ਤਾਂ ਸਰਕਾਰ ਨਾਲ ਗੱਲ ਕਰਨ ਲਈ ਤਿਆਰ ਹਾਂ : ਰਾਜਪਾਲ

**ਚੰਡੀਗੜ੍ਹ** : ਡੀ ਏ ਤੇ ਹੋਰ ਮਸਲਿਆਂ ਨੂੰ ਲੈ ਕੇ ਮੁਲਾਜ਼ਮ ਤੇ ਪੰਜਾਬ ਸਰਕਾਰ ਆਹਮੋ ਸਾਹਮਣੇ ਹਨ। ਇਸ ਦਰਮਿਆਨ ਸੂਬੇ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਹੈ ਕਿ ਇਹ ਮਾਮਲਾ ਸੂਬਾ ਸਰਕਾਰ ਅਤੇ ਮੁਲਾਜ਼ਮਾਂ ਦਾ ਹੈ ਪਰ ਜੇਕਰ ਪ੍ਰਦਰਸ਼ਨ ਕਰ ਰਹੇ ਮੁਲਾਜ਼ਮ ਆਪਣੀ ਕਿਸੇ ਸਮੱਸਿਆ ਨੂੰ ਲੈ ਕੇ ਉਨ੍ਹਾਂ ਨਾਲ ਸਿੱਧਾ ਸੰਪਰਕ ਕਰਦੇ ਹਨ ਤਾਂ ਉਹ ਇਸ ਬਾਰੇ ਜ਼ਰੂਰ ਸਰਕਾਰ ਨਾਲ ਗੱਲਬਾਤ ਕਰਨਗੇ। ਉਨ੍ਹਾਂ ਇਹ ਵੀ ਮੰਨਿਆ ਕਿ ਚੋਣਾਂ ਦੇ ਨੇੜੇ ਆਉਂਦਿਆਂ ਅਜਿਹੇ ਹਾਲਾਤ ਅਤੇ ਵਿਰੋਧ ਪ੍ਰਦਰਸ਼ਨ ਆਮ ਤੌਰ 'ਤੇ ਦੇਖਣ ਨੂੰ ਮਿਲਦੇ ਹਨ। ਲੁਧਿਆਣਾ ਦੇ ਪੀ ਏ ਯੂ ਵਿਖੇ ਇਕ ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ ਰਾਜਪਾਲ ਨੇ ਇਹ ਸ਼ਬਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਹੇ। ਮੁਲਾਜ਼ਮਾਂ ਦੀ ਸਭ ਤੋਂ ਵੱਡੀ ਮੰਗ ਲੰਬਿਤ ਮਹਿੰਗਾਈ ਭੱਤੇ (ਡੀ ਏ) ਦੀਆਂ ਕਿਸ਼ਤਾਂ ਜਾਰੀ ਕਰਨਾ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਬਕਾਇਆ ਡੀ ਏ/ਡੀ.ਆਰ. ਦੀਆਂ ਕਿਸ਼ਤਾਂ ਜਾਰੀ ਕਰਨ ਦੇ ਹੁਕਮ ਦਿੱਤੇ ਸਨ। ਅਦਾਲਤੀ ਹੁਕਮਾਂ ਦੇ ਬਾਵਜੂਦ ਭੁਗਤਾਨ ਨਾ ਹੋਣ ਕਾਰਨ ਮੁਲਾਜ਼ਮ ਜਥੇਬੰਦੀਆਂ ਨੇ ਸੰਘਰਸ਼ ਤੇਜ਼ ਕਰ ਦਿੱਤਾ ਹੈ। ਮੁਲਾਜ਼ਮ ਜਥੇਬੰਦੀਆਂ ਅਨੁਸਾਰ 18 ਫੀਸਦੀ ਡੀ ਏ ਦਾ ਹਿੱਸਾ ਜਨਵਰੀ 2023 ਤੋਂ ਬਕਾਇਆ ਹੈ। ਹਾਈ ਕੋਰਟ ਦੇ ਹੁਕਮ ਤੋਂ ਬਾਅਦ ਵੀ ਇਸ ਦਾ ਭੁਗਤਾਨ ਨਾ ਹੋਣ 'ਤੇ ਮੁਲਾਜ਼ਮਾਂ ਵਿੱਚ ਰੋਸ ਹੈ। ਸਾਂਝਾ ਮੁਲਾਜ਼ਮ ਮੰਚ ਮੁਹਾਲੀ ਦੇ ਕਨਵੀਨਰ ਅਮਿਤ ਕਟੋਚ ਨੇ ਦੱਸਿਆ ਕਿ ਮੁਲਾਜ਼ਮਾਂ ਦੇ ਮਸਲੇ ਹੱਲ ਕਰਵਾਉਣ ਤਕ ਸੰਘਰਸ਼ ਜਾਰੀ ਰਹੇਗਾ ਤੇ ਮਸਲੇ ਹੱਲ ਨਾ ਹੋਣ 'ਤੇ ਸੰਘਰਸ਼ ਤੇਜ਼ ਕੀਤਾ ਜਾਵੇਗਾ।



# ਪੱਛਮੀ ਏਸ਼ੀਆਈ ਦੇਸ਼ ਆਪਣਾ ਅਸਲ ਦੁਸ਼ਮਣ ਪਛਾਣਨ : ਮੋਜਤਬਾ ਖਾਮਨੇਈ

**ਤਹਿਰਾਨ** : ਈਰਾਨ ਦੇ ਸੁਪਰੀਮ ਲੀਡਰ ਮੋਜਤਬਾ ਖਾਮਨੇਈ ਨੇ ਐਤਵਾਰ ਪੱਛਮੀ ਏਸ਼ੀਆ ਦੇ ਦੇਸ਼ਾਂ ਨੂੰ ਆਪਣੇ ਦੁਸ਼ਮਣ ਵਿਰੁੱਧ ਇੱਕਜੁੱਟ ਹੋਣ ਦੀ ਅਪੀਲ ਕੀਤੀ ਹੈ। ਪੱਛਮੀ ਏਸ਼ੀਆ ਵਿੱਚ ਯੁੱਧ ਸ਼ੁਰੂ ਹੋਣ ਤੋਂ ਛੇ ਮਹੀਨੇ ਬਾਅਦ ਜਾਰੀ ਕੀਤੇ ਗਏ ਇੱਕ ਲਿਖਤੀ ਸੰਦੇਸ਼ ਵਿੱਚ ਮੋਜਤਬਾ ਨੇ ਦੇਸ਼ਾਂ ਨੂੰ ਆਪਣੇ ਅਸਲ ਦੁਸ਼ਮਣ ਨੂੰ ਪਛਾਣਨ, ਉਸ ਦੀ ਯੋਜਨਾ ਨੂੰ ਸਮਝਣ ਅਤੇ ਇਸ ਦਾ ਸਾਹਮਣਾ ਕਰਨ ਦਾ ਸੱਦਾ ਦਿੱਤਾ। ਉਸ ਨੇ ਅਮਰੀਕਾ ਅਤੇ ਇਜ਼ਰਾਈਲ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਸਲਾਮੀ ਦੇਸ਼ਾਂ ਨੂੰ ਦਰਪੇਸ਼ ਚੁਣੌਤੀਆਂ ਦਾ ਹੱਲ ਦੋਸਤੀ ਅਤੇ ਸਹਿਯੋਗ ਵਿੱਚ ਹੈ। ਅਮਰੀਕੀ ਹਮਲੇ ਵਿਚ ਆਪਣੇ ਪਿਤਾ ਅਲੀ ਖਾਮਨੇਈ ਦੇ ਮਾਰੇ ਜਾਣ ਤੋਂ ਥੋੜ੍ਹੀ ਦੇਰ ਬਾਅਦ ਹੀ ਮੋਜਤਬਾ ਸੁਪਰੀਮ ਲੀਡਰ ਬਣ ਗਿਆ ਸੀ। ਉਸ ਨੇ ਆਪਣੀ ਨਿਯੁਕਤੀ ਤੋਂ ਬਾਅਦ ਕੋਈ ਜਨਤਕ ਭਾਸ਼ਣ ਨਹੀਂ ਦਿੱਤਾ ਅਤੇ ਅਧਿਕਾਰੀਆਂ ਨੇ ਉਸ ਦਾ ਕੋਈ ਵੀਡੀਓ ਜਾਂ ਆਡੀਓ ਜਾਰੀ ਨਹੀਂ ਕੀਤਾ। ਹਾਲਾਂ ਕਿ ਮੋਜਤਬਾ ਨੇ ਸਮੇਂ-ਸਮੇਂ ਲਿਖਤੀ ਬਿਆਨ ਜਾਰੀ ਕੀਤੇ ਹਨ, ਜੋ ਈਰਾਨ ਦੇ ਸਰਕਾਰੀ ਟੈਲੀਵਿਜ਼ਨ ਦੁਆਰਾ ਪ੍ਰਸਾਰਤ ਕੀਤੇ ਗਏ ਹਨ।

## ਕਾਲਕਾ-ਸ਼ਿਮਲਾ ਟਰੈਕ 'ਤੇ ਪੁਲ ਰੁੜ੍ਹਿਆ

**ਸੋਲਨ** : ਯੂਨੈਸਕੋ ਵਰਲਡ ਹੈਰੀਟੇਜ ਸੂਚੀ ਵਿੱਚ ਸ਼ਾਮਲ ਕਾਲਕਾ-ਸ਼ਿਮਲਾ ਰੇਲਵੇ ਟਰੈਕ 'ਤੇ ਰੇਲ ਸੇਵਾਵਾਂ ਇੱਕ ਵਾਰ ਫਿਰ ਠੱਪ ਹੋ ਗਈਆਂ ਹਨ। ਬੀਤੀ ਦੇਰ ਰਾਤ ਭਾਰੀ ਮੀਂਹ ਕਾਰਨ ਗੁੰਮਣ ਅਤੇ ਟਕਸਾਲ ਰੇਲਵੇ ਸਟੇਸ਼ਨਾਂ ਵਿਚਕਾਰ ਇੱਕ ਪੁਲ ਰੁੜ੍ਹ ਗਿਆ, ਜਿਸ ਨਾਲ ਟਰੈਕ ਹਵਾ ਵਿੱਚ ਲਟਕ ਗਿਆ। ਇਸ ਦੇ ਸਿੱਟੇ ਵਜੋਂ ਰੇਲਵੇ ਅਧਿਕਾਰੀਆਂ ਨੇ ਐਤਵਾਰ ਨੂੰ ਕਾਲਕਾ-ਸ਼ਿਮਲਾ ਟਰੈਕ 'ਤੇ ਸਾਰੀਆਂ ਰੇਲ ਗੱਡੀਆਂ ਰੱਦ ਕਰ ਦਿੱਤੀਆਂ। ਇਸ ਤੋਂ ਪਹਿਲਾਂ ਸਨਿੱਚਰਵਾਰ ਨੂੰ ਕੋਟੀ ਅਤੇ ਟਕਸਾਲ ਵਿਚਕਾਰ ਟਰੈਕ 'ਤੇ ਜ਼ਮੀਨ ਖਿਸਕ ਗਈ, ਜਿਸ ਕਾਰਨ ਰੇਲਵੇ ਅਧਿਕਾਰੀਆਂ ਨੂੰ ਦੇਰ ਰਾਤ ਹੇਠਾਂ ਵੱਲ ਜਾਣ ਵਾਲੀਆਂ ਚਾਰ ਰੇਲ ਗੱਡੀਆਂ ਰੱਦ ਕਰਨੀਆਂ ਪਈਆਂ।

## ਪੰਜਾਬ ਪੁਲਸ ਦੇ ਜਵਾਨ ਦੀ ਨਿਕਲੀ 7 ਕਰੋੜ ਦੀ ਲਾਟਰੀ




**ਫ਼ਿਰੋਜ਼ਪੁਰ** : ਪੰਜਾਬ ਪੁਲਸ ਦੀ 112 ਐਮਰਜੈਂਸੀ ਹੈਲਪਲਾਈਨ 'ਤੇ ਲੋਕਾਂ ਦੀਆਂ ਕਾਲਾਂ ਚੁੱਕਣ ਵਾਲੇ 28 ਸਾਲਾ ਕਾਂਸਟੇਬਲ ਗੁਰਪ੍ਰੀਤ ਸਿੰਘ ਰਾਤੋ-ਰਾਤ ਕਰੋੜਪਤੀ ਬਣ ਗਿਆ। ਫ਼ਿਰੋਜ਼ਪੁਰ ਦੇ ਪਿੰਡ ਮੱਲਵਾਲ ਕਦੀਮ ਦੇ ਰਹਿਣ ਵਾਲੇ ਗੁਰਪ੍ਰੀਤ ਸਿੰਘ ਦੀ 'ਰੱਖੜੀ ਬੰਪਰ ਡਰਾਅ' ਵਿੱਚ 7 ਕਰੋੜ ਰੁਪਏ ਦੀ ਪਹਿਲੀ ਲਾਟਰੀ ਨਿਕਲੀ ਹੈ। ਗੁਰਪ੍ਰੀਤ ਇੱਕ ਸਧਾਰਨ ਪਰਿਵਾਰ ਨਾਲ ਸਬੰਧ ਰੱਖਦਾ ਹੈ। ਉਸ ਦੇ ਪਿਤਾ ਦਰਸ਼ਨ ਸਿੰਘ ਰੇਲਵੇ ਵਿੱਚ ਟਰੇਨ ਗਾਰਡ ਵਜੋਂ ਸੇਵਾ-ਮੁਕਤ ਹੋਏ ਹਨ। ਮੀਡੀਆ ਨਾਲ ਆਪਣੀ ਖੁਸ਼ੀ ਸਾਂਝੀ ਕਰਦਿਆਂ ਗੁਰਪ੍ਰੀਤ ਨੇ ਕਿਹਾ, 'ਇਹ ਕਿਸੇ ਸੁਪਨੇ ਦੇ ਸੱਚ ਹੋਣ ਵਰਗਾ ਹੈ। ਮੈਂ ਆਮ ਵਾਂਗ ਟਿਕਟ ਖਰੀਦੀ ਸੀ। ਮੈਂ ਕਦੇ ਸੋਚਿਆ ਵੀ ਨਹੀਂ ਸੀ ਕਿ ਇਹ ਟਿਕਟ ਮੈਨੂੰ 7 ਕਰੋੜ ਰੁਪਏ ਦਾ ਮਾਲਕ ਬਣਾ ਦੇਵੇਗੀ।'

# ਵਿਭਿੰਨਤਾ 'ਚ ਏਕਤਾ ਭਾਰਤ ਦੇ ਡੀ ਐੱਨ ਏ 'ਚ : ਮੋਹਨ ਭਾਗਵਤ

**ਨਿਊ ਯਾਰਕ (ਨ ਜ਼ ਸ)**

ਰਾਸ਼ਟਰੀ ਸਵੈਮ ਸੇਵਕ ਸੰਘ (ਆਰ ਐੱਸ ਐੱਸ) ਦੇ ਮੁਖੀ ਮੋਹਨ ਭਾਗਵਤ ਨੇ ਕਿਹਾ ਕਿ ਵਿਭਿੰਨਤਾ ਵਿੱਚ ਏਕਤਾ ਭਾਰਤ ਦੇ ਡੀ ਐੱਨ ਏ ਵਿੱਚ ਹੈ ਅਤੇ ਇਸ ਨੂੰ ਮਨਾਇਆ ਜਾਣਾ ਚਾਹੀਦਾ ਹੈ, ਸਤਿਕਾਰਿਆ ਜਾਣਾ ਚਾਹੀਦਾ ਹੈ ਅਤੇ ਸਵੀਕਾਰ ਕੀਤਾ ਜਾਣਾ ਚਾਹੀਦਾ ਹੈ। ਸ਼ਨੀਵਾਰ ਪ੍ਰਸਿੱਧ ਸ਼ਹਿਰ ਮੈਡੀਸਨ ਸਕੁਏਅਰ ਗਾਰਡਨ ਦੇ ਇਨਫੋਸਿਸ ਥੀਏਟਰ ਵਿੱਚ ਇੱਕ ਮੈਗਾ ਰੈਲੀ ਵਿੱਚ ਭਾਰਤੀ-ਅਮਰੀਕੀ ਭਾਈਚਾਰੇ ਦੇ 6,000 ਤੋਂ ਵੱਧ ਮੈਂਬਰਾਂ ਅਤੇ ਅੰਤਰ-ਧਰਮ ਨੇਤਾਵਾਂ ਨੂੰ ਸੰਬੋਧਨ ਕਰਦੇ ਹੋਏ ਭਾਗਵਤ ਨੇ ਵਿਭਿੰਨਤਾ ਨੂੰ ਅਪਣਾਉਣ ਅਤੇ ਭਾਈਚਾਰਿਆਂ ਦਾ ਸਮਰਥਨ ਕਰਨ ਦਾ ਸੱਦਾ ਦਿੱਤਾ। ਅਮਰੀਕਨ ਹਿੰਦੂਜ਼ ਫਾਰ ਐਂਗੇਜਮੈਂਟ ਐਂਡ ਡਾਇਲਾਗ ਫੋਰਮ ਦੁਆਰਾ ਆਯੋਜਿਤ 'ਯੂਨੀਵਰਸਲ ਵਨਨੇਸ ਸੈਲੀਬ੍ਰੇਸ਼ਨ' ਵਿੱਚ ਹਾਜ਼ਰੀਨ ਤੋਂ ਤਾੜੀਆਂ ਦੀ ਗੂੰਜ ਉਠਾਉਂਦੇ ਹੋਏ ਉਨ੍ਹਾ ਲਗਭਗ ਇੱਕ ਘੰਟੇ ਦੇ ਸੰਬੋਧਨ ਵਿੱਚ ਕਿਹਾ, "ਜਦੋਂ ਅਸੀਂ ਅਮਰੀਕਾ, ਸੰਯੁਕਤ ਰਾਜ ਅਮਰੀਕਾ ਕਹਿੰਦੇ ਹਾਂ, ਤਾਂ ਇੱਕ ਸ਼ਬਦ ਅਕਸਰ ਚਰਚਾ ਵਿੱਚ ਆਉਂਦਾ ਹੈ, ਉਹ ਹੈ ਬਹੁਲਤਾਵਾਦ ਅਤੇ ਜਦੋਂ ਅਸੀਂ ਭਾਰਤ ਕਹਿੰਦੇ ਹਾਂ, ਤਾਂ ਇੱਕ ਹੋਰ ਵਾਕੰਸ਼ ਦੀ ਚਰਚਾ ਹੁੰਦੀ ਹੈ : ਵਿਭਿੰਨਤਾ ਵਿੱਚ ਏਕਤਾ। ਇਹ ਏਕਤਾ ਅਤੇ ਵਿਭਿੰਨਤਾ, ਦੋਵੇਂ ਭਾਰਤ ਦੇ ਡੀ ਐਨ ਏ ਵਿੱਚ ਹਨ। ਵਿਭਿੰਨਤਾ ਦਾ ਜਸ਼ਨ ਮਨਾਉਣਾ, ਸਤਿਕਾਰ ਕਰਨਾ, ਸਵੀਕਾਰ ਕਰਨਾ ਚਾਹੀਦਾ ਹੈ ਅਤੇ ਨਾਲ ਹੀ ਸਾਨੂੰ ਏਕਤਾ ਦੀ ਇਸ ਭਾਵਨਾ ਨੂੰ ਯਾਦ ਰੱਖਣਾ ਚਾਹੀਦਾ ਹੈ। ਇਹ ਇੱਕ ਬਹੁਤ ਹੀ ਅਸਲੀ ਭਾਵਨਾ ਹੈ।" ਯੂਨੀਵਰਸਲ ਵਨਨੈਸ ਸੈਲੀਬ੍ਰੇਸ਼ਨ ਪ੍ਰੋਗਰਾਮ ਨੇ 39 ਰਾਜਾਂ, 853 ਸ਼ਹਿਰਾਂ ਦੇ ਲੋਕਾਂ ਨੂੰ ਇਕੱਠਾ ਕੀਤਾ, ਜਿਸ ਵਿੱਚ ਵੱਖ-ਵੱਖ ਯੂਨੀਵਰਸਿਟੀਆਂ ਦੇ 250 ਤੋਂ ਵੱਧ ਵਿਦਿਆਰਥੀ ਅਤੇ ਅਮਰੀਕਾ ਦੀਆਂ 250 ਸੰਸਥਾਵਾਂ ਸ਼ਾਮਲ ਸਨ।

75 ਸਾਲਾ ਬਜ਼ੁਰਗ ਨੇ ਅਮਰੀਕਾ ਵਿੱਚ ਭ ਾ ਰ ਤ ੀ • ਬਾਕੀ ਸਫ਼ਾ 2 'ਤੇ



# ਦਿੱਲੀ ਦੇ ਲਗਜ਼ਰੀ ਹੋਟਲਾਂ 'ਚ ਨਹੀਂ ਮਿਲ ਰਹੇ ਕਮਰੇ

**ਨਵੀਂ ਦਿੱਲੀ** : ਬ੍ਰਿਕਸ ਸਿਖਰ ਸੰਮੇਲਨ ਤੋਂ ਪਹਿਲਾਂ ਦਿੱਲੀ ਦੇ ਲਗਜ਼ਰੀ ਹੋਟਲਾਂ ਵਿੱਚ ਅਹਿਮ ਤਰੀਕਾਂ ਲਈ ਜਾਂ ਤਾਂ ਕਮਰੇ ਉਪਲੱਬਧ ਨਹੀਂ ਹਨ ਜਾਂ ਫਿਰ ਇੱਕ ਰਾਤ ਦਾ ਕਿਰਾਇਆ ਛੇ ਅੰਕਾਂ (ਲੱਖਾਂ ਰੁਪਏ) ਵਿੱਚ ਮੰਗਿਆ ਜਾ ਰਿਹਾ ਹੈ। ਹੋਟਲ ਬੁਕਿੰਗ ਪਲੇਟਫਾਰਮ 'ਤੇ 11 ਤੋਂ 13 ਸਤੰਬਰ ਲਈ ਕੀਤੀ ਗਈ ਪੜਤਾਲ ਵਿੱਚ ਨਵੀਂ ਦਿੱਲੀ ਦੇ ਹੋਟਲ ਤਾਜ ਮਹਿਲ ਅਤੇ ਤਾਜ ਪੈਲੇਸ ਵਿੱਚ ਕੋਈ ਕਮਰਾ ਉਪਲੱਬਧ ਨਹੀਂ ਦਿਖਿਆ, ਜਦੋਂ ਕਿ 'ਦ ਉਬਰਾਏ' ਇਸ ਦੌਰਾਨ ਕੁਝ ਹਿੱਸਿਆਂ ਲਈ ਪੂਰੀ ਤਰ੍ਹਾਂ ਬੁੱਕ ਸੀ। 'ਦ ਲੀਲਾ ਪੈਲੇਸ' ਨਵੀਂ ਦਿੱਲੀ ਇਨ੍ਹਾਂ ਤਰੀਕਾਂ ਲਈ ਬੁਕਿੰਗ ਸਵੀਕਾਰ ਨਹੀਂ ਕਰ ਰਿਹਾ ਸੀ। 'ਆਈ ਟੀ ਸੀ ਮੌਰੀਆ' ਅਤੇ 'ਸ਼ਾਂਗਰੀ-ਲਾ ਇਰੋਜ਼' ਨਵੀਂ ਦਿੱਲੀ ਵਰਗੇ ਹੋਟਲਾਂ ਵਿੱਚ ਜੋ ਕਮਰੇ ਉਪਲੱਬਧ ਸਨ, ਉਨ੍ਹਾਂ ਲਈ ਅਸਧਾਰਨ ਤੌਰ 'ਤੇ ਉਚਾ ਕਿਰਾਇਆ ਮੰਗਿਆ ਜਾ ਰਿਹਾ ਸੀ। ਇਸ ਦੋ ਦਿਨਾਂ ਪ੍ਰੋਗਰਾਮ ਕਾਰਨ ਹੋਟਲਾਂ ਵਿੱਚ ਕਮਰਿਆਂ ਦੀ ਮੰਗ ਬਹੁਤ ਵਧ ਗਈ ਹੈ, ਕਿਉਂਕਿ ਮਹਿਮਾਨ ਅਤੇ ਸੈਲਾਨੀ ਸੰਮੇਲਨ ਤੋਂ ਪਹਿਲਾਂ ਹੀ ਪਹੁੰਚ ਕੇ ਆਪਣੇ ਠਹਿਰਨ ਦਾ ਸਮਾਂ ਵਧਾ ਰਹੇ ਹਨ, ਜਿਸ ਨਾਲ ਮੱਧ ਦਿੱਲੀ ਵਿੱਚ ਕਮਰਿਆਂ ਦੀ ਕਮੀ ਹੋ ਰਹੀ ਹੈ।

# ਭਗਵੰਤ ਮਾਨ 5 ਤੋਂ 7 ਸਤੰਬਰ ਤੱਕ ਕਰਨਗੇ ਬਠਿੰਡਾ ਦਾ ਦੌਰਾ

**ਬਠਿੰਡਾ** : ਹਾਲ ਹੀ ਵਿੱਚ ਆਈਆਂ ਧਮਕੀ ਭਰੀਆਂ ਈਮੇਲਾਂ, ਜਿਨ੍ਹਾਂ ਵਿੱਚ 5 ਸਤੰਬਰ ਨੂੰ ਬਠਿੰਡਾ 'ਚ ਮੁੱਖ ਮੰਤਰੀ ਭਗਵੰਤ ਮਾਨ ਨੂੰ ਜਾਨੋਂ ਮਾਰਨ ਦੀ ਧਮਕੀ ਅਤੇ ਜ਼ਿਲ੍ਹੇ ਦੀਆਂ ਕੁਝ ਕੰਧਾਂ 'ਤੇ ਲਿਖੇ ਖਾਲਿਸਤਾਨ ਪੱਖੀ ਨਾਅਰਿਆਂ ਦੀਆਂ ਘਟਨਾਵਾਂ ਸ਼ਾਮਲ ਹਨ, ਦੇ ਵਿਚਕਾਰ ਮੁੱਖ ਮੰਤਰੀ 5 ਤੋਂ 7 ਸਤੰਬਰ ਤੱਕ ਬਠਿੰਡਾ ਦਾ ਦੌਰਾ ਕਰਨਗੇ। ਇਨ੍ਹਾਂ ਘਟਨਾਕ੍ਰਮਾਂ ਨੇ ਸੁਰੱਖਿਆ ਏਜੰਸੀਆਂ ਨੂੰ ਚੌਕਸ ਕਰ ਦਿੱਤਾ ਹੈ। ਮੁੱਖ ਮੰਤਰੀ 5 ਸਤੰਬਰ ਨੂੰ ਸ਼ਹੀਦ ਭਗਤ ਸਿੰਘ ਸਟੇਡੀਅਮ ਵਿਖੇ 'ਖੇਡਾਂ ਵਤਨ ਪੰਜਾਬ ਦੀਆਂ' ਦੇ ਚੌਥੇ ਐਡੀਸ਼ਨ ਦਾ ਉਦਘਾਟਨ ਕਰਨਗੇ। ਇਸ ਤੋਂ ਬਾਅਦ 6 ਅਤੇ 7 ਸਤੰਬਰ ਨੂੰ ਘੁੱਦਾ ਅਤੇ ਮਹਿਰਾਜ ਪਿੰਡਾਂ ਵਿੱਚ 'ਲੋਕ ਮਿਲਣੀਆਂ' ਪ੍ਰੋਗਰਾਮ ਹੋਣਗੇ। ਮੁੱਖ ਮੰਤਰੀ 5 ਅਤੇ 6 ਸਤੰਬਰ ਨੂੰ ਦੋ ਰਾਤਾਂ ਬਠਿੰਡਾ ਵਿੱਚ ਰਹਿਣਗੇ। ਬਠਿੰਡਾ ਦੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਦੇ ਉਦਘਾਟਨੀ ਸਮਾਰੋਹ ਲਈ ਵਿਆਪਕ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਗਾਇਕ ਗੁਰਦਾਸ ਮਾਨ ਅਤੇ ਕੁਲਵਿੰਦਰ ਬਿੱਲਾ ਦਰਸ਼ਕਾਂ ਦਾ ਮਨੋਰੰਜਨ ਕਰਨਗੇ।

# ਭਾਗਵਤ ਨੂੰ ਡੀ ਐੱਨ ਏ ਬਾਹਰ ਜਾ ਕੇ ਹੀ ਚੇਤੇ ਆਉਂਦੈ : ਸਿੱਬਲ

**ਨਵੀਂ ਦਿੱਲੀ** : ਰਾਜ ਸਭਾ ਮੈਂਬਰ ਕਪਿਲ ਸਿੱਬਲ ਨੇ ਐਤਵਾਰ ਕਿਹਾ ਕਿ ਉਹ ਹੈਰਾਨ ਸਨ ਕਿ ਅਮਰੀਕਾ ਵਿੱਚ ਵਿਭਿੰਨਤਾ ਬਾਰੇ ਭਾਸ਼ਣ ਆਰ ਐੱਸ ਐੱਸ ਮੁਖੀ ਮੋਹਨ ਭਾਗਵਤ ਕਰ ਰਹੇ ਹਨ ਜਾਂ ਰਾਹੁਲ ਗਾਂਧੀ।

ਸਿੱਬਲ, ਜੋ ਕਿ ਇੱਕ ਸੀਨੀਅਰ ਵਕੀਲ ਅਤੇ ਆਜ਼ਾਦ ਰਾਜ ਸਭਾ ਦੇ ਆਜ਼ਾਦ ਮੈਂਬਰ ਹਨ, ਨੇ ਪ੍ਰੈੱਸ ਕਾਨਫਰੰਸ ਵਿੱਚ ਕਿਹਾ, 'ਤੁਸੀਂ (ਭਾਗਵਤ) ਵਿਦੇਸ਼ਾਂ ਵਿੱਚ ਵਿਭਿੰਨਤਾ ਨੂੰ ਸਵੀਕਾਰ ਕਰਦੇ ਹੋ, ਪਰ ਘਰ ਵਿੱਚ ਬਰਦਾਸ਼ਤ ਨਹੀਂ ਕਰਦੇ। ਇਹ ਹਿੰਦੂਤਵ ਦੀ ਅਸਲੀਅਤ ਹੈ। ਇਹ ਬਦਕਿਸਮਤੀ ਦੀ ਗੱਲ ਹੈ ਕਿ ਇਸ ਦੇਸ਼ ਵਿੱਚ 2014 ਤੋਂ ਹੁਣ ਤੱਕ ਇਹੀ ਸੰਘਰਸ਼ ਚੱਲ ਰਿਹਾ ਹੈ ਕਿ ਤੁਸੀਂ ਲੋਕਾਂ ਨੂੰ ਜੀਣ ਨਹੀਂ ਦੇ ਰਹੇ। ਮੇਰਾ ਮਤਲਬ ਹੈ, ਜੰਤਰ-ਮੰਤਰ, ਇਸ ਸਰਕਾਰ ਨੇ ਕੀ ਕੀਤਾ ਅਤੇ ਕੀ ਤੁਸੀਂ ਆਪਣੀ ਆਵਾਜ਼ ਬੁਲੰਦ ਕੀਤੀ? ਨਹੀਂ, ਤੁਸੀਂ ਕਦੇ ਇਸ ਸਰਕਾਰ ਵਿਰੁੱਧ ਇੱਕ ਸ਼ਬਦ ਨਹੀਂ ਕਿਹਾ।'

ਸਿੱਬਲ ਦੇ ਭਾਗਵਤ 'ਤੇ ਹਮਲਾ ਉਨ੍ਹਾ ਦੇ ਇਸ ਬਿਆਨ ਤੋਂ ਬਾਅਦ ਕੀਤਾ ਕਿ ਵਿਭਿੰਨਤਾ ਵਿੱਚ ਏਕਤਾ ਭਾਰਤ ਦੇ ਡੀ ਐੱਨ ਏ ਵਿੱਚ ਹੈ, ਜੋ ਇਸ ਗੱਲ 'ਤੇ ਜ਼ੋਰ ਦਿੰਦਾ ਹੈ ਕਿ ਇਸ ਨੂੰ ਮਨਾਇਆ ਜਾਣਾ ਚਾਹੀਦਾ ਹੈ, ਸਤਿਕਾਰਿਆ ਜਾਣਾ ਚਾਹੀਦਾ ਹੈ ਅਤੇ ਸਵੀਕਾਰ ਕੀਤਾ ਜਾਣਾ ਚਾਹੀਦਾ ਹੈ। ਭਾਗਵਤ ਦੀਆਂ ਟਿੱਪਣੀਆਂ 'ਤੇ ਬੋਲਦੇ ਹੋਏ ਸਿੱਬਲ ਨੇ ਕਿਹਾ, "ਮੈਂ ਸੋਚ ਰਿਹਾ ਸੀ ਕਿ ਇਹ ਰਾਹੁਲ ਗਾਂਧੀ ਦਾ ਭਾਸ਼ਣ ਸੀ ਜਾਂ ਭਾਗਵਤ ਜੀ ਦਾ ਭਾਸ਼ਣ, ਕਿਉਂਕਿ ਜਦੋਂ ਉਹ ਇਸ ਬਾਰੇ ਗੱਲ ਕਰਦੇ ਸਨ ਕਿ 'ਭਾਰਤ ਇੱਕ-ਦੂਜੇ ਲਈ ਕਿਵੇਂ ਮਹਿਸੂਸ ਕਰਦਾ ਹੈ', ਤਾਂ ਉਹ ਕਿਸ ਬਾਰੇ ਗੱਲ ਕਰ ਰਹੇ ਸਨ? ਇਹੀ ਗੱਲ ਰਾਹੁਲ ਗਾਂਧੀ ਹਰ ਸਮੇਂ ਕਹਿੰਦੇ ਹਨ।" ਉਨ੍ਹਾ ਕਿਹਾ, 'ਭਾਰਤ ਇੱਕ-ਦੂਜੇ ਲਈ ਮਹਿਸੂਸ ਕਰਦਾ ਹੈ, ਜਦੋਂ ਤੁਸੀਂ ਨਿਊਯਾਰਕ ਵਿੱਚ ਹੁੰਦੇ ਹੋ, ਪਰ ਇਹ ਇੱਕ-ਦੂਜੇ ਲਈ ਮਹਿਸੂਸ ਨਹੀਂ ਹੁੰਦਾ, ਜਦੋਂ ਤੁਸੀਂ ਦਿੱਲੀ ਵਿੱਚ ਹੁੰਦੇ ਹੋ। ਜਦੋਂ ਲਿੰਚਿੰਗ ਹੁੰਦੀ ਹੈ, ਕੀ ਤੁਸੀਂ • ਬਾਕੀ ਸਫ਼ਾ 2 'ਤੇ



## ਅੱਜ-ਨਾਮਾ

ਹਰਿਆਣੇ ਵਿੱਚੋਂ ਹੈ ਫੇਰ ਆਵਾਜ਼ ਉੱਠੀ,
ਫਿਰ ਇੱਕ ਸਾਧ 'ਤੇ ਭੜਕਦੇ ਲੋਕ ਬੇਲੀ।
ਕਹਿੰਦੇ ਜਾਣੇ ਨਾ ਧਰਮ ਨਾ ਕਰਮ ਭੋਰਾ,
ਫੋਕਾ ਗਪੌੜ ਜਿਹਾ ਰਿਹਾ ਹੈ ਠੋਕ ਬੇਲੀ।
ਪਹਿਲਾਂ ਗੱਲ ਅਦਾਲਤ ਤੱਕ ਗਈ ਹੈਸੀ,
ਲਾਈ ਸਰਕਾਰ ਨਾ ਓਦੋਂ ਸੀ ਰੋਕ ਬੇਲੀ।
ਮਗਰੋਂ ਹੁਕਮ ਅਦਾਲਤ ਸੀ ਜਦੋਂ ਦਿੱਤਾ,
ਪੂਰੀ ਫੋਰਸ ਫਿਰ ਦਿੱਤੀ ਸੀ ਝੋਕ ਬੇਲੀ।
ਆਇਆ ਬਾਹਰ ਤਾਂ ਫੇਰ ਨਾ ਚੁੱਪ ਬੈਠਾ,
ਚੋਭਾਂ ਜਾਂਦਾ ਈ ਕਈਆਂ ਨੂੰ ਲਾਈ ਬੇਲੀ।
ਦੂਸਰਾ ਪੱਖ ਹੈ ਭੜਕਿਆ ਰੋਹ ਦੇ ਵਿੱਚ,
ਜਵਾਬ ਦੀ ਖਰੀ ਤੇ ਖੋਟੀ ਸੁਣਾਈ ਬੇਲੀ।

-ਤੀਸ ਮਾਰ ਖਾਂ

# ਸਿਆਸੀ ਇੱਛਾਵਾਂ ਰੱਖਣਾ ਗਲਤ ਨਹੀਂ : ਵਾਂਗਚੁਕ

**ਨਵੀਂ ਦਿੱਲੀ** : ਵਾਤਵਰਣ ਕਾਰਕੁਨ ਸੋਨਮ ਵਾਂਗਚੁਕ ਨੇ ਕਿਹਾ ਹੈ ਕਿ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਸੰਸਥਾਪਕਾਂ ਦੀਆਂ ਸਿਆਸੀ ਇੱਛਾਵਾਂ ਹਨ, ਜਿਸ ਦਾ ਮੁਲਾਂਕਣ ਉਨ੍ਹਾਂ ਦਿੱਲੀ ਵਿੱਚ ਜੰਤਰ-ਮੰਤਰ ਪ੍ਰਦਰਸ਼ਨ ਦੌਰਾਨ ਕੀਤਾ ਸੀ। ਹਾਲਾਂ ਕਿ ਵਾਂਗਚੁਕ ਨੇ ਕਿਹਾ ਕਿ ਸਿਆਸੀ ਇੱਛਾਵਾਂ ਰੱਖਣਾ ਗਲਤ ਨਹੀਂ ਅਤੇ ਉਹ ਹੋਰ ਨੌਜਵਾਨ ਨੇਤਾਵਾਂ ਨੂੰ ਸਿਆਸੀ ਪਾਰਟੀਆਂ ਵਿੱਚ ਸ਼ਾਮਲ ਹੁੰਦੇ ਜਾਂ ਆਪਣੀਆਂ ਖੁਦ ਦੀਆਂ ਪਾਰਟੀਆਂ ਬਣਾਉਂਦੇ ਦੇਖਣਾ ਚਾਹੁਣਗੇ।

ਵਾਂਗਚੁਕ ਨੇ ਕਿਹਾ ਕਿ ਸੀ ਜੇ ਪੀ ਦੇ ਸੰਸਥਾਪਕ ਸੰਤ ਨਹੀਂ ਹਨ ਅਤੇ ਉਨ੍ਹਾ ਨੂੰ ਯਕੀਨ ਹੈ ਕਿ ਉਨ੍ਹਾਂ ਕੋਲ ਸਿਆਸੀ ਇੱਛਾਵਾਂ ਹਨ, ਜੋ ਕਿ ਕੋਈ ਬੁਰੀ ਗੱਲ ਨਹੀਂ। ਪ੍ਰਖਰ ਗੁਪਤਾ ਨਾਲ ਇੱਕ ਪੋਡਕਾਸਟ ਵਿੱਚ 59 ਸਾਲਾ ਵਾਂਗਚੁਕ ਨੇ ਕਿਹਾ ਕਿ ਜਦੋਂ ਉਹ ਵਿਦਿਆਰਥੀ ਅੰਦੋਲਨ ਵਿੱਚ ਸ਼ਾਮਲ ਹੋਇਆ, ਤਾਂ ਉਸ ਨੂੰ ਬਹੁਤ ਸਾਰੇ ਆਲੋਚਕਾਂ ਨੇ ਦੱਸਿਆ ਕਿ ਸੀ ਜੇ ਪੀ ਦੇ ਸੰਸਥਾਪਕ ਅਭਿਜੀਤ ਦੀਪਕੇ ਆਮ ਆਦਮੀ ਪਾਰਟੀ ਤੋਂ ਆਏ ਸਨ, ਪਰ ਇਸ ਨੇ ਉਸ ਨੂੰ ਪਰੇਸ਼ਾਨ ਨਹੀਂ ਕੀਤਾ, ਕਿਉਂਕਿ ਪਹਿਲਾਂ ਕਿਸੇ ਸਿਆਸੀ ਪਾਰਟੀ ਨਾਲ ਕੰਮ ਕਰਨ ਵਿੱਚ ਕੁਝ ਵੀ ਗਲਤ ਨਹੀਂ। ਵਾਂਗਚੁਕ ਨੇ ਸੀ ਜੇ ਪੀ ਨੂੰ ਵਿਦਿਆਰਥੀ ਅੰਦੋਲਨ ਨੂੰ ਕੋਈ ਸਿਆਸੀ ਰੰਗ ਨਾ ਦੇਣ ਲਈ ਕਿਹਾ। ਧਰਮਿੰਦਰ ਪ੍ਰਧਾਨ ਨੂੰ ਸਿੱਖਿਆ ਮੰਤਰੀ ਦੇ ਅਹੁਦੇ ਤੋਂ ਹਟਾਉਣ ਦੀ ਮੰਗ ਲਈ ਲਗਭਗ ਦੋ ਮਹੀਨੇ ਚੱਲੇ ਵਿਰੋਧ ਪ੍ਰਦਰਸ਼ਨ ਦੌਰਾਨ ਦੀਪਕੇ, ਸੌਰਵ ਦਾਸ ਅਤੇ ਆਸ਼ੂਤੋਸ਼ ਰੰਕਾ ਨਾਲ ਨੇੜਿਓਂ ਕੰਮ ਕਰਨ ਵਾਲੇ ਵਾਂਗਚੁਕ ਨੇ ਕਿਹਾ ਕਿ ਉਸ ਨੇ ਉਨ੍ਹਾਂ ਨੂੰ ਦੱਸਿਆ ਸੀ ਕਿ ਭਵਿੱਖ ਵਿੱਚ ਉਨ੍ਹਾਂ ਦੀਆਂ ਸਿਆਸੀ ਇੱਛਾਵਾਂ ਹੋ ਸਕਦੀਆਂ ਹਨ, ਪਰ ਹੁਣ ਲਈ ਉਨ੍ਹਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਪਲੇਟਫਾਰਮ ਦੀ ਵਰਤੋਂ ਕਿਸੇ ਵੀ ਪਾਰਟੀ ਦੇ ਸਿਆਸੀ ਏਜੰਡੇ ਨੂੰ ਅੱਗੇ ਵਧਾਉਣ ਲਈ ਨਾ ਕੀਤੀ ਜਾਵੇ। ਉਨ੍ਹਾ ਕਿਹਾ ਕਿ ਉਹ ਖੁਸ਼ ਹਨ ਕਿ ਉਹ ਇਸ 'ਤੇ ਡਟੇ ਰਹੇ। ਵਾਂਗਚੁਕ ਨੇ ਕਿਹਾ, 'ਜਦੋਂ ਮੈਂ ਉਸ ਸਟੇਜ 'ਤੇ ਸੀ, ਮੈਂ ਉਨ੍ਹਾਂ ਨੂੰ ਕਹਿੰਦਾ ਰਿਹਾ ਕਿ ਤੁਹਾਡੇ ਵਿੱਚੋਂ ਕਿਸੇ ਦੀਆਂ ਵੀ ਸਿਆਸੀ ਇੱਛਾਵਾਂ ਹੋ ਸਕਦੀਆਂ ਹਨ ਅਤੇ ਅਸਲ ਵਿੱਚ ਨੌਜਵਾਨ ਅਤੇ ਉਭਰ ਰਹੇ ਨੇਤਾ ਹੋਣਾ ਇੱਕ ਚੰਗੀ ਗੱਲ ਹੈ, ਪਰ ਇਸ ਪਲੇਟਫਾਰਮ ਦੀ ਪਵਿੱਤਰਤਾ ਬਣਾਈ ਰੱਖੋ। ਇਸ ਨੂੰ ਨਿਰਪੱਖ, ਗੈਰ- ਸਿਆਸੀ ਅਤੇ ਇੱਕ ਦਬਾਅ ਸਮੂਹ ਰੱਖੋ, ਕਿਉਂਕਿ ਇਸ ਤਰ੍ਹਾਂ ਤੁਸੀਂ ਬਹੁਤ ਕੁਝ ਪ੍ਰਾਪਤ ਕਰਨ ਦੇ ਯੋਗ ਹੋਵੋਗੇ।' ਉਸ ਨੇ ਕਿਹਾ ਸਿਆਸੀ ਇੱਛਾਵਾਂ ਰੱਖਣਾ ਇਕ ਬਹੁਤ ਆਮ ਗੱਲ ਹੈ, ਪਰ ਜੇਕਰ ਤੁਸੀਂ ਮੁੱਦਿਆਂ ਨੂੰ ਚੁੱਕ ਕੇ ਆਪਣਾ ਕੈਰੀਅਰ ਸ਼ੁਰੂ ਕਰਦੇ ਹੋ, ਤਾਂ ਮੈਨੂੰ ਲੱਗਦਾ ਹੈ ਕਿ ਇਹ ਇੱਕ ਚੰਗੀ ਗੱਲ ਹੈ।



ਅਪੀਲ
ਬਦਲਾਅ ਜ਼ਰੂਰੀ ਹੈ
ਰੈਲੀ
01 ਸਤੰਬਰ 2026 ਨੂੰ
ਭਾਰਤੀ ਕਮਿਊਨਿਸਟ ਪਾਰਟੀ ਵੱਲੋਂ
ਰਾਮਲੀਲ੍ਹਾ ਮੈਦਾਨ ਦਿੱਲੀ ਵਿਖੇ
ਪੰਜਾਬ ਤੋਂ ਸੀ ਪੀ ਆਈ ਦੇ ਦਸ ਹਜ਼ਾਰ ਤੋਂ ਵੱਧ ਸਾਥੀ
ਹੁੰਮ-ਹੁਮਾ ਕੇ ਪੁੱਜਣ ਲਈ ਕਮਰਕੱਸੇ ਕਰ ਲਓ
ਮੁੱਦੇ :
1. ਦੇਸ਼ ਬਚਾਓ, ਸੰਵਿਧਾਨ ਬਚਾਓ
2. ਮਹਿੰਗਾਈ ਨੂੰ ਨੱਥ ਪਾਓ
3. ਮਿਆਰੀ ਸਿੱਖਿਆ ਅਤੇ ਸਿਹਤ ਸਭਨਾਂ ਲਈ ਉਪਲੱਬਧ ਹੋਵੇ।
4. ਐਮ ਐਸ ਪੀ ਦੀ ਗਰੰਟੀ ਦਾ ਕਾਨੂੰਨ ਬਣੇ
5. ਲੇਬਰ ਕੋਡ ਰੱਦ ਹੋਣ
6. ਮਨਰੇਗਾ ਕਾਨੂੰਨ ਬਹਾਲ ਕਰੋ
7. ਪੰਜਾਬ ਦੇ ਪਾਣੀਆਂ ਦੀ ਰੱਖਿਆ ਹੋਵੇ
8. ਬੇਰੁਜ਼ਗਾਰਾਂ ਲਈ ਰੁਜ਼ਗਾਰ ਦਾ ਪੱਕਾ ਪ੍ਰਬੰਧ ਹੋਵੇ
9. ਫਿਰਕਾਪ੍ਰਸਤੀ, ਨਫਰਤ ਅਤੇ ਜਾਤ-ਪਾਤ ਦੀ ਰਾਜਨੀਤੀ ਦਾ ਖਾਤਮਾ ਹੋਵੇ
19. ਔਰਤਾਂ ਲਈ ਅਸੰਬਲੀਆਂ ਅਤੇ ਪਾਰਲੀਮੈਂਟ ਵਿਚ 33 ਫੀਸਦੀ ਰਿਜ਼ਰਵੇਸ਼ਨ ਹੋਵੇ
11. ਕਿਸਾਨਾਂ ਅਤੇ ਗਰੀਬਾਂ ਦੇ ਕਰਜ਼ੇ ਮੁਆਫ ਹੋਣ
12. ਪੰਜਾਬ ਦੇ ਮੁੱਦੇ ਹੱਲ ਕਰੋ ਅਤੇ ਵਿਤਕਰਾ ਬੰਦ ਕਰੋ
ਪੰਜਾਬ ਸੀ ਪੀ ਆਈ ਸਭ ਸਾਥੀਆਂ, ਸਹਿਯੋਗੀਆਂ ਅਤੇ ਹਮਦਰਦਾਂ ਨੂੰ ਅਪੀਲ ਕਰਦੀ ਹੈ ਕਿ 01 ਸਤੰਬਰ 2026 ਨੂੰ ਦਿੱਲੀ ਰੈਲੀ 'ਚ ਸ਼ਾਮਲ ਹੋਣ ਲਈ ਵਹੀਰਾਂ ਘੱਤ ਦਿਓ
ਵੱਲੋਂ : ਪੰਜਾਬ ਸਟੇਟ ਕੌਂਸਲ ਸੀ ਪੀ ਆਈ

## ਸਰਕਾਰ ਅੜੀਅਲ ਰਵੱਈਆ ਛੱਡ ਕੇ ਮੁਲਾਜ਼ਮਾਂ ਨਾਲ ਗੱਲਬਾਤ ਕਰੇ : ਡੀ ਟੀ ਐੱਫ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਤੇ ਸੰਘਰਸ਼ ਨੂੰ ਦਬਾਉਣ ਲਈ ਜਾਰੀ ਕੀਤੇ ਗਏ ਧਮਕੀ ਭਰੇ ਪੱਤਰ ਦੇ ਵਿਰੋਧ ਵਿੱਚ ਮੋਗਾ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਵਿੱਚ ਅਧਿਆਪਕਾਂ ਤੇ ਮੁਲਾਜ਼ਮਾਂ ਵੱਲੋਂ ਰੋਸ ਪ੍ਰਦਰਸ਼ਨ ਕਰਦਿਆਂ ਪੱਤਰ ਦੀਆਂ ਕਾਪੀਆਂ ਫੂਕੀਆਂ ਗਈਆਂ।ਇਸ ਮੌਕੇ ਡੀ. ਟੀ. ਐੱਫ. ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੈਪਾਲ ਸ਼ਰਮਾ, ਜ਼ਿਲ੍ਹਾ ਮੋਗਾ ਦੇ ਪ੍ਰਧਾਨ ਸੁਖਪਾਲਜੀਤ ਸਿੰਘ, ਕਾਰਜਕਾਰੀ ਸਕੱਤਰ ਸੁਖਵਿੰਦਰ ਸਿੰਘ ਘੋਲੀਆ ਨੇ ਕਿਹਾ ਕਿ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਗੱਲਬਾਤ ਰਾਹੀਂ ਕਰਨਾ ਚਾਹੀਦਾ ਹੈ।ਧਮਕੀਆਂ ਤੇ ਦਬਾਅ ਦੀ ਨੀਤੀ ਨਾਲ ਮੁਲਾਜ਼ਮਾਂ ਦੀ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕਦਾ।ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਅੜੀਅਲ ਰਵੱਈਆ ਛੱਡ ਕੇ ਤੁਰੰਤ ਮੁਲਾਜ਼ਮ ਜਥੇਬੰਦੀਆਂ ਨਾਲ ਗੱਲਬਾਤ ਕੀਤੀ ਜਾਵੇ ਤੇ ਲੰਬੇ ਸਮੇਂ ਤੋਂ ਲਟਕਦੀਆਂ ਮੁਲਾਜ਼ਮਾਂ ਦੀਆਂ ਮੰਗਾਂ ਦਾ ਸਾਰਥਕ ਹੱਲ ਕੀਤਾ ਜਾਵੇ।ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਝੋਰੜਾਂ, ਮੀਤ ਪ੍ਰਧਾਨ ਸਵਰਨਦਾਸ, ਜਾਇੰਟ ਸਕੱਤਰ ਅਮਨਦੀਪ ਮਾਛੀਕੇ, ਵਿੱਤ ਸਕੱਤਰ ਗੁਰਸ਼ਰਨ ਸਿੰਘ ਨੇ ਕਿਹਾ ਕਿ ਮੁਲਾਜ਼ਮ ਆਪਣੇ ਹੱਕਾਂ ਲਈ ਜਮਹੂਰੀ ਢੰਗ ਨਾਲ ਸੰਘਰਸ਼ ਕਰਦੇ ਰਹਿਣਗੇ ਤੇ ਸਰਕਾਰ ਵੱਲੋਂ ਕਿਸੇ ਵੀ ਤਰ੍ਹਾਂ ਦੀਆਂ ਧਮਕੀਆਂ ਜਾਂ ਦਬਾਅ ਅੱਗੇ ਝੁਕਣਗੇ ਨਹੀਂ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਦਾ ਬਣਦਾ 18% ਡੀ. ਏ., 37 ਤਰ੍ਹਾਂ ਦੇ ਕੱਟੇ ਭੱਤੇ ਬਹਾਲ ਕਰੇ ਤੇ ਏ. ਸੀ. ਪੀ. ਸਕੀਮ ਦੁਬਾਰਾ ਸ਼ੁਰੂ ਕਰੇ। ਇਸ ਮੌਕੇ ਜਗਜੀਤ ਸਿੰਘ ਰਣੀਆਂ, ਅਮਰਦੀਪ ਸਿੰਘ ਬੁੱਟਰ, ਦੀਪਕ ਮਿੱਤਲ, ਨਰਿੰਦਰ ਸਿੰਘ, ਮਮਤਾ ਕੌਸ਼ਲ, ਅਮਰਜੀਤ ਕੌਰ ਪੱਤੋ, ਲਖਵੀਰ ਕੌਰ, ਨਵਦੀਪ ਸਿੰਘ ਧੂੜਕੋਟ, ਜਸਵੀਰ ਸਿੰਘ ਸੈਦੋਕੇ, ਸੁਖਜੀਤ ਸਿੰਘ ਕੁੱਸਾ, ਹਰਪ੍ਰੀਤ ਸਿੰਘ ਰਾਮਾ ਆਦਿ ਅਧਿਆਪਕ ਆਗੂ ਹਾਜ਼ਰ ਸਨ।

# 'ਮਿਸ਼ਨ ਕਲੀਨ ਪੰਜਾਬ' ਤਹਿਤ ਫਿਰੋਜ਼ਪੁਰ 'ਚ ਵਿਸ਼ੇਸ਼ ਸਫ਼ਾਈ ਮੁਹਿੰਮ ਦੀ ਸ਼ੁਰੂਆਤ

### 'ਸਾਫ਼ ਤੇ ਸੋਹਣੇ ਪੰਜਾਬ' ਦੇ ਸੁਪਨੇ ਨੂੰ ਸਾਕਾਰ ਕਰਨਾ ਸਭ ਦੀ ਸਾਂਝੀ ਜ਼ਿੰਮੇਵਾਰੀ : ਹਡਾਣਾ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਸ਼ੁਰੂ ਕੀਤੇ ਗਏ 'ਮਿਸ਼ਨ ਕਲੀਨ ਪੰਜਾਬ' ਤਹਿਤ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸ. ਰਣਜੋਧ ਸਿੰਘ ਹਡਾਣਾ ਵੱਲੋਂ ਨਗਰ ਕੌਂਸਲ ਦੇ ਅਧਿਕਾਰੀਆਂ, ਸਫ਼ਾਈ ਕਰਮਚਾਰੀਆਂ ਤੇ ਵਲੰਟੀਅਰਾਂ ਨਾਲ ਮਿਲ ਕੇ ਸ਼ਹਿਰ ਵਿੱਚ ਵਿਸ਼ੇਸ਼ ਸਫ਼ਾਈ ਅਭਿਆਨ ਚਲਾਇਆ ਗਿਆ।ਇਸ ਮੌਕੇ ਉਨ੍ਹਾਂ ਖੁਦ ਸਫ਼ਾਈ ਮੁਹਿੰਮ ਵਿੱਚ ਹਿੱਸਾ ਲੈ ਕੇ ਲੋਕਾਂ ਨੂੰ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਤੇ ਸੁੰਦਰ ਰੱਖਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਉਨ੍ਹਾਂ ਨਾਲ ਲਖਵੀਰ ਸਿੰਘ ਕਾਰਜ ਸਾਧਕ ਅਫਸਰ, ਯੁਵਰਾਜ ਸਿੰਘ ਸੀਨੀਅਰ ਮੀਤ ਪ੍ਰਧਾਨ, ਬਲਜੀਤ ਸਿੰਘ ਕੌਂਸਲਰ, ਵਿਕਾਸ ਅਟਵਾਲ ਕੌਂਸਲਰ, ਮਨਮੀਤ ਸਿੰਘ ਮੁੰਨਾ ਆਪ ਆਗੂ, ਬੱਬੂ ਆਪ ਆਗੂ, ਨੰਦ ਲਾਲ ਪ੍ਰਧਾਨ ਸਫ਼ਾਈ ਸੇਵਕ ਯੂਨੀਅਨ, ਹੋਰ ਸੀਨੀਅਰ 'ਆਪ' ਆਗੂ, ਸਫ਼ਾਈ ਸੇਵਕ ਤੇ ਸ਼ਹਿਰ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।ਇਸ ਮੌਕੇ ਗੱਲਬਾਤ ਕਰਦਿਆਂ ਹਲਕਾ [illegible] ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਚਲਾਇਆ ਜਾ ਰਿਹਾ 'ਮਿਸ਼ਨ ਕਲੀਨ ਪੰਜਾਬ' ਇੱਕ ਨਰੋਏ, ਤੰਦਰੁਸਤ ਤੇ ਪ੍ਰਦੂਸ਼ਣ-ਮੁਕਤ ਪੰਜਾਬ ਦੀ ਸਿਰਜਣਾ ਵੱਲ ਇਤਿਹਾਸਕ ਕਦਮ ਹੈ।ਸ਼ਹਿਰਾਂ ਤੇ ਪਿੰਡਾਂ ਨੂੰ ਸਾਫ਼-ਸੁਥਰਾ ਬਣਾਉਣਾ ਸਿਰਫ਼ ਸਰਕਾਰ ਜਾਂ ਪ੍ਰਸ਼ਾਸਨ ਦਾ ਹੀ ਕੰਮ ਨਹੀਂ, ਸਗੋਂ ਇਹ ਹਰ ਨਾਗਰਿਕ ਦਾ ਨੈਤਿਕ ਫ਼ਰਜ਼ ਤੇ ਸਾਂਝੀ ਜ਼ਿੰਮੇਵਾਰੀ ਹੈ।ਰਣਜੋਧ ਸਿੰਘ ਹਡਾਣਾ ਨੇ ਦੱਸਿਆ ਕਿ ਇਸ 10 ਰੋਜ਼ਾ ਵਿਸ਼ੇਸ਼ ਅਭਿਆਨ ਦੌਰਾਨ ਸ਼ਹਿਰ ਦੇ ਮੁੱਖ ਰਸਤਿਆਂ, ਵਾਰਡਾਂ, ਕੂੜੇ ਵਾਲੀਆਂ ਥਾਵਾਂ ਤੇ ਜਨਤਕ ਥਾਵਾਂ ਦੀ ਗੰਭੀਰਤਾ ਨਾਲ ਸਫ਼ਾਈ ਕੀਤੀ ਜਾ ਰਹੀ ਹੈ।ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਤੇ ਦੁਕਾਨਾਂ ਦਾ ਗਿੱਲਾ ਤੇ ਸੁੱਕਾ ਕੂੜਾ ਵੱਖਰਾ ਕਰਕੇ ਹੀ ਸਫ਼ਾਈ ਸੇਵਕਾਂ ਨੂੰ ਦੇਣ ਤੇ ਖੁੱਲ੍ਹੇ ਵਿੱਚ ਕੂੜਾ ਸੁੱਟਣ ਤੋਂ ਗੁਰੇਜ਼ ਕਰਨ।ਉਨ੍ਹਾਂ ਨਗਰ ਕੌਂਸਲ ਦੇ ਅਧਿਕਾਰੀਆਂ ਤੇ ਸਮਰਪਤ ਸਫ਼ਾਈ ਕਰਮਚਾਰੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹਲਕਾ ਸਨੌਰ ਦੇ ਸ਼ਹਿਰੀ ਤੇ ਪੇਂਡੂ ਖੇਤਰਾਂ ਨੂੰ ਸਫ਼ਾਈ ਪੱਖੋਂ ਮੋਹਰੀ ਬਣਾਉਣ ਲਈ ਲਗਾਤਾਰ ਠੋਸ ਯਤਨ ਜਾਰੀ ਰਹਿਣਗੇ।

## ਸਰਕਾਰ ਖ਼ਿਲਾਫ਼ ਅਧਿਆਪਕਾਂ 'ਚ ਵਿਆਪਕ ਰੋਸ : ਡੀ ਟੀ ਐੱਫ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-27 ਅਗਸਤ ਨੂੰ ਸਾਂਝੀ ਤਾਲਮੇਲ ਕਮੇਟੀ ਨਾਲ ਹੋਣ ਵਾਲੀ ਮੀਟਿੰਗ ਮੁੱਖ ਮੰਤਰੀ ਦੇ ਭਗੌੜਾ ਹੋ ਜਾਣ ਤੇ ਮੁਲਾਜ਼ਮ ਮੰਗਾਂ ਪ੍ਰਤੀ ਪੰਜਾਬ ਸਰਕਾਰ ਦੇ ਅੜੀਅਲ ਵਤੀਰੇ ਖ਼ਿਲਾਫ਼ ਅਧਿਆਪਕ ਵਰਗ ਵਿੱਚ ਭਾਰੀ ਰੋਸ ਦੀ ਲਹਿਰ ਦੌੜ ਗਈ ਹੈ।ਪੰਜਾਬ ਸਰਕਾਰ ਖ਼ਿਲਾਫ਼ ਸਾਂਝੀ ਤਾਲਮੇਲ ਕਮੇਟੀ ਵੱਲੋਂ ਦਿੱਤੇ ਗਏ ਸੱਦੇ ਨੂੰ ਡੈਮੋਕ੍ਰੇਟਿਕ ਟੀਚਰਜ਼ ਫਰੰਟ (ਡੀ.ਟੀ.ਐੱਫ.) ਸ੍ਰੀ ਮੁਕਤਸਰ ਸਾਹਿਬ ਨੇ ਲਾਗੂ ਕਰਦਿਆਂ ਜ਼ਿਲ੍ਹੇ ਭਰ ਦੇ ਵੱਡੀ ਗਿਣਤੀ ਵਿੱਚ ਸਕੂਲ ਅਧਿਆਪਕਾਂ ਨੇ ਵੱਖ-ਵੱਖ ਵਿੱਦਿਅਕ ਅਦਾਰਿਆਂ ਦੇ ਗੇਟਾਂ ਅੱਗੇ ਜ਼ੋਰਦਾਰ ਪ੍ਰਦਰਸ਼ਨ ਕੀਤੇ, ਜਿੱਥੇ ਉਨ੍ਹਾਂ ਮੁੱਖ ਮੰਤਰੀ ਦੇ ਹਾਲ ਹੀ ਦੇ ਤਾਨਾਸ਼ਾਹੀ ਟਵੀਟ ਤੇ ਗੈਰ-ਹਾਜ਼ਰ ਮੁਲਾਜ਼ਮਾਂ ਬਾਰੇ ਜਾਰੀ ਕੀਤੇ ਗਏ ਧਮਕੀ ਭਰੇ ਪੱਤਰਾਂ ਦੀਆਂ ਕਾਪੀਆਂ ਸਾੜੀਆਂ ਅਤੇ ਸਕੂਲਾਂ ਦੇ ਗੇਟਾਂ ਦੇ ਬਾਹਰ ਨਾਅਰੇਬਾਜ਼ੀ ਕੀਤੀ।ਡੈਮੋਕ੍ਰੇਟਿਕ ਟੀਚਰਜ਼ ਫਰੰਟ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪ੍ਰਧਾਨ ਪਵਨ ਕੁਮਾਰ ਤੇ ਜਨਰਲ ਸਕੱਤਰ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਖੁੱਡੇ ਹਲਾਲ, ਚੱਕ ਸ਼ੇਰੇਵਾਲਾ, ਭੰਗਚੜ੍ਹੀ, ਕੋਟਲੀ ਸੰਘਰ, ਚੱਕ ਦੂਹੇਵਾਲਾ, ਹਰੀਕੇ ਕਲਾਂ, [illegible] ਸ੍ਰੀ ਮੁਕਤਸਰ ਸਾਹਿਬ, ਸ਼ੇਖ ਫਰੀਦ ਨਗਰ ਆਦਿ ਸਮੇਤ ਦਰਜਨਾਂ ਸਕੂਲਾਂ ਦੇ ਗੇਟਾਂ ਬਾਹਰ ਅਧਿਆਪਕਾਂ ਨੇ ਰੋਸ ਪ੍ਰਦਰਸ਼ਨ ਕੀਤੇ।ਮੁਜ਼ਾਹਰਾਕਾਰੀ ਆਗੂਆਂ ਪ੍ਰਗਟ ਸਿੰਘ, ਰਵੀ ਕੁਮਾਰ, ਰਵਿੰਦਰ ਸਿੰਘ, ਕੁਲਵੰਤ ਸਿੰਘ, ਜਸਵੰਤ ਸਿੰਘ, ਕੰਵਲਜੀਤ ਪਾਲ, ਮਨਪ੍ਰੀਤ ਸਿੰਘ, ਮਨਜੀਤ ਕੌਰ, ਅੰਮ੍ਰਿਤਪਾਲ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਦੀ ਅਨੁਸ਼ਾਸਨੀ ਕਾਰਵਾਈ ਜਾਂ ਧਮਕੀ ਭਰੇ ਸਰਕੂਲਰਾਂ ਤੋਂ ਡਰਨ ਵਾਲੇ ਨਹੀਂ ਹਨ।ਉਨ੍ਹਾਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਹੱਲ ਕਰਨ ਦੀ ਬਜਾਏ ਚੇਤਾਵਨੀਆਂ ਰਾਹੀਂ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਦਬਾਉਣ ਦੀ ਸਰਕਾਰ ਦੀ ਪਹੁੰਚ ਦੀ ਸਖ਼ਤ ਨਿੰਦਾ ਕੀਤੀ।ਡੀ.ਟੀ.ਐੱਫ. ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਤੁਰੰਤ ਤੇ ਸਾਰਥਕ ਹੱਲ ਨਾ ਕੀਤਾ ਗਿਆ ਤਾਂ ਇਸ ਸੰਘਰਸ਼ ਨੂੰ ਸੂਬੇ ਦੇ ਹਰ ਬਲਾਕ ਤੇ ਜ਼ਿਲ੍ਹੇ ਵਿੱਚ ਹੋਰ ਤੇਜ਼ ਕੀਤਾ ਜਾਵੇਗਾ।

## ਸਰਕਾਰੀ ਮੁਲਾਜ਼ਮਾਂ ਨੂੰ ਸਖ਼ਤ ਕਾਰਵਾਈ ਤੋਂ ਪਹਿਲਾਂ ਮਿਲੇ ਇੱਕ ਮੌਕਾ, ਸੱਚਰ ਨੇ ਮੁੱਖ ਮੰਤਰੀ ਨੂੰ ਲਿਖਿਆ ਪੱਤਰ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪੰਜਾਬ ਸਰਕਾਰ ਦੇ ਪ੍ਰਸੋਨਲ ਵਿਭਾਗ ਵੱਲੋਂ 27 ਅਗਸਤ ਨੂੰ ਸਰਕਾਰੀ ਦਫ਼ਤਰਾਂ ਵਿੱਚ ਡਿਊਟੀ ਤੋਂ ਗੈਰ-ਹਾਜ਼ਰ ਰਹਿਣ ਵਾਲੇ ਮੁਲਾਜ਼ਮਾਂ ਸਬੰਧੀ ਜਾਰੀ ਪੱਤਰ ਤੋਂ ਬਾਅਦ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਰਸ਼ ਸੱਚਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਪੱਤਰ ਲਿਖ ਕੇ ਇਸ ਮਾਮਲੇ ਵਿੱਚ ਸੰਵੇਦਨਸ਼ੀਲ ਤੇ ਨਿਆਂਸੰਗਤ ਪਹੁੰਚ ਅਪਣਾਉਣ ਦੀ ਬੇਨਤੀ ਕੀਤੀ ਹੈ।ਅਰਸ਼ ਸੱਚਰ ਨੇ ਕਿਹਾ ਕਿ ਸਰਕਾਰੀ ਦਫ਼ਤਰਾਂ ਵਿੱਚ ਅਧਿਕਾਰੀਆਂ ਤੇ ਮੁਲਾਜ਼ਮਾਂ ਦੀ ਹਾਜ਼ਰੀ ਯਕੀਨੀ ਬਣਾਉਣਾ ਬੇਹੱਦ ਜ਼ਰੂਰੀ ਹੈ।ਆਮ ਲੋਕ ਆਪਣੇ ਕੰਮਾਂ ਲਈ ਸਰਕਾਰੀ ਦਫ਼ਤਰਾਂ ਵਿੱਚ ਆਉਂਦੇ ਹਨ ਤੇ ਉਨ੍ਹਾਂ ਨੂੰ ਅਧਿਕਾਰੀਆਂ ਦੀ ਗੈਰ-ਹਾਜ਼ਰੀ ਕਾਰਨ ਖੱਜਲ-ਖੁਆਰ ਨਹੀਂ ਹੋਣਾ ਚਾਹੀਦਾ।ਇਸ ਲਈ ਸਰਕਾਰ ਵੱਲੋਂ ਪ੍ਰਸ਼ਾਸਨ ਵਿੱਚ ਜਵਾਬਦੇਹੀ ਅਤੇ ਅਨੁਸ਼ਾਸਨ ਯਕੀਨੀ ਬਣਾਉਣ ਦੀ ਭਾਵਨਾ ਦਾ ਉਹ ਪੂਰਾ ਸਤਿਕਾਰ ਕਰਦੇ ਹਨ।ਸਰਕਾਰ ਤੇ ਸਰਕਾਰੀ ਮੁਲਾਜ਼ਮ ਇੱਕੋ ਪ੍ਰਸ਼ਾਸਨਿਕ ਪਰਵਾਰ ਦੇ ਹਿੱਸੇ ਹਨ।ਜੇਕਰ ਕਿਸੇ ਤੋਂ ਪਹਿਲੀ ਵਾਰ ਕੋਈ ਗਲਤੀ ਹੋਈ ਹੈ ਤਾਂ ਜਿੱਥੇ ਨਿਯਮ ਇਜਾਜ਼ਤ ਦਿੰਦੇ ਹਨ, ਉਸ ਨੂੰ ਚੇਤਾਵਨੀ, ਕਾਊਂਸਲਿੰਗ ਤੇ ਸੁਧਾਰ ਦਾ ਮੌਕਾ ਮਿਲਣਾ ਚਾਹੀਦਾ ਹੈ, ਪਰ ਆਦਤਨ ਗੈਰ-ਹਾਜ਼ਰੀ ਜਾਂ ਜਾਣ-ਬੁੱਝ ਕੇ ਲੋਕਾਂ ਨੂੰ ਪਰੇਸ਼ਾਨ ਕਰਨ ਵਾਲੇ ਮਾਮਲਿਆਂ ਨੂੰ ਨਿਯਮਾਂ ਅਨੁਸਾਰ ਵੱਖਰੇ ਤੌਰ 'ਤੇ ਦੇਖਿਆ ਜਾ ਸਕਦਾ ਹੈ। ਉਨ੍ਹਾਂ ਮੁੱਖ ਮੰਤਰੀ ਯਾਦ ਕਰਾਇਆ ਕਿ ਆਮ ਆਦਮੀ ਪਾਰਟੀ ਵੱਲੋਂ ਸਰਕਾਰੀ ਮੁਲਾਜ਼ਮਾਂ ਨਾਲ ਕੀਤੇ ਗਏ ਇਕਰਾਰਨਾਮੇ ਵਿੱਚ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ, ਸ਼ਿਕਾਇਤ ਨਿਵਾਰਨ ਕਮੇਟੀਆਂ, ਮੁਲਾਜ਼ਮ ਯੂਨੀਅਨਾਂ ਨਾਲ ਗੱਲਬਾਤ, ਵਿਭਾਗੀ ਲੋਕ ਅਦਾਲਤਾਂ ਤੇ ਪਾਰਦਰਸ਼ੀ ਪ੍ਰਸ਼ਾਸਨ ਵਰਗੇ ਮਹੱਤਵਪੂਰਨ ਵਿਸ਼ਿਆਂ ਨੂੰ ਤਰਜੀਹ ਦਿੱਤੀ ਗਈ ਸੀ।ਸੱਚਰ ਨੇ ਬੇਨਤੀ ਕੀਤੀ ਕਿ ਇਸੇ ਭਾਵਨਾ ਤਹਿਤ ਮੌਜੂਦਾ ਮਾਮਲੇ ਵਿੱਚ ਵੀ ਪਹਿਲਾਂ ਸੁਣਵਾਈ ਅਤੇ ਸੁਧਾਰ ਦਾ ਮੌਕਾ ਫਿਰ ਨਿਯਮਾਂ ਅਨੁਸਾਰ ਕਾਰਵਾਈ ਦੀ ਨੀਤੀ ਉੱਤੇ ਵਿਚਾਰ ਕੀਤਾ ਜਾਵੇ।

## ਫਲਾਈ ਓਵਰ ਸਾਹਮਣੇ ਗੋਲ ਚੱਕਰ ਬਣਾਉਣ ਦੀ ਪੁਰਾਣੀ ਮੰਗ ਹੋਈ ਪੂਰੀ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੁਨਾਮ ਸ਼ਹਿਰ ਵਿੱਚ ਫਲਾਈਓਵਰ ਦੇ ਸਾਹਮਣੇ ਗੋਲ ਚੱਕਰ ਬਣਾਉਣ ਦੀ ਮੰਗ ਕਾਫ਼ੀ ਸਮੇਂ ਤੋਂ ਚੱਲ ਰਹੀ ਸੀ।ਇਸ ਸਬੰਧੀ ਕੁਝ ਮਹੀਨੇ ਪਹਿਲਾਂ ਅਖ਼ਬਾਰ ਵਿੱਚ ਵੀ ਖ਼ਬਰ ਪ੍ਰਕਾਸ਼ਿਤ ਹੋਈ ਸੀ, ਜਿਸ ਵਿੱਚ ਇਸ ਸਥਾਨ 'ਤੇ ਟ੍ਰੈਫਿਕ ਦੀ ਸਮੱਸਿਆ ਤੇ ਹਾਦਸਿਆਂ ਦੇ ਖ਼ਤਰੇ ਨੂੰ ਉਜਾਗਰ ਕਰਦਿਆਂ ਗੋਲ ਚੱਕਰ ਬਣਾਉਣ ਦੀ ਮੰਗ ਕੀਤੀ ਗਈ ਸੀ।ਹੁਣ ਇਹ ਪੁਰਾਣੀ ਮੰਗ ਪੰਕਜ ਅਰੋੜਾ ਪੰਜਾਬ ਸਟੇਟ ਮੈਂਬਰ, ਰੋਡ ਸੇਫਟੀ ਅਡਵਾਈਜ਼ਰੀ ਕਮੇਟੀ ਦੇ ਲਗਾਤਾਰ ਯਤਨਾਂ ਸਦਕਾ ਪੂਰੀ ਹੋ ਗਈ ਹੈ।ਪੰਕਜ ਅਰੋੜਾ ਵੱਲੋਂ ਸੜਕ ਸੁਰੱਖਿਆ ਨਾਲ ਜੁੜੇ ਇਸ ਮੁੱਦੇ ਨੂੰ ਸਬੰਧਤ ਵਿਭਾਗਾਂ ਤੇ ਪ੍ਰਸ਼ਾਸਨ ਕੋਲ ਲਗਾਤਾਰ ਉਠਾਇਆ ਗਿਆ, ਜਿਸ ਤੋਂ ਬਾਅਦ ਫਲਾਈਓਵਰ ਦੇ ਸਾਹਮਣੇ ਗੋਲ ਚੱਕਰ ਦਾ ਨਿਰਮਾਣ ਕਰ ਦਿੱਤਾ ਗਿਆ ਹੈ।ਗੋਲ ਚੱਕਰ ਬਣਨ ਨਾਲ ਇਸ ਇਲਾਕੇ ਵਿੱਚ ਆਵਾਜਾਈ ਨੂੰ ਸੁਚਾਰੂ ਬਣਾਉਣ ਦੇ ਨਾਲ-ਨਾਲ ਵਾਹਨਾਂ ਦੀ ਆਵਾਜਾਈ ਨੂੰ ਨਿਯਮਤ ਕਰਨ ਤੇ ਹਾਦਸਿਆਂ ਦੇ ਖ਼ਤਰੇ ਨੂੰ ਘਟਾਉਣ ਵਿੱਚ ਵੀ ਮਦਦ ਮਿਲੇਗੀ।

## ਜ਼ਿਲ੍ਹਾ ਪੱਧਰੀ ਕ੍ਰਿਕਟ ਮੁਕਾਬਲਿਆਂ 'ਚ ਸਰਕਾਰੀ ਸਕੂਲ ਧੂਰੀ ਨੇ ਮਾਰੀ ਬਾਜ਼ੀ




**ਧੂਰੀ (ਮਨੋਹਰ ਸਿੰਘ ਸੱਗੂ)**-ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ. ਸਿ.) ਸੰਗਰੂਰ ਤਰਵਿੰਦਰ ਕੌਰ ਦੀ ਅਗਵਾਈ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਧੂਰੀ ਪਿੰਡ ਦੀ ਪ੍ਰਿੰਸੀਪਲ ਨੀਲਮ ਸ਼ਰਮਾ ਦੀ ਦੇਖ-ਰੇਖ ਹੇਠ ਪੰਜਾਬ ਸਕੂਲ ਦੀਆਂ 70ਵੀਆਂ ਜ਼ਿਲ੍ਹਾ ਪੱਧਰੀ ਖੇਡਾਂ ਤਹਿਤ ਅੰਡਰ-19 ਕ੍ਰਿਕਟ ਮੁਕਾਬਲੇ ਪਿੰਡ ਮੌੜਾਂ ਵਿਖੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਭਸੌੜ ਜ਼ੋਨ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ।ਭਸੌੜ ਜ਼ੋਨ ਵੱਲੋਂ ਸਰਕਾਰੀ ਸਕੂਲ ਧੂਰੀ ਪਿੰਡ, ਗੁਰੂ ਤੇਗ ਬਹਾਦਰ ਸਕੂਲ ਬਰੜਵਾਲ, ਆਰੀਆ ਸੀਨੀਅਰ ਸੈਕੰਡਰੀ ਸਕੂਲ ਧੂਰੀ, ਮਾਲਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਧੂਰੀ ਤੇ ਚੇਤਨਿਆਂ ਟੈਕਨੋ ਸਕੂਲ ਧੂਰੀ ਦੇ ਵਿਦਿਆਰਥੀਆਂ ਨੇ ਸਾਂਝੇ ਤੌਰ 'ਤੇ ਭਾਗ ਲਿਆ।ਇਸ ਮੌਕੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕੀਤਾ।ਸਕੂਲ ਵਾਪਸੀ 'ਤੇ ਪ੍ਰਿੰਸੀਪਲ ਨੀਲਮ ਸ਼ਰਮਾ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ ਤੇ ਜਿੱਤ ਦਾ ਸਿਹਰਾ ਗਾਈਡ ਅਧਿਆਪਕ ਸੁਖਵੀਰ ਸਿੰਘ ਮਾਨ ਡੀ.ਪੀ.ਈ., ਟੀਮ ਕੋਚ ਮੁਨੀਸ਼ ਗਰਗ ਕੰਪਿਊਟਰ ਫੈਕਲਟੀ ਤੇ ਸੰਦੀਪ ਸਿੰਘ ਵੋਕੇਸ਼ਨਲ ਟ੍ਰੇਨਰ ਦੀ ਮਿਹਨਤ ਨੂੰ ਦਿੱਤਾ।ਕੋਚ ਮੁਨੀਸ਼ ਗਰਗ ਨੇ ਦੱਸਿਆ ਕਿ ਜੇਤੂ ਖਿਡਾਰੀ ਹੁਣ ਮੁਹਾਲੀ ਵਿਖੇ ਹੋਣ ਵਾਲੀਆਂ ਸੂਬਾ ਪੱਧਰੀ ਖੇਡਾਂ ਵਿੱਚ ਹਿੱਸਾ ਲੈਣਗੇ।

## ਮਾਤਾ ਗੁਜਰੀ ਕਾਲਜ ਵਿਖੇ ਬੰਦੀ ਸਿੰਘਾਂ ਦੀ ਰਿਹਾਈ ਲਈ ਅਰਦਾਸ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੇ ਜਾ ਰਹੇ ਅਰਦਾਸ ਸਮਾਗਮਾਂ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ੍ਰ. ਹਰਜਿੰਦਰ ਸਿੰਘ ਧਾਮੀ ਦੀ ਸਰਪ੍ਰਸਤੀ ਹੇਠ ਮਾਤਾ ਗੁਜਰੀ ਕਾਲਜ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ, ਸਮੂਹ ਸਟਾਫ਼ ਤੇ ਵਿਦਿਆਰਥੀਆਂ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ, ਚੜ੍ਹਦੀ ਕਲਾ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿੱਦਿਅਕ ਅਦਾਰਿਆਂ ਦੇ ਸਕੱਤਰ ਵਿੱਦਿਆ ਇੰਜੀਨੀਅਰ ਸ੍ਰ. ਸੁਖਮਿੰਦਰ ਸਿੰਘ ਵੱਲੋਂ ਸਮਾਗਮਾਂ ਦੀ ਰੂਪ-ਰੇਖਾ ਸੰਬੰਧੀ ਸਮੁੱਚੇ ਵਿੱਦਿਅਕ ਅਦਾਰਿਆਂ ਵੱਲੋਂ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਗਿਆ ਹੈ ਕਿ ਇਹ ਦਰਪੇਸ਼ ਸਿੱਖ ਪੰਥ ਦਾ ਕੌਮੀ ਮਸਲਾ ਹੈ ਕਿ ਕਾਨੂੰਨ ਅਨੁਸਾਰ ਬੰਦੀ ਸਿੰਘ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ ਤਾਂ ਸਰਕਾਰਾਂ ਵੱਲੋਂ ਉਨ੍ਹਾਂ ਦੀ ਰਿਹਾਈ/ਪੈਰੋਲ ਨੂੰ ਲਟਕਾਉਣਾ ਤੇ ਦੂਸਰੇ ਪਾਸੇ ਵੱਡੇ ਦੋਸ਼ੀਆਂ ਨੂੰ ਵਾਰ-ਵਾਰ ਪੈਰੋਲ ਦੇਣੀ ਸਿੱਖਾਂ ਨਾਲ ਬੇਇਨਸਾਫ਼ੀ ਹੈ। ਕਾਲਜ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕਿਹਾ ਕਿ ਮਨੁੱਖਤਾ ਤੇ ਸਿੱਖ ਕੌਮ ਦੀਆਂ ਭਾਵਨਾਵਾਂ ਨਾਲ ਜੁੜੇ ਮਸਲੇ ਦਾ ਹੱਲ ਸਮੇਂ ਦੀ ਲੋੜ ਹੈ।ਇਸ ਲਈ ਸਿੱਖ ਸੰਗਤਾਂ ਤੇ ਕਾਲਜ ਸਟਾਫ਼ ਵੱਲੋਂ ਮੰਗ ਕੀਤੀ ਗਈ ਕਿ ਇਨ੍ਹਾਂ ਸਿੰਘਾਂ ਨੂੰ ਰਿਹਾਅ ਕੀਤਾ ਜਾਣਾ ਚਾਹੀਦਾ ਹੈ।ਇਸ ਮੌਕੇ ਕਾਲਜ ਦਾ ਸਮੂਹ ਟੀਚਿੰਗ ਸਟਾਫ਼, ਨਾਨ-ਟੀਚਿੰਗ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

## 'ਮੇਰੀ ਰਸੋਈ' ਸਕੀਮ ਤਹਿਤ ਰਾਸ਼ਨ ਕਿੱਟਾਂ ਵੰਡੀਆਂ



**ਕੋਟ ਈਸੇ ਖਾਂ (ਅਰੋੜਾ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਮੇਰੀ ਰਸੋਈ' ਸਕੀਮ ਤਹਿਤ ਰਾਸ਼ਨ ਡਿੱਪੂਆਂ ਰਾਹੀਂ ਯੋਗ ਲਾਭਪਾਤਰੀਆਂ ਨੂੰ ਕੋਟ ਈਸੇ ਖਾਂ ਵਿਖੇ ਰਾਸ਼ਨ ਕਿੱਟਾਂ ਵੰਡੀਆਂ ਗਈਆਂ।ਇਸ ਮੌਕੇ ਕਿੱਟਾਂ ਵੰਡਣ ਵਾਲੀ ਜਗ੍ਹਾ ਤੇ ਪਹੁੰਚੇ ਨਗਰ ਪੰਚਾਇਤ ਦੇ ਪ੍ਰਧਾਨ ਸਚਿਨ ਧੀਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋੜਵੰਦ ਤੇ ਗਰੀਬ ਪਰਵਾਰਾਂ ਲਈ ਚਲਾਈਆਂ ਜਾ ਰਹੀਆਂ ਲੋਕ-ਭਲਾਈ ਸਕੀਮਾਂ ਬਹੁਤ ਹੀ ਸ਼ਲਾਘਾਯੋਗ ਹਨ।ਰਾਸ਼ਨ ਕਿੱਟਾਂ ਦੀ ਵੰਡ ਨਾਲ ਆਮ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ ਤੇ ਸਰਕਾਰੀ ਸਹੂਲਤਾਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਉਨ੍ਹਾ ਕਿਹਾ ਕਿ ਰਾਸ਼ਨ ਕਿੱਟਾਂ ਵਿੱਚ ਘਰੇਲੂ ਰਸੋਈ ਲਈ ਲੋੜੀਂਦਾ ਸਾਮਾਨ ਸ਼ਾਮਲ ਕੀਤਾ ਗਿਆ, ਜਿਸ ਨਾਲ ਆਮ ਤੇ ਗਰੀਬ ਪਰਵਾਰਾਂ ਨੂੰ ਵੱਡੀ ਰਾਹਤ ਮਿਲੀ।ਸਰਕਾਰ ਦਾ ਉਦੇਸ਼ ਲੋੜਵੰਦ ਪਰਵਾਰਾਂ ਨੂੰ ਮਹਿੰਗਾਈ ਦੇ ਸਮੇਂ ਸਹਾਇਤਾ ਪਹੁੰਚਾਉਣਾ ਅਤੇ ਉਨ੍ਹਾਂ ਦੇ ਰਸੋਈ ਖਰਚ ਵਿੱਚ ਕਮੀ ਲਿਆਉਣਾ ਹੈ।ਇਸ ਮੌਕੇ ਲਾਭਪਾਤਰੀਆਂ ਨੇ ਵੀ ਸਰਕਾਰ ਦੀ ਇਸ ਪਹਿਲ ਦੀ ਸ਼ਲਾਘਾ ਕੀਤੀ।

# ਸਟੇਟ ਹਾਈਵੇਅ 'ਤੇ ਵੱਡਾ ਹਾਦਸਾ ਵਾਪਰਨ ਦਾ ਖ਼ਤਰਾ

### ਸੜਕ ਦੇ ਨਵੀਨੀਕਰਨ ਦੇ ਕੰਮ ਦੌਰਾਨ ਅਗਾਊਂ ਚੇਤਾਵਨੀ ਬੋਰਡ ਗਾਇਬ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਧੂਰੀ-ਸੰਗਰੂਰ ਸਟੇਟ ਹਾਈਵੇਅ 'ਤੇ ਚੱਲ ਰਹੇ ਸੜਕ ਦੇ ਨਵੀਨੀਕਰਨ ਤੇ ਚੌੜਾ ਕਰਨ ਦੇ ਵਿਕਾਸ ਕਾਰਜਾਂ ਦੌਰਾਨ ਸਬੰਧਤ ਮਹਿਕਮੇ ਤੇ ਠੇਕੇਦਾਰਾਂ ਦੀ ਇੱਕ ਵੱਡੀ ਲਾਪ੍ਰਵਾਹੀ ਸਾਹਮਣੇ ਆਈ ਹੈ।

ਸੜਕ ਦੀ ਮੁਰੰਮਤ ਦੇ ਨਾਂ 'ਤੇ ਆਵਾਜਾਈ ਵਾਲੇ ਮੁੱਖ ਮਾਰਗ ਦੇ ਡੂੰਘੇ ਟੋਏ ਤਾਂ ਪੁੱਟ ਦਿੱਤੇ ਗਏ ਹਨ, ਪਰ ਵਾਹਨ ਚਾਲਕਾਂ ਦੀ ਸੁਰੱਖਿਆ ਲਈ ਕਿਸੇ ਵੀ ਕਿਸਮ ਦੇ ਸੂਚਨਾ ਜਾਂ ਅਗਾਊਂ ਚੇਤਾਵਨੀ ਬੋਰਡ ਨਹੀਂ ਲਗਾਏ ਗਏ।ਇਸ ਨਾਲ ਰਾਤ ਤੇ ਦਿਨ ਦੇ ਸਮੇਂ ਸਟੇਟ ਹਾਈਵੇਅ 'ਤੇ ਕਿਸੇ ਭਿਆਨਕ ਹਾਦਸੇ ਦੇ ਵਾਪਰਨ ਦਾ ਵੱਡਾ ਖ਼ਤਰਾ ਮੰਡਰਾ ਰਿਹਾ ਹੈ।ਸਥਾਨਕ ਰਾਹਗੀਰਾਂ ਤੇ ਵਾਹਨ ਚਾਲਕਾਂ ਅਨੁਸਾਰ, ਨਿਯਮਾਂ ਮੁਤਾਬਕ ਕਿਸੇ ਵੀ ਹਾਈਵੇਅ 'ਤੇ ਵਿਕਾਸ ਕਾਰਜ ਸ਼ੁਰੂ ਕਰਨ ਤੋਂ ਪਹਿਲਾਂ 'ਅੱਗੇ ਸੜਕ ਦਾ ਕੰਮ ਚੱਲ ਰਿਹਾ ਹੈ' ਜਾਂ 'ਧੀਮੀ ਗਤੀ ਨਾਲ ਚੱਲੋ' ਵਰਗੇ ਰਿਫਲੈਕਟਰ ਵਾਲੇ ਜਾਗਰੂਕਤਾ ਬੋਰਡ ਲਗਾਉਣੇ ਲਾਜ਼ਮੀ ਹੁੰਦੇ ਹਨ, ਪਰ ਇਸ ਮੁੱਖ ਮਾਰਗ 'ਤੇ ਮਹਿਕਮੇ ਵੱਲੋਂ ਸੁਰੱਖਿਆ ਦੇ ਅਜਿਹੇ ਕੋਈ ਵੀ ਢੁੱਕਵੇਂ ਪ੍ਰਬੰਧ ਨਹੀਂ ਕੀਤੇ ਗਏ।ਰਾਤ ਦੇ ਹਨੇਰੇ ਵਿੱਚ ਖ਼ਾਸ ਕਰਕੇ ਦੋ-ਪਹੀਆ ਤੇ ਚਾਰ-ਪਹੀਆ ਵਾਹਨ ਚਾਲਕਾਂ ਨੂੰ ਇਹ ਡੂੰਘੇ ਖੱਡੇ ਦਿਖਾਈ ਨਹੀਂ ਦਿੰਦੇ, ਜਿਸ ਕਾਰਨ ਕੋਈ ਵੀ ਗੱਡੀ ਅਚਾਨਕ ਸੰਤੁਲਨ ਵਿਗਾੜ ਕੇ ਵੱਡੇ ਹਾਦਸੇ ਦਾ ਸ਼ਿਕਾਰ ਹੋ ਸਕਦੀ ਹੈ।ਮਾਮਲਾ ਸਿਰਫ਼ ਪੁੱਟੇ ਗਏ ਟੋਇਆਂ ਤੱਕ ਹੀ ਸੀਮਤ ਨਹੀਂ ਹੈ, ਸਗੋਂ ਸੜਕ ਦੇ ਕਿਨਾਰਿਆਂ ਤੇ ਆਵਾਜਾਈ ਵਾਲੇ ਹਿੱਸਿਆਂ ਦੇ ਨੇੜੇ ਹੀ ਇੰਟਰਲਾਕਿੰਗ ਟਾਇਲਾਂ ਦੇ ਵੱਡੇ-ਵੱਡੇ ਚੱਠੇ ਲਗਾ ਕੇ ਛੱਡੇ ਗਏ ਹਨ।ਇਨ੍ਹਾਂ ਢੇਰਾਂ ਦੇ ਆਲੇ-ਦੁਆਲੇ ਵੀ ਕੋਈ ਲਾਈਟ ਜਾਂ ਸੂਚਨਾ ਚੇਤਾਵਨੀ ਚਿੰਨ੍ਹ ਨਹੀਂ ਲਗਾਇਆ ਗਿਆ।

ਤੇਜ਼ ਰਫ਼ਤਾਰ ਨਾਲ ਆ ਰਹੇ ਵਾਹਨ ਅਚਾਨਕ ਸਾਹਮਣੇ ਆਏ ਇਨ੍ਹਾਂ ਟਾਇਲਾਂ ਦੇ ਅੰਬਾਰਾਂ ਨਾਲ ਟਕਰਾ ਕੇ ਹਾਦਸਾਗ੍ਰਸਤ ਹੋ ਸਕਦੇ ਹਨ।ਇਲਾਕਾ ਨਿਵਾਸੀਆਂ ਤੇ ਰੋਜ਼ਾਨਾ ਇਸ ਰੂਟ ਤੋਂ ਲੰਘਣ ਵਾਲੇ ਮੁਸਾਫ਼ਰਾਂ ਨੇ ਪ੍ਰਸ਼ਾਸਨ ਤੇ ਸਬੰਧਤ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਬਿਨਾਂ ਕਿਸੇ ਦੇਰੀ ਦੇ ਹਾਈਵੇਅ 'ਤੇ ਢੁੱਕਵੀਂ ਥਾਂ 'ਤੇ ਅਗਾਊਂ ਬੋਰਡ ਤੇ ਰਿਫਲੈਕਟਰ ਲਗਾਏ ਜਾਣ।

## ਕਾਂਗਰਸੀ ਵਰਕਰ ਬੂਥ ਪੱਧਰ 'ਤੇ ਮਜ਼ਬੂਤ ਮੋਰਚਾਬੰਦੀ ਕਰਨ : ਢਿੱਲੋਂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਆਮ ਆਦਮੀ ਪਾਰਟੀ ਦੀ ਮੌਜੂਦਾ ਸਰਕਾਰ ਹਰ ਫਰੰਟ 'ਤੇ ਬੁਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਹੈ ਅਤੇ ਸਰਕਾਰ ਦੀ ਕਾਰਗੁਜ਼ਾਰੀ ਤੋਂ ਪੰਜਾਬ ਦੇ ਲੋਕਾਂ ਵਿੱਚ ਭਾਰੀ ਨਿਰਾਸ਼ਾ ਪਾਈ ਜਾ ਰਹੀ ਹੈ।ਇਹ ਪ੍ਰਗਟਾਵਾ ਵਿਧਾਇਕ ਕੁਲਦੀਪ ਸਿੰਘ ਢਿੱਲੋਂ ਨੇ ਬਲਾਕ ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ ਦੀ ਅਗਵਾਈ ਹੇਠ ਹੋਈ ਬਲਾਕ ਪੱਧਰੀ ਵਿਸ਼ੇਸ਼ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ।ਵਿਧਾਇਕ ਢਿੱਲੋਂ ਨੇ ਸੂਬਾ ਸਰਕਾਰ ਦੀਆਂ ਨੀਤੀਆਂ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਖੋਖਲੀਆਂ ਮਸ਼ਹੂਰੀਆਂ, ਇਸ਼ਤਿਹਾਰਬਾਜ਼ੀ ਤੇ ਸਿਆਸੀ ਡਰਾਮੇਬਾਜ਼ੀ ਤੱਕ ਸੀਮਤ ਹੋ ਕੇ ਰਹਿ ਗਈ ਹੈ।ਉਨ੍ਹਾਂ ਕਿਹਾ ਕਿ ਜ਼ਮੀਨੀ ਹਕੀਕਤ



ਇਸ ਦੇ ਬਿਲਕੁਲ ਉਲਟ ਹੈ ਤੇ ਪੰਜਾਬ ਸਿਰ ਕਰਜ਼ੇ ਦਾ ਬੋਝ ਲਗਾਤਾਰ ਵਧ ਰਿਹਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਸੂਬੇ ਦੇ ਲੋਕ ਹੁਣ ਸਰਕਾਰ ਦੀਆਂ ਨੀਤੀਆਂ ਤੋਂ ਅੱਕ ਚੁੱਕੇ ਹਨ ਤੇ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਨੂੰ ਮੁੜ ਸੱਤਾ ਵਿੱਚ ਲਿਆਉਣ ਲਈ ਲੋਕਾਂ ਦਾ ਮਨ ਬਣ ਚੁੱਕਾ ਹੈ।ਕਾਲਾ ਢਿੱਲੋਂ ਨੇ ਕਿਹਾ ਕਿ ਜਿਹੜੇ ਕਾਂਗਰਸੀ ਵਰਕਰ ਕਿਸੇ ਕਾਰਨ ਨਿਰਾਸ਼ ਹੋ ਕੇ ਘਰਾਂ ਵਿੱਚ ਬੈਠੇ ਹਨ, ਉਨ੍ਹਾਂ ਨਾਲ ਮੁੜ ਰਾਬਤਾ ਕਾਇਮ ਕਰਕੇ ਪਾਰਟੀ ਦੀ ਮਜ਼ਬੂਤੀ ਲਈ ਸਰਗਰਮ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਹਰ ਬੂਥ ਪੱਧਰ 'ਤੇ ਮਜ਼ਬੂਤ ਮੋਰਚਾਬੰਦੀ ਕਰਦਿਆਂ ਪਾਰਟੀ ਵਰਕਰਾਂ ਨੂੰ ਠੋਸ ਜ਼ਿੰਮੇਵਾਰੀਆਂ ਸੌਂਪੀਆਂ ਜਾਣ ਤੇ ਬੂਥ ਟੀਮਾਂ ਨੂੰ ਪੂਰੀ ਤਰ੍ਹਾਂ ਚੁਸਤ-ਦਰੁਸਤ ਕੀਤਾ ਜਾਵੇ।ਉਨ੍ਹਾਂ ਵਰਕਰਾਂ ਨੂੰ ਵੋਟਰ ਸੂਚੀਆਂ ਦੀ ਬਰੀਕੀ ਨਾਲ ਜਾਂਚ-ਪੜਤਾਲ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਹਰੇਕ ਯੋਗ ਵੋਟਰ ਦਾ ਨਾਮ ਵੋਟਰ ਸੂਚੀ ਵਿੱਚ ਯਕੀਨੀ ਬਣਾਇਆ ਜਾਵੇ।ਵਿਧਾਇਕ ਢਿੱਲੋਂ ਨੇ ਕਿਹਾ ਕਿ ਟਿਕਟ ਦੇ ਸਾਰੇ ਚਾਹਵਾਨ ਦਾਅਵੇਦਾਰਾਂ ਨੂੰ ਆਪਸੀ ਮੱਤਭੇਦ ਭੁਲਾ ਕੇ ਪਾਰਟੀ ਦੀ ਮਜ਼ਬੂਤੀ ਲਈ ਇਮਾਨਦਾਰੀ ਤੇ ਤਨਦੇਹੀ ਨਾਲ ਕੰਮ ਕਰਨਾ ਚਾਹੀਦਾ ਹੈ।ਇਸ ਮੌਕੇ ਐਡਵੋਕੇਟ ਗੁਰਮੁੱਖ ਸਿੰਘ, ਗੁਰਮੇਲ ਸਿੰਘ ਮੌੜ, ਬੀਬੀ ਕਾਂਤਾ ਕੁਠਾਲਾ, ਕਮਲਜੀਤ ਸਿੰਘ ਚੱਕ, ਜਸਵੀਰ ਸਿੰਘ ਖੇੜੀ, ਬੰਨੀ ਖਹਿਰਾ, ਜਸਮੇਲ ਸਿੰਘ ਡੇਅਰੀਵਾਲੇ, ਸਰਬਜੀਤ ਕੌਰ ਖੁੱਡੀ, ਨਿਰਮਲ ਸਿੰਘ ਪੰਡੋਰੀ ਅਤੇ ਡਾ. ਅਮਰਜੀਤ ਸਿੰਘ ਨੇ ਵੀ ਸੰਬੋਧਨ ਕੀਤਾ।

## ਲਾਇਨਜ਼ ਕਲੱਬ ਤੇ ਸੋਸ਼ਲ ਵੈੱਲਫੇਅਰ ਕਲੱਬ ਦਾ ਸਾਂਝਾ ਮਨੁੱਖਤਾ ਸੇਵਾ ਪ੍ਰੋਜੈਕਟ : ਪ੍ਰਵੀਨ ਗਰਗ



**ਮੋਗਾ (ਇਕਬਾਲ ਸਿੰਘ ਖਹਿਰਾ)**

ਸਮਾਜ ਵਿੱਚ ਔਰਤਾਂ ਨੂੰ ਆਤਮਨਿਰਭਰ ਬਣਾਉਣ ਦੀ ਦਿਸ਼ਾ ਵਿੱਚ ਇੱਕ ਸ਼ਲਾਘਾਯੋਗ ਪਹਿਲਕਦਮੀ ਕਰਦਿਆਂ ਲਾਇਨਜ਼ ਕਲੱਬ ਸਿਟੀ ਮੋਗਾ ਵੱਲੋਂ ਸੋਸ਼ਲ ਵੈੱਲਫੇਅਰ ਕਲੱਬ ਦੇ ਸਹਿਯੋਗ ਨਾਲ ਲੋੜਵੰਦ ਔਰਤਾਂ ਲਈ ਸਵੈ-ਰੋਜ਼ਗਾਰ ਯੋਜਨਾ ਸ਼ੁਰੂ ਕੀਤੀ ਗਈ ਹੈ। ਇਸ ਸਾਂਝੇ ਪ੍ਰੋਜੈਕਟ ਤਹਿਤ ਲਾਇਨਜ਼ ਕਲੱਬ ਵੱਲੋਂ ਚਾਰ ਸਿਲਾਈ ਮਸ਼ੀਨਾਂ ਭੇਟ ਕੀਤੀਆਂ ਗਈਆਂ ਹਨ। ਇਨ੍ਹਾਂ ਮਸ਼ੀਨਾਂ ਦੇ ਸੰਚਾਲਨ ਤੇ ਸਿਖਲਾਈ ਦਾ ਕੰਮ ਸੋਸ਼ਲ ਵੈੱਲਫੇਅਰ ਕਲੱਬ ਦੀ ਅਗਵਾਈ ਹੇਠ ਕੀਤਾ ਜਾਵੇਗਾ।ਸੋਸ਼ਲ ਵੈੱਲਫੇਅਰ ਕਲੱਬ ਵੱਲੋਂ ਇਸ ਪ੍ਰੋਜੈਕਟ 'ਤੇ ਪਹਿਲਾਂ ਤੋਂ ਹੀ ਕੰਮ ਕੀਤਾ ਜਾ ਰਿਹਾ ਹੈ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਆਈ.ਐੱਸ.ਐੱਫ. ਕਾਲਜ ਆਫ ਫਾਰਮੇਸੀ ਦੇ ਚੇਅਰਮੈਨ ਪ੍ਰਵੀਨ ਗਰਗ ਨੇ ਦੋਵਾਂ ਸੰਸਥਾਵਾਂ ਦੀ ਕਾਰਜਪ੍ਰਣਾਲੀ 'ਤੇ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਬੇਸ਼ੱਕ ਲਾਇਨਜ਼ ਕਲੱਬ ਇੱਕ ਅੰਤਰਰਾਸ਼ਟਰੀ ਸੰਸਥਾ ਹੈ ਅਤੇ ਇਸ ਕੋਲ ਆਪਣੇ ਪ੍ਰੋਜੈਕਟਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ, ਪਰ ਇਸ ਨੇ ਸੋਸ਼ਲ ਵੈੱਲਫੇਅਰ ਕਲੱਬ ਰਜਿਸਟਰਡ ਮੋਗਾ ਨਾਲ ਖੜ੍ਹ ਕੇ ਵੱਡੇ ਭਰਾ ਦੀ ਭੂਮਿਕਾ ਨਿਭਾਈ ਹੈ, ਜੋ ਕਿ ਸ਼ਲਾਘਾਯੋਗ ਹੈ।ਇਸ ਸਾਂਝੇ ਪ੍ਰੋਜੈਕਟ ਨਾਲ ਵੱਧ ਤੋਂ ਵੱਧ ਲੋੜਵੰਦ ਔਰਤਾਂ ਨੂੰ ਲਾਭ ਮਿਲ ਸਕੇਗਾ।ਇਸ ਮੌਕੇ ਲਾਇਨਜ਼ ਕਲੱਬ ਸਿਟੀ ਮੋਗਾ ਦੇ ਪ੍ਰਧਾਨ ਸੁਰਿੰਦਰਜੀਤ ਸਿੰਘ ਨੇ ਕਿਹਾ ਕਿ ਉਹ ਸੋਸ਼ਲ ਵੈੱਲਫੇਅਰ ਕਲੱਬ ਵੱਲੋਂ ਚਲਾਏ ਜਾ ਰਹੇ ਸਿਲਾਈ ਕੇਂਦਰਾਂ ਤੋਂ ਬਹੁਤ ਪ੍ਰਭਾਵਿਤ ਹੋਏ ਹਨ। ਇਹ ਬੱਚੀਆਂ ਤੇ ਔਰਤਾਂ ਨੂੰ ਆਤਮਨਿਰਭਰ ਬਣਾਉਣ ਦੀ ਦਿਸ਼ਾ ਵਿੱਚ ਬਹੁਤ ਵਧੀਆ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਸੋਸ਼ਲ ਵੈੱਲਫੇਅਰ ਕਲੱਬ ਰਜਿਸਟਰਡ ਮੋਗਾ ਪਿਛਲੇ ਲੰਬੇ ਸਮੇਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਸ਼ਾਨਦਾਰ ਕੰਮ ਕਰ ਰਿਹਾ ਹੈ ਤੇ ਇਸ ਸਮੇਂ ਦੋ ਸਿਲਾਈ ਕੇਂਦਰ ਚਲਾ ਰਿਹਾ ਹੈ।ਉਨ੍ਹਾਂ ਕਿਹਾ ਕਿ ਲਾਇਨਜ਼ ਕਲੱਬ ਨੂੰ ਮਾਣ ਹੈ ਕਿ ਉਹ ਇਸ ਸੇਵਾ ਕਾਰਜ ਵਿੱਚ ਸੋਸ਼ਲ ਵੈੱਲਫੇਅਰ ਕਲੱਬ ਦੇ ਨਾਲ ਸਹਿਯੋਗੀ ਬਣ ਰਿਹਾ ਹੈ।ਸੋਸ਼ਲ ਵੈੱਲਫੇਅਰ ਕਲੱਬ ਦੇ ਪ੍ਰਧਾਨ ਓ.ਪੀ. ਕੁਮਾਰ ਨੇ ਕਿਹਾ ਕਿ ਲਾਇਨਜ਼ ਕਲੱਬ ਸਿਟੀ ਮੋਗਾ ਦਾ ਇਹ ਸਹਿਯੋਗ ਮਹਿਲਾ ਸਸ਼ਕਤੀਕਰਨ ਦੀ ਉਨ੍ਹਾਂ ਦੀ ਮੁਹਿੰਮ ਨੂੰ ਹੋਰ ਮਜ਼ਬੂਤੀ ਦੇਵੇਗਾ।ਦੋਵੇਂ ਕਲੱਬ ਮਿਲ ਕੇ ਭਵਿੱਖ ਵਿੱਚ ਵੀ ਸਮਾਜ ਲਈ ਹੋਰ ਰਚਨਾਤਮਕ ਤੇ ਲੋਕ-ਹਿਤੈਸ਼ੀ ਕਾਰਜ ਕਰਦੇ ਰਹਿਣਗੇ।ਇਸ ਮੌਕੇ ਸਤਿੰਦਰਜੀਤ ਸਿੰਘ ਸੋਢੀ, ਐਡਵੋਕੇਟ ਡਾ. ਅਜੀਤ ਪਾਲ ਸਿੰਘ, ਹਰਪਾਲ ਸਿੰਘ ਮੱਕੜ, ਪਿਆਰਾ ਸਿੰਘ ਚਾਹਲ, ਝਲਮਣ ਦਾਸ, ਅਜੇ ਸਿੰਗਲਾ, ਅਸ਼ੋਕ ਨਰੂਲਾ, ਰਾਜਵਿੰਦਰ ਸਿੰਘ, ਕਮਲਜੀਤ ਸਿੰਘ, ਪਰਮਜੀਤ ਸਿੰਘ, ਰਸ਼ਪਾਲ ਸਿੰਘ, ਪਵਨ ਕੁਮਾਰ ਸਮੇਤ ਹੋਰ ਮੈਂਬਰ ਮੌਜੂਦ ਸਨ।

## ਸਫਾ 1 ਦੇ ਬਾਕੀ...

### ਮੁਲਾਜ਼ਮਾਂ ਤੇ ਪੈਨਸ਼ਨਰਾਂ...

ਕਰਨਗੀਆਂ।ਇਸੇ ਤਰ੍ਹਾਂ 30 ਸਤੰਬਰ ਨੂੰ ਸਾਂਝੀ ਤਾਲਮੇਲ ਕਮੇਟੀ ਵੱਲੋਂ ਚੰਡੀਗੜ੍ਹ ਵਿਖੇ ਪੰਜਾਬ ਦੇ ਵਿਧਾਇਕਾਂ ਅਤੇ ਸੰਸਦ ਮੈਂਬਰਾਂ ਦਾ ਇੱਕ ਦਿਨ ਦਾ ਸਪੈਸ਼ਲ ਸੈਸ਼ਨ ਬੁਲਾਇਆ ਜਾਵੇਗਾ, ਜਿਸ ਵਿੱਚ ਪੰਜਾਬ ਦੇ ਸਮੁੱਚੇ ਵਿਧਾਇਕਾਂ ਅਤੇ ਸੰਸਦ ਮੈਂਬਰਾਂ ਨੂੰ ਤਾਲਮੇਲ ਕਮੇਟੀ ਦੀਆਂ ਮੰਗਾਂ ਬਾਰੇ ਆਪਣੀ ਪਾਰਟੀ ਦਾ ਪੱਖ ਰੱਖਣ ਲਈ ਸੁਆਲ ਕੀਤੇ ਜਾਣਗੇ। ਐਤਵਾਰ ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਵਿਖੇ ਲਗਾਏ ਜਾ ਰਹੇ ਪੱਕੇ ਮੋਰਚੇ ਦਾ ਪੂਰਨ ਸਮਰਥਨ ਕੀਤਾ ਗਿਆ।ਇਸ ਮੌਕੇ ਹਰਚਰਨ ਸਿੰਘ, ਮਨਪ੍ਰੀਤ ਸਿੰਘ, ਜਗਦੀਸ਼ ਚਾਹਲ, ਅਮਿਤ ਕਟੋਚ, ਦਿਗਵਿਜੈ ਪਾਲ ਸ਼ਰਮਾ, ਪਰਗਟਜੀਤ ਕਿਸ਼ਨਪੁਰਾ, ਜਸਵੀਰ ਤਲਵਾੜਾ, ਰਾਧੇ ਸ਼ਿਆਮ, ਕਰਮਜੀਤ ਬੀਹਲਾ, ਸੰਦੀਪ ਗਿੱਲ, ਬੋਬਿੰਦਰ ਸਿੰਘ, ਗੁਰਜੰਟ ਸਿੰਘ ਵਾਲੀਆ, ਸੁਖਵਿੰਦਰ ਸਿੰਘ ਤੇ ਤੇਜਿੰਦਰ ਸਿੰਘ ਆਦਿ ਹਾਜ਼ਰ ਸਨ।

### ਵਿਭਿੰਨਤਾ 'ਚ ਏਕਤਾ ...

ਪ੍ਰਵਾਸੀਆਂ ਨੂੰ ਆਪਣੀ 'ਕਰਮ ਭੂਮੀ' ਪ੍ਰਤੀ ਵਫ਼ਾਦਾਰ ਰਹਿਣ ਦਾ ਸੱਦਾ ਵੀ ਦਿੱਤਾ। ਉਨ੍ਹਾ ਤਾੜੀਆਂ ਦੀ ਗੂੰਜ ਵਿੱਚ ਕਿਹਾ, "ਸਾਡਾ ਫਰਜ਼ ਕੀ ਹੈ? ਅਸੀਂ ਅਮਰੀਕਾ ਵਿੱਚ ਹਾਂ। ਅਸੀਂ ਅਮਰੀਕਾ ਵਿੱਚ ਰਹਿੰਦੇ ਹਾਂ। ਅਸੀਂ ਅਮਰੀਕਾ ਵਿੱਚ ਕਮਾਉਂਦੇ ਹਾਂ। ਇਸ ਲਈ ਅਸੀਂ ਅਮਰੀਕੀ ਹਾਂ ਅਤੇ ਸਾਨੂੰ ਅਮਰੀਕਾ ਪ੍ਰਤੀ ਸੱਚਾ ਵਿਹਾਰ ਕਰਨਾ ਚਾਹੀਦਾ ਹੈ।"

ਪਰਵਾਸੀ, ਭਾਰਤੀ ਪਰਵਾਸੀ, ਉਨ੍ਹਾਂ ਦਾ ਆਪਣੀ ਕਰਮਭੂਮੀ ਪ੍ਰਤੀ ਫਰਜ਼ ਹੈ। ਉਨ੍ਹਾਂ ਨੂੰ ਇਹ ਪੂਰਾ ਕਰਨਾ ਚਾਹੀਦਾ ਹੈ। ਉਨ੍ਹਾਂ ਨੂੰ ਆਪਣੀ ਕਰਮਭੂਮੀ ਪ੍ਰਤੀ ਵਫਾਦਾਰ ਰਹਿਣਾ ਚਾਹੀਦਾ ਹੈ, ਕਿਉਂਕਿ ਭਾਰਤ ਉਨ੍ਹਾਂ ਦੀ ਜਨਮ ਭੂਮੀ (ਮਾਤ ਭੂਮੀ) ਹੈ, ਜੇ ਉਨ੍ਹਾਂ ਵਿੱਚ ਕੁਝ ਕਰਨ ਦੀ ਇੱਛਾ ਹੈ ਅਤੇ ਉਹ ਆਪਣੀ ਕਰਮ ਭੂਮੀ ਪ੍ਰਤੀ ਆਪਣਾ ਫਰਜ਼ ਨਿਭਾਉਣ ਤੋਂ ਬਾਅਦ ਅਜਿਹਾ ਕਰ ਸਕਦੇ ਹਨ, ਤਾਂ ਇਹ ਵਰਜਿਤ ਨਹੀਂ, ਪਰ ਇਹ ਲਾਜ਼ਮੀ ਨਹੀਂ। ਤੁਹਾਡੀ ਜਨਮ ਭੂਮੀ ਤੁਹਾਡੇ ਤੋਂ ਉਨ੍ਹਾਂ ਕਦਰਾਂ-ਕੀਮਤਾਂ ਨੂੰ ਜੀਉਣ ਦੀ ਉਮੀਦ ਕਰਦੀ ਹੈ ਜੋ ਇਸ ਨੇ ਤੁਹਾਨੂੰ ਦਿੱਤੀਆਂ ਹਨ।

ਮੋਹਨ ਭਾਗਵਤ ਨੇ ਇਹ ਵੀ ਕਿਹਾ ਕਿ ਜੇ ਕੋਈ ਹਿੰਦੂ ਸੋਚਦਾ ਹੈ ਕਿ ਭਾਰਤ ਵਿੱਚ ਕੋਈ ਮੁਸਲਮਾਨ ਨਹੀਂ ਹੋਣਾ ਚਾਹੀਦਾ, ਤਾਂ ਉਹ ਹਿੰਦੂ ਨਹੀਂ ਰਹੇਗਾ। ਜੇ ਤੁਸੀਂ ਆਪਣੇ ਆਪ ਨੂੰ ਹਿੰਦੂ ਕਹਿਣਾ ਚਾਹੁੰਦੇ ਹੋ, ਤਾਂ ਤੁਹਾਨੂੰ ਇਹ ਮੰਨਣਾ ਪਵੇਗਾ ਕਿ ਸਾਰੇ ਰਸਤੇ ਇੱਕੋ ਟੀਚੇ ਵੱਲ ਲੈ ਜਾਂਦੇ ਹਨ ਅਤੇ ਹਰ ਮਨੁੱਖ ਦਾ ਮਾਣ ਹੁੰਦਾ ਹੈ। ਮਨੁੱਖਾਂ ਵਿੱਚ ਕੋਈ ਅੰਤਰ ਨਹੀਂ। ਇੱਕ ਮਿਸਾਲ ਦਿੰਦਿਆਂ ਭਾਗਵਤ ਨੇ ਕਿਹਾ, "ਮੇਰਾ ਇੱਕ ਭਾਸ਼ਣ ਸੀ ਅਤੇ ਮੁਸਲਿਮ ਭਰਾ ਵੀ ਉੱਥੇ ਸਨ। ਉਨ੍ਹਾਂ ਮੈਨੂੰ ਇੱਕ ਸਵਾਲ ਪੁੱਛਿਆ : 'ਤੁਸੀਂ ਇੱਕ ਹਿੰਦੂ ਸੰਗਠਨ ਹੋ, ਤੁਸੀਂ ਹਿੰਦੂ ਰਾਸ਼ਟਰ ਕਹਿੰਦੇ ਹੋ, ਸਾਡੇ ਮੁਸਲਮਾਨਾਂ ਬਾਰੇ ਕੀ? ਕੀ ਤੁਸੀਂ ਸਾਨੂੰ ਬਾਹਰ ਕੱਢੋਗੇ?' ਮੈਂ ਕਿਹਾ, ਨਹੀਂ, ਇਹ ਹਿੰਦੂਤਵ ਨਹੀਂ ਹੈ।"

ਉਨ੍ਹਾ ਹਰਿਆਣਾ ਤੋਂ ਇੱਕ ਹੋਰ ਮਿਸਾਲ ਦਿੱਤੀ : "ਸਾਡੇ ਵਲੰਟੀਅਰ ਹਰ ਜਗ੍ਹਾ ਸੇਵਾ ਕਰਦੇ ਹਨ, ਬਰਾਬਰ... ਦੋ ਜਹਾਜ਼ ਹਰਿਆਣਾ, ਜੋ ਕਿ ਭਾਰਤ ਦਾ ਹਿੱਸਾ ਹੈ, ਦੇ ਦਾਦਰੀ ਨਾਮਕ ਸਥਾਨ 'ਤੇ ਟਕਰਾ ਗਏ... ਜ਼ਿਆਦਾਤਰ ਯਾਤਰੀ ਮੁਸਲਮਾਨ ਸਨ। ਸਾਡੇ ਵਲੰਟੀਅਰ ਪਹਿਲਾਂ ਉੱਥੇ ਪਹੁੰਚੇ ਅਤੇ ਉਨ੍ਹਾਂ ਨੇ ਸੇਵਾ ਕੀਤੀ, ਜ਼ਖ਼ਮੀਆਂ ਦਾ ਇਲਾਜ ਕੀਤਾ—ਬਹੁਤ ਘੱਟ ਬਚੇ ਸਨ; ਬਾਕੀ ਸਾਰੇ ਮਰੇ ਹੋਏ ਸਨ ਅਤੇ ਲਾਸ਼ਾਂ ਨੂੰ ਕੱਢਿਆ, ਅੰਤਮ ਸੰਸਕਾਰ ਦਾ ਪ੍ਰਬੰਧ ਕੀਤਾ। ਵਲੰਟੀਅਰਾਂ ਨੇ ਉਸ ਸਮੇਂ ਕਦੇ ਨਹੀਂ ਸੋਚਿਆ ਸੀ ਕਿ ਇਹ ਮੁਸਲਮਾਨ ਹਨ।"

### ਭਾਗਵਤ ਨੂੰ ਡੀ ਐੱਨ ਏ ...

ਉਨ੍ਹਾਂ ਲਈ ਮਹਿਸੂਸ ਕਰਦੇ ਹੋ, ਜਿਨ੍ਹਾਂ ਨੂੰ ਲਿੰਚ ਕੀਤਾ ਜਾਂਦਾ ਹੈ? ਕੀ ਤੁਸੀਂ ਕਦੇ ਲਿੰਚਿੰਗ ਕੀਤੇ ਗਏ ਲੋਕਾਂ ਬਾਰੇ ਕੁਝ ਕਿਹਾ ਹੈ? ਕੀ ਤੁਸੀਂ ਕਦੇ ਆਲੋਚਨਾ ਕੀਤੀ ਹੈ ਜਾਂ ਪੁੱਛਿਆ ਹੈ ਕਿ ਮੇਰੇ ਦੇਸ਼ ਵਿੱਚ ਅਜਿਹਾ ਕਿਉਂ ਹੋ ਰਿਹਾ ਹੈ।'

ਸਿੱਬਲ ਨੇ ਕਿਹਾ ਕਿ ਇਹ ਕਿਵੇਂ ਹੋ ਸਕਦਾ ਹੈ ਕਿ ਉਹ ਵਿਦੇਸ਼ ਵਿੱਚ ਹੁੰਦੇ ਹੋਏ ਕਹਿੰਦੇ ਹਨ ਕਿ ਭਾਰਤ ਇੱਕ-ਦੂਜੇ ਲਈ ਹਮਦਰਦੀ ਰੱਖਦਾ ਹੈ ਅਤੇ ਫਿਰ ਇੱਕ ਅਜਿਹੀ ਸਰਕਾਰ ਦਾ ਸਮਰਥਨ ਕਰਦੇ ਹਨ, ਜੋ ਲੋਕਾਂ ਲਈ ਹਮਦਰਦੀ ਨਹੀਂ ਰੱਖਦੀ। ਭਾਗਵਤ ਦੇ ਬਿਆਨ ਕਿ ਵਿਭਿੰਨਤਾ ਦਾ ਜਸ਼ਨ ਮਨਾਇਆ ਜਾਣਾ ਚਾਹੀਦਾ ਹੈ, ਦਾ ਹਵਾਲਾ ਦਿੰਦੇ ਹੋਏ, ਸਿੱਬਲ ਨੇ ਪੁੱਛਿਆ ਕਿ ਕੀ ਉਹ ਇਸ ਦੇਸ਼ ਵਿੱਚ ਵਿਭਿੰਨਤਾ ਦਾ ਜਸ਼ਨ ਮਨਾਉਂਦੇ ਹਨ। ਉਨ੍ਹਾ ਕਿਹਾ, "ਦਰਅਸਲ, ਜਦੋਂ ਰਾਮ ਮੰਦਰ ਦਾ ਉਦਘਾਟਨ ਹੋਇਆ ਅਤੇ ਰਾਮ ਪ੍ਰਾਣ ਪ੍ਰਤਿਸ਼ਠਾ ਕੀਤੀ ਗਈ, ਤਾਂ ਤੁਸੀਂ ਕੀ ਕਿਹਾ? ਤੁਸੀਂ ਕੀ ਕਿਹਾ, ਜਿਸ 'ਤੇ ਤੁਹਾਨੂੰ ਮਾਣ ਮਹਿਸੂਸ ਹੋਇਆ... ਸਾਨੂੰ ਸਾਰੇ ਹਿੰਦੂ ਹੋਣ 'ਤੇ ਮਾਣ ਹੈ; ਸਾਨੂੰ ਸਾਰੇ ਰਾਮ ਦੇ ਭਗਤ ਹੋਣ 'ਤੇ ਮਾਣ ਹੈ, ਪਰ ਤੁਸੀਂ ਕਦੇ ਨਹੀਂ ਕਿਹਾ ਕਿ ਦੇਖੋ, ਇਸ ਮੰਦਰ ਦੇ ਨਿਰਮਾਣ ਤੋਂ ਪਹਿਲਾਂ ਜੋ ਹੋਇਆ ਸੀ, ਉਹ ਨਹੀਂ ਹੋਣਾ ਚਾਹੀਦਾ ਸੀ। ਜਦੋਂ ਤੁਸੀਂ ਕਹਿੰਦੇ ਹੋ ਕਿ ਵਿਭਿੰਨਤਾ ਦਾ ਜਸ਼ਨ ਮਨਾਇਆ ਜਾਣਾ ਚਾਹੀਦਾ ਹੈ, ਵਿਭਿੰਨਤਾ ਨੂੰ ਸਵੀਕਾਰ ਕੀਤਾ ਜਾਣਾ ਚਾਹੀਦਾ ਹੈ, ਵਿਭਿੰਨਤਾ ਦਾ ਸਤਿਕਾਰ ਕੀਤਾ ਜਾਣਾ ਚਾਹੀਦਾ ਹੈ ਅਤੇ ਵਿਭਿੰਨਤਾ ਨੂੰ ਸੁਰੱਖਿਅਤ ਰੱਖਿਆ ਜਾਣਾ ਚਾਹੀਦਾ ਹੈ—ਇਹ ਚਾਰ ਪ੍ਰਗਟਾਵੇ ਹਨ, ਜੋ ਤੁਸੀਂ ਵਰਤਦੇ ਹੋ : ਜਸ਼ਨ, ਸਤਿਕਾਰ, ਸਵੀਕ੍ਰਿਤੀ ਅਤੇ ਸੁਰੱਖਿਆ। ਕੀ ਤੁਸੀਂ ਕਦੇ ਆਪਣੀ ਆਵਾਜ਼ ਬੁਲੰਦ ਕੀਤੀ ਹੈ, ਜਦੋਂ ਭਾਰਤ ਵਿੱਚ ਵਿਭਿੰਨਤਾ ਨੂੰ ਸੁਰੱਖਿਅਤ ਨਹੀਂ ਰੱਖਿਆ ਜਾਂਦਾ? ਕੀ ਤੁਸੀਂ ਕਦੇ ਆਪਣੀ ਆਵਾਜ਼ ਬੁਲੰਦ ਕੀਤੀ ਹੈ? ਨਹੀਂ, ਕਦੇ ਨਹੀਂ?"

ਸਿੱਬਲ ਨੇ ਭਾਗਵਤ 'ਤੇ ਵਿਭਿੰਨਤਾ ਵਿਰੋਧੀ ਰਾਜਨੀਤੀ ਦਾ ਸਮਰਥਨ ਕਰਨ ਦਾ ਦੋਸ਼ ਲਗਾਉਂਦਿਆਂ ਕਿਹਾ, 'ਤੁਸੀਂ ਉਸ ਰਾਜਨੀਤੀ ਦਾ ਸਮਰਥਨ ਕਰਦੇ ਹੋ, ਜੋ ਵਿਭਿੰਨਤਾ ਨੂੰ ਸਵੀਕਾਰ ਨਹੀਂ ਕਰਦੀ, ਵਿਭਿੰਨਤਾ ਦਾ ਸਤਿਕਾਰ ਨਹੀਂ ਕਰਦੀ, ਵਿਭਿੰਨਤਾ ਦਾ ਜਸ਼ਨ ਨਹੀਂ ਮਨਾਉਂਦੀ ਅਤੇ ਵਿਭਿੰਨਤਾ ਦੀ ਰੱਖਿਆ ਨਹੀਂ ਕਰਦੀ ਅਤੇ ਫਿਰ ਵੀ ਤੁਸੀਂ ਇਹ ਸ਼ਬਦ ਨਿਊਯਾਰਕ ਵਿੱਚ ਕਹਿੰਦੇ ਹੋ, ਕਿਉਂਕਿ ਤੁਸੀਂ ਇੱਕ ਵੱਖਰੇ ਦਰਸ਼ਕਾਂ ਨਾਲ ਗੱਲ ਕਰ ਰਹੇ ਹੋ।'

ਭਾਗਵਤ ਦੀਆਂ ਪਿਛਲੀਆਂ ਟਿੱਪਣੀਆਂ ਕਿ ਇਸ ਦੇਸ਼ ਵਿੱਚ ਪੈਦਾ ਹੋਇਆ ਹਰ ਵਿਅਕਤੀ ਹਿੰਦੂ ਹੈ, ਦਾ ਹਵਾਲਾ ਦਿੰਦੇ ਹੋਏ, ਸਿੱਬਲ ਨੇ ਉਨ੍ਹਾ 'ਤੇ ਵਿਦੇਸ਼ ਵਿੱਚ ਦੋਗਲਾਪਣ ਵਰਤਣ ਦਾ ਦੋਸ਼ ਲਗਾਇਆ। ਇਸ ਤੋਂ ਪਹਿਲਾਂ, ਐੱਕਸ 'ਤੇ ਇੱਕ ਪੋਸਟ ਵਿੱਚ ਸਿੱਬਲ ਨੇ ਕਿਹਾ ਸੀ, "ਨਿਊਯਾਰਕ ਵਿੱਚ ਭਾਗਵਤ : 'ਵਿਭਿੰਨਤਾ ਸਾਡੀ ਜਨਮਜਾਤ ਏਕਤਾ ਦਾ ਸ਼ਿੰਗਾਰ ਹੈ। ਇਸ ਦੀ ਰੱਖਿਆ ਕਰਨੀ ਪਵੇਗੀ।' ਵਿਦੇਸ਼ਾਂ ਵਿੱਚ ਸਿਆਣੇ ਸ਼ਬਦ, ਘਰ ਵਿੱਚ ਚੁੱਪ। ਸ਼ਬਦਾਂ ਦਾ ਕੋਈ ਫਰਕ ਨਹੀਂ ਪੈਂਦਾ, ਕਾਰਵਾਈਆਂ ਬਾਰੇ ਬੋਲਣਾ ਚਾਹੀਦਾ ਹੈ!"

## ਸਰਕਾਰ ਧਰਨਾਕਾਰੀਆਂ 'ਤੇ ਪਰਚੇ ਦਰਜ ਕਰਨ ਦੀ ਥਾਂ ਟੁੱਟੀ ਸੜਕ ਬਣਾਏ : ਰਾਣਾ

### ਪ੍ਰਾਪਰਟੀ ਐਸੋ. ਨੇ ਸਿਹਤ ਮੰਤਰੀ ਨੂੰ ਦਿੱਤਾ ਮੰਗ ਪੱਤਰ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪ੍ਰੋਫੈਸਰ ਕਲੋਨੀ ਮੇਨ ਗੇਟ ਨੇੜੇ ਮਹਿਤਾ ਪੈਟਰੋਲ ਪੰਪ ਵਾਲੀ ਸੜਕ ਦੀ ਖਸਤਾ ਹਾਲਤ ਬਾਰੇ ਪ੍ਰਸ਼ਾਸਨ ਤੱਕ ਕਈ ਵਾਰ ਧਿਆਨ 'ਚ ਲਿਆਂਦਾ ਗਿਆ ਤੇ ਉਸ ਦੀ ਕਾਰਵਾਈ ਨਹੀਂ ਕੀਤੀ ਗਈ ਅਤੇ ਫ਼ਿਰ ਹਲਕਾ ਸਨੌਰ ਨਾਲ ਸਬੰਧਤ ਕਈ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਧਰਨਾ ਲਗਾਇਆ ਗਿਆ। ਇਸ ਧਰਨੇ ਦੌਰਾਨ ਕਰੀਬ 50 ਵਿਅਕਤੀਆਂ 'ਤੇ ਦਰਜ ਕੀਤੇ ਇਸ ਮਾਮਲੇ ਸਬੰਧੀ ਪੰਜਾਬ ਪ੍ਰਾਪਰਟੀ ਡੀਲਰਜ਼ ਐਸੋਸੀਏਸ਼ਨ ਪਟਿਆਲਾ ਦੇ ਪ੍ਰਧਾਨ, ਹਲਕਾ ਸਨੌਰ ਤੋਂ ਸੀਨੀਅਰ ਆਗੂ ਤੇ ਸਮਾਜ ਸੇਵੀ ਰਾਜ ਕੁਮਾਰ ਰਾਣਾ ਨੇ ਅੱਜ ਸਿਹਤ ਮੰਤਰੀ ਨਾਲ ਮੁਲਾਕਾਤ ਕਰਕੇ ਸਭ ਤੋਂ ਪਹਿਲਾਂ ਦਰਜ ਕੀਤੇ ਪਰਚੇ ਨੂੰ ਰੱਦ ਕਰਨ ਦੀ ਮੰਗ ਰੱਖੀ।ਉਨ੍ਹਾ ਦੱਸਿਆ ਕਿ ਸੜਕ ਦੀ ਮਾੜੀ ਹਾਲਤ ਸਬੰਧੀ ਲੋਕਾਂ ਵੱਲੋਂ ਕਈ ਵਾਰ ਪ੍ਰਸ਼ਾਸਨ ਨੂੰ ਜਾਣੂ ਕਰਵਾਇਆ ਗਿਆ, ਪਰ ਕੋਈ ਠੋਸ ਕਾਰਵਾਈ ਨਹੀਂ ਹੋਈ।ਇਸ ਤੋਂ ਬਾਅਦ ਲੋਕਾਂ ਨੇ ਆਪਣੀ ਸਮੱਸਿਆ ਸਰਕਾਰ ਤੱਕ ਪਹੁੰਚਾਉਣ ਲਈ ਸ਼ਾਂਤਮਈ ਧਰਨਾ ਦਿੱਤਾ, ਪਰ ਧਰਨਾਕਾਰੀਆਂ ਤੇ ਇਲਾਕੇ ਦੇ 50 ਦੇ ਕਰੀਬ ਮੋਹਤਬਰਾਂ 'ਤੇ ਹੀ ਪਰਚਾ ਦਰਜ ਕਰ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਇਹ ਪਰਚਾ ਨਾਜਾਇਜ਼ ਹੈ।ਉਨ੍ਹਾਂ ਸਿਹਤ ਮੰਤਰੀ ਤੋਂ ਮੰਗ ਕੀਤੀ ਕਿ ਪਰਚਾ ਤੁਰੰਤ ਰੱਦ ਕਰਵਾਇਆ ਜਾਵੇ।ਇਸ ਦੇ ਨਾਲ ਹੀ ਰਾਣਾ ਨੇ ਪੰਜਾਬੀ ਯੂਨੀਵਰਸਿਟੀ ਨੇੜੇ ਸੜਕ 'ਤੇ ਪਏ ਡੂੰਘੇ ਟੋਇਆਂ ਦਾ ਮੁੱਦਾ ਵੀ ਚੁੱਕਿਆ।ਉਨ੍ਹਾ ਅਖੀਰ 'ਚ ਕਿਹਾ ਕਿ ਜੇ ਨਾਜਾਇਜ਼ ਪਰਚੇ ਰੱਦ ਨਾ ਕੀਤੇ ਤਾਂ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਮੌਕੇ ਗੁਰਧਿਆਨ ਸਿੰਘ ਕੌਂਸਲਰ, ਸਰਪੰਚ ਬਲਵਿੰਦਰ ਕੌਰ, ਵਿੱਦਿਆ ਨਗਰ, ਸਰਪੰਚ ਗੁਰਪ੍ਰੀਤ ਸਿੰਘ ਤੇ ਐਡਵੋਕੇਟ ਰਿਸ਼ਵ ਮਹਿਤਾ, ਵਿਜੇ ਕੁਮਾਰ ਸਾਬਕਾ ਸਰਪੰਚ, ਬਲਦੇਵ ਸ਼ਰਮਾ, ਨਰੇਸ਼ ਜਿੰਦਲ, ਮਲਕੀਤ ਸਿੰਘ ਜਸੋਵਾਲ ਤੇ ਹੋਰ ਮੌਜੂਦ ਸਨ।

## ਐੱਸ ਕੇ ਬ੍ਰਦਰਜ਼ ਸ਼ੈਲਰ 'ਚ ਪਾਣੀ ਭਰਨ ਕਾਰਨ ਚੌਲ੍ਹਾਂ ਦਾ ਭਾਰੀ ਨੁਕਸਾਨ




**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪਿਛਲੇ ਦਿਨੀਂ ਪਏ ਭਾਰੀ ਮੀਂਹ ਕਾਰਨ ਕੇ.ਐੱਸ. ਬ੍ਰਦਰਜ਼ ਸੈਲਰ ਵਿੱਚ ਪਾਣੀ ਭਰ ਜਾਣ ਕਾਰਨ ਸੈਲਰ ਵਿੱਚ ਪਏ ਚੌਲਾਂ ਦਾ ਭਾਰੀ ਨੁਕਸਾਨ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਅਚਾਨਕ ਪਾਣੀ ਭਰਨ ਕਾਰਨ ਵੱਡੀ ਮਾਤਰਾ ਵਿੱਚ ਚੌਲ ਪ੍ਰਭਾਵਤ ਹੋਏ, ਜਿਸ ਨਾਲ ਸੈਲਰ ਮਾਲਕਾਂ ਨੂੰ ਭਾਰੀ ਆਰਥਿਕ ਨੁਕਸਾਨ ਝੱਲਣਾ ਪਿਆ ਹੈ।ਜਾਣਕਾਰੀ ਅਨੁਸਾਰ ਪਿਛਲੇ ਦਿਨੀਂ ਹੋਈ ਭਾਰੀ ਬਾਰਸ਼ ਤੋਂ ਬਾਅਦ ਸੈਲਰ ਦੇ ਆਲੇ-ਦੁਆਲੇ ਪਾਣੀ ਇਕੱਠਾ ਹੋ ਗਿਆ ਤੇ ਪਾਣੀ ਸੈਲਰ ਦੇ ਅੰਦਰ ਦਾਖ਼ਲ ਹੋ ਗਿਆ।ਇਸ ਕਾਰਨ ਉੱਥੇ ਸਟੋਰ ਕੀਤੇ ਚੌਲ ਪਾਣੀ ਦੀ ਲਪੇਟ ਵਿੱਚ ਆ ਗਏ।ਸ਼ੈਲਰ ਪ੍ਰਬੰਧਕਾਂ ਵੱਲੋਂ ਪਾਣੀ ਕੱਢਣ ਤੇ ਚੌਲਾਂ ਨੂੰ ਬਚਾਉਣ ਲਈ ਤੁਰੰਤ ਕੋਸ਼ਿਸ਼ਾਂ ਕੀਤੀਆਂ ਗਈਆਂ, ਪਰ ਇਸ ਦੇ ਬਾਵਜੂਦ ਚੌਲਾਂ ਦਾ ਕਾਫ਼ੀ ਨੁਕਸਾਨ ਹੋ ਗਿਆ।ਸੈਲਰ ਮਾਲਕਾਂ ਨੇ ਦੱਸਿਆ ਕਿ ਭਾਰੀ ਮੀਂਹ ਦੌਰਾਨ ਪਾਣੀ ਦੀ ਨਿਕਾਸੀ ਦਾ ਢੁੱਕਵਾਂ ਪ੍ਰਬੰਧ ਨਾ ਹੋਣ ਕਾਰਨ ਇਹ ਸਮੱਸਿਆ ਹੋਰ ਗੰਭੀਰ ਹੋ ਗਈ।ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਲਾਕੇ ਵਿੱਚ ਪਾਣੀ ਦੀ ਨਿਕਾਸੀ ਦੇ ਪੁਖਤਾ ਪ੍ਰਬੰਧ ਕੀਤੇ ਜਾਣ ਤਾਂ ਜੁ ਭਵਿੱਖ ਵਿੱਚ ਅਜਿਹੀ ਸਥਿਤੀ ਦੁਬਾਰਾ ਪੈਦਾ ਨਾ ਹੋਵੇ।

## ਖ਼ੂਨ ਦਾਨ ਕਰਨ ਨਾਲ ਕੀਮਤੀ ਜਾਨਾਂ ਬਚਦੀਆਂ ਹਨ : ਗੌਰਵ ਸੰਧੂ




**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਾਂਗਰਸ ਦੇ ਸੀਨੀਅਰ ਆਗੂ ਤੇ ਹਲਕਾ ਸਨੌਰ ਤੋਂ ਕਾਂਗਰਸ ਦੇ ਦਾਅਵੇਦਾਰ ਗੁਰਵਿੰਦਰ ਸਿੰਘ ਗੌਰਵ ਸੰਧੂ ਨੇ ਖ਼ੂਨਦਾਨ ਕੈਂਪ ਦੇ ਉਦਘਾਟਨ ਮੌਕੇ ਆਪਣਾ ਖ਼ੂਨ ਦਾਨ ਕਰਨ ਸਮੇਂ ਕਿਹਾ ਕਿ ਸਾਡੇ ਵੱਲੋਂ ਇੱਕ ਬੂੰਦ ਖ਼ੂਨ ਦਾਨ ਕਰਨ ਨਾਲ ਕਈ ਕੀਮਤੀ ਜਾਨਾਂ ਬਚਦੀਆਂ ਹਨ। ਇਸ ਲਈ ਸਾਨੂੰ ਆਪਣਾ ਖ਼ੂਨ ਦਾਨ ਕਰਨਾ ਚਾਹੀਦਾ ਹੈ। ਇਸ ਮੌਕੇ ਸੱਜਣ ਗੌਰਵ ਸੰਧੂ, ਸੱਤੀ ਰਾਠੀਆਂ, ਰੌਬਿਨ ਵਿਰਕ, ਕਾਕਾ ਸਨੌਰ, ਪਵਨ, ਪ੍ਰੀਤ ਰਾਠੀਆਂ, ਰਜਤ ਭਾਟੀਆ, ਰਣਬੀਰ ਗਿੱਲ, ਬੱਬਲੀ ਸ਼ਰਮਾ, ਗੁਰਪਾਲ ਰਾਠੌਰ ਸਨੌਰ ਨੇ ਖ਼ੂਨ ਦਾਨ ਕੀਤਾ। ਉਨ੍ਹਾਂ ਸਨੌਰ ਹਲਕੇ ਦੇ ਪਿੰਡਾਂ 'ਚ ਮਿਸ਼ਨ 2027 ਨੂੰ ਲੈ ਕੇ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਤੇ ਆਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਸਬੰਧੀ ਲੋਕਾਂ ਨਾਲ ਰਾਬਤਾ ਵਧਾਉਣ ਲਈ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਨ ਸਮੇਂ ਕਿਹਾ ਕਿ 2027 ਦੀਆਂ ਅਗਾਮੀ ਵਿਧਾਨ ਸਭਾ ਚੋਣਾਂ 'ਚ ਕਾਂਗਰਸ ਬਹੁਮਤ ਨਾਲ ਜਿੱਤ ਹਾਸਲ ਕਰਕੇ ਆਪਣੀ ਸਰਕਾਰ ਬਣਾਏਗੀ। ਰਾਜਿੰਦਰ ਸਿੰਘ ਨੇ ਇਸੇ ਲੜੀ ਤਹਿਤ ਵੱਖ ਵੱਖ ਪਿੰਡਾਂ ਵਿਖੇ ਪਹੁੰਚ ਕੇ ਪਾਰਟੀ ਦੇ ਸਾਥੀਆਂ, ਵਰਕਰਾਂ ਤੇ ਇਲਾਕਾ ਨਿਵਾਸੀਆਂ ਨਾਲ ਮੁਲਾਕਾਤ ਕੀਤੀ।ਇਸ ਸਮੇਂ ਵੱਡੀ ਗਿਣਤੀ 'ਚ ਕਾਂਗਰਸੀ ਵਰਕਰਾਂ ਤੇ ਪਿੰਡ ਵਾਸੀਆਂ ਨੇ ਸ਼ਮੂਲੀਅਤ ਕੀਤੀ।

## ਗੁੜਗਾਓਂ ਪਟੌਦੀ ਸਿੱਖ ਕਤਲੇਆਮ ਦੇ 133 ਕੇਸਾਂ ਦੀ ਅਹਿਮ ਸੁਣਵਾਈ ਭਲਕੇ : ਭਾਈ ਘੋਲੀਆ



**ਮੋਗਾ (ਇਕਬਾਲ ਸਿੰਘ ਖਹਿਰਾ)**-1984 ਵਿੱਚ ਗੁੜਗਾਓਂ, ਪਟੌਦੀ ਤੇ ਹੋਂਦ ਚਿੱਲੜ ਪਿੰਡ ਵਿੱਚ ਹੋਏ ਸਿੱਖ ਕਤਲੇਆਮ ਮਾਮਲੇ ਵਿੱਚ ਇਨਸਾਫ਼ ਲਈ ਲੜਾਈ ਲੜ ਰਹੇ ਪੀੜਤਾਂ ਵਾਸਤੇ 1 ਸਤੰਬਰ ਨੂੰ ਪੰਜਾਬ ਤੇ ਹਰਿਆਣਾ ਹਾਈਕੋਰਟ ਵਿੱਚ ਇੱਕ ਅਹਿਮ ਸਣਵਾਈ ਹੋਣ ਜਾ ਰਹੀ ਹੈ।ਇਹ ਕੇਸ ਹੋਂਦ ਚਿੱਲੜ ਸਿੱਖ ਇਨਸਾਫ਼ ਕਮੇਟੀ ਦੇ ਭਾਈ ਦਰਸ਼ਨ ਸਿੰਘ ਘੋਲੀਆ ਦੀ ਅਗਵਾਈ ਹੇਠ ਲੜੇ ਜਾ ਰਹੇ ਹਨ। ਭਾਈ ਦਰਸ਼ਨ ਸਿੰਘ ਘੋਲੀਆ ਨੇ ਦੱਸਿਆ ਕਿ 1984 ਦੇ ਦੋਸ਼ ਭਰੇ ਦਿਨਾਂ ਦੌਰਾਨ ਨਾ ਸਿਰਫ ਪਿੰਡ ਹੋਂਦ ਚਿੱਲੜ ਵਿੱਚ 32 ਸਿੱਖਾਂ ਦੀ ਬੇਰਹਿਮੀ ਨਾਲ ਹੱਤਿਆ ਕੀਤੀ ਗਈ ਸੀ, ਸਗੋਂ ਪਟੌਦੀ ਤੇ ਗੁੜਗਾਓਂ ਖੇਤਰ ਵਿੱਚ ਵੀ 47 ਹੋਰ ਸਿੱਖ ਨਿਸ਼ਾਨਾ ਬਣਾਏ ਗਏ।ਇਨ੍ਹਾਂ ਤਿੰਨ ਖੇਤਰਾਂ ਵਿੱਚ ਕੁੱਲ 297 ਘਰਾਂ ਨੂੰ ਅੱਗ ਲਾ ਕੇ ਸੁਆਹ ਕਰ ਦਿੱਤਾ ਗਿਆ ਸੀ ਤੇ ਅਨੇਕਾਂ ਪਰਵਾਰ ਤਬਾਹ ਹੋ ਗਏ ਸਨ।ਭਾਈ ਘੋਲੀਆ ਨੇ ਕਿਹਾ ਕਿ ਉਨ੍ਹਾਂ ਨੇ 133 ਵੱਖ ਵੱਖ ਪਟੀਸ਼ਨਾਂ ਹਾਈਕੋਰਟ ਵਿੱਚ ਦਰਜ ਕਰਵਾਈਆਂ ਹਨ, ਜੋ ਕਿ ਅਜਿਹੇ ਵੱਡੇ ਕਤਲੇਆਮ ਵਿਰੁੱਧ ਇਨਸਾਫ਼ ਦੀ ਲੰਮੀ ਲੜਾਈ ਦਾ ਹਿੱਸਾ ਹਨ।ਉਨ੍ਹਾਂ ਦੱਸਿਆ ਕਿ ਪੀੜਤ ਸੰਤੋਖ ਸਿੰਘ ਸਾਨੀ ਰਾਹੀਂ ਰਿੱਟ ਨੰ: 10904 ਹਾਈਕੋਰਟ ਵਿੱਚ ਦਾਇਰ ਕੀਤੀ ਗਈ ਹੈ, ਜਿਸ ਦੀ ਕਾਨੂੰਨੀ ਪੈਰਵਾਈ ਸੀਨੀਅਰ ਵਕੀਲ ਗਗਨਦੀਪ ਸਿੰਘ ਬੱਲ ਕਰ ਰਹੇ ਹਨ।ਪ੍ਰਧਾਨ ਭਾਈ ਦਰਸ਼ਨ ਸਿੰਘ ਘੋਲੀਆ ਨੇ ਆਰੋਪ ਲਾਇਆ ਕਿ ਇਹ ਇੱਕ ਅਜਿਹਾ ਇੱਕਤਰਫਾ ਸਿੱਖ ਕਤਲੇਆਮ ਸੀ ਜੋ ਦੁਨੀਆ ਦੇ ਇਤਿਹਾਸ ਵਿੱਚ ਵੀ ਅਦੁਤ ਹੈ ਤੇ ਜਿਸ ਨੇ ਹਿਟਲਰ ਵੱਲੋਂ ਯਹੂਦੀਆਂ ਉਤੇ ਕੀਤੇ ਜ਼ੁਲਮਾਂ ਨੂੰ ਵੀ ਮਾਤ ਦੇ ਦਿੱਤਾ।ਉਨ੍ਹਾਂ ਕਿਹਾ ਕਿ ਹੋਂਦ ਚਿੱਲੜ ਪਿੰਡ ਦੀ ਵਾਤਾਵਰਨਿਕ ਹਾਲਤ, ਉਜੜੇ ਘਰ, ਕੰਧਾਂ ਉਤੇ ਲਹੂ ਦੇ ਨਿਸ਼ਾਨ ਤੇ ਸੁੰਨ ਪਈਆਂ ਗਲੀਆਂ ਅੱਜ ਵੀ 2 ਨਵੰਬਰ 1984 ਦੀ ਦਰਦਨਾਕ ਰਾਤ ਦੀ ਗਵਾਹੀ ਦੇ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਅੱਜ ਵੀ ਕਈ ਪੀੜਤ ਮਾੜੀਆਂ ਹਾਲਤਾਂ ਵਿੱਚ ਜਿਉਂਦੇ ਨੇ ਤੇ ਇਨਸਾਫ਼ ਦੀ ਉਡੀਕ ਕਰ ਰਹੇ ਹਨ।ਭਾਈ ਘੋਲੀਆ ਨੇ ਉਮੀਦ ਜਤਾਈ ਕਿ 1 ਸਤੰਬਰ ਨੂੰ ਹੋਣ ਵਾਲੀ ਸੁਣਵਾਈ ਵਿੱਚ ਹਾਈਕੋਰਟ ਵੱਲੋਂ ਇਨਸਾਫ਼ ਮਿਲੇਗਾ ਤੇ ਇਤਿਹਾਸ ਦੇ ਇਨ੍ਹਾਂ ਕਾਲੇ ਸਫਿਆਂ ਨੂੰ ਕਾਨੂੰਨੀ ਤੌਰ 'ਤੇ ਸੁਧਾਰਿਆ ਜਾਵੇਗਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਕਲਸੀ ਨੇ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪੇ



**ਧਾਰੀਵਾਲ (ਮਨਦੀਪ ਵਿੱਕੀ)**-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਪੰਜਾਬ ਸਰਕਾਰ ਵੱਲੋਂ ਯੋਗ ਉਮੀਦਵਾਰਾਂ ਨੂੰ ਪਾਰਦਰਸ਼ੀ ਢੰਗ ਨਾਲ ਸਰਕਾਰੀ ਨੌਕਰੀਆਂ ਮੁਹੱਈਆ ਕਰਵਾਉਣ ਦੀ ਮੁਹਿੰਮ ਤਹਿਤ ਬਲਾਕ ਬਟਾਲਾ, ਧਾਰੀਵਾਲ ਅਤੇ ਕਾਦੀਆਂ ਵਿੱਚ ਨਵ-ਨਿਯੁਕਤ 29 ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਅਤੇ ਉਨ੍ਹਾਂ ਨੂੰ ਮੁਬਾਰਕਬਾਦ ਦਿੰਦਿਆਂ ਆਪਣੀ ਡਿਊਟੀ ਨੂੰ ਪੂਰੀ ਜ਼ਿੰਮੇਵਾਰੀ, ਇਮਾਨਦਾਰੀ, ਮਿਹਨਤ ਅਤੇ ਸਮਰਪਿਤ ਭਾਵਨਾ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਫਤਿਹਗੜ੍ਹ ਚੂੜੀਆਂ ਦੇ ਹਲਕਾ ਇੰਚਾਰਜ ਚੇਅਰਮੈਨ ਜੋਬਨ ਰੰਧਾਵਾ, ਚੇਅਰਮੈਨ ਨਿਸ਼ਾਨ ਸਿੰਘ ਰੰਧਾਵਾ, ਸੀ.ਡੀ.ਪੀ.ਓ ਵਰਿੰਦਰ ਸਿੰਘ, ਨਵਦੀਪ ਸਿੰਘ ਪਨੇਸਰ,ਸੀਨੀਅਰ ਸਹਾਇਕ ਸੁਰਜੀਤ ਸਿੰਘ, ਅਭਿਸ਼ੇਕ ਸ਼ਰਮਾ ਅਤੇ ਗੁਰਦੀਪ ਸਿੰਘ ਮੌਜੂਦ ਸਨ। ਵਿਧਾਇਕ ਕਲਸੀ ਨੇ ਬਟਾਲਾ ਕਲੱਬ ਵਿਖੇ ਕਰਵਾਏ ਸਮਾਗਮ ਵਿੱਚ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਮੁੱਖ ਮੰਤਰੀ, ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ 'ਤੇ ਪਾਰਦਰਸ਼ੀ ਅਤੇ ਭ੍ਰਿਸ਼ਟਾਚਾਰ-ਰਹਿਤ ਢੰਗ ਨਾਲ ਸਰਕਾਰੀ ਨੌਕਰੀਆਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਹੁਣ ਤੱਕ ਵੱਖ-ਵੱਖ ਵਿਭਾਗਾਂ ਵਿੱਚ 70 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਰੁਜ਼ਗਾਰ ਦੇ ਹੋਰ ਮੌਕੇ ਉਪਲਬਧ ਕਰਵਾਉਣ ਲਈ ਭਰਤੀ ਪ੍ਰਕਿਰਿਆ ਲਗਾਤਾਰ ਜਾਰੀ ਰਹੇਗੀ। ਫਤਿਹਗੜ੍ਹ ਚੂੜੀਆਂ ਦੇ ਹਲਕਾ ਇੰਚਾਰਜ ਜੋਬਨ ਰੰਧਾਵਾ ਨੇ ਵੀ ਨਵ-ਨਿਯੁਕਤ ਆਂਗਣਵਾੜੀ ਹੈਲਪਰਾਂ ਨੂੰ ਵਧਾਈ ਦਿੱਤੀ।

# ਮੁੱਖ ਮੰਤਰੀ ਦੇ ਟਵੀਟ ਤੇ ਧਮਕੀ ਭਰੇ ਪੱਤਰ ਦੀਆਂ ਕਾਪੀਆਂ ਸਾੜੀਆਂ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)** - ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ ਸਾਂਝਾ ਫਰੰਟ ਅਤੇ ਪੰਜਾਬ ਮੁਲਾਜ਼ਮ ਸਾਂਝਾ ਮੰਚ ਦੀ ਤਾਲਮੇਲ ਕਮੇਟੀ ਵੱਲੋਂ ਐਲਾਨੇ ਪ੍ਰੋਗਰਾਮ ਤਹਿਤ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680-22-ਬੀ ਚੰਡੀਗੜ੍ਹ ਦਾ ਅੰਗ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ,ਸੀਨੀਅਰ ਮੀਤ ਪ੍ਰਧਾਨ ਪ੍ਰਵੀਨ ਕੁਮਾਰ ਲੁਧਿਆਣਾ,ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਖਾਨਪੁਰ,ਕਾਰਜਕਾਰੀ ਜਨਰਲ ਸਕੱਤਰ ਜਿੰਦਰ ਪਾਇਲਟ, ਐਡੀਸ਼ਨਲ ਜਨਰਲ ਸਕੱਤਰ ਬਾਜ ਸਿੰਘ ਭੁੱਲਰ,ਵਿੱਤ ਸਕੱਤਰ ਨਵਨੀਤ ਸਚਦੇਵਾ,ਮੀਡੀਆ ਸਕੱਤਰ ਗੁਰਪ੍ਰੀਤ ਮਾੜੀ ਮੇਘਾ,ਪ੍ਰੈਸ ਸਕੱਤਰ ਟਹਿਲ ਸਿੰਘ ਸਰਾਭਾ ਦੀ ਅਗਵਾਈ ਹੇਠ ਸਕੂਲਾਂ ਦੇ ਗੇਟ ਅੱਗੇ ਮੁੱਖ ਮੰਤਰੀ ਦੇ ਟਵੀਟ ਅਤੇ ਧਮਕੀ ਭਰੇ ਪੱਤਰ ਦੀਆਂ ਕਾਪੀਆਂ ਸਾੜੀਆਂ ਗਈਆਂ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਮੰਗਾਂ ਨਾ ਮੰਨਣ ਦੀ ਸੂਰਤ ਵਿਚ ਅੰਦੋਲਨ ਹੋਰ ਤੇਜ ਕੀਤਾ ਜਾਵੇਗਾ।



# ਦਮਨਪ੍ਰੀਤ ਸਿੰਘ ਨੇ ਸੋਨੇ ਤੇ ਕਾਂਸੇ ਦਾ ਤਗਮਾ ਜਿੱਤਿਆ

**ਧਾਰੀਵਾਲ (ਮਨਦੀਪ ਵਿੱਕੀ)**- ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਦੇ ਵਿਦਿਆਰਥੀ ਖਿਡਾਰੀ ਦਮਨਪ੍ਰੀਤ ਸਿੰਘ ਨੇ 77ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ (ਸ਼ੈਸ਼ਨ 2026-27) ਦੌਰਾਨ ਅੰਡਰ-14 ਫੈਂਸਿੰਗ ਮੁਕਾਬਲਿਆਂ ਵਿੱਚ ਸੋਨੇ ਅਤੇ ਕਾਂਸੇ ਦੇ ਤਗਮੇ ਜਿੱਤ ਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੋਸ਼ਨ ਕੀਤਾ ਹੈ। ਖਿਡਾਰੀ ਦਮਨਪ੍ਰੀਤ ਸਿੰਘ ਦੀ ਰਾਜ ਪੱਧਰੀ ਫੈਂਸਿੰਗ ਮੁਕਾਬਲੇ ਲਈ ਚੋਣ ਹੋਈ ਹੈ। ਸਕੂਲ ਦੇ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਵਿਭਾਗ ਵਲੋਂ ਜ਼ਿਲ੍ਹਾ ਪੱਧਰੀ 77ਵੀਆਂ ਸਕੂਲ ਖੇਡਾਂ ਦੇ ਫੈਂਸਿੰਗ (ਤਲਵਾਰਬਾਜੀ) ਮੁਕਾਬਲੇ ਖਾਲਸਾ ਸਪੋਰਟਸ ਅਕੈਡਮੀ ਗੁਰਦਾਸਪੁਰ ਵਿਖੇ ਕਰਵਾਏ ਗਏ, ਜਿਸ ਵਿੱਚ ਜ਼ਿਲ੍ਹੇ ਦੇ ਵੱਖ ਵੱਖ ਸਕੂਲਾਂ ਦੇ ਖਿਡਾਰੀਆਂ ਨੇ ਭਾਗ ਲਿਆ। ਦਮਨਪ੍ਰੀਤ ਸਿੰਘ ਨੇ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅੰਡਰ-14 ਫੈਂਸਿੰਗ ਈਵੈਂਟ ਫੁਆਇਲ (ਵਿਅਕਤੀਗਤ) ਵਿੱਚ ਸੋਨੇ ਦਾ ਤਗਮਾ ਅਤੇ ਈਵੈਂਟ ਸੈਬਰ (ਵਿਅਕਤੀਗਤ) ਵਿੱਚ ਕਾਂਸੇ ਦਾ ਤਗਮਾ ਜਿੱਤ ਕੇ ਰਾਜ ਪੱਧਰੀ ਮੁਕਾਬਲੇ ਲਈ ਆਪਣਾ ਨਾਮ ਦਰਜ ਕਰਵਾਇਆ ਹੈ। ਦਮਨਪ੍ਰੀਤ ਸਿੰਘ ਦਾ ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਅਤੇ ਸਟਾਫ ਮੈਂਬਰਾਂ ਨੇ ਨਿੱਘਾ ਸਵਾਗਤ ਕਰਦਿਆਂ ਵਿਸ਼ੇਸ਼ ਸਨਮਾਨ ਕੀਤਾ। ਸਕੂਲ ਕਮੇਟੀ ਦੇ ਡਾਇਰੈਕਟਰ ਡਾ.ਮਹਿੰਦਰਪਾਲ ਸਿੰਘ ਕਲੇਰ, ਪ੍ਰਧਾਨ ਰਣਜੀਤ ਕੌਰ, ਪ੍ਰਿੰਸੀਪਲ ਮੇਜਰ ਸਿੰਘ ਤੇ ਸਮੂਹ ਅਧਿਆਪਕਾਂ ਨੇ ਇਸ ਸ਼ਾਨਦਾਰ ਜਿੱਤ ਲਈ ਖਿਡਾਰੀ ਦਮਨਪ੍ਰੀਤ ਸਿੰਘ, ਉਸ ਦੇ ਮਾਤਾ ਪਿਤਾ ਅਤੇ ਕੋਚ ਮਨਦੀਪ ਸਿੰਘ ਨੂੰ ਵਧਾਈ ਦਿੱਤੀ।



# ਪੰਜਾਬ ਸਰਕਾਰ ਖ਼ਿਲਾਫ਼ ਸਾਂਝੇ ਮੁਲਾਜ਼ਮ ਫੋਰਮ ਵੱਲੋਂ ਰੋਸ ਪ੍ਰਦਰਸ਼ਨ



**ਤਰਨਤਾਰਨ (ਪ੍ਰਿਤਪਾਲ ਸਿੰਘ)** - ਪੰਜਾਬ ਰਾਜ ਦੀਆਂ ਸਮੂਹ ਮੁਲਾਜ਼ਮ ਜਥੇਬੰਦੀਆਂ ਦੀ ਸਾਂਝੀ ਮੁਲਾਜ਼ਮ ਫੋਰਮ ਵੱਲੋਂ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦੇ ਖ਼ਿਲਾਫ਼ ਪੰਜਾਬ ਮੰਡੀ ਬੋਰਡ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਮੰਡੀ ਭਵਨ ਦਫਤਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਕਰਮਚਾਰੀਆਂ ਵੱਲੋਂ ਮੰਗਾਂ ਮੰਨਣ ਦੀ ਪੁਰਜੋਰ ਅਪੀਲ ਕੀਤੀ ਗਈ। ਰੋਸ ਪ੍ਰਦਰਸ਼ਨ ਵਿੱਚ ਹਰਚਰਨ ਸਿੰਘ ਕਾਰਜਕਾਰੀ ਇੰਜੀਨੀਅਰ, ਮਨਜੀਤ ਸਿੰਘ ਕਾਰਜਕਾਰੀ ਇੰਜੀਨੀਅਰ, ਸ੍ਰੀ ਜਤਿੰਦਰ ਕੁਮਾਰ ਉਪ ਮੰਡਲ ਅਫ਼ਸਰ, ਸ੍ਰੀ ਹਰਪ੍ਰੀਤ ਸਿੰਘ ਬੁੱਲਰ ਡਿਪਟੀ ਜ਼ਿਲ੍ਹਾ ਮੰਡੀ ਅਫ਼ਸਰ, ਸ੍ਰੀ ਅਮਨਦੀਪ ਸਿੰਘ ਡਿਪਟੀ ਜ਼ਿਲ੍ਹਾ ਮੰਡੀ ਅਫ਼ਸਰ, ਸ੍ਰੀ ਅਮਿਤ ਖੋਸਲਾ ਪ੍ਰਧਾਨ, ਮਾਝਾ ਬਲਾਕ, ਸ੍ਰੀ ਸੂਰਜ ਪ੍ਰਕਾਸ਼ ਸਿੰਘ, ਸੁਪਰਡੈਂਟ ਗ੍ਰੇਡ-2, ਤਰਨ ਤਾਰਨ, ਸ੍ਰੀਮਤੀ ਹਰਪ੍ਰੀਤ ਕੌਰ, ਸੁਪਰਡੈਂਟ ਗ੍ਰੇਡ-2 (ਸਕੂਲ ਦਫ਼ਤਰ ਅੰਮ੍ਰਿਤਸਰ), ਸ੍ਰੀ ਹਰਪਾਲ ਸਿੰਘ, ਸ੍ਰੀ ਹਰਿਸ਼ਮਨ ਸਿੰਘ, ਸ੍ਰੀ ਸਤਨਾਮ ਸਿੰਘ, ਸ੍ਰੀ ਰਿਸ਼ਭ ਕੁਮਾਰ, ਸ੍ਰੀ ਬਲਜੀਤ ਸਿੰਘ, ਸ੍ਰੀ ਵਿਕਰਮਜੀਤ, ਸ੍ਰੀਮਤੀ ਰਜਨੀਜੀਤ ਕੌਰ, ਸ੍ਰੀ ਰਾਜਵੀਰ ਕੌਰ ਸਮੇਤ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

# ਡੇਰਾ ਬਾਬਾ ਨਾਨਕ ਵਿਖੇ ਸ.ਫਾਈ ਮੁਹਿੰਮ

**ਡੇਰਾ ਬਾਬਾ ਨਾਨਕ (ਡੇਰਾ ਬਾਬਾ ਨਾਨਕ)**- ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਬਣਾਉਣ ਦੇ ਉਦੇਸ਼ ਨਾਲ ਚਲਾਏ ਜਾ ਰਹੇ 'ਮਿਸ਼ਨ ਕਲੀਨ ਪੰਜਾਬ' ਤਹਿਤ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਅਗਵਾਈ ਹੇਠ ਡੇਰਾ ਬਾਬਾ ਨਾਨਕ ਸ਼ਹਿਰ ਦੇ ਵੱਖ-ਵੱਖ ਥਾਵਾਂ 'ਤੇ ਵਿਆਪਕ ਪੱਧਰ 'ਤੇ ਸਫ਼ਾਈ ਅਭਿਆਨ ਚਲਾਇਆ ਗਿਆ। ਇਸ ਮੌਕੇ ਮਨਰੂਪ ਸਿੰਘ ਰੰਧਾਵਾ, ਪ੍ਰਧਾਨ ਰਾਜੇਸ਼ ਕੁਮਾਰ ਬਿੱਟਾ,ਜੇ ਈ ਮਨਪ੍ਰੀਤ ਸਿੰਘ ਬੰਦੇਸ਼ਾਂ,ਪੀ ਏ ਲਵਪ੍ਰੀਤ ਸਿੰਘ,ਨਗਰ ਕੌਂਸਲ ਡੇਰਾ ਬਾਬਾ ਨਾਨਕ ਦੇ ਐਮ ਸੀ ਅਤੇ ਸ਼ਹਿਰ ਨਿਵਾਸੀ ਮੌਜੂਦ ਸਨ। ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਮਿਸ਼ਨ ਕਲੀਨ ਪੰਜਾਬ ਦੇ ਦੂਜੇ ਪੜਾਅ ਦੇ ਦੂਜੇ ਦਿਨ ਸਫ਼ਾਈ ਕੀਤੀ ਗਈ। ਇਸ ਮੌਕੇ ਉਨ੍ਹਾਂ ਸਫ਼ਾਈ ਸੇਵਕਾਂ ਵੱਲੋਂ ਕੀਤੀ ਜਾ ਰਹੀ ਮਿਹਨਤ ਅਤੇ ਸੇਵਾ ਦੀ ਹੌਸਲਾ-ਅਫ਼ਜ਼ਾਈ ਕੀਤੀ ਅਤੇ ਉਨ੍ਹਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਫਾਈ ਅਭਿਆਨ ਨਿਰੰਤਰ ਜਾਰੀ ਰਹੇਗਾ। ਇਸ ਮੌਕੇ ਪ੍ਰਧਾਨ ਰਾਜੇਸ਼ ਕੁਮਾਰ ਬਿੱਟਾ , ਉਪ ਪ੍ਰਧਾਨ ਕੁਲਵਿੰਦਰ ਸਿੰਘ ਜੁਗਨੂੰ, ਕੌਂਸਲਰ ਸਤਪਾਲ ਸ਼ੌਂਕੀ , ਕੌਂਸਲਰ ਹਰਿੰਦਰ ਸਿੰਘ ਰੰਧਾਵਾ,ਕੌਂਸਲਰ ਸੁਖਵਿੰਦਰ ਸਿੰਘ ਪੱਖੋਕੇ, ਕੌਂਸਲਰ ਬਲਦੇਵ ਰਾਜ ਡਾਇਮੰਡ, ਕੌਂਸਲਰ ਬਲਕਾਰ ਸਿੰਘ ਫੌਜੀ, ਦੇਸ ਰਾਜ ਕਾਨੂੰਗੋ, ਸਾਬਕਾ ਚੇਅਰਮੈਨ ਰਮੇਸ਼ ਬੱਬਰ, ਚਿਮਨ ਲਾਲ ਸ਼ਹਿਨਸ਼ਾਹ,ਕਲਰਕ ਬਲਜਿੰਦਰ ਸਿੰਘ ਦੇ ਇਲਾਵਾ ਨਗਰ ਕੌਂਸਲ ਦੇ ਸਫ਼ਾਈ ਸੇਵਕ ਤੇ ਸਮੂਹ ਕਰਮਚਾਰੀ ਹਾਜ਼ਰ ਸਨ।



# ਬਟਾਲਾ ਵਿਖੇ 'ਮਿਸ਼ਨ ਕਲੀਨ ਪੰਜਾਬ' ਤਹਿਤ ਸ.ਫਾਈ ਅਭਿਆਨ ਜਾਰੀ

**ਬਟਾਲਾ ( ਡਾਕਟਰ ਮਲਵਿੰਦਰ ਸਿੰਘ)**-ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ ਬਣਾਉਣ ਲਈ 29 ਅਗਸਤ ਤੋਂ 7 ਸਤੰਬਰ ਤੱਕ 'ਮਿਸ਼ਨ ਕਲੀਨ ਪੰਜਾਬ' ਤਹਿਤ ਵਿਸ਼ੇਸ਼ ਸਫ਼ਾਈ ਅਭਿਆਨ ਚਲਾਇਆ ਜਾ ਰਿਹਾ ਹੈ। ਇਸ ਮੁਹਿੰਮ ਤਹਿਤ ਬਟਾਲਾ ਵਿਖੇ ਸਫ਼ਾਈ ਅਭਿਆਨ ਜਾਰੀ ਹੈ ਅਤੇ ਗੁਰਦਾਸਪੁਰ ਰੋਡ ਸਮੇਤ ਸ਼ਹਿਰ ਦੇ ਅੰਦਰੂਨੀ ਹਿੱਸਿਆਂ ਵਿੱਚ ਸਫਾਈ ਕੀਤੀ ਗਈ। ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸ਼ਹਿਰਾਂ ਨੂੰ ਦੇਸ਼ ਦੇ ਸਭ ਤੋਂ ਸਾਫ-ਸੁਥਰੇ ਅਤੇ ਸੁੰਦਰ ਸ਼ਹਿਰਾਂ ਵਿੱਚ ਤਬਦੀਲ ਕਰਨ ਲਈ ਵੱਡੇ ਪੱਧਰ 'ਤੇ ਸਫਾਈ ਮੁਹਿੰਮ ਦਾ ਆਗਾਜ਼ ਕੀਤਾ ਗਿਆ ਹੈ। ਇਸ ਮੁਹਿੰਮ ਦਾ ਮੁੱਖ ਉਦੇਸ਼ ਪੰਜਾਬ ਦੇ ਹਰ ਛੋਟੇ ਵੱਡੇ ਸ਼ਹਿਰ ਨੂੰ ਸਫਾਈ ਦਾ ਮਾਡਲ ਬਣਾਉਣਾ ਹੈ, ਤਾਂ ਜੋ ਸੂਬੇ ਦੇ ਨਾਗਰਿਕਾਂ ਨੂੰ ਸਾਫ-ਸੁਥਰਾ ਅਤੇ ਤੰਦਰੁਸਤ ਵਾਤਾਵਰਣ ਮਿਲ ਸਕੇ। ਇਸ ਮੌਕੇ ਮੇਅਰ ਭੁਪਿੰਦਰ ਸਿੰਘ ਬਾਜਵਾ ਅਤੇ ਸੈਨੇਟਰੀ ਇੰਸਪੈਕਟਰ ਵਾਸੂਦੇਵ ਵੀ ਮੌਜੂਦ ਸਨ।



# ਜਥੇਦਾਰ ਜਹਾਂਗੀਰ ਨੇ ਜਾਣਿਆ ਸੁਖਬੀਰ ਬਾਦਲ ਦਾ ਹਾਲ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)** - ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਤੋਂ ਬਾਅਦ ਪੀ ਏ ਸੀ ਮੈਂਬਰ ਤੇ ਸੀਨੀਅਰ ਅਕਾਲੀ ਆਗੂ ਜਥੇਦਾਰ ਦਲਬੀਰ ਸਿੰਘ ਜਹਾਂਗੀਰ ਤੇ ਉਨ੍ਹਾਂ ਦੇ ਬੇਟੇ ਸ੍ਰ ਜਸਕਰਨ ਸਿੰਘ ਨੇ ਪ੍ਰਧਾਨ ਸ੍ਰ ਬਾਦਲ ਦੀ ਸਿਹਤ ਦਾ ਹਾਲ ਚਾਲ ਜਾਣਿਆ ਤੇ ਕਾਮਨਾ ਕੀਤੀ ਕਿ ਪ੍ਰਮਾਤਮਾ ਜਲਦੀ ਤੋਂ ਜਲਦੀ ਉਨ੍ਹਾਂ ਨੂੰ ਠੀਕ ਕਰੇ। ਦਲਬੀਰ ਸਿੰਘ ਜਹਾਂਗੀਰ ਨੇ ਸੁਖਬੀਰ ਸਿੰਘ ਬਾਦਲ ਦਾ ਉਨ੍ਹਾਂ ਨੂੰ ਰਾਜਸੀ ਮਾਮਲਿਆਂ ਬਾਰੇ ਕਮੇਟੀ ਦਾ ਮੈਂਬਰ ਬਣਾਉਣ ਲਈ ਧੰਨਵਾਦ ਵੀ ਕੀਤਾ।

# ਬੱਚਿਆਂ ਦੇ ਧਾਰਮਿਕ ਮੁਕਾਬਲੇ 2 ਨੂੰ : ਸੋਹਲ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਪੰਜਾਬ ਦੀ ਨਾਮਵਰ ਸੰਸਥਾ ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈਲਫੇਅਰ ਸੋਸਾਇਟੀ (ਰਜਿ:) ਪੰਜਾਬ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ,ਇਲਾਕਾ ਨਿਵਾਸੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਜਨਮ ਅਸਥਾਨ ਬਾਬਾ ਭਗਤ ਸੈਣ ਪਿੰਡ ਸੋਹਲ ਜਿਲਾ ਤਰਨ ਤਾਰਨ ਵਿਖੇ ਸਵੇਰੇ 8-30 ਤੋਂ ਦੁਪਹਿਰ 1-00 ਵਜੇ ਤੱਕ ਬੱਚਿਆਂ ਦੇ ਧਾਰਮਿਕ ਮੁਕਾਬਲੇ ਸਵਾਲ ਜਵਾਬ ਅਤੇ ਦਸਤਾਰ ਦੁਮਾਲਾ ਮੁਕਾਬਲੇ 2 ਸਤੰਬਰ ਨੂੰ ਕਰਵਾਏ ਜਾ ਰਹੇ ਹਨ।ਇਹ ਜਾਣਕਾਰੀ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਤਰਲੋਚਨ ਸਿੰਘ ਸੋਹਲ (ਪ੍ਰਧਾਨ ਸਤਿਕਾਰ ਕਮੇਟੀ ਪੰਜਾਬ) ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰ ਸਾਹਿਬਾਨ ਨੇ ਪੱਤਰਕਾਰਾਂ ਨੂੰ ਦਿੱਤੀ। ਇਸ ਮੌਕੇ ਸੁਸਾਇਟੀ ਵੱਲੋਂ ਭਾਈ ਹੀਰਾ ਸਿੰਘ ਸੋਹਲ ਮੀਤ ਪ੍ਰਧਾਨ,ਭਾਈ ਨਿਰਮਲ ਸਿੰਘ ਸੁਰ ਸਿੰਘ ਸਕੱਤਰ,ਭਾਈ ਗੁਰਜੰਟ ਸਿੰਘ ਖਜਾਨਚੀ ਭਿੱਖੀਵਿੰਡ, ਭਾਈ ਹਰਪ੍ਰੀਤ ਸਿੰਘ,ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਗੁਰਵੇਲ ਸਿੰਘ,ਖਜਾਨਚੀ ਹੁਸਨਦੀਪ ਸਿੰਘ,ਰਜਵੰਤ ਸਿੰਘ ਸਹਾਇਕ ਖਜਾਨਚੀ,ਚੈਂਚਲ ਸਿੰਘ ਸੇਵਾਦਾਰ, ਮਖਤੂਲ ਸਿੰਘ ਅਤੇ ਹਰਦੀਪ ਸਿੰਘ ਸਹਿਯੋਗੀ ਸੇਵਾਦਾਰ ਹਾਜਰ ਸਨ।



# ਮੁਲਾਜ਼ਮ, ਪੈਨਸ਼ਨਰ ਤਾਲਮੇਲ ਕਮੇਟੀ ਵੱਲੋਂ ਪੁਤਲਾ ਫੂਕ ਮੁਜ਼ਾਹਰਾ

**ਬਟਾਲਾ (ਤਰਲੋਕ ਬੱਗਾ)**-ਸਾਂਝੀ ਮੁਲਾਜ਼ਮ ਪੈਨਸ਼ਨਰ ਤਾਲਮੇਲ ਕਮੇਟੀ ਵੱਲੋਂ ਦਿੱਤੇ ਸੱਦੇ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁਤਲਾ ਫੂਕਿਆ ਗਿਆ ।ਇਸ ਮੌਕੇ ਰਵਿੰਦਰਜੀਤ ਸਿੰਘ ਪੰਨੂ,ਹਰਜਿੰਦਰ ਸਿੰਘ ਵਡਾਲਾ ਬਾਂਗਰ,ਸੋਮ ਸਿੰਘ,ਦਿਲਬਾਗ ਸਿੰਘ ਪੱਡਾ,ਗੁਰਪ੍ਰੀਤ ਸਿੰਘ ਰੰਗੀਲ ਪੁਰ,ਗੁਰਜੀਤ ਸਿੰਘ ਰੰਧਾਵਾ,ਤਜਿੰਦਰ ਸਿੰਘ,ਤਰਸੇਮ ਪਾਲ ਆਦਿ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਮੁਲਾਜ਼ਮ ਜਥੇਬੰਦੀਆਂ ਨਾਲ ਮੀਟਿੰਗ ਕਰਨ ਤੋਂ ਭਗੌੜਾ ਹੋਣਾ ਬਹੁਤ ਹੀ ਨਿੰਦਣਯੋਗ ਹੈ ।ਮੁਲਾਜ਼ਮਾਂ ਨੇ ਸੋਚਿਆ ਸੀ ਕੁਝ ਮਸਲੇ ਹੱਲ ਹੋ ਜਾਣਗੇ ਪਰ ਮੁੱਖ ਮੰਤਰੀ ਦੇ ਰਵੱਈਏ ਨੇ ਸਾਰੇ ਮੁਲਾਜ਼ਮਾਂ ਵਿੱਚ ਰੋਸ ਭਰ ਦਿੱਤਾ ਹੈ । ਮੁਲਾਜ਼ਮ ਜਥੇਬੰਦੀਆਂ ਨੇ ਚਿਤਾਵਨੀ ਦਿੱਤੀ ਕਿ ਜੇ ਸਰਕਾਰ ਨੇ ਮੁਲਾਜ਼ਮ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ 30 ਅਗਸਤ ਨੂੰ ਲੁਧਿਆਣਾ ਵਿਖੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ । ਇਸ ਮੌਕੇ ਵਰਗਿਸ ਸਲਾਮਤ,ਪਵਨ ਕੁਮਾਰ,ਤਜਿੰਦਰ ਪਾਲ ਚੀਮਾ,ਚਰਨਪ੍ਰੀਤ ਬਾਜਵਾ, ਸਰਬਜੀਤ ਸਿੰਘ, ਅਮਰਪ੍ਰੀਤ ਸਿੰਘ ਪਰਮਾਰ, ਸ਼ਰਨਜੀਤ ਕੌਰ,ਪ੍ਰਕਾਸ਼ ਸਿੰਘ, ਹਰਜੀਤ ਸਿੰਘ, ਥੋਮਸ ਦੇਸ ਰਾਜ,ਧਰਮਿੰਦਰ ਸਿੰਘ, ਸੂਬਾ ਸਿੰਘ ਖਹਿਰਾ, ਪ੍ਰਵੀਨ ਕੁਮਾਰ, ਪਰਮਿੰਦਰ ਸਿੰਘ, ਸੁਲੱਖਣ ਗਿੱਲ,ਪ੍ਰਿੰ ਮੁਖਤਿਆਰ ਗਿੱਲ , ਪ੍ਰੇਮ ਪਾਲ ਸਿੰਘ, ਰਮੇਸ਼ ਤਾਲੋਤਰਾ, ਪਤਵਿੰਦਰ ਸਿੰਘ, ਰਵਿੰਦਰਪਾਲ ਸਿੰਘ, ਸੁਨੀਲ ਕੁਮਾਰ ਆਦਿ ਹਾਜ਼ਰ ਸਨ ।



# ਸ੍ਰੀ ਚੰਦ ਦਾ ਪ੍ਰਕਾਸ਼ ਉਤਸਵ ਸ਼ਰਧਾ ਨਾਲ ਮਨਾਇਆ ਜਾਵੇਗਾ ਮਹੰਤ ਹਰੀਕੁਭ ਦਾਸ



**ਨਾਨਕਚੱਕ/ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)** -ਸ੍ਰੀ ਗੁਰੂ ਨਾਨਕ ਦੇਵ ਦੇ ਵੱਡੇ ਸਪੁੱਤਰ ਮਹਾਨ ਤਪੱਸਵੀ ਬਾਬਾ ਭਗਵਾਨ ਸ਼੍ਰੀ ਚੰਦ ਮਹਾਰਾਜ ਦਾ 532ਵਾਂ ਪ੍ਰਕਾਸ਼ ਉਤਸਵ ਤਪ ਅਸਥਾਨ ਮੰਦਿਰ ਭਗਵਾਨ ਬਾਬਾ ਸ੍ਰੀ ਚੰਦ ਪਿੰਡ ਨਾਨਕ ਚੱਕ ਨਜ਼ਦੀਕ ਅਲੀਵਾਲ ਜਿਲ੍ਹਾ ਗੁਰਦਾਸਪੁਰ ਵਿਖੇ ਬਹੁਤ ਹੀ ਸ਼ਰਧਾ ਭਾਵਨਾ ਨਾਲ ਮੌਜੂਦਾ ਗੱਦੀ ਨਸ਼ੀਨ ਸ੍ਰੀਮਾਨ ਮਹੰਤ ਹਰੀਕੁਭ ਦਾਸ ਉਦਾਸੀਨ ਅਤੇ ਸਮੂਹ ਸਾਧ ਸੰਗਤ ਤੇ ਸੇਵਾਦਾਰਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਮਹੰਤ ਨੇ ਦੱਸਿਆ ਕਿ ਬਾਬਾ ਸ੍ਰੀਚੰਦ੍ ੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ੍ਰੀ ਆਖੰਡ ਪਾਠ ਸਾਹਿਬ 18 ਤੰਬਰ ਤੋਂ ਸ਼ੁਰੂ ਹੋਣਗੇ।ਇਸ ਮੌਕੇ ਰਵਿੰਦਰ ਮੁਨੀ ,ਦੁਰਗਾ ਦਾਸ ਤਿਲਕ ਰਾਜ ਮਨੀ ਜਾਂਗਲਾ,ਰਾਜੂ ਬੇਦੀ,ਭਾਈ ਗੁਰਦੀਪ ਸਿੰਘ ਮਾਸਟਰ ਸੰਦੀਪ ਸਿੰਘ ਜਾਂਗਲਾ, ਸੰਦੀਪ ਬੇਦੀ ਨਾਨਕਚੱਕ, ਯਾਦਵਿੰਦਰ ਸਿੰਘ ਕਾਦੀਆਂ ਰਾਜਪੂਤ ,ਰਣਜੀਤ ਸਿੰਘ ਰੰਮੀ ਅਲੀਵਾਲ, ਇੰਦਰਜੀਤ ਸਿੰਘ ਨਾਨਕਚੱਕ, ਦੁਰਲੱਭਜੀਤ ਸਿੰਘ ਪੱਤੀ ਪਕੀਵਾਂ, ਰਣਜੀਤ ਸਿੰਘ ਕੋਟਲੀ ਥਾਬਲਾਂ,ਪ੍ਰਿੰਸ ਢੱਲਾ ਘਣੀਆ, ਧਰਮਬੀਰ ਸਿੰਘ ਘਣੀਆ , ਮਨਪ੍ਰੀਤ ਸਿੰਘ ਪਟਵਾਰੀ,ਗੁਰਵਿੰਦਰ ਸਿੰਘ ਪਟਵਾਰੀ, ਰਣਜੋਧ ਸਿੰਘ ਘਣੀਆ, ਭਗਵੰਤ ਸਿੰਘ ਹੈਪੀ, ਦੀਪੂ ਅਲੀਵਾਲ, ਜੋਬਨ ਡੁਲਟ, ਸਰਵਣ ਦੁਬਰਜ਼ੀ, ਅੰਮ੍ਰਿਤਪਾਲ ਸਿੰਘ ਸ਼ੈਕੀ ਕਾਲਾ ਅਫ਼ਗਾਨਾ, ਨੀਰਜ ਬੇਦੀ, ਜੱਸ ਲੋਧੀ ਨੰਗਲ, ਸਤਨਾਮ ਸਿੰਘ, ਹੈਪੀ ਨਾਨਕ ਚੱਕ, ਜੀਵਨ ਡੁੱਲਟ, ਜਸ਼ਨ ਜਾਂਗਲਾ, ਸਾਭਾ ਫ਼ਤਹਿਗੜ੍ਹ ਚੂੜੀਆਂ, ਗੁਰਲਾਲ ਸਿੰਘ ਫ਼ੌਜੀ, ਪਵਨ ਗੁੱਜਰਪੁਰਾ, ਜਸਨ ਪੰਨੂੰ ਜੋਬਨ ਕੋਟਲਾ ਬਾਮਾ,ਰਮਨ ਬਾਜਵਾ, ਹਰਪ੍ਰੀਤ ਸਿੰਘ, ਕਰਨ ਕਿਲ੍ਹਾ, ਹਰਸ਼ ਸੀੜਾ, ਜੀਵਨ, ਹਰਮਨ ਘਣੀਆ, ਕਰਨ ਲੰਗਰਵਾਲ, ਗੁਰੀ ਅਰਮਾਨ, ਨਵਜੋਤ ਸਿੰਘ,ਪ੍ਰਿੰਸ ਕਾਦੀਆ ਤੇ ਬਲਵਿੰਦਰ ਸਿੰਘ ਛਿਛਰੇਵਾਲ ਤੇ ਹੋਰ ਸੇਵਾਦਾਰ ਹਾਜ਼ਰ ਸਨ

# ਆਰ ਡੀ ਖੋਸਲਾ ਸਕੂਲ ਦੇ ਖਿਡਾਰੀਆਂ ਦੀ ਸ਼ਾਨਦਾਰ ਜਿੱਤ



**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੇ ਨੌਜਵਾਨ ਐਥਲੀਟਾਂ ਨੇ ਖੋ-ਖੋ ਮੁਕਾਬਲੇ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਸਕੂਲ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਨੇ ਅੰਡਰ-19 ਵਰਗ ਵਿੱਚ ਪਹਿਲਾ ਸਥਾਨ ਅਤੇ ਅੰਡਰ-14 ਅਤੇ ਅੰਡਰ-17 ਵਰਗਾਂ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ ਚੇਅਰਮੈਨ ਸ੍ਰੀ ਅਰਵਿੰਦ ਖੋਸਲਾ, ਪ੍ਰਧਾਨ ਸ੍ਰੀ ਅਜੈ ਖੋਸਲਾ, ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਸਾਰੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਉਨ੍ਹਾਂ ਦੇ ਸਮਰਪਿਤ ਕੋਚਾਂ, ਸ਼੍ਰੀਮਤੀ ਰਾਜਬੀਰ ਕੌਰ ਅਤੇ ਸ਼੍ਰੀਮਤੀ ਅਮਨ ਨੂੰ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ।

# ਧਰਮਪਾਲ ਉਪਾਸ਼ਕ ਦੇ ਦੇਹਾਂਤ 'ਤੇ ਗਹਿਰੀ ਸੰਵੇਦਨਾ ਦਾ ਪ੍ਰਗਟਾਵਾ

**ਧਾਰੀਵਾਲ (ਮਨਦੀਪ ਵਿੱਕੀ)** - ਪੰਜਾਬੀ ਕਵੀ ਅਤੇ ਨਿਧੜਕ ਪੱਤਰਕਾਰ ਸ਼੍ਰੀ ਧਰਮ ਪਾਲ ਉਪਾਸ਼ਕ ਦੇ ਸਦੀਵੀ ਵਿਛੋੜੇ 'ਤੇ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਦੇ ਸਮੂਹ ਮੈਂਬਰਾਂ ਵੱਲੋਂ ਗਹਿਰੀ ਸੰਵੇਦਨਾ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਪਰਿਵਾਰ ਦੇ ਨਾਂ ਸ਼ੋਕ ਸੰਦੇਸ਼ ਵੀ ਭੇਜਿਆ ਗਿਆ ਹੈ। ਜ਼ਿਲ੍ਹਾ ਸਾਹਿਤ ਕੇਂਦਰ ਦੇ ਪ੍ਰਧਾਨ ਡਾ.ਲੇਖ ਰਾਜ ਅਤੇ ਸੰਯੋਜਕ ਮੱਖਣ ਕੁਹਾੜ ਵੱਲੋਂ ਉਨ੍ਹਾਂ ਦੀ ਸੱਚੀ-ਸੁੱਚੀ ਪੱਤਰਕਾਰੀ ਅਤੇ ਸਾਹਿਤ ਵਿੱਚ ਪਾਏ ਯੋਗਦਾਨ ਨੂੰ ਯਾਦ ਕਰਦਿਆਂ ਦੱਸਿਆ ਕਿ ਉਹ ਨਕਸਲੀ ਲਹਿਰ ਨਾਲ ਜੁੜੇ ਰਹੇ ਅਤੇ ਪਾਸ਼ ਦੀ ਸੰਪਾਦਨਾ ਹੇਠ ਛਪਦੇ ਰਸਾਲੇ ਸਿਆੜ ਦੇ ਸਹਿ-ਸੰਪਾਦਕ ਵੀ ਰਹੇ। ਇਸ ਮੌਕੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਦੇ ਪ੍ਰਧਾਨ ਡਾ.ਲੇਖ ਰਾਜ, ਮੱਖਣ ਕੁਹਾੜ, ਮੰਗਤ ਚੰਚਲ, ਸੀਤਲ ਸਿੰਘ ਗੁੰਨੋਪੁਰੀ, ਸੁਲੱਖਣ ਸਰਹੱਦੀ,ਡਾ.ਰਜਵਿੰਦਰ ਕੌਰ, ਗੁਰਮੀਤ ਬਾਜਵਾ,ਗੁਰਪ੍ਰੀਤ ਰੰਗੀਲਪੁਰ, ਬੂਟਾ ਰਾਮ ਆਜ਼ਾਦ, ਡਾ.ਸੁਰਿੰਦਰ ਸਾਂਤ, ਸੁਖਵਿੰਦਰ ਸਿੰਘ ਰੰਧਾਵਾ, ਨਿਸ਼ਾਨ ਸਿੰਘ ਜੌੜਾਸਿੰਘਾ,ਸੁੱਚਾ ਸਿੰਘ ਪਸਨਾਵਾਲ, ਸੋਹਣ ਸਿੰਘ ਅਤੇ ਗੋਪਾਲ ਸ਼ਰਮਾ ਫਿਰੋਜ਼ਪੁਰੀ ਆਦਿ ਨੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਹੈ।



# ਪੰਜਾਬ ਨੰਬਰਦਾਰ ਯੂਨੀਅਨ ਵੱਲੋਂ ਹੱਕੀ ਮੰਗਾਂ ਦੀ ਪੂਰਤੀ ਲਈ ਸਰਕਾਰ ਨਾਲ ਆਰ-ਪਾਰ ਦੇ ਸੰਘਰਸ਼ ਦਾ ਐਲਾਨ

**ਜੈਂਤੀਪੁਰ (ਸੁਖਬੀਰ ਸਿੱਧੂ)**-ਪੰਜਾਬ ਨੰਬਰਦਾਰ ਯੂਨੀਅਨ ਰਜਿ (643) ਵਲੋਂ ਨੰਬਰਦਾਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਜੋ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਦੀਆਂ 2022 ਦੀਆਂ ਚੋਣਾਂ ਸਮੇਂ 13 ਨੁਕਾਤੀ ਏਜੰਡੇ ਵਿਚ ਗਰੰਟੀ ਦਿੱਤੀ ਗਈ ਸੀ ਨੂੰ ਲਾਗੂ ਕਰਵਾਉਣ ਲਈ ਪਿਛਲੇ ਸਾਢੇ ਚਾਰ ਸਾਲ ਤੋਂ ਪੰਜਾਬ ਸਰਕਾਰ ਨਾਲ ਸੰਪਰਕ ਵਿਚ ਰਹਿਣ ਦੇ ਬਾਵਜੂਦ ਲਾਗੂ ਨਾ ਹੋਣ ਕਾਰਨ ਪੰਜਾਬ ਦੇ ਸਮੁੱਚੇ ਨੰਬਰਦਾਰ ਭਾਈਚਾਰੇ ਵਿਚ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਖਿਲਾਫ ਅੰਤਾਂ ਦਾ ਰੋਸ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵਲੋਂ ਯੂਨੀਅਨ ਨਾਲ ਕੀਤੀਆਂ ਚਾਰ ਪੰਜ ਮੀਟਿੰਗਾਂ ਵਿਚ ਲਾਰਿਆਂ ਤੋਂ ਸਿਵਾਏ ਕੁਝ ਨਹੀਂ ਦਿੱਤਾ ਗਿਆ ਅਤੇ ਰਾਹੇ ਬਗਾਹੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੀ ਮਿੱਠੀਆਂ ਗੋਲੀਆਂ ਨਾਲ ਹੀ ਹੁਣ ਤੱਕ ਡੰਗ ਟਪਾਉਦੇਂ ਆਏ ਹਨ, ਪਰ ਹੁਣ ਪੰਜਾਬ ਨੰਬਰਦਾਰ ਯੂਨੀਅਨ ਵਲੋਂ ਸੂਬਾ ਪ੍ਰਧਾਨ ਗੁਰਪਾਲ ਸਿੰਘ ਸਮਰਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੂਬਾ ਬਾਡੀ ਦੀ ਪ੍ਰੀਤ ਪੈਲਸ ਜੰਡਿਆਲਾ ਮੰਜਕੀ (ਜਲੰਧਰ ) ਵਿਖੇ ਸੂਬਾ ਕਾਰਜਕਾਰੀ ਪ੍ਰਧਾਨ ਗੁਰਦਰਸ਼ਨ ਸਿੰਘ ਗਲੌਲੀ ਦੀ ਪ੍ਰਧਾਨਗੀ ਹੇਠ ਕੀਤੀ ਗਈ ਮੀਟਿੰਗ ਵਿਚ ਸਮੂਹ ਪੰਜਾਬ ਬਾਡੀ ਦੇ ਅਹੁਦੇਦਾਰਾਂ, ਜ਼ਿਲ੍ਹਿਆਂ ਅਤੇ ਤਹਿਸੀਲਾਂ ਦੇ ਅਹੁਦੇਦਾਰਾਂ ਨੇ ਇੱਕ ਸੁਰ ਹੁੰਦਿਆਂ ਫੈਸਲਾ ਕੀਤਾ ਕਿ ਹੁਣ ਸਰਕਾਰ ਨਾਲ ਆਰ ਪਾਰ ਦੇ ਸੰਘਰਸ਼ ਤੋਂ ਬਿਨਾਂ ਕੋਈ ਹੱਲ ਨਜ਼ਰ ਨਹੀਂ ਆ ਰਿਹਾ। ਇਸ ਲਈ ਆਪਣੇ ਹੱਕਾਂ ਲਈ ਮੁੱਖ ਮੰਤਰੀ ਦੀ ਸੰਗਰੂਰ ਕੋਠੀ ਦਾ ਘਿਰਾਓ 5 ਅਕਤੂਬਰ ਨੂੰ ਕੀਤਾ ਜਾਵੇਗਾ। ਇਸ ਮੌਕੇ ਸੂਬਾ ਕਾਰਜਕਾਰੀ ਪ੍ਰਧਾਨ ਗਲੌਲੀ ਅਤੇ ਸੂਬਾ ਸਕੱਤਰ ਜਨਰਲ ਰਸ਼ਪਾਲ ਸਿੰਘ ਰਾਮਪੁਰ ਤਰਨ ਤਾਰਨ, ਸੀਨੀਅਰ ਮੀਤ ਪ੍ਰਧਾਨ ਜਸਵੰਤ ਸਿੰਘ ਰੰਧਾਵਾ ਹੁਸ਼ਿਆਰਪੁਰ, ਸੀਨੀਅਰ ਮੀਤ ਪ੍ਰਧਾਨ ਹਰਕੰਵਲ ਸਿੰਘ ਮੁੰਧ ਜਲੰਧਰ, ਸੀਨੀ ਮੀਤ ਪ੍ਰਧਾਨ ਹੁਸ਼ਿਆਰ ਸਿੰਘ ਝੰਡੇਰ ਅੰਮ੍ਰਿਤਸਰ, ਦਰਸ਼ਨ ਸਿੰਘ ਮਾਲਵਾ ਬਠਿੰਡਾ ਖਜ਼ਾਨਚੀ, ਮੀਤ ਪ੍ਰਧਾਨ ਹਰਪਾਲ ਸਿੰਘ ਪੰਨੂ ਅੰਮ੍ਰਿਤਸਰ, ਕਰਮਜੀਤ ਸਿੰਘ ਨਮੋਲ ਜ਼ਿਲ੍ਹਾ ਪ੍ਰਧਾਨ ਸੰਗਰੂਰ ਨੇ ਕਿਹਾ ਕਿ ਸਾਢੇ ਚਾਰ ਸਾਲ ਤੋਂ ਅਸੀਂ ਮੁੱਖ ਮੰਤਰੀ ਨਾਲ ਮੀਟਿੰਗ ਮੰਗ ਰਹੇ ਹਾਂ ਪਰ ਅਜੇ ਤੱਕ ਸਾਨੂੰ ਮੀਟਿੰਗ ਦਾ ਟਾਇਮ ਨਹੀਂ ਦਿੱਤਾ ਗਿਆ ਅਤੇ ਸਾਨੂੰ ਭਗਵੰਤ ਮਾਨ ਸਰਕਾਰ ਨੇ ਲਾਰਿਆਂ ਵਿਚ ਰੱਖਿਆ ਹੈ। ਜੇਕਰ ਸਾਡੀਆਂ ਮੰਗਾਂ ਨਾ ਮੰਨੀਆਂ ਤਾਂ 2027 ਦੀਆਂ ਚੋਣਾਂ ਵਿਚ ਨੰਬਰਦਾਰ ਵੀ ਆਮ ਆਦਮੀ ਪਾਰਟੀ ਨੂੰ ਲਾਰਿਆਂ ਵਿਚ ਰੱਖ ਕੇ ਦੱਸ ਦੇਣਗੇ ਕਿ ਝੂਠੇ ਵਾਅਦਿਆਂ ਦਾ ਸਿਲਾ ਕੀ ਹੁੰਦਾ ਹੈ। ਆਗੂਆਂ ਨੇ ਮੰਗ ਕੀਤੀ ਕਿ ਤੁਰੰਤ ਨੰਬਰਦਾਰਾਂ ਦਾ ਮਾਣਭੱਤਾ ਦਸ ਹਜ਼ਾਰ ਰੁਪਏ ਅਤੇ ਨੰਬਰਦਾਰੀ ਜੱਦੀ ਪੁਸ਼ਤੀ ਕਰਨ ਦੇ ਨਾਲ ਨਾਲ ਬੱਸ ਕਿਰਾਇਆ ਤੇ ਟੋਲ ਪਲਾਜ਼ਾ ਮਾਫ ਕੀਤਾ ਜਾਵੇ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਭਗਵਾਨ ਸਿੰਘ ਮਾਣਕੀ ਮਲੇਰਕੋਟਲਾ, ਚਰਨਜੀਤ ਸਿੰਘ ਕਰਤਾਰਪੁਰ ਮੁੱਖ ਬੁਲਾਰਾ, ਸੀਨੀਅਰ ਮੀਤ ਪ੍ਰਧਾਨ ਪਿਆਰਾ ਸਿੰਘ ਦਹੇੜਕਾ ਲੁਧਿਆਣਾ, ਵਰਿੰਦਰ ਕੁਮਾਰ ਚੌਧਰੀ ਜ਼ਿਲ੍ਹਾ ਪ੍ਰਧਾਨ ਰੋਪੜ, ਸ਼ਿੰਗਾਰਾ ਸਿੰਘ ਲਾਖਨਾ ਸੀਨੀਅਰ ਪ੍ਰਧਾਨ, ਹਰਵੰਤ ਸਿੰਘ ਜਿਲ੍ਹਾ ਪ੍ਰਧਾਨ ਨਵਾਸ਼ਹਿਰ, ਕੁਲਦੀਪ ਸਿੰਘ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਜਗਤਾਰ ਸਿੰਘ ਜ਼ਿਲ੍ਹਾ ਪ੍ਰਧਾਨ ਫਰੀਦਕੋਟ, ਹਰਦਰਸ਼ਨ ਸਿੰਘ ਕੋਟਦੁੰਨਾ ਜ਼ਿਲ੍ਹਾ ਪ੍ਰਧਾਨ ਬਰਨਾਲਾ, ਹਰਭਜਨ ਸਿੰਘ ਬੋਦੇਵਾਲ ਜਿਲ੍ਹਾ ਪ੍ਰਧਾਨ ਤਰਨ ਤਾਰਨ, ਹਰਪਾਲ ਸਿੰਘ ਪੰਨੂ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ, ਭਾਕਰ ਸਿੰਘ ਜ਼ਿਲ੍ਹਾ ਪ੍ਰਧਾਨ ਬਠਿੰਡਾ, ਯਾਦਵਿੰਦਰ ਸਿੰਘ ਜਿਲ੍ਹਾ ਪ੍ਰਧਾਨ ਪਟਿਆਲਾ, ਅੰਮ੍ਰਿਤਪਾਲ ਸਿੰਘ ਗੁਰਨੇ ਜਿਲ੍ਹਾ ਪ੍ਰਧਾਨ ਮਾਨਸਾ, ਕੁਲਵੰਤ ਸਿੰਘ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ, ਰਣਜੀਤ ਸਿੰਘ ਰਾਜਾ ਮਜੀਠਾ, ਗੁਰਦੇਵ ਲਾਲ ਜ਼ਿਲ੍ਹਾ ਪ੍ਰਧਾਨ ਜਲੰਧਰ ਸ਼ਹਿਰੀ, ਅਮਰਜੀਤ ਸਿੰਘ ਨੱਥੋਹੇੜੀ ਜ਼ਿਲ੍ਹਾ ਪ੍ਰਧਾਨ ਮਲੇਰਕੋਟਲਾ, ਸਾਹਿਬ ਸਿੰਘ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਗੁਰਮੁਖ ਸਿੰਘ ਤੱਖਤੂਚੱਕ ਤਹਿਸੀਲ ਪ੍ਰਧਾਨ ਖਡੂਰ ਸਾਹਿਬ, ਨਰਿੰਦਰ ਸਿੰਘ ਗੁਜਰਪੁਰਾ ਤਹਿਸੀਲ ਪ੍ਰਧਾਨ ਗੋਇੰਦਵਾਲ ਸਾਹਿਬ, ਕੁਲਵੰਤ ਸਿੰਘ ਮੱਖੀ ਤਹਿਸੀਲ ਪ੍ਰਧਾਨ ਪੱਟੀ, ਸੁਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ, ਗੁਰਸਰਨ ਸਿੰਘ ਭਗਵਾਨਪੁਰ ਤਹਿਸੀਲ ਪ੍ਰਧਾਨ ਖੇਮਕਰਨ, ਦਿਲਬਾਗ ਸਿੰਘ ਵਲਟੋਹਾ ਤਹਿਸੀਲ ਪ੍ਰਧਾਨ ਭਿੱਖੀਵਿੰਡ, ਕ੍ਰਿਸ਼ਨ ਸਿੰਘ ਜ਼ਿਲ੍ਹਾ ਆਗੂ ਸੰਗਰੂਰ, ਆਦਿ ਹਾਜ਼ਰ ਸਨ।



# ਮਾਨ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਤੋਂ ਲੋਕ ਖ਼ੁਸ਼



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)** -ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਆਮ ਲੋਕਾਂ ਨੂੰ ਸਹੂਲਤਾਂ ਦੇਣ ਲਈ ਕੀਤੇ ਜਾ ਰਹੇ ਲੋਕ-ਪੱਖੀ ਉਪਰਾਲਿਆਂ ਦਾ ਸਿੱਧਾ ਲਾਭ ਪਿੰਡਾਂ ਤੱਕ ਪਹੁੰਚ ਰਿਹਾ ਹੈ। ਇਹੀ ਕਾਰਨ ਹੈ ਕਿ ਪੰਜਾਬ ਦੇ ਲੋਕ ਸਰਕਾਰ ਦੀਆਂ ਯੋਜਨਾਵਾਂ ਦੀ ਖੁੱਲ੍ਹ ਕੇ ਸ਼ਲਾਘਾ ਕਰ ਰਹੇ ਹਨ ਅਤੇ ਮਾਨ ਸਰਕਾਰ ਦਾ ਧੰਨਵਾਦ ਕਰ ਰਹੇ ਹਨ।ਹਲਕਾ ਮਜੀਠਾ ਦੇ ਇੰਚਾਰਜ ਸ. ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਯਾਤਰਾ ਯੋਜਨਾ ਰਾਹੀਂ ਹਲਕੇ ਦੇ ਹਜ਼ਾਰਾਂ ਲੋਕ ਧਾਰਮਿਕ ਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ। ਇਸੇ ਲੜੀ ਤਹਿਤ 30 ਅਗਸਤ ਨੂੰ ਪਿੰਡ ਫਤੂਭੀਲਾ ਤੋਂ ਯਾਤਰੀਆਂ ਨਾਲ ਭਰੀ ਬੱਸ ਰਵਾਨਾ ਕੀਤੀ ਗਈ।ਇਸ ਮੌਕੇ ਸਰਪੰਚ ਸ. ਜੋਗਾ ਸਿੰਘ ਨੇ ਕਿਹਾ ਕਿ ਮਾਨ ਸਰਕਾਰ ਸਿਰਫ਼ ਐਲਾਨਾਂ ਦੀ ਸਰਕਾਰ ਨਹੀਂ, ਸਗੋਂ ਲੋਕਾਂ ਦੇ ਘਰਾਂ ਤੱਕ ਸਹੂਲਤਾਂ ਪਹੁੰਚਾਉਣ ਵਾਲੀ ਸਰਕਾਰ ਹੈ।

# ਮੁਲਾਜ਼ਮਾਂ ਨੇ ਪੁਤਲਾ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ

**ਧਾਰੀਵਾਲ (ਮਨਦੀਪ ਵਿੱਕੀ)**- ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ 'ਤੇ ਸੈਂਕੜੇ ਮੁਲਾਜ਼ਮ ਅਤੇ ਪੈਨਸ਼ਨਰ ਸਥਾਨਕ ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਇਕੱਤਰ ਹੋਏ ਅਤੇ ਮਾਰਚ ਕਰਕੇ ਸੜਕ 'ਤੇ ਮੁੱਖ ਮੰਤਰੀ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ। ਇਸ ਤੋਂ ਪਹਿਲਾਂ ਹੋਈ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਓਂਕਾਰ ਸਿੰਘ, ਕੁਲਦੀਪ ਪੂਰੋਵਾਲ, ਅਸ਼ਵਨੀ ਫ਼ਜ਼ੂਪੁਰ, ਇਮੈਨੁਅਲ ਨਾਹਰ, ਰਾਜ ਸੁਖਵਿੰਦਰ ਸਿੰਘ, ਸਤਨਾਮ ਸਿੰਘ,ਪਲਵਿੰਦਰ ਸਿੰਘ, ਲਵਪ੍ਰੀਤ ਰੋੜਾਂਵਾਲੀ, ਲੱਖਵਿੰਦਰ ਸਿੰਘ ਭੌਰ, ਗੁਰਪਿੰਦਰ ਸਿੰਘ, ਰਜਨੀ ਪਰਕਾਸ਼, ਬਲਵਿੰਦਰ ਕੌਰ, ਸੁਖਵਿੰਦਰ ਸਿੰਘ ਬਾਗੋਵਾਣੀ, ਗੁਰਦਿਆਲ ਸੋਹਲ, ਅਮਰਜੀਤ ਸ਼ਾਸਤਰੀ, ਨਰੇਸ਼ ਪਾਲ, ਸੰਜੀਵ ਸੈਣੀ, ਕਰਨੈਲ ਚਿੱਟੀ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਮੁਲਾਜ਼ਮ ਮੰਗਾਂ ਦੇ ਹੱਲ ਤੋਂ ਬਾਰ ਬਾਰ ਭੱਜਿਆ ਜਾ ਰਿਹਾ ਹੈ।ਆਗੂਆਂ ਨੇ ਕਿਹਾ ਕਿ ਸਮੂਹਿਕ ਛੁੱਟੀ 'ਤੇ ਜਾਣ ਵਾਲੇ ਕਰਮਚਾਰੀਆਂ ਨਾਲ ਧੱਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਹਰਪਾਲ ਸਿੰਘ, ਗੁਰਵਿੰਦਰ ਸਿੰਘ ਸੈਣੀ, ਰਾਜੇਸ਼ ਕੁਮਾਰ, ਸਲਵਿੰਦਰ ਕੁਮਾਰ, ਇੰਦਰਜੀਤ ਸਿੰਘ, ਸਾਹਿਬ ਸਿੰਘ,ਅਮਨਪ੍ਰਿਤਪਾਲ ਸਿੰਘ, ਅਮਰਜੀਤ ਕੋਠੇ, ਰਵੀ, ਨੇਕ ਰਾਜ ਸਾਰੰਗਲ, ਬਲਵਿੰਦਰ ਸਿੰਘ, ਹਰਜੀਤ ਸਿੰਘ, ਅਨਿਲ ਸ਼ਰਮਾ, ਕੁਲਵੰਤ ਸਿੰਘ, ਗੁਰਨਾਮ ਸਿੰਘ, ਆਦਿ ਹਾਜ਼ਰ ਸਨ।



# ਹੈਰੋਇਨ ਸਣੇ ਦੋ ਨੌਜਵਾਨ ਕਾਬੂ



**ਗੁਰਦਾਸਪੁਰ (ਜਨਕ ਮਹਾਜਨ)**- ਅਦਿਤਿਆ ਪੁਲਿਸ ਮੁਖੀ ਗੁਰਦਾਸਪੁਰ ਨੇ ਦੱਸਿਆ ਕੀ ਪੁਲਿਸ ਪਾਰਟੀ ਨੇ ਨੇੜੇ ਟੀ.ਪੁਆਇੰਟ ਮੰਡੀ ਮੋੜ ਤਰੀਜਾਨਗਰ, ਕਲਿਆਣਪੁਰ ਰੋਡ ਤੋਂ ਦਲਬੀਰ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਕਲਿਆਣਪੁਰ, ਨਿਤਿਸ਼ ਕੁਮਾਰ ਪੁੱਤਰ ਅਸ਼ਵਨੀ ਕੁਮਾਰ ਵਾਸੀ ਕਲੇਰ ਵਾਲੀ ਗਲੀ ਨਜ਼ਦੀਕ ਪਾਲ ਹਸਪਤਾਲ ਧਾਰੀਵਾਲ ਦੀ ਸ਼ੱਕ ਦੇ ਆਧਾਰ 'ਤੇ ਤਲਾਸ਼ੀ ਲਈ ਤਾਂ ਉਨ੍ਹਾਂ ਕੋਲੋਂ 262 ਗ੍ਰਾਮ ਹੈਰੋਇਨ, 5000 ਰੁਪਏ ਡਰੱਗ ਮਨੀ , ਇਕ ਰਿਵਾਲਵਰ 32 ਬੋਰ ਸਮੇਤ 6 ਜ਼ਿੰਦਾ ਰੋਂਦ ਬਰਾਮਦ ਹੋਏ। ਉਕਤ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਫਿਊਚਰ ਯੂਥ ਲੀਡਰਜ਼ ਬੂਟਕੈਂਪ 'ਚ ਯੋਗਾ ਤੇ ਸਿਹਤ ਸੰਬੰਧੀ ਸੈਸ਼ਨ ਕਰਵਾਏ

**ਗੁਰਦਾਸਪੁਰ (ਜਨਕ ਮਹਾਜਨ)**- ਮੇਰਾ ਯੁਵਾ ਭਾਰਤ ਗੁਰਦਾਸਪੁਰ ਵੱਲੋਂ ਪੰਡਿਤ ਮੋਹਨ ਲਾਲ ਐਸ.ਡੀ. ਕਾਲਜ ਫਾਰ ਵੂਮੈਨ, ਗੁਰਦਾਸਪੁਰ ਵਿਖੇ ਕਰਵਾਏ ਜਾ ਰਹੇ ਫਿਊਚਰ ਯੂਥ ਲੀਡਰਜ਼ ਬੂਟਕੈਂਪ ਦੇ ਦੂਜੇ ਦਿਨ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਲਈ ਯੋਗਾ, ਸਰੀਰਕ ਸਿਹਤ, ਅਧਿਆਤਮਿਕਤਾ, ਲੀਡਰਸ਼ਿਪ, ਸੰਚਾਰ ਅਤੇ ਸ਼ਖਸੀਅਤ ਵਿਕਾਸ ਨਾਲ ਸਬੰਧਤ ਸੈਸ਼ਨ ਕਰਵਾਏ ਗਏ।ਦਿਨ ਦੀ ਸ਼ੁਰੂਆਤ ਡਾਇਟੀਸ਼ੀਅਨ ਮਿਲਨ ਮਹਾਜਨ ਵੱਲੋਂ ਕਰਵਾਏ ਗਏ ਯੋਗਾ ਸੈਸ਼ਨ ਨਾਲ ਹੋਈ। ਉਨ੍ਹਾਂ ਨੇ ਭਾਗੀਦਾਰਾਂ ਨੂੰ ਵੱਖ-ਵੱਖ ਯੋਗ ਆਸਨਾਂ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਦੇ ਸਹੀ ਅਭਿਆਸ ਬਾਰੇ ਮਾਰਗਦਰਸ਼ਨ ਕੀਤਾ। ਇਸ ਤੋਂ ਬਾਅਦ ਪ੍ਰੋ. ਰਾਜ ਪੀ. ਸ਼ਰਮਾ ਵੱਲੋਂ ਅਧਿਆਤਮਿਕਤਾ ਬਾਰੇ ਸੈਸ਼ਨ ਕਰਵਾਇਆ ਗਿਆ। ਡਾ. ਸ਼ਿਵਾਨੀ ਸਿੰਘ ਪ੍ਰਿੰਸੀਪਲ ਵੱਲੋਂ ਲੀਡਰਸ਼ਿਪ, ਸੰਚਾਰ ਅਤੇ ਸ਼ਖਸੀਅਤ ਦੇ ਹੁਨਰਾਂ ਬਾਰੇ ਮਹੱਤਵਪੂਰਨ ਸੈਸ਼ਨ ਕਰਵਾਇਆ ਗਿਆ ।ਦਿਨ ਦਾ ਆਖਰੀ ਸੈਸ਼ਨ ਇੰਸਪੈਕਟਰ ਅਮਨਦੀਪ ਕੌਰ, ਜ਼ਿਲ੍ਹਾ ਮੁਖੀ, ਸਾਂਝ ਕੇਂਦਰ ਅਤੇ ਮਹਿਲਾ ਹੈਲਪ ਡੈਸਕ ਵੱਲੋਂ ਕਰਵਾਇਆ ਗਿਆ। ਉਨ੍ਹਾਂ ਨੇ ਭਾਗੀਦਾਰਾਂ ਨਾਲ ਆਪਣੇ ਪੇਸ਼ੇਵਰ ਸਫ਼ਰ ਅਤੇ ਤਜਰਬੇ ਸਾਂਝੇ ਕੀਤੇ। ਪ੍ਰੋਗਰਾਮ ਦੀ ਸਮੁੱਚੀ ਨਿਗਰਾਨੀ ਸੰਦੀਪ ਕੌਰ, ਜ਼ਿਲ੍ਹਾ ਯੁਵਾ ਅਧਿਕਾਰੀ, ਮੇਰਾ ਯੁਵਾ ਭਾਰਤ, ਗੁਰਦਾਸਪੁਰ ਵੱਲੋਂ ਗਈ।



# ਅਮਨ ਤੇ ਤਰੱਕੀ ਲਈ ਅਕਾਲੀ ਦਲ ਦੀ ਸਰਕਾਰ ਜ਼ਰੂਰੀ : ਸਰਪੰਚ ਬਰਾੜ



**ਝਬਾਲ (ਹਰਜਿੰਦਰ ਸਿੰਘ ਸੋਨੀ)** - ਭਗਵੰਤ ਮਾਨ ਸਰਕਾਰ ਨੇ ਪੰਜਾਬ ਨੂੰ ਬਰਬਾਦੀ ਵੱਲ ਧੱਕ ਦਿਤਾ ਹੈ।ਅੱਜ ਪੰਜਾਬ ਸਰਕਾਰ ਦੀਆਂ ਗਲਤ ਨੀਤੀਆਂ ਕਰਕੇ ਜਿਥੇ ਬੁਰੀ ਤਰਾਂ ਕਰਜ਼ਾਈ ਹੋ ਚੁੱਕਾ ਉਥੇ ਪੰਜਾਬ ਵਿੱਚ ਕਾਨੂੰਨ ਦਾ ਜਨਾਜ਼ਾ ਨਿਕਲ ਚੁੱਕਾ ਹੈ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਅਕਾਲੀ ਆਗੂ ਅਤੇ ਸਰਪੰਚ ਸੋਨੂੰ ਬਰਾੜ ਦੋਦੇ ਨੇ ਕੀਤਾ।ਉਹਨਾਂ ਕਿਹਾ ਕਿ ਜੇਕਰ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਜਾਣਾ ਤਾਂ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦਾ ਆਉਣਾ ਜ਼ਰੂਰੀ ਹੈ।ਇਸ ਸਮੇਂ ਉਹਨਾਂ ਨਾਲ ਹਰਜੀਤ ਸਿੰਘ ਜੀਤਾ, ਗੁਰਜੰਟ ਸਿੰਘ ਗਿੱਲ, ਵਿਕਰਮ ਸਿੰਘ ਗਿੱਲ, ਸੁਰਿੰਦਰ ਸਿੰਘ ਛਿੰਦਾ ਦੋਦੇ,ਮੈਂਬਰ ਲਖਵਿੰਦਰ ਸਿੰਘ,ਰਾਣਾ ਗਿੱਲ, ਨਿਸ਼ਾਨ ਸਿੰਘ ਛਾਨਾ,ਗਗਨਦੀਪ ਸਿੰਘ ਗਿੱਲ, ਮੈਂਬਰ ਗੁਰਲਾਲ ਸਿੰਘ, ਗੁਰਸੇਵਕ ਸਿੰਘ ਫੋਜੀ, ਲੱਕੀ ਬਰਾੜ, ਗੋਲਡੀ ਬਰਾੜ ਦੋਦੇ, ਹਰਪਾਲ ਸਿੰਘ ਬਰਾੜ, ਦਵਿੰਦਰ ਸਿੰਘ ਗਿੱਲ ਦੋਦੇ,ਕਾਬਲ ਸਿੰਘ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਸੋਮਵਾਰ, 31 ਅਗਸਤ 2026

# ਯੂ ਪੀ ਦੀ ਬਦਲਦੀ ਤਸਵੀਰ

*ਅਗਲੇ ਸਾਲ ਸੱਤ ਰਾਜਾਂ ਵਿੱਚ ਅਸੈਂਬਲੀ ਚੋਣਾਂ ਹੋਣੀਆਂ ਹਨ। ਪੰਜਾਬ, ਉੱਤਰਾਖੰਡ ਤੇ ਗੋਆ ਵਿੱਚ ਫਰਵਰੀ, ਯੂ ਪੀ ਤੇ ਮਨੀਪੁਰ 'ਚ ਮਾਰਚ, ਹਿਮਾਚਲ 'ਚ ਨਵੰਬਰ ਤੇ ਗੁਜਰਾਤ 'ਚ ਦਸੰਬਰ 'ਚ ਅਸੈਂਬਲੀਆਂ ਦੀ ਮਿਆਦ ਮੁੱਕ ਜਾਣੀ ਹੈ। ਸਾਲ ਦੀ ਪਹਿਲੀ ਤਿਮਾਹੀ ਵਿੱਚ ਜਿਨ੍ਹਾਂ ਰਾਜਾਂ 'ਚ ਚੋਣਾਂ ਹੋਣੀਆਂ ਹਨ, ਉਨ੍ਹਾਂ ਵਿੱਚ ਯੂ ਪੀ ਸਭ ਤੋਂ ਵੱਡਾ ਰਾਜ ਹੈ, ਜਿੱਥੇ ਪਿਛਲੇ ਕਰੀਬ ਸਾਢੇ ਨੌਂ ਸਾਲ ਤੋਂ ਯੋਗੀ ਆਦਿੱਤਿਆਨਾਥ ਦੀ ਅਗਵਾਈ ਵਿੱਚ ਭਾਜਪਾ ਦੀ ਬੁਲਡੋਜ਼ਰ ਸਰਕਾਰ ਚੱਲ ਰਹੀ ਹੈ। ਇਸ ਸਾਲ ਦੇ ਸ਼ੁਰੂ ਵਿੱਚ ਸੰਕੇਤ ਯੋਗੀ ਦੇ ਰਾਜ ਨੂੰ ਪੰਜ ਸਾਲ ਹੋਰ ਐਕਸਟੈਨਸ਼ਨ ਦੇ ਰਹੇ ਸਨ, ਪਰ ਜੁਲਾਈ ਤੋਂ ਬਾਅਦ ਪ੍ਰਸਥਿਤੀਆਂ ਤੇਜ਼ੀ ਨਾਲ ਬਦਲੀਆਂ ਹਨ ਤੇ ਸੰਕੇਤ ਅਜਿਹੇ ਮਿਲ ਰਹੇ ਹਨ ਕਿ ਯੋਗੀ ਲਈ ਸਰਕਾਰ ਬਚਾਉਣੀ ਸੌਖੀ ਨਹੀਂ ਹੋਵੇਗੀ, ਪਲਟ ਵੀ ਸਕਦੀ ਹੈ!*

*ਇੰਡੀਆ ਟੂਡੇ ਤੇ ਸੀਵੋਟਰ ਵੱਲੋਂ ਕੀਤੇ ਗਏ ਇੱਕ ਸਰਵੇਖਣ ਦੇ ਨਤੀਜਿਆਂ ਤੋਂ ਭਾਜਪਾ ਨੂੰ ਵੱਡਾ ਝਟਕਾ ਲੱਗਿਆ ਹੈ। ਜੇ ਅੱਜ ਲੋਕ ਸਭਾ ਚੋਣਾਂ ਹੁੰਦੀਆਂ ਹਨ, ਤਾਂ ਕਾਂਗਰਸ ਅਤੇ ਸਮਾਜਵਾਦੀ ਪਾਰਟੀ ਵਾਲੇ ਇੰਡੀਆ ਗੱਠਜੋੜ ਨੂੰ ਦੇਸ਼ ਦੇ ਸਭ ਤੋਂ ਵੱਡੇ ਰਾਜ ਯੂ ਪੀ ਵਿੱਚ ਬਢ਼ਤ ਮਿਲ ਸਕਦੀ ਹੈ ਅਤੇ ਭਾਜਪਾ ਦੀ ਅਗਵਾਈ ਵਾਲੇ ਐੱਨ ਡੀ ਏ ਨੂੰ ਝਟਕਾ ਲੱਗ ਸਕਦਾ ਹੈ। ਅਗਸਤ 2026 ਦੇ 'ਮੂਡ ਆਫ ਦੀ ਨੇਸ਼ਨ' ਸਰਵੇਖਣ ਮੁਤਾਬਕ ਇੰਡੀਆ ਗੱਠਜੋੜ ਯੂ ਪੀ ਵਿੱਚ 80 ਲੋਕ ਸਭਾ ਸੀਟਾਂ ਵਿੱਚੋਂ 41 ਜਿੱਤ ਸਕਦਾ ਹੈ, ਜਦੋਂ ਕਿ ਭਾਜਪਾ ਦੀ ਅਗਵਾਈ ਵਾਲੇ ਐੱਨ ਡੀ ਏ ਨੂੰ 38 ਸੀਟਾਂ ਮਿਲਣ ਦਾ ਅਨੁਮਾਨ ਹੈ। ਇਹ ਇਸ ਸਾਲ ਜਨਵਰੀ ਦੇ 'ਮੂਡ ਆਫ ਦੀ ਨੇਸ਼ਨ' ਸਰਵੇਖਣ ਨਾਲੋਂ ਐੱਨ ਡੀ ਏ ਲਈ ਦਸ ਘੱਟ ਸੀਟਾਂ ਦਰਸਾਉਂਦਾ ਹੈ, ਜਦੋਂ ਕਿ ਇੰਡੀਆ ਗੱਠਜੋੜ ਦੇ ਦਸ ਵੱਧ ਸੀਟਾਂ ਜਿੱਤਣ ਦਾ ਅਨੁਮਾਨ ਹੈ।*

*ਜੁਲਾਈ ਅਤੇ ਅਗਸਤ 2026 ਦੇ ਵਿਚਕਾਰ ਕੀਤੇ ਗਏ ਇਸ ਤਾਜ਼ਾ ਸਰਵੇਖਣ ਵਿੱਚ ਹਜ਼ਾਰਾਂ ਲੋਕਾਂ ਦੀ ਰਾਏ ਸ਼ਾਮਲ ਕੀਤੀ ਗਈ ਹੈ। ਸਰਵੇਖਣ ਮੁਤਾਬਕ ਜਨਵਰੀ 2026 ਦੇ ਸਰਵੇਖਣ ਦੇ ਮੁਕਾਬਲੇ ਯੂ ਪੀ ਵਿੱਚ ਐੱਨ ਡੀ ਏ ਦੀ ਸਥਿਤੀ ਕਮਜ਼ੋਰ ਹੋ ਗਈ ਹੈ, ਜਦੋਂ ਕਿ ਇੰਡੀਆ ਗੱਠਜੋੜ ਅੱਗੇ ਵਧਦਾ ਜਾਪਦਾ ਹੈ। ਜਨਵਰੀ ਦੇ ਸਰਵੇਖਣ ਵਿੱਚ ਯੂ ਪੀ ਵਿੱਚ ਐੱਨ ਡੀ ਏ ਨੂੰ 48 ਸੀਟਾਂ, ਜਦੋਂ ਕਿ ਇੰਡੀਆ ਗੱਠਜੋੜ ਨੂੰ 31 ਸੀਟਾਂ ਮਿਲ ਰਹੀਆਂ ਸਨ। ਅਗਸਤ 2026 'ਚ ਤਸਵੀਰ ਕਾਫੀ ਬਦਲ ਗਈ ਹੈ। ਇੰਡੀਆ ਗੱਠਜੋੜ ਦੀਆਂ ਅਨੁਮਾਨਤ ਸੀਟਾਂ 31 ਤੋਂ ਵਧ ਕੇ 41 ਹੋ ਗਈਆਂ ਹਨ, ਜਦੋਂ ਕਿ ਐੱਨ ਡੀ ਏ ਦੀਆਂ ਸੀਟਾਂ 48 ਤੋਂ ਘਟ ਕੇ 38 ਹੋ ਗਈਆਂ ਹਨ।*

*ਗੱਲ ਸੀਟਾਂ ਦੀ ਹੀ ਨਹੀਂ, ਸਰਵੇਖਣ ਤੋਂ ਪਤਾ ਲੱਗਾ ਹੈ ਕਿ ਐੱਨ ਡੀ ਏ ਦਾ ਵੋਟ ਸ਼ੇਅਰ 42 ਫੀਸਦੀ 'ਤੇ ਆ ਗਿਆ ਹੈ, ਜਿਹੜਾ ਕਿ ਜਨਵਰੀ ਦੇ ਸਰਵੇਖਣ ਵਿੱਚ 47 ਫੀਸਦੀ ਸੀ, ਯਾਨੀ ਕਿ 5 ਫੀਸਦੀ ਦੀ ਕਮੀ। ਇੰਡੀਆ ਗੱਠਜੋੜ ਨੂੰ 40 ਫੀਸਦੀ ਵੋਟਾਂ ਮਿਲਣ ਦਾ ਅਨੁਮਾਨ ਹੈ। ਇਹ ਅੰਕੜਾ ਜਨਵਰੀ ਵਿੱਚ 42 ਫੀਸਦੀ ਸੀ। ਇਸ ਦਾ ਮਤਲਬ ਹੈ ਕਿ ਇੰਡੀਆ ਗੱਠਜੋੜ ਦਾ ਵੋਟ ਸ਼ੇਅਰ ਵੀ ਭਾਵੇਂ ਥੋੜ੍ਹਾ ਘਟਿਆ ਹੈ, ਪਰ ਸੀਟਾਂ ਦਾ ਅਨੁਮਾਨ ਵਧਿਆ ਹੈ। ਚੋਣ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਘੱਟ ਵੋਟ ਸ਼ੇਅਰ ਦੇ ਬਾਵਜੂਦ ਕਈ ਸੀਟਾਂ 'ਤੇ ਵੋਟਾਂ ਦੀ ਵੰਡ ਅਤੇ ਸਥਾਨਕ ਸਮੀਕਰਨਾਂ ਦੇ ਕਾਰਨ ਇੰਡੀਆ ਗੱਠਜੋੜ ਨੂੰ ਸੀਟਾਂ ਦੇ ਮਾਮਲੇ ਵਿੱਚ ਫਾਇਦਾ ਮਿਲ ਸਕਦਾ ਹੈ। 2024 ਦੀਆਂ ਲੋਕ ਸਭਾ ਚੋਣਾਂ ਵਿੱਚ ਇੰਡੀਆ ਗੱਠਜੋੜ ਨੇ ਯੂ ਪੀ ਵਿੱਚ 43 ਸੀਟਾਂ ਜਿੱਤੀਆਂ ਸਨ, ਜਦੋਂ ਕਿ ਐੱਨ ਡੀ ਏ ਨੇ 36 ਸੀਟਾਂ ਪ੍ਰਾਪਤ ਕੀਤੀਆਂ। ਸਰਵੇਖਣ ਲੋਕ ਸਭਾ ਦੀਆਂ ਸੀਟਾਂ ਬਾਰੇ ਹੈ, ਪਰ ਵੋਟਾਂ ਨੂੰ ਅਸੈਂਬਲੀ ਸੀਟਾਂ ਦੇ ਅਨੁਪਾਤ ਵਿੱਚ ਵੰਡਣ ਨਾਲ ਇੰਡੀਆ ਗੱਠਜੋੜ ਨੂੰ ਲੀਡ ਮਿਲ ਰਹੀ ਜਾਪਦੀ ਹੈ। ਆਉਂਦੇ ਛੇ ਮਹੀਨਿਆਂ ਵਿੱਚ ਇੰਡੀਆ ਗੱਠਜੋੜ ਸਹੀ ਤਾਲਮੇਲ ਨਾਲ ਚੱਲਦਾ ਹੈ ਤਾਂ ਉਹ ਭਾਜਪਾ ਨੂੰ ਦੇਸ਼ ਦੇ ਸਭ ਤੋਂ ਵੱਡੇ ਰਾਜ ਵਿੱਚ ਚਿੱਤ ਕਰ ਸਕਦਾ ਹੈ।*

## ਚੋਣ ਰੰਗ !

*ਅਜੇ ਰਹਿੰਦੇ ਨੇ ਛੇ ਮਹੀਨੇ, ਟਿਕਟਾਂ ਦੀ ਹੈ ਮੰਡੀ ਲੱਗੀ,*
*ਕਾਰਾਂ ਅਤੇ ਕੋਠਿਆਂ 'ਤੇ, ਕੋਈ ਨਾ ਕੋਈ ਝੰਡੀ ਲੱਗੀ।*
*ਕਿਸੇ ਪਾਸੇ ਹੈ ਪੰਜਾ ਛਪਿਆ, ਤੱਕੜੀ ਸਣੇ ਹੈ ਡੰਡੀ ਲੱਗੀ,*
*ਨਾਲ ਸ਼ਹੀਦਾਂ ਭਰੀ ਕੈਨਵਸ, ਸਭ ਨੂੰ ਹੀ ਹੈ ਚੰਗੀ ਲੱਗੀ।*
*ਫੁੱਲ ਦੀ ਲੱਗੀ ਨਾਲ ਬਾਦਲਾਂ, ਹੋਈ ਸੱਥ 'ਚ ਨੰਗੀ ਲੱਗੀ,*
*ਸਿੱਟਾ ਕਿਤੇ ਵੀ ਦਿਸਦਾ ਨਾਹੀਂ, 'ਦਾਤੀ' ਕਿੱਲੀ ਟੰਗੀ ਲੱਗੀ।*
*ਦਿੱਲੀ ਨਾਲੋਂ ਬਿੱਲੀ ਬੇਹਤਰ, ਇਹ ਦਾਤ ਵੀ ਮੰਗੀ ਲੱਗੀ,*
*ਹੋਇਆ ਨਹੀਂ ਰਾਜ ਰੰਗਲਾ, ਝਾੜੂ ਰੰਗ 'ਚ ਰੰਗੀ ਲੱਗੀ।*
*ਇਹ ਤਾਂ ਜਾਣ-ਪਛਾਣੇ ਹੀ ਹਨ, ਅਜੇ ਤਾਂ ਹੋਰ ਨਿਸ਼ਾਨ ਆਣਗੇ,*
*ਹਲੀਮੀ ਰਾਜ ਦਾ ਹੋਕਾ ਦੇ ਕੇ, ਨਵੇਂ ਕਈ ਭਗਵਾਨ ਆਣਗੇ।*

**-ਗੁਲਪੁਰ**

# ਖੰਡ ਦੇ ਨਾਲ-ਨਾਲ ਸਭ ਕੁਝ ਮਹਿੰਗਾ ਹੋਵੇਗਾ


ਵਿਸ਼ਵਾ ਮਿੱਤਰ

ਮੋਦੀ ਰਾਜ ਤੋਂ ਪਹਿਲਾਂ ਜਿੰਨੀਆਂ ਵੀ ਸਰਕਾਰਾਂ ਆਈਆਂ, ਉਹਨਾਂ ਨੇ ਹਰ ਹਾਲ ਵਿਚ ਅੰਤਰਰਾਸ਼ਟਰੀ ਪੱਧਰ 'ਤੇ ਫ਼ਲਸਤੀਨ ਦਾ ਸਾਥ ਦਿੱਤਾ, ਪਰ ਮੋਦੀ ਰਾਜ ਤੋਂ ਸਰਕਾਰ ਫ਼ਲਸਤੀਨ ਅਤੇ ਉਸ ਦੇ ਸਾਥੀਆਂ ਦੇ ਵਿਰੁੱਧ ਭੁਗਤਣੀ ਸ਼ੁਰੂ ਹੋ ਗਈ । ਇਜ਼ਰਾਈਲ ਨਾਲ ਮਿਲ ਕੇ ਈਰਾਨ 'ਤੇ ਬੰਬਾਰੀ ਕਰਨ ਵਾਲੇ ਅਮਰੀਕਾ ਦਾ ਸਾਥ ਵੀ ਭਾਰਤ ਨੇ ਦੇਣਾ ਸ਼ੁਰੂ ਕਰ ਦਿੱਤਾ, ਪਰ ਜਿਨ੍ਹਾਂ ਨੂੰ ਖੁਸ਼ ਕਰਨ ਲਈ ਫ਼ਲਸਤੀਨ ਅਤੇ ਈਰਾਨ ਦਾ ਸਾਥ ਛੱਡਿਆ ਉਹਨਾਂ ਨੇ ਸਾਨੂੰ ਹਰ ਵੇਲੇ ਧੋਖਾ ਹੀ ਦਿੱਤਾ। ਅਮਰੀਕਾ ਵਰਗੇ ਦੇਸ਼ ਨੇ ਸਾਡੇ 'ਤੇ ਵਪਾਰਕ ਬੰਦਸ਼ਾਂ ਲਗਾ ਦਿੱਤੀਆਂ, ਰੂਸ ਜਾਂ ਈਰਾਨ ਕੋਲੋਂ ਤੇਲ ਲੈਣ ਤੋਂ ਮਨ੍ਹਾਂ ਕਰ ਦਿੱਤਾ ਅਤੇ ਅਮਰੀਕਾ ਨਿਰਯਾਤ ਹੋਣ ਵਾਲੇ ਭਾਰਤੀ ਮਾਲ 'ਤੇ ਵੱਧ ਟੈਰਿਫ ਲਗਾਉਣਾ ਸ਼ੁਰੂ ਕਰ ਦਿੱਤਾ। ਭਾਰਤ ਦੀ ਫ਼ਲਸਤੀਨ ਵਿਰੋਧੀ ਨੀਤੀ ਪਿੱਛੇ ਚਾਲਕ ਸ਼ਕਤੀ ਕੇਵਲ ਮੁਸਲਮਾਨਾਂ ਪ੍ਰਤੀ ਨਫ਼ਰਤ ਹੈ। ਵੋਟ ਬੈਂਕ ਵਾਲੀ ਸਥਾਨਕ ਨਫ਼ਰਤੀ ਨੀਤੀ ਨੂੰ ਇਹ ਅੰਤਰਰਾਸ਼ਟਰੀ ਪੱਧਰ ਤੱਕ ਲੈ ਗਏ, ਜਿਸ ਨਾਲ ਭਾਰਤ ਨੇ ਆਪਣੇ ਦੋਸਤ ਰੂਸ ਨੂੰ ਵੀ ਨਾਰਾਜ਼ ਕਰ ਲਿਆ, ਜਿਸ ਨੇ ਬੰਗਲਾਦੇਸ਼ ਆਜ਼ਾਦ ਕਰਵਾਉਣ ਵੇਲੇ ਡਟ ਕੇ ਅਮਰੀਕਾ ਦੇ ਵਿਰੋਧ ਵਿਚ ਜਾ ਕੇ ਸਾਡੀ ਸਹਾਇਤਾ ਕੀਤੀ ਸੀ ਅਤੇ ਹਜ਼ਾਰਾਂ ਸਾਲਾਂ ਤੋਂ ਆਪਣਾ ਦੋਸਤ ਈਰਾਨ ਵੀ ਨਾਰਾਜ਼ ਕਰ ਲਿਆ, ਭਾਵੇਂ ਕਿ ਇਹਨਾਂ ਦੋਸਤਾਂ ਨੇ ਸਿਆਣਪ ਵਰਤਦੇ ਹੋਏ ਨਾਰਾਜ਼ਗੀ ਜ਼ਹਿਰ ਨਹੀਂ ਹੋਣ ਦਿੱਤੀ ।

ਹੋਰਮੂਜ਼ ਜਲਡਮਰੂ ਤੋਂ ਤੇਲ ਆਉਣਾ ਬੰਦ ਹੋ ਗਿਆ, ਆਪਣੇ ਕੋਲ ਤੇਲ ਪਹਿਲਾਂ ਹੀ ਘੱਟ ਹੈ ਅਤੇ ਰੂਸ ਤੋਂ ਵੀ ਥੋੜ੍ਹਾ ਆ ਰਿਹਾ ਹੈ । ਪੈਟਰੋਲ ਦੀ ਕਿੱਲਤ ਵਾਲੀ ਸਥਿਤੀ ਦਾ ਫਾਇਦਾ ਉਠਾਉਣ ਵਾਲਿਆਂ ਨੇ ਮੋਦੀ ਦਾ ਹੀ ਇੱਕ ਫਾਰਮੂਲਾ 'ਆਪਦਾ ਮੇਂ ਅਵਸਰ' ਵਰਤ ਲਿਆ। ਐਲਕੋਹਲ ਬਣਾਉਣ ਵਾਲੇ ਅਦਾਰਿਆਂ ਨੇ ਸਰਕਾਰ ਨਾਲ ਮਿਲ ਕੇ ਵਾਹਨਾਂ ਦੇ ਪੈਟਰੋਲ ਵਿਚ 20 ਫੀਸਦੀ ਐਲਕੋਹਲ ਮਿਲਾਉਣਾ ਸ਼ੁਰੂ ਕਰ ਦਿੱਤਾ, ਜਿਸ ਨੂੰ ਈ-20 ਕਹਿੰਦੇ ਹਨ ਅਤੇ ਇਸ ਨਾਲ ਐਲਕੋਹਲ ਦੀ ਵਿਕਰੀ ਵੱਧ ਗਈ, ਮੁਨਾਫ਼ਾ ਵੀ ਵਧਿਆ ਅਤੇ ਬਹਾਨਾ ਇਹ ਲਗਾਇਆ ਕਿ ਜੇਕਰ ਐਲਕੋਹਲ ਨਾ ਮਿਲਾਉਂਦੇ ਤਾਂ ਪੈਟਰੋਲ 250 ਪ੍ਰਤੀ ਲਿਟਰ ਤੋਂ ਘੱਟ ਕੀਮਤ 'ਤੇ ਨਹੀਂ ਮਿਲਣਾ ਸੀ। ਇਸ ਵਿਚ ਜ਼ਿਆਦਾ ਲਾਭ ਲੈਣ ਵਾਲੇ ਸੀਆਨ ਐਗਰੋ ਇੰਡਸਟਰੀਜ਼, ਜਿਸ ਦੇ ਮਾਲਕ ਨਿਖਿਲ ਗਡਕਰੀ ਹਨ ਅਤੇ ਮਾਨਸ ਐਗਰੋ ਇੰਡਸਟਰੀਜ਼, ਜਿਸ ਦੇ ਮਲਿਕ ਸਾਰੰਗ ਗਡਕਰੀ ਹਨ । ਨਿਖਿਲ ਅਤੇ ਸਾਰੰਗ ਦੋਵੇਂ ਸੜਕ ਪਰਿਵਹਨ ਅਤੇ ਹਾਈਵੇ ਮੰਤਰੀ ਨਿਤਿਨ ਗਡਕਰੀ ਦੇ ਬੇਟੇ ਹਨ ਅਤੇ ਆਪਣੀਆਂ ਇੰਡਸਟਰੀਆਂ ਵਿਚ ਵੱਡੇ ਪੱਧਰ



'ਤੇ ਐਲਕੋਹਲ ਤਿਆਰ ਕਰਦੇ ਹਨ। ਵਹਿੰਦੀ ਗੰਗਾ ਵਿਚ ਹੋਰ ਵੀ ਐਲਕੋਹਲ ਨਿਰਮਾਤਾ ਕੰਪਨੀਆਂ ਨੇ ਆਪਣੇ ਹੱਥ ਧੋਣੇ ਸ਼ੁਰੂ ਕਰ ਦਿੱਤਾ ।

ਲੋਕਾਂ ਦਾ ਕਹਿਣਾ ਹੈ ਕਿ ਐਲਕੋਹਲ ਹਵਾ ਵਿਚੋਂ ਪਾਣੀ ਖਿੱਚਦਾ ਹੈ ਅਤੇ ਇਹ ਪਾਣੀ ਸਾਡੀਆਂ ਗੱਡੀਆਂ ਦੀਆਂ ਪੈਟਰੋਲ ਟੈਂਕੀਆਂ ਨੂੰ ਜੰਗਾਲ ਲਗਾ ਕੇ ਲੀਕ ਕਰਨ ਵਾਲੀਆਂ ਬਣਾ ਦੇਵੇਗਾ ਅਤੇ ਇੰਜਣ ਵੀ ਖਰਾਬ ਹੋਣਗੇ । ਸਰਕਾਰ ਦਾ ਕਹਿਣਾ ਹੈ ਕਿ ਕਈ ਦੇਸ਼ਾਂ ਵਿਚ ਗੱਡੀਆਂ ਈ-20 ਪੈਟਰੋਲ ਨਾਲ ਪਿਛਲੇ ਕਈ ਸਾਲਾਂ ਤੋਂ ਚੱਲ ਰਹੀਆਂ ਹਨ ਅਤੇ ਬ੍ਰਾਜ਼ੀਲ ਵਿੱਚ ਈ 25 ਪੈਟਰੋਲ ਵਰਤਿਆ ਜਾ ਰਿਹਾ ਹੈ । ਸਰਕਾਰ ਦਾ ਇਹ ਕਥਨ ਸੱਚ ਹੈ, ਪਰ ਅੱਧਾ ਸੱਚ ਹੈ, ਜਿਹੜਾ ਕਿ ਝੂਠ ਤੋਂ ਵੀ ਖਤਰਨਾਕ ਹੁੰਦਾ ਹੈ। ਜਿਹੜੇ ਦੇਸ਼ਾਂ ਵਿਚ ਈ-20 ਪੈਟਰੋਲ ਵਾਲਿਆਂ ਗੱਡੀਆਂ ਚੱਲ ਰਹੀਆਂ ਹਨ, ਉਹਨਾਂ ਦੀਆਂ ਟੈਂਕੀਆਂ ਅਤੇ ਇੰਜਣ ਈ-20 ਦੇ ਹਿਸਾਬ ਨਾਲ ਬਣਾਏ ਗਏ ਹਨ । ਵੈਸੇ ਈ 20 ਪੈਟਰੋਲ ਨਾਲ ਗੱਡੀਆਂ ਦੀ ਮਾਈਲੇਜ ਤਾਂ ਘਟਦੀ ਹੀ ਹੈ । ਐਨਾ ਤਾਂ ਸਰਕਾਰ ਦਾ ਵੀ ਮੰਨਣਾ ਹੈ। 2023 ਮਾਡਲ ਤੋਂ ਪਹਿਲਾਂ ਵਾਲੇ ਮਾਡਲਾਂ ਦੀਆਂ ਗੱਡੀਆਂ 'ਤੇ ਈ-20 ਦਾ ਅਸਰ ਮਾੜਾ ਹੋ ਸਕਦਾ ਹੈ । ਸਰਕਾਰ ਤਾਂ ਹੁਣ ਈ 25 ਵਾਲਾ ਪੈਟਰੋਲ ਵੀ ਪੈਟਰੋਲ ਪੰਪਾਂ 'ਤੇ ਲਿਆਉਣ ਦੀ ਯੋਜਨਾ ਬਣਾ ਰਹੀ ਹੈ।

ਇਸ ਸਿਸਟਮ ਵਿਚ ਹਰ ਕੋਈ ਆਪਣਾ ਮੁਨਾਫ਼ਾ ਵੇਖਦਾ ਹੈ। ਐਲਕੋਹਲ ਦੀ ਡਿਮਾਂਡ ਜ਼ਿਆਦਾ ਵਧਣ ਕਾਰਣ ਗੰਨੇ ਹੇਠਲਾ ਰਕਬਾ ਵੀ ਕਿਸਾਨ ਵਧਾ ਦੇਣਗੇ, ਜਿਸ ਨਾਲ ਖੰਡ ਮਿੱਲਾਂ ਅਤੇ ਐਲਕੋਹਲ ਫੈਕਟਰੀਆਂ ਲਈ ਗੰਨੇ ਦੀ ਸਪਲਾਈ ਵਧਾਈ ਜਾ ਸਕੇ। ਗੰਨੇ ਦੀ ਫ਼ਸਲ ਕੋਈ ਮਸਰ ਦੀ ਫ਼ਸਲ ਵਾਂਗ ਨਹੀਂ, ਜਿਹੜੀ ਥੋੜ੍ਹੀ ਬਹੁਤ ਬਰਸਾਤ ਦੇ ਪਾਣੀ ਨਾਲ ਹੀ ਵਧੀਆ ਹੋ ਜਾਂਦੀ ਹੈ, ਗੰਨੇ ਲਈ ਵੀ ਪਾਣੀ ਦੀ ਕਾਫ਼ੀ ਲੋੜ ਹੁੰਦੀ ਹੈ, ਜਿਸ ਨਾਲ ਧਰਤੀ ਹੇਠਲਾ ਪਾਣੀ ਹੋਰ ਹੇਠਾਂ ਚਲਾ ਜਾਵੇਗਾ । ਗੰਨੇ ਹੇਠ ਰਕਬਾ ਵਧਣ ਨਾਲ ਕਣਕ, ਚਾਵਲ, ਮੱਕੀ, ਦਾਲਾਂ , ਬਰਸੀਮ ਅਤੇ ਤੇਲ ਬੀਜਾਂ ਦਾ ਰਕਬਾ ਘਟ ਸਕਦਾ ਹੈ ਅਤੇ ਇਹਨਾਂ ਦੀ ਸਪਲਾਈ ਘਟਣ ਨਾਲ ਇਹ ਮਹਿੰਗੇ ਵੀ ਹੋ ਸਕਦੇ ਹਨ। ਪਸ਼ੂਆਂ ਲਈ ਚਾਰੇ ਹੇਠ ਰਕਬਾ ਵੀ ਘਟ ਸਕਦਾ ਹੈ, ਜਿਸ ਨਾਲ ਡੇਅਰੀ ਉਦਯੋਗ 'ਤੇ ਮਾੜਾ ਅਸਰ ਪਵੇਗਾ ਅਤੇ ਦੁੱਧ, ਦਹੀਂ, ਮੱਖਣ, ਪਨੀਰ, ਘਿਓ ਆਦਿ ਮਹਿੰਗੇ ਹੋਣਗੇ । ਮੱਕੀ ਦੀ ਉਪਜ ਘਟਣ ਨਾਲ ਜਾਂ ਪੈਦਾ ਹੋਈ ਮੱਕੀ ਤੋਂ ਵੀ ਐਲਕੋਹਲ ਤਿਆਰ ਕਰਨ ਨਾਲ ਮੁਰਗੀਆਂ ਦੀ ਖੁਰਾਕ ਘਟੀਆ ਅਤੇ ਮਹਿੰਗੀ ਹੋਵੇਗੀ ਜਿਸ ਨਾਲ ਚਿਕਨ ਅਤੇ ਅੰਡੇ ਮਹਿੰਗੇ ਹੋਣਗੇ। ਪੈਟਰੋਲ ਮਹਿੰਗਾ ਹੋਣ ਕਾਰਣ ਜਾਂ ਮਾਈਲੇਜ ਘਟਣ ਕਾਰਣ ਟਰਾਂਸਪੋਰਟ ਵੀ ਮਹਿੰਗੀ ਹੋਵੇਗੀ। ਬੱਸਾਂ ਦੇ ਕਿਰਾਏ ਵੀ ਵਧਣਗੇ ।

ਮਹਿੰਗਾਈ ਦੀ ਕੇਵਲ ਇੱਕ ਤੰਦ ਨਹੀਂ ਹੁੰਦੀ ਜਿਹੜੀ ਉੱਪਰ ਜਾਣ ਤੇ ਕੇਵਲ ਉਸ ਨਾਲ ਸੰਬੰਧਤ ਚੀਜ਼ ਮਹਿੰਗੀ ਹੁੰਦੀ ਹੈ। ਮਹਿੰਗਾਈ ਦਾ ਇੱਕ ਜਾਲ ਹੁੰਦਾ ਹੈ, ਜਿਸ ਦੀ ਇੱਕ ਤੰਦ ਉੱਪਰ ਜਾਣ ਨਾਲ ਸਾਰਾ ਜਾਲ ਇੱਕਠਾ ਉੱਪਰ ਜਾਂਦਾ ਹੈ। ਜੇਕਰ ਲੋਕਾਂ ਨੂੰ ਆਟਾ, ਦਾਲਾਂ, ਦੁੱਧ, ਘਿਓ, ਤੇਲ, ਸਬਜ਼ੀਆਂ, ਨਾਨ-ਵੈੱਜ ਆਦਿ ਮਹਿੰਗਾ ਮਿਲੇਗਾ ਤਾਂ ਉਸ ਨਾਲ ਹੋਰ ਸਭ ਕੁਝ ਮਹਿੰਗਾ ਹੋਵੇਗਾ। ਤੁਹਾਨੂੰ ਯਾਦ ਹੋਵੇਗਾ ਕਿ ਜਿੰਨੀ ਵਾਰ ਵੀ ਪੈਟਰੋਲ ਜਾਂ ਡੀਜ਼ਲ ਦੀ ਕੀਮਤ ਵਧੀ ਹੈ, ਓਨੀ ਵਾਰ ਟਰਾਂਸਪੋਰਟ ਮਹਿੰਗਾ ਹੋਣ ਕਾਰਣ ਹੋਰ ਵਸਤਾਂ ਦੀਆਂ ਕੀਮਤਾਂ ਵੀ ਵਧੀਆਂ ਹਨ।

**# ਸੰਪਰਕ : 94176-32228**

# ਇਸਰੋ ਬਨਾਮ ਨਿੱਜੀ ਕੰਪਨੀਆਂ

**ਹਰੀ ਕ੍ਰਿਸ਼ਨ ਮਾਇਰ**

ਸੰਸਥਾਵਾਂ ਕਈ ਵਾਰ ਮੁੱਠੀਭਰ ਮਾਹਰ ਵਿਅਕਤੀਆਂ ਦੇ ਨਾਂਅ 'ਤੇ ਹੀ ਚਲਦੀਆਂ ਹੁੰਦੀਆਂ ਹਨ।ਉਨ੍ਹਾਂ ਦੇ ਚਲੇ ਜਾਣ ਨਾਲ ਉਨ੍ਹਾਂ ਦਾ ਵਸੀਹ ਤਜਰਬਾ ਅਤੇ ਹੁਨਰ ਵੀ ਉਨ੍ਹਾਂ ਦੇ ਨਾਲ ਸੰਸਥਾ ਦੀ ਦਹਿਲੀਜ਼ੋਂ ਬਾਹਰ ਨਿਕਲ ਜਾਂਦਾ ਹੈ।ਖ਼ਬਰ ਹੈ ਕਿ ਭਾਰਤੀ ਪੁਲਾੜ ਖੋਜ ਸੰਸਥਾ (ISRO) ਦੇ 100 ਤੋਂ ਵੱਧ ਵਿਗਿਆਨੀਆਂ ਅਤੇ ਇੰਜੀਨੀਅਰਾਂ ਨੇ ਹਾਲ ਹੀ ਵਿੱਚ ਆਪਣੇ ਅਹੁਦੇ ਤੋਂ ਅਸਤੀਫ਼ੇ ਦੇ ਦਿੱਤੇ ਜਾਂ ਸਮੇਂ ਤੋਂ ਪਹਿਲਾਂ ਸਵੈ-ਇੱਛਾ ਨਾਲ ਸੇਵਾ-ਮੁਕਤ ਹੋ ਗਏ ਹਨ।

**ਨਿੱਜੀ ਕੰਪਨੀਆਂ ਦਾ ਪ੍ਰਵੇਸ਼:** ਪੁਲਾੜ ਪ੍ਰੋਗਰਾਮਾਂ ਵਿੱਚ ਨਿੱਜੀ ਖੇਤਰ ਨੂੰ ਸਹਿਮਤੀ ਭਾਰਤ ਸਰਕਾਰ ਵੱਲੋਂ ਜੂਨ 2020 ਦਿੱਤੀ ਗਈ ਸੀ।ਇਸ ਦੇ ਨਾਲ ਹੀ ਨਿੱਜੀ ਕੰਪਨੀਆਂ ਨੂੰ ਰਾਕਟ ਤਿਆਰ ਕਰਨ, ਉਪਗ੍ਰਹਿ ਦਾਗ਼ਣ ਲਈ ਇਸਰੋ ਦੀ ਇਮਾਰਤ ਵਿੱਚ ਉਪਲੱਬਧ ਸੁਵਿਧਾਵਾਂ ਨੂੰ ਇਸਤੇਮਾਲ ਕਰਨ ਦੀ ਖੁੱਲ੍ਹ ਦਿੱਤੀ ਗਈ ਸੀ।ਨਿੱਜੀ ਖੇਤਰ ਦੀਆਂ ਗਤੀਵਿਧੀਆਂ ਨੂੰ ਨਿਯਮਿਤ ਕਰਨ ਲਈ ਭਾਰਤੀ ਰਾਸ਼ਟਰੀ ਪੁਲਾੜ ਪ੍ਰਮੋਸ਼ਨ ਅਤੇ ਅਧਿਕਾਰ ਕੇਂਦਰ (IN- SPACe) ਨੋਡਲ ਏਜੰਸੀ ਦੀ ਸਥਾਪਨਾ ਕੀਤੀ ਗਈ ਹੈ। ਨਿੱਜੀ ਕੰਪਨੀਆਂ ਅਤੇ ਇਸਰੋ ਭਾਰਤੀ ਪੁਲਾੜ ਪ੍ਰੋਗਰਾਮਾਂ ਵਿੱਚ ਨਿੱਜੀ ਕੰਪਨੀਆਂ ਦੀ ਭਾਗੀਦਾਰੀ ਨਾਲ ਇਸਰੋ 'ਤੇ ਸਕਾਰਾਤਮਕ ਅਤੇ ਚੁਣੌਤੀਪੂਰਨ ਦੋਹਾਂ ਤਰੀਕਿਆਂ ਦਾ ਪ੍ਰਭਾਵ ਪਿਆ ਹੈ। ਕਿਨ੍ਹਾਂ ਨੇ ਅਸਤੀਫ਼ੇ ਦਿੱਤੇ, ਇਸਰੋਂ ਦੇ ਅਸਤੀਫ਼ੇ ਦੇਣ ਵਾਲਿਆਂ ਵਿੱਚ ਅਦਿਤਯ ਰੱਲਾਪੱਲੀ ਚੰਦਰਯਾਨ-3 ਪ੍ਰਾਜੈਕਟ ਦੇ ਮੈਨੇਜਰ ਸਨ।ਵਿਕਟਰ ਜੌਸਫ਼ LVM -3 (ਲਾਂਚ ਵਹੀਕਲ ਮਾਰਕ 3) ਦੇ ਪ੍ਰੋਜੈਕਟ ਡਾਇਰੈਕਟਰ ਸਨ, ਜੋ ਗਗਨਯਾਨ ਵਰਗੇ ਮਹੱਤਵਪੂਰਨ ਮਿਸ਼ਨਾਂ ਲਈ ਮਹੱਤਵਪੂਰਨ ਸਨ । ਐੱਸ ਸੋਮ ਨਾਥ ਪਹਿਲੇ ਚੇਅਰਮੈਨ ਨੇ ਇਸਰੋ ਛੱਡ ਕੇ ਵਿਕਰਮ ਸਾਰਾਭਾਈ ਡਿਸਟਿੰਗੂਇਸ਼ਡ ਪ੍ਰੋਫੈਸਰ ਸਿੱਖਿਆ ਅਤੇ ਖੋਜ ਵੱਲ ਚਲੇ ਗਏ ਹਨ।ਹੋਰ ਵੀ ਕਈ ਨਾਮੀ ਖੋਜੀ ਅਤੇ ਤਕਨੀਕੀ ਮਾਹਰ ਇਸਰੋ ਨੂੰ ਛੱਡ ਕੇ ਚਲੇ ਗਏ ਹਨ।ਹੋਰ ਪ੍ਰਭਾਵ ਇਸਰੋ ਨੇ ਆਪਣੀਆਂ ਵਿਕਸਤ ਤਕਨੀਕਾਂ ਅਤੇ ਪੇਟੈਂਟ ਨਿੱਜੀ ਕੰਪਨੀਆਂ ਨੂੰ ਬੜੀ ਘੱਟ ਕੀਮਤ 'ਤੇ ਦਿੱਤੀਆਂ ਗਈਆਂ ਹਨ।ਨਿੱਜੀ ਕੰਪਨੀਆਂ ਨੂੰ ਇਸ ਤੋਂ ਕਾਫ਼ੀ ਮੁਨਾਫ਼ਾ ਹੋ ਰਿਹਾ ਹੈ, ਪਰ ਇਸਰੋ ਨੂੰ ਬਣਦਾ ਵਿੱਤੀ ਲਾਭ ਨਹੀਂ ਹੋ ਰਿਹਾ ।

ਹੁਣ ਇਸਰੋ ਰਾਕਟ ਦਾਗਣ, ਕਮਰਸ਼ੀਅਲ ਉਪ ਗ੍ਰਹਿ ਨਿਰਮਿਤ ਕਰਨ ਨਾਲੋਂ ਗਹਿਰ-ਗੰਭੀਰ ਪੁਲਾੜੀ ਖੋਜ ਜਿਵੇਂ ਗਗਨਯਾਨ, ਚੰਦਰਯਾਨ ਅਤੇ ਵਿਗਿਆਨਕ ਖੋਜਾਂ 'ਤੇ ਵਧੇਰੇ ਧਿਆਨ ਕੇਂਦਰਤ ਕਰ ਸਕਣਗੇ।

**ਪ੍ਰਤਿਭਾ ਪਲਾਇਨ:** ਸਕਾਈਰੂਟ ਏਅਰੋਸਪੇਸ ਜਿਹੀਆਂ ਨਵੀਆਂ ਅਤੇ ਤੇਜ਼ੀ ਨਾਲ ਉੱਭਰ ਰਹੀਆਂ ਨਿੱਜੀ ਕੰਪਨੀਆਂ ਵੱਲੋਂ ਬਿਹਤਰ ਤਨਖ਼ਾਹ ਅਤੇ ਕੈਰੀਅਰ ਦੇ ਮੌਕੇ ਦਿੱਤੇ ਜਾਣ ਕਾਰਨ ਇਸਰੋ ਦੇ ਵੱਡੀ ਗਿਣਤੀ ਵਿੱਚ ਵਿਗਿਆਨੀ ਅਤੇ ਇੰਜੀਨੀਅਰਾਂ ਨੇ ਅਸਤੀਫੇ ਦਿੱਤੇ ਹਨ।ਇਸ ਨਾਲ ਗਗਨਯਾਨ ਜਿਹੇ ਮਹੱਤਵਪੂਰਨ ਅਭਿਆਨਾਂ ਦੀ ਸੀਮਾ ਅਵਧੀ ਹੋਰ ਅੱਗੇ ਪਾਏ ਜਾਣ ਦਾ ਖਤਰਾ ਬਣ ਸਕਦਾ ਹੈ।ਇਸ ਰੁਝਾਨ ਨੂੰ ਰੋਕਣ ਲਈ ਸਰਕਾਰ ਵੱਲੋਂ ਅਸਤੀਫ਼ੇ ਦੇ ਨਿਯਮਾਂ ਵਿੱਚ ਸਖਤੀ ਕਰਨ ਦੇ ਨਿਯਮ ਲਾਗੂ ਕੀਤੇ ਗਏ ਹਨ।

ਇਸਰੋ ਦੀ ਕਮਰਸ਼ੀਅਲ ਸ਼ਾਖਾ ( NSIL) ਨਿਊ ਸਪੇਸ ਇੰਡੀਆ ਲਿਮਟਿਡ, ਅਤੇ ਸਪੇਸ ਸਟਾਰਟ ਅੱਪ ਦੇ ਲਈ ਬਣੇ IN-SPACe ਦੇ ਗਠਨ ਨਾਲ ਪੁਲਾੜੀ ਅਰਥ ਵਿਵਸਥਾ ਵਿੱਚ ਭਾਰੀ ਉਛਾਲ ਆਇਆ ਹੈ।

**ਨਵੀਂ ਉਪਲਬਧੀ :** ਇਸ ਇਤਿਹਾਸਿਕ ਤਬਦੀਲੀ ਹੋਣ ਤੋਂ ਬਾਅਦ ਦੇਸ਼ ਦੇ ਕਈ ਸਪੇਸ ਟੇਕ ਸਟਾਰਟ ਅਪਸ ਸਕਾਈਰੂਟ ਏਅਰੋਸਪੇਸ (Skyroot Aerospace) ਨੇ ਆਪਣਾ ਪਹਿਲਾ ਨਿੱਜੀ ਆਰਬੀਟਲ ਰਾਕਟ ਵਿਕਰਮ-1 ਸ੍ਰੀ ਹਰੀਕੋਟਾ ਤੋਂ ਸਫਲਤਾਪੂਰਵਕ ਪੁਲਾੜ ਦਾਗ਼ ਕੇ ਇਤਿਹਾਸ ਰਚ ਦਿੱਤਾ ਹੈ।

**ਇਸਰੋ ਦੀ ਸਥਿਤੀ:** ਇਸਰੋ ਦੇ ਕਰਮਚਾਰੀਆਂ ਨੇ ਪਹਿਲਾਂ ਹੀ ਤਣਾਅਗ੍ਰਸਤ ਸਥਿਤੀਆਂ ਅਤੇ ਕੰਮ ਦੇ ਅਥਾਹ ਬੋਝ ਹੋਣ ਕਰਕੇ ਵਿਰੋਧ ਵਿੱਚ ਅਸਤੀਫੇ ਦਿੱਤੇ ਹਨ ।ਵਰ੍ਹੇ ਦੇ ਆਰੰਭ ਵਿੱਚ ਇਸਰੋ ਵਿੱਚ 2600 ਤੋਂ ਵੱਧ ਅਹੁਦੇ ਖਾਲੀ ਪਏ ਸਨ।ਇਹ ਕੁਲ ਆਸਾਮੀਆਂ ਦਾ 14 ਪ੍ਰਤੀਸ਼ਤ ਬਣਦਾ ਹੈ।ਇੱਕ ਕਰਮਚਾਰੀ ਕਈ ਕਰਮਚਾਰੀਆਂ ਦੇ ਕੰਮ ਦਾ ਬੋਝ ਚੁੱਕ ਰਿਹਾ ਸੀ।ਗਗਨਯਾਨ ਮਨੁੱਖੀ ਪੁਲਾੜ ਉਡਾਣ ਮਿਸ਼ਨ, ਚੰਦਰਯਾਨ-4 ਅਤੇ ਭਾਰਤੀ ਪੁਲਾੜ ਸਟੇਸ਼ਨ ਜਿਹੇ ਵੱਡੇ ਕੌਮੀ ਪ੍ਰਾਜੈਕਟਾਂ ਲਈ ਇਸਰੋ 'ਤੇ ਤਿਆਰੀ ਦਾ ਦਬਾਅ ਬਣਿਆ ਹੋਇਆ ਸੀ।

**ਸੋਚਣਾ ਬਣਦਾ ਹੈ:** ਇਸਰੋ ਨੇ ਭਾਰਤ ਦੀ ਤਰੱਕੀ ਨੂੰ ਜ਼ਮੀਨ ਤੋਂ ਅਸਮਾਨ ਤੀਕ ਪਹੁੰਚਾਣ ਵਿੱਚ ਵੱਡੀ ਭੂਮਿਕਾ ਨਿਭਾਈ ਹੈ।ਇਸਰੋ ਸਾਡੀ ਕੌਮੀ ਧਰੋਹਰ ਹੈ ।ਅਜੇ ਹੁਣ ਤਾਂ ਇਸ ਤੋਂ ਵਿੱਤੀ ਫ਼ਾਇਦਾ ਹੋਣਾ ਸ਼ੁਰੂ ਹੋਇਆ ਸੀ।ਖੋਜੀਆਂ ਨੂੰ ਉਤਸ਼ਾਹਜਨਕ ਤਨਖਾਹਾਂ, ਕੈਰੀਅਰ ਵਿੱਚ ਤਰੱਕੀ ਦੇ ਮੌਕੇ ਅਤੇ ਹੋਰ ਸਹੂਲਤਾਂ ਪ੍ਰਦਾਨ ਕਰਨਾ ਸਰਕਾਰ ਦਾ ਫਰਜ਼ ਹੁੰਦਾ ਹੈ।ਪੋਸਟਾਂ ਖਾਲੀ ਹੋਣ ਕਰਕੇ ਇੱਕ ਕਰਮਚਾਰੀ ਸਾਲਾਂਬੱਧੀ ਕਈਆਂ ਦਾ ਬੋਝ ਚੁੱਕ ਰਹੇ ਸਨ ।ਉਹ ਥੱਕ-ਅੱਕ ਕੇ ਰੋਸ ਹੀ ਦਿਖਾਵੇਗਾ । ਉਨ੍ਹਾਂ ਦਾ ਹੁਨਰ ਵੱਡੀਆਂ ਸਰਮਾਏਦਾਰ ਪ੍ਰਾਈਵੇਟ ਕੰਪਨੀਆਂ ਨੇ ਵੱਧ ਮੁੱਲ ਉਤਾਰ ਕੇ ਖਰੀਦ ਲਿਆ ਹੈ।

ਸਰਕਾਰੀ ਅਦਾਰੇ ਟੈਲੈਂਟ ਤੋਂ ਖੋਖਲੇ ਹੋਣ ਲੱਗੇ ਹਨ। ਕਿਸੇ ਸੰਸਥਾ ਨੂੰ ਪਹਿਲਾਂ ਹੌਲ਼ੀ ਹੀਣੀ ਬਣਾ ਕੇ ਨਿੱਜੀ ਹੱਥਾਂ ਦੇ ਸਪੁਰਦ ਕਰਨ ਨਾਲ ਵਿਅਕਤੀਗਤ ਲੋਕ ਤਾਂ ਅਮੀਰ ਬਣ ਸਕਦੇ ਹਨ,ਪਰ ਦੇਸ਼ ਢਹਿੰਦੀ ਕਲਾ ਵਿੱਚ ਚਲਾ ਜਾਂਦਾ ਹੈ। ਵਪਾਰੀਆਂ ਨੂੰ ਨਿੱਜੀ ਮੁਨਾਫ਼ਾ ਪਿਆਰਾ ਹੁੰਦਾ ਨਾ ਕਿ ਮੁਲਕ ।ਹਰ ਖੇਤਰ ਵਿੱਚ ਨਿੱਜੀਕਰਨ ਦੇਸ਼ ਦੇ ਹਿੱਤ ਵਿੱਚ ਨਹੀਂ ਹੋਵੇਗਾ।

ਸੰਵੇਦਨਸ਼ੀਲ ਡਾਟਾ ਲੀਕ: ਇਕ ਹੋਰ ਬੁਰੀ ਖ਼ਬਰ ਸੁਣਨ ਨੂੰ ਮਿਲੀ ਹੈ ਕਿ ਇੱਕ ਵਪਾਰੀ ਨੇ 19000 ਫਾਈਲਾਂ ਜਿਨ੍ਹਾਂ ਵਿੱਚ ਦੇਸ਼ ਦੇ ਸਭ ਤੋਂ ਵੱਡੇ ਨਿਊਕਲੀਅਰ ਪਾਵਰ ਪਲਾਂਟ ਕੁੰਡੂਕਲਾਮ ਨਾਲ ਸੰਬੰਧਤ ਭੇਦਭਰਿਆ ਤੇ ਸੰਵੇਦਨਸ਼ੀਲ ਡਾਟਾ, ਸੁਰੱਖਿਆ ਪ੍ਰੋਟੋਕੋਲ ਅਤੇ ਤਕਨੀਕੀ ਵੇਰਵੇ ਅਤੇ ਪ੍ਰਮਾਣੂ ਸਯੰਤਰਾਂ ਦੇ ਲੇਅ ਆਊਟ ਸੀਕਰਟ ਪ੍ਰਾਜੈਕਟ ਨਾਲ ਜੁੜੀਆਂ ਫਾਈਲਾਂ, ਕਰਮਚਾਰੀਆਂ ਬਾਰੇ ਜਾਣਕਾਰੀ, ਭਾਰਤ ਦੇ ਪ੍ਰਮਾਣੂ ਪ੍ਰੋਜੈਕਟਾਂ ਦੀ ਨਾਜ਼ੁਕ ਜਾਣਕਾਰੀ ਅਪਰਾਧੀਆਂ, ਚੋਰਾਂ, ਆਤੰਕੀਆਂ ਵਾਲੀ ਡਾਰਕ ਸਾਈਟ ਕੇ ਪਾ ਦਿੱਤੀਆਂ ਹਨ। ਇਸ ਵਪਾਰੀ ਨੂੰ ਸਰਕਾਰ ਵੱਲੋਂ ਸਬੰਧਤ ਫਾਈਲਾਂ ਦੇ ਪ੍ਰਬੰਧਨ ਦੀ ਜ਼ਿੰਮੇਵਾਰੀ ਸੌਂਪੀ ਗਈ ਸੀ।

**ਦਰਪੇਸ਼ ਖਤਰੇ :** ਸਾਡੀ ਕੌਮੀ ਸੁਰੱਖਿਆ ਲਈ ਸਿੱਧਾ ਖਤਰਾ ਖੜਾ ਹੋ ਸਕਦਾ ਹੈ। ਇਹ ਜਾਣਕਾਰੀ ਦੇਸ਼ ਨੂੰ ਢਾਹ ਲਗਾਉਣ ਵਾਲੇ ਲੋਕਾਂ ਦੇ ਹੱਥ ਲੱਗ ਸਕਦੀ ਹੈ।ਦੇਸ਼ ਦੀ ਕੂਟਨੀਤਕ ਸਥਿਤੀ 'ਤੇ ਪ੍ਰਭਾਵ ਪੈ ਸਕਦਾ ਹੈ।ਦੇਸ਼ ਦੇ ਪੁਲਾੜ ਖੇਤਰ ਦੇ ਭਵਿੱਖ ਦੇ ਮਿਸ਼ਨਾਂ ਦੇ ਕਾਰਜਾਂ ਵਿੱਚ ਖਲਲ਼ ਪੈ ਸਕਦੀ ਹੈ।

**ਅਣਦੇਖੀ ਹੋਈ ਹੈ:** ਦੇਸ਼ ਵੱਲੋਂ ਕਿਤੇ ਨਾ ਕਿਤੇ ਯੋਜਨਾ ਬਣਾਉਣ ਅਤੇ ਇਸਰੋ ਦੇ ਕਰਮਚਾਰੀਆਂ ਲਈ ਸੁਖਾਵਾਂ ਮਾਹੌਲ ਸਿਰਜਣ ਵਿੱਚ ਅਣਦੇਖੀ ਜ਼ਰੂਰ ਹੋਈ ਹੈ।ਵਪਾਰੀਆਂ ਹੱਥ ਪਿਆ ਪੁਲਾੜ ਪ੍ਰੋਗਰਾਮ ਦੇਸ਼ ਦੇ ਕਿੰਨਾ ਕੁ ਹਿੱਤ ਵਿੱਚ ਭੁਗਤੇਗਾ, ਇਹ ਤਾਂ ਆਉਣ ਵਾਲਾ ਵਕਤ ਹੀ ਦੱਸੇਗਾ।

**ਈ ਮੇਲ: mayer_hk@yahoo.com**

# ਦੇਸ਼ ਭਗਤ ਹੋਣ ਦਾ ਨਾਂਅ ਹੈ ਨਕਸਲ ਦਿਮਾਗ


ਗੁਰਮੀਤ ਸਿੰਘ ਬਖ਼ਤਪੁਰਾ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸਾਲ 2026 ਦੇ 15 ਅਗਸਤ ਦੇ ਅਜ਼ਾਦੀ ਦਿਵਸ ਉਪਰ ਦੇਸ਼ ਵਾਸੀਆ ਨੂੰ ਨਸੀਹਤ ਦੇਣਾ ਕਿ ਭਾਵੇਂ ਜੰਗਲਾਂ 'ਚੋਂ ਹਥਿਆਰਬੰਦ ਮਾਓਵਾਦੀ ਖਤਮ ਕਰ ਦਿੱਤੇ ਗਏ ਹਨ, ਪਰ ਅਜੇ ਵੀ ਦਿਮਾਗੀ ਨਕਸਲ ਤੋਂ ਦੂਰ ਰਹਿਣ ਅਤੇ ਬਚਣ ਦੀ ਜ਼ਰੂਰਤ ਹੈ ।

ਕੌਣ ਹੈ ਦਿਮਾਗੀ ਨਕਸਲ, ਜਿਸ ਨਾਂਅ ਤੋਂ ਭਾਰਤੀ ਰਿਆਸਤ ਸਹਿਮੀ ਅਤੇ ਡਰੀ ਹੋਈ ਹੈ, ਕਿਉਂਕਿ ਹਕੀਕਤ ਵਿਚ ਪ੍ਰਧਾਨ ਮੰਤਰੀ ਦੇ ਲਾਲ ਕਿਲ੍ਹੇ ਤੋਂ ਬੋਲੇ ਗਏ ਸ਼ਬਦ ਭਾਰਤੀ ਰਿਆਸਤ ਵੱਲੋਂ ਕਹੇ ਗਏ ਸ਼ਬਦ ਹਨ ।ਪ੍ਰਧਾਨ ਮੰਤਰੀ ਜੀ, ਨਕਸਲ ਸ਼ਬਦ ਦਾ ਅਰਥ ਦੇਸ਼ ਨਾਲ ਗਦਾਰੀ ਕਰਨਾ, ਝੂਠ ਬੋਲਣਾ, ਪਖੰਡੀ ਹੋਣਾ, ਫਿਰਕਾਪ੍ਰਸਤ ਹੋਣਾ ਜਾਂ ਦੇਸ਼ ਧ੍ਰੋਹੀ ਹੋਣਾ ਨਹੀ ਅਤੇ ਨਾ ਹੀ ਨਕਸਲ ਸ਼ਬਦ ਦਾ ਅਰਥ ਧਰਮ ਅਧਾਰਤ ਲੋਕਾਂ ਵਿੱਚ ਵੰਡੀਆਂ ਪਾਉਣਾ ਅਤੇ ਸਾਮਰਾਜੀਆਂ ਦੇ ਪਿੱਠੂ ਹੋਣਾ ਹੈ ।ਨਕਸਲ ਹੋਣ ਦੇ ਮਾਇਨੇ ਦੇਸ਼ ਦੇ ਦੱਬੇ ਕੁਚਲੇ ਲੋਕਾ ਦੇ ਖੈਰ ਖਾਹ ਬਣਨਾ ਹੈ, ਸੱਚੇ-ਸੁੱਚੇ ਦੇਸ਼ ਭਗਤ ਹੋਣਾ ਅਤੇ ਦੇਸ਼ 'ਚੋਂ ਸਾਮਰਾਜੀ ਅਤੇ ਪੂੰਜੀਵਾਦੀ ਰਾਜ ਪ੍ਰਬੰਧ ਦੀ ਥਾਂ ਮੇਹਨਤਕਸ਼ ਜਨਤਾ ਦਾ ਰਾਜ ਸਥਾਪਤ ਕਰਨਾ ਹੈ । ਦੇਸ਼ ਦੀ ਜਨਤਾ ਲਈ ਮਰ ਮਿਟਣ ਅਤੇ 'ਦੁਨੀਆ ਭਰ ਦੇ ਮੇਹਨਤਕਸ਼ੋ ਇਕ ਹੋ ਜਾਓ' ਦੇ ਨਾਹਰੇ ਦਾ ਨਾਂਅ ਹੈ ਨਕਸਲਵਾਦ।

ਜੇਕਰ ਇਸ ਨਕਸਲ ਦੇ ਇਤਿਹਾਸ 'ਤੇ ਪੰਛੀ ਝਾਤ ਮਾਰੀ ਜਾਵੇ ਤਾਂ ਸਾਲ 1967 ਵਿੱਚ ਪੱਛਮੀ ਬੰਗਾਲ ਦੇ ਪਹਾੜੀ ਖੇਤਰ ਦੇ ਜ਼ਿਲ੍ਹੇ ਦਾਰਜੀਲਿੰਗ ਦੇ ਇਲਾਕਾ ਨਕਸਲਬਾੜੀ 'ਚੋਂ ਜੋ ਕਿਸਾਨ ਵਿਦਰੋਹ ਫੁੱਟਿਆ ਸੀ, ਉਸ ਵਿਦਰੋਹ ਦੀਆਂ ਲਪਟਾਂ ਨੇ ਦੇਸ਼ ਭਰ ਦੇ ਬੇਰੁਜ਼ਗਾਰ, ਅਣਖੀਂ ਅਤੇ ਸੱਚੇ-ਸੁੱਚੇ ਰਾਸ਼ਟਰਵਾਦੀ ਨੌਜਵਾਨਾਂ ਨੇ ਸਕੂਲ-ਕਾਲਜ ਅਤੇ ਘਰ ਛੱਡ ਕੇ ਇਨਕਲਾਬ ਕਰਨ ਲਈ ਜਨਤਾ ਦੇ ਜੰਗਲ ਵੱਲ ਤੋਰ ਦਿੱਤਾ ਸੀ।ਜਿਹਨਾਂ ਦੀ ਜ਼ੁਬਾਨ 'ਤੇ ਆਰਥਿਕ ਨਾਹਰੇ ਨਹੀਂ ਸਨ, ਬਲਕਿ ਸਿਸਟਮ ਨੂੰ ਬਦਲਣ ਪੱਖੀ ਨਾਹਰੇ ਸਨ, ਇਨਕਲਾਬ ਜ਼ਿੰਦਾਬਾਦ, ਲੁਟੇਰੀਆਂ ਜਮਾਤਾਂ ਮੁਰਦਾਬਾਦ ।ਲੰਮੇ ਸਮੇ ਤੋਂ ਦੱਬੇ ਪਏ ਜਜ਼ਬਾਤਾਂ ਭਰੀ ਪਰ ਅਚਨਚੇਤੀ ਉਠੀ ਇਸ ਨਕਸਲੀ ਲਹਿਰ ਦੌਰਾਨ ਇਨਕਲਾਬ ਦੇ ਸੁਪਨਿਆ ਦੀ ਪੂਰਤੀ ਖਾਤਰ ਹਜ਼ਾਰਾਂ ਜਾਂਬਾਜ਼ ਨੌਜਵਾਨਾਂ ਨੇ ਸ਼ਹਾਦਤਾਂ ਦਿੱਤੀਆਂ ਸਨ, ਹਜ਼ਾਰਾ ਗੁਪਤਵਾਸ ਚਲੇ ਗਏ, ਸੈਂਕੜਿਆਂ ਨੂੰ ਜੇਲ੍ਹਾਂ ਵਿੱਚ ਡੱਕ ਦਿਤਾ ਗਿਆ ਸੀ। ਇਸ ਲਹਿਰ ਨੂੰ ਦਬਾਉਣ ਲਈ ਵੱਡੇ ਸਰਕਾਰੀ ਹਮਲਿਆਂ ਅਤੇ ਵੱਡੀਆਂ ਪਛਾੜਾਂ ਵੱਜਣ ਦੇ ਬਾਵਜੂਦ ਹਜ਼ਾਰਾਂ ਨੌਜਵਾਨ ਅੱਜ ਵੀ ਭਾਰਤੀ ਇਨਕਲਾਬ ਅਤੇ ਕਮਿਊਨਿਸਟ ਵਿਚਾਰਧਾਰਾ ਦੀ ਰਾਖੀ ਲਈ ਡਟੇ ਖੜੇ ਹਨ । ਭਾਰਤੀ ਸੱਤਾ ਨੂੰ ਚਲਾ ਰਹੇ ਹਾਕਮਾਂ ਲਈ ਉਹ ਦੌਰ ਕਿਨਾਂ ਡਰਾਵਣਾ ਹੈ ਕਿ 59 ਸਾਲ ਪਹਿਲਾਂ ਪਾਪੂਲਰ ਇਤਿਹਾਸ ਦਾ ਹਿੱਸਾ ਬਣੇ ਨਕਸਲ ਸ਼ਬਦ ਦੀ ਅਵਾਜ਼ ਤੋਂ ਉਹ ਅੱਜ ਵੀ ਕੰਬ ਰਹੇ ਅਤੇ ਭੈਅ ਖਾ ਰਹੇ ਹਨ ।ਉਸ ਸਮੇਂ ਨਕਸਲਬਾੜੀ ਦੀ ਘਟਨਾ ਨੂੰ ਚੀਨੀ ਕਮਿਊਨਿਸਟ ਪਾਰਟੀ ਨੇ ਬਸੰਤ ਦੀ ਕੜਕ ਦਾ ਨਾਂਅ ਦਿਤਾ ਸੀ।

ਅਸਲ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਆਰ ਐਸ ਐਸ ਦੇ ਸਿਆਸੀ ਮਨਸੂਬਿਆਂ ਨੂੰ ਦਿੱਲੀ ਕਿਸਾਨ ਮੋਰਚੇ ਵਿੱਚ ਲੱਗੀ ਵੱਡੀ ਢਾਹ ਤੋਂ ਬਾਅਦ ਜੰਤਰ-ਮੰਤਰ ਦੇ ਵਿਦਿਆਰਥੀ ਸੰਘਰਸ਼ ਦੌਰਾਨ ਹੋਈ ਅਣਕਿਆਸੀ ਕਿਰਕਿਰੀ ਪਿੱਛੇ ਭਾਰਤੀ ਇੰਟੈਲੀਜੈਂਸੀ ਕਮਿਊਨਿਸਟ ਵਿਚਾਰਧਾਰਾ ਦਾ ਮੁੱਖ ਰੋਲ ਸਮਝਦਾ ਹੈ।ਇਸ ਕਾਰਨ ਭਾਰਤੀ ਜਨਤਾ ਪਾਰਟੀ ਅਤੇ ਉਸ ਦੇ ਸਿਧਾਂਤਕਾਰ ਆਰ ਐਸ ਐਸ ਦਿਮਾਗੀ ਨਕਸਲ ਵਿਚਾਰਧਾਰਾ ਤੋਂ ਡਾਢੇ ਪ੍ਰੇਸ਼ਾਨ ਹਨ ।ਸੰਘੀਓ ਵਿਅਕਤੀਆਂ ਨੂੰ ਤਾਂ ਖਤਮ ਕੀਤਾ ਜਾ ਸਕਦਾ ਹੈ, ਪਰ ਇਕ ਵਿਗਿਆਨਕ ਵਿਚਾਰਧਾਰਾ ਨੂੰ ਖਤਮ ਕਰਨਾ ਤੁਹਾਡੇ ਵੱਸ ਦੀ ਗੱਲ ਨਹੀ।

ਅਸਲ ਵਿੱਚ ਆਰ ਐਸ ਐਸ ਵਿਸ਼ਵ ਇਤਿਹਾਸ ਤੋਂ ਬਾਖੂਬੀ ਵਾਕਫ ਹੈ ਕਿ ਦੂਸਰੀ ਸੰਸਾਰ ਜੰਗ ਸਮੇਂ ਹਿਟਲਰ ਅਤੇ ਆਰ ਐਸ ਐਸ ਦੇ ਸਿਧਾਂਤਕਾਰ ਗੁਰੂ ਮੁਸੋਲੀਨੀ ਦਾ ਫਾਸ਼ੀਵਾਦੀ ਰਾਹ ਕਮਿਊਨਿਸਟ ਦਿਮਾਗਾਂ ਨੇ ਹੀ ਰੋਕਿਆ ਸੀ।ਉਸ ਸਮੇਂ ਸਾਮਰਾਜੀਆਂ ਦੇ ਦੋਨੋਂ ਖੇਮੇ ਜਰਮਨ, ਇਟਲੀ, ਜਾਪਾਨ ਅਤੇ ਬਰਤਾਨੀਆ, ਅਮਰੀਕਾ ਅਤੇ ਫਰਾਂਸ ਸਿੱਧੇ-ਅਸਿੱਧੇ ਤੌਰ 'ਤੇ ਸਮਾਜਵਾਦੀ ਦੇਸ਼ ਯੂ ਐੱਸ ਐੱਸ ਆਰ (ਰੂਸੀ ਸੰਘ) ਨੂੰ ਬਰਬਾਦ ਹੋਇਆ ਦੇਖਣਾ ਚਾਹੁੰਦੇ ਸਨ, ਪਰ ਕਮਿਊਨਿਸਟ ਦਿਮਾਗ ਸਟਾਲਿਨ ਵੱਲੋਂ ਫਾਸ਼ਿਸਟਾਂ ਨੂੰ ਹਰਾਉਣ ਦੇ ਦਿੱਤੇ ਨਾਹਰੇ ਨੂੰ ਲਾਗੂ ਕਰਕੇ ਉਨ੍ਹਾਂ ਨੇ ਫਾਸ਼ਿਸਟ ਖੇਮੇ ਨੂੰ ਬੁਰੀ ਤਰਾਂ ਮਾਤ ਦਿੱਤੀ ਸੀ ।ਇਸ ਸੰਸਾਰ ਜੰਗ ਵਿੱਚ 5 ਕਰੋੜ ਮੌਤਾਂ 'ਚੋਂ 3 ਕਰੋੜ ਮੌਤਾਂ ਇਕੱਲੇ ਬਹਾਦਰ ਰੂਸੀ ਲੋਕਾਂ ਦੀਆਂ ਹੋਈਆਂ ਸਨ ।ਇਸ ਸੰਸਾਰ ਯੁੱਧ ਸਮੇ ਫਾਸ਼ਿਸਟਾਂ ਦਾ ਖਾਤਮਾ ਕਰਕੇ ਦੁਨੀਆ ਦੀ ਅਬਾਦੀ ਦੇ ਦੋ ਤਿਹਾਈ ਹਿੱਸੇ 'ਤੇ ਕਮਿਓਨੂੰਨਿਸਟ ਵਿਚਾਰਧਾਰਾ ਦਾ ਲਾਲ ਪਰਚਮ ਝੁਲਾ ਦਿੱਤਾ ਗਿਆ ਸੀ ।

ਇਸ ਸਮੇਂ ਵੀ ਦੇਸ ਦੇ ਫਾਸ਼ਿਸਟ ਹਾਕਮ ਸਮਝਦੇ ਹਨ ਕਿ ਦੇਸ਼ ਵਿੱਚ ਹਿੰਦੂਤਵਵਾਦੀ ਰਿਆਸਤ ਸਥਾਪਤ ਕਰਨ ਲਈ ਮੁੱਖ ਅਤੇ ਵੱਡੀ ਰੁਕਾਵਟ ਕਮਿਊਨਿਸਟ ਵਿਚਾਰਧਾਰਾ ਵਾਲੀਆਂ ਤਾਕਤਾਂ ਹਨ।ਇਕ ਵਾਰ ਪਹਿਲਾਂ ਵੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਹਿ ਚੁੱਕੇ ਹਨ ਕਿ ਕਮਿਊਨਿਸਟ ਹੈ ਤਾਂ ਇਕ ਕੋਨੇ ਵਿੱਚ, ਪਰ ਕਮਿਊਨਿਸਟ ਵਿਚਾਰਧਾਰਾ ਹੈ ਬਹੁਤ ਖਤਰਨਾਕ ।ਫਾਸ਼ਿਸਟਾਂ ਦੇ ਮਨਸੂਬੇ ਸਾਫ ਸੰਕੇਤ ਕਰ ਰਹੇ ਹਨ ਕਿ ਭਵਿੱਖ ਵਿੱਚ ਕਮਿਊਨਿਸਟ ਤਾਕਤਾਂ ਨੂੰ ਵੰਡਣ ਅਤੇ ਇਹਨਾਂ ਉਪਰ ਜਬਰ ਦਾ ਕੁਹਾੜਾ ਤੇਜ਼ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ।ਲੋੜ ਹੈ ਆਰ ਐੱਸ ਐੱਸ ਦੇ ਫਾਸ਼ੀਵਾਦ ਨੂੰ ਰੋਕਣ ਲਈ ਸਾਰੀਆਂ ਕਮਿਊਨਿਸਟ ਤਾਕਤਾਂ ਇਕਜੁਟ ਹੋਣ ।

**# ਸੰਪਰਕ : 98142-90163**

## ਪਾਠਕ-ਸੱਥ

### ਮੁਲਾਜ਼ਮ ਵਰਗ ਬਨਾਮ ਹਕੂਮਤ

ਬੇਸ਼ੱਕ ਸਮੇਂ-ਸਮੇਂ 'ਤੇ ਮੁਲਾਜ਼ਮ ਵਰਗ ਵੱਲੋਂ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਮੌਜੂਦਾ ਸਰਕਾਰਾਂ ਨੂੰ ਜਗਾਉਣ ਲਈ ਰੋਸ ਪ੍ਰਦਰਸ਼ਨ ਕੀਤਾ ਜਾਂਦਾ ਹੈ । ਹਾਲ ਹੀ ਵਿੱਚ ਸੂਬੇ ਦੇ ਸਾਰੇ ਵਿਭਾਗਾਂ ਦੇ ਮੌਜੂਦਾ ਕੰਮ ਕਰਦੇ ਤੇ ਪੈਨਸ਼ਨਰ ਮੁਲਾਜ਼ਮਾਂ ਵੱਲੋਂ 'ਸਮੁੱਚਾ ਮੁਲਾਜ਼ਮ ਸਾਂਝਾ ਫਰੰਟ ਪੰਜਾਬ' ਦੇ ਝੰਡੇ ਹੇਠ ਆਪਣੀਆਂ ਜਾਇਜ਼ ਮੰਗਾਂ ਪੈਂਡਿੰਗ ਡੀ ਏ ( 2016 ਤੋਂ 2021) 18 ਫੀਸਦੀ , ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਬੰਦ ਭੱਤੇ ਚਾਲੂ ਕਰਨ, ਵੱਖ-ਵੱਖ ਵਿਭਾਗਾਂ ਅਤੇ ਵੱਖ-ਵੱਖ ਸਕੀਮਾਂ ਅਧੀਨ ਕੰਮ ਕਰਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਆਦਿ ਅਜਿਹੀਆਂ ਹੋਰ ਮੰਗਾਂ ਨੂੰ ਲੈ ਕੇ ਜ਼ਿਲ੍ਹਾ ਹੈੱਡਕੁਆਰਟਰਾਂ, ਤਹਿਸੀਲਾਂ 'ਚ ਹਕੂਮਤ ਦੀ ਮਾੜੀ ਨੀਅਤ ਨੂੰ ਦੇਖਦਿਆਂ ਮਜਬੂਰਨ ਸਮੂਹਿਕ ਛੁੱਟੀ ਲੈ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਤਿਹਾਸ ਵਿੱਚ 1957-58 ਤੋਂ ਬਾਅਦ ਏਨੇ ਵੱਡੇ ਪੱਧਰ 'ਤੇ ਮੁਲਾਜ਼ਮਾਂ ਨੇ ਇਸ ਰੋਸ ਮੁਜ਼ਾਹਰੇ ਵਿੱਚ ਭਾਗ ਲਿਆ। ਅਸਲ ਵਿੱਚ ਇਹ ਮੁਜ਼ਾਹਰੇ ਨਾ ਹੀ ਹੋਣ ਇਸ ਲਈ ਸਰਕਾਰਾਂ ਨੂੰ ਹਰ ਵਰਗ ਪ੍ਰਤੀ ਆਪਣੀ ਨੀਅਤ ਸਾਫ਼ ਰੱਖਣੀ ਚਾਹੀਦੀ ਹੈ। ਕਰਮਚਾਰੀਆਂ ਨੂੰ ਕੋਈ ਸ਼ੌਕ ਨਹੀਂ ਹੁੰਦਾ ਕਿ ਆਪਣਾ ਕੰਮ ਛੱਡ ਕੇ ਨਾਅਰੇ ਲਾਉਣੇ ਪੈਣ। ਜਦੋਂ ਏਨੀ ਵੱਡੀ ਗਿਣਤੀ ਵਿੱਚ ਪੜ੍ਹਿਆ-ਲਿਖਿਆ ਵਰਗ ਸੜਕਾਂ 'ਤੇ ਆਉਂਦਾ ਹੈ ਤਾਂ ਇਹ ਸਾਫ਼ ਹੋ ਜਾਂਦਾ ਹੈ ਕਿ ਉਨ੍ਹਾਂ ਨਾਲ਼ ਵਾਕਿਆ ਹੀ ਧੱਕਾ ਹੋ ਰਿਹਾ ਹੈ। ਸਰਕਾਰਾਂ ਚਲਾਉਣ ਵਾਲ਼ੇ ਜੇਕਰ ਈਮਾਨਦਾਰੀ ਨਾਲ਼ ਸੋਚਣ ਕਿ ਅਸੀਂ ਆਪਣੇ ਮੁਲਕ ਨੂੰ ਵਿਕਾਸਸ਼ੀਲ ਤੋਂ ਵਿਕਸਤ ਦੇਸ਼ ਬਣਾਉਣਾ ਹੈ ਤਾਂ ਨੇਕ ਨੀਅਤ ਨਾਲ਼ ਯੋਜਨਾਵਾਂ ਦਾ ਸੰਗਠਨ ਕਰਨ ਅਤੇ ਉਸ ਖੇਤਰ ਨਾਲ਼ ਸੰਬੰਧਤ ਪ੍ਰਪੱਕ ਗਿਆਨ ਰੱਖਣ ਵਾਲ਼ੇ ਸਥਾਨਕ ਜਥੇਬੰਦੀਆਂ ਦੇ ਲੋਕਾਂ ਦੀ ਭਾਗੀਦਾਰੀ ਇਨ੍ਹਾਂ 'ਚ ਨਿਸਚਿਤ ਕੀਤੀ ਜਾਣੀ ਚਾਹੀਦੀ ਹੈ।

**-ਲਾਭ ਸਿੰਘ ਸ਼ੇਰਗਿੱਲ ਬਡਰੁੱਖਾਂ (ਸੰਗਰੂਰ)**

# ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਹੱਕੀ ਮੰਗਾਂ ਨੂੰ ਲੈ ਕੇ ਡੀ ਸੀ ਦਫਤਰ ਅੱਗੇ ਧਰਨਾ ਸ਼ੁਰੂ

**ਮੋਗਾ (ਇਕਬਾਲ ਸਿੰਘ ਖਹਿਰਾ)**

ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਕਮੇਟੀ ਮੋਗਾ ਦੇ ਪ੍ਰਧਾਨ ਅਮਰਜੀਤ ਸਿੰਘ ਸੈਦੋ ਦੀ ਪ੍ਰਧਾਨਗੀ ਹੇਠ ਡਿਪਟੀ ਕਮਿਸ਼ਨਰ ਮੋਗਾ ਦੇ ਦਫਤਰ ਸਾਹਮਣੇ ਵਿਸ਼ਾਲ ਧਰਨਾ ਲਾਇਆ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਗੁਰਮੀਤ ਸਿੰਘ ਕਿਸ਼ਨਪੁਰਾ, ਜ਼ਿਲ੍ਹਾ ਵਿੱਤ ਸਕੱਤਰ ਬਲੌਰ ਸਿੰਘ ਘੱਲਕਲਾਂ, ਬਲਾਕ ਮੋਗਾ ਦੋ ਦੇ ਪ੍ਰਧਾਨ ਇਕਬਾਲ ਸਿੰਘ ਸਿੰਘਾਂਵਾਲਾ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ, ਜੋ ਅਮਰੀਕਾ ਸਰਕਾਰ ਨਾਲ ਮੁਕਤ ਵਪਾਰ ਸਮਝੌਤਾ ਕਰਨ ਜਾ ਰਹੀ ਹੈ, ਇਹ ਭਾਰਤ ਦੀ ਆਰਥਿਕਤਾ 'ਤੇ ਬਹੁਤ ਵੱਡਾ ਹਮਲਾ ਹੈ। ਇਹ ਸਮਝੌਤਾ ਕਾਰਪੋਰੇਟ ਪੱਖੀ ਹੈ, ਇਸ ਨਾਲ ਸਾਡੀਆਂ ਫਸਲਾਂ ਦੀ ਬੇਕਦਰੀ ਹੋਵੇਗੀ, ਬੇਰੁਜ਼ਗਾਰੀ ਵਧੇਗੀ, ਇੰਡਸਟਰੀ ਫੇਲ੍ਹ ਹੋਵੇਗੀ, ਡੇਅਰੀ ਫਾਰਮ ਤੇ ਮੱਛੀ ਪਾਲਣ ਦਾ ਧੰਦਾ ਖਤਮ ਹੋ ਜਾਵੇਗਾ, ਮਹਿੰਗਾਈ ਵਿੱਚ ਅੰਤਾਂ ਦਾ ਵਾਧਾ ਹੋਵੇਗਾ, ਗੱਲ ਕੀ ਇਹ ਸਮਝੌਤਾ ਭਾਰਤ ਦੀ ਸਾਰੀ ਮਨੁੱਖਤਾ ਨੂੰ ਪ੍ਰਭਾਵਿਤ ਕਰੇਗਾ। ਇਹ ਸਮਝੌਤਾ ਪਹਿਲਾਂ ਰੱਦ ਕਰਵਾਏ ਗਏ ਤਿੰਨ ਕਾਲੇ ਕਾਨੂੰਨਾਂ ਦਾ ਹੀ ਬਦਲਵਾਂ ਰੂਪ ਹੈ, ਪਹਿਲਾਂ ਵੀ ਪੈਪਸੀ ਤੇ ਕਾਰਗਿੱਲ ਵਰਗੀਆਂ ਵੱਡੀਆਂ ਅਮਰੀਕੀ ਕੰਪਨੀਆਂ ਸਾਡੇ ਰੁਜ਼ਗਾਰ ਦਾ ਉਜਾੜਾ ਕਰ ਰਹੀਆਂ ਹਨ, ਇਹ ਸਾਡੇ ਦੇਸ਼ ਦੀ ਪੂੰਜੀ ਲੁੱਟ ਕੇ ਆਪਣੇ ਦੇਸ਼ ਅਮਰੀਕਾ ਲਿਜਾ ਰਹੀਆਂ ਹਨ। ਮੁਕਤ ਵਪਾਰ ਸਮਝੌਤਾ ਹੋਣ ਨਾਲ ਇਨ੍ਹਾਂ ਨੂੰ ਤੇ ਇਨ੍ਹਾਂ ਵਰਗੀਆਂ ਹੋਰ ਕੰਪਨੀਆਂ ਨੂੰ ਹੋਰ ਖੁੱਲ੍ਹੀਆਂ ਛੁੱਟੀਆਂ ਮਿਲ ਜਾਣਗੀਆਂ। ਇਸ ਕਰਕੇ ਕਿਸਾਨਾਂ ਦੀ ਮੰਗ ਹੈ ਕਿ ਭਾਰਤ ਅਮਰੀਕਾ ਵਿੱਚ ਵਪਾਰ ਸਮਝੌਤਾ ਵਾਰਤਾ ਰੱਦ ਕੀਤਾ ਜਾਵੇ, ਸਭਨਾਂ ਸਾਮਰਾਜੀ ਮੁਲਕਾਂ ਨਾਲ ਕੀਤੇ ਮੁਕਤ ਵਪਾਰ ਸਮਝੌਤੇ ਰੱਦ ਕੀਤੇ ਜਾਣ, ਮੁੜ ਲਿਆਂਦੀ ਜਾ ਰਹੀ ਲੈਂਡ ਪੋਲਿੰਗ ਨੀਤੀ ਦੀ ਵਿਉਂਤ ਰੱਦ ਕੀਤੀ ਜਾਵੇ, ਆਬਾਦਕਾਰਾਂ ਸਾਬਕਾ ਮੁਜ਼ਾਰੇ ਕਿਸਾਨਾਂ ਸਮੇਤ ਦਹਾਕਿਆਂ ਤੋਂ ਕਾਸ਼ਤਕਾਰ ਤੁਰੇ ਆ ਰਹੇ ਕਿਸਾਨਾਂ ਮਜ਼ਦੂਰਾਂ ਨੂੰ ਜ਼ਮੀਨਾਂ ਦੇ ਮਾਲਕੀ ਹੱਕ ਦਿੱਤੇ ਜਾਣ, ਕਿਸਾਨਾਂ ਖੇਤ ਮਜ਼ਦੂਰਾਂ ਤੇ ਹੋਰਨਾਂ ਦਿਹਾੜੀਦਾਰ ਕਿਰਤੀਆਂ ਸਿਰ ਚੜ੍ਹੇ ਸਾਰੇ ਕਰਜ਼ੇ ਖਤਮ ਕੀਤੇ ਜਾਣ ਤੇ ਖੁਦਕੁਸ਼ੀ ਪੀੜਤ ਪਰਵਾਰਾਂ ਨੂੰ ਨੌਕਰੀ 'ਤੇ ਮੁਆਵਜ਼ਾ ਦਿੱਤਾ ਜਾਵੇ, ਬਿਜਲੀ ਬਿੱਲ, ਬੀਜ ਬਿਲ, ਕਿਰਤ ਕੋਡ ਤੇ ਜੀ ਰਾਮ ਜੀ ਵਰਗੇ ਨਵੇਂ ਲੋਕ ਦੋਖੀ ਕਾਨੂੰਨ ਰੱਦ ਕੀਤੇ ਜਾਣ, ਤੇਲ ਗੈਸ ਤੇ ਹੋਰਨਾਂ ਚੀਜ਼ਾਂ ਦੀਆਂ ਕੀਮਤਾਂ ਵਿੱਚ ਕੀਤਾ ਵਾਧਾ ਵਾਪਸ ਲਿਆ ਜਾਵੇ, ਸਾਰੀਆਂ ਫਸਲਾਂ ਤੇ ਸੀ ਟੂ ਪਲਸ 50% ਦੇ ਫਾਰਮੂਲੇ ਨਾਲ ਐੱਮ ਐੱਸ ਪੀ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ ਤੇ ਸਰਬ ਵਿਆਪਕ ਜਨਤਕ ਵੰਡ ਪ੍ਰਣਾਲੀ ਲਾਗੂ ਕੀਤੀ ਜਾਵੇ ਆਦਿ। ਇਸ ਧਰਨੇ 'ਚ ਉਪਰੋਕਤ ਤੋਂ ਬਿਨਾਂ ਬੂਟਾ ਸਿੰਘ ਭਾਗੀ ਕੇ, ਕੇਵਲ ਕ੍ਰਿਸ਼ਨ ਬੱਧਨੀ, ਜਗਜੀਤ ਸਿੰਘ ਬੱਧਨੀ, ਗੁਰਚਰਨ ਸਿੰਘ ਰਾਮਾ, ਨਛੱਤਰ ਸਿੰਘ ਝੰਡੇ ਵਾਲਾ, ਹਰਮੇਲ ਸਿੰਘ ਘਾਲੀ ਸਮਾਲਸਰ ਇਕਬਾਲ ਸਿੰਘ ਕੋਕਰੀ ਗੁਰਦੇਵ ਸਿੰਘ ਡੇਮਰੂ, ਰਸਪਾਲ ਸਿੰਘ ਡੇਮਰੂ, ਕਾਕਾ ਸਿੰਘ ਮਾਛੀਕੇ, ਰੇਸ਼ਮ ਸਿੰਘ ਮਾਣੂਕੇ ਗੁਰਦੇਵ ਸਿੰਘ ਚੜਿਕ, ਸੁਖਦੇਵ ਸਿੰਘ ਲੁਹਾਰਾ, ਬਲਜੀਤ ਸਿੰਘ, ਭਾਨ ਸਿੰਘ ਸੁਖਾ ਨੰਦ, ਜਸਵਿੰਦਰ ਸਿੰਘ ਘੱਲਕਲਾਂ, ਗੁਰਦੇਵ ਸਿੰਘ ਕਿਸ਼ਨਪੁਰਾ, ਜਗਜੀਤ ਸਿੰਘ ਕੋਕਰੀ, ਲਖਵੀਰ ਸਿੰਘ ਚੜਿੱਕ ਤੋਂ ਇਲਾਵਾ ਵੱਡੀ ਗਿਣਤੀ ਕਿਸਾਨ ਹਾਜ਼ਰ ਸਨ।



## ਮਮਦੋਟ 'ਚ ਚੱਲੀਆਂ ਗੋਲੀਆਂ, ਇੱਕ ਦੀ ਮੌਤ, ਇੱਕ ਗੰਭੀਰ ਜ਼ਖ਼ਮੀ

### ਪੁਲਸ ਜਾਂਚ 'ਚ ਜੁਟੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕਸਬਾ ਮਮਦੋਟ ਵਿੱਚ ਸ਼ਨੀਵਾਰ ਦੇਰ ਸ਼ਾਮ ਹੋਈ ਤਾਬੜਤੋੜ ਗੋਲੀਬਾਰੀ ਦੀ ਘਟਨਾ ਨੇ ਪੂਰੇ ਇਲਾਕੇ ਨੂੰ ਹਿਲਾ ਕੇ ਰੱਖ ਦਿੱਤਾ ਹੈ। ਗੋਲੀਬਾਰੀ ਦੌਰਾਨ 45 ਸਾਲਾ ਗੁਰਪ੍ਰੀਤ ਸਿੰਘ ਉਰਫ਼ ਗੋਪੀ ਦੀ ਜਾਨ ਚਲੀ ਗਈ, ਜਦਕਿ ਉਸ ਦੇ ਨਾਲ ਮੌਜੂਦ ਹਰਪ੍ਰੀਤ ਸਿੰਘ ਗੰਭੀਰ ਜ਼ਖ਼ਮੀ ਹੋ ਗਿਆ। ਵਾਰਦਾਤ ਤੋਂ ਬਾਅਦ ਇਲਾਕੇ ਵਿੱਚ ਡਰ ਤੇ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ। ਮੁੱਢਲੀ ਜਾਣਕਾਰੀ ਅਨੁਸਾਰ ਗੁਰਪ੍ਰੀਤ ਸਿੰਘ ਤੇ ਹਰਪ੍ਰੀਤ ਸਿੰਘ ਮੋਟਰਸਾਈਕਲ 'ਤੇ ਸਵਾਰ ਹੋ ਕੇ ਜਾ ਰਹੇ ਸਨ। ਇਸੇ ਦੌਰਾਨ ਕਾਰ ਵਿੱਚ ਆਏ ਕੁਝ ਵਿਅਕਤੀਆਂ ਨੇ ਉਨ੍ਹਾਂ ਨੂੰ ਨਿਸ਼ਾਨਾ ਬਣਾਉਂਦਿਆਂ ਫਾਇਰਿੰਗ ਸ਼ੁਰੂ ਕਰ ਦਿੱਤੀ। ਦੱਸਿਆ ਜਾ ਰਿਹਾ ਹੈ ਕਿ ਹਮਲਾਵਰਾਂ ਨੇ ਇੱਕ ਹੋਰ ਕਾਰ ਵਿੱਚ ਸਵਾਰ ਉਨ੍ਹਾਂ ਦੇ ਸਾਥੀਆਂ ਵੱਲ ਵੀ ਗੋਲੀਆਂ ਚਲਾਈਆਂ। ਅਚਾਨਕ ਹੋਈ ਗੋਲੀਬਾਰੀ ਕਾਰਨ ਮੌਕੇ 'ਤੇ ਹਫੜਾ-ਦਫੜੀ ਮਚ ਗਈ। ਗੋਲੀਆਂ ਲੱਗਣ ਕਾਰਨ ਦੋਵੇਂ ਜ਼ਖ਼ਮੀਆਂ ਨੂੰ ਇਲਾਜ ਲਈ ਫਿਰੋਜ਼ਪੁਰ ਲਿਜਾਇਆ ਜਾ ਰਿਹਾ ਸੀ। ਰਸਤੇ ਵਿੱਚ ਗੁਰਪ੍ਰੀਤ ਸਿੰਘ ਦੀ ਹਾਲਤ ਵਿਗੜ ਗਈ ਤੇ ਉਸ ਨੇ ਦਮ ਤੋੜ ਦਿੱਤਾ। ਦੂਜੇ ਪਾਸੇ ਹਰਪ੍ਰੀਤ ਸਿੰਘ ਨੂੰ ਫਿਰੋਜ਼ਪੁਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਦੀ ਹਾਲਤ ਨੂੰ ਗੰਭੀਰ ਦੇਖਦਿਆਂ ਬਿਹਤਰ ਇਲਾਜ ਲਈ ਲੁਧਿਆਣਾ ਰੈਫਰ ਕਰ ਦਿੱਤਾ। ਸਿਵਲ ਹਸਪਤਾਲ ਨਾਲ ਜੁੜੇ ਡਾਕਟਰ ਮੁਤਾਬਕ ਕਰੀਬ ਰਾਤ 8 ਵਜੇ ਦੋ ਵਿਅਕਤੀਆਂ ਨੂੰ ਹਸਪਤਾਲ ਲਿਆਂਦਾ ਗਿਆ ਸੀ। ਜਾਂਚ ਦੌਰਾਨ 45 ਸਾਲਾ ਗੁਰਪ੍ਰੀਤ ਸਿੰਘ ਨੂੰ ਮ੍ਰਿਤਕ ਐਲਾਨਿਆ ਗਿਆ, ਜਦਕਿ ਹਰਪ੍ਰੀਤ ਸਿੰਘ ਦੇ ਗੋਲੀ ਲੱਗਣ ਕਾਰਨ ਉਸ ਨੂੰ ਅੱਗੇ ਇਲਾਜ ਲਈ ਭੇਜਿਆ ਗਿਆ। ਐੱਸ ਐੱਸ ਪੀ ਫਿਰੋਜ਼ਪੁਰ ਵੱਲੋਂ ਦਿੱਤੀ ਮੁੱਢਲੀ ਜਾਣਕਾਰੀ ਅਨੁਸਾਰ ਵਾਰਦਾਤ ਪਿੱਛੇ ਪੁਰਾਣੀ ਆਪਸੀ ਰੰਜਿਸ਼ ਹੋਣ ਦਾ ਸ਼ੱਕ ਹੈ, ਜਿਸ ਦੀਆਂ ਤਾਰਾਂ ਪਿਛਲੀਆਂ ਚੋਣਾਂ ਦੇ ਸਮੇਂ ਹੋਏ ਵਿਵਾਦ ਨਾਲ ਜੁੜੀਆਂ ਹੋਣ ਦੀ ਗੱਲ ਸਾਹਮਣੇ ਆ ਰਹੀ ਹੈ। ਹਾਲਾਂਕਿ ਗੋਲੀਬਾਰੀ ਦੇ ਅਸਲ ਕਾਰਨਾਂ ਤੇ ਹਮਲਾਵਰਾਂ ਦੀ ਪਛਾਣ ਬਾਰੇ ਪੁਲਸ ਵੱਲੋਂ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਟੀਮਾਂ ਮੌਕੇ 'ਤੇ ਪਹੁੰਚੀਆਂ ਤੇ ਆਸ-ਪਾਸ ਦੇ ਇਲਾਕੇ ਦੀ ਜਾਂਚ ਸ਼ੁਰੂ ਕਰ ਦਿੱਤੀ। ਪੁਲਸ ਵੱਲੋਂ ਹਮਲਾਵਰਾਂ ਦੀ ਭਾਲ ਦੇ ਨਾਲ-ਨਾਲ ਘਟਨਾ ਨਾਲ ਜੁੜੇ ਲੋਕਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਜਾਂਚ ਪੂਰੀ ਹੋਣ ਤੋਂ ਬਾਅਦ ਹੀ ਗੋਲੀਬਾਰੀ ਦੇ ਪੂਰੇ ਕਾਰਨਾਂ ਤੇ ਵਾਰਦਾਤ ਵਿੱਚ ਸ਼ਾਮਲ ਵਿਅਕਤੀਆਂ ਬਾਰੇ ਸਪੱਸ਼ਟ ਜਾਣਕਾਰੀ ਸਾਹਮਣੇ ਆ ਸਕੇਗੀ।

## ਸਧਾਰਨ ਪਰਵਾਰਾਂ ਦੇ 5 ਬੱਚਿਆਂ ਨੇ ਐੱਨ ਆਈ ਟੀ ਸਮੇਤ ਉੱਚ ਸਿੱਖਿਆ ਸੰਸਥਾਵਾਂ 'ਚ ਬਣਾਈ ਥਾਂ

**ਤਲਵੰਡੀ ਸਾਬੋ (ਜਗਦੀਪ ਗਿੱਲ)**-ਕਦੇ ਮਹਿੰਗੀ ਕੋਚਿੰਗ ਤੇ ਸੀਮਤ ਆਰਥਿਕ ਸਾਧਨਾਂ ਕਾਰਨ ਜਿਨ੍ਹਾਂ ਬੱਚਿਆਂ ਲਈ ਇੰਜਨੀਅਰ ਬਣਨ ਦਾ ਸੁਪਨਾ ਬਹੁਤ ਦੂਰ ਦੀ ਗੱਲ ਲੱਗਦਾ ਸੀ, ਅੱਜ ਉਹੀ ਬੱਚੇ ਦੇਸ਼ ਦੇ ਪ੍ਰਸਿੱਧ ਤਕਨੀਕੀ ਸਿੱਖਿਆ ਸੰਸਥਾਨਾਂ ਵੱਲ ਆਪਣੇ ਕਦਮ ਵਧਾ ਰਹੇ ਹਨ।ਐਚਐਮਈਐਲ ਤੇ ਸੀਐਸਆਰਐਲ ਦੀ ਸਾਂਝੇਦਾਰੀ ਨਾਲ ਚਲਾਏ ਜਾ ਰਹੇ ਨੈਸ਼ਨਲ ਸੁਪਰ 100 ਪ੍ਰੋਗਰਾਮ ਤਹਿਤ ਮੁਫ਼ਤ ਜੇਈਈ ਕੋਚਿੰਗ ਪ੍ਰਾਪਤ ਕਰਨ ਵਾਲੇ 5 ਹੋਣਹਾਰ ਵਿਦਿਆਰਥੀਆਂ ਨੇ ਐਨਆਈਟੀ ਸਮੇਤ ਪ੍ਰਸਿੱਧ ਉੱਚ ਸਿੱਖਿਆ ਸੰਸਥਾਨਾਂ ਵਿੱਚ ਦਾਖਲਾ ਹਾਸਲ ਕਰਕੇ ਆਪਣੇ ਪਰਿਵਾਰਾਂ ਦੇ ਸੁਪਨਿਆਂ ਨੂੰ ਨਵੀਂ ਦਿਸ਼ਾ ਦਿੱਤੀ ਹੈ।ਇਨ੍ਹਾਂ ਵਿੱਚ ਫਾਜ਼ਿਲਕਾ ਦੇ ਅਭੈ ਸਾਮਾ ਤੇ ਅਬੋਹਰ ਦੇ ਅਜੈ ਕੁਮਾਰ ਦਾ ਕ੍ਰਮਵਾਰ ਐਨਆਈਟੀ ਜਲੰਧਰ ਵਿੱਚ ਇਲੈਕਟ੍ਰਾਨਿਕਸ ਇੰਜੀਨੀਅਰਿੰਗ ਤੇ ਸਿਵਲ ਇੰਜੀਨੀਅਰਿੰਗ ਵਿੱਚ ਦਾਖਲਾ ਹੋਇਆ ਹੈ।ਇਸੇ ਤਰ੍ਹਾਂ ਪ੍ਰਭਜੋਤ ਸਿੰਘ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਦੀ ਕ੍ਰਿਸ਼ਨਾ ਬਾਈ ਦਾ ਸਰਕਾਰੀ ਗੁਰੂ ਨਾਨਕ ਇੰਜੀਨੀਅਰਿੰਗ ਕਾਲਜ ਵਿੱਚ ਕੰਪਿਊਟਰ ਸਾਇੰਸ ਤੇ ਇੰਜੀਨੀਅਰਿੰਗ ਅਤੇ ਬਠਿੰਡਾ ਦੇ ਅਨਮੋਲਪ੍ਰੀਤ ਸਿੰਘ ਦਾ ਪੰਜਾਬ ਯੂਨੀਵਰਸਿਟੀ ਦੇ ਯੂਨੀਵਰਸਿਟੀ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ 'ਚ ਇਲੈਕਟ੍ਰਾਨਿਕਸ ਇੰਜੀਨੀਅਰਿੰਗ ਲਈ ਦਾਖਲਾ ਹੋਇਆ ਹੈ।ਸਾਲ 2025 ਵਿੱਚ ਕਰਵਾਈ ਗਈ ਨੈਸ਼ਨਲ ਸੁਪਰ 100 ਦਾਖਲਾ ਪ੍ਰੀਖਿਆ ਰਾਹੀਂ ਇਨ੍ਹਾਂ ਵਿਦਿਆਰਥੀਆਂ ਦੀ ਚੋਣ ਹੋਈ ਸੀ।ਚੋਣ ਤੋਂ ਬਾਅਦ ਇਨ੍ਹਾਂ ਨੂੰ ਦਿੱਲੀ ਸਥਿਤ ਸੀਐਸਆਰਐਲ ਕੇਂਦਰ ਵਿਖੇ ਭੇਜਿਆ ਗਿਆ, ਜਿੱਥੇ ਦੇਸ਼ ਦੇ ਤਜਰਬੇਕਾਰ ਅਧਿਆਪਕਾਂ ਦੀ ਰਹਿਨੁਮਾਈ ਹੇਠ ਜੇਈਈ ਮੇਨਜ਼ ਅਤੇ ਐਡਵਾਂਸ ਦੀ ਤਿਆਰੀ ਕਰਾਈ ਗਈ। ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਆਏ ਹੋਣਹਾਰ ਵਿਦਿਆਰਥੀਆਂ ਨਾਲ ਪੜ੍ਹਦਿਆਂ ਇਨ੍ਹਾਂ ਵਿਦਿਆਰਥੀਆਂ ਨੇ ਨਾ ਸਿਰਫ਼ ਪ੍ਰੀਖਿਆ ਦੀ ਤਿਆਰੀ ਕੀਤੀ, ਸਗੋਂ ਆਪਣੇ ਅੰਦਰ ਆਤਮ-ਵਿਸ਼ਵਾਸ ਵੀ ਪੈਦਾ ਕੀਤਾ।ਪਿਛਲੇ ਚਾਰ ਸਾਲਾਂ ਤੋਂ ਚਲ ਰਹੀ ਇਸ ਪਹਿਲਕਦਮੀ ਰਾਹੀਂ ਹੁਣ ਤੱਕ 14 ਵਿਦਿਆਰਥੀ ਐਨਆਈਟੀ, ਆਈਆਈਟੀ ਸਮੇਤ ਵੱਖ-ਵੱਖ ਪ੍ਰਸਿੱਧ ਉੱਚ ਇੰਜੀਨੀਅਰਿੰਗ ਸੰਸਥਾਨਾਂ ਵਿੱਚ ਦਾਖਲਾ ਹਾਸਲ ਕਰ ਚੁੱਕੇ ਹਨ।ਸਾਲ 2026-27 ਲਈ ਨੈਸ਼ਨਲ ਸੁਪਰ 100 ਪ੍ਰੋਗਰਾਮ ਤਹਿਤ 10 ਵਿਦਿਆਰਥੀਆਂ ਨੂੰ ਜੇਈਈ ਦੀ 11 ਮਹੀਨੇ ਦੀ ਮੁਫ਼ਤ ਰਿਹਾਇਸ਼ੀ ਕੋਚਿੰਗ ਲਈ ਦਿੱਲੀ ਭੇਜਿਆ ਗਿਆ ਹੈ।ਇਨ੍ਹਾਂ ਵਿਦਿਆਰਥੀਆਂ ਵਿੱਚ ਬਠਿੰਡਾ ਦੇ ਪਿੰਡ ਘੁੱਦਾ ਤੋਂ ਮਹਿਕ, ਸੰਗਰੂਰ ਦੇ ਪਿੰਡ ਮੂਲੋਵਾਲ ਤੋਂ ਵਾਰਿਸ ਸਿੰਘ, ਫ਼ਾਜ਼ਿਲਕਾ ਦੇ ਲੱਖੇਵਾਲੀ ਢਾਬ ਤੋਂ ਨਰਿੰਦਰ ਸਿੰਘ, ਮਲੋਟ ਤੋਂ ਰਾਜਨਦੀਪ ਕੌਰ, ਫਾਜ਼ਿਲਕਾ ਦੇ ਹਲੀਮਵਾਲਾ ਤੋਂ ਕਿਰਨ ਰਾਣੀ, ਬਠਿੰਡਾ ਤੋਂ ਯਾਸ਼ਿਕਾ, ਫਿਰੋਜ਼ਪੁਰ ਦੇ ਗੁਰੂਹਰਸਹਾਏ ਤੋਂ ਨਵਨੀਤ ਕੌਰ, ਬਠਿੰਡਾ ਦੇ ਲਹਿਰਾ ਮੁਹੱਬਤ ਤੋਂ ਸੁਖਮਨੀ ਕੌਰ, ਬਠਿੰਡਾ ਵਾਸੀ ਲਵਲੀਨ ਅਤੇ ਪਿੰਡ ਹਰਰਾਇਪੁਰ ਤੋਂ ਦਿਲਪ੍ਰੀਤ ਕੌਰ ਸ਼ਾਮਲ ਹਨ।ਫ਼ਾਜ਼ਿਲਕਾ ਦੇ ਪਿੰਡ ਜੰਡਵਾਲਾ ਵਾਸੀ ਅਭੈ ਸਾਮਾ ਦੀ ਕਹਾਣੀ ਇਸ ਪਹਿਲਕਦਮੀ ਦੇ ਪ੍ਰਭਾਵ ਨੂੰ ਬਹੁਤ ਨੇੜਿਓਂ ਦਰਸਾਉਂਦੀ ਹੈ।ਪਰਵਾਰ ਦੀ ਕਮਜ਼ੋਰ ਆਰਥਿਕ ਸਥਿਤੀ ਕਾਰਨ ਅਭੈ ਨੇ ਕਦੇ ਸੋਚਿਆ ਵੀ ਨਹੀਂ ਸੀ ਕਿ ਉਹ ਇੰਜੀਨੀਅਰਿੰਗ ਦੀ ਪੜ੍ਹਾਈ ਕਰ ਸਕੇਗਾ।ਉਸਦੇ ਪਿਤਾ ਗੰਭੀਰ ਬਿਮਾਰੀ ਨਾਲ ਜੂਝ ਰਹੇ ਹਨ ਤੇ ਪਰਵਾਰ ਦੀ ਜ਼ਿੰਮੇਵਾਰੀ ਮੁੱਖ ਤੌਰ 'ਤੇ ਉਸਦੀ ਮਾਤਾ ਦੇ ਮੋਢਿਆਂ 'ਤੇ ਹੈ।ਪਰਵਾਰ ਕੋਲ ਸਿਰਫ਼ ਇੱਕ ਏਕੜ ਜ਼ਮੀਨ ਹੈ।ਅਬੋਹਰ ਵਾਸੀ ਅਜੈ ਕੁਮਾਰ ਨੇ ਵੀ ਇਸੇ ਪ੍ਰੋਗਰਾਮ ਰਾਹੀਂ ਆਪਣੇ ਸੁਪਨੇ ਨੂੰ ਮੰਜ਼ਿਲ ਵੱਲ ਲਿਜਾਇਆ।ਆਰਥਿਕ ਸੀਮਾਵਾਂ ਦੇ ਬਾਵਜੂਦ ਉਸਨੇ ਪੜ੍ਹਾਈ ਪ੍ਰਤੀ ਆਪਣਾ ਸਮਰਪਣ ਕਾਇਮ ਰੱਖਿਆ ਤੇ ਦਿੱਲੀ ਵਿੱਚ ਮੁਫ਼ਤ ਜੇਈਈ ਤਿਆਰੀ ਦਾ ਲਾਭ ਲਿਆ।ਉਸਦੀ ਮਿਹਨਤ ਰੰਗ ਲਿਆਈ ਅਤੇ ਉਸਦਾ ਐਨਆਈਟੀ ਜਲੰਧਰ ਵਿੱਚ ਸਿਵਲ ਇੰਜੀਨੀਅਰਿੰਗ ਲਈ ਦਾਖਲਾ ਹੋਇਆ।ਉਸਦੇ ਲਈ ਇਹ ਉਪਲਬਧੀ ਸਿਰਫ਼ ਇੱਕ ਪ੍ਰਸਿੱਧ ਸੰਸਥਾਨ ਵਿੱਚ ਦਾਖਲਾ ਨਹੀਂ, ਸਗੋਂ ਪਰਵਾਰ ਦੀਆਂ ਉਨ੍ਹਾਂ ਉਮੀਦਾਂ ਦੀ ਪੂਰਤੀ ਹੈ, ਜਿਨ੍ਹਾਂ ਨੂੰ ਸੀਮਤ ਸਾਧਨਾਂ ਕਾਰਨ ਕਦੇ ਪੂਰਾ ਕਰਨਾ ਮੁਸ਼ਕਲ ਦਿਖਾਈ ਦਿੰਦਾ ਸੀ।ਪਿੰਡ ਪੂਹਲੀ, ਬਠਿੰਡਾ ਵਾਸੀ ਪ੍ਰਭਜੋਤ ਸਿੰਘ ਦੀ ਕਹਾਣੀ ਸੰਘਰਸ਼, ਦ੍ਰਿੜ੍ਹ ਇਰਾਦੇ ਤੇ ਆਤਮ-ਵਿਸ਼ਵਾਸ ਦੀ ਕਹਾਣੀ ਹੈ। ਮਜ਼ਦੂਰੀ ਕਰਨ ਵਾਲੇ ਪਿਤਾ ਦੇ ਪੁੱਤਰ ਪ੍ਰਭਜੋਤ ਦਾ ਸੁਪਨਾ ਇੰਜੀਨੀਅਰ ਬਣਨ ਦਾ ਸੀ, ਪਰ ਪਰਿਵਾਰ ਦੀ ਆਰਥਿਕ ਸਥਿਤੀ ਮਹਿੰਗੀ ਕੋਚਿੰਗ ਦੀ ਇਜਾਜ਼ਤ ਨਹੀਂ ਦਿੰਦੀ ਸੀ।ਅਨਮੋਲਪ੍ਰੀਤ ਸਿੰਘ ਦੀ ਕਹਾਣੀ ਦੱਸਦੀ ਹੈ ਕਿ ਸਹੀ ਮੌਕਾ ਕਿਸੇ ਵਿਦਿਆਰਥੀ ਦੀ ਸੋਚ ਤੇ ਪੂਰੀ ਜ਼ਿੰਦਗੀ ਦੀ ਦਿਸ਼ਾ ਬਦਲ ਸਕਦਾ ਹੈ।ਪਰਸ ਰਾਮ ਨਗਰ ਦੇ ਸਰਕਾਰੀ ਸਕੂਲ ਵਿੱਚ ਪੜ੍ਹਦੇ ਅਨਮੋਲਪ੍ਰੀਤ ਨੂੰ ਸ਼ੁਰੂ ਵਿੱਚ ਇਹ ਜਾਣਕਾਰੀ ਵੀ ਨਹੀਂ ਸੀ ਕਿ ਇੰਜੀਨੀਅਰ ਬਣਨ ਲਈ ਜੇਈਈ ਵਰਗੀ ਰਾਸ਼ਟਰੀ ਪੱਧਰ ਦੀ ਪ੍ਰੀਖਿਆ ਹੁੰਦੀ ਹੈ।ਫ਼ਾਜ਼ਿਲਕਾ ਦੀ ਕ੍ਰਿਸ਼ਨਾ ਬਾਈ ਨੇ ਵੀ ਆਪਣੀ ਮਿਹਨਤ ਤੇ ਮਿਲੇ ਮੌਕੇ ਦਾ ਪੂਰਾ ਲਾਭ ਉਠਾਉਂਦਿਆਂ ਸਰਕਾਰੀ ਗੁਰੂ ਨਾਨਕ ਇੰਜੀਨੀਅਰਿੰਗ ਕਾਲਜ ਵਿੱਚ ਕੰਪਿਊਟਰ ਸਾਇੰਸ ਤੇ ਇੰਜਨੀਅਰਿੰਗ ਵਿੱਚ ਦਾਖਲਾ ਹਾਸਲ ਕੀਤਾ ਹੈ।




## ਕਾਤਰਾਂ

### 2027 ਦੀਆਂ ਚੋਣਾਂ 'ਚ ਅਕਾਲੀ ਦਲ ਵਾਰਿਸ ਪੰਜਾਬ ਦੀ ਬਣੇਗੀ ਸਰਕਾਰ : ਪ੍ਰੋ: ਜੋਗੀਪੁਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਤੋਂ 'ਅਕਾਲੀ ਦਲ ਵਾਰਿਸ ਪੰਜਾਬ ਦੇ' ਟਕਸਾਲੀ ਆਗੂ ਪ੍ਰੋ. ਸੁਖਪ੍ਰੀਤ ਸਿੰਘ ਜੋਗੀਪੁਰ ਨੇ ਗੱਲਬਾਤ ਕਰਦਿਆਂ ਦਾਅਵਾ ਕੀਤਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੀ ਸਿਆਸਤ 'ਚ ਵੱਡਾ ਬਦਲਾਅ ਵੇਖਣ ਨੂੰ ਮਿਲੇਗਾ ਤੇ 'ਅਕਾਲੀ ਦਲ ਵਾਰਿਸ ਪੰਜਾਬ' ਵੱਡੀ ਲੀਡ ਨਾਲ ਜਿੱਤ ਦਰਜ ਕਰੇਗਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਿਆਸੀ ਹਾਲਾਤ ਨੂੰ ਬਾਰੀਕੀ ਨਾਲ ਦੇਖ ਰਹੇ ਹਨ ਤੇ ਹੁਣ ਉਹ ਅਜਿਹੀ ਸਰਕਾਰ ਚਾਹੁੰਦੇ ਹਨ, ਜੋ ਸੂਬੇ ਦੇ ਹਿੱਤਾਂ ਨੂੰ ਪਹਿਲ ਦੇਵੇ।ਸੁਖਪ੍ਰੀਤ ਸਿੰਘ ਜੋਗੀਪੁਰ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਪੰਜਾਬ ਦੇ ਹੱਕਾਂ, ਨੌਜਵਾਨਾਂ ਦੇ ਰੁਜ਼ਗਾਰ, ਕਿਸਾਨਾਂ ਦੀਆਂ ਸਮੱਸਿਆਵਾਂ ਤੇ ਸੂਬੇ ਦੇ ਵਿਕਾਸ ਨਾਲ ਜੁੜੇ ਮੁੱਦਿਆਂ ਨੂੰ ਮਜ਼ਬੂਤੀ ਨਾਲ ਉਠਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਨੂੰ ਲੈ ਕੇ ਲੋਕਾਂ ਵਿੱਚ ਲਗਾਤਾਰ ਭਰੋਸਾ ਵਧ ਰਿਹਾ ਹੈ।ਉਨ੍ਹਾਂ ਵਰਕਰਾਂ ਨੂੰ ਇਕਜੁੱਟ ਹੋ ਕੇ ਲੋਕਾਂ ਤੱਕ ਪਹੁੰਚ ਕਰਨ ਤੇ ਪਾਰਟੀ ਦੀਆਂ ਨੀਤੀਆਂ ਬਾਰੇ ਜਾਗਰੂਕ ਕਰਨ ਦੀ ਅਪੀਲ ਵੀ ਕੀਤੀ।

### 40 ਕਿੱਲੋ ਚੂਰਾ ਪੋਸਤ ਸਮੇਤ ਦੋ ਕਾਬੂ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਥਾਣਾ ਨਿਹਾਲ ਸਿੰਘ ਵਾਲਾ ਦੀ ਪੁਲਸ ਨੂੰ ਵੱਡੀ ਸਫਲਤਾ ਮਿਲੀ ਹੈ।ਪੁਲਸ ਨੇ ਕਾਰਵਾਈ ਕਰਦਿਆਂ 40 ਕਿਲੋਗ੍ਰਾਮ ਚੂਰਾ ਪੋਸਤ (ਡੋਡੇ) ਬਰਾਮਦ ਕਰਕੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ।ਪੁਲਸ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਰਿੰਕੂ ਸਿੰਘ ਪੁੱਤਰ ਜੀਤ ਸਿੰਘ, ਵਾਸੀ ਪੱਤੀ ਦਾਲੋਂ ਮਾਲ, ਪਿੰਡ ਬਡਰੁੱਖਾਂ, ਜ਼ਿਲ੍ਹਾ ਸੰਗਰੂਰ ਤੇ ਸਤਪਾਲ ਸਿੰਘ ਪੁੱਤਰ ਮਖਤਿਆਰ ਸਿੰਘ ਵਾਸੀ ਪੱਤੀ ਦਾਲੋਂ ਮਾਲ ਪਿੰਡ ਬਡਰੁਖਾਂ ਜ਼ਿਲ੍ਹਾ ਸੰਗਰੂਰ ਵਜੋਂ ਦੱਸੀ ਗਈ ਹੈ।ਪੁਲਸ ਨੇ ਦੋਵਾਂ ਮੁਲਜ਼ਮਾਂ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ 40 ਕਿਲੋਗ੍ਰਾਮ ਡੋਡੇ ਬਰਾਮਦ ਕੀਤੇ ਹਨ।ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਬਰਾਮਦ ਨਸ਼ੀਲਾ ਪਦਾਰਥ ਕਿੱਥੋਂ ਲਿਆਂਦਾ ਗਿਆ ਸੀ ਅਤੇ ਇਸ ਦੀ ਸਪਲਾਈ ਕਿੱਥੇ ਕੀਤੀ ਜਾਣੀ ਸੀ।ਥਾਣਾ ਨਿਹਾਲ ਸਿੰਘ ਵਾਲਾ ਦੇ ਐੱਸ ਐੱਚ ਓ ਰਣਜੀਤ ਸਿੰਘ ਢੀਂਡਸਾ ਨੇ ਦੱਸਿਆ ਕਿ ਇਨ੍ਹਾਂ ਦਾ ਮੈਜਿਸਟ੍ਰੇਟ ਤੋਂ ਰਿਮਾਂਡ ਹਾਸਲ ਕਰਕੇ ਅਗਲੀ ਪੁੱਛਗਿੱਛ ਕੀਤੀ ਜਾਵੇਗੀ। ਇਸ ਮੌਕੇ ਗੁਰਤੇਜ ਸਿੰਘ ਮੁੱਖ ਮੁਨਸ਼ੀ, ਅਮਨਦੀਪ ਸਿੰਘ ਸਹਾਇਕ ਮੁਨਸ਼ੀ, ਏਕਮਦੀਪ ਸਿੰਘ ਆਦਿ ਪੁਲਸ ਪ੍ਰਸ਼ਾਸਨ ਦੀ ਟੀਮ ਹਾਜ਼ਰ ਸੀ।

## ਨੌਜਵਾਨ ਦੀ ਮੌਤ ਦੇ ਮਾਮਲੇ 'ਚ ਥਾਣੇ ਅੱਗੇ ਧਰਨਾ, ਪੰਜ ਵਿਰੁੱਧ ਕੇਸ ਦਰਜ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਪਿੰਡ ਬਰਾਸ ਦੇ 24 ਸਾਲਾ ਨੌਜਵਾਨ ਦਵਿੰਦਰ ਸਿੰਘ ਉਰਫ਼ ਬਿੱਟੂ ਦੀ ਹੋਈ ਮੌਤ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਕਰਦੇ ਮ੍ਰਿਤਕ ਨੌਜਵਾਨ ਦੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਿਆਸੀ ਆਗੂਆਂ, ਹਮਾਇਤੀਆਂ ਤੇ ਪਿੰਡ ਵਾਸੀਆਂ ਵੱਲੋਂ ਅੱਜ ਸਵੇਰੇ ਸਰਹਿੰਦ-ਲਾਂਡਰਾ ਮੁੱਖ ਸੜਕ 'ਤੇ ਸਥਿਤ ਥਾਣਾ ਬਡਾਲੀ ਆਲਾ ਸਿੰਘ ਅੱਗੇ ਧਰਨਾ ਲਗਾ ਦਿੱਤਾ ਗਿਆ। ਇਸ ਤੋਂ ਬਾਅਦ ਸੀਨੀਅਰ ਪੁਲਸ ਅਧਿਕਾਰੀਆਂ ਨੇ ਮੌਕੇ 'ਤੇ ਪੁੱਜ ਕੇ ਧਰਨਾਕਾਰੀਆਂ ਨਾਲ ਗੱਲਬਾਤ ਕੀਤੀ ਤੇ ਪੁਲਸ ਵੱਲੋਂ ਦੋ ਮਹਿਲਾਵਾਂ ਸਮੇਤ ਪੰਜ ਵਿਅਕਤੀਆਂ ਵਿਰੁੱਧ ਕੇਸ ਦਰਜ ਕਰ ਲਿਆ ਗਿਆ, ਪਰ ਧਰਨਾਕਾਰੀ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਤੱਕ ਧਰਨਾ ਨਾ ਚੁੱਕਣ ਦੀ ਗੱਲ 'ਤੇ ਅੜੇ ਰਹੇ, ਜਿਸ ਤੋਂ ਬਾਅਦ ਸ਼ਾਮ ਕਰੀਬ ਛੇ ਵਜੇ ਜਾ ਕੇ ਧਰਨਾਕਾਰੀ ਧਰਨਾ ਚੁੱਕਣ ਲਈ ਰਾਜ਼ੀ ਹੋਏ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀ.ਐੱਸ.ਪੀ. ਬਸੀ ਪਠਾਣਾਂ ਰਾਜ ਕੁਮਾਰ ਨੇ ਦੱਸਿਆ ਕਿ ਮ੍ਰਿਤਕ ਦੇ ਭਰਾ ਰਜਿੰਦਰ ਸਿੰਘ ਵਾਸੀ ਪਿੰਡ ਬਰਾਸ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਪਰਸੋਂ ਸ਼ਾਮ ਕਰੀਬ 7 ਵਜੇ ਉਸ ਦੇ ਛੋਟੇ ਭਰਾ ਦਵਿੰਦਰ ਸਿੰਘ (24) ਨੂੰ ਪਿੰਡ ਭਗੜਾਣਾ ਦੀ ਇੱਕ ਲੜਕੀ ਨੇ ਫੋਨ ਕਰ ਕੇ ਆਪਣੇ ਪਿੰਡ ਬੁਲਾਇਆ ਕਿ ਕੋਈ ਜ਼ਰੂਰੀ ਗੱਲ ਕਰਨੀ ਹੈ।ਜਦੋਂ ਉਸ ਦਾ ਭਰਾ ਦਵਿੰਦਰ ਸਿੰਘ ਉਨ੍ਹਾਂ ਦੇ ਡੇਰੇ 'ਤੇ ਗਿਆ ਤਾਂ ਉੱਥੇ ਮੌਜੂਦ ਕੁਝ ਵਿਅਕਤੀਆਂ ਨੇ ਉਸ ਦੀ ਬੁਰੀ ਤਰ੍ਹਾਂ ਕੁੱਟਮਾਰ ਕਰਦਿਆਂ ਉਸ ਦੇ ਮੂੰਹ ਵਿੱਚ ਕੋਈ ਜ਼ਹਿਰੀਲੀ ਵਸਤੂ ਪਾ ਦਿੱਤੀ, ਜਿਸ ਸਬੰਧੀ ਪਤਾ ਲੱਗਣ 'ਤੇ ਉਹ ਪਰਿਵਾਰਕ ਮੈਂਬਰਾਂ ਸਮੇਤ ਪਿੰਡ ਭਗੜਾਣਾ ਵਿਖੇ ਉਕਤ ਲੜਕੀ ਦੇ ਘਰ ਪੁੱਜੇ, ਜਿੱਥੇ ਮੌਜੂਦ ਕੁਝ ਵਿਅਕਤੀਆਂ ਵੱਲੋਂ ਉਸ ਦੇ ਭਰਾ ਦਵਿੰਦਰ ਸਿੰਘ ਦੀ ਕੁੱਟਮਾਰ ਕੀਤੀ ਜਾ ਰਹੀ ਸੀ।ਪਿੰਡ ਭਗੜਾਣਾ ਦੇ ਸਰਪੰਚ ਦੀ ਦਖਲਅੰਦਾਜ਼ੀ ਤੋਂ ਬਾਅਦ ਉਕਤ ਵਿਅਕਤੀਆਂ ਵੱਲੋਂ ਉਨ੍ਹਾਂ ਨੂੰ ਦਵਿੰਦਰ ਸਿੰਘ ਨੂੰ ਉੱਥੋਂ ਚੁੱਕਣ ਦਿੱਤਾ ਗਿਆ। ਉਪਰੰਤ ਦਵਿੰਦਰ ਸਿੰਘ ਨੂੰ ਇਲਾਜ ਲਈ ਪਹਿਲਾਂ ਸਥਾਨਕ ਹਸਪਤਾਲ ਵਿੱਚ ਤੇ ਫਿਰ ਪੀਜੀਆਈ ਚੰਡੀਗੜ੍ਹ ਲਿਜਾਇਆ ਗਿਆ, ਪਰ ਦਵਿੰਦਰ ਸਿੰਘ ਦੀ ਜਾਨ ਨਹੀਂ ਬਚ ਸਕੀ ਤੇ ਉਸ ਦੀ ਮੌਤ ਹੋ ਗਈ। ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਥਾਣਾ ਬਡਾਲੀ ਆਲਾ ਸਿੰਘ ਵਿਖੇ ਅ/ਧ 108, 115(2), 126(2), 3(5) ਬੀ.ਐਨ.ਐਸ. ਤਹਿਤ ਦਰਜ ਕੀਤੇ ਗਏ ਮੁਕੱਦਮੇ ਵਿੱਚ ਰੁਪਿੰਦਰ ਕੌਰ, ਗੁਰਸ਼ਰਨ ਸਿੰਘ ਉਰਫ਼ ਸਨੀ, ਗੁਰਸ਼ਰਨ ਸਿੰਘ ਦੀ ਭੈਣ ਵਾਸੀਆਨ ਪਿੰਡ ਭਗੜਾਣਾ, ਸੁਖਜਿੰਦਰ ਸਿੰਘ ਉਰਫ਼ ਜੌਂਟੀ ਤੇ ਦਰਸ਼ਨ ਸਿੰਘ ਵਾਸੀਆਨ ਪਿੰਡ ਬਰਾਸ ਨੂੰ ਨਾਮਜ਼ਦ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਲਈ ਪੁਲਸ ਦੀਆਂ ਟੀਮਾਂ ਵੱਲੋਂ ਛਾਪੇਮਾਰੀ ਜਾਰੀ ਹੈ।

## ਕਿਸਾਨ ਮੋਰਚੇ ਵੱਲੋਂ ਪੰਜਾਬ ਦੇ 22 ਜ਼ਿਲ੍ਹਿਆਂ ਦੇ ਡੀ ਸੀ ਦਫ਼ਤਰਾਂ ਅੱਗੇ ਰੋਸ ਮੋਰਚਾ ਅੱਜ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਿਸਾਨ-ਮਜ਼ਦੂਰ ਮੋਰਚਾ ਚੈਪਟਰ ਪੰਜਾਬ ਦੇ ਸੱਦੇ 'ਤੇ ਪੰਜਾਬ ਦੇ ਸਾਰੇ 22 ਜ਼ਿਲ੍ਹਿਆਂ 'ਚ ਡੀ.ਸੀ. ਦਫ਼ਤਰਾਂ ਅੱਗੇ ਇੱਕ-ਰੋਜ਼ਾ ਵਿਸ਼ਾਲ ਮੋਰਚੇ ਲਾਏ ਜਾਣਗੇ।ਮੋਰਚੇ ਵਿੱਚ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਮਾਤਾਵਾਂ ਤੇ ਭੈਣਾਂ ਨੂੰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ ਹੈ।ਕਿਸਾਨ ਮਜ਼ਦੂਰ ਮੋਰਚਾ ਚੈਪਟਰ ਪੰਜਾਬ ਨੇ ਕਿਹਾ ਕਿ ਪੰਜਾਬ ਦੀ ਖੇਤੀ, ਪਾਣੀ, ਜ਼ਮੀਨ, ਰੁਜ਼ਗਾਰ ਤੇ ਪੇਂਡੂ ਅਰਥਚਾਰੇ ਨਾਲ ਜੁੜੇ ਗੰਭੀਰ ਮਸਲਿਆਂ ਦਾ ਹੱਲ ਕਰਨ ਦੀ ਬਜਾਏ ਸਰਕਾਰਾਂ ਅਜਿਹੀਆਂ ਨੀਤੀਆਂ ਲਾਗੂ ਕਰ ਰਹੀਆਂ ਹਨ, ਜਿਨ੍ਹਾਂ ਦਾ ਸਭ ਤੋਂ ਵੱਧ ਅਸਰ ਕਿਸਾਨਾਂ, ਮਜ਼ਦੂਰਾਂ ਅਤੇ ਪੇਂਡੂ ਲੋਕਾਂ ਉੱਤੇ ਪੈਂਦਾ ਹੈ।ਇਸ ਲਈ 31 ਅਗਸਤ ਦੇ ਮੋਰਚੇ ਰਾਹੀਂ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਕੋਲ ਹੇਠ ਲਿਖੀਆਂ ਮੰਗਾਂ ਜ਼ੋਰਦਾਰ ਢੰਗ ਨਾਲ ਰੱਖੀਆਂ ਜਾਣਗੀਆਂ।ਪੰਜਾਬ ਸਰਕਾਰ ਬਾਸਮਤੀ, ਮੱਕੀ, ਮੂੰਗੀ, ਸਰ੍ਹੋਂ ਤੇ ਆਲੂ ਦੀ ਫ਼ਸਲ ਦੀ ਆਪਣੇ ਪੱਧਰ 'ਤੇ ਐੱਮ.ਐੱਸ.ਪੀ. ਤੋਂ ਉੱਪਰ ਲਾਭਕਾਰੀ ਭਾਅ 'ਤੇ ਖਰੀਦ ਯਕੀਨੀ ਬਣਾਉਣ, ਕਿਸਾਨਾਂ ਤੇ ਮਜ਼ਦੂਰਾਂ ਦੀ ਸਮੁੱਚੀ ਕਰਜ਼ਾ ਮੁਕਤੀ ਕੀਤੀ ਜਾਵੇ। ਕਰਜ਼ੇ ਕਾਰਨ ਖੁਦਕੁਸ਼ੀ ਕਰਨ ਵਾਲੇ ਕਿਸਾਨਾਂ ਤੇ ਮਜ਼ਦੂਰਾਂ ਦੇ ਪਰਵਾਰਾਂ ਨੂੰ ਢੁੱਕਵਾਂ ਮੁਆਵਜ਼ਾ ਅਤੇ ਪਰਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ, ਪੰਜਾਬ ਵਿੱਚ ਵਾਰ-ਵਾਰ ਆਉਂਦੇ ਹੜ੍ਹਾਂ, ਧਰਤੀ ਹੇਠਲੇ ਪਾਣੀ ਦੇ ਲਗਾਤਾਰ ਡਿੱਗ ਰਹੇ ਪੱਧਰ ਅਤੇ ਹਵਾ ਤੇ ਪਾਣੀ ਦੇ ਵਧ ਰਹੇ ਪ੍ਰਦੂਸ਼ਣ ਦੇ ਸੰਕਟ ਨੂੰ ਹੱਲ ਕਰਨ ਲਈ ਵਿਗਿਆਨਕ ਤੇ ਲੋਕ ਪੱਖੀ ਨੀਤੀ ਬਣਾਈ ਜਾਵੇ।ਦਰਿਆਈ ਪਾਣੀਆਂ ਦੀ ਵੰਡ ਰਾਇਪੇਰੀਅਨ ਸਿਧਾਂਤ ਅਨੁਸਾਰ ਕਰਨ, ਪੰਜਾਬ ਸਰਕਾਰ ਭਾਰਤ-ਅਮਰੀਕਾ ਵਪਾਰਕ ਸਮਝੌਤੇ ਦੇ ਵਿਰੋਧ ਵਿੱਚ ਪੰਜਾਬ ਵਿਧਾਨ ਸਭਾ ਵਿੱਚ ਮਤਾ ਪਾਸ ਕਰਕੇ ਕੇਂਦਰ ਸਰਕਾਰ ਤੋਂ ਇਹ ਸਮਝੌਤਾ ਰੱਦ ਕਰਨ ਤੋਂ ਇਲਾਵਾ ਸ਼ੰਭੂ ਤੇ ਖਨੌਰੀ ਮੋਰਚਿਆਂ ਤੋਂ ਕਿਸਾਨਾਂ ਦੀਆਂ ਟਰਾਲੀਆਂ ਸਮੇਤ ਜ਼ਬਤ ਜਾਂ ਲੁੱਟਿਆ ਗਿਆ ਸਾਰਾ ਸਮਾਨ ਵਾਪਸ ਕਰਨ ਤੋਂ ਇਲਾਵਾ ਹੋਰ ਮੰਗਾਂ ਮੰਨਣ ਦੀ ਮੰਗ ਕੀਤੀ।

## ਸੁਸਰੀ ਦੀ ਸਮੱਸਿਆ ਤੋਂ ਪ੍ਰੇਸ਼ਾਨ ਪਿੰਡ ਵਾਸੀਆਂ ਵੱਲੋਂ ਵੇਅਰ ਹਾਊਸ ਅੱਗੇ ਧਰਨਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪ੍ਰਜਾ)**-ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਰਹੂੜਿਆਂਵਾਲੀ ਵਿੱਚ ਵੇਅਰਹਾਊਸ ਤੋਂ ਪੈਦਾ ਹੋ ਰਹੀ ਸੁਸਰੀ ਦੀ ਸਮੱਸਿਆ ਨੂੰ ਲੈ ਕੇ ਪਿੰਡ ਵਾਸੀਆਂ ਵਿੱਚ ਭਾਰੀ ਰੋਸ ਹੈ।ਸਮੱਸਿਆ ਤੋਂ ਪਰੇਸ਼ਾਨ ਪਿੰਡ ਵਾਸੀਆਂ, ਪੰਚਾਇਤ ਮੈਂਬਰਾਂ ਅਤੇ ਮੌਜੂਦਾ ਸਰਪੰਚ ਤੇ ਸਾਬਕਾ ਸਰਪੰਚ ਵੱਲੋਂ ਵੇਅਰਹਾਊਸ ਅੱਗੇ ਧਰਨਾ ਲਗਾ ਕੇ ਪ੍ਰਸ਼ਾਸਨ ਤੋਂ ਪੱਕੇ ਹੱਲ ਦੀ ਮੰਗ ਕੀਤੀ ਗਈ। ਪਿੰਡ ਰਹੂੜਿਆਂ ਵਾਲੀ ਦੇ ਵਾਸੀਆਂ ਦਾ ਕਹਿਣਾ ਹੈ ਕਿ ਇਹ ਵੇਅਰਹਾਊਸ ਸਾਲ 2011 ਦੇ ਕਰੀਬ ਬਣਿਆ ਸੀ ਤੇ ਉਸ ਤੋਂ ਹੀ ਹਰ ਸਾਲ ਪਿੰਡ ਨੂੰ ਸੁਸਰੀ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਿੰਡ ਵਾਸੀਆਂ ਮੁਤਾਬਕ ਪਿਛਲੇ ਦਿਨਾਂ ਵਿੱਚ ਸਮੱਸਿਆ ਕਾਫੀ ਗੰਭੀਰ ਹੋ ਗਈ ਹੈ ਤੇ ਸ਼ਾਮ ਤੋਂ ਲੈ ਕੇ ਰਾਤ ਤੱਕ ਸੁਸਰੀ ਦੀ ਭਰਮਾਰ ਰਹਿੰਦੀ ਹੈ।ਲੋਕਾਂ ਦਾ ਦੋਸ਼ ਹੈ ਕਿ ਸੁਸਰੀ ਘਰਾਂ ਵਿੱਚ ਰੋਟੀ, ਆਟੇ ਤੇ ਹੋਰ ਖਾਣ-ਪੀਣ ਦੀਆਂ ਚੀਜ਼ਾਂ ਵਿੱਚ ਪੈ ਜਾਂਦੀ ਹੈ ਅਤੇ ਅੱਖਾਂ, ਕੰਨਾਂ ਤੇ ਨੱਕ ਤੱਕ ਪਹੁੰਚ ਜਾਂਦੀ ਹੈ।ਪਿੰਡ ਵਾਸੀਆਂ ਨੇ ਦੱਸਿਆ ਕਿ ਬੱਚਿਆਂ ਨੂੰ ਵੀ ਇਸ ਕਾਰਨ ਚਮੜੀ ਤੇ ਇਨਫੈਕਸ਼ਨ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਮੁਤਾਬਕ ਰਾਤ ਸਮੇਂ ਸੁਸਰੀ ਬਿਸਤਰਿਆਂ 'ਤੇ ਡਿੱਗਦੀ ਰਹਿੰਦੀ ਹੈ, ਜਿਸ ਕਾਰਨ ਲੋਕਾਂ ਲਈ ਸੌਣਾ ਵੀ ਮੁਸ਼ਕਲ ਹੋ ਗਿਆ ਹੈ।

ਪਿੰਡ ਵਾਸੀਆਂ ਅਤੇ ਸਰਪੰਚ ਤੇ ਪੰਚਾਇਤ ਮੈਂਬਰਾਂ ਦਾ ਕਹਿਣਾ ਹੈ ਕਿ ਉਹ ਪਹਿਲਾਂ ਵੀ ਕਈ ਵਾਰ ਧਰਨੇ ਪ੍ਰਦਰਸ਼ਨ ਕਰ ਚੁੱਕੇ ਹਨ, ਇੱਥੋਂ ਤੱਕ ਕਿ ਸੜਕਾਂ ਵੀ ਰੋਕੀਆਂ ਗਈਆਂ, ਪਰ ਹਰ ਵਾਰ ਕੁਝ ਦਿਨਾਂ ਵਿੱਚ ਸਮੱਸਿਆ ਹੱਲ ਕਰਨ ਦਾ ਭਰੋਸਾ ਦੇ ਕੇ ਮਾਮਲਾ ਸ਼ਾਂਤ ਕਰ ਦਿੱਤਾ ਜਾਂਦਾ ਹੈ।ਉਨ੍ਹਾਂ ਦਾ ਦੋਸ਼ ਹੈ ਕਿ ਕੁਝ ਸਮੇਂ ਬਾਅਦ ਮੁੜ ਉਹੀ ਸਮੱਸਿਆ ਸ਼ੁਰੂ ਹੋ ਜਾਂਦੀ ਹੈ।ਉਨ੍ਹਾਂ ਦੀ ਮੰਗ ਹੈ ਕਿ ਸੁਸਰੀ ਦੀ ਰੋਕਥਾਮ ਲਈ ਲੋੜੀਂਦੀ ਦਵਾਈ ਤੇ ਫਿਊਮੀਗੇਸ਼ਨ ਦਾ ਪੂਰਾ ਪ੍ਰਬੰਧ ਕੀਤਾ ਜਾਵੇ।ਵੇਅਰਹਾਊਸ ਦੇ ਐੱਮ ਆਈ ਐੱਸ ਅੰਮ੍ਰਿਤਪਾਲ ਸਿੰਘ ਨੇ ਪਿੰਡ ਵਾਸੀਆਂ ਦੀ ਸਮੱਸਿਆ ਨੂੰ ਮੰਨਦਿਆਂ ਕਿਹਾ ਕਿ ਸਟਾਕ ਦੇ ਪਿਛਲੇ ਦੋ ਮਹੀਨੇ ਵਿੱਚ ਲਗਾਤਾਰ ਜ਼ਿਆਦਾ ਹੋਣ ਕਾਰਨ ਸੁਸਰੀ ਦੀ ਸਮੱਸਿਆ ਵਧੀ ਹੈ।ਉਨ੍ਹਾਂ ਦੱਸਿਆ ਕਿ ਕਰੀਬ 75 ਤੋਂ 90 ਫੀਸਦੀ ਸਟਾਕ ਦੇ ਸਟਾਕ ਦੀ ਫਿਊਮੀਗੇਸ਼ਨ ਕੀਤੀ ਜਾ ਚੁੱਕੀ ਹੈ ਅਤੇ ਬਾਕੀ ਸਟਾਕ ਦੀ ਵੀ ਇੱਕ-ਦੋ ਦਿਨਾਂ ਵਿੱਚ ਫਿਊਮੀਗੇਸ਼ਨ ਮੁਕੰਮਲ ਕਰ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਫਿਊਮੀਗੇਸ਼ਨ ਪੂਰੀ ਹੋਣ ਤੋਂ ਬਾਅਦ ਸੁਸਰੀ ਦੀ ਸਮੱਸਿਆ 'ਤੇ ਕਾਬੂ ਪਾ ਲਿਆ ਜਾਵੇਗਾ।

## ਭਿਖਾਰੀਆਂ ਤੇ ਚੌਂਕਾਂ 'ਚ ਮੰਗਣ ਵਾਲੇ ਕਿੰਨਰਾਂ ਤੋਂ ਪਟਿਆਲਵੀ ਡਾਢੇ ਪ੍ਰੇਸ਼ਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਜ਼ਿਲ੍ਹੇ 'ਚ ਭੀਖ ਮੰਗਣ ਵਾਲਿਆਂ ਦੀ ਵਧਦੀ ਗਿਣਤੀ ਨੇ ਲੋਕਾਂ ਦਾ ਘਰੋਂ ਬਾਹਰ ਨਿਕਲਣਾ ਮੁਸ਼ਕਲ ਕਰ ਦਿੱਤਾ ਹੈ।ਲੋਕ ਇਸ ਤੋਂ ਡਾਢੇ ਪ੍ਰੇਸ਼ਾਨ ਹਨ।ਹਰ ਚੌਕ ਵਿੱਚ ਦਰਜਨਾਂ ਭਿਖਾਰੀ ਮਿਲਦੇ ਹਨ।ਹੁਣ ਤਾਂ ਹੱਦ ਹੀ ਹੋ ਗਈ ਹੈ ਕਿ ਕੁੱਝ ਡੁਪਲੀਕੇਟ ਬਣੇ ਕਿੰਨਰ ਹਰ ਚੌਕ 'ਤੇ ਮੰਗਦੇ ਨਜ਼ਰ ਆਉਂਦੇ ਹਨ ਅਤੇ ਧੱਕੇ ਨਾਲ ਲੋਕਾਂ ਨੂੰ ਤੰਗ ਕਰਦੇ ਹਨ ਤੇ ਲੋਕਾਂ ਨਾਲ ਗਾਲੀ ਗਲੋਚ ਵੀ ਕਰਦੇ ਹਨ, ਪਰ ਇਸ ਮਾਮਲੇ ਨੂੰ ਲੈ ਕੇ ਜ਼ਿਲ੍ਹਾ ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ।ਪੰਜਾਬ ਦੇ ਮੁੱਖ ਮੰਤਰੀ ਨੇ ਇਸ ਵਧਦੀ ਸਮੱਸਿਆ ਨੂੰ ਲੈ ਕੇ ਕੁੱਝ ਸਮਾਂ ਪਹਿਲਾਂ ਹੁਕਮ ਦਿੱਤੇ ਸਨ ਕਿ ਭਿਖਾਰੀਆਂ ਨੂੰ ਜ਼ਿਲ੍ਹੇ ਵਿੱਚੋਂ ਜੜ੍ਹ ਤੋਂ ਖਤਮ ਕੀਤਾ ਜਾਵੇ ਅਤੇ ਇਨ੍ਹਾਂ ਤੇ ਇਨ੍ਹਾਂ ਦੇ ਬੱਚਿਆਂ ਦੇ ਡੀਐੱਨਏ ਟੈਸਟ ਕਰਵਾਏ ਜਾਣ, ਪਰ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਤੇ ਅਧਿਕਾਰੀ ਕੁੰਭਕਰਨੀ ਨੀਂਦ ਸੌਂ ਰਹੇ ਹਨ। ਇਸ ਤਰ੍ਹਾਂ ਲਗਦਾ ਹੈ ਕਿ ਇਹ ਭਿਖਾਰੀਆਂ ਨੂੰ ਖੁਦ ਬੜ੍ਹਾਵਾ ਦਿੰਦੇ ਹੋਣ।ਲੋਕ ਪ੍ਰੇਸ਼ਾਨ ਹਨ ਕਿ ਅਜੇ ਤੱਕ ਮੁੱਖ ਮੰਤਰੀ ਦੇ ਹੁਕਮਾਂ ਤੋਂ ਬਾਅਦ ਵੀ ਕਿਉਂ ਇਨ੍ਹਾਂ ਭਿਖਾਰੀਆਂ 'ਤੇ ਕਾਰਵਾਈ ਸ਼ੁਰੂ ਨਹੀਂ ਹੋ ਸਕੀ।ਪੰਜਾਬ ਸਰਕਾਰ ਦੇ ਹੁਕਮਾਂ ਨੂੰ ਵੀ ਅਧਿਕਾਰੀ ਟਿੱਚ ਸਮਝਦੇ ਹਨ।ਭਿਖਾਰੀਆਂ ਤੋਂ ਹਰ ਪਟਿਆਲਵੀ ਪ੍ਰੇਸ਼ਾਨ ਹੈ।ਹੁਣ ਤਾਂ ਕੁੱਝ ਮੁੰਡੇ ਕਿੰਨਰਾਂ ਦਾ ਰੂਪ ਧਾਰਕੇ ਚੌਕਾਂ 'ਤੇ ਹੁੜਦੰਗ ਮਚਾ ਰਹੇ ਹਨ।ਹੈਰਾਨੀ ਹੈ ਕਿ ਇਹ ਲੀਲਾਭਵਨ ਚੌਕ ਵਿੱਚ ਸਭ ਤੋਂ ਵੱਧ ਹੁੜਦੰਗ ਮਚਾਉਂਦੇ ਹਨ, ਜਿੱਥੇ ਕਿ ਜ਼ਿਲ੍ਹੇ ਦੇ ਟਾਪ ਮੋਸਟ ਪ੍ਰਸ਼ਾਸਨਕ ਅਧਿਕਾਰੀਆਂ ਦੀਆਂ ਕੋਠੀਆਂ ਹਨ।ਲੋਕਾਂ ਦਾ ਕਹਿਣਾ ਹੈ ਕਿ ਆਖਰ ਇੰਨੀ ਕਿੰਨੀ ਵੱਡੀ ਗੱਲ ਹੈ ਕਿ ਇਸ ਸਮੱਸਿਆ ਨੂੰ ਖਤਮ ਨਹੀਂ ਕੀਤਾ ਜਾ ਸਕਦਾ, ਕਿਉਂ ਜ਼ਿਲ੍ਹਾ ਪ੍ਰਸ਼ਾਸਨ ਜਾਂ ਜ਼ਿਲ੍ਹਾ ਪੁਲਸ ਇਸ ਉੱਪਰ ਕਾਰਵਾਈ ਨਹੀਂ ਕਰ ਰਹੀ?

### ਸਾਂਝੀ ਮੁਹਿੰਮ ਚਲਾਉਣ ਦੀ ਲੋੜ : ਗੌਰਵ ਸੰਧੂ

ਕਾਂਗਰਸ ਦੇ ਨੌਜਵਾਨ ਆਗੂ ਗੌਰਵ ਸੰਧੂ ਨੇ ਗੱਲਬਾਤ ਕਰਦਿਆਂ ਆਖਿਆ ਕਿ ਭਿਖਾਰੀਆਂ ਨੂੰ ਲੈ ਕੇ ਜ਼ਿਲ੍ਹਾ ਪੁਲਸ ਤੇ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਸਾਂਝੀ ਮੁਹਿੰਮ ਚਲਾਉਣ ਦੀ ਲੋੜ ਹੈ ਤੇ ਇਸ ਬਿਮਾਰੀ ਨੂੰ ਜੜ੍ਹੋਂ ਹੀ ਖਤਮ ਕਰਨਾ ਚਾਹੀਦਾ ਹੈ।ਉਨ੍ਹਾ ਕਿਹਾ ਕਿ ਅਧਿਕਾਰੀਆਂ ਨੂੰ ਜਾਗਣਾ ਚਾਹੀਦਾ ਹੈ ਤੇ ਜਲਦ ਤੋਂ ਜਲਦ ਭਿਖਾਰੀਆਂ ਦੇ ਇਨ੍ਹਾਂ ਝੁਰਮਟਾਂ 'ਤੇ ਕਾਰਵਾਈ ਕਰਨੀ ਚਾਹੀਦੀ ਹੈ।ਉਨ੍ਹਾ ਆਖਿਆ ਕਿ ਪਟਿਆਲਾ ਵਿੱਚ ਹਰ ਗੱਲ ਦੇਰ ਨਾਲ ਸ਼ੁਰੂ ਹੁੰਦੀ ਹੈ।ਤੁਰੰਤ ਇਸ ਸਬੰਧੀ ਅਧਿਕਾਰੀਆਂ ਨੂੰ ਸਾਹਮਣੇ ਆਉਣਾ ਚਾਹੀਦਾ ਹੈ ਤਾਂ ਜੋ ਪਟਿਆਲਾ ਨੂੰ ਭਿਖਾਰੀਆਂ ਤੋਂ ਰਾਹਤ ਦਿਵਾਈ ਜਾ ਸਕੇ।

## ਪ੍ਰੈੱਸ ਦੀ ਆਜ਼ਾਦੀ 'ਤੇ ਹਮਲਿਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਇਨਕਲਾਬੀ ਕੇਂਦਰ ਪੰਜਾਬ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਇਨਕਲਾਬੀ ਕੇਂਦਰ ਪੰਜਾਬ ਦੇ ਸੂਬਾ ਪ੍ਰਧਾਨ ਨਰਾਇਣ ਦੱਤ ਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੈਨੇਡਾ ਵਿੱਚ ਅੰਤਰਰਾਸ਼ਟਰੀ ਵਿਦਿਆਰਥੀਆਂ ਦੀ ਆਵਾਜ਼ ਬੁਲੰਦ ਕਰ ਰਹੇ ਸੁਤੰਤਰ ਮੀਡੀਆ ਅਦਾਰੇ '5 ਡਬਲਯੂ ਐੱਚ ਮੀਡੀਆ' ਦੇ ਪੱਤਰਕਾਰ ਰਮਨਜੀਤ ਸਿੱਧੂ ਖਿਲਾਫ਼ ਸਿਊਟ ਗਰੁੱਪ ਵੱਲੋਂ ਕੀਤੇ 10 ਲੱਖ ਡਾਲਰ ਦੇ ਮਾਨਹਾਨੀ ਦੇ ਦਾਅਵੇ ਤੇ ਪੰਜਾਬ ਵਿੱਚ ਪੱਤਰਕਾਰ ਮਨਿੰਦਰਜੀਤ ਸਿੱਧੂ ਉੱਤੇ ਦਰਜ ਝੂਠੇ ਪਰਚੇ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਆਗੂਆਂ ਨੇ ਕਿਹਾ ਕਿ ਕੈਲਗਰੀ ਤੇ ਕੈਨੇਡਾ ਦੇ ਹੋਰ ਸ਼ਹਿਰਾਂ ਵਿੱਚ ਅੰਤਰਰਾਸ਼ਟਰੀ ਵਿਦਿਆਰਥੀਆਂ ਨਾਲ ਹੁੰਦੀ ਲੁੱਟ, ਪੋਸਟ-ਗ੍ਰੈਜੂਏਸ਼ਨ ਵਰਕ ਪਰਮਿਟ (ਪੀ ਜੀ ਡਵਲਯੂ ਪੀ) ਨਾ ਦੇਣ, ਦੇਸ਼-ਨਿਕਾਲੇ ਦੇ ਖ਼ਤਰੇ ਤੇ ਪ੍ਰਾਈਵੇਟ-ਪਬਲਿਕ ਕਾਲਜਾਂ ਦੇ ਵਪਾਰੀਕਰਨ ਨੂੰ ਬੇਬਾਕੀ ਨਾਲ ਨੰਗਾ ਕਰ ਰਹੇ ਚੈਨਲ '5 ਡਬਲਯੂ ਐੱਚ' ਦਾ ਗਲਾ ਘੁੱਟਣ ਲਈ ਸਿਊਟ ਗਰੁੱਪ ਵੱਲੋਂ ਇਹ ਅਦਾਲਤੀ ਧੱਕੇਸ਼ਾਹੀ ਕੀਤੀ ਗਈ ਹੈ। ਇਹ ਕਾਨੂੰਨੀ ਚਾਰਜੋਈ ਸੱਚ ਦੀ ਭਾਲ ਲਈ ਨਹੀਂ ਸਗੋਂ ਲੋਕਤੰਤਰ ਦੇ ਥੰਮ੍ਹ 'ਤੇ ਹਮਲਾ ਕਰਕੇ ਵਿਦਿਆਰਥੀ ਹੱਕਾਂ ਦੀ ਆਵਾਜ਼ ਨੂੰ ਡਰਾਉਣ ਤੇ ਦਬਾਉਣ ਦਾ ਘਿਨਾਉਣਾ ਹਥਿਆਰ ਹੈ। ਪੰਜਾਬ ਤੋਂ ਲੈ ਕੇ ਕੈਨੇਡਾ ਵਰਗੇ ਪੂੰਜੀਵਾਦੀ ਮੁਲਕ ਸਿੱਖਿਆ ਨੂੰ ਮੁਨਾਫ਼ੇ ਦਾ ਸਾਧਨ ਬਣਾ ਕੇ ਵਿਦਿਆਰਥੀਆਂ ਦਾ ਸ਼ੋਸ਼ਣ ਕਰ ਰਹੇ ਹਨ ਤੇ ਸਰਕਾਰਾਂ ਦੀ ਅਪਰਾਧਕ ਚੁੱਪ ਇਸ ਲੁੱਟ ਨੂੰ ਹੋਰ ਹਲਾਸ਼ੇਰੀ ਦਿੰਦੀ ਹੈ।

ਇਸੇ ਤਰ੍ਹਾਂ ਪੰਜਾਬ ਅੰਦਰ ਵੀ ਸੱਚ ਲਿਖਣ ਵਾਲੇ ਪੱਤਰਕਾਰਾਂ ਦੀ ਆਵਾਜ਼ ਨੂੰ ਦਬਾਉਣ ਲਈ ਹਕੂਮਤੀ ਸ਼ਹਿ 'ਤੇ ਝੂਠੇ ਕੇਸ ਦਰਜ ਕਰਨ ਦਾ ਸਿਲਸਿਲਾ ਜਾਰੀ ਹੈ। ਪੰਜਾਬ ਦੇ ਪੱਤਰਕਾਰ ਮਨਿੰਦਰਜੀਤ ਸਿੱਧੂ ਉੱਤੇ ਲੰਬੀ ਪੁਲਸ ਵੱਲੋਂ ਸਿਆਸੀ ਸ਼ਹਿ 'ਤੇ ਦਰਜ ਕੀਤਾ ਝੂਠਾ ਪਰਚਾ ਇਸੇ ਨਾਦਰਸ਼ਾਹੀ ਨੀਤੀ ਦਾ ਹਿੱਸਾ ਹੈ। ਸੂਬਾ ਆਗੂਆਂ ਜਸਵੰਤ ਜੀਰਖ, ਮੁਖਤਿਆਰ ਪੂਹਲਾ ਤੇ ਜਗਜੀਤ ਲਹਿਰਾ ਮੁਹੱਬਤ ਨੇ ਕਿਹਾ ਕਿ ਇਨਕਲਾਬੀ ਕੇਂਦਰ ਪੰਜਾਬ ਸਿਊਟ ਗਰੁੱਪ ਵੱਲੋਂ '5 ਡਬਲਯੂ ਐੱਚ ਮੀਡੀਆ' ਤੇ ਪੱਤਰਕਾਰ ਰਮਨਜੀਤ ਸਿੱਧੂ ਖਿਲਾਫ਼ ਕੀਤੇ 10 ਲੱਖ ਡਾਲਰ ਦੇ ਝੂਠੇ ਮਾਨਹਾਨੀ ਦੇ ਦਾਅਵੇ ਨੂੰ ਤੁਰੰਤ ਵਾਪਸ ਲੈਣ, ਅੰਤਰਰਾਸ਼ਟਰੀ ਵਿਦਿਆਰਥੀਆਂ ਨੂੰ ਪੋਸਟ ਗ੍ਰੈਜੂਏਟ ਵਰਕ ਪਰਮਿਟ ਦਿੱਤੇ ਜਾਣ ਤੇ ਕੈਨੇਡਾ ਸਰਕਾਰ ਵੱਲੋਂ ਸਿੱਖਿਆ ਦੇ ਵਪਾਰੀਕਰਨ 'ਤੇ ਤੁਰੰਤ ਰੋਕ ਲਾਉਣ ਦੀ ਮੰਗ ਕਰਦਾ ਹੈ। ਉਨ੍ਹਾਂ ਮੰਗ ਕੀਤੀ ਕਿ ਪੰਜਾਬ 'ਚ ਪੱਤਰਕਾਰ ਮਨਿੰਦਰਜੀਤ ਸਿੱਧੂ ਉੱਤੇ ਦਰਜ ਕੀਤਾ ਝੂਠਾ ਪਰਚਾ ਤੁਰੰਤ ਰੱਦ ਕੀਤਾ ਜਾਵੇ।

## ਅਗਾਮੀ ਵਿਧਾਨ ਸਭਾ ਚੋਣਾਂ ਲਈ 'ਆਪ' ਨੇ ਪਿੰਡਾਂ 'ਚ ਸਰਗਰਮੀਆਂ ਵਧਾਈਆਂ

### ਭੁੱਲਰ ਦੇ ਹੱਕ 'ਚ ਮੁਹਿੰਮ ਤੇਜ਼ ਕਰਨ ਦਾ ਐਲਾਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ 2027 ਨੂੰ ਲੈ ਕੇ ਸਿਆਸੀ ਪਾਰਟੀਆਂ ਵੱਲੋਂ ਆਪਣੀਆਂ ਸਰਗਰਮੀਆਂ ਨੂੰ ਹੌਲੀ-ਹੌਲੀ ਤੇਜ਼ ਕੀਤਾ ਜਾ ਰਿਹਾ ਹੈ। ਇਸੇ ਕੜੀ ਤਹਿਤ ਆਮ ਆਦਮੀ ਪਾਰਟੀ ਨਾਲ ਜੁੜੇ ਆਗੂਆਂ ਤੇ ਵਰਕਰਾਂ ਵੱਲੋਂ ਵੀ ਪਿੰਡ ਪੱਧਰ 'ਤੇ ਸੰਪਰਕ ਮੁਹਿੰਮ ਨੂੰ ਮਜ਼ਬੂਤ ਕਰਨ ਲਈ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਗਿਆ ਹੈ। ਪਿੰਡ ਪੱਧਰੀ ਵਿਖੇ ਸਾਬਕਾ ਸਰਪੰਚ ਵਿਰਸਾ ਸਿੰਘ ਦੀ ਰਿਹਾਇਸ਼ 'ਤੇ ਹੋਈ ਇੱਕ ਅਹਿਮ ਮੀਟਿੰਗ ਦੌਰਾਨ ਆਗਾਮੀ ਚੋਣਾਂ ਨੂੰ ਲੈ ਕੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਹਾਜ਼ਰ ਆਗੂਆਂ ਤੇ ਵਰਕਰਾਂ ਨੇ ਚੋਣਾਂ ਦੌਰਾਨ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੇਠਲੇ ਪੱਧਰ ਤੱਕ ਲਿਜਾਣ, ਲੋਕਾਂ ਨਾਲ ਸਿੱਧਾ ਸੰਪਰਕ ਵਧਾਉਣ ਤੇ ਪਿੰਡਾਂ ਵਿੱਚ ਪਾਰਟੀ ਦੀਆਂ ਨੀਤੀਆਂ ਸਬੰਧੀ ਜਾਣਕਾਰੀ ਪਹੁੰਚਾਉਣ ਬਾਰੇ ਵਿਚਾਰ ਸਾਂਝੇ ਕੀਤੇ। ਇਸ ਮੌਕੇ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਭਵਿੱਖੀ ਰਣਨੀਤੀ ਤਿਆਰ ਕਰਨ 'ਤੇ ਵੀ ਚਰਚਾ ਹੋਈ। ਮੀਟਿੰਗ ਦੌਰਾਨ ਹਾਜ਼ਰ ਵਿਅਕਤੀਆਂ ਵੱਲੋਂ ਮੇਜਰ ਹਰਮਿੰਦਰ ਸਿੰਘ ਭੁੱਲਰ ਦੇ ਹੱਕ ਵਿੱਚ ਇਕਜੁੱਟ ਹੋ ਕੇ ਕੰਮ ਕਰਨ ਦਾ ਫੈਸਲਾ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪਿੰਡਾਂ ਅੰਦਰ ਲੋਕਾਂ ਨਾਲ ਵੱਧ ਤੋਂ ਵੱਧ ਰਾਬਤਾ ਕਾਇਮ ਕਰਕੇ ਚੋਣ ਮੁਹਿੰਮ ਨੂੰ ਮਜ਼ਬੂਤ ਕੀਤਾ ਜਾਵੇਗਾ। ਇਸ ਦੇ ਨਾਲ ਹੀ ਪਾਰਟੀ ਨਾਲ ਜੁੜੇ ਵਰਕਰਾਂ ਨੂੰ ਸਰਗਰਮ ਕਰਕੇ ਜ਼ਮੀਨੀ ਪੱਧਰ 'ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ ਗਿਆ। ਮੀਟਿੰਗ ਵਿੱਚ ਇਹ ਵੀ ਚਰਚਾ ਕੀਤੀ ਗਈ ਕਿ ਚੋਣਾਂ ਭਾਵੇਂ ਅਜੇ ਦੂਰ ਹਨ, ਪਰ ਸਿਆਸੀ ਤੌਰ 'ਤੇ ਮਜ਼ਬੂਤ ਤਿਆਰੀ ਲਈ ਜ਼ਮੀਨੀ ਪੱਧਰ 'ਤੇ ਲਗਾਤਾਰ ਲੋਕ ਸੰਪਰਕ ਜ਼ਰੂਰੀ ਹੈ। ਇਸ ਲਈ ਪਿੰਡਾਂ ਵਿੱਚ ਛੋਟੀਆਂ ਮੀਟਿੰਗਾਂ, ਲੋਕਾਂ ਨਾਲ ਮੁਲਾਕਾਤਾਂ ਤੇ ਸਥਾਨਕ ਪੱਧਰ ਦੀਆਂ ਗਤੀਵਿਧੀਆਂ ਨੂੰ ਵਧਾਉਣ ਦੀ ਲੋੜ 'ਤੇ ਸਹਿਮਤੀ ਪ੍ਰਗਟਾਈ ਗਈ। ਸਾਬਕਾ ਸਰਪੰਚ ਵਿਰਸਾ ਸਿੰਘ ਦੀ ਰਿਹਾਇਸ਼ 'ਤੇ ਹੋਈ ਇਸ ਬੈਠਕ ਨੂੰ ਆਗਾਮੀ ਵਿਧਾਨ ਸਭਾ ਚੋਣਾਂ ਦੀ ਤਿਆਰੀ ਵੱਲ ਇੱਕ ਅਹਿਮ ਕਦਮ ਵਜੋਂ ਦੇਖਿਆ ਜਾ ਰਿਹਾ ਹੈ। ਮੀਟਿੰਗ ਵਿੱਚ ਸ਼ਾਮਲ ਆਗੂਆਂ ਤੇ ਵਰਕਰਾਂ ਨੇ ਮੇਜਰ ਹਰਮਿੰਦਰ ਸਿੰਘ ਭੁੱਲਰ ਦੇ ਹੱਕ ਵਿੱਚ ਮਿਲਜੁਲ ਕੇ ਚੋਣ ਮੁਹਿੰਮ ਚਲਾਉਣ ਤੇ ਪਿੰਡ ਪੱਧਰ 'ਤੇ ਲੋਕਾਂ ਤੱਕ ਪਹੁੰਚ ਬਣਾਉਣ ਦਾ ਭਰੋਸਾ ਦਿੱਤਾ।

## ਤੀਆਂ ਦੇ ਬਹਾਨੇ ਵਿਧਾਇਕ ਬਾਜ਼ੀਗਰ ਵੱਲੋਂ ਸ਼ਕਤੀ ਪ੍ਰਦਰਸ਼ਨ

### ਆਗਾਮੀ ਵਿਧਾਨ ਸਭਾ ਚੋਣਾਂ ਲੜਨ ਤੇ ਜਿੱਤਣ ਦਾ ਦਾਅਵਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹਲਕਾ ਸ਼ੁਤਰਾਣਾ ਦੇ ਕਸਬਾ ਘੱਗਾ ਵਿਖੇ ਕੀਤੀ ਗਈ ਰੈਲੀ ਮਗਰੋਂ ਆਮ ਆਦਮੀ ਪਾਰਟੀ ਵਿੱਚ ਪੈਦਾ ਹੋਏ ਹਾਲਾਤਾਂ ਦੇ ਚੱਲਦਿਆਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਤੀਆਂ ਦੇ ਬਹਾਨੇ ਸ਼ਕਤੀ ਪ੍ਰਦਰਸ਼ਨ ਕੀਤਾ ਗਿਆ।ਸਥਾਨਕ ਗਰਗ ਪੈਲਿਸ ਵਿਖੇ ਹੋਏ ਇਸ ਸਮਾਗਮ ਵਿਧਾਇਕ ਦੇ ਕੁਝ ਕੁ ਸਮਰਥਕਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਔਰਤਾਂ ਨੇ ਹਿੱਸਾ ਲਿਆ।

ਇਸ ਦੌਰਾਨ ਵਿਧਾਇਕ ਵੱਲੋਂ ਡੀਜੇ ਦੀ ਧਮਕ ਉੱਤੇ ਨੱਚ ਟੱਪ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ।ਇਸ ਪ੍ਰੋਗਰਾਮ ਦੀ ਵਿਸ਼ੇਸ਼ਤਾ ਇਹ ਰਹੀ ਕਿ ਸਟੇਜ ਉੱਤੇ ਜਿੱਥੇ ਔਰਤਾਂ ਵੱਲੋਂ ਨੱਚ ਕੇ ਖੁਸ਼ੀ ਮਨਾਈ ਜਾ ਰਹੀ ਸੀ, ਉਥੇ ਹਾਜ਼ਰ ਹਜ਼ਾਰਾਂ ਦੀ ਗਿਣਤੀ ਵਿੱਚ ਔਰਤਾਂ ਡੀਜੇ ਦੀ ਧਮਕ ਉੱਤੇ ਪੰਡਾਲ ਵਿੱਚ ਨੱਚਦੀਆਂ ਨਜ਼ਰ ਆਈਆਂ।ਇਸ ਦੌਰਾਨ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਲੰਬੇ ਸਮੇਂ ਤੋਂ ਪਾਰਟੀ ਨੂੰ ਮਜ਼ਬੂਤ ਕਰਨ ਵਿੱਚ ਆਪਣਾ ਯੋਗਦਾਨ ਪਾ ਰਹੀਆਂ ਆਪ ਮਹਿਲਾ ਵਿੰਗ ਨਾਲ ਸੰਬੰਧਤ ਔਰਤਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ।

ਸਮਾਗਮ ਵਿੱਚ ਸ਼ਾਮਲ ਹੋਏ ਵੀਰਪਾਲ ਕੌਰ ਚਹਿਲ ਜ਼ੋਨ ਇੰਚਾਰਜ, ਆਰਤੀ ਗੁਪਤਾ ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਆਪ, ਰੇਖਾ ਪਵਾਰ ਮੀਤ ਜ਼ਿਲ੍ਹਾ ਪ੍ਰਧਾਨ ਪਟਿਆਲਾ, ਦੀਪ ਮਾਲਾ ਦੁੱਗਲ ਜ਼ਿਲ੍ਹਾ ਸਕੱਤਰ, ਸੁਮਨ ਰਾਣੀ ਹਲਕਾ ਇੰਚਾਰਜ ਸ਼ੁਤਰਾਣਾ, ਪ੍ਰੀਤੀ ਜੈਨ ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲ ਪਾਤੜਾਂ, ਰੇਨੂ ਵਧਵਾ ਮੀਤ ਪ੍ਰਧਾਨ ਨਗਰ ਕੌਂਸਲ ਪਾਤੜਾਂ ਦਾ ਧੰਨਵਾਦ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਉਹ ਹਲਕੇ ਦੇ ਜੰਮਪਲ ਹਨ ਤੇ ਹਲਕੇ ਦੇ ਲੋਕ ਉਸ ਦੇ ਆਪਣੇ ਹਨ।ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਉੱਤੇ ਉਨ੍ਹਾਂ ਨੂੰ ਕੋਈ ਇਤਰਾਜ਼ ਨਹੀਂ, ਪਰ ਹਲਕੇ ਉੱਤੇ ਕਬਜ਼ਾ ਕਰਨ ਦੀਆਂ ਚੱਲ ਰਹੀਆਂ ਸਾਜ਼ਿਸ਼ਾਂ ਉਨ੍ਹਾਂ ਨੂੰ ਮਨਜ਼ੂਰ ਨਹੀਂ।ਉਨ੍ਹਾਂ ਕਿਹਾ ਕਿ ਪ੍ਰੋਗਰਾਮ ਨੂੰ ਤਾਰਪੀਡੋ ਕਰਨ ਲਈ ਵੱਡੇ ਪੱਧਰ ਉੱਤੇ ਕੋਸ਼ਿਸ਼ਾਂ ਕੀਤੀਆਂ ਗਈਆਂ, ਪਰ ਹਲਕੇ ਦੇ ਲੋਕਾਂ ਵੱਲੋਂ ਦਿੱਤੇ ਗਏ ਪਿਆਰ ਨੇ ਉਨ੍ਹਾਂ ਦੇ ਹੌਸਲੇ ਨੂੰ ਹੋਰ ਬੁਲੰਦ ਕੀਤਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਉਹ ਆਗਾਮੀ ਵਿਧਾਨ ਸਭਾ ਚੋਣਾਂ ਸ਼ਾਨ ਨਾਲ ਲੜਨਗੇ ਤੇ ਜਿੱਤਣਗੇ।ਇਸ ਦੌਰਾਨ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੀ ਪਤਨੀ ਸੁਖਵੰਤ ਕੌਰ, ਮਾਤਾ ਰੌਸ਼ਨੀ ਦੇਵੀ, ਟਰੱਕ ਯੂਨੀਅਨ ਪਾਤੜਾਂ ਦੇ ਪ੍ਰਧਾਨ ਰਣਜੀਤ ਸਿੰਘ ਵਿਰਕ ਡਰੋਲੀ, ਸਰਪੰਚ ਬਲਜਿੰਦਰ ਸਿੰਘ ਜੋਗੇਵਾਲਾ, ਸਰਪੰਚ ਤਲਵਿੰਦਰ ਸਿੰਘ ਮਨੇਸ਼, ਬਲਾਕ ਸੰਮਤੀ ਮੈਂਬਰ ਕੁਲਦੀਪ ਸਿੰਘ ਆਦਿ ਹਾਜ਼ਰ ਸਨ।

## ਮਿੱਡ ਡੇ ਮੀਲ ਦੀ ਰਾਸ਼ੀ ਜਾਰੀ ਨਾ ਹੋਣ ਕਾਰਨ ਸਕੀਮ ਬੰਦ ਹੋਣ ਕਿਨਾਰੇ

### ਅਧਿਆਪਕ ਆਪਣੀ ਜੇਬ 'ਚੋਂ ਚਲਾ ਰਹੇ ਹਨ ਸਕੀਮ : ਜੀਟੀਯੂ ਪੰਜਾਬ

**ਜ਼ੀਰਾ (ਨਰਿੰਦਰ ਅਨੇਜਾ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ, ਵਿੱਤ ਸਕੱਤਰ ਮਨੋਹਰ ਲਾਲ ਸ਼ਰਮਾ ਤੇ ਪ੍ਰੈੱਸ ਸਕੱਤਰ ਕਰਨੈਲ ਫਿਲੌਰ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਚੱਲ ਰਹੀ ਮਿੱਡ ਡੇ ਮੀਲ ਸਕੀਮ ਦੀ ਰਾਸ਼ੀ ਪਿਛਲੇ ਲਗਭਗ ਪੰਜ ਮਹੀਨਿਆਂ ਤੋਂ ਜਾਰੀ ਨਾ ਕਰਨ ਦੀ ਸਖ਼ਤ ਨਿਖੇਧੀ ਕੀਤੀ ਹੈ।ਯੂਨੀਅਨ ਆਗੂਆਂ ਨੇ ਕਿਹਾ ਕਿ ਸਰਕਾਰ ਦੀ ਇਸ ਲਾਪ੍ਰਵਾਹੀ ਕਾਰਨ ਸਕੂਲਾਂ ਵਿੱਚ ਬੱਚਿਆਂ ਨੂੰ ਦਿੱਤੇ ਜਾਣ ਵਾਲੇ ਮਿੱਡ ਡੇ ਮੀਲ ਦੀ ਵਿਵਸਥਾ ਗੰਭੀਰ ਸੰਕਟ ਵਿੱਚ ਪੈ ਗਈ ਹੈ।ਯੂਨੀਅਨ ਨੇ ਕਿਹਾ ਕਿ ਮਿੱਡ ਡੇ ਮੀਲ ਸਕੀਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸਕੂਲਾਂ ਨੂੰ ਸਮੇਂ ਸਿਰ ਲੋੜੀਂਦੀ ਰਾਸ਼ੀ ਮੁਹੱਈਆ ਕਰਵਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਪ੍ਰੰਤੂ ਪਿਛਲੇ ਪੰਜ ਮਹੀਨਿਆਂ ਤੋਂ ਰਾਸ਼ੀ ਜਾਰੀ ਨਾ ਹੋਣ ਕਾਰਨ ਸਕੂਲਾਂ ਦੇ ਮੁਖੀਆਂ ਤੇ ਅਧਿਆਪਕਾਂ ਨੂੰ ਆਪਣੀ ਜੇਬ ਵਿੱਚੋਂ ਖਰਚ ਕਰਕੇ ਬੱਚਿਆਂ ਲਈ ਖਾਣਾ ਤਿਆਰ ਕਰਵਾਉਣ ਲਈ ਮਜਬੂਰ ਹੋਣਾ ਪੈ ਰਿਹਾ ਹੈ।ਯੂਨੀਅਨ ਆਗੂਆਂ ਸੀਨੀਅਰ ਮੀਤ ਪ੍ਰਧਾਨ ਤੀਰਥ ਸਿੰਘ ਬਾਸੀ, ਗੁਰਪ੍ਰੀਤ ਸਿੰਘ ਅਮੀਵਾਲ, ਕੁਲਦੀਪ ਪੁਰੋਵਾਲ ਮੀਤ ਪ੍ਰਧਾਨ ਗੁਰਦੀਪ ਬਾਜਵਾ, ਹਰਿੰਦਰ ਮੱਲੀਆਂ ਤੇ ਰਛਪਾਲ ਵੜੈਚ, ਜਥੇਬੰਦਕ ਸਕੱਤਰ ਬਲਵਿੰਦਰ ਸਿੰਘ ਭੁੱਟੋ ਨੇ ਕਿਹਾ ਕਿ ਅਧਿਆਪਕਾਂ ਨੂੰ ਪੜ੍ਹਾਉਣ ਦੇ ਨਾਲ-ਨਾਲ ਸਰਕਾਰ ਦੀਆਂ ਵੱਖ-ਵੱਖ ਗੈਰ-ਵਿੱਦਿਅਕ ਡਿਊਟੀਆਂ ਦਾ ਬੋਝ ਵੀ ਝੱਲਣਾ ਪੈ ਰਿਹਾ ਹੈ ਅਤੇ ਹੁਣ ਆਪਣੀ ਜੇਬ ਵਿੱਚੋਂ ਮਿੱਡ ਡੇ ਮੀਲ ਦਾ ਖਰਚਾ ਕਰਨਾ ਅਧਿਆਪਕਾਂ ਨਾਲ ਹੋਰ ਵੱਡੀ ਬੇਇਨਸਾਫ਼ੀ ਹੈ।ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਨੇ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਤੋਂ ਮੰਗ ਕੀਤੀ ਕਿ ਮਿੱਡ ਡੇ ਮੀਲ ਦੀ ਪਿਛਲੇ ਪੰਜ ਮਹੀਨਿਆਂ ਤੋਂ ਬਕਾਇਆ ਸਾਰੀ ਰਾਸ਼ੀ ਤੁਰੰਤ ਜਾਰੀ ਕੀਤੀ ਜਾਵੇ।ਯੂਨੀਅਨ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮਿੱਡ ਡੇ ਮੀਲ ਦੀ ਬਕਾਇਆ ਰਾਸ਼ੀ ਤੁਰੰਤ ਜਾਰੀ ਨਾ ਕੀਤੀ ਤਾਂ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਇਸ ਗੰਭੀਰ ਮਸਲੇ ਨੂੰ ਅਧਿਆਪਕਾਂ ਤੇ ਲੋਕਾਂ ਵਿੱਚ ਲੈ ਕੇ ਜਾਣ ਲਈ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

## 'ਸਵੱਛ ਅਭਿਆਨ ਪੰਜਾਬ' ਤਹਿਤ ਮੋਗਾ 'ਚ ਸਫ਼ਾਈ ਮੁਹਿੰਮ ਦਾ ਆਗਾਜ਼



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸ਼ਹਿਰਾਂ ਅਤੇ ਕਸਬਿਆਂ ਨੂੰ ਸਾਫ਼-ਸੁਥਰਾ, ਸੁੰਦਰ ਤੇ ਸਿਹਤਮੰਦ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੇ 'ਸਵੱਛ ਅਭਿਆਨ ਪੰਜਾਬ' ਤਹਿਤ ਮੋਗਾ ਜ਼ਿਲ੍ਹੇ ਵਿੱਚ 10 ਰੋਜ਼ਾ ਵਿਸ਼ੇਸ਼ ਸਫ਼ਾਈ ਮੁਹਿੰਮ ਦਾ ਅੱਜ ਸਵੇਰੇ ਗੀਤਾ ਭਵਨ ਚੌਂਕ ਮੋਗਾ ਤੋਂ ਸ਼ੁਭ ਆਗਾਜ਼ ਕੀਤਾ ਗਿਆ। ਮੁਹਿੰਮ ਦੀ ਸ਼ੁਰੂਆਤ ਮੌਕੇ ਵਿਧਾਇਕ ਮੋਗਾ ਡਾ. ਅਮਨਦੀਪ ਕੌਰ ਅਰੋੜਾ, ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ, ਨਗਰ ਨਿਗਮ ਦੇ ਮੇਅਰ ਵਿਨੈਪਾਲ ਕੌਰ ਤੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਜਸਪਿੰਦਰ ਸਿੰਘ, ਨਗਰ ਨਿਗਮ ਦੇ ਕਮਿਸ਼ਨਰ ਗੁਰਵਿੰਦਰ ਸਿੰਘ ਜੌਹਲ ਨੇ ਖੁਦ ਸਫ਼ਾਈ ਕਾਰਜਾਂ ਵਿੱਚ ਹਿੱਸਾ ਲੈ ਕੇ ਸਵੱਛਤਾ ਪ੍ਰਤੀ ਜਾਗਰੂਕਤਾ ਦਾ ਸੰਦੇਸ਼ ਦਿੱਤਾ।

ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ 'ਸਵੱਛ ਅਭਿਆਨ ਪੰਜਾਬ' ਪੰਜਾਬ ਸਰਕਾਰ ਦੀ ਇੱਕ ਮਹੱਤਵਪੂਰਨ ਮੁਹਿੰਮ ਹੈ, ਜਿਸ ਦਾ ਉਦੇਸ਼ ਸੂਬੇ ਦੇ ਸ਼ਹਿਰਾਂ ਤੇ ਕਸਬਿਆਂ ਵਿੱਚ ਸਫ਼ਾਈ ਵਿਵਸਥਾ ਨੂੰ ਹੋਰ ਮਜ਼ਬੂਤ ਕਰਨਾ ਅਤੇ ਲੋਕਾਂ ਵਿੱਚ ਸਵੱਛਤਾ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ।ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਵਾਤਾਵਰਣ ਹਰੇਕ ਨਾਗਰਿਕ ਦਾ ਅਧਿਕਾਰ ਵੀ ਹੈ ਤੇ ਜ਼ਿੰਮੇਵਾਰੀ ਵੀ। ਵਿਧਾਇਕ ਨੇ ਕਿਹਾ ਕਿ ਸਫ਼ਾਈ ਕਿਸੇ ਇੱਕ ਦਿਨ ਜਾਂ ਮੁਹਿੰਮ ਤੱਕ ਸੀਮਤ ਨਹੀਂ ਹੋਣੀ ਚਾਹੀਦੀ, ਸਗੋਂ ਇਸ ਨੂੰ ਸਾਡੀ ਰੋਜ਼ਾਨਾ ਜ਼ਿੰਦਗੀ ਦਾ ਅਟੁੱਟ ਹਿੱਸਾ ਬਣਾਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਬਰਸਾਤੀ ਮੌਸਮ ਦੌਰਾਨ ਗਲੀਆਂ, ਨਾਲੀਆਂ, ਸੜਕਾਂ ਅਤੇ ਜਨਤਕ ਥਾਵਾਂ ਦੀ ਸਫ਼ਾਈ ਨੂੰ ਪਹਿਲ ਦੇ ਆਧਾਰ 'ਤੇ ਯਕੀਨੀ ਬਣਾਉਣਾ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਪ੍ਰਤੀ ਜਾਗਰੂਕਤਾ ਅਤੇ ਸਹੀ ਕੂੜਾ ਪ੍ਰਬੰਧਨ ਨਾਲ ਕਈ ਮੌਸਮੀ ਅਤੇ ਪਾਣੀ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਵਿੱਚ ਮਦਦ ਮਿਲ ਸਕਦੀ ਹੈ। ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ 'ਸਵੱਛ ਅਭਿਆਨ ਪੰਜਾਬ' ਨੂੰ ਲੋਕ ਲਹਿਰ ਬਣਾਉਣ ਲਈ ਵੱਧ ਤੋਂ ਵੱਧ ਸਹਿਯੋਗ ਦੇਣ।ਉਨ੍ਹਾਂ ਕਿਹਾ ਕਿ ਹਰ ਨਾਗਰਿਕ ਆਪਣੇ ਘਰ, ਦੁਕਾਨ, ਵਪਾਰਕ ਅਦਾਰੇ ਅਤੇ ਆਲੇ-ਦੁਆਲੇ ਦੇ ਖੇਤਰ ਨੂੰ ਸਾਫ਼ ਰੱਖਣ ਦਾ ਸੰਕਲਪ ਲਵੇ।ਉਨ੍ਹਾਂ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਕੂੜਾ-ਕਰਕਟ ਸੜਕਾਂ, ਗਲੀਆਂ ਜਾਂ ਜਨਤਕ ਥਾਵਾਂ 'ਤੇ ਨਾ ਸੁੱਟਿਆ ਜਾਵੇ, ਬਲਕਿ ਨਿਰਧਾਰਤ ਸਥਾਨਾਂ 'ਤੇ ਹੀ ਪਾਇਆ ਜਾਵੇ।ਇਸ ਦੇ ਨਾਲ ਹੀ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਰੱਖਣ ਅਤੇ ਕੂੜੇ ਦੀ ਸਹੀ ਸੰਭਾਲ ਨੂੰ ਆਪਣੀ ਰੋਜ਼ਾਨਾ ਆਦਤ ਦਾ ਹਿੱਸਾ ਬਣਾਇਆ ਜਾਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 10 ਰੋਜ਼ਾ ਵਿਸ਼ੇਸ਼ ਸਫ਼ਾਈ ਮੁਹਿੰਮ ਤਹਿਤ ਜ਼ਿਲ੍ਹੇ ਦੀਆਂ ਵੱਖ-ਵੱਖ ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ ਵਿਸ਼ੇਸ਼ ਸਫ਼ਾਈ ਕਾਰਜ ਕੀਤੇ ਜਾਣਗੇ।ਇਹ ਮੁਹਿੰਮ ਨਗਰ ਨਿਗਮ ਮੋਗਾ, ਨਗਰ ਕੌਂਸਲ ਬਾਘਾਪੁਰਾਣਾ, ਨਗਰ ਕੌਂਸਲ ਧਰਮਕੋਟ ਤੇ ਨਗਰ ਪੰਚਾਇਤ ਬੱਧਨੀ ਕਲਾਂ, ਨਿਹਾਲ ਸਿੰਘ ਵਾਲਾ, ਕੋਟ ਈਸੇ ਖਾਂ ਤੇ ਫਤਿਹਗੜ੍ਹ ਪੰਜਤੂਰ ਵਿਖੇ ਵੀ ਚਲਾਈ ਗਈ।

ਇਸ ਮੌਕੇ ਐਸ.ਡੀ.ਐਮ. ਮੋਗਾ ਸਤਵਿੰਦਰ ਪਾਲ ਸਿੰਘ ਰਣੀਕੇ, ਸੀਨੀਅਰ ਡਿਪਟੀ ਮੇਅਰ ਕਾਲਾ ਬਜਾਜ, ਡਿਪਟੀ ਮੇਅਰ ਗੌਰਵ ਗਰਗ, ਸਥਾਨਕ ਸਰਕਾਰਾਂ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਸਮੇਤ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਨੇ ਵੀ ਸਫ਼ਾਈ ਮੁਹਿੰਮ ਵਿੱਚ ਸ਼ਮੂਲੀਅਤ ਕੀਤੀ।

## ਅਧਿਆਪਕਾਂ ਨੇ ਸਕੂਲਾਂ 'ਚ ਸਾੜਿਆ ਮਾਨ ਸਰਕਾਰ ਦਾ ਧਮਕੀ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਸਟਰ ਕੇਡਰ ਯੂਨੀਅਨ ਦੇ ਸੂਬਾ ਪ੍ਰਧਾਨ ਬਲਜਿੰਦਰ ਧਾਲੀਵਾਲ, ਜ਼ਿਲ੍ਹਾ ਪ੍ਰਧਾਨ ਸ਼ਮਸ਼ੇਰ ਸਿੰਘ, ਇੰਦਰਪਾਲ ਸਿੰਘ ਮੈਡਮ ਨਿਧੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 27 ਅਗਸਤ ਨੂੰ ਪੰਜਾਬ ਭਰ ਦੇ ਕਰਮਚਾਰੀਆਂ ਤੇ ਅਧਿਆਪਕਾਂ ਵੱਲੋਂ ਸਮੂਹਕ ਛੁੱਟੀ ਲੈ ਕੇ ਸਾਰਾ ਦਫਤਰੀ ਕੰਮ-ਕਾਜ ਠੱਪ ਕਰਕੇ ਇਤਿਹਾਸਕ ਹੜਤਾਲ ਕੀਤੀ, ਜਿਸ ਨਾਲ ਪੰਜਾਬ ਸਰਕਾਰ ਦੀਆਂ ਚੂਲਾਂ ਹਿੱਲ ਗਈਆਂ। ਬੁਖਲਾਹਟ ਵਿੱਚ ਆ ਕੇ ਭਗਵੰਤ ਮਾਨ ਸਰਕਾਰ ਵੱਲੋਂ ਸਰਕਾਰੀ ਕਰਮਚਾਰੀਆਂ ਤੇ ਅਧਿਆਪਕਾਂ ਖਿਲਾਫ ਇੱਕ ਸਰਕਾਰੀ ਪੱਤਰ ਜਾਰੀ ਕੀਤਾ ਗਿਆ, ਜਿਸ ਤਹਿਤ ਸੂਚਨਾ ਮੰਗੀ ਗਈ ਹੈ ਕਿ ਗੈਰ-ਹਾਜ਼ਰ ਹੋ ਕੇ ਹੜਤਾਲ 'ਤੇ ਜਾਣ ਵਾਲੇ ਕਰਮਚਾਰੀਆਂ ਖਿਲਾਫ ਐਕਸ਼ਨ ਕੀਤਾ ਜਾਵੇਗਾ, ਪਰ ਪੰਜਾਬ ਦੇ ਸਾਰੇ ਕਰਮਚਾਰੀ ਸੰਵਿਧਾਨ ਅਨੁਸਾਰ ਛੁੱਟੀ ਲੈ ਕੇ ਹੜਤਾਲ 'ਤੇ ਗਏ ਸੀ, ਫਿਰ ਵੀ ਸਰਕਾਰ ਵੱਲੋਂ ਕਰਮਚਾਰੀਆਂ ਨੂੰ ਡਰਾਉਣ ਵਾਸਤੇ ਇਸ ਤਰ੍ਹਾਂ ਦਾ ਧਮਕੀ ਭਰਿਆ ਪੱਤਰ ਜਾਰੀ ਕੀਤਾ ਗਿਆ।ਸਰਕਾਰ ਦੇ ਚੈਲੰਜ ਕਬੂਲ ਕਰਦੇ ਹੋਏ ਸਮੁੱਚੇ ਅਧਿਆਪਕਾਂ ਵੱਲੋਂ ਆਪਣੇ ਸਕੂਲ ਵਿੱਚ ਇਸ ਧਮਕੀ ਭਰੇ ਪੱਤਰ ਦੀਆਂ ਕਾਪੀਆਂ ਸਾੜੀਆਂ ਗਈਆਂ ਤੇ ਕਿਹਾ ਕਿ ਜਦ ਤੱਕ ਸਰਕਾਰ ਪੁਰਾਣੀ ਪੈਨਸ਼ਨ, ਡੀ ਏ, ਪੇਂਡੂ ਭੱਤਾ, ਏਸੀਪੀ ਸਕੀਮ ਬਹਾਲ ਨਹੀਂ ਕਰਦੀ ਤੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਨਹੀਂ ਕਰਦੀ, ਉਨਾਂ ਚਿਰ ਤਿੱਖੇ ਸੰਘਰਸ਼ ਜਾਰੀ ਰਹਿਣਗੇ।ਇਸ ਸਮੇਂ ਹੋਰਨਾਂ ਤੋਂ ਇਲਾਵਾ ਸੰਦੀਪ ਪੁਰੀ, ਪਰਮਿੰਦਰ ਸਿੰਘ, ਨਿਰਮਲ ਸਿੰਘ, ਜਸਵਿੰਦਰ ਕੌਰ, ਮੈਡਮ ਚਮਨ ਪਰਮਜੀਤ ਕੌਰ, ਗਗਨਦੀਪ ਸਿੰਘ ਆਦਿ ਹਾਜ਼ਰ ਸਨ।

## ਨਵ-ਨਿਯੁਕਤ ਅਹੁਦੇਦਾਰਾਂ ਨੂੰ ਅਰਵਿੰਦ ਖੰਨਾ ਨੇ ਵੰਡੇ ਨਿਯੁਕਤੀ ਪੱਤਰ



**ਭਵਾਨੀਗੜ੍ਹ (ਰਾਜ ਖੁਰਮੀ)**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਰਵਿੰਦ ਖੰਨਾ ਦੀ ਸਿਫ਼ਾਰਸ਼ 'ਤੇ ਸਰਬਜੀਤ ਸਿੰਘ ਝਿੰਜਰ, ਪੰਜਾਬ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਤੇ ਸਮੁੱਚੀ ਪਾਰਟੀ ਲੀਡਰਸ਼ਿਪ ਵੱਲੋਂ ਨਿਯੁਕਤ ਕੀਤੇ ਗਏ ਯੂਥ ਵਿੰਗ ਦੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਅੱਜ ਸੰਗਰੂਰ ਵਿਖੇ ਨਿਯੁਕਤੀ ਪੱਤਰ ਸੌਂਪੇ ਗਏ।ਇਸ ਮੌਕੇ ਜਥੇਦਾਰ ਨਿਰਮਲ ਸਿੰਘ ਭੜੋ ਦੇ ਸਪੁੱਤਰ ਗੁਰਵਿੰਦਰ ਸਿੰਘ ਭੜੋ ਨੂੰ ਵਾਇਸ ਪ੍ਰਧਾਨ ਯੂਥ ਅਕਾਲੀ ਦਲ ਤੇ ਪਰਮਜੀਤ ਸਿੰਘ ਸੰਗਤਪੁਰਾ ਸਰਕਲ ਪ੍ਰਧਾਨ ਦੇ ਸਪੁੱਤਰ ਜਗਜੀਤ ਸਿੰਘ ਜੱਗੀ ਨੂੰ ਵਾਇਸ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਪੰਜਾਬ ਨਿਯੁਕਤ ਕੀਤੇ ਜਾਣ 'ਤੇ ਨਿਯੁਕਤੀ ਪੱਤਰ ਦਿੱਤੇ ਗਏ।ਇਸ ਤੋਂ ਇਲਾਵਾ ਨਰਦੀਪ ਸਿੰਘ ਨਿੱਪਾ ਨੂੰ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਪੰਜਾਬ ਤੇ ਪਰਵਿੰਦਰ ਸਿੰਘ ਘੁਮਾਣ ਨੂੰ ਵਾਇਸ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਪੰਜਾਬ ਦੀ ਜ਼ਿੰਮੇਵਾਰੀ ਮਿਲਣ 'ਤੇ ਵਧਾਈ ਦਿੱਤੀ ਗਈ।ਇਸ ਮੌਕੇ ਨਵ-ਨਿਯੁਕਤ ਨੌਜਵਾਨ ਅਹੁਦੇਦਾਰਾਂ ਨੇ ਅਰਵਿੰਦ ਖੰਨਾ ਤੇ ਪਾਰਟੀ ਦੀ ਹਾਈਕਮਾਂਡ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਇਮਾਨਦਾਰੀ ਤੇ ਮਿਹਨਤ ਨਾਲ ਨਿਭਾਉਣਗੇ।ਇਸ ਮੌਕੇ ਤੇਜਿੰਦਰ ਸਿੰਘ ਸੰਘਰੇੜੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਮੈਡਮ ਪਰਮਜੀਤ ਕੌਰ ਵਿਰਕ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਇਸਤਰੀ ਵਿੰਗ, ਇਕਬਾਲਜੀਤ ਸਿੰਘ ਪੂਨੀਆ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੰਜਾਬ, ਧਰਮਿੰਦਰ ਸਿੰਘ ਦੁੱਲਟ ਮੈਂਬਰ ਪੀ.ਏ.ਸੀ., ਰੁਪਿੰਦਰ ਸਿੰਘ ਰੰਧਾਵਾ ਮੈਂਬਰ ਪੀ.ਏ., ਹਲਕਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ, ਮਨਦੀਪ ਸਿੰਘ ਤੇ ਜਤਿੰਦਰ ਸਿੰਘ ਵਿੱਕੀ ਕੋਚ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਆਗੂ, ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

## ਹਡਾਣਾ ਨੇ ਪ੍ਰੇਮਪੁਰਾ ਤੇ ਅਰਨੋਲੀ ਵਿਖੇ ਕੀਤੀ ਸੱਥ ਮਿਲਣੀ



**ਦੇਵੀਗੜ੍ਹ/ਸਨੌਰ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸ੍ਰ. ਰਣਜੋਧ ਸਿੰਘ ਹਡਾਣਾ ਵੱਲੋਂ ਪਿੰਡ ਪ੍ਰੇਮਪੁਰਾ ਤੇ ਅਰਨੋਲੀ ਵਿਖੇ ਵਿਸ਼ੇਸ਼ ਲੋਕ ਮਿਲਣੀ ਪ੍ਰੋਗਰਾਮ ਕੀਤੇ ਗਏ।ਇਸ ਦੌਰਾਨ ਉਨ੍ਹਾਂ ਪਿੰਡ ਵਾਸੀਆਂ ਨਾਲ ਰੂਬਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਪਿੰਡਾਂ ਦੇ ਵਿਕਾਸ ਕਾਰਜਾਂ ਸੰਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ।ਇਸ ਮੌਕੇ ਉਨ੍ਹਾਂ ਨਾਲ ਬਲਦੇਵ ਸਿੰਘ ਚੇਅਰਮੈਨ, ਸਿਮਰਜੀਤ ਸਿੰਘ ਸੋਹਲ ਵਾਈਸ ਚੇਅਰਮੈਨ, ਰਾਜਾ ਧੰਜੂ ਸਰਪੰਚ ਤੇ ਬਲਾਕ ਪ੍ਰਧਾਨ, ਦਵਿੰਦਰ ਮਾੜੂ ਬਲਾਕ ਪ੍ਰਧਾਨ, ਲਵਤਾਰ ਸਿੰਘ ਮੈਂਬਰ ਬਲਾਕ ਸੰਮਤੀ, ਗੁਰਜੀਤ ਸਿੰਘ ਸਰਪੰਚ, ਲੱਛਮੀ ਦੇਵੀ ਸਰਪੰਚ, ਸਮੂਹ ਸਰਪੰਚ-ਪੰਚ, 'ਆਪ' ਦੇ ਸੀਨੀਅਰ ਆਗੂ, ਵਰਕਰ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਆਖਿਆ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਨਾ ਤੇ ਉਨ੍ਹਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਉਨ੍ਹਾਂ ਦੀ ਸਭ ਤੋਂ ਪਹਿਲੀ ਤਰਜੀਹ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ, ਪੀਣ ਵਾਲੇ ਸਾਫ਼ ਪਾਣੀ, ਪੱਕੀਆਂ ਗਲੀਆਂ-ਨਾਲੀਆਂ ਤੇ ਸਫ਼ਾਈ ਵਿਵਸਥਾ ਨੂੰ ਬਿਹਤਰ ਬਣਾਉਣ ਲਈ ਸਰਕਾਰ ਵੱਲੋਂ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਹਡਾਣਾ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਹਲਕਾ ਸਨੌਰ ਦੇ ਹਰ ਪਿੰਡ ਨੂੰ ਮਾਡਲ ਪਿੰਡ ਵਜੋਂ ਵਿਕਸਤ ਕੀਤਾ ਜਾਵੇਗਾ ਤਾਂ ਜੋ ਪੇਂਡੂ ਖੇਤਰ ਦੇ ਲੋਕਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਮਿਲ ਸਕਣ।

## ਝਾੜ ਸਾਹਿਬ ਕਾਲਜ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਸਮੂਹਕ ਅਰਦਾਸ



**ਸਮਰਾਲਾ (ਸੁਰਜੀਤ ਸਿੰਘ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਸਮੂਹ ਇਤਿਹਾਸਕ ਗੁਰਦੁਆਰਾ ਸਾਹਿਬਾਨ ਤੇ ਵਿੱਦਿਅਕ ਸੰਸਥਾਵਾਂ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਲਈ ਸਮੂਹਕ ਅਰਦਾਸ ਕਰਨ ਲਈ ਉਲੀਕੇ ਪ੍ਰੋਗਰਾਮ ਅਧੀਨ ਸਮੂਹ ਇਤਿਹਾਸਕ ਗੁਰਦੁਆਰਾ ਸਾਹਿਬਾਨ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਕਰਵਾਏ ਗਏ ਤੇ ਵਿੱਦਿਅਕ ਅਦਾਰਿਆਂ ਵਿੱਚ 29 ਅਗਸਤ ਨੂੰ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਕੇ ਬੰਦੀ ਸਿੰਘਾਂ ਦੀ ਚੜ੍ਹਦੀ ਕਲਾ ਲਈ ਗੁਰੂ ਸਾਹਿਬ ਦੇ ਸਨਮੁੱਖ ਅਰਦਾਸ ਬੇਨਤੀ ਕੀਤੀ ਗਈ।ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਵੀ ਵਿਸ਼ਵ ਭਰ ਦੀ ਸੰਗਤ ਨੂੰ ਅਪੀਲ ਕੀਤੀ ਗਈ ਕਿ ਬੰਦੀ ਸਿੰਘਾਂ ਦੀ ਚੜ੍ਹਦੀ ਕਲਾ ਤੇ ਰਿਹਾਈ ਲਈ ਸਮੂਹ ਸਿੱਖ ਸੰਗਤ ਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵੀ ਅਰਦਾਸ ਕਰਨ।ਇਸੇ ਭਾਵਨਾ ਨੂੰ ਮੁੱਖ ਰੱਖਦੇ ਹੋਏ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਦੀਆਂ ਵਿਦਿਆਰਥਣਾਂ ਤੇ ਸਮੂਹ ਸਟਾਫ਼ ਵੱਲੋਂ ਗੁਰਦੁਆਰਾ ਸ੍ਰੀ ਝਾੜ ਸਾਹਿਬ ਵਿਖੇ ਸੰਗਤੀ ਰੂਪ ਵਿੱਚ ਮਿਲ ਕੇ ਲੰਮੇਂ ਸਮੇਂ ਤੋਂ ਜੇਲਾਂ ਵਿੱਚ ਬੰਦ ਤੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੱਖਾਂ ਦੀ ਚੜ੍ਹਦੀ ਕਲਾ ਤੇ ਰਿਹਾਈ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਨ ਉਪਰੰਤ ਅਰਦਾਸ ਕੀਤੀ ਗਈ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਕਿਹਾ ਕਿ ਸਮੁੱਚੀ ਸਿੱਖ ਕੌਮ ਕਾਫੀ ਲੰਮੇਂ ਸਮੇਂ ਤੋਂ ਇਨ੍ਹਾਂ ਸਿੱਖਾਂ ਦੀ ਰਿਹਾਈ ਦੀ ਮੰਗ ਕਰ ਰਹੀ ਹੈ, ਪਰ ਇਸ ਮਸਲੇ ਨੂੰ ਲੈ ਕੇ ਸਰਕਾਰਾਂ ਦੀ ਸੋਚ ਤੇ ਯਤਨ ਹਮੇਸ਼ਾ ਨਾਕਾਰਾਤਮਕ ਹੀ ਰਹੇ ਹਨ।ਸਿੱਖ ਹਰ ਮੁਸ਼ਕਿਲ ਦੀ ਘੜੀ ਵਿੱਚ ਸ਼ਬਦ ਗੁਰੂ ਦਾ ਆਸਰਾ ਤੱਕਦਾ ਹੈ ਤੇ ਅਰਦਾਸ ਬੇਨਤੀ ਨੂੰ ਪ੍ਰਮੁੱਖਤਾ ਦਿੰਦਾ ਹੈ।ਇਸ ਲਈ ਅੱਜ ਵੀ ਬੰਦੀ ਸਿੰਘਾਂ ਦੇ ਮਾਮਲੇ ਨੂੰ ਲੈ ਕੇ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਕਾਲਜ ਦੇ ਸਮੂਹ ਸਟਾਫ ਤੇ ਵਿਦਿਆਰਥੀਆਂ ਵੱਲੋਂ ਬੇਨਤੀ ਕੀਤੀ ਗਈ ਤਾਂ ਜੋ ਬੰਦੀ ਸਿੰਘ ਆਪਣੇ ਪਰਿਵਾਰਾਂ ਵਿੱਚ ਮੁੜ ਵਾਪਸ ਆ ਸਕਣ।

## 'ਕਿਸਾਨ ਮੋਰਚਿਆਂ ਤੋਂ ਲੁੱਟਿਆ ਸਾਮਾਨ ਮੋੜੋ' ਦੇ ਪੋਸਟਰ ਲਗਾਏ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਭਾਰਤੀ ਕਿਸਾਨ ਯੂਨੀਅਨ ਏਕਤਾ (ਆਜ਼ਾਦ) ਬਲਾਕ ਪਾਤੜਾਂ ਵੱਲੋਂ ਕਿਸਾਨ ਮਜ਼ਦੂਰ ਮੋਰਚਾ ਦੇ ਸੱਦੇ ਤਹਿਤ ਸ਼ੰਭੂ ਤੇ ਖਨੌਰੀ ਕਿਸਾਨ ਮੋਰਚੇ ਨੂੰ ਖਤਮ ਕਰਨ ਵੇਲੇ ਚੋਰੀ ਹੋਏ ਸਾਮਾਨ ਨੂੰ ਲੈ ਕੇ ਸੂਬੇ ਦੀ ਆਪ ਸਰਕਾਰ ਵਿਰੁੱਧ ਕਈ ਪਿੰਡਾਂ ਵਿੱਚ ਪੋਸਟਰ ਲਗਾਏ ਗਏ। ਇਨ੍ਹਾਂ ਪੋਸਟਰਾਂ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਅਰਵਿੰਦ ਕੇਜਰੀਵਾਲ ਦੀ ਫੋਟੋ ਲਗਾਈ ਗਈ ਹੈ।ਜਥੇਬੰਦੀ ਵੱਲੋਂ ਇਲਾਕੇ ਦੇ ਪਿੰਡ ਭੂਤਗੜ੍ਹ, ਘੱਗਾ, ਦਫਤਰੀਵਾਲਾ, ਬੂਰੜ, ਬਰਾਸ, ਤੰਬੂਵਾਲਾ, ਸੁਧਾਰਨਪੁਰ ਪਿੰਡਾਂ ਵਿੱਚ ਪੋਸਟਰ ਲਗਾਉਣ ਮੌਕੇ ਜ਼ਿਲ੍ਹਾ ਆਗੂ ਯਾਦਵਿੰਦਰ ਸਿੰਘ ਬੂਰੜ ਨੇ ਕਿਹਾ ਕਿ ਕਿਸਾਨ ਮੋਰਚਿਆਂ ਨੂੰ ਖਤਮ ਕਰਨ ਲਈ ਸਰਕਾਰ ਵੱਲੋਂ ਕੀਤੇ ਗਏ ਜਬਰ ਦੌਰਾਨ ਜਿੱਥੇ ਮੋਰਚੇ ਵਿੱਚ ਬੈਠੇ ਲੋਕਾਂ ਦੀ ਕੁੱਟਮਾਰ ਕੀਤੀ ਗਈ, ਉੱਥੇ ਵੱਡੀ ਪੱਧਰ 'ਤੇ ਟਰਾਲੀਆਂ ਤੇ ਹੋਰ ਸਾਮਾਨ ਚੋਰੀ ਕੀਤਾ ਗਿਆ।ਉਨ੍ਹਾਂ ਕਿਹਾ ਕਿ ਆਪ ਸਰਕਾਰ ਵੱਲੋਂ ਕੀਤੇ ਗਏ ਇਸ ਜਬਰ ਵਿਰੁੱਧ ਕਿਸਾਨ ਮਜ਼ਦੂਰ ਮੋਰਚੇ ਵੱਲੋਂ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ ਤੇ ਇਸੇ ਲੜੀ ਤਹਿਤ 31 ਅਗਸਤ ਨੂੰ ਡਿਪਟੀ ਕਮਿਸ਼ਨਰਾਂ ਦੇ ਦਫਤਰਾਂ ਅੱਗੇ ਵੱਡੇ ਇਕੱਠ ਕਰਕੇ ਪੰਜਾਬ ਸਰਕਾਰ ਨੂੰ ਕਿਸਾਨੀ ਮੰਗਾਂ ਨਾਲ ਸੰਬੰਧਤ ਮੰਗ ਪੱਤਰ ਡਿਪਟੀ ਕਮਿਸ਼ਨਰਾਂ ਰਾਹੀਂ ਭੇਜੇ ਜਾਣਗੇ।ਉਨ੍ਹਾਂ ਕਿਹਾ ਕਿ ਆਉਣ ਵਾਲੀ 5 ਸਤੰਬਰ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਪਹਿਲੇ ਸ਼ਹੀਦ ਪ੍ਰੀਤਮ ਸਿੰਘ ਮੰਡੇਰ ਕਲਾਂ ਦਾ ਸ਼ਹੀਦੀ ਦਿਵਸ ਮੰਡੇਰ ਕਲਾਂ ਦੀ ਅਨਾਜ ਮੰਡੀ ਵਿੱਚ ਮਨਾਇਆ ਜਾਵੇਗਾ।ਬਲਾਕ ਪ੍ਰਧਾਨ ਮਨਦੀਪ ਸਿੰਘ ਭੂਤਗੜ੍ਹ ਨੇ ਕਿਹਾ ਕਿ ਆਉਣ ਵਾਲੀ 14 ਸਤੰਬਰ ਤੋਂ 18 ਸਤੰਬਰ ਤੱਕ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਘਰ ਅੱਗੇ 5 ਦਿਨਾਂ ਦਾ ਟਰੈਕਟਰ ਟਰਾਲੀਆਂ ਸਮੇਤ ਪੱਕਾ ਮੋਰਚਾ ਲਾਇਆ ਜਾਵੇਗਾ।ਜੇਕਰ ਸਰਕਾਰ ਨੇ ਸ਼ੰਭੂ ਤੇ ਖਨੌਰੀ ਮੋਰਚੇ ਉੱਤੇ ਹੋਏ ਨੁਕਸਾਨ ਦੀ ਭਰਵਾਈ ਨਾ ਕੀਤੀ ਤੇ ਕਿਸਾਨਾਂ ਦੀਆਂ ਮੰਗਾਂ ਪੂਰੀਆਂ ਨਾ ਕੀਤੀਆਂ ਤਾ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਬਲਾਕ ਆਗੂ ਦੀਪੀ ਘੱਗਾ, ਪ੍ਰਿਤਪਾਲ ਸਿੰਘ ਤੰਬੂਵਾਲਾ, ਗੁਰਜੰਟ ਸਿੰਘ, ਗੁਰਜਿੰਦਰ ਸਿੰਘ, ਸੁਧਾਰਨਪੁਰ ਇਕਾਈ ਪ੍ਰਧਾਨ ਹਰਦਿਆਲ ਸਿੰਘ ਘੱਗਾ, ਨਿਸ਼ਾਨ ਸਿੰਘ ਬੂਰੜ, ਗੁਰਵੀਰ ਸਿੰਘ ਦਫਤਰੀ ਵਾਲਾ, ਕੁਲਦੀਪ ਸਿੰਘ ਬਰਾਸ, ਸਤਨਾਮ ਸਿੰਘ ਬਰਾਸ ਆਦਿ ਹਾਜ਼ਰ ਸਨ।

# ਅਧਿਆਪਕਾਂ, ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਧਮਕੀ ਪੱਤਰ ਦੀਆਂ ਕਾਪੀਆਂ ਸਾੜੀਆਂ



**ਕੋਟਕਪੂਰਾ (ਰਛਪਾਲ ਭੁੱਲਰ)**-ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ, ਸਾਂਝਾ ਮੁਲਾਜ਼ਮ ਮੰਚ ਦੇ ਸੱਦੇ 'ਤੇ ਕੋਟਕਪੂਰਾ ਤਹਿਸੀਲ ਦੇ ਅਧਿਆਪਕਾਂ, ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਸਥਾਨਕ ਲਾਲਾ ਲਾਜਪਤ ਰਾਏ ਮਿਊਂਸਪਲ ਪਾਰਕ ਵਿੱਚ ਰੋਸ ਪ੍ਰਦਰਸ਼ਨ ਕਰਨ ਤੋਂ ਬਾਅਦ ਉਪ ਮੰਡਲ ਮੈਜਿਸਟਰੇਟ ਦੇ ਦਫਤਰ ਸਾਹਮਣੇ 27 ਅਗਸਤ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਟਵੀਟ ਅਤੇ ਇਸੇ ਹੀ ਦਿਨ ਪ੍ਰਸੋਨਲ ਵਿਭਾਗ ਪੰਜਾਬ ਵੱਲੋਂ ਮੁਲਾਜ਼ਮਾਂ ਨੂੰ ਧਮਕੀ ਦੇਣ ਸਬੰਧੀ ਜਾਰੀ ਕੀਤੇ ਗਏ ਪੱਤਰ ਦੀਆਂ ਕਾਪੀਆਂ ਸਾੜੀਆਂ ਗਈਆਂ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖਿਲਾਫ ਤਿੱਖੀ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਪੈਨਸ਼ਨਰ ਆਗੂ ਪ੍ਰੇਮ ਚਾਵਲਾ, ਕੁਲਵਿੰਦਰ ਸਿੰਘ ਮੱਡ, ਸੁਭਾਸ਼ ਚੰਦਰ ਸ਼ਰਮਾ, ਜਗਸੀਰ ਸਿੰਘ ਖਾਰਾ, ਕੁਲਵੰਤ ਸਿੰਘ ਚਾਨੀ, ਵੀਰ ਇੰਦਰਜੀਤ ਸਿੰਘ ਪੁਰੀ, ਪਾਵਰਕਾਮ ਪੈਨਸ਼ਨਰ ਆਗੂ ਦਰਸ਼ਨ ਕੁਮਾਰ ਬਾਵਾ, ਟੈਕਨੀਕਲ ਸਰਵਿਸਿਜ਼ ਯੂਨੀਅਨ ਦੇ ਆਗੂ ਹਰਪ੍ਰੀਤ ਸਿੰਘ ਖਾਲਸਾ, ਹਰਪ੍ਰੀਤ ਸਿੰਘ ਵਾੜਾ ਦੜਾਕਾ ਤੇ ਮਨਜੀਤ ਸਿੰਘ, ਮਿਉਂਸਪਲ ਮੁਲਾਜ਼ਮ ਯੂਨੀਅਨ ਕੋਟਕਪੂਰਾ ਦੇ ਪ੍ਰਧਾਨ ਸੁਸ਼ੀਲ ਕੁਮਾਰ, ਨਗਰ ਕੌਂਸਲ ਮੁਲਾਜ਼ਮ ਆਗੂ ਸ਼ਰਨ ਕੁਮਾਰ, ਡੈਮੋਕਰੇਟਿਕ ਟੀਚਰਜ਼ ਫਰੰਟ ਦੇ ਆਗੂ ਅਜਾਇਬ ਸਿੰਘ, ਜਤਿੰਦਰ ਸਿੰਘ ਢਿੱਲਵਾਂ, ਰਾਜ ਕੁਮਾਰ ਟੋਨੀ, ਮਾਸਟਰ ਕੇਡਰ ਯੂਨੀਅਨ ਦੇ ਆਗੂ ਜਸਜੀਤ ਸਿੰਘ, ਗੁਰਨਾਮ ਸਿੰਘ ਬਾਹਮਣ ਵਾਲਾ, ਜਗਦੀਪ ਸਿੰਘ,ਐਲੀਮੈਂਟਰੀ ਟੀਚਰਜ਼ ਯੂਨੀਅਨ ਦੇ ਆਗੂ ਪ੍ਰੀਤ ਭਗਵਾਨ ਸਿੰਘ, ਗੁਰਮੀਤ ਸਿੰਘ,ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਦੇ ਆਗੂ ਕੁਲਦੀਪ ਸਿੰਘ ਸਹਿਦੇਵ, ਸੁਖਚੈਨ ਸਿੰਘ ਰਾਮਸਰ, ਗੌਰਮਿੰਟ ਟੀਚਰਜ਼ ਯੂਨੀਅਨ ਦੇ ਆਗੂ ਨਵਦੀਪ ਸਿੰਘ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੇ ਪੰਜਾਬ ਸਰਕਾਰ ਤੇ ਦੋਸ਼ ਲਾਇਆ ਕਿ ਆਪਣੇ ਸਾਢੇ ਚਾਰ ਸਾਲ ਦੇ ਰਾਜ ਭਾਗ ਦੌਰਾਨ ਲਗਾਤਾਰ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਫੈਸਲੇ ਕੀਤੇ ਹਨ ਅਤੇ ਵਾਰ ਵਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਸਾਂਝੀ ਲੀਡਰਸ਼ਿਪ ਨੂੰ ਮੀਟਿੰਗਾਂ ਦਾ ਸਮਾਂ ਦੇ ਕੇ ਗੱਲਬਾਤ ਤੋਂ ਭੱਜਦੇ ਹੋ ਰਹੇ ਹਨ। ਆਗੂਆਂ ਨੇ ਸਮੂਹ ਮੁਲਾਜ਼ਮ ਤੇ ਪੈਨਸ਼ਨਰ ਵਰਗ ਨੂੰ ਸੱਦਾ ਦਿੱਤਾ ਕਿ ਆਮ ਆਦਮੀ ਪਾਰਟੀ ਨੂੰ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਸਬਕ ਸਿਖਾਉਣ ਲਈ ਅੱਜ ਤੋਂ ਹੀ ਕਮਰਕਸੇ ਕੱਸ ਲੈਣ।ਆਗੂਆਂ ਨੇ ਅੱਗੇ ਕਿਹਾ ਕਿ 30 ਅਗਸਤ ਨੂੰ ਸਾਂਝੀ ਤਾਲਮੇਲ ਕਮੇਟੀ ਦੀ ਲੁਧਿਆਣਾ ਵਿਖੇ ਹੋ ਰਹੀ ਸੂਬਾ ਪੱਧਰੀ ਮੀਟਿੰਗ ਦੌਰਾਨ ਪੰਜਾਬ ਸਰਕਾਰ ਦੇ ਖਿਲਾਫ ਆਉਣ ਵਾਲੇ ਸਮੇਂ ਦੌਰਾਨ ਤਿੱਖੇ ਸੰਘਰਸ਼ਾਂ ਦੀ ਰੂਪ ਰੇਖਾ ਉਲੀਕੀ ਜਾਵੇਗੀ।ਇਸ ਸਮੇਂ ਭਰਾਤਰੀ ਤੌਰ ਤੇ ਪੰਜਾਬ ਸਟੂਡੈਂਟ ਯੂਨੀਅਨ ਦੇ ਆਗੂ ਸੁਖਵੀਰ ਸਿੰਘ ਨੇ ਸੰਬੋਧਨ ਕਰਦਿਆਂ ਮੁਲਾਜ਼ਮ ਤੇ ਪੈਨਸ਼ਨਰ ਮੰਗਾਂ ਦੀ ਪੁਰਜ਼ੋਰ ਹਮਾਇਤ ਕੀਤੀ।

## 9 ਨੂੰ ਧਰਮਕੋਟ 'ਚ ਹੋਵੇਗੀ ਪੰਜਾਬ ਬਚਾਓ ਰੈਲੀ : ਭੁੱਲਰ, ਧਾਲੀਵਾਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਵੱਲੋਂ 9 ਸਤੰਬਰ ਨੂੰ ਧਰਮਕੋਟ ਵਿਖੇ ਕਰਵਾਈ ਜਾ ਰਹੀ ਪੰਜਾਬ ਬਚਾਓ ਰੈਲੀ ਨੂੰ ਲੈ ਕੇ ਪਾਰਟੀ ਆਗੂਆਂ ਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ।ਮੋਗਾ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਤਲਵੰਡੀ ਭੰਗੇਰੀਆਂ ਤੇ ਯੂਥ ਆਗੂ ਚਰਨਜੀਤ ਸਿੰਘ ਧਾਲੀਵਾਲ ਨੇ ਕਿਹਾ ਕਿ 9 ਸਤੰਬਰ ਨੂੰ ਧਰਮਕੋਟ ਦੀ ਦਾਣਾ ਮੰਡੀ ਵਿਖੇ ਹੋਣ ਵਾਲੀ ਇਸ ਇਤਿਹਾਸਕ ਰੈਲੀ ਨੂੰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਸੰਬੋਧਨ ਕਰਨਗੇ।ਉਨ੍ਹਾਂ ਤੇ ਧਾਲੀਵਾਲ ਨੇ ਕਿਹਾ ਕਿ ਰੈਲੀ ਨੂੰ ਸਫਲ ਬਣਾਉਣ ਲਈ ਹਲਕੇ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਪਾਰਟੀ ਵਰਕਰਾਂ ਨਾਲ ਲਗਾਤਾਰ ਸੰਪਰਕ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿੱਚ ਲੋਕ ਰੈਲੀ ਵਿੱਚ ਸ਼ਾਮਲ ਹੋਕੇ ਪੰਜਾਬ ਨਾਲ ਸਬੰਧਤ ਮੁੱਦਿਆਂ ਨੂੰ ਲੋਕਾਂ ਦੀ ਆਵਾਜ਼ ਬਣ ਕੇ ਉਭਾਰਿਆ ਜਾਵੇਗਾ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਤੇ ਵਰਕਰ ਰੈਲੀ ਦੀਆਂ ਤਿਆਰੀਆਂ ਵਿੱਚ ਪੂਰੇ ਜੋਸ਼ ਨਾਲ ਜੁਟੇ ਹੋਏ ਹਨ।ਆਗੂਆਂ ਨੇ ਪਾਰਟੀ ਵਰਕਰਾਂ ਤੇ ਸਮਰਥਕਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਰੈਲੀ ਵਿੱਚ ਪਹੁੰਚਣ ਦੀ ਅਪੀਲ ਕੀਤੀ।

## ਸੜਕ ਹਾਦਸੇ 'ਚ ਵਿਅਕਤੀ ਦੀ ਮੌਤ

**ਮਲੋਟ (ਰਜਿੰਦਰ ਜੁਨੇਜਾ)**-ਅਬੋਹਰ ਰੋਡ 'ਤੇ ਸ਼ਨੀਵਾਰ ਹੋਏ ਇੱਕ ਸੜਕ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਵਿਅਕਤੀ ਦੀ ਮੌਤ ਹੋ ਗਈ, ਜਿਸ ਦੀ ਪਛਾਣ ਗੁੱਗੀ ਸਿੰਘ ਪੁੱਤਰ ਵਿਕਰਮ ਸਿੰਘ, ਵਾਸੀ ਖਾਨੇ ਦੀ ਢਾਬ ਵਜੋਂ ਹੋਈ ਹੈ।ਜਾਣਕਾਰੀ ਅਨੁਸਾਰ ਗੁੱਗੀ ਸਿੰਘ ਸਵੇਰੇ ਆਪਣੇ ਸਹੁਰੇ ਪਿੰਡ ਕਬਰਵਾਲਾ ਤੋਂ ਮੋਟਰਸਾਈਕਲ 'ਤੇ ਮਲੋਟ ਆ ਰਿਹਾ ਸੀ।ਰਸਤੇ ਵਿੱਚ ਉਹ ਕਿਸੇ ਅਣਪਛਾਤੇ ਵਾਹਨ ਦੀ ਟੱਕਰ ਦਾ ਸ਼ਿਕਾਰ ਹੋ ਗਿਆ ਤੇ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।ਹਾਦਸੇ ਤੋਂ ਬਾਅਦ ਲੋਕਾਂ ਨੇ ਉਸ ਨੂੰ ਸਰਕਾਰੀ ਹਸਪਤਾਲ ਮਲੋਟ ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਮੁੱਢਲੀ ਸਹਾਇਤਾ ਦੇਣ ਉਪਰੰਤ ਉਸ ਦੀ ਗੰਭੀਰ ਹਾਲਤ ਨੂੰ ਦੇਖਦਿਆਂ ਅੱਗੇ ਰੈਫਰ ਕਰ ਦਿੱਤਾ, ਪਰ ਰਸਤੇ ਵਿੱਚ ਹੀ ਉਸ ਦੀ ਮੌਤ ਹੋ ਗਈ।ਮ੍ਰਿਤਕ ਆਪਣੇ ਪਿੱਛੇ ਪਤਨੀ, ਮਾਤਾ ਤੇ ਤਿੰਨ ਧੀਆਂ ਛੱਡ ਗਿਆ ਹੈ।ਪਿਤਾ ਦੇ ਭਰਾ ਦੀ ਮੌਤ ਹੋਣ ਕਾਰਨ ਉਹ ਤਿੰਨ ਪਰਵਾਰਾਂ ਲਈ ਇਕੱਲਾ ਕਮਾਉਣ ਵਾਲਾ ਵਿਅਕਤੀ ਸੀ।ਪੁਲਸ ਨੇ ਹਾਦਸੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

# 'ਮਿਸ਼ਨ ਕਲੀਨ ਪੰਜਾਬ' ਤਹਿਤ ਸ਼ਹਿਰ 'ਚ ਸਫ਼ਾਈ ਮੁਹਿੰਮ ਸ਼ੁਰੂ

**■ ਵਿਧਾਇਕਾ ਭਰਾਜ ਨੇ ਸਫਾਈ ਕਾਰਜਾਂ ਦਾ ਲਿਆ ਜਾਇਜ਼ਾ**



**ਭਵਾਨੀਗੜ੍ਹ (ਰਾਜ ਖੁਰਮੀ)**

ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ ਤੇ ਸੁੰਦਰ ਬਣਾਉਣ ਲਈ ਸ਼ੁਰੂ ਕੀਤੀ ਗਈ 'ਮਿਸ਼ਨ ਕਲੀਨ ਪੰਜਾਬ' ਮੁਹਿੰਮ ਤਹਿਤ ਭਵਾਨੀਗੜ੍ਹ ਸ਼ਹਿਰ ਵਿੱਚ 10 ਦਿਨਾਂ ਦੀ ਵਿਸ਼ੇਸ਼ ਸਫ਼ਾਈ ਮੁਹਿੰਮ ਸ਼ੁਰੂ ਕੀਤੀ ਗਈ ਹੈ।ਹਲਕਾ ਸੰਗਰੂਰ ਤੋਂ ਵਿਧਾਇਕਾ ਨਰਿੰਦਰ ਕੌਰ ਭਰਾਜ ਦੀ ਅਗਵਾਈ ਹੇਠ ਚਲਾਈ ਗਈ ਇਸ ਮੁਹਿੰਮ ਦੌਰਾਨ ਵਿਧਾਇਕਾ ਨੇ ਖੁਦ ਸਫ਼ਾਈ ਕਾਰਜਾਂ ਵਿੱਚ ਸ਼ਮੂਲੀਅਤ ਕਰਕੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਦਾ ਜਾਇਜ਼ਾ ਲਿਆ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕਾ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਪਿਛਲੇ ਦਿਨਾਂ ਦੌਰਾਨ ਸਫ਼ਾਈ ਕਰਮਚਾਰੀਆਂ ਦੀ ਹੜਤਾਲ ਕਾਰਨ ਸ਼ਹਿਰ ਦੇ ਕਈ ਹਿੱਸਿਆਂ ਵਿੱਚ ਕੂੜੇ ਦੇ ਆਰਜ਼ੀ ਡੰਪ ਬਣ ਗਏ ਸਨ, ਜਿਸ ਕਾਰਨ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ।ਉਨ੍ਹਾਂ ਕਿਹਾ ਕਿ ਮੁੱਖ ਡੰਪਾਂ ਦੀ ਸਫ਼ਾਈ ਪਹਿਲਾਂ ਹੀ ਕਰਵਾਈ ਜਾ ਚੁੱਕੀ ਹੈ, ਜਦਕਿ ਹੁਣ ਸ਼ਹਿਰ ਦੀਆਂ ਗਲੀਆਂ, ਸੜਕਾਂ ਤੇ ਜਨਤਕ ਥਾਵਾਂ ਸਮੇਤ ਅੰਦਰੂਨੀ ਇਲਾਕਿਆਂ ਨੂੰ ਵੀ ਕੂੜੇ ਦੇ ਢੇਰਾਂ ਤੋਂ ਮੁਕਤ ਕਰਵਾਇਆ ਜਾਵੇਗਾ।

ਉਨ੍ਹਾਂ ਦੱਸਿਆ ਕਿ ਅਗਲੇ 10 ਦਿਨਾਂ ਤੱਕ ਚੱਲਣ ਵਾਲੀ ਇਸ ਮੁਹਿੰਮ ਦੌਰਾਨ ਸ਼ਹਿਰ ਦੇ ਹਰੇਕ ਵਾਰਡ ਦੀ ਨਿਗਰਾਨੀ ਲਈ ਵੱਖ-ਵੱਖ ਆਗੂਆਂ ਤੇ ਕੌਂਸਲਰਾਂ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ।ਹਰੇਕ ਜ਼ਿੰਮੇਵਾਰ ਵਿਅਕਤੀ ਨੂੰ ਕਰੀਬ ਚਾਰ ਵਾਰਡਾਂ ਦੀ ਨਿਗਰਾਨੀ ਦਿੱਤੀ ਗਈ ਹੈ, ਤਾਂ ਜੋ ਕੋਈ ਵੀ ਗਲੀ ਜਾਂ ਜਨਤਕ ਥਾਂ ਸਫ਼ਾਈ ਤੋਂ ਵਾਂਝੀ ਨਾ ਰਹੇ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਭਵਾਨੀਗੜ੍ਹ ਨੂੰ ਸਾਫ਼-ਸੁਥਰਾ ਰੱਖਣਾ ਸਿਰਫ਼ ਪ੍ਰਸ਼ਾਸਨ ਜਾਂ ਨਗਰ ਕੌਂਸਲ ਦੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ।ਲੋਕ ਆਪਣੇ ਘਰਾਂ ਤੇ ਦੁਕਾਨਾਂ ਦਾ ਕੂੜਾ ਨਿਰਧਾਰਤ ਥਾਵਾਂ 'ਤੇ ਹੀ ਸੁੱਟਣ ਤੇ ਜਨਤਕ ਥਾਵਾਂ 'ਤੇ ਗੰਦਗੀ ਨਾ ਫੈਲਾਉਣ।ਇਸ ਮੌਕੇ ਨਗਰ ਕੌਂਸਲ ਭਵਾਨੀਗੜ੍ਹ ਦੇ ਪ੍ਰਧਾਨ ਅਵਤਾਰ ਸਿੰਘ ਤਾਰੀ, ਕਾਰਜ ਸਾਧਕ ਅਫ਼ਸਰ, ਕੌਂਸਲਰ, ਪਾਰਟੀ ਵਰਕਰ, ਸਫ਼ਾਈ ਕਰਮਚਾਰੀ ਤੇ ਸ਼ਹਿਰ ਵਾਸੀ ਮੌਜੂਦ ਸਨ।

# ਇਥਾਨੌਲ ਫੈਕਟਰੀ ਵਿਰੁੱਧ ਆਰ-ਪਾਰ ਦਾ ਐਲਾਨ, ਪੱਕਾ ਮੋਰਚਾ ਸ਼ੁਰੂ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ, ਰਾਜੇਸ਼ਵਰ ਪਿੰਟੂ)**



ਧੂਰੀ-ਸ਼ੇਰਪੁਰ ਰੋਡ 'ਤੇ ਸਥਿਤ ਇਥਾਨੌਲ ਫੈਕਟਰੀ ਵੱਲੋਂ ਫੈਲਾਏ ਜਾ ਰਹੇ ਕਥਿਤ ਹਵਾ ਤੇ ਪਾਣੀ ਦੇ ਪ੍ਰਦੂਸ਼ਣ ਖਿਲਾਫ਼ ਪਿੰਡ ਜਹਾਂਗੀਰ ਤੇ ਆਲੇ-ਦੁਆਲੇ ਦੇ ਪਿੰਡਾਂ ਦੇ ਲੋਕਾਂ ਨੇ ਫੈਕਟਰੀ ਦੇ ਮੁੱਖ ਗੇਟ ਦੇ ਨੇੜੇ ਅਣਮਿੱਥੇ ਸਮੇਂ ਲਈ ਪੱਕਾ ਮੋਰਚਾ ਗੱਡ ਦਿੱਤਾ ਹੈ।ਪਿੰਡ ਵਾਸੀਆਂ ਨੇ ਸਪੱਸ਼ਟ ਕੀਤਾ ਹੈ ਕਿ ਜਦੋਂ ਤੱਕ ਇਸ ਪ੍ਰਦੂਸ਼ਣ ਦਾ ਪੱਕਾ ਹੱਲ ਨਹੀਂ ਨਿਕਲਦਾ, ਉਦੋਂ ਤੱਕ ਇਹ ਸੰਘਰਸ਼ ਨਿਰੰਤਰ ਜਾਰੀ ਰਹੇਗਾ।ਮੋਰਚੇ ਦੀ ਅਗਵਾਈ ਕਰ ਰਹੇ ਪਿੰਡ ਜਹਾਂਗੀਰ ਦੇ ਯੂਥ ਆਗੂ ਮਨਪ੍ਰੀਤ ਰਿੱਕੀ ਸ਼ਰਮਾ ਨੇ ਫੈਕਟਰੀ ਪ੍ਰਬੰਧਕਾਂ 'ਤੇ ਤਿੱਖੇ ਹਮਲੇ ਕਰਦਿਆਂ ਦੋਸ਼ ਲਗਾਇਆ ਕਿ ਇਹ ਯੂਨਿਟ ਇਲਾਕੇ ਦੇ ਕੁਦਰਤੀ ਸਰੋਤਾਂ ਦਾ ਘਾਣ ਕਰ ਰਿਹਾ ਹੈ।ਉਨ੍ਹਾਂ ਦੱਸਿਆ ਕਿ ਫੈਕਟਰੀ ਵੱਲੋਂ ਧਰਤੀ ਹੇਠਲੇ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਹੈ ਤੇ ਦੂਸ਼ਿਤ ਵੇਸਟ ਪਾਣੀ ਨੂੰ ਬੋਰਵੈੱਲਾਂ ਰਾਹੀਂ ਮੁੜ ਧਰਤੀ ਦੇ ਅੰਦਰ ਡੂੰਘਾ ਗਰਕਿਆ ਜਾ ਰਹੀ ਹੈ, ਜੋ ਆਲੇ-ਦੁਆਲੇ ਦੇ ਪੀਣ ਵਾਲੇ ਪਾਣੀ ਨੂੰ ਜ਼ਹਿਰੀਲਾ ਬਣਾ ਰਿਹਾ ਹੈ।ਇਸ ਤੋਂ ਇਲਾਵਾ ਫੈਕਟਰੀ ਦੀਆਂ ਚਿਮਨੀਆਂ ਤੋਂ ਨਿਕਲਣ ਵਾਲੀ ਜ਼ਹਿਰੀਲੀ ਸੁਆਹ ਤੇ ਅਸਹਿ ਬਦਬੂ ਨੇ ਲੋਕਾਂ ਦਾ ਸਾਹ ਲੈਣਾ ਦੁੱਭਰ ਕੀਤਾ ਹੋਇਆ ਹੈ, ਜਿਸ ਨਾਲ ਘਰਾਂ ਵਿੱਚ ਰਹਿਣਾ ਵੀ ਮੁਸ਼ਕਲ ਹੋ ਗਿਆ ਹੈ।ਲੋਕਾਂ ਨੇ ਦੱਸਿਆ ਕਿ ਇਸ ਗੰਭੀਰ ਸਮੱਸਿਆ ਬਾਰੇ ਪਹਿਲਾਂ ਵੀ ਪ੍ਰਸ਼ਾਸਨ ਨੂੰ ਲਿਖਤੀ ਸ਼ਿਕਾਇਤਾਂ ਦਿੱਤੀਆਂ ਗਈਆਂ ਸਨ, ਜਿਸ ਦੇ ਮੱਦੇਨਜ਼ਰ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਤੇ ਸਥਾਨਕ ਪ੍ਰਸ਼ਾਸਨ ਦੀ ਸਾਂਝੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਸੈਂਪਲ ਵੀ ਲਏ ਸਨ, ਪਰ ਅਫ਼ਸੋਸ ਦੀ ਗੱਲ ਹੈ ਕਿ ਲੰਮਾ ਸਮਾਂ ਬੀਤ ਜਾਣ ਦੇ ਬਾਅਦ ਵੀ ਜਾਂਚ ਰਿਪੋਰਟ ਦਾ ਕੋਈ ਨਤੀਜਾ ਸਾਹਮਣੇ ਨਹੀਂ ਆਇਆ, ਜਿਸ ਕਾਰਨ ਲੋਕਾਂ ਦਾ ਪ੍ਰਸ਼ਾਸਨਿਕ ਕਾਰਵਾਈ ਤੋਂ ਵਿਸ਼ਵਾਸ ਉੱਠ ਗਿਆ ਹੈ।

ਇਲਾਕਾ ਨਿਵਾਸੀਆਂ ਨੇ ਆਲੇ-ਦੁਆਲੇ ਦੇ ਹੋਰਨਾਂ ਪਿੰਡਾਂ ਵਿੱਚ ਲਾਮਬੰਦੀ ਤੇਜ਼ ਕਰ ਦਿੱਤੀ ਹੈ।ਯੂਥ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਤੇ ਪ੍ਰਦੂਸ਼ਣ ਬੋਰਡ ਨੇ ਤੁਰੰਤ ਕੋਈ ਠੋਸ ਕਦਮ ਨਾ ਚੁੱਕੇ ਤਾਂ ਅਗਾਮੀ ਦਿਨਾਂ ਵਿੱਚ ਸੰਘਰਸ਼ ਹੋਰ ਪ੍ਰਚੰਡ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

## ਭਾਜਪਾ ਦੇ ਰਾਜ 'ਚ ਹਰੇਕ ਚੀਜ਼ ਆਮ ਆਦਮੀ ਦੀ ਪਹੁੰਚ ਤੋਂ ਬਾਹਰ : ਦੌਲਤਪੁਰ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਸੂਬਾ ਜਨਰਲ ਸਕੱਤਰ ਤੇ ਹਲਕਾ ਧੂਰੀ ਤੋਂ ਪ੍ਰਮੁੱਖ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਕੇਂਦਰ ਦੀ ਭਾਰਤੀ ਜਨਤਾ ਪਾਰਟੀ ਸਰਕਾਰ 'ਤੇ ਤਿੱਖਾ ਹਮਲਾ ਬੋਲਿਆ ਹੈ।ਉਨ੍ਹਾਂ ਹਲਕੇ ਵਿੱਚ ਘਰ-ਘਰ ਪ੍ਰਚਾਰ (ਡੋਰ-ਟੂ-ਡੋਰ) ਮੁਹਿੰਮ ਦੌਰਾਨ ਆਮ ਲੋਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀਆਂ ਗਲਤ ਤੇ ਲੋਕ-ਵਿਰੋਧੀ ਆਰਥਿਕ ਨੀਤੀਆਂ ਕਾਰਨ ਅੱਜ ਦੇਸ਼ ਵਿੱਚ ਮਹਿੰਗਾਈ ਬੇਕਾਬੂ ਹੋ ਚੁੱਕੀ ਹੈ।ਦੌਲਤਪੁਰ ਨੇ ਖਾਸ ਤੌਰ 'ਤੇ ਖੰਡ ਤੇ ਹੋਰ ਜ਼ਰੂਰੀ ਖਾਧ-ਪਦਾਰਥਾਂ ਦੀਆਂ ਲਗਾਤਾਰ ਵਧ ਰਹੀਆਂ ਕੀਮਤਾਂ 'ਤੇ ਚਿੰਤਾ ਪ੍ਰਗਟਾਈ।ਉਨ੍ਹਾਂ ਕਿਹਾ ਕਿ ਖੰਡ ਵਰਗੀ ਰੋਜ਼ਮਰ੍ਹਾ ਦੀ ਵਰਤੋਂ ਵਾਲੀ ਚੀਜ਼ ਵੀ ਹੁਣ ਗਰੀਬ ਤੇ ਮੱਧਮ ਵਰਗੀ ਆਮ ਜਨਤਾ ਦੀ ਪਹੁੰਚ ਤੋਂ ਬਾਹਰ ਹੁੰਦੀ ਜਾ ਰਹੀ ਹੈ।ਉਨ੍ਹਾਂ ਸਵਾਲ ਕੀਤਾ ਕਿ ਜਦੋਂ ਦੇਸ਼ ਦਾ ਆਮ ਨਾਗਰਿਕ ਰੋਜ਼ਾਨਾ ਦੀਆਂ ਜ਼ਰੂਰਤਾਂ ਪੂਰੀਆਂ ਕਰਨ ਲਈ ਮੁਹਤਾਜ ਹੋ ਰਿਹਾ ਹੈ, ਤਾਂ ਮੋਦੀ ਸਰਕਾਰ ਦੀਆਂ ਇਹ ਨੀਤੀਆਂ ਆਖਰ ਕਿਸ ਦੇ ਹਿੱਤ ਵਿੱਚ ਬਣਾਈਆਂ ਜਾ ਰਹੀਆਂ ਹਨ ?

# ਮੀਰੀ ਪੀਰੀ ਖਾਲਸਾ ਮਾਰਚ ਗੁਰਦਵਾਰਾ ਦੂਖਨਿਵਾਰਨ ਸਾਹਿਬ ਤੋਂ ਜਾਹੋ ਜਲਾਲ ਨਾਲ ਆਰੰਭ

**■ ਧਰਮ ਤੇ ਕੌਮ ਪ੍ਰਤੀ ਸਾਰਿਆਂ ਨੂੰ ਨਿਰਣਾਇਕ ਭੂਮਿਕਾ ਅਦਾ ਕਰਨ ਦੀ ਲੋੜ : ਜਥੇਦਾਰ ਗੜਗੱਜ ■ ਕੌਮ ਅੰਦਰ ਭਰਮ ਭੁਲੇਖੇ ਪੈਦਾ ਕਰ ਰਹੀਆਂ ਪੰਥ ਵਿਰੋਧੀ ਤਾਕਤਾਂ ਤੋਂ ਸੁਚੇਤ ਰਹੇ ਸੰਗਤ : ਐਡਵੋਕੇਟ ਧਾਮੀ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ, ਪੰਜ ਨਿਸ਼ਾਨਚੀ ਸਿੰਘਾਂ ਦੀ ਅਗਵਾਈ ਵਿੱਚ ਮੀਰੀ ਪੀਰੀ ਖਾਲਸਾ ਮਾਰਚ ਜਾਹੋ ਜਲਾਲ ਨਾਲ ਅਗਲੇ ਪੜਾਅ ਵੱਲ ਰਵਾਨਾ ਹੋਇਆ।ਮੀਰੀ ਪੀਰੀ ਖਾਲਸਾ ਮਾਰਚ ਦੀ ਆਰੰਭਤਾ ਤੋਂ ਪਹਿਲਾਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਵੱਲੋਂ ਮੁੱਖ ਵਾਕ ਲਿਆ ਗਿਆ, ਉਪਰੰਤ ਗੁਰੂ ਮਹਾਰਾਜ ਜੀ ਦਾ ਸਰੂਪ ਅਦਬ ਤੇ ਸਤਿਕਾਰ ਨਾਲ ਫੁੱਲਾਂ ਨਾਲ ਸਜੀ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕੀਤਾ ਗਿਆ।

ਇਸ ਮੌਕੇ ਸੰਗਤਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਮੀਰੀ ਪੀਰੀ ਖਾਲਸਾ ਮਾਰਚ ਪ੍ਰਤੀ ਸੰਗਤਾਂ ਦਾ ਵੱਡਾ ਉਤਸ਼ਾਹ ਦੱਸ ਰਿਹਾ ਹੈ ਕਿ ਧਰਮ, ਜਾਤ ਤੇ ਨਸਲ ਅਤੇ ਇਲਾਕਾਬਾਦ ਤੋਂ ਉੱਪਰ ਉੱਠ ਕੇ ਧਰਮ ਤੇ ਕੌਮ ਪ੍ਰਤੀ ਸਾਰਿਆਂ ਨੂੰ ਨਿਰਣਾਇਕ ਭੂਮਿਕਾ ਅਦਾ ਕਰਨ ਦੀ ਲੋੜ ਹੈ।ਜਥੇਦਾਰ ਗੜਗੱਜ ਨੇ ਕਿਹਾ ਕਿ ਸਿੱਖ ਕੌਮ ਦੀਆਂ ਸਿਰਮੌਰ ਸੰਸਥਾਵਾਂ ਨੂੰ ਕੁਝ ਪੰਥ ਵਿਰੋਧੀ ਤਾਕਤਾਂ ਢਾਹ ਲਾਉਣਾ ਚਾਹੁੰਦੀਆਂ, ਜਿਨ੍ਹਾਂ ਪਿੱਛੇ ਸਰਕਾਰਾਂ ਤੇ ਏਜੰਸੀਆਂ ਕਾਫੀ ਸਮੇਂ ਤੋਂ ਸਰਗਰਮ ਹਨ, ਜਿਨ੍ਹਾਂ ਦੇ ਮਨਸੂਬਿਆਂ ਨੂੰ ਕਦੇ ਵੀ ਸਫਲ ਨਹੀਂ ਹੋਣ ਦੇਵਾਂਗੇ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੀਰੀ ਪੀਰੀ ਖਾਲਸਾ ਮਾਰਚ ਵਿੱਚ ਸਹਿਯੋਗ ਕਰਨ ਵਾਲਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕੁਝ ਪੰਥ ਵਿਰੋਧੀ ਤਾਕਤਾਂ ਵੱਲੋਂ ਅਕਸਰ ਕੌਮ ਅੰਦਰ ਦੁਬਿੱਧਾ ਤੇ ਭਰਮ ਭੁਲੇਖੇ ਪੈਦਾ ਕਰਨ ਦੇ ਯਤਨ ਕੀਤੇ ਜਾ ਰਹੇ ਹਨ, ਜਿਨ੍ਹਾਂ ਪ੍ਰਤੀ ਸੁਚੇਤ ਹੋਣਾ ਸਮੇਂ ਦੀ ਵੱਡੀ ਲੋੜ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵਧੀਕ ਸਕੱਤਰ ਭਗਵੰਤ ਸਿੰਘ ਧੰਗੇੜਾ, ਸਤਨਾਮ ਸਿੰਘ ਰਿਆੜ, ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਕਥਾਵਾਚਕ ਗਿਆਨੀ ਪ੍ਰਿਤਪਾਲ ਸਿੰਘ, ਮੈਨੇਜਰ ਭਾਗ ਸਿੰਘ, ਐਡੀਸ਼ਨਲ ਮੈਨੇਜਰ ਮਨਦੀਪ ਸਿੰਘ ਭਲਵਾਨ, ਮੀਤ ਮੈਨੇਜਰ ਜਸਵਿੰਦਰ ਸਿੰਘ ਬਿੱਲਾ, ਮੈਨੇਜਰ ਆਤਮ ਪ੍ਰਕਾਸ਼ ਸਿੰਘ ਬੇਦੀ, ਮੈਨੇਜਰ ਮਨਜੀਤ ਸਿੰਘ ਬਹਾਦਰਗੜ੍ਹ, ਹੈੱਡ ਗ੍ਰੰਥੀ ਅਵਤਾਰ ਸਿੰਘ ਆਦਿ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸਟਾਫ ਮੈਂਬਰ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ 'ਰਨ ਫ਼ਾਰ ਐਕੁਐਲਟੀ'



**ਫ਼ਰੀਦਕੋਟ (ਐਲਗਜ਼ੈਂਡਰ ਡਿਸੂਜਾ)**

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ 'ਰਨ ਫ਼ਾਰ ਐਕੁਐਲਟੀ' (ਸਮਾਨਤਾ ਲਈ ਦੌੜ) ਮੈਰਾਥਨ ਦਾ ਵਿਸ਼ੇਸ਼ ਆਯੋਜਨ ਕੀਤਾ ਗਿਆ।ਨਹਿਰੂ ਸਟੇਡੀਅਮ ਤੋਂ ਸ਼ੁਰੂ ਹੋਈ ਇਸ 5 ਕਿਲੋਮੀਟਰ ਮੈਰਾਥਨ ਵਿੱਚ ਹਲਕਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ, ਡਿਪਟੀ ਕਮਿਸ਼ਨਰ ਰਾਹੁਲ ਚਾਬਾ ਸਮੇਤ ਲਗਭਗ 1000 ਖਿਡਾਰੀਆਂ ਤੇ ਹਜ਼ਾਰਾਂ ਜ਼ਿਲ੍ਹਾ ਵਾਸੀਆਂ ਨੇ ਬਿਨਾਂ ਕਿਸੇ ਭੇਦਭਾਵ ਦੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ।ਇਹ ਦੌੜ ਨਹਿਰੂ ਸਟੇਡੀਅਮ ਤੋਂ ਸ਼ੁਰੂ ਹੋ ਕੇ ਸੇਠੀ ਡੇਅਰੀ, ਸਰਕੂਲਰ ਰੋਡ (ਮੋਰੀ ਗੇਟ), ਕੰਮੇਆਣਾ ਚੌਕ, ਖੇਤੀਬਾੜੀ ਦਫ਼ਤਰ, ਮਹਾਤਮਾ ਗਾਂਧੀ ਮੈਮੋਰੀਅਲ ਸਕੂਲ, ਭਾਈ ਘਨੱਈਆ ਚੌਕ, ਸਵਰਨ ਸਿਨੇਮਾ ਦੀ ਬੈਕ ਸਾਈਡ ਤੇ ਬੱਸ ਸਟੈਂਡ ਤੋਂ ਹੁੰਦੀ ਹੋਈ ਵਾਪਸ ਨਹਿਰੂ ਸਟੇਡੀਅਮ ਵਿਖੇ ਹੀ ਸੰਪੰਨ ਹੋਈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕਰਾਏ ਸਮਾਗਮਾਂ ਬਾਰੇ ਜਾਣਕਾਰੀ ਦਿੰਦਿਆਂ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਪੰਜਾਬ ਸਰਕਾਰ ਗੁਰੂ ਸਾਹਿਬ ਦਾ 650ਵਾਂ ਪ੍ਰਕਾਸ਼ ਦਿਹਾੜਾ ਵੱਡੇ ਪੱਧਰ 'ਤੇ ਮਨਾ ਰਹੀ ਹੈ।ਉਨ੍ਹਾਂ ਕਿਹਾ ਕਿ ਖੇਡਾਂ ਹੀ ਨੌਜਵਾਨਾਂ ਨੂੰ ਤੰਦਰੁਸਤ ਰੱਖਣ ਤੇ ਨਸ਼ਿਆਂ ਵਰਗੀ ਨਾਮੁਰਾਦ ਬਿਮਾਰੀ ਤੋਂ ਦੂਰ ਰੱਖਣ ਦਾ ਸਭ ਤੋਂ ਵੱਡਾ ਸਾਧਨ ਹਨ।ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਦੱਸਿਆ ਕਿ ਇਹ ਮੈਰਾਥਨ ਪੰਜਾਬ ਦੇ ਸਮੂਹ ਜ਼ਿਲ੍ਹਿਆਂ 'ਚ ਕਰਾਈ ਗਈ ਹੈ, ਜੋ ਸਾਨੂੰ ਸਮਾਜਿਕ ਸਮਾਨਤਾ ਤੇ ਬਿਨਾਂ ਭੇਦਭਾਵ ਖੇਡਾਂ ਵਿੱਚ ਭਾਗ ਲੈਣ ਦਾ ਸੁਨੇਹਾ ਦਿੰਦੀ ਹੈ।ਚੇਅਰਮੈਨ ਗਗਨਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਖੇਡਾਂ ਸਾਡੀ ਜ਼ਿੰਦਗੀ ਦਾ ਅਹਿਮ ਹਿੱਸਾ ਹਨ।ਜ਼ਿਲ੍ਹਾ ਖੇਡ ਅਫ਼ਸਰ ਬਲਜਿੰਦਰ ਸਿੰਘ ਨੇ ਦੱਸਿਆ ਕਿ ਖਿਡਾਰੀਆਂ ਲਈ ਟੀ-ਸ਼ਰਟਾਂ ਤੇ ਰਿਫ਼ਰੈਸ਼ਮੈਂਟ ਦਾ ਪ੍ਰਬੰਧ ਕੀਤਾ ਗਿਆ ਸੀ।ਉਨ੍ਹਾਂ ਐਲਾਨ ਕੀਤਾ ਕਿ ਇਸ ਮੈਰਾਥਨ ਤੋਂ ਬਾਅਦ ਜਲਦ ਹੀ ਸਾਈਕਲਿੰਗ ਈਵੈਂਟ ਵੀ ਕਰਾਇਆ ਜਾਵੇਗਾ।

## ਨੇਪਾਲ 'ਚ ਹੋਈ ਤਬਾਹੀ 'ਤੇ ਹੋਲੀ ਹਾਰਟ ਸਕੂਲ ਵੱਲੋਂ ਦੁੱਖ ਦਾ ਪ੍ਰਗਟਾਵਾ

**ਅਜੀਤਵਾਲ (ਨਛੱਤਰ ਸੰਧੂ)**-ਨੇਪਾਲ ਵਿੱਚ ਵਾਪਰੀ ਦੁਖਦਾਈ ਘਟਨਾ ਕਾਰਨ ਹੋਏ ਭਾਰੀ ਜਾਨੀ-ਮਾਲੀ ਨੁਕਸਾਨ 'ਤੇ ਹੋਲੀ ਹਾਰਟ ਸਕੂਲ ਅਜੀਤਵਾਲ ਦੇ ਚੇਅਰਮੈਨ ਸ੍ਰੀ ਸੁਭਾਸ਼ ਪਲਤਾ ਤੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਵੱਲੋਂ ਡੂੰਘੇ ਦੁੱਖ ਤੇ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ।ਇਸ ਦੁਖਦਾਈ ਘਟਨਾ ਨੇ ਹਰ ਸੰਵੇਦਨਸ਼ੀਲ ਮਨ ਨੂੰ ਝੰਜੋੜ ਕੇ ਰੱਖ ਦਿੱਤਾ ਹੈ ਤੇ ਪ੍ਰਭਾਵਿਤ ਪਰਵਾਰਾਂ ਲਈ ਹਰ ਪਾਸਿਓਂ ਹਮਦਰਦੀ ਪ੍ਰਗਟ ਕੀਤੀ ਜਾ ਰਹੀ ਹੈ।ਚੇਅਰਮੈਨ ਸੁਭਾਸ਼ ਪਲਤਾ ਤੇ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਕਿਹਾ ਕਿ ਨੇਪਾਲ ਵਿੱਚ ਵਾਪਰੀ ਇਸ ਤਬਾਹੀ ਕਾਰਨ ਬਹੁਤ ਸਾਰੇ ਪਰਵਾਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸ ਔਖੀ ਘੜੀ ਵਿੱਚ ਹੋਲੀ ਹਾਰਟ ਸਕੂਲ ਦਾ ਸਮੂਹ ਸਟਾਫ਼ ਤੇ ਵਿਦਿਆਰਥੀ ਪ੍ਰਭਾਵਿਤ ਲੋਕਾਂ ਨਾਲ ਦਿਲੋਂ ਹਮਦਰਦੀ ਪ੍ਰਗਟ ਕਰਦੇ ਹਨ।ਸਕੂਲ ਦੇ ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਤੇ ਸ਼ਿਵਾਨੀ ਅਰੋੜਾ, ਰਮਨ ਅਰੋੜਾ ਵੱਲੋਂ ਪ੍ਰਭਾਵਿਤ ਲੋਕਾਂ ਪ੍ਰਤੀ ਸੰਵੇਦਨਾ ਪ੍ਰਗਟ ਕਰਦਿਆਂ ਉਨ੍ਹਾਂ ਦੀ ਸੁਰੱਖਿਆ, ਚੰਗੀ ਸਿਹਤ ਤੇ ਜਲਦ ਤੋਂ ਜਲਦ ਹਾਲਾਤ ਆਮ ਹੋਣ ਦੀ ਕਾਮਨਾ ਕੀਤੀ।ਇਸ ਮੌਕੇ ਸਕੂਲ ਦੇ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਵੱਲੋਂ ਵੀ ਨੇਪਾਲ ਦੇ ਪ੍ਰਭਾਵਿਤ ਪਰਵਾਰਾਂ ਪ੍ਰਤੀ ਡੂੰਘੀ ਹਮਦਰਦੀ ਪ੍ਰਗਟ ਕੀਤੀ ਗਈ ਤੇ ਉਨ੍ਹਾਂ ਲਈ ਸ਼ਾਂਤੀ, ਸੁਰੱਖਿਆ ਤੇ ਹੌਸਲੇ ਦੀ ਕਾਮਨਾ ਕੀਤੀ ਗਈ।

## 'ਇਕ ਸ਼ਾਮ, ਸ਼ਿਵ ਕੇ ਨਾਮ' ਧਾਰਮਿਕ ਸਮਾਗਮ 'ਚ ਪਹੁੰਚਣ ਦੀ ਅਪੀਲ



**ਰਾਜਪੁਰਾ (ਰਮੇਸ਼ ਕਟਾਰੀਆ)**-ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਵਿੱਚ 'ਇਕ ਸ਼ਾਮ ਸ਼ਿਵ ਕੇ ਨਾਮ' ਧਾਰਮਿਕ ਸਮਾਗਮਾਂ ਦੀ ਲੜੀ ਤਹਿਤ 31 ਅਗਸਤ ਨੂੰ ਸ਼ਾਮ ਸਾਢੇ ਛੇ ਵਜੇ ਰਾਜਪੁਰਾ ਦੀ ਨਵੀਂ ਅਨਾਜ ਮੰਡੀ ਵਿੱਚ ਇੱਕ ਧਾਰਮਿਕ ਸਮਾਗਮ ਵੱਡੇ ਪੱਧਰ 'ਤੇ ਕਰਾਇਆ ਜਾ ਰਿਹਾ ਹੈ, ਜਿਸ ਵਿੱਚ 'ਆਪ' ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਮਾਨ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਇਹ ਜਾਣਕਾਰੀ ਮਾਰਕੀਟ ਕਮੇਟੀ ਰਾਜਪੁਰਾ ਦੇ ਚੇਅਰਮੈਨ ਸ੍ਰੀ ਦੀਪਕ ਸੂਦ ਵੱਲੋਂ ਪ੍ਰੈਸ ਬਿਆਨ ਜਾਰੀ ਕਰਦਿਆਂ ਦਿੱਤੀ ਗਈ।ਸ੍ਰੀ ਸੂਦ ਨੇ ਰਾਜਪੁਰਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਇਸ ਧਾਰਮਿਕ ਸਮਾਗਮ ਵਿੱਚ ਪਹੁੰਚ ਕੇ ਭਗਵਾਨ ਸ਼ਿਵ ਦਾ ਗੁਣਗਾਨ ਕਰਨ ਅਤੇ ਸੁਨਣ ਲਈ ਪਹੁੰਚਣ, ਜਿਸ ਵਿੱਚ ਪ੍ਰਸਿੱਧ ਭਜਨ ਗਾਇਕ ਹੰਸਰਾਜ ਰਘੂਵੰਸ਼ੀ ਭਗਵਾਨ ਸ਼ਿਵ ਦਾ ਗੁਣਗਾਨ ਕਰਦੇ ਭਜਨ ਗਾਇਨ ਕਰਨਗੇ।ਉਨ੍ਹਾਂ ਨੇ ਕਿਹਾ ਕਿ ਮਾਨ ਸਰਕਾਰ ਪੰਜਾਬ ਦੀ ਪਹਿਲੀ ਅਜਿਹੀ ਸਰਕਾਰ ਹੈ, ਜੋ ਸੂਬੇ ਵਿੱਚ ਵਿਕਾਸ ਕਾਰਜਾਂ ਨੂੰ ਕਰਾਉਣ ਦੇ ਨਾਲ-ਨਾਲ ਧਾਰਮਿਕ ਸਮਾਗਮ ਆਯੋਜਿਤ ਕਰਕੇ ਲੋਕਾਂ ਨੂੰ ਆਤਮਿਕ ਤੌਰ 'ਤੇ ਵੀ ਸੰਤੁਸ਼ਟ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਧਾਰਮਿਕ ਸਮਾਗਮ ਵਿੱਚ ਪਹੁੰਚਣ ਵਾਲੀ ਸਮੂਹ ਸੰਗਤਾਂ ਲਈ ਪ੍ਰਸ਼ਾਸਨ ਵੱਲੋਂ ਲੰਗਰ ਸਮੇਤ ਹਰ ਸਹੂਲਤ ਦਾ ਸੁਚੱਜਾ ਪ੍ਰਬੰਧ ਕੀਤਾ ਜਾਵੇਗਾ।

## ਸੰਧਵਾਂ ਦੀ ਰਿਹਾਇਸ਼ ਵੱਲ ਮਾਰਚ ਕਰਨ ਜਾਂਦੇ ਆਗੂ ਗ੍ਰਿਫ਼ਤਾਰ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪੁਲਸ ਨੇ ਸ਼ਨੀਵਾਰ ਨੂੰ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਜੱਦੀ ਪਿੰਡ ਸੰਧਵਾਂ ਵਿਖੇ ਸਥਿਤ ਰਿਹਾਇਸ਼ ਵੱਲ ਮਾਰਚ ਕਰਨ ਤੋਂ ਪਹਿਲਾਂ ਲਗਭਗ 250 ਕਿਸਾਨਾਂ ਨੂੰ ਹਿਰਾਸਤ ਵਿੱਚ ਲੈ ਲਿਆ।ਹਿਰਾਸਤ ਵਿੱਚ ਲਏ ਗਏ ਕਿਸਾਨਾਂ, ਜੋ ਭਾਰਤੀ ਕਿਸਾਨ ਯੂਨੀਅਨ (ਸਿੱਧੂਪੁਰ) ਨਾਲ ਜੁੜੇ ਹੋਏ ਸਨ, ਜੋ ਗੈਰ-ਰਾਜਨੀਤਕ ਸੰਯੁਕਤ ਕਿਸਾਨ ਮੋਰਚਾ ਦਾ ਇੱਕ ਹਿੱਸਾ ਸੀ, ਨੂੰ ਨੇੜਲੇ ਪੁਲਿਸ ਥਾਣਿਆਂ ਵਿੱਚ ਲਿਜਾਇਆ ਗਿਆ।ਯੂਨੀਅਨ ਆਗੂਆਂ ਵੱਲੋਂ ਆਪਣੀਆਂ ਮੰਗਾਂ, ਜਿਸ ਵਿੱਚ ਕਰਜ਼ਾ ਮੁਆਫ਼ੀ ਵੀ ਸ਼ਾਮਲ ਹੈ, ਨੂੰ ਦਬਾਉਣ ਲਈ ਪੂਰੇ ਖੇਤਰ ਵਿੱਚ ਅਣਮਿੱਥੇ ਸਮੇਂ ਲਈ ਸੜਕ ਅਤੇ ਰੇਲ ਨਾਕਾਬੰਦੀ (ਚੱਕਾ ਜਾਮ) ਸ਼ੁਰੂ ਕਰਨ ਦੀ ਚੇਤਾਵਨੀ ਦੇਣ ਤੋਂ ਬਾਅਦ ਕੀਤੀ ਗਈ।ਖੇਤੀਬਾੜੀ ਕਰਜ਼ੇ, ਸਹਿਕਾਰੀ ਜ਼ਮੀਨ ਗਿਰਵੀਨਾਮੇ ਬੈਂਕਾਂ ਦੁਆਰਾ ਜਮਾਂਦਰੂ ਵਜੋਂ ਰੱਖੇ ਗਏ ਖਾਲੀ ਸੁਰੱਖਿਆ ਚੈੱਕਾਂ ਦੀ ਵਾਪਸੀ ਤੇ ਵਿੱਤੀ ਮੁਆਵਜ਼ੇ ਦੇ ਨਾਲ ਪਿਛਲੇ ਅੰਦੋਲਨਾਂ ਦੌਰਾਨ ਮਾਰੇ ਗਏ ਕਿਸਾਨਾਂ ਦੇ ਪਰਵਾਰਾਂ ਲਈ ਸਰਕਾਰੀ ਨੌਕਰੀਆਂ ਦੀ ਮੰਗ ਰੱਖੀ ਗਈ। ਕਿਸਾਨ ਆਗੂ ਇੰਦਰਜੀਤ ਸਿੰਘ ਘਣੀਆ ਨੇ ਕਿਹਾ ਕਿ ਕਿਸਾਨਾਂ ਦੀਆਂ ਮੰਗਾਂ ਪੂਰੀਆਂ ਹੋਣ ਤੱਕ ਅੰਦੋਲਨ ਜਾਰੀ ਰਹੇਗਾ, ਕਰਜ਼ਾ ਰਾਹਤ ਤੇ ਜ਼ਮੀਨ ਪੂਲਿੰਗ ਨੀਤੀ ਨੂੰ ਵਾਪਸ ਲੈਣ ਨੂੰ ਮੁੱਖ ਮੁੱਦਿਆਂ ਵਿੱਚ ਸ਼ਾਮਲ ਕੀਤਾ ਗਿਆ ਹੈ।ਉਨ੍ਹਾਂ ਦੋਸ਼ ਲਾਇਆ ਕਿ ਕਿਸਾਨਾਂ ਨਾਲ ਜੁੜਨ ਦੀ ਬਜਾਏ, ਸਰਕਾਰ ਅਸਹਿਮਤੀ ਨੂੰ ਦਬਾਉਣ ਲਈ ਪੁਲਸ ਦੀ ਵਰਤੋਂ ਕਰ ਰਹੀ ਹੈ। ਪੁਲਸ ਸੁਪਰਡੈਂਟ ਨਰਿੰਦਰ ਸਿੰਘ ਨੇ ਕਿਹਾ ਕਿ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਕੰਟਰੋਲ ਕਰਨ ਲਈ ਰੋਕਥਾਮ ਉਪਾਅ ਵਜੋਂ ਕਿਸਾਨਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ।

## ਮਹਿਲਾ ਸਖੀਆਂ ਨੇ ਸਨਮਾਨ ਰਾਸ਼ੀ ਮਿਲਣ 'ਤੇ ਸਰਕਾਰ ਦਾ ਕੀਤਾ ਧੰਨਵਾਦ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਪੰਜਾਬ ਸਰਕਾਰ ਵੱਲੋਂ ਮਹਿਲਾ ਸਖੀਆਂ ਦੇ ਖਾਤਿਆਂ ਵਿੱਚ ਸਨਮਾਨ ਰਾਸ਼ੀ ਪਾਏ ਜਾਣ ਦੀ ਖੁਸ਼ੀ ਵਿੱਚ ਅਗਰਸੈਨ ਧਰਮਸ਼ਾਲਾ ਵਿਖੇ ਵਿਸ਼ੇਸ਼ ਸਮਾਗਮ ਕਰਾਇਆ ਗਿਆ।ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਵਿਧਾਇਕ ਡਿੰਪੀ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੀਆਂ ਗਰੰਟੀਆਂ ਤੇ ਵਾਅਦੇ ਪੂਰੇ ਕਰਨ ਦੇ ਨਾਲ-ਨਾਲ ਆਮ ਲੋਕਾਂ ਦੀ ਸਹੂਲਤ ਲਈ ਨਵੀਂਆਂ ਲੋਕ-ਭਲਾਈ ਸਕੀਮਾਂ ਵੀ ਸ਼ੁਰੂ ਕੀਤੀਆਂ ਹਨ।ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਮਹਿਲਾਵਾਂ ਦੇ ਮਾਣ-ਸਨਮਾਨ ਤੇ ਉਨ੍ਹਾਂ ਦੀ ਭਲਾਈ ਨਾਲ ਜੁੜੀ ਮਹੱਤਵਪੂਰਨ ਪਹਿਲਕਦਮੀ ਹੈ।ਡਿੰਪੀ ਢਿੱਲੋਂ ਨੇ ਕਿਹਾ ਕਿ ਮਾਵਾਂ-ਧੀਆਂ ਦੇ ਚਿਹਰਿਆਂ 'ਤੇ ਦਿਖਾਈ ਦੇ ਰਹੀ ਖੁਸ਼ੀ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸਫਲਤਾ ਦਾ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਹਰ ਵਰਗ ਨੂੰ ਸਨਮਾਨ, ਸਹੂਲਤ ਤੇ ਹੱਕ ਦੇਣਾ ਹੈ, ਮਾਵਾਂ ਦਾ ਸਤਿਕਾਰ-ਧੀਆਂ ਦਾ ਮਾਣ, ਇਹੀ ਮਾਨ ਸਰਕਾਰ ਦੀ ਪਛਾਣ ਹੈ।ਇਸ ਮੌਕੇ ਮਹਿਲਾ ਸਖੀਆਂ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਦਿਲੋਂ ਧੰਨਵਾਦ ਕੀਤਾ ਗਿਆ।ਮਹਿਲਾ ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਔਰਤਾਂ ਨੂੰ ਦਿੱਤਾ ਜਾ ਰਿਹਾ ਸਨਮਾਨ ਉਨ੍ਹਾਂ ਵਿੱਚ ਨਵਾਂ ਉਤਸ਼ਾਹ ਪੈਦਾ ਕਰ ਰਿਹਾ ਹੈ।

## ਰਾਸ਼ਟਰੀ ਖੇਡ ਦਿਵਸ ਮੌਕੇ ਅੰਤਰਹਾਊਸ ਫੁੱਟਬਾਲ ਟੂਰਨਾਮੈਂਟ ਕਰਾਇਆ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸਰੀਰਕ ਸਿੱਖਿਆ ਅਤੇ ਖੇਡ ਤਕਨਾਲੋਜੀ ਵਿਭਾਗ ਵੱਲੋਂ ਰਾਸ਼ਟਰੀ ਖੇਡ ਦਿਵਸ-2026 ਮੌਕੇ ਬਾਬਾ ਫਤਿਹ ਸਿੰਘ ਸਟੇਡੀਅਮ ਵਿਖੇ ਅੰਤਰ-ਹਾਊਸ ਫੁੱਟਬਾਲ ਟੂਰਨਾਮੈਂਟ ਕਰਾਇਆ ਗਿਆ।ਟੂਰਨਾਮੈਂਟ ਦਾ ਉਦਘਾਟਨ ਵਾਈਸ ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਤੇ ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ ਵੱਲੋਂ ਕੀਤਾ ਗਿਆ।ਡਾ. ਹਰਨੀਤ ਬਿਲਿੰਗ, ਡੀਨ, ਫੈਕਲਟੀ ਆਫ਼ ਐਜੂਕੇਸ਼ਨ ਐਂਡ ਇਨਫਰਮੇਸ਼ਨ ਸਾਇੰਸ, ਅਤੇ ਡਾ. ਹਰਦੇਵ ਸਿੰਘ, ਮੁਖੀ, ਰਿਲੀਜੀਅਸ ਸਟੱਡੀਜ਼ ਵਿਭਾਗ ਵੀ ਹਾਜ਼ਰ ਰਹੇ।ਵਾਈਸ ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਲਈ ਬਿਹਤਰ ਮੌਕੇ ਤੇ ਸਹੂਲਤਾਂ ਪ੍ਰਦਾਨ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੇ ਖਿਡਾਰੀਆਂ ਨੇ ਰਗਬੀ, ਕੋਰਫਬਾਲ, ਗੱਤਕਾ ਤੇ ਵਜ਼ਨ ਉਠਾਉਣ ਸਮੇਤ ਵੱਖ-ਵੱਖ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ।ਟੂਰਨਾਮੈਂਟ 'ਚ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ, ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਹਾਊਸਾਂ ਤੋਂ ਇਲਾਵਾ ਪੰਜਾਬੀ, ਕਾਨੂੰਨ ਅਤੇ ਕੰਪਿਊਟਰ ਸਾਇੰਸ ਵਿਭਾਗਾਂ ਦੀਆਂ ਟੀਮਾਂ ਨੇ ਭਾਗ ਲਿਆ। ਫਾਈਨਲ ਵਿੱਚ ਬਾਬਾ ਫਤਿਹ ਸਿੰਘ ਹਾਊਸ ਨੇ ਪਹਿਲਾ ਤੇ ਬਾਬਾ ਜ਼ੋਰਾਵਰ ਸਿੰਘ ਹਾਊਸ ਨੇ ਦੂਜਾ ਸਥਾਨ ਹਾਸਲ ਕੀਤਾ। ਜੇਤੂਆਂ ਨੂੰ ਡਾ. ਨਵਦੀਪ ਕੌਰ, ਡੀਨ ਰਿਸਰਚ, ਅਤੇ ਡਾ. ਭੁਪਿੰਦਰ ਸਿੰਘ ਘੁੰਮਣ, ਪ੍ਰੋਫੈਸਰ ਆਫ਼ ਐਮੀਨੈਂਸ ਵੱਲੋਂ ਟਰਾਫੀਆਂ ਅਤੇ ਇਨਾਮ ਪ੍ਰਦਾਨ ਕੀਤੇ ਗਏ।ਡਾ. ਵਰਿੰਦਰ ਸਿੰਘ ਭੁੱਲਰ, ਮੁਖੀ, ਸਰੀਰਕ ਸਿੱਖਿਆ ਤੇ ਖੇਡ ਤਕਨਾਲੋਜੀ ਵਿਭਾਗ ਨੇ ਮੇਜਰ ਧਿਆਨ ਚੰਦ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕੀਤਾ।

## ਰਾਮਲੀਲ੍ਹਾ ਦੀਆਂ ਤਿਆਰੀਆਂ ਦਾ ਜਾਇਜ਼ਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ਼ਹਿਰ ਦੀ ਸਭ ਤੋਂ ਪੁਰਾਣੀ ਤੇ ਸ਼ਰਧਾਲੂਆਂ ਦੀਆਂ ਮਨੋਕਾਮਨਾਵਾਂ ਪੂਰੀਆਂ ਕਰਨ ਵਾਲੀ ਸ਼੍ਰੀ ਸਨਾਤਨ ਧਰਮ ਰਾਮਲੀਲ੍ਹਾ ਕਲੱਬ ਸੁਨਾਮ ਦੀ ਰਾਮਲੀਲ੍ਹਾ ਸਟੇਜ ਵਿਖੇ ਕਲੱਬ ਪ੍ਰਧਾਨ ਮਨਜੀਤ ਸਿੰਘ ਕਾਕਾ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ। ਇਸ ਦੌਰਾਨ ਰਾਮਲੀਲ੍ਹਾ ਦੇ ਆਯੋਜਨ ਸਬੰਧੀ ਕਲੱਬ ਦੇ ਸਮੂਹ ਮੈਂਬਰਾਂ ਨਾਲ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ।ਕਲੱਬ ਦੇ ਪ੍ਰਧਾਨ ਮਨਜੀਤ ਸਿੰਘ ਕਾਕਾ ਨੇ ਦੱਸਿਆ ਕਿ ਹਰ ਸਾਲ ਦੀ ਰਵਾਇਤ ਅਨੁਸਾਰ ਇਸ ਸਾਲ ਵੀ 11 ਅਕਤੂਬਰ 2026 ਨੂੰ ਪਹਿਲੀ ਨਵਰਾਤਰੀ ਤੋਂ ਰਾਮਲੀਲ੍ਹਾ ਦੀ ਸ਼ੁਰੂਆਤ ਕੀਤੀ ਜਾਵੇਗੀ।ਇਸ ਦੇ ਨਾਲ ਹੀ ਮੰਦਰ ਵਿੱਚ ਸ਼੍ਰੀ ਰਾਮਾਇਣ ਦਾ ਮੂਲ ਪਾਠ ਵੀ ਸ਼ੁਰੂ ਹੋਵੇਗਾ।ਉਨ੍ਹਾਂ ਕਿਹਾ ਕਿ ਰਾਮਲੀਲ੍ਹਾ ਦੌਰਾਨ ਧਾਰਮਿਕ ਮਰਿਆਦਾ, ਰੀਤੀ ਰਿਵਾਜ ਤੇ ਸਮਾਜਿਕ ਕਦਰਾਂ-ਕੀਮਤਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।ਸਮਾਗਮ ਵਿੱਚ ਕਿਸੇ ਵੀ ਕਿਸਮ ਦੀ ਅਨੁਸ਼ਾਸਨਹੀਣਤਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਸਮੂਹ ਕਲਾਕਾਰਾਂ ਤੇ ਮੈਂਬਰਾਂ ਨੂੰ ਧਾਰਮਿਕ ਰਵਾਇਤਾਂ ਤੇ ਮਰਿਆਦਾ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਗਈ।

## ਮਾਡਰਨ ਕਾਲਜ ਬੀਰ ਕਲਾਂ ਵਿਖੇ ਨੈਸ਼ਨਲ ਸਪੋਰਟਸ ਡੇ ਮਨਾਇਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਬੀਰ ਕਲਾਂ ਵਿਖੇ ਨੈਸ਼ਨਲ ਸਪੋਰਟਸ ਡੇ ਨੂੰ ਮੱਦੇਨਜ਼ਰ ਰੱਖਦੇ ਹੋਏ ਵਿਦਿਆਰਥੀਆਂ ਵਿੱਚ ਖੇਡਾਂ ਪ੍ਰਤੀ ਜਾਗਰੂਕਤਾ, ਉਤਸ਼ਾਹ ਤੇ ਰਚਨਾਤਮਕਤਾ ਪੈਦਾ ਕਰਨ ਦੇ ਉਦੇਸ਼ ਨਾਲ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ।ਇਸ ਮੁਕਾਬਲੇ ਵਿੱਚ ਕਾਲਜ ਦੇ ਵੱਖ-ਵੱਖ ਕੋਰਸਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਮੁਕਾਬਲੇ ਦੌਰਾਨ ਵਿਦਿਆਰਥੀਆਂ ਨੇ ਖੇਡਾਂ ਦੀ ਮਹੱਤਤਾ, ਸਿਹਤਮੰਦ ਜੀਵਨ ਸ਼ੈਲੀ, ਖੇਡ ਭਾਵਨਾ ਤੇ ਨੌਜਵਾਨਾਂ ਦੇ ਜੀਵਨ ਵਿੱਚ ਖੇਡਾਂ ਦੀ ਭੂਮਿਕਾ ਨੂੰ ਦਰਸਾਉਂਦੇ ਹੋਏ ਬਹੁਤ ਹੀ ਸੁੰਦਰ ਤੇ ਪ੍ਰਭਾਵਸ਼ਾਲੀ ਪੋਸਟਰ ਤਿਆਰ ਕੀਤੇ।ਵਿਦਿਆਰਥੀਆਂ ਵੱਲੋਂ ਆਪਣੀ ਕਲਾ ਤੇ ਸਿਰਜਣਾਤਮਕ ਸੋਚ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ।ਮੁਕਾਬਲੇ ਵਿੱਚ ਨਵਅਰਮਾਨ, ਬੀ.ਏ. ਭਾਗ ਪਹਿਲਾ ਨੇ ਆਪਣੀ ਸ਼ਾਨਦਾਰ ਕਲਾਕਾਰੀ ਦਾ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ।ਰਮਨਦੀਪ ਕੌਰ, ਬੀ.ਕਾਮ ਭਾਗ ਤੀਜਾ ਨੇ ਦੂਜਾ ਸਥਾਨ, ਜਦਕਿ ਖੁਸ਼ਪ੍ਰੀਤ ਕੌਰ, ਬੀ.ਕਾਮ ਭਾਗ ਦੂਜਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਕਾਲਜ ਪ੍ਰਬੰਧਕਾਂ ਤੇ ਸਟਾਫ਼ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ ਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।ਪ੍ਰਿੰਸੀਪਲ ਡਾ. ਵੀ ਕੇ ਰਾਏ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰੀਰਕ ਤੇ ਮਾਨਸਿਕ ਵਿਕਾਸ ਲਈ ਬਹੁਤ ਮਹੱਤਵਪੂਰਨ ਹਨ।ਅੰਤ ਵਿੱਚ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਗਈ ਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ।

# ਬੁੱਧ ਰਾਮ ਵੱਲੋਂ ਬੋੜਾਵਾਲ ਤੇ ਬੀਰੋਕੇ ਕਲਾਂ 'ਚ ਸਟੇਡੀਅਮਾਂ ਦਾ ਉਦਘਾਟਨ



ਬੁਢਲਾਡਾ (ਅਸ਼ੋਕ ਲਾਕੜਾ)-ਵਿਧਾਨ ਸਭਾ ਹਲਕਾ ਬੁਢਲਾਡਾ ਦੇ ਪਿੰਡ ਬੋੜਾਵਾਲ ਵਿਖੇ ਨਵੇਂ ਤਿਆਰ ਕੀਤੇ ਗਏ ਸਟੇਡੀਅਮ ਦਾ ਉਦਘਾਟਨ ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਕੀਤਾ।ਇਸ ਮੌਕੇ ਉਨ੍ਹਾਂ ਪਿੰਡ ਦੀ ਸਰਪੰਚ ਸੁਖਜੀਤ ਕੌਰ, ਲਖਵਿੰਦਰ ਸਿੰਘ ਲੱਖੀ, ਮੁੱਖੀ ਪੰਚਾਇਤ, ਪਾਰਟੀ ਵਰਕਰਾਂ, ਖਿਡਾਰੀਆਂ ਤੇ ਪਿੰਡ ਵਾਸੀਆਂ ਨੂੰ ਸਟੇਡੀਅਮ ਦੀ ਸੌਗਾਤ ਮਿਲਣ 'ਤੇ ਵਧਾਈ ਦਿੱਤੀ।ਉਨ੍ਹਾਂ ਨੇ ਇਸੇ ਤਰ੍ਹਾਂ ਪਿੰਡ ਬੀਰੋਕੇ ਕਲਾਂ ਵਿਖੇ 21 ਲੱਖ ਦੀ ਲਾਗਤ ਨਾਲ ਬਣੇ ਸਟੇਡੀਅਮ ਦਾ ਵੀ ਉਦਘਾਟਨ ਕੀਤਾ।ਬਲਾਕ ਪ੍ਰਧਾਨ ਜਗਜੀਰ ਸਿੰਘ, ਸਰਪੰਚ ਗੁਰਮੀਤ ਸਿੰਘ, ਸਤਗੁਰ ਸਿੰਘ, ਕ੍ਰਿਸ਼ਨ ਸਿੰਘ ਪ੍ਰਧਾਨ ਅਤੇ ਬਲਾਕ ਸੰਮਤੀ ਮੈਂਬਰ ਸੁਖਜਿੰਦਰ ਕੌਰ ਨੇ ਇਸ ਖੇਡ ਸਟੇਡੀਅਮ ਲਈ ਖਿਡਾਰੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਪਿੰਡ ਬੀਰੋਕੇ ਕਲਾਂ ਨੂੰ ਵਿਕਾਸ ਕਾਰਜਾਂ ਲਈ ਪਿਛਲੇ ਚਾਰ ਸਾਲਾਂ ਦੌਰਾਨ 2 ਕਰੋੜ 80 ਲੱਖ ਦੀ ਗ੍ਰਾਂਟ ਜਾਰੀ ਕੀਤੀ ਹੈ।ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ।ਖੇਡ ਮੈਦਾਨ ਨੌਜਵਾਨਾਂ ਨੂੰ ਤੰਦਰੁਸਤ ਰੱਖਣ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਮਿਹਨਤ ਤੇ ਟੀਮ ਭਾਵਨਾ ਪੈਦਾ ਕਰਦੇ ਹਨ। ਵਿਧਾਇਕ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਾਲ 2022 ਤੋਂ 2026 ਤੱਕ ਪਿੰਡ ਬੋੜਾਵਾਲ ਦੇ ਵਿਕਾਸ ਕਾਰਜਾਂ ਲਈ 1 ਕਰੋੜ 76 ਲੱਖ ਰੁਪਏ ਦੀਆਂ ਗਰਾਂਟਾਂ ਜਾਰੀ ਕੀਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਇਨ੍ਹਾਂ ਗਰਾਂਟਾਂ ਰਾਹੀਂ ਪਿੰਡ ਵਿੱਚ ਵੱਖ-ਵੱਖ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਖੇਡ ਕ੍ਰਾਂਤੀ' ਤਹਿਤ ਨੌਜਵਾਨਾਂ ਨੂੰ ਖੇਡ ਮੈਦਾਨ ਮੁਹੱਈਆ ਕਰਵਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਖਿਡਾਰੀਆਂ ਨੂੰ ਸੱਦਾ ਦਿੱਤਾ ਕਿ ਉਹ ਇਸ ਸਟੇਡੀਅਮ ਦਾ ਵੱਧ ਤੋਂ ਵੱਧ ਲਾਭ ਲੈਂਦਿਆਂ ਖੇਡਾਂ ਵਿੱਚ ਅੱਗੇ ਵਧਣ ਅਤੇ ਆਪਣੇ ਪਿੰਡ ਤੇ ਪੰਜਾਬ ਦਾ ਨਾਮ ਰੋਸ਼ਨ ਕਰਨ। ਇਸ ਮੌਕੇ ਪਿੰਡ ਦੀ ਪੰਚਾਇਤ, ਖਿਡਾਰੀਆਂ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਵੱਲੋਂ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਦਾ ਧੰਨਵਾਦ ਕੀਤਾ ਗਿਆ।

# 1013 ਲੈਕਚਰਾਰ ਮੰਗਾਂ ਸੰਬੰਧੀ ਭਲਕੇ ਸਿੱਖਿਆ ਮੰਤਰੀ ਦੇ ਜ਼ਿਲ੍ਹਾ ਪੱਧਰ 'ਤੇ ਫ਼ੂਕਣਗੇ ਪੁਤਲੇ

ਪਟਿਆਲਾ (ਰਜਿੰਦਰ ਸਿੰਘ ਥਿੰਦ)-ਐੱਸ ਸੀ /ਬੀ ਸੀ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਕਰਿਸ਼ਨ ਸਿੰਘ ਦੁੱਗਾਂ ਦੀ ਅਗਵਾਈ 'ਚ ਵਰਚੂਅਲ ਮੀਟਿੰਗ ਹੋਈ ਜਿਸ ਬਾਰੇ ਜਨਰਲ ਸਕੱਤਰ ਲਛਮਣ ਸਿੰਘ ਨਬੀਪੁਰ ਨੇ ਦੱਸਿਆ ਕਿ 1013 ਲੈਕਚਰਾਰ ਸਿੱਧੀ ਭਰਤੀ ਦੇ ਦਿੱਤੇ ਇਸ਼ਤਿਹਾਰ ਵਿੱਚ ਸਿੱਖਿਆ ਅਧਿਕਾਰੀਆਂ ਵੱਲੋਂ ਘਟੀਆ ਮਾਨਸਿਕਤਾ ਤਹਿਤ ਐੱਸ ਸੀ /ਬੀ ਸੀ ਉਮੀਦਵਾਰਾਂ ਦਾ ਬਣਦਾ ਕੋਟਾ ਛੇ ਵਿਸ਼ਿਆਂ 'ਚ ਜ਼ੀਰੋ ਕਰ ਦਿੱਤਾ ਹੈ।ਜਦ ਕਿ ਸਿੱਖਿਆ ਵਿਭਾਗ ਵੱਲੋਂ 29 ਜੁਲਾਈ ਨੂੰ ਭਲਾਈ ਵਿਭਾਗ ਵੱਲੋਂ ਬਣਾਈ ਕਮੇਟੀ ਦੀ ਮੀਟਿੰਗ 'ਚ ਅਧੂਰਾ ਰਿਕਾਰਡ ਪੇਸ਼ ਕੀਤਾ।ਆਗੂਆਂ ਵੱਲੋਂ ਅਧੂਰੇ ਰਿਕਾਰਡ 'ਚ ਹੀ ਵੈਲਫੇਅਰ ਵਿਭਾਗ ਦੇ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਇਹ ਸਿੱਧ ਕੀਤਾ ਕਿ ਓਪਨ ਸ਼੍ਰੇਣੀ 'ਚ ਸਿਲੈਕਟ ਹੋਏ ਐੱਸ ਸੀ /ਬੀ ਸੀ ਉਮੀਦਵਾਰਾਂ ਨੂੰ ਗਲਤ ਢੰਗ ਨਾਲ ਰੋਸਟਰ ਰਜਿਸਟਰ 'ਚ ਰਿਜ਼ਰਵ ਨੁਕਤਿਆਂ 'ਤੇ ਲਗਾ ਕੇ ਰਾਖਵਾਂਕਰਨ ਨੀਤੀ ਦੀ ਉਲੰਘਣਾ ਕੀਤੀ ਗਈ ਹੈ। ਜਦੋਂ ਪੰਜਾਬ ਸਿੱਖਿਆ ਵਿਭਾਗ ਕੋਲ ਪੂਰੇ ਰੋਸਟਰ ਰਜਿਸਟਰ, ਬਕ੍ਰਾਈਆਂ ਭਰਤੀਆਂ ਦੀਆਂ ਮੈਰਿਟ ਲਿਸਟਾਂ ਅਤੇ ਸਿਲੈਕਸ਼ਨ ਲਿਸਟਾਂ ਹੀ ਮੌਜੂਦ ਨਹੀਂ ਹਨ ਤਾਂ ਫਿਰ ਰਿਜ਼ਰਵ ਸ਼੍ਰੇਣੀਆਂ ਦਾ ਕੋਟਾ ਕਿਹੜੇ ਨਿਯਮਾਂ ਤਹਿਤ ਜ਼ੀਰੋ ਕੀਤਾ ਗਿਆ? ਇਸ ਦਾ ਵਿਭਾਗ ਕੋਲ ਕੋਈ ਜਵਾਬ ਨਹੀਂ ।ਪਰ ਹੁਣ ਸਿੱਖਿਆ ਵਿਭਾਗ ਨੇ ਲੋਕਾਂ ਦੀਆਂ ਅੱਖਾਂ ਵਿੱਚ ਘੱਟਾ ਪਾਉਣ ਲਈ ਇਸ਼ਤਿਹਾਰ ਵਿੱਚ ਦਰਸਾਈਆਂ ਅਸਾਮੀਆਂ ਦੀ ਗਿਣਤੀ ਵਧਾ ਦਿੱਤੀ ਹੈ ਪਰ ਰਾਖਵੀਆਂ ਸ਼੍ਰੇਣੀਆਂ ਦਾ ਬਣਦਾ ਕੋਟਾ ਨਹੀਂ ਦਿੱਤਾ ਗਿਆ।ਸਿੱਖਿਆ ਵਿਭਾਗ ਦੇ ਅਧਿਕਾਰੀਆਂ ਵੱਲੋਂ ਪਿਛਲੀ ਮੀਟਿੰਗ ਵਿੱਚ ਰਿਕਾਰਡ 'ਚ ਗਲਤੀ ਮੰਨਣ ਦੇ ਬਾਵਜੂਦ ਭਲਾਈ ਵਿਭਾਗ ਵੱਲੋਂ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਵਿਰੁੱਧ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ।ਜਿਸ 'ਤੇ ਅੱਜ ਦੀ ਮੀਟਿੰਗ 'ਚ ਜਥੇਬੰਦੀ ਦੇ ਆਗੂਆਂ ਵੱਲੋਂ ਸਖ਼ਤ ਰੁਖ ਅਖਤਿਆਰ ਕਰਦਿਆਂ ਸਪੱਸ਼ਟ ਕੀਤਾ ਗਿਆ ਕਿ ਹੁਣ 1 ਸਤੰਬਰ ਨੂੰ ਜ਼ਿਲ੍ਹਾ ਹੈੱਡ ਕੁਆਰਟਰਾਂ 'ਤੇ ਸਿੱਖਿਆ ਮੰਤਰੀ ਹਰਜੋਤ ਬੈਂਸ, ਸਿੱਖਿਆ ਸਕੱਤਰ ਸੋਨਾਲੀ ਗਿਰੀ, ਭਲਾਈ ਮੰਤਰੀ ਡਾ. ਬਲਜੀਤ ਕੌਰ ਅਤੇ ਭਲਾਈ ਸਕੱਤਰ ਦੇ ਪੁਤਲੇ ਸਾੜਨ ਉਪਰੰਤ ਡਿਪਟੀ ਕਮਿਸ਼ਨਰਾਂ ਰਾਹੀਂ ਗਵਰਨਰ ਪੰਜਾਬ ਦੇ ਨਾਮ ਮੰਗ ਪੱਤਰ ਸੌਂਪੇ ਜਾਣਗੇ ।ਜਥੇਬੰਦੀ ਵੱਲੋਂ ਇਹ ਸੰਘਰਸ਼ ਪੜਾਅਵਾਰ ਉਦੋਂ ਤੱਕ ਜਾਰੀ ਰੱਖਿਆ ਜਾਵੇਗਾ ਜਦੋਂ ਤੱਕ ਸੰਵਿਧਾਨਕ ਹੱਕਾਂ ਦੀ ਪ੍ਰਾਪਤੀ ਨਹੀਂ ਹੋ ਜਾਂਦੀ। ਇਸ ਮੀਟਿੰਗ 'ਚ ਸੂਬਾ ਸਕੱਤਰ ਜਨਰਲ ਬਲਵਿੰਦਰ ਸਿੰਘ ਲਤਾਲਾ, ਸੀਨੀਅਰ ਮੀਤ ਪ੍ਰਧਾਨ ਗੁਰਸੇਵਕ ਸਿੰਘ ਕਲੇਰ, ਪਰਵਿੰਦਰ ਭਾਰਤੀ ਵੀਰ ਸਿੰਘ ਮੋਗਾ, ਵਿੱਤ ਸਕੱਤਰ ਗੁਰਪ੍ਰੀਤ ਸਿੰਘ ਗੁਰੂ, ਵਿੱਤ ਸਕੱਤਰ ਬੇਅੰਤ ਸਿੰਘ ਭਾਬਰੀ, ਪ੍ਰੈੱਸ ਸਕੱਤਰ ਹਰਜਿੰਦਰ ਸਿੰਘ ਪੁਰਾਣੇਵਾਲਾ, ਪਰਮਿੰਦਰ ਗੁਰਦਾਸਪੁਰ ਅਤੇ ਹੋਰ ਆਗੂ ਸਾਥੀ ਵੀ ਸ਼ਾਮਿਲ ਹੋਏ।


## COURT NOTICE

In The Court of
Sh. Dasvinder Singh
Judicial Magistrate - Ist Class
Ludhiana
CNR No.:- PBLD03-028855-2025
Next Date:-15-09-2026
Ms Adfert Technologies Pvt. Ltd.
Vs.
Ms Mann Kheti Sewa Centre
Detail of Offence:-
Notice To:
Ms Mann Kheti Sewa Centre Through Its Authorized Signatory Proprietor Jaspal Singh opposite Telephone Exchange Chandigarh Road Khamano District Fatehgarh Sahib
Accused 2 Jaspal Singh Prop of M/S Maan Kheti Sewa Centre Opposite Telephone Exchange Chandigarh Road Khamano District Fatehgarh Sahib
In above titled case, the accused could not be served. It is ordered that accused should appear in person or through counsel on 15-09-2026 at 10.00 a.m.
For details logon to https://highcourtchd.gov.in/?mod=district notice&district=mogacourt.
Judicial Magistrate - Ist Class
Ludhiana
Dated, this day of 17-08-2026


# ਮਾਲਵਾ ਮੇਲ ਨੇ ਪੁਆਧ ਐਕਸਪ੍ਰੈੱਸ ਨੂੰ 7 ਵਿਕਟਾਂ ਨਾਲ ਹਰਾਇਆ, ਬਲਤੇਜ ਸਿੰਘ ਪੰਨੂ ਨੇ ਕੀਤੀ ਇਨਾਮਾਂ ਦੀ ਵੰਡ



ਖਿਡਾਰਨਾਂ ਨੂੰ ਇਨਾਮਾਂ ਦੀ ਵੰਡ ਕੀਤੀ।ਜੇਤੂ ਟੀਮ ਮਾਲਵਾ ਮੇਲ ਨੂੰ ਕੱਪ ਤੇ ਦੋ ਲੱਖ ਰੁਪਏ ਦੀ ਇਨਾਮ ਰਾਸ਼ੀ ਅਤੇ ਉਪ-ਜੇਤੂ ਟੀਮ ਪੁਆਧ ਐਕਸਪ੍ਰੈੱਸ ਨੂੰ ਇੱਕ ਲੱਖ ਰੁਪਏ ਦੀ ਇਨਾਮ ਰਾਸ਼ੀ

ਪਟਿਆਲਾ (ਰਜਿੰਦਰ ਸਿੰਘ ਥਿੰਦ)-ਪੰਜਾਬ ਕ੍ਰਿਕਟ ਐਸੋਸੀਏਸ਼ਨ ਵੱਲੋਂ ਮਹਿਲਾ ਕ੍ਰਿਕਟ ਨੂੰ ਹੁਲਾਰਾ ਦੇਣ ਲਈ ਕਰਵਾਏ ਪੰਜਾਬ ਕੁਈਨਜ਼ ਟਵੰਟੀ-20 ਕੱਪ ਦਾ ਇੱਥੇ ਦੇ ਯਾਦਵ ਪਾਂਡਵ ਕ੍ਰਿਕਟ ਸਟੇਡੀਅਮ ਵਿਖੇ ਸ਼ਾਨਦਾਰ ਸਮਾਪਨ ਹੋਇਆ।ਚਾਰ ਟੀਮਾਂ ਦੇ ਇਸ ਟੂਰਨਾਮੈਂਟ ਦੇ ਫਾਈਨਲ ਵਿੱਚ ਮਾਲਵਾ ਮੇਲ ਨੇ ਪੁਆਧ ਐਕਸਪ੍ਰੈੱਸ ਨੂੰ 7 ਵਿਕਟਾਂ ਨਾਲ ਹਰਾ ਕੇ ਕੱਪ ਜਿੱਤਿਆ।ਟੂਰਨਾਮੈਂਟ ਵਿੱਚ ਦੋ ਟੀਮਾਂ ਮਾਝਾ ਰਿਗਰੇਡ ਤੇ ਦੋਆਬਾ ਟਾਈਟਨਜ਼ ਨੇ ਵੀ ਹਿੱਸਾ ਲਿਆ।ਇਸ ਮੌਕੇ ਆਪ ਦੇ ਜਨਰਲ ਸਕੱਤਰ ਤੇ ਸਟੇਟ ਮੀਡੀਆ ਇੰਚਾਰਜ ਬਲਤੇਜ ਸਿੰਘ ਪੰਨੂ ਨੇ ਜੇਤੂ ਤੇ ਟਰਾਫੀ ਦਿੱਤੀ। ਜੇਤੂ ਖਿਡਾਰਨਾਂ ਨੂੰ ਵਧਾਈ ਦਿੰਦਿਆਂ ਸ. ਬਲਤੇਜ ਸਿੰਘ ਪੰਨੂ ਨੇ ਕਿਹਾ ਕਿ ਅੱਜ ਕੁੜੀਆਂ ਹਰ ਖੇਤਰ ਵਿੱਚ ਅੱਗੇ ਵਧ ਰਹੀਆਂ ਹਨ।ਖੇਡਾਂ ਵਿੱਚ ਵੀ ਸਾਡੀਆਂ ਕੁੜੀਆਂ ਨੂੰ ਅੱਗੇ ਵਧਣ ਲਈ ਪੰਜਾਬ ਸਰਕਾਰ ਵੱਲੋਂ ਹਰ ਮੌਕੇ ਦਿੱਤੇ ਜਾ ਰਹੇ ਹਨ।ਸ. ਪੰਨੂ ਨੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਨੂੰ ਇਸ ਟੂਰਨਾਮੈਂਟ ਦੇ ਪ੍ਰਬੰਧਨ ਲਈ ਵਧਾਈ ਦਿੱਤੀ।ਇਸ ਮੌਕੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਨਾਲ ਜੁੜੇ ਸਾਬਕਾ ਭਾਰਤੀ ਕ੍ਰਿਕਟਰ ਗੁਰਕੀਰਤ ਸਿੰਘ ਮਾਨ, ਬਰਿੰਦਰ ਸਿੰਘ ਸਰਾਂ ਤੇ ਭੁਪਿੰਦਰ ਸਿੰਘ ਜੂਨੀਅਰ ਵੀ ਹਾਜ਼ਰ ਸਨ।

## ANMOL INDIA LIMITED

CIN: L51909PB1998PLC050300
Regd. Office: 2nd Floor, 2/43, Block B, Aggar Nagar, Ludhiana, Punjab- 141001. Website: www.anmolindialtd.com
Email: anmol.india.limited@gmail.com

**INTIMATION ABOUT 28TH ANNUAL GENERAL MEETING AND BOOK CLOSURE**

Notice is hereby given that the 28th Annual General Meeting ('AGM') of the Company will be held on Saturday, 26th September, 2026 at 10.00 A.M. (IST) at the Registered Office of the Company at 2/43, 2nd Floor, Block B, Aggar Nagar, Ludhiana, Punjab- 141001, in compliance with General Circular Numbers 17/2020 dated 13th April, 2020, 14/2020 dtd 8th April, 2020, 20/2020 dtd 05th May, 2020, 22/2020 dtd 15th June, 2020, 33/2020 dtd 28th September, 2020, 39/2020 dtd 31stDecember, 2020, 10/2021 dtd 21st June, 2021, 20/2021 dtd 08th December, 2021, 02/2022 dtd 03rd May, 2022, 11/2022 dtd 28th December, 2022, 09/2023 dtd 25th September, 2023, 09/2024 dtd 19th September, 2024 (the MCA Circulars) and Circular No. SEBI/HO/CFD/CMD1/CIR/P/2020/79 dtd 12thMay, 2020, Circular No. SEBI/HO/CFD/CMD2/CIR/P/2021/11 dtd 15th January, 2021, Circular No. SEBI/HO/CFD/CMD2/CIR/P/2022/62 dtd 13thMay, 2022, Circular No. SEBI/HO/CFD/PoD-2/P/CIR/2023/4 dtd 05thJanuary, 2023, Circular No. SEBI/HO/CFD/CFD-PoD-2/P/CIR/2023/167 dtd 07th October, 2023 and Circular No. SEBI/HO/CFD/CFD-PoD-2/P/CIR/2024/133 dtd 03rd October, 2024 issued by the Securities and Exchange Board of India.

Kindly note that the electronic copies of the notice and annual report for the FY 2025-26 will be sent to all the members whose email addresses are registered with the company/Depository participant(s) within the prescribed timeline and also available on the website of company www.anmolindialtd.com, CDSL at www.evotingindia.com and stock exchanges i.e. BSE Limited at www.bseindia.com and NSE Limited at www.nseindia.com.

Members who have still not registered their email addresses can get their email addresses registered by contacting their respective Depository Participant. In terms of Regulation 36(1)(b) of the SEBI (Listing Obligations and Disclosure Requirements), Regulations, 2015 (as amended vide circular dated December 12,2024), the shareholders whose email id is not registered with the RTA/ Depository Participant, a letter including the web-link along with the path to access the Annual Report of Company will be sent to the shareholders.

The remote e-voting window will open at 10.00 A.M. on 23rd September, 2026 and closed at 05.00 P.M. on 25th September, 2026. Members holding shares in dematerialized form as on the cut off date i.e. 19th September, 2026, may cast their vote electronically through electronic voting system of the Central Depository Services (India) Ltd. (CDSL) as well as voting through ballot paper at the AGM on the business as set out in the Notice of AGM. The remote e-voting module will be disabled after the above time line by CDSL and E-voting shall not be allowed thereafter.

The members attending the meeting who have not already cast their vote by remote e-voting shall be able to exercise the right at the meeting. The members who have cast their vote by remote e-voting prior to the meeting may also attend the meeting but shall not be entitled to cast the vote again.

Any person who acquires shares of the Company and becomes a shareholder of the Company after email of the Notice of AGM and holds shares as on the cut- off date i.e. 19th September, 2026, may obtain the login ID and password for remote e- voting by sending a request at info@bigshareonline.com.

Further, pursuant to the provisions of section 91 of the Companies Act, 2013, the Register of Members and the Share Transfer Books of the Company will remain closed from Saturday, 19th September, 2026 to Saturday, 26th September, 2026 (both days inclusive) for the purpose of 28th AGM.

Any query/grievance connecting with voting by electronic means, should be addressed to the Company Secretary at the above mentioned email id and /or address.

By order of the board of Directors
**For Anmol India Limited**
Sd/-
(Parabhjot Kaur)
Company Secretary & Compliance Officer

**Date : 31st August, 2026**
**Place : Ludhiana**

## ਡੀ ਐੱਮ ਆਈ ਹਾਊਸਿੰਗ ਫਾਇਨਾਂਸ ਪ੍ਰਾਈਵੇਟ ਲਿਮਟਿਡ

DMI HOUSING FINANCE

ਰਜਿਸਟਰਡ ਦਫ਼ਤਰ : ਐਮ ਬੀ ਡੀ ਹਾਊਸ, ਗੁਲਾਬ ਭਵਨ, ਦੂਜੀ ਮੰਜ਼ਲ, 6, ਬਹਾਦਰ ਸ਼ਾਹ ਜ਼ਫਰ ਮਾਰਗ, ਨਵੀਂ ਦਿੱਲੀ-110002, ਟੈਲੀ : +91-011-66107107, 011-69223700
ਈ-ਮੇਲ : dmi@housingfinance.in, ਯੂ 65923 ਡੀ ਐੱਲ 2011 ਪੀ ਟੀ ਸੀ 216373

### ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ) [ਦੇਖੋ ਰੂਲ-8(1)]

ਜਦੋਂ ਕਿ ਨਿਮਨਹਸਤਾਖਰੀ ਨੇ ਡੀ ਐੱਮ ਆਈ ਹਾਊਸਿੰਗ ਫਾਇਨਾਂਸ ਪ੍ਰਾਈਵੇਟ ਲਿਮਟਿਡ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਿਟਾਈਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ [ਐਕਟ] 2002 (2002 ਦਾ 54) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਤਹਿਤ [ਰੂਲ 3] ਨਾਲ ਪੜ੍ਹੇ ਜਾਂਦੇ ਸੈਕਸ਼ਨ 13(12) ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰ ਲੋਕੇਸ਼ ਕੁਮਾਰ ਪੁੱਤਰ ਚੁੰਨੀ ਰਾਮ (ਕਰਜ਼ਦਾਰ) ਅਤੇ ਕਿਰਨ ਬਾਲਾ ਪਤਨੀ ਲੋਕੇਸ਼ ਕੁਮਾਰ (ਸਹਿ-ਕਰਜ਼ਦਾਰ) (ਜੀ ਜੀ 1224462) ਨੂੰ 7 ਨਵੰਬਰ 2024 ਨੂੰ ਨੋਟਿਸ 'ਚ ਦੱਸੀ ਰਕਮ ਰੁਪਏ 5,51,909/- (ਪੰਜ ਲੱਖ ਇਕਵੰਜਾ ਹਜ਼ਾਰ ਨੌਂ ਸੌ ਨੌਂ ਰੁਪਏ ਕੇਵਲ) ਉਕਤ ਨੋਟਿਸ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਕਰਨ ਲਈ ਮਿਤੀ 20 ਨਵੰਬਰ 2024 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ/ਸਹਿ-ਕਰਜ਼ਦਾਰ/ਰਹਿਣਕਾਰ/ਗਰੰਟਰ ਰਕਮ ਵਾਪਸ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਰਹਿਣਕਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਮਿਤੀ 27.08.2026 ਨੂੰ ਭੌਤਿਕ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦਾਂ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਨਾ ਕਰਨ। ਜਾਇਦਾਦਾਂ ਨਾਲ ਕੀਤਾ ਲੈਣ-ਦੇਣ ਡੀ ਐੱਮ ਆਈ ਹਾਊਸਿੰਗ ਫਾਇਨਾਂਸ ਪ੍ਰਾਈਵੇਟ ਲਿਮਟਿਡ ਲਈ ਮਿਤੀ 7 ਨਵੰਬਰ 2024 ਨੂੰ ਰਕਮ ਰੁਪਏ 5,51,909/- (ਪੰਜ ਲੱਖ ਇਕਵੰਜਾ ਹਜ਼ਾਰ ਨੌਂ ਸੌ ਨੌਂ ਰੁਪਏ ਕੇਵਲ) ਸਮੇਤ ਇਸ 'ਤੇ ਵਿਆਜ ਦੀ ਇਕਰਾਰਨਾਮਾ ਦਰ 'ਤੇ ਅਗਲਾ ਵਿਆਜ ਅਤੇ ਖਰਚੇ ਅਦਾਇਗੀ ਦੀ ਮਿਤੀ ਤੱਕ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਰਹਿਣਕਾਰਾਂ/ਗਰੰਟਰਾਂ ਦਾ ਧਿਆਨ ਉਪਲਬਧ ਸਮੇਂ 'ਚ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 8 ਦੀਆਂ ਵਿਵਸਥਾਵਾਂ ਤਹਿਤ ਸਕਿਉਰਡ ਐਸਟਸ ਦੇ ਪੁਨਰਗ੍ਰਹਿਣ ਵੱਲ ਦਿਵਾਇਆ ਜਾਂਦਾ ਹੈ।

### ਅਚੱਲ ਜਾਇਦਾਦ ਦਾ ਵੇਰਵਾ

ਜਾਇਦਾਦ ਪਲਾਟ ਨੰ. ਐਫ-203/1, 0 ਬਿੱਘਾ 2 ਬਿਸਵਾ, ਖੇਵਟ ਖਤੌਨੀ ਨੰ. 179/307 ਤੋਂ 310, ਖਸਰਾ ਨੰ. 719(2-0), 722(3-16), 723(3-16), 727(4-10), 730(3-16), 729(4-0), 731(3-16), 720(3-16), 721(4-0), 724(4-0), 725(2-19), 726(1-19), 728(4-0), 732(4-0), 772/733(0-15), ਕਿੱਤੇ 16, ਜ਼ਮੀਨ ਰਕਬਾ 52 ਬਿੱਘਾ, 17 ਬਿਸਵਾ, 40/21140 ਦਾ ਹੱਦ ਹਿੱਸਾ 0 ਬਿਘਾ, 2 ਬਿਸਵਾ, ਵਸੰਤ ਵਿਹਾਰ ਵਿਖੇ ਸਥਿਤ, ਪਿੰਡ ਗੁਲਾਬਗੜ੍ਹ (ਅੰਦਰੂਨ ਨਗਰ ਕੌਂਸਲ ਡੇਰਾ ਬੱਸੀ ਹੱਦਬਸਤ ਨੰ. 9, ਤਹਿਸੀਲ ਡੇਰਾ ਬੱਸੀ) ਜ਼ਿਲ੍ਹਾ ਐਸ ਏ ਐੱਸ ਨਗਰ, ਮੁਹਾਲੀ, ਪੰਜਾਬ-140507 ਨਾਲ ਸੰਬੰਧਤ ਸਭ ਕੁੱਝ। ਹੱਦਾਂ ਹੇਠ ਅਨੁਸਾਰ :- ਉੱਤਰ ਵਾਲੇ ਪਾਸੇ : ਗਲੀ 15', ਦੱਖਣ ਵਾਲੇ ਪਾਸੇ : ਦੁਕਾਨ ਪਲਾਟ ਨੰ. ਐੱਫ 203/5, ਪੂਰਬ ਵਾਲੇ ਪਾਸੇ : ਗਲੀ 25', ਪੱਛਮ ਵਾਲੇ ਪਾਸੇ : ਪਲਾਟ ਨੰ. ਐੱਫ 203/2

ਮਿਤੀ : 31.08.2026 ਸਹੀ/-ਅਧਿਕਾਰਤ ਅਫਸਰ
ਸਥਾਨ : ਮੁਹਾਲੀ ਡੀ ਐੱਮ ਆਈ ਹਾਊਸਿੰਗ ਫਾਇਨਾਂਸ ਪ੍ਰਾਈਵੇਟ ਲਿਮਟਿਡ


## COURT NOTICE

(U/o 5 Rule 20 CPC)
In the Court of Hasan Deep Singh Bajwa
Additional Civil Judge (Senior Division), Kharar
CNR No. PBSAA0-001388-2026
Next Date 08.10.2026
GW/18/2026
Manohar Sharma S/o Late Roop Lal Sharma R/o Vill. Sungrawar Post Office Tikkari Manhasa, Teh. Bhoranj, Sangarwar (43/24), Tikkari Manhasan, Hamir Pur HP, Khewatdar of Vill. Jhungian, Sector 125, Sunny Enclave, Kharar,Tehsil Kharar, Distt. Mohali.
Vs.
General Public
Publication Issued to :
General Public
General Public
In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 08.10.2026 at 10:00 A.M.
For details logon to https://highcourtchd.gov.in/?mod=district_notice&district=mogacourt
Additional Civil Judge (Senior Division), Kharar
Dated this day of 27-08-2026

## COURT NOTICE


(U/o 5 Rule 20 CPC)
In the Court of
Hasan Deep Singh Bajwa
Additional Civil Judge (Senior Division), Kharar
CNR No. PBSAA0-001056-2026
Next Date:- 05-10-2026
GW/11/2026
Kulwant Kaur W/O Mandeep Singh S/O Chetan Singh R/O H.No. 102, Ward No. 2, Janta Enclave, Kharar Sector 2, SAS Nagar Mohali
Vs.
1. General Public 2. Bank Of Baroda Branch Santemajra Through Its Branch Manager.
Publication Issued To:
General Public
:- General Public
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 05-10-2026 at 10:00 a.m.
For details logon to https://highcourtchd.gov.in/?mod=district_notice&district=mogacourt
Additional Civil Judge (Senior Division) Kharar
Dated, this day of 27-08-2026


# ਮਿਸ਼ਨ ਕਲੀਨ ਪੰਜਾਬ ਤਹਿਤ ਸਫਾਈ ਅਭਿਆਨ ਜਾਰੀ




ਮਾਨਸਾ, (ਆਤਮਾ ਸਿੰਘ ਪਮਾਰ)-ਪੰਜਾਬ ਸਰਕਾਰ ਦੇ 'ਮਿਸ਼ਨ ਕਲੀਨ ਪੰਜਾਬ ਫੇਜ਼-2' ਤਹਿਤ ਮਾਨਸਾ ਸ਼ਹਿਰ ਨੂੰ ਸਾਫ-ਸੁਥਰਾ ਰੱਖਣ ਤੇ ਸੁੰਦਰ ਦਿੱਖ ਦੇਣ ਦੇ ਮੰਤਵ ਨਾਲ ਪ੍ਰਧਾਨ ਨਗਰ ਕੌਂਸਲ ਮਾਨਸਾ ਸ਼੍ਰੀ ਕੁਮਾਰ ਮੱਤੀ ਦੀ ਅਗਵਾਈ 'ਚ ਸਫਾਈ ਸੇਵਕਾਂ ਵੱਲੋਂ ਸ਼ਹਿਰ ਦੀਆਂ ਵੱਖ-ਵੱਖ ਥਾਵਾਂ 'ਤੇ ਸਫਾਈ ਕੀਤੀ ਗਈ।ਇਸ ਦੌਰਾਨ ਪ੍ਰਧਾਨ ਤੇ ਉਨ੍ਹਾਂ ਦੀ ਟੀਮ ਨੇ ਵੀ ਖੁਦ ਸਾਫ-ਸਫਾਈ ਕੀਤੀ।ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਮੁਹਿੰਮ ਦਾ ਮਕਸਦ ਸੂਬੇ ਨੂੰ ਕੂੜਾ ਮੁਕਤ ਤੇ ਸਾਫ-ਸੁਥਰਾ ਬਣਾਉਣਾ ਹੈ।ਉਨ੍ਹਾਂ ਇਸ ਮਕਸਦ ਲਈ ਲੋਕਾਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਕੂੜਾ ਇੱਧਰ-ਉੱਧਰ ਸੁੱਟਣ ਦੀ ਬਜਾਏ ਘਰਾਂ ਵਿੱਚ ਆਉਣ ਵਾਲਿਆਂ ਰੇਹੜੀਆਂ ਜਾਂ ਨਿਰਧਾਰਤ ਥਾਵਾਂ 'ਤੇ ਹੀ ਪਾਇਆ ਜਾਵੇ।ਉਨ੍ਹਾਂ ਲੋਕਾਂ ਨੂੰ ਗਿੱਲੇ ਤੇ ਸੁੱਕੇ ਕੂੜੇ ਨੂੰ ਵੱਖ-ਵੱਖ ਕਰਕੇ ਪਾਉਣ ਦੀ ਅਪੀਲ ਵੀ ਕੀਤੀ।ਉਨ੍ਹਾਂ ਕਿਹਾ ਕਿ ਥਾਂ-ਥਾਂ 'ਤੇ ਕੂੜਾ ਸੁੱਟਣ ਨਾਲ ਜਿੱਥੇ ਸ਼ਹਿਰ ਦੀ ਦਿੱਖ ਖਰਾਬ ਹੁੰਦੀ ਹੈ, ਉੱਥੇ ਬਿਮਾਰੀਆਂ ਫੈਲਣ ਦਾ ਖਤਰਾ ਵੀ ਬਣਿਆ ਰਹਿੰਦਾ ਹੈ।ਇਸ ਮੌਕੇ ਵਾਈਸ ਪ੍ਰਧਾਨ ਨਗਰ ਕੌਂਸਲ ਕ੍ਰਿਸ਼ਨ ਕੁਮਾਰ, ਕੁਲਦੀਪ ਸਿੰਘ ਟੀਟੂ, ਸਫਾਈ ਇੰਚਾਰਜ ਰਿਸ਼ੀ ਕੁਮਾਰ, ਸਫਾਈ ਮੇਟ ਮੁਕੇਸ਼ ਕੁਮਾਰ, ਸਫਾਈ ਮੇਟ ਸੰਜੀਵ ਕੁਮਾਰ, ਸੀ.ਐਫ. ਮੁਕੇਸ਼ ਰਾਣੀ ਤੇ ਅਜੈ ਕੁਮਾਰ ਤੋਂ ਇਲਾਵਾ ਮੋਟੀਵੇਟਰ ਤੇ ਸਫਾਈ ਸੇਵਕ ਮੌਜੂਦ ਸਨ।


# ਸਕੂਲੀ ਬੱਚਿਆਂ ਨਾਲ ਬੇਟੀ ਦਾ ਜਨਮ ਦਿਨ ਮਨਾਇਆ



ਪਾਤੜਾਂ (ਨਿਸ਼ਾਨ ਸਿੰਘ ਬਨਵਾਲਾ)-ਨਜ਼ਦੀਕੀ ਪਿੰਡ ਮੌਲਵੀਵਾਲਾ ਦੇ ਸਾਬਕਾ ਸਰਪੰਚ ਤੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਸੀਨੀਅਰ ਕਾਂਗਰਸੀ ਆਗੂ ਦਵਿੰਦਰਦੀਪ ਸਿੰਘ ਬੂਟਾ ਮੌਲਵੀਵਾਲਾ ਨੇ ਆਪਣੀ ਬੇਟੀ ਇਬਾਦਤ ਕੌਰ ਸੰਧੂ ਦਾ ਜਨਮ ਦਿਨ ਇੱਕ ਵਿਲੱਖਣ ਢੰਗ ਨਾਲ ਸਰਕਾਰੀ ਸਕੂਲ ਦੇ ਬੱਚਿਆਂ ਨਾਲ ਮਨਾਇਆ।ਸਮਾਰੋਹ 'ਚ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਚਾਚਾ ਸੁਖਜ ਸਿੰਘ ਸੰਧੂ, ਭਤੀਜੀ ਰਹਿਮਤ ਕੌਰ ਸੰਧੂ ਤੇ ਭਤੀਜੇ ਵੰਸ਼ਦੀਪ ਸਿੰਘ ਸੰਧੂ ਨੇ ਸਕੂਲ ਦੇ ਬੱਚਿਆਂ ਨਾਲ ਸਮਾਂ ਬਿਤਾਇਆ ਤੇ ਉਨ੍ਹਾਂ ਨਾਲ ਜਨਮ ਦਿਨ ਦੀਆਂ ਖੁਸ਼ੀਆਂ ਸਾਂਝੀਆਂ ਕਰਦਿਆਂ ਜਨਮ ਦਿਨ ਦਾ ਕੇਕ ਕੱਟਿਆ।ਇਸ ਦੌਰਾਨ ਸਰਪੰਚ ਦਵਿੰਦਰਦੀਪ ਸਿੰਘ ਨੇ ਕਿਹਾ ਕਿ ਉਹ ਹਰ ਸਾਲ ਆਪਣੀ ਬੇਨੇਡਾ ਵਸਦੀ ਬੇਟੀ ਦੇ ਜਨਮ ਦਿਨ ਨੂੰ ਕੇਵਲ ਪਰਿਵਾਰਕ ਸਮਾਗਮ ਤੱਕ ਸੀਮਤ ਰੱਖਣ ਦੀ ਬਜਾਏ ਸਮਾਜ ਤੇ ਬੱਚਿਆਂ ਨਾਲ ਖੁਸ਼ੀਆਂ ਸਾਂਝੀਆਂ ਕਰਨਾ ਵਧੇਰੇ ਸੰਤੁਸ਼ਟੀ ਵਾਲੀ ਗੱਲ ਹੈ।ਇਸ ਦੌਰਾਨ ਉਨ੍ਹਾਂ ਸਕੂਲ ਦੇ ਪਾਰਕਾਂ ਤੇ ਆਲੇ-ਦੁਆਲੇ ਦੀ ਸਫਾਈ ਤੇ ਹਰਿਆਵਲ ਨੂੰ ਕਾਇਮ ਰੱਖਣ ਦੇ ਮਕਸਦ ਨਾਲ ਘਾਹ ਕੱਟਣ ਵਾਲੀ ਮਸ਼ੀਨ ਸਕੂਲ ਪ੍ਰਬੰਧਕਾਂ ਨੂੰ ਭੇਟ ਕਰਦਿਆਂ ਕਿਹਾ ਕਿ ਸਰਕਾਰੀ ਸਕੂਲ ਸਾਡੇ ਸਮਾਜ ਦੀ ਮਹੱਤਵਪੂਰਨ ਸੰਸਥਾ ਹਨ, ਜਿੱਥੇ ਬੱਚੇ ਸਿੱਖਿਆ ਦੇ ਨਾਲ-ਨਾਲ ਸਮਾਜਿਕ ਕਦਰਾਂ-ਕੀਮਤਾਂ ਵੀ ਗ੍ਰਹਿਣ ਕਰਦੇ ਹਨ।ਇਸ ਲਈ ਸਕੂਲਾਂ ਦੀਆਂ ਲੋੜਾਂ ਅਨੁਸਾਰ ਹਰ ਸੰਭਵ ਸਹਿਯੋਗ ਦੇਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਸਕੂਲ ਦੇ ਹੈੱਡ ਮਾਸਟਰ ਹਰਪ੍ਰੀਤ ਸਿੰਘ ਨੇ ਇਸ ਉਪਰਾਲੇ ਲਈ ਦਵਿੰਦਰਦੀਪ ਸਿੰਘ ਬੂਟਾ ਤੇ ਉਨ੍ਹਾਂ ਦੇ ਸਮੂਹ ਪਰਿਵਾਰ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਸਕੂਲ ਨੂੰ ਘਾਹ ਕੱਟਣ ਵਾਲੀ ਮਸ਼ੀਨ ਮਿਲਣ ਨਾਲ ਪਾਰਕਾਂ ਦੀ ਸਾਂਭ-ਸੰਭਾਲ ਵਿੱਚ ਕਾਫੀ ਸਹੂਲਤ ਹੋਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਸਟਰ ਸੰਦੀਪ ਸਿੰਘ, ਮਾਸਟਰ ਗੁਰਪਾਲ ਸਿੰਘ, ਮਾਸਟਰ ਗੁਲਾਬ ਸਿੰਘ ਤੇ ਮੈਡਮ ਨੀਤੂ ਆਦਿ ਹਾਜ਼ਰ ਸਨ।



# ਕਲਾਸੀਫਾਈਡ ਇਸ਼ਤਿਹਾਰ




## Change of Name

I, Varun S/O Shanker, R/o House Number 217, Mirpur Colony, Near Raju Kariyana Store, Pathankot, Punjab- 145001, have changed my name and shall hereafter be Known as Varun Sharma.

I, Vikrant S/O Jasvir Singh, R/o Kuddowal, Jalandhar, Punjab- 144803, have changed my name and shall hereafter be Known as Vikrant Vikrant.

I, Amandeep S/O Daljit Kumar, R/o H. NO. B-8/279, Talwan Road, Mohalla Ravisadpura, Ward No. 15, Phillaur, PO: Phillaur, DIST: Jalandhar, Punjab-144410, have changed my name and shall hereafter be Known as Amandeep Kataria.

I, Gurmukh Singh S/O Gurdut Singh, R/o Mundh, Nakodar, Jalandhar, Punjab- 144630, I have changed the name of my minor daughter Ishmeen aged about 15 Years and She shall hereafter be known as Ishmeen Kaur.

I, Gurmukh Singh S/O Gurdut Singh, R/o Mundh, Nakodar, Jalandhar, Punjab- 144630, I have changed the name of my minor daughter Sehajleen aged about 12 Years and She shall hereafter be known as Sehajleen Kaur.

I, Khushwinder S/O Roop Lal, R/o Village Boparai Kalan, Tehsil Nakodar, Jalandhar, Punjab- 144630, have changed my name and shall hereafter be Known as Khushwinder Salhan.

I, Simran W/O Lakhwinder Singh, R/o H.NO.-925/1, Ward No 4, LIC Colony, Mundi Kharar, P.O.-Kharar, Teh-kharar, Distt-Sahibzada Ajit Singh Nagar Punjab- 140301. have changed my name and shall hereafter be Known as Simran Singh.

I, Jahnvi, D/O Narinder Kumar R/o PO: Bisla, DIST: Shaheed Bhagat Singh Nagar, Punjab- 144505. have changed my name and shall hereafter be Known as Jahnvi Kaur.

I, Nursabba W/o Abrealam R/o H.No. 141, Vill. Jamalpur Narpur, Jalandhar, Punjab-144012 have changed my name from Nursabba To Nursba Khatoon. All Concerned Please Note.

I, Mohinder Singh , son of Laxman Singh, holder of Indian Passport No. [P956063], issued at [Dubai] on [19/07/2016], permanent resident of [House No. 86, Krishna Nagar Gali No.5 Near Adarsh Nagar, Jalandhar, Punjab], and presently residing at [3736 Gee Cres, Regina, Saskatchewan, S4V 3P1], do hereby change my name from [Mohinder Singh] to [Mohinder Singh Dhaliwal] with immediate effect.

I, Priyanka d/o Karamjeet r/o H.No.B1/817, Ram Nagar, Jalandhar, Punjab have changed my name from Priyanka to Priyanka Kumari. All Please Note.

## Change of Name

I, Gurbhajan Singh S/o Gurdeep Singh R/o Vill. Amritpur, District Kapurthala, Punjab have changed my name from Given Name Gurbhajan and Surname Singh to Gurbhajan Singh. All concerned please note.

I Jaswinder S/o Amarjeet R/o VPO Phoolpur District Jalandhar declare that I have changed my name from Jaswinder to Jaswinder Jassal.

I, Avinash Kumar Alias Avinash Kumar Abbi s/o Inderjit Abbi r/o VPO. Apra, Teh.Phillaur, Distt. Jalandhar, Punjab-144416 have changed my name as Avinash Kumar Abbi. All Please Note.

I, Ritu Alias Ritu Sikka w/o Sham Sikka r/o H.No.100, Street No.04, Harbans Nagar, Po.Basti Guzan, Jalandhar, Punjab-144002 have changed my name as Ritu Sikka. All Please Note.

I, Sham Lal Alias Sham Sikka s/o Gurdita r/o H.No. 100, Street No. 04, Harbans Nagar, Po.Basti Guzan, Distt. Jalandhar, Punjab-144002 have changed my name as Sham Sikka. All Please Note.

I, Pushpa Devi w/o Sanjeev Sharma r/o Flat No. 8GF, Shaheed Bhagat Singh Colony, Jalandhar, Punjab have changed my name from Pushpa Devi to Sangeeta Sharma, after marriage. All Please Note.

I, hitherto known as Baljit Kaur w/o Kashmira Singh r/o H.No.330/A, N.S. Farm, Surya Enclave, Distt. Jalandhar (PB) have changed my name and shall hereafter be known as Ranjeet Kaur.

I, Sakeel Ahmad Khan S/O Ajamal R/O H.no.174, Near Joyti Chownk, Pacca Bagh, Jalandhar - 144001, Punjab have changed my name from Sakeel Ahmad Khan to Sakil Ahmed Khan. All concerned please note.

## ਨਾਂਅ ਦੀ ਬਦਲੀ

ਮੈਂ, ਗੁਰਮੇਲ ਸਿੰਘ ਪੁੱਤਰ ਗੁਲਜ਼ਾਰ ਸਿੰਘ ਵਾਸੀ ਛੀਨੀਵਾਲ ਕਲਾਂ (ਬਰਨਾਲਾ) ਬਿਆਨ ਕਰਦਾ ਹਾਂ ਕਿ ਮੇਰੇ ਸਵਰਗੀ ਪਿਤਾ ਗੁਲਜ਼ਾਰ ਸਿੰਘ ਉਰਫ਼ ਛੋਟਾ ਸਿੰਘ ਪੁੱਤਰ ਬਚਨ ਸਿੰਘ ਨੂੰ ਗੁਲਜ਼ਾਰ ਸਿੰਘ ਅਤੇ ਛੋਟਾ ਸਿੰਘ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਸੀ। ਉਨ੍ਹਾਂ ਦੇ ਉਕਤ ਦੋਵੇਂ ਨਾਂ ਪੂਰੀ ਤਰ੍ਹਾਂ ਨਾਲ ਸਹੀ ਵਾ ਦਰਸੁਤ ਹਨ।

ਮੈਂ, ਸੁਖਪ੍ਰੀਤ ਕੌਰ ਪਤਨੀ ਮੰਗਾ ਸਿੰਘ ਵਾਸੀ ਬੱਧਨੀ ਕਲਾਂ, ਜ਼ਿਲ੍ਹਾ ਮੋਗਾ, ਮੈਨੂੰ ਸੁਖਪ੍ਰੀਤ ਕੌਰ ਉਰਫ ਵੀਰਪਾਲ ਕੌਰ ਨਾਲ ਜਾਣਿਆ ਜਾਂਦਾ ਹੈ। ਉਕਤ ਦੋਨੋਂ ਨਾਂਅ ਮੇਰੇ ਹਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਬੇਦਖਲੀ ਨੋਟਿਸ

ਮੈਂ, ਸ਼੍ਰੀਮਤੀ ਰੇਣੂ ਤਿਵਾਰੀ ਪਤਨੀ ਸ੍ਰੀ ਰਾਜੀਵ ਕੁਮਾਰ ਸ਼ਰਮਾ ਵਾਸੀ ਮਕਾਨ ਨੰਬਰ 28, ਗ੍ਰੇਟਰ ਕੈਲਾਸ਼, ਫੇਜ਼ ਨੰਬਰ 1, ਫਗਵਾੜਾ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਪਰਵੇਸ਼ ਸ਼ਰਮਾ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਸਤੀਸ਼ ਕੁਮਾਰ ਪੁੱਤਰ ਸ੍ਰੀ ਗਿਰਧਾਰੀ ਲਾਲ ਵਾਸੀ ਧਰਮਪੁਰਾ ਅਬਾਦੀ, ਪਿੰਡ ਖਾਂਬਰਾ, ਤਹਿਸੀਲ ਵਾ ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਵੀ ਅਹੀਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਲਾਭ ਸਿੰਘ ਪੁੱਤਰ ਸੋਹਣ ਲਾਲ ਵਾਸੀ ਪਿੰਡ ਪਰਵੇਜ ਨਗਰ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਵੇਦ ਪ੍ਰਕਾਸ਼ ਗੋਤਰਾ ਪੁੱਤਰ ਸ੍ਰੀ ਕਾਂਸ਼ੀ ਰਾਮ ਗੋਤਰਾ ਵਾਸੀ ਮਕਾਨ ਨੰ: 7, ਗਲੀ ਨੰ: 1/1, ਕਰਤਾਰ ਨਗਰ ਹਾਊਸ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅੰਕੁਸ਼ ਗੋਤਰਾ ਅਤੇ ਉਸਦੀ ਪਤਨੀ ਪੂਨਮ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਪ੍ਰਦੀਪ ਪੁੱਤਰ ਲਾਲੀ ਵਾਸੀ ਮਕਾਨ ਨੰ: 259, ਪਿੰਡ ਭਗਵਾਨਪੁਰ, ਡਾਕ. ਲਾਂਬੜਾ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਅਲੀਸ਼ਾ ਮੇਰੇ ਕਹਿਣੇ ਤੋਂ ਬਾਹਰ ਹੈ। ਆਪਣੀ ਮਨਮਰਜ਼ੀ ਕਰਦੀ ਹਾਂ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੇਕਰ ਇਹ ਕਿਸੇ ਨਾਲ ਕੋਈ ਲੈਣ-ਦੇਣ ਕਰਦੀ ਹਾਂ ਤਾਂ ਉਸ ਦੀ ਖੁਦ ਜ਼ਿੰਮੇਵਾਰ ਹੋਵੇਗੀ। ਮੇਰੀ ਜਾਂ ਮੇਰੇ ਪਰਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਵਿਪਨ ਕੁਮਾਰ ਪੁੱਤਰ ਬੁੱਟਾ ਰਾਮ ਵਾਸੀ ਮਕਾਨ ਨੰ. ਈ. ਐਮ-231, ਕੋਟ ਪਕਸ਼ਿਆਂ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਦੀਸ਼ਾ ਉਮਰ 20 ਸਾਲ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਰਮੇਸ਼ ਕੁਮਾਰ ਭਗਤ ਪੁੱਤਰ ਸਵ. ਮੇਲਾ ਰਾਮ ਅਤੇ ਵਿਪਨਾ ਕੁਮਾਰੀ ਪਤਨੀ ਰਮੇਸ਼ ਕੁਮਾਰ ਭਗਤ ਵਾਸੀ ਮਕਾਨ ਨੰਬਰ 535 (EXT) ਗਲੀ ਨੰਬਰ 6, ਨਿਊ ਮਾਡਲ ਹਾਊਸ, ਜਲੰਧਰ ਹਲਫੀਆ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਪ੍ਰਿਤੇਸ਼ ਕੁਮਾਰ ਅਤੇ ਉਸਦੀ ਪਤਨੀ ਮਾਨਿਕ, ਜੋਕਿ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਦੋਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੋ ਕੋਈ ਵੀ ਇਨ੍ਹਾਂ ਨਾਲ ਕਿਸੇ ਕਿਸਮ ਦਾ ਲੈਣ- ਦੇਣ ਕਰੇਗਾ ਉਹ ਉਸ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਰੇ ਸੰਬੰਧਤ ਨੋਟ ਕਰਨ।


## Atam Valves Limited

**Regd. Off: 1051, INDUSTRIAL AREA, JALANDHAR. PUNJAB**
**Ph. No. +91 181 5001111, CIN: L27109PB1985PLC006476**
**Email ID: cs@atamfebi.com, Website: www.atamvalves.in**

### 41ਵੀਂ ਸਾਲਾਨਾ ਆਮ ਮੀਟਿੰਗ ਦੀ ਸੂਚਨਾ

ਇਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਆਤਮ ਵਾਲਵਜ਼ ਲਿਮਟਿਡ ("ਦਾ ਕੰਪਨੀ") ਦੇ ਮੈਂਬਰਾਂ ਦੀ 41ਵੀਂ ਸਾਲਾਨਾ ਆਮ ਮੀਟਿੰਗ ("ਏ ਜੀ ਐੱਮ") ਵੀਰਵਾਰ 24 ਸਤੰਬਰ 2026 ਨੂੰ ਦੁਪਹਿਰ 12.00 ਵਜੇ (ਆਈ ਐੱਸ ਟੀ) ਭੌਤਿਕ ਰੂਪ 'ਚ ਹੋਟਲ ਰੈਡੀਸਨ, ਜੀ ਟੀ ਰੋਡ, ਬੀ ਐੱਮ ਸੀ ਚੌਂਕ, ਸਹਿਦੇਵ ਮਾਰਕਿਟ, ਜਲੰਧਰ, ਪੰਜਾਬ-144001 ਵਿਖੇ ਹੋਵੇਗੀ। ਇਸ ਮੀਟਿੰਗ 'ਚ ਏ ਜੀ ਐਮ ("ਨੋਟਿਸ") ਬਲਾਉਣ ਨੂੰ ਸੰਬੰਧੀ ਨੋਟਿਸ 'ਚ ਦਰਸਾਏ ਗਏ ਕਾਰੋਬਾਰੀ ਮਾਮਲਿਆਂ 'ਤੇ ਵਿਚਾਰ ਕੀਤਾ ਜਾਵੇਗਾ। ਏ ਜੀ ਐਮ ਕੰਪਨੀਜ਼ ਐਕਟ, 2013 ਦੀਆਂ ਲਾਗੂ ਵਿਵਸਥਾਵਾਂ, ਇਸ ਅਧੀਨ ਬਣਾਏ ਗਏ ਨਿਯਮਾਂ ਅਤੇ ਕਾਰਪੋਰੇਟ ਮਾਮਲੇ ਮੰਤਰਾਲਾ ("ਐੱਮ ਸੀ ਏ") ਸਰਕੂਲਰਜ਼ ਨੋਟੀਫਿਕੇਸ਼ਨਜ਼ ਅਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਭੌਤਿਕ ਰੂਪ 'ਚ ਕਰਵਾਈ ਜਾਵੇਗੀ।

ਐਮ ਸੀ ਏ ਵੱਲੋਂ ਜਾਰੀ ਸਰਕੂਲਰਜ਼ ਸਕਿਉਰਟੀਜ਼ ਐਂਡ ਐਕਸਚੇਂਜ ਬੋਰਡ ਆਫ਼ ਇੰਡੀਆ "ਸੇਬੀ" ਵੱਲੋਂ ਜਾਰੀ ਸਰਕੂਲਰਾਂ, ਕੰਪਨੀਜ਼ ਐਕਟ, 2013 (" ਐਕਟ ") ਦੀਆਂ ਸੰਬੰਧਿਤ ਧਾਰਾਵਾਂ ਅਤੇ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕਵਾਇਰਮੈਂਟਸ) ਰੈਗੂਲੇਸ਼ਨਜ਼, 2015 ਦੀ ਪਾਲਣਾ ਕਰਦੇ ਹੋਏ, ਏ ਜੀ ਐਮ ਬੁਲਾਉਣ ਦੀ ਸੂਚਨਾ ਅਤੇ ਵਿੱਤੀ ਵਰ੍ਹਾ 2025-26 ("ਸਾਲਾਨਾ ਰਿਪੋਰਟ") 29 ਅਗਸਤ, 2026 ਨੂੰ ਸਿਰਫ਼ ਇਲੈਕਟ੍ਰਾਨਿਕ ਮਾਧਿਅਮ (ਸੇਬੀ ਲਿਸਟਿੰਗ ਰੈਗੂਲੇਸ਼ਨਜ਼) ਰਾਹੀਂ ਉਨ੍ਹਾਂ ਮੈਂਬਰਾਂ ਨੂੰ ਭੇਜੀ ਗਈ ਹੈ, ਜਿਨ੍ਹਾਂ ਦੇ ਈ-ਮੇਲ ਪਤੇ ਡਿਪਾਜ਼ਟਰੀ ਪਾਰਟੀਸਪੈਂਟਸ ("ਡੀ ਪੀਜ਼")/ ਕੰਪਨੀ/ਰਜਿਸਟਰਾਰ ਅਤੇ ਟਰਾਂਸਫਰ ਏਜੰਟ, ਅਰਥਾਤ ਬਿਗਸ਼ੇਅਰ ਸਰਵਿਸਿਜ਼ ਪ੍ਰਾਈਵੇਟ ਲਿਮਟਿਡ ("ਆਰ ਟੀ ਏ") ਕੋਲ ਰਜਿਸਟਰਡ ਹਨ।

ਜਿਨ੍ਹਾਂ ਸ਼ੇਅਰ ਹੋਲਡਰਾਂ ਨੇ ਕੰਪਨੀ/ਆਰ ਟੀ ਏ/ਡਿਪਾਜ਼ਟਰੀਜ਼/ਡੀ ਪੀਜ਼ ਕੋਲ ਆਪਣੇ ਈ-ਮੇਲ ਪਤੇ ਰਜਿਸਟਰ ਨਹੀਂ ਕਰਵਾਏ ਹਨ, ਉਨ੍ਹਾਂ ਨੂੰ ਕੰਪਨੀ ਵੱਲੋਂ ਇੱਕ ਪੱਤਰ ਭੇਜਿਆ ਗਿਆ ਹੈ, ਜਿਸ ਵਿੱਚ ਸਾਲਾਨਾ ਰਿਪੋਰਟ (ਨੋਟਿਸ ਸਮੇਤ) ਦੇ ਪੂਰੇ ਵੇਰਵਿਆਂ ਵਾਲੇ ਵੈੱਬ ਲਿੰਕ ਅਤੇ ਉਸ ਤੱਕ ਪਹੁੰਚਣ ਦਾ ਸਹੀ ਮਾਰਗ ਦਿੱਤਾ ਗਿਆ ਹੈ। ਕੋਈ ਵੀ ਮੈਂਬਰ ਸਾਲਾਨਾ ਰਿਪੋਰਟ ਦੀ ਭੌਤਿਕ ਕਾਪੀ ਲਈ ਕੰਪਨੀ ਨੂੰ cs@atamfebi.com 'ਤੇ ਈ-ਮੇਲ ਭੇਜ ਕੇ ਬੇਨਤੀ ਕਰ ਸਕਦਾ ਹੈ।

ਸਾਲਾਨਾ ਰਿਪੋਰਟ ਕੰਪਨੀ ਦੀ ਵੈੱਬਸਾਈਟ www.atamvalves.in, ਸਟਾਕ ਐਕਸਚੇਂਜ ਅਰਥਾਤ ਬੀ ਐਸ ਈ ਲਿਮਟਿਡ ਅਤੇ ਨੈਸ਼ਨਲ ਸਟਾਕ ਐਕਸਚੇਂਜ ਆਫ ਇੰਡੀਆ ਲਿਮਟਿਡ ਦੀ ਵੈੱਬਸਾਈਟ www.bseindia.com ਅਤੇ www.nseindia.com ਅਤੇ ਸੈਂਟਰਲ ਡਿਪਾਜ਼ਟਰੀ ਸਰਵਿਸ (ਇੰਡੀਆ) ਲਿਮਟਿਡ ("ਸੀ ਡੀ ਐਸ ਐਲ") ਦੀ ਵੈੱਬਸਾਈਟ www.evotingindia.com 'ਤੇ ਵੀ ਉਪਲਬਧ ਹੈ।

ਨੋਟਿਸ ਵਿੱਚ ਦਰਸਾਏ ਗਏ ਸਾਰੇ ਦਸਤਾਵੇਜ਼ ਨੋਟਿਸ ਭੇਜਣ ਦੀ ਮਿਤੀ ਤੋਂ ਲੈ ਕੇ ਵੀਰਵਾਰ, 24 ਸਤੰਬਰ, 2026 ਤੱਕ ਇਲੈਕਟ੍ਰਾਨਿਕ ਰੂਪ ਵਿੱਚ ਜਾਂਚ ਲਈ ਉਪਲਬਧ ਰਹਿਣਗੇ।ਜਿਹੜੇ ਮੈਂਬਰ ਇਨ੍ਹਾਂ ਦਸਤਾਵੇਜ਼ਾਂ ਦੀ ਜਾਂਚ ਕਰਨਾ ਚਾਹੁੰਦੇ ਹਨ, ਉਹ ਕੰਪਨੀ ਨੂੰ cs@atamfebi.com 'ਤੇ ਲਿਖ ਸਕਦੇ ਹਨ।

ਉਨ੍ਹਾਂ ਮੈਂਬਰਾਂ ਦੀ ਸੂਚੀ ਜਿਹੜੇ ਲਾਭਾਂਸ਼ ਪ੍ਰਾਪਤ ਕਰਨ ਦੇ ਹੱਕਦਾਰ ਹਨ, ਦੀ ਰਿਕਾਰਡ ਮਿਤੀ ਜੇਕਰ ਮੈਂਬਰ ਵੱਲੋਂ ਪ੍ਰਵਾਨ ਕੀਤੀ ਗਈ ਤਾਂ ਬੁੱਧਵਾਰ 16 ਸਤੰਬਰ 2026 ਹੋਵੇਗੀ।

ਮੈਂਬਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਹੋਟਲ ਰੈਡੀਸਨ, ਜੀ ਟੀ ਰੋਡ, ਬੀ ਐਮ ਸੀ ਚੌਂਕ, ਸਹਿਦੇਵ ਮਾਰਕਿਟ, ਜਲੰਧਰ, ਪੰਜਾਬ-144001 ਵਿਖੇ ਭੌਤਿਕ ਰੂਪ ਵਿੱਚ ਹੋਣ ਵਾਲੀ ਏ ਜੀ ਐਮ ਵਿੱਚ ਸ਼ਾਮਲ ਹੋਣ।ਏ ਜੀ ਐਮ ਦੁਪਹਿਰ 12:00 ਵਜੇ (ਆਈ ਐਸ ਟੀ) ਸ਼ੁਰੂ ਹੋਵੇਗੀ ਅਤੇ ਮੀਟਿੰਗ ਸਥਾਨ 'ਤੇ ਦਾਖ਼ਲਾ ਸਵੇਰੇ 11:00 ਵਜੇ (ਆਈ ਐਸ ਟੀ), ਅਰਥਾਤ ਨਿਰਧਾਰਤ ਸਮੇਂ ਤੋਂ ਇੱਕ ਘੰਟਾ ਪਹਿਲਾਂ, ਸ਼ੁਰੂ ਹੋਵੇਗਾ।ਏ ਜੀ ਐਮ ਵਿੱਚ ਸ਼ਾਮਲ ਹੋਣ ਵਾਲੇ ਮੈਂਬਰਾਂ ਨੂੰ ਨੋਟਿਸ ਵਿੱਚ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਨ ਅਤੇ ਏ ਜੀ ਐਮ ਵਿੱਚ ਹਾਜ਼ਰੀ ਤੇ ਭਾਗ ਲੈਣ ਲਈ ਲੋੜੀਂਦੇ ਦਸਤਾਵੇਜ਼ ਆਪਣੇ ਨਾਲ ਲਿਆਉਣ ਦੀ ਬੇਨਤੀ ਕੀਤੀ ਜਾਂਦੀ ਹੈ।

ਭੌਤਿਕ ਰੂਪ ਵਿੱਚ ਏ ਜੀ ਐਮ ਵਿੱਚ ਭਾਗ ਲੈਣ ਵਾਲੇ ਮੈਂਬਰਾਂ ਦੀ ਹਾਜ਼ਰੀ ਨੂੰ ਐਕਟ ਦੀ ਧਾਰਾ 103 ਅਧੀਨ ਲੋੜੀਂਦਾ ਕੋਰਮ ਨਿਰਧਾਰਤ ਕਰਨ ਦੇ ਉਦੇਸ਼ ਲਈ ਗਿਣਿਆ ਜਾਵੇਗਾ।

**ਰਿਮੋਟ ਈ-ਵੋਟਿੰਗ ਅਤੇ ਏ ਜੀ ਐਮ ਦੌਰਾਨ ਵੋਟਿੰਗ ਸੰਬੰਧੀ ਹਦਾਇਤਾਂ :**

ਐਕਟ ਦੇ ਸੈਕਸ਼ਨ 108 ਦੀਆਂ ਵਿਵਸਥਾਵਾਂ ਮੁਤਾਬਕ ਕੰਪਨੀਜ਼ (ਮੈਨੇਜਮੈਂਟ ਐਂਡ ਐਡਮਨਿਸਟ੍ਰੇਸ਼ਨ) ਰੂਲਜ਼ 2014 (ਸੋਧੇ ਹੋਏ) ਦੇ ਰੂਲ 20 ਜਨਰਲ ਮੀਟਿੰਗ ਦੇ ਸੈਕਟੇਰੀਅਲ ਮਾਪਦੰਡ ਸੇਬੀ ਲਿਸਟਿੰਗ ਰੈਗੂਲੇਸ਼ਨਜ਼ ਦੇ ਰੈਗੂਲੇਸ਼ਨ 44 ਮੁਤਾਬਕ ਏ ਜੀ ਐਮ 'ਚ ਪੇਸ਼ ਕੀਤੇ ਜਾਣ ਵਾਲੇ ਕਾਰੋਬਾਰੀ ਦੇ ਮਾਮਲਿਆਂ ਸੰਬੰਧੀ ਰਿਮੋਟ ਈ-ਵੋਟਿੰਗ ਦੀ ਸਹੂਲਤ ਕੰਪਨੀ ਵੱਲੋਂ ਸੀ ਡੀ ਐੱਸ ਐੱਲ ਰਾਹੀਂ ਪ੍ਰਦਾਨ ਕੀਤੀ ਗਈ ਹੈ। ਕੰਪਨੀ ਵੱਲੋਂ ਸੀ ਡੀ ਐੱਸ ਐੱਲ ਨਾਲ ਮਿਲ ਕੇ ਰੀਮੋਟ ਈ-ਵੋਟਿੰਗ ਲਈ ਜ਼ਰੂਰੀ ਬੰਦੋਬਸਤ ਕੀਤੇ ਗਏ ਹਨ।

**ਸਾਰੇ ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ:**

ਜਿਸ ਵਿਅਕਤੀ ਦਾ ਨਾਂਅ ਕਟ-ਆਫ਼ ਮਿਤੀ, ਅਰਥਾਤ ਬੁੱਧਵਾਰ 16 ਸਤੰਬਰ, 2026 ਨੂੰ ਮੈਂਬਰਾਂ ਦੇ ਰਜਿਸਟਰ/ਡਿਪਾਜ਼ਟਰੀਜ਼ ਵੱਲੋਂ ਰੱਖੀ ਗਈ ਲਾਭਕਾਰੀ ਮਾਲਕ ਦੀ ਸੂਚੀ ਵਿੱਚ ਦਰਜ ਹੋਵੇਗਾ, ਸਿਰਫ਼ ਉਹੀ ਵਿਅਕਤੀ ਏ ਜੀ ਐਮ ਲਈ ਰਿਮੋਟ ਈ-ਵੋਟਿੰਗ ਦੀ ਸਹੂਲਤ ਲੈਣ ਦਾ ਹੱਕਦਾਰ ਹੋਵੇਗਾ।

ਰਿਮੋਟ ਈ-ਵੋਟਿੰਗ ਹੇਠ ਲਿਖੇ ਸਮੇਂ ਦੌਰਾਨ ਉਪਲਬਧ ਰਹੇਗੀ :

| | |
|---|---|
| ਰਿਮੋਟ ਈ-ਵੋਟਿੰਗ ਦੀ ਸ਼ੁਰੂਆਤ | 09.00 ਵਜੇ ਸਵੇਰ (ਆਈ ਐਸ ਟੀ) ਤੋਂ ਸੋਮਵਾਰ, 21 ਸਤੰਬਰ 2026 |
| ਰਿਮੋਟ ਈ-ਵੋਟਿੰਗ ਦੀ ਸਮਾਪਤੀ | 05.00 ਵਜੇ ਸ਼ਾਮ ਤੱਕ (ਆਈ ਐਸ ਟੀ) ਬੁੱਧਵਾਰ, 23 ਸਤੰਬਰ 2026 ਤੱਕ |

- ਰਿਮੋਟ ਈ-ਵੋਟਿੰਗ ਦੀ ਸਹੂਲਤ ਬੁੱਧਵਾਰ, 23 ਸਤੰਬਰ, 2026 ਨੂੰ ਸ਼ਾਮ 5:00 ਵਜੇ ਤੋਂ ਬਾਅਦ ਬੰਦ ਕਰ ਦਿੱਤੀ ਜਾਵੇਗੀ ਅਤੇ ਇਸ ਤੋਂ ਬਾਅਦ ਮੈਂਬਰਾਂ ਨੂੰ ਇਲੈਕਟ੍ਰਾਨਿਕ ਤਰੀਕੇ ਨਾਲ ਵੋਟ ਪਾਉਣ ਦੀ ਆਗਿਆ ਨਹੀਂ ਹੋਵੇਗੀ।
- ਜਿਨ੍ਹਾਂ ਮੈਂਬਰਾਂ ਨੇ ਏ ਜੀ ਐਮ ਤੋਂ ਪਹਿਲਾਂ ਹੀ ਰਿਮੋਟ ਈ-ਵੋਟਿੰਗ ਰਾਹੀਂ ਆਪਣੀ ਵੋਟ ਪਾ ਦਿੱਤੀ ਹੈ, ਉਹ ਏ ਜੀ ਐਮ ਵਿੱਚ ਭੌਤਿਕ ਰੂਪ ਵਿੱਚ ਹਾਜ਼ਰ ਹੋ ਕੇ ਭਾਗ ਲੈ ਸਕਦੇ ਹਨ, ਪਰ ਉਹ ਏ ਜੀ ਐਮ ਦੌਰਾਨ ਦੁਬਾਰਾ ਵੋਟ ਪਾਉਣ ਦੇ ਹੱਕਦਾਰ ਨਹੀਂ ਹੋਣਗੇ।
- ਜਿਹੜੇ ਮੈਂਬਰ ਏ ਜੀ ਐਮ ਵਿੱਚ ਭੌਤਿਕ ਰੂਪ ਵਿੱਚ ਹਾਜ਼ਰ ਹੋਣਗੇ ਅਤੇ ਜਿਨ੍ਹਾਂ ਨੇ ਰਿਮੋਟ ਈ-ਵੋਟਿੰਗ ਰਾਹੀਂ ਮਤਿਆਂ 'ਤੇ ਆਪਣੀ ਵੋਟ ਨਹੀਂ ਪਾਈ, ਉਹ ਕੰਪਨੀ ਵੱਲੋਂ ਨਿਰਧਾਰਤ ਪ੍ਰਕਿਰਿਆ ਅਨੁਸਾਰ ਏ ਜੀ ਐਮ ਦੌਰਾਨ ਵੋਟ ਪਾਉਣ ਦੇ ਯੋਗ ਹੋਣਗੇ।
- ਜਿਨ੍ਹਾਂ ਵਿਅਕਤੀਆਂ ਨੇ ਨੋਟਿਸ ਭੇਜੇ ਜਾਣ ਤੋਂ ਬਾਅਦ ਕੰਪਨੀ ਦੇ ਸ਼ੇਅਰ ਹਾਸਲ ਕੀਤੇ ਹਨ ਅਤੇ ਕੰਪਨੀ ਦੇ ਮੈਂਬਰ ਬਣੇ ਹਨ, ਉਹ ਨੋਟਿਸ ਵਿੱਚ ਦਰਸਾਏ ਅਨੁਸਾਰ ਲੋੜੀਂਦੀ ਲਾਗਇਨ ਆਈ ਡੀ ਅਤੇ ਪਾਸਵਰਡ ਪ੍ਰਾਪਤ ਕਰਨ ਦੀ ਪ੍ਰਕਿਰਿਆ ਦੀ ਪਾਲਣਾ ਕਰ ਸਕਦੇ ਹਨ।
- ਸਿਰਫ਼ ਇਲੈਕਟ੍ਰਾਨਿਕ ਮਾਧਿਅਮ ਰਾਹੀਂ ਸਾਲਾਨਾ ਰਿਪੋਰਟ ਪ੍ਰਾਪਤ ਕਰਨ ਦੇ ਉਦੇਸ਼ ਨਾਲ, ਜੇ ਮੈਂਬਰਾਂ ਦਾ ਈ-ਮੇਲ ਪਤਾ ਡੀ ਪੀਜ਼/ਕੰਪਨੀ/ਆਰ ਟੀ ਏ ਕੋਲ ਰਜਿਸਟਰਡ ਨਹੀਂ ਹੈ, ਤਾਂ ਮੈਂਬਰ cs@atamfebi.com'ਤੇ ਕੰਪਨੀ ਨੂੰ ਈ-ਮੇਲ ਭੇਜ ਕੇ ਆਪਣੀ ਈ-ਮੇਲ ਆਈ ਡੀ ਰਜਿਸਟਰ ਕਰਵਾ ਸਕਦੇ ਹਨ। ਜਿਨ੍ਹਾਂ ਮੈਂਬਰਾਂ ਨੇ ਹਾਲੇ ਤੱਕ ਆਪਣਾ ਈ-ਮੇਲ ਪਤਾ ਰਜਿਸਟਰ ਨਹੀਂ ਕਰਵਾਇਆ, ਉਨ੍ਹਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣਾ ਈ-ਮੇਲ ਪਤਾ ਆਪਣੇ ਡੀ ਪੀਜ਼ ਕੋਲ ਰਜਿਸਟਰ ਕਰਵਾਉਣ।
- ਸਾਰੇ ਮੈਂਬਰਾਂ (ਜਿਨ੍ਹਾਂ ਕੋਲ ਭੌਤਿਕ ਰੂਪ ਵਿੱਚ ਸ਼ੇਅਰ ਹਨ ਜਾਂ ਜਿਨ੍ਹਾਂ ਦੇ ਈ-ਮੇਲ ਪਤੇ ਡੀ ਪੀਜ਼/ਕੰਪਨੀ/ ਆਰ ਟੀ ਏ ਕੋਲ ਰਜਿਸਟਰਡ ਨਹੀਂ ਹਨ, ਸਮੇਤ) ਲਈ ਰਿਮੋਟ ਈ-ਵੋਟਿੰਗ ਰਾਹੀਂ ਜਾਂ ਏ ਜੀ ਐਮ ਦੌਰਾਨ ਵੋਟ ਪਾਉਣ ਦੀ ਵਿਸਥਾਰਪੂਰਵਕ ਪ੍ਰਕਿਰਿਆ ਅਤੇ ਹਦਾਇਤਾਂ ਨੋਟਿਸ ਵਿੱਚ ਦਿੱਤੀਆਂ ਗਈਆਂ ਹਨ।

ਡਿਪਾਜ਼ਟਰੀ, ਅਰਥਾਤ ਸੀ ਡੀ ਐਸ ਐਲ ਅਤੇ ਐਨ ਐਸ ਡੀ ਐਲ ਰਾਹੀਂ ਲਾਗਇਨ ਨਾਲ ਸਬੰਧਤ ਕਿਸੇ ਵੀ ਤਕਨੀਕੀ ਸਮੱਸਿਆ ਲਈ ਡੀਮੈਟ ਰੂਪ 'ਚ ਸਕਿਉਰਟੀਜ਼ ਵਿਅਕਤੀਗਤ ਸ਼ੇਅਰ ਹੋਲਡਰਾਂ ਵਾਸਤੇ ਹੈਲਪਡੈਸਕ :

| ਲਾਗਇਨ ਕਿਸਮ | ਹੈਲਪਡੈਸਕ ਵੇਰਵੇ |
|---|---|
| ਸੀ ਡੀ ਐਸ ਐਲ ਕੋਲ ਡੀਮੈਟ ਰੂਪ 'ਚ ਸਕਿਉਰਟੀਜ਼ ਰੱਖਣ ਵਾਲੇ ਵਿਅਕਤੀਗਤ ਸ਼ੇਅਰਹੋਲਡਰਜ਼। | ਲਾਗਇਨ 'ਚ ਕਿਸੇ ਕਿਸਮ ਦੀ ਤਕਨੀਕੀ ਸਮੱਸਿਆ ਦਾ ਸਾਹਮਣਾ ਕਰ ਰਹੇ ਮੈਂਬਰਾਂ ਨੂੰ helpdesk.evoting@cdslindia.com'ਤੇ ਬੇਨਤੀ ਭੇਜ ਕੇ ਸੀ ਡੀ ਐਸ ਐਲ ਹੈਲਪਡੈਸਕ ਨਾਲ ਸੰਪਰਕ ਕਰ ਸਕਦੇ ਹਨ ਜਾਂ ਟੋਲ ਫ਼ੀ ਨੰ. 1800225533 'ਤੇ ਸੰਪਰਕ ਕਰ ਸਕਦੇ ਹਨ। |
| ਐਨ ਐਸ ਡੀ ਐਲ ਕੋਲ ਡੀਮੈਟ ਰੂਪ 'ਚ ਸਕਿਉਰਟੀਜ਼ ਰੱਖਣ ਵਾਲੇ ਵਿਅਕਤੀਗਤ ਸ਼ੇਅਰਹੋਲਡਰਜ਼। | ਲਾਗਇਨ 'ਚ ਕਿਸੇ ਕਿਸਮ ਦੀ ਤਕਨੀਕੀ ਸਮੱਸਿਆ ਦਾ ਸਾਹਮਣਾ ਕਰ ਰਹੇ ਮੈਂਬਰਾਂ ਨੂੰ evoting@nsdl.co.in 'ਤੇ ਬੇਨਤੀ ਭੇਜ ਕੇ ਐਨ ਐਸ ਡੀ ਐਲ ਹੈਲਪਡੈਸਕ ਨਾਲ ਸੰਪਰਕ ਕਰ ਸਕਦੇ ਹਨ ਜਾਂ ਟੋਲ ਫ਼ੀ ਨੰ. 1800 1020 990 ਅਤੇ 1800 22 44 30 'ਤੇ ਸੰਪਰਕ ਕਰ ਸਕਦੇ ਹਨ। |

ਡਾਇਰੈਕਟਰਾਂ ਦੇ ਬੋਰਡ ਨੇ ਮੈਸ. ਪੀ ਐਸ ਰੈਲੀ ਐਂਡ ਐਸੋਸੀਏਟਸ, ਪ੍ਰੈਕਟਿਸਿੰਗ ਕੰਪਨੀ ਸਕੱਤਰਾਂ ਦੇ ਪਰਮਿੰਦਰ ਪਾਲ ਸਿੰਘ ਰੈਲੀ (ਮੈਂਬਰਸ਼ਿਪ ਨੰ. ਐਫ ਸੀ ਐਫ 6861) ਨੂੰ ਸਕਰੂਟੀਨਾਈਜ਼ਰ ਨਿਯੁਕਤ ਕੀਤਾ ਹੈ। ਉਹ ਰਿਮੋਟ ਈ-ਵੋਟਿੰਗ ਪ੍ਰਕਿਰਿਆ ਦੇ ਨਾਲ-ਨਾਲ ਏ ਜੀ ਐਮ ਵਿੱਚ ਹੋਣ ਵਾਲੀ ਵੋਟਿੰਗ ਪ੍ਰਕਿਰਿਆ ਦੀ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਜਾਂਚ ਕਰਨਗੇ।

ਰਿਮੋਟ ਈ-ਵੋਟਿੰਗ ਅਤੇ ਏ ਜੀ ਐਮ ਦੌਰਾਨ ਹੋਈ ਵੋਟਿੰਗ ਦੇ ਨਤੀਜੇ ਏ ਜੀ ਐਮ ਦੀ ਸਮਾਪਤੀ ਤੋਂ ਦੋ ਕਾਰਜਕਾਰੀ ਦਿਨਾਂ ਦੇ ਅੰਦਰ ਘੋਸ਼ਿਤ ਕੀਤੇ ਜਾਣਗੇ।

ਘੋਸ਼ਿਤ ਕੀਤੇ ਗਏ ਨਤੀਜੇ, ਸਕਰੂਟੀਨਾਈਜ਼ਰ ਦੀ ਰਿਪੋਰਟ ਸਮੇਤ, ਨਤੀਜਿਆਂ ਦੀ ਘੋਸ਼ਣਾ ਤੋਂ ਤੁਰੰਤ ਬਾਅਦ ਕੰਪਨੀ ਦੀ ਵੈੱਬਸਾਈਟ www.atamvalves.in ਅਤੇ ਸੀ ਡੀ ਐਸ ਐਲ ਦੀ ਵੈੱਬਸਾਈਟ www.evotingindia.com 'ਤੇ ਤੁਰੰਤ ਉਪਲਬਧ ਕਰਵਾਏ ਜਾਣਗੇ।

ਇਸ ਤੋਂ ਇਲਾਵਾ, ਨਤੀਜੇ ਉਸ ਸਟਾਕ ਐਕਸਚੇਂਜ ਨੂੰ ਵੀ ਸੂਚਿਤ ਕੀਤੇ ਜਾਣਗੇ ਜਿੱਥੇ ਕੰਪਨੀ ਦੇ ਸ਼ੇਅਰ ਸੂਚੀਬੱਧ ਹਨ, ਅਰਥਾਤ ਬੀ ਐੱਸ ਈ ਅਤੇ ਐੱਨ ਐੱਸ ਈ ਅਤੇ ਇਸ ਦੀ ਵੈੱਬਸਾਈਟ bseindia.com ਅਤੇ www.nseindia.com 'ਤੇ ਵੀ ਉਪਲਬਧ ਕਰਵਾਏ ਜਾਣਗੇ।

ਸਥਾਨ : ਜਲੰਧਰ
ਮਿਤੀ : 29.08.2026

ਵਾਸਤੇ ਆਤਮ ਵਾਲਵਜ਼ ਲਿਮਟਿਡ
ਸਹੀ/-
ਨਿਤਿਸ਼ਾ ਚੌਧਰੀ
ਕੰਪਨੀ ਸੈਕਰੇਟਰੀ

# ਸ੍ਰੀ ਗਣੇਸ਼ ਮਹੋਤਸਵ 13 ਤੋਂ 16 ਤੱਕ

**ਮੋਹਾਲੀ (ਗੁਰਜੀਤ ਬਿੱਲਾ)**-ਸ੍ਰੀ ਗਣੇਸ਼ ਮਹੋਤਸਵ ਕਮੇਟੀ, ਮੋਹਾਲੀ ਵੱਲੋਂ ਸ੍ਰੀ ਗਣੇਸ਼ ਮਹੋਤਸਵ-2026 ਦਾ ਵਿਸ਼ਾਲ ਆਯੋਜਨ 13 ਸਤੰਬਰ ਤੋਂ 16 ਸਤੰਬਰ ਤੱਕ ਫੇਜ਼-9 ਸੈਕਟਰ-63 ਮੋਹਾਲੀ ਵਿਖੇ ਕੀਤਾ ਜਾ ਰਿਹਾ ਹੈ। ਪਿਛਲੇ 10 ਸਾਲਾਂ ਤੋਂ ਲਗਾਤਾਰ ਕਰਵਾਏ ਜਾ ਰਹੇ ਇਸ ਧਾਰਮਿਕ ਅਤੇ ਸਮਾਜਿਕ ਮਹੋਤਸਵ ਵਿੱਚ ਹਰ ਸਾਲ ਹਜ਼ਾਰਾਂ ਸ਼ਰਧਾਲੂ ਸ਼ਾਮਲ ਹੁੰਦੇ ਹਨ। ਇਸ ਸਾਲ 15,000 ਤੋਂ ਵੱਧ ਸ਼ਰਧਾਲੂਆਂ ਦੇ ਪਹੁੰਚਣ ਦੀ ਉਮੀਦ ਹੈ। ਦੇਸ਼ ਦੇ ਵੱਖ-ਵੱਖ ਰਾਜਾਂ ਤੋਂ ਸੰਤ ਸਮਾਜ ਅਤੇ ਧਾਰਮਿਕ ਸ਼ਖ਼ਸੀਅਤਾਂ ਵੀ ਭਗਵਾਨ ਸ਼੍ਰੀ ਗਣੇਸ਼ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਨ ਲਈ ਪਹੁੰਚ ਰਹੀਆਂ ਹਨ। ਸਤੰਬਰ ਨੂੰ ਵਿਸ਼ਾਲ ਸ੍ਰੀ ਗਣੇਸ਼ ਰਥ ਯਾਤਰਾ ਅਤੇ ਸ਼ੋਭਾ ਯਾਤਰਾ ਕੱਢੀ ਜਾਵੇਗੀ। ਸ਼ਰਧਾਲੂ ਰਥ ਨੂੰ ਹੱਥਾਂ ਨਾਲ ਖਿੱਚ ਕੇ ਪੀ ਟੀ ਐੱਲ ਚੌਂਕ ਤੱਕ ਲੈ ਕੇ ਜਾਣਗੇ। ਇਸ ਵਿਸ਼ਾਲ ਸ਼ੋਭਾ ਯਾਤਰਾ ਵਿੱਚ ਹਾਥੀ, ਘੋੜੇ ਅਤੇ ਵੱਖ-ਵੱਖ ਰਾਜਾਂ ਤੋਂ ਆਉਣ ਵਾਲੀਆਂ 22 ਬੈਂਡ ਟੀਮਾਂ ਸ਼ਾਮਲ ਹੋਣਗੀਆਂ। ਹਰੇਕ ਬੈਂਡ ਟੀਮ ਵਿੱਚ ਲਗਭਗ 80 ਮੈਂਬਰ ਹੋਣਗੇ। ਫੇਜ਼-9, ਸੈਕਟਰ-63, ਮੋਹਾਲੀ ਨੂੰ ਸ਼ਾਨਦਾਰ ਲਾਈਟਿੰਗ ਅਤੇ ਵੱਖ-ਵੱਖ ਥਾਵਾਂ 'ਤੇ ਆਕਰਸ਼ਕ ਸਵਾਗਤੀ ਗੇਟਾਂ ਨਾਲ ਸਜਾਇਆ ਜਾਵੇਗਾ।



# ਸਾਂਝੀ ਸੰਘਰਸ਼ ਕਮੇਟੀ ਵਲੋਂ ਮੁੱਖ ਮੰਤਰੀ ਵਿਰੁੱਧ ਅਰਥੀ ਫੂਕ ਮੁਜ਼ਾਹਰਾ

**ਕਰਤਾਰਪੁਰ (ਹਰਮੇਸ਼ ਦੱਤ)**-ਬੀਤੇ ਦਿਨੀਂ ਮੁੱਖ ਮੰਤਰੀ ਭਗਵੰਤ ਮਾਨ ਦੀ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪਿੰਡ ਕਾਹਲਵਾਂ ਵਿਖੇ ਸਿਹਤ ਵਿਭਾਗ ਦੀ ਮੈਡੀਕਲ ਟੀਮ ਨੂੰ ਕੈਂਪ 'ਤੇ ਜਾਣ ਤੋਂ ਰੋਕਣ ਅਤੇ ਸਿਹਤ ਕਰਮਚਾਰੀਆਂ ਨੂੰ ਸੈਂਟਰਾਂ 'ਤੇ ਨਜ਼ਰਬੰਦ ਕਰਨ ਦੇ ਰੋਸ ਵਜੋਂ ਸਾਂਝੀ ਸੰਘਰਸ਼ ਕਮੇਟੀ ਸਿਹਤ ਵਿਭਾਗ ਦੀ ਅਗਵਾਈ ਹੇਠ ਸੈਂਕੜੇ ਮੁਲਾਜ਼ਮਾਂ ਵਲੋਂ ਅੰਬੇਡਕਰ ਚੌਂਕ ਕਰਤਾਰਪੁਰ ਵਿਖੇ ਰੋਸ ਧਰਨਾ ਦਿੱਤਾ ਗਿਆ। ਇਹ ਧਰਨਾ ਸਵੇਰੇ 11 ਵਜੇ ਤੋਂ ਦੁਪਹਿਰ 1:30 ਵਜੇ ਤੱਕ ਚੱਲਿਆ। ਉਪਰੰਤ ਡੀ ਐੱਸ ਪੀ ਦਫ਼ਤਰ ਤੱਕ ਰੋਹ ਭਰਪੂਰ ਮੁਜ਼ਾਹਰਾ ਕਰਦੇ ਹੋਏ ਮੁਲਾਜ਼ਮਾਂ ਵਲੋਂ ਦਫ਼ਤਰ ਦੇ ਸਾਹਮਣੇ ਮੁੱਖ ਸੜਕ ਉੱਤੇ ਮੁੱਖ ਮੰਤਰੀ ਦੀ ਅਰਥੀ ਫੂਕ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਯੂਨੀਅਨ ਆਗੂਆਂ ਨੇ ਦੱਸਿਆ ਕਿ 27 ਅਗਸਤ ਨੂੰ ਸਾਰਾ ਦਿਨ ਭੁੱਖਣ ਭਾਣੇ ਪੁਲਿਸ ਵਲੋਂ ਬੰਧਕ ਬਣਾ ਕੇ ਰੱਖਣ ਵਾਲੇ ਮੁਲਾਜ਼ਮਾਂ ਦੀ ਇਸ ਟੀਮ ਵਿੱਚ ਡਾਕਟਰ, ਆਸ਼ਾ ਵਰਕਰਾਂ ਅਤੇ ਹੋਰ ਸਿਹਤ ਕਰਮਚਾਰੀ ਸ਼ਾਮਲ ਸਨ। ਇਹ ਕਰਮਚਾਰੀ ਆਪਣੀ ਡਿਊਟੀ ਅਨੁਸਾਰ ਲੋਕਾਂ ਨੂੰ ਸਿਹਤ ਸੇਵਾਵਾਂ ਦੇਣ ਲਈ ਤਿਆਰ ਸਨ, ਪਰ ਉਨ੍ਹਾਂ ਨੂੰ ਕੈਂਪ 'ਤੇ ਜਾਣ ਤੋਂ ਰੋਕ ਦਿੱਤਾ ਗਿਆ।




ਇਸ ਮੌਕੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੂਬਾ ਆਗੂ ਹਰਿੰਦਰ ਦੁਸਾਂਝ ਦੁਸਾਂਝ, ਪੈਰਾ ਮੈਡੀਕਲ ਸੰਘਰਸ਼ ਕਮੇਟੀ ਦੇ ਅਮਨਪ੍ਰੀਤ ਸਿੰਘ,ਕੰਟਰੈਕਟ ਮਲਟੀਪਰਪਜ ਹੈਲਥ ਵਰਕਰ ਯੂਨੀਅਨ ਦੀ ਸੂਬਾ ਪ੍ਰਧਾਨ ਸਰਬਜੀਤ ਕੌਰ, ਯੂਨੀਅਨ ਆਗੂ ਸਟੇਟ ਆਗੂ ਕੁਲਜੀਤ ਕੌਰ, ਸਤਿੰਦਰ ਕੌਰ,ਸ਼ਰਨਜੀਤ ਕੌਰ, ਸੁਰਿੰਦਰ ਕੌਰ,ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ, ਯੂਨੀਅਨ ਦੇ ਯੂਥ ਵਿੰਗ ਆਗੂ ਗੁਰਪ੍ਰੀਤ ਸਿੰਘ ਚੀਦਾ, ਮਲਟੀਪਰਪਜ਼ ਹੈਲਥ ਵਰਕਰ ਯੂਨੀਅਨ ਮੇਲ ਦੇ ਪ੍ਰਧਾਨ ਸੁਖਰਾਜ ਸਿੰਘ, ਬਲਜੀਤ ਸਿੰਘ, ਐੱਸ ਆਈ ਬਲਵਿੰਦਰ ਸਿੰਘ ਕਾਹਲੋਂ ਆਦਿ ਨੇ ਸੰਬੋਧਨ ਕੀਤਾ।

# 'ਹਮਾਰੇ ਰਾਮ' ਦੀ ਪੇਸ਼ਕਾਰੀ ਨੂੰ ਭਰਵਾਂ ਹੁੰਗਾਰਾ

## ਵੱਡੀ ਗਿਣਤੀ ਦਰਸ਼ਕਾਂ ਨੇ ਕੀਤੀ ਸ਼ਮੂਲੀਅਤ

**ਜਲੰਧਰ (ਸੁਰਿੰਦਰ ਕੁਮਾਰ)**-ਪੰਜਾਬ ਸਰਕਾਰ ਦੀ ਪਹਿਲਕਦਮੀ 'ਤੇ ਕਰਵਾਈ ਜਾ ਰਹੀ ਸ਼ਾਨਦਾਰ ਨਾਟਕੀ ਅਤੇ ਸੰਗੀਤਕ ਪੇਸ਼ਕਾਰੀ 'ਹਮਾਰੇ ਰਾਮ' ਨੂੰ ਜਲੰਧਰ ਵਿੱਚ ਦਰਸ਼ਕਾਂ ਦਾ ਭਰਵਾਂ ਹੁੰਗਾਰਾ ਮਿਲਿਆ। ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਸ਼ਾਹਪੁਰ ਕੈਂਪਸ ਵਿਖੇ ਇਸ ਪੇਸ਼ਕਾਰੀ ਨੂੰ ਦੇਖਣ ਲਈ ਵੱਡੀ ਗਿਣਤੀ ਲੋਕਾਂ ਨੇ ਸ਼ਮੂਲੀਅਤ ਕੀਤੀ।



ਪੰਜਾਬ ਦੇ ਮੁੱਖ ਸਕੱਤਰ ਕੇ ਏ ਪੀ ਸਿਨਹਾ ਨੇ ਜਲੰਧਰ ਵਿਖੇ ਕਰਵਾਈ ਜਾ ਰਹੀ 'ਹਮਾਰੇ ਰਾਮ' ਨਾਟਕ ਦੀ ਪੇਸ਼ਕਾਰੀ ਦੇ ਦੂਜੇ ਦਿਨ ਦਰਸ਼ਕਾਂ ਵਿੱਚ ਸ਼ਾਮਲ ਹੋ ਕੇ ਸ਼ੋਅ ਦਾ ਆਨੰਦ ਮਾਣਿਆ। ਇਸ ਮੌਕੇ ਡਵੀਜ਼ਨਲ ਕਮਿਸ਼ਨਰ ਰਾਮਵੀਰ, ਅਮਿਤ ਕੁਮਾਰ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਡੀ.ਆਈ.ਜੀ. ਜਲੰਧਰ ਰੇਂਜ ਨਵੀਨ ਸਿੰਗਲਾ, ਪੁਲਸ ਕਮਿਸ਼ਨਰ ਸਤਿੰਦਰ ਸਿੰਘ, ਚੇਅਰਮੈਨ ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਮੰਗਲ ਸਿੰਘ ਬੱਸੀ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ। ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਅਜਿਹੇ ਸ਼ਾਨਦਾਰ ਸ਼ੋਅ ਕਰਵਾਉਣ ਦੀ ਪਹਿਲਕਦਮੀ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਸ ਰਾਹੀਂ ਲੋਕਾਂ ਨੂੰ ਨਾਟਕ ਦੇ ਮਾਧਿਅਮ ਨਾਲ ਭਾਰਤ ਦੀ ਅਮੀਰ ਸੱਭਿਆਚਾਰਕ ਅਤੇ ਅਧਿਆਤਮਿਕ ਵਿਰਾਸਤ ਨਾਲ ਰੂ-ਬਰੂ ਹੋਣ ਦਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਜਲੰਧਰ ਵਿੱਚ 'ਹਮਾਰੇ ਰਾਮ' ਦਾ ਮੰਚਨ ਲੋਕਾਂ ਲਈ ਇੱਕ ਜੀਵਨ ਭਰ ਯਾਦ ਰਹਿਣ ਵਾਲਾ ਮੌਕਾ ਹੈ, ਜਿੱਥੇ ਪ੍ਰਸਿੱਧ ਅਦਾਕਾਰ ਆਸ਼ੂਤੋਸ਼ ਰਾਣਾ, ਰਾਹੁਲ ਆਰ ਭੁੱਚਰ ਅਤੇ ਹੋਰ ਪ੍ਰਤਿਭਾਸ਼ਾਲੀ ਕਲਾਕਾਰਾਂ ਦੀ ਟੀਮ ਵੱਲੋਂ ਸ਼ਾਨਦਾਰ ਪੇਸ਼ਕਾਰੀ ਕੀਤੀ ਜਾ ਰਹੀ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਮਰਜੀਤ ਬੈਂਸ, ਐਸ.ਡੀ.ਐਮ. ਸ਼ੁਭੀ ਆਂਗਰਾ, ਐੱਸ ਡੀ ਐੱਮ ਸ਼ਾਇਰੀ ਮਲਹੋਤਰਾ, ਨਸ਼ਾ ਮੁਕਤੀ ਮੋਰਚਾ ਦੇ ਦੁਆਬਾ ਇੰਚਾਰਚ ਅਤਿਨ ਅਗਨੀਹੋਤਰੀ, ਸੀ.ਟੀ. ਗਰੁੱਪ ਦੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ, ਮੈਨੇਜਿੰਗ ਡਾਇਰੈਕਟਰ ਮਨਬੀਰ ਸਿੰਘ ਅਤੇ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ।

# ਮੁਫ਼ਤ ਫਲਦਾਰ ਪੌਦੇ ਵੰਡੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਰੋਟਰੀ ਕਲੱਬ ਆਫ ਹੁਸ਼ਿਆਰਪੁਰ ਵੱਲੋਂ ਪ੍ਰਧਾਨ ਸੁਮਨ ਨਈਅਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪ੍ਰੋਜੈਕਟ ਚੇਅਰਮੈਨ ਚੰਦਨ ਸਰੀਨ ਦੀ ਅਗਵਾਈ ਵਿੱਚ ਸ੍ਰੀ ਗੁਰਦੁਆਰਾ ਮਿੱਠਾ ਟਿਵਾਣਾ ਮਾਡਲ ਟਾਊਨ, ਹੁਸ਼ਿਆਰਪੁਰ ਵਿਖੇ ਫਲਦਾਰ ਬੂਟਿਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਤੇ ਵਿਸ਼ੇਸ਼ ਰੂਪ ਵਿੱਚ ਪੂਰਵ ਜਿਲਾ ਗਵਰਨਰ ਜੀ ਐੱਸ ਬਾਵਾ, ਸਹਾਇਕ ਗਵਰਨਰ ਰਜਿੰਦਰ ਮੋਦਗਿਲ, ਯੋਗੇਸ਼ ਚੰਦਰ, ਅਸ਼ੋਕ ਜੈਨ, ਤਰੁਣਦੀਪ ਕੌਰ, ਸੰਜੀਵ ਕੁਮਾਰ, ਚੰਦਨ ਸਰੀਨ ਸ਼ਾਮਿਲ ਹੋਏ। ਇਸ ਪ੍ਰੋਜੈਕਟ ਵਿੱਚ ਕਿਸਾਨ ਹੋਰਟੀ ਸਟੋਰ ਹੁਸ਼ਿਆਰਪੁਰ ਤੇ ਪਰਮਜੀਤ ਨਰਸਰੀ, ਕਬੀਰਪੁਰ ਭੂੰਗਾ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵਿਸ਼ੇਸ਼ ਸਹਿਯੋਗ ਰਿਹਾ। ਇਸ ਮੌਕੇ ਤੇ ਗੁਰਦੁਆਰੇ ਦੇ ਵਿੱਚ ਸਤਸੰਗ ਸੁਣਨ ਆਈ ਸੰਗਤ ਨੂੰ ਅਰਦਾਸ ਤੋਂ ਬਾਅਦ ਫਲਦਾਰ ਬੂਟੇ ਵੰਡੇ ਗਏ। ਇਹਨਾ ਬੂਟਿਆਂ ਵਿੱਚ ਜਾਮਨ, ਮਾਲਟਾ, ਕਿੰਨੂ, ਅਮਰੂਦ, ਆਂਵਲਾ ਅਤੇ ਹੋਰ ਬੂਟੇ ਮੁਫ਼ਤ ਵੰਡੇ ਗਏ। ਇਸ ਮੌਕੇ ਤੇ ਕਿਸਾਨ ਹੋਰਟੀ ਸਟੋਰ ਤੋਂ ਆਏ ਡਾ. ਜਸਪਾਲ ਸਿੰਘ ਨੇ ਦੱਸਿਆ ਕਿ ਰੋਟਰੀ ਕਲੱਬ ਦੇ ਸਹਿਯੋਗ ਨਾਲ ਇਸੇ ਪ੍ਰਕਾਰ ਦਾ ਅਗਲਾ ਲੰਗਰ ਹਰਿਆਣਾ ਵਿਖੇ ਸਟੇਟ ਆਫ ਇੰਡੀਆ ਬੈਂਕ ਦੇ ਸਹਿਯੋਗ ਨਾਲ ਲਗਾਇਆ ਜਾਵੇਗਾ ਅਤੇ ਹੋਰ ਵੀ ਬੂਟਿਆ ਨੂੰ ਵੰਡਿਆ ਜਾਵੇਗਾ।



# ਭਾਰਤੀ ਗਊ ਰੱਖਿਆ ਸੰਘ ਦੇ ਰਾਸ਼ਟਰੀ ਸੰਗਠਨ ਮੰਤਰੀ ਨੇ ਸੈਣੀ ਨੂੰ ਦਿੱਤਾ ਸਮਰਥਨ

**ਜ਼ੀਰਕਪੁਰ (ਜਤਿੰਦਰ ਕੁਮਾਰ)**-ਜ਼ੀਰਕਪੁਰ ਸਥਿਤ ਭਾਰਤੀ ਜਨਤਾ ਪਾਰਟੀ ਦੇ ਦਫ਼ਤਰ ਵਿਖੇ ਸਿਆਸੀ ਗਰਮਜੋਸ਼ੀ ਉਸ ਵੇਲੇ ਹੋਰ ਵਧ ਗਈ ਜਦੋਂ ਭਾਰਤੀ ਗਊ ਰੱਖਿਆ ਸੰਘ ਦੇ ਰਾਸ਼ਟਰੀ ਸੰਗਠਨ ਮੰਤਰੀ ਜੀਵਨ ਸਿੰਘ ਰਾਵਤ ਨੇ ਸੀਨੀਅਰ ਭਾਜਪਾ ਆਗੂ ਗੁਰਦਰਸ਼ਨ ਸਿੰਘ ਸੈਣੀ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਆਪਣਾ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ। ਇਸ ਮੌਕੇ ਗੁਰਦਰਸ਼ਨ ਸਿੰਘ ਸੈਣੀ ਨੇ ਕਈ ਪ੍ਰਮੁੱਖ ਆਗੂ ਵੀ ਹਾਜ਼ਰ ਸਨ।ਇਸ ਮੌਕੇ ਰਾਸ਼ਟਰੀ ਸੰਗਠਨ ਮੰਤਰੀ ਜੀਵਨ ਸਿੰਘ ਰਾਵਤ ਨੇ ਕਿਹਾ ਕਿ ਗੁਰਦਰਸ਼ਨ ਸਿੰਘ ਸੈਣੀ ਵਰਗੇ ਇਮਾਨਦਾਰ ਅਤੇ ਮਿਹਨਤੀ ਆਗੂ ਹੀ ਇਲਾਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਸਹੀ ਅਗਵਾਈ ਦੇ ਸਕਦੇ ਹਨ। ਸਾਡਾ ਸੰਗਠਨ ਹਮੇਸ਼ਾ ਧਰਮ, ਗਊ ਰੱਖਿਆ ਅਤੇ ਸਮਾਜ ਸੇਵਾ ਲਈ ਵਚਨਬੱਧ ਰਿਹਾ ਹੈ। ਸੈਣੀ ਨੂੰ ਦਿੱਤਾ ਗਿਆ ਇਹ ਸਮਰਥਨ ਜ਼ਮੀਨੀ ਪੱਧਰ 'ਤੇ ਸੰਗਠਨ ਅਤੇ ਪਾਰਟੀ ਦੋਵਾਂ ਨੂੰ ਵੱਡੀ ਮਜ਼ਬੂਤੀ ਪ੍ਰਦਾਨ ਕਰੇਗਾ। ?ਇਸ ਮੌਕੇ ਗੁਰਦਰਸ਼ਨ ਸਿੰਘ ਸੈਣੀ ਨੇ ਭਾਰਤੀ ਗਊ ਰੱਖਿਆ ਸੰਘ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਜਨਤਾ ਅਤੇ ਸੰਗਠਨ ਦੀਆਂ ਉਮੀਦਾਂ 'ਤੇ ਖਰੇ ਉਤਰਨਗੇ। ਉਨ੍ਹਾਂ ਸਾਰੇ ਆਗੂਆਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ। ਜ਼ੀਰਕਪੁਰ ਭਾਜਪਾ ਦਫ਼ਤਰ ਵਿਖੇ ਹੋਏ ਇਸ ਪ੍ਰੋਗਰਾਮ ਦੌਰਾਨ ਕਈ ਰਾਜਾਂ ਅਤੇ ਜ਼ਿਲ੍ਹਿਆਂ ਦੇ ਸੀਨੀਅਰ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ ਜਿਨ੍ਹਾਂ ਵਿਚ ?ਗੁਰਵਿੰਦਰ ਸਿੰਘ ਭਾਰਤੀ ਪ੍ਰਧਾਨ ਹਰਿਆਣਾ, ?ਸੰਤੋਸ਼ ਕੁਮਾਰ ਵਰਮਾ ਪ੍ਰਧਾਨ ਚੰਡੀਗੜ੍ਹ, ?ਸਤਪਾਲ ਬੰਸਲ ਮਹਾਂਮੰਤਰੀ ਮੋਹਾਲੀ, ?ਮੋਨੂ ਸ਼ਰਮਾ, ?ਵਿਸ਼ਾਲ ਕੁਮਾਰ ਨੇ ਇਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਆਉਣ ਵਾਲੇ ਸਮੇਂ 'ਚ ਮਿਲ ਕੇ ਸਮਾਜਿਕ ਅਤੇ ਰਾਜਨੀਤਿਕ ਗਤੀਵਿਧੀਆਂ ਨੂੰ ਤੇਜ਼ ਕਰਨ ਦਾ ਅਹਿਦ ਲਿਆ।



# 'ਕਲੀਨ ਪੰਜਾਬ, ਪ੍ਰਾਊਡ ਪੰਜਾਬ' ਮੁਹਿੰਮ ਦੀ ਜਿੰਪਾ ਨੇ ਕੀਤੀ ਸ਼ੁਰੂਆਤ

**ਹੁਸ਼ਿਆਰਪੁਰ, (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)**-ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ 10 ਰੋਜ਼ਾ ਵਿਸ਼ੇਸ਼ ਸਫ਼ਾਈ ਮੁਹਿੰਮ ਤਹਿਤ ਸਥਾਨਕ ਫਤਿਹਗੜ੍ਹ ਚੁੰਗੀ ਤੋਂ 'ਕਲੀਨ ਪੰਜਾਬ, ਪ੍ਰਾਊਡ ਪੰਜਾਬ' ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਹੁਸ਼ਿਆਰਪੁਰ ਦੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਮੇਅਰ ਪ੍ਰਵੀਨ ਸੈਣੀ, ਸੀਨੀਅਰ ਡਿਪਟੀ ਮੇਅਰ ਸੁਰਿੰਦਰ ਕੁਮਾਰ, ਨਗਰ ਨਿਗਮ ਕਮਿਸ਼ਨਰ ਜੋਤੀ ਬਾਲਾ ਮੱਟੂ, ਵੱਖ-ਵੱਖ ਕੌਂਸਲਰਾਂ ਅਤੇ ਨਗਰ ਨਿਗਮ ਦੇ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਸਫ਼ਾਈ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸ਼ਹਿਰਾਂ ਅਤੇ ਪਿੰਡਾਂ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਲਗਾਤਾਰ ਯਤਨ ਕਰ ਰਹੀ ਹੈ।ਇਸੇ ਉਦੇਸ਼ ਤਹਿਤ ਪੂਰੇ ਪੰਜਾਬ ਵਿੱਚ 10 ਰੋਜ਼ਾ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਜਾ ਰਹੀ ਹੈ, ਤਾਂ ਜੋ ਜਨਤਕ ਥਾਵਾਂ, ਸੜਕਾਂ ਅਤੇ ਆਸ-ਪਾਸ ਦੇ ਖੇਤਰਾਂ ਦੀ ਸਫ਼ਾਈ ਨੂੰ ਹੋਰ ਬਿਹਤਰ ਬਣਾਇਆ ਜਾ ਸਕੇ।ਵਿਧਾਇਕ ਜਿੰਪਾ ਨੇ ਕਿਹਾ ਕਿ ਸਾਫ਼-ਸੁਥਰਾ ਸ਼ਹਿਰ ਬਣਾਉਣਾ ਸਿਰਫ਼ ਸਰਕਾਰ ਜਾਂ ਨਗਰ ਨਿਗਮ ਦੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਸ਼ਹਿਰ ਵਾਸੀ ਦੀ ਵੀ ਬਰਾਬਰ ਦੀ ਜ਼ਿੰਮੇਵਾਰੀ ਹੈ। ਜੇਕਰ ਅਸੀਂ ਆਪਣੇ ਘਰਾਂ ਦੇ ਨਾਲ-ਨਾਲ ਆਸ-ਪਾਸ ਦੇ ਜਨਤਕ ਸਥਾਨਾਂ ਨੂੰ ਵੀ ਸਾਫ਼ ਰੱਖਣ ਦਾ ਸੰਕਲਪ ਲਵਾਂਗੇ, ਤਾਂ ਹੁਸ਼ਿਆਰਪੁਰ ਨੂੰ ਹੋਰ ਵੀ ਸੁੰਦਰ ਅਤੇ ਸਾਫ਼-ਸੁਥਰਾ ਬਣਾਇਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ 'ਕਲੀਨ ਪੰਜਾਬ, ਪ੍ਰਾਊਡ ਪੰਜਾਬ' ਮੁਹਿੰਮ ਨੂੰ ਸਫਲ ਬਣਾਇਆ ਜਾਵੇਗਾ ਅਤੇ ਹੁਸ਼ਿਆਰਪੁਰ ਨੂੰ ਸਾਫ਼-ਸੁਥਰਾ ਤੇ ਸੁੰਦਰ ਸ਼ਹਿਰ ਬਣਾਉਣ ਵਿੱਚ ਸਾਰਿਆਂ ਦੀ ਭਾਗੀਦਾਰੀ ਯਕੀਨੀ ਬਣਾਈ ਜਾਵੇਗੀ।ਇਸ ਮੌਕੇ ਨਗਰ ਨਿਗਮ ਦੇ ਅਧਿਕਾਰੀਆਂ, ਕੌਂਸਲਰਾਂ ਅਤੇ ਸਫ਼ਾਈ ਕਰਮਚਾਰੀਆਂ ਨੇ ਵੀ ਮੁਹਿੰਮ ਨੂੰ ਸਫਲ ਬਣਾਉਣ ਦਾ ਸੰਕਲਪ ਲਿਆ।



# 22.84 ਕਰੋੜ ਦੇ ਘਾਟੇ 'ਚ ਪੰਚਕੂਲਾ ਨਿਗਮ: ਮਨੋਜ ਅਗਰਵਾਲ

**ਜ਼ੀਰਕਪੁਰ, (ਜਤਿੰਦਰ ਕੁਮਾਰ)**-ਇੰਡੀਅਨ ਨੈਸ਼ਨਲ ਲੋਕ ਦਲ ਦੇ ਸੂਬਾ ਖ਼ਜ਼ਾਨਚੀ ਅਤੇ ਪੰਚਕੂਲਾ ਸ਼ਹਿਰੀ ਜ਼ਿਲ੍ਹਾ ਪ੍ਰਧਾਨ ਮਨੋਜ ਅਗਰਵਾਲ ਨੇ ਪੰਚਕੂਲਾ ਨਗਰ ਨਿਗਮ ਦੀ ਵਿੱਤੀ ਹਾਲਤ ਨੂੰ ਲੈ ਕੇ ਭਾਜਪਾ ਸਰਕਾਰ ਅਤੇ ਨਿਗਮ ਪ੍ਰਸ਼ਾਸਨ 'ਤੇ ਸਵਾਲ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸਾਲ 2024-25 ਵਿੱਚ ਲਗਭਗ ?138.74 ਕਰੋੜ ਦੇ ਮੁਨਾਫ਼ੇ ਵਾਲਾ ਨਗਰ ਨਿਗਮ ਇੱਕ ਸਾਲ ਬਾਅਦ 22.84 ਕਰੋੜ ਦੇ ਘਾਟੇ ਵਿੱਚ ਕਿਵੇਂ ਪਹੁੰਚਿਆ, ਇਸ ਦਾ ਜਵਾਬ ਜਨਤਾ ਨੂੰ ਮਿਲਣਾ ਚਾਹੀਦਾ ਹੈ। ਉਨ੍ਹਾਂ ਮੁਤਾਬਕ ਨਿਗਮ ਕੋਲ ਲਗਭਗ 108 ਕਰੋੜ ਪ੍ਰਾਪਰਟੀ ਟੈਕਸ ਬਕਾਇਆ ਹੈ, ਜਿਸ ਵਿੱਚ ਸਰਕਾਰੀ ਵਿਭਾਗਾਂ ਤੋਂ ਵੀ ਕਰੋੜਾਂ ਰੁਪਏ ਦੀ ਵਸੂਲੀ ਬਾਕੀ ਦੱਸੀ ਜਾ ਰਹੀ ਹੈ। ਮਨੋਜ ਅਗਰਵਾਲ ਨੇ ਕਿਹਾ ਕਿ ਜਦੋਂ ਨਿਗਮ ਦੀ ਆਮਦਨ ਘਟ ਰਹੀ ਹੈ ਤਾਂ ਟੈਕਸ ਵਸੂਲੀ ਮਜ਼ਬੂਤ ਕਰਨ ਦੀ ਬਜਾਏ ਵੱਡੇ ਪ੍ਰੋਜੈਕਟਾਂ 'ਤੇ ਖਰਚ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਨੇ ਐਂਟਰੀ ਗੇਟਾਂ 'ਤੇ ਲਗਭਗ ?1.50 ਕਰੋੜ ਅਤੇ ਬਰਸਾਤੀ ਨਾਲਿਆਂ ਦੇ ਪ੍ਰੋਜੈਕਟ ਦੀ ਲਗਭਗ ?95.42 ਕਰੋੜ ਦੀ ਲਾਗਤ ਦਾ ਹਵਾਲਾ ਦਿੰਦਿਆਂ ਖਰਚਿਆਂ ਦੀ ਤਰਜੀਹ 'ਤੇ ਸਵਾਲ ਕੀਤਾ। ਉਨ੍ਹਾਂ ਸਰਕਾਰ ਤੋਂ ਨਗਰ ਨਿਗਮ ਦੀ ਵਿੱਤੀ ਸਥਿਤੀ 'ਤੇ ਵਾਈਟ ਪੇਪਰ ਅਤੇ ਸੁਤੰਤਰ ਵਿਸ਼ੇਸ਼ ਆਡਿਟ ਕਰਵਾਉਣ ਦੀ ਮੰਗ ਕੀਤੀ।



# ਇਨੋਸੈਂਟ ਹਾਰਟਸ ਸਕੂਲ 'ਚ ਸਹੋਦਯਾ 'ਸਲੋਗਨ ਸਪਾਰਕ' ਮੁਕਾਬਲੇ ਕਰਵਾਏ

**ਜਲੰਧਰ (ਸ਼ੈਲੀ ਐਲਬਰਟ)**-ਇੰਨੋਸੈਂਟ ਹਾਰਟਸ ਸਕੂਲ, ਗ੍ਰੀਨ ਮਾਡਲ ਟਾਊਨ ਨੇ ਜਲੰਧਰ ਸਹੋਦਯਾ 'ਸਲੋਗਨ ਸਪਾਰਕ' ਮੁਕਾਬਲੇ-ਥਿੰਕ, ਰਾਈਟ, ਇੰਸਪਾਇਰ, ਦਾ ਸਫਲਤਾਪੂਰਵਕ ਆਯੋਜਨ ਕੀਤਾ। ਇਸ ਮੁਕਾਬਲੇ ਨੇ ਵਿਦਿਆਰਥੀਆਂ ਨੂੰ ਆਪਣੀ ਰਚਨਾਤਮਕਤਾ, ਮੌਲਿਕਤਾ ਅਤੇ ਪ੍ਰਭਾਵਸ਼ਾਲੀ ਅਭਿਵਿਅਕਤੀ ਦੀ ਸਮਰੱਥਾ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਸ਼ਸ਼ਕਤ ਅਤੇ ਗਤੀਸ਼ੀਲ ਮੰਚ ਪ੍ਰਦਾਨ ਕੀਤਾ। ਮੁਕਾਬਲੇ ਵਿੱਚ 53 ਸਕੂਲਾਂ ਦੇ 103 ਵਿਦਿਆਰਥੀਆਂ ਨੇ ਉਤਸ਼ਾਹਪੂਰਵਕ ਭਾਗ ਲਿਆ। ਮੁਕਾਬਲੇ ਨੂੰ ਦੋ ਸ਼੍ਰੇਣੀਆਂ ਵਿੱਚ ਆਯੋਜਿਤ ਕੀਤਾ ਗਿਆ-ਸ਼੍ਰੇਣੀ 9 ਕਲਾਸ ਨੌਵੀਂ-ਦਸਵੀਂ ਦੇ ਵਿਦਿਆਰਥੀਆਂ ਲਈ ਅਤੇ ਸ਼੍ਰੇਣੀ 99 ਕਲਾਸ ਗਿਆਰਵੀ, ਬਾਰਵੀਂ ਦੇ ਵਿਦਿਆਰਥੀਆਂ ਲਈ। ਭਾਗੀਦਾਰਾਂ ਨੇ ਵਿਚਾਰਉਤੇਜਕ ਅਤੇ ਪ੍ਰਭਾਵਸ਼ਾਲੀ ਨਾਅਰਿਆਂ ਰਾਹੀਂ ਆਪਣੀ ਕਲਪਨਾਸ਼ਕਤੀ, ਜਾਗਰੂਕਤਾ ਅਤੇ ਰਚਨਾਤਮਕ ਯੋਗਤਾਵਾਂ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮੁਕਾਬਲੇ ਦਾ ਮੁਲਾਂਕਣ ਦੋ ਪ੍ਰਸਿੱਧ ਨਿਰਣਾਇਕਾਂ ਦੁਆਰਾ ਕੀਤਾ ਗਿਆ-ਗੁਰੰਜਨ ਪਾਲ, ਸੇਵਾਮੁਕਤ ਐੱਚ ਓ ਡੀ, ਫਾਈਨ ਆਰਟਸ ਵਿਭਾਗ, ਬੀ ਡੀ ਆਰੀਆ ਕਾਲਜ ਅਤੇ ਸ਼੍ਰੀਮਤੀ ਰੰਜਨਾ ਅਰੋੜਾ, ਇੱਕ ਤਜਰਬੇਕਾਰ ਸਿੱਖਿਆਵਿਦ ਅਤੇ ਅੰਗਰੇਜ਼ੀ ਵਿਸ਼ੇ ਦੀ ਸਹਾਇਕ ਪ੍ਰੋਫੈਸਰ, ਜਿਨ੍ਹਾਂ ਨੇ ਹਿੰਦੂ ਕੰਨਿਆ ਕਾਲਜ, ਕਪੂਰਥਲਾ, ਕਾਲਜ ਆਫ਼ ਇੰਜੀਨੀਅਰਿੰਗ ਐਂਡ ਮੈਨੇਜਮੈਂਟ, ਕਪੂਰਥਲਾ ਅਤੇ ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ, ਮੇਨ ਕੈਂਪਸ, ਕਪੂਰਥਲਾ ਵਿਖੇ ਆਪਣੀਆਂ ਸੇਵਾਵਾਂ ਨਿਭਾਈਆਂ ਹਨ।ਨਤੀਜੇ-ਸ਼੍ਰੇਣੀ 9-ਕਲਾਸ ਨੌਵੀ-ਦਸਵੀਂ, ਪਹਿਲਾ ਇਨਾਮ: ਅਨਮੋਲ-ਸਵਾਮੀ ਸੰਤ ਦਾਸ ਪਬਲਿਕ ਸਕੂਲ, ਦੂਜਾ ਇਨਾਮ: ਦੀਆ-ਦਯਾਨੰਦ ਮਾਡਲ ਸਕੂਲ, ਤੀਜਾ ਇਨਾਮ: ਯੁਵਰਾਜ ਸ਼ਰਮਾ-ਸ਼ਿਵ ਜੋਤੀ ਪਬਲਿਕ ਸਕੂਲ, ਸਾਂਤਵਨਾ ਇਨਾਮ: ਜਾਗ੍ਰਿਤੀ ਸ਼ਰਮਾ — ਸੰਸਕ੍ਰਿਤੀ ਕੇ ਐੱਮ ਵੀ ਸਕੂਲ। ਸ਼੍ਰੇਣੀ 99 — ਕਲਾਸ ਗਿਆਰਵੀ, ਬਾਰਵੀ, ਪਹਿਲਾ ਇਨਾਮ: ਅਲੀਸ਼ਾ-ਡੀ ਆਈ ਪੀ ਐੱਸ ਸਕੂਲ ਦੂਜਾ ਇਨਾਮ: ਹੀਆ ਗੋਇਲ-ਵੁੱਡਲੈਂਡ ਓਵਰਸੀਜ਼ ਸਕੂਲ, ਤੀਜਾ ਇਨਾਮ: ਐਸ਼ਲੀਨਾ-ਸਵਾਮੀ ਸੰਤ ਦਾਸ ਪਬਲਿਕ ਸਕੂਲ, ਫਗਵਾੜਾ, ਸਾਂਤਵਨਾ ਇਨਾਮ: ਹਰਸ਼ਿਤਾ ਗੁਪਤਾ-ਸੀ ਟੀ ਪਬਲਿਕ ਸਕੂਲ। ਸਕੂਲ ਦੇ ਪ੍ਰਿੰਸੀਪਲ ਰਾਜੀਵ ਪਾਲੀਵਾਲ ਅਤੇ ਐੱਚ ਓ ਡੀ, ਫਾਈਨ ਆਰਟਸ ਸ਼੍ਰੀਮਤੀ ਮੋਨਾ ਗਿਲਹੋਤਰਾ ਨੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕਰਦਿਆਂ ਉਨ੍ਹਾਂ ਨੂੰ ਇਨਾਮ ਪ੍ਰਦਾਨ ਕੀਤੇ।



# ਔਰਤ ਦੀ ਲਾਸ਼ ਕੁੱਤਿਆਂ ਨੇ ਨੋਚ-ਨੋਚ ਖਾ ਲਈ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪਿੰਡ ਸੰਗੋਵਾਲ (ਟਿੱਬਾ) ਵਿੱਚ ਇੱਕ ਔਰਤ ਸੋਨੀ ਦੇਵੀ ਪੁੱਤਰੀ ਪੰਨਾ ਲਾਲ ਦੇ ਕਤਲ ਦੇ ਮਾਮਲੇ ਵਿੱਚ ਮਹਿਤਪੁਰ ਪੁਲਿਸ ਵੱਲੋਂ ਐਫ ਆਈ ਆਰ ਨੰਬਰ 0181 ਮਿਤੀ 28/8/ 2026 ਭਾਰਤੀ ਨਿਆਏ ਸਹਾਇਤਾ ਦੀ ਧਾਰਾ 103 ਬੀ ਐਨ ਐਸ ਪਰਚਾ ਸੋਨੀ ਦੇ ਪਤੀ ਮੁਨੀ ਉਰਫ ਜੀ ਲਾਲ ਵਿਰੁੱਧ ਆਪਣੀ ਹੀ ਪਤਨੀ ਦਾ ਕਤਲ ਕਰਨ ਦਾ ਦਰਜ ਕਰ ਲਿਆ। ਇਹ ਪਰਚਾ ਮ੍ਰਿਤਕ ਸੋਨੀਆ ਦੀ ਮਾਤਾ ਸੁਹੰਤਾ ਦੇਵੀ ਪਤਨੀ ਪੰਨਾ ਲਾਲ ਅਤੇ ਮਾਸੀ ਕਿਰਨ ਪਤਨੀ ਮੁਰਾਰੀ ਲਾਲ ਦੇ ਬਿਆਨਾ ਤੇ ਦਰਜ ਕੀਤਾ ਗਿਆ। ਉਹਨਾਂ ਨੇ ਆਪਣੇ ਬਿਆਨ ਵਿੱਚ ਕਿਹਾ ਹੈ ਕਿ ਉਨਾਂ ਦੀ ਬੇਟੀ ਸੋਨੀ ਦਾ ਪਹਿਲਾ ਪਤੀ ਕੁਝ ਅਰਸਾ ਪਹਿਲਾਂ ਮਰ ਚੁੱਕਾ ਹੈ। ਜਿਸ ਤੋਂ ਉਹਦੇ ਤਿੰਨ ਨਾਬਾਲਗ ਬੱਚੇ ਹਨ ਦੋ ਲੜਕੇ ਅਤੇ ਇੱਕ ਲੜਕੀ ਇਹਨਾਂ ਚੋਂ ਇੱਕ ਬੱਚਾ ਅਪਾਹਜ ਹੈ। ਸੋਨੀ ਦੇ ਪਿੰਡ ਸੰਗੋਵਾਲ ਦਾ ਜੀਲਾਲ ਉਰਫ ਮੁਨੀ ਉਸ ਨੂੰ ਚੰਡੀਗੜ੍ਹ ਵਿੱਚ ਨੌਕਰੀ ਦਵਾਉਣ ਦਾ ਝਾਂਸਾ ਦੇ ਕੇ ਚੰਡੀਗੜ੍ਹ ਲੈ ਗਿਆ ਤਾਂ ਕਿ ਉਹ ਕੰਮ ਕਰਕੇ ਆਪਣੇ ਬੱਚਿਆਂ ਦੀ ਪਰਵਰਿਸ਼ ਕਰ ਸਕੇ ਉਹ ਪਹਿਲਾਂ ਵੀ ਸ਼ਾਦੀਸ਼ੁਦਾ ਸੀ ਅਤੇ ਉਸਨੇ ਆਪਣੀ ਦੂਸਰੀ ਪਤਨੀ ਵਜੋਂ ਸੋਨੀ ਨੂੰ ਰੱਖ ਲਿਆ। ਅਤੇ ਉਹ ਵੀ ਚੰਡੀਗੜ੍ਹ ਵਿੱਚ ਕੰਮ ਕਰਨ ਲੱਗ ਗਈ। ਸੋਨੀ ਦੀ ਮਾਂ ਦੇ ਦੱਸਣ ਮੁਤਾਬਕ ਉਹਨਾਂ ਵਿੱਚ ਅਕਸਰ ਝਗੜਾ ਰਹਿੰਦਾ ਸੀ। ਜਿਸ ਦੇ ਚਲਦਿਆਂ ਉਹਨਾਂ ਵਿੱਚ ਝਗੜਾ ਰਹਿੰਦਾ ਸੀ ਉਹ ਅਕਸਰ ਉਸ ਨੂੰ ਜਾਨੋ ਮਾਰਨ ਦੀਆਂ ਧਮਕੀਆਂ ਦਿੰਦਾ ਸੀ। ਜਿਸ ਤੋਂ ਤੰਗ ਆ ਕੇ ਸੋਨੀ ਪਿੰਡ ਸੰਗੋਵਲ ਆਪਣੇ ਮਾਂ ਬਾਪ ਦੇ ਘਰ ਆ ਗਈ ਅਤੇ ਇੱਥੇ ਕੁਝ ਸਮੇਂ ਤੋਂ ਰਹਿ ਰਹੀ ਸੀ। ਕੁਝ ਦਿਨ ਪਹਿਲਾਂ ਹੀ ਜੀ ਲਾਲ ਉਰਫ ਮੁਨੀ ਸੰਗੋਵਾਲ ਪਿੰਡ ਵਿੱਚ ਆਇਆ ਅਤੇ ਸੋਨੀ ਨੂੰ ਜ਼ਬਰਦਸਤੀ ਲੈ ਕੇ ਜਾਣ ਲਈ ਦਬਾਅ ਪਾਉਣ ਲੱਗਾ। ਸੋਨੀ ਨੇ ਉਸ ਦੇ ਨਾਲ ਚੰਡੀਗੜ੍ਹ ਜਾਣ ਤੋਂ ਇਨਕਾਰ ਕਰ ਦਿੱਤਾ। ਮੁਨੀ ਉਰਫ ਜੀਲਾਲ ਨੇ ਮੌਕਾ ਤਾੜ ਕੇ ਰਾਤ ਨੂੰ ਜਦ ਉਸ ਦੇ ਪਰਵਾਰ ਦੇ ਮੈਂਬਰ ਘਰ ਨਹੀਂ ਸਨ ਤਾਂ ਉਸ ਨੂੰ ਲੈ ਗਿਆ ਅਤੇ ਆਪਣਾ ਫੋਨ ਬੰਦ ਕਰ ਦਿੱਤਾ। ਉਸ ਦਿਨ ਤੋਂ ਹੀ ਉਸ ਦੇ ਪਰਵਾਰ ਦਾ ਸੋਨੀ ਨਾਲ ਕੋਈ ਰਾਬਤਾ ਨਹੀਂ ਹੋ ਰਿਹਾ ਸੀ।ਉਸ ਦੇ ਪਰਵਾਰ ਨੂੰ ਉਸ ਸਮੇਂ ਸੋਨੀ ਦੇ ਕਤਲ ਦਾ ਪਤਾ ਲੱਗਾ ਜਦੋਂ ਖੇਡਣ ਗਏ ਬੱਚਿਆਂ ਨੇ ਦੱਸਿਆ ਕਿ ਖੇਤਾਂ ਵਿੱਚ ਕੁੱਤੇ ਇੱਕ ਲਾਸ਼ ਨੂੰ ਖਾ ਰਹੇ ਹਨ ਸੋਨੀ ਦੇ ਪਰਵਾਰ ਨੇ ਜਾ ਕੇ ਦੇਖਿਆ ਤਾਂ ਉਹਨਾਂ ਨੇ ਉਸ ਦੇ ਕੱਪੜਿਆਂ ਤੋਂ ਪਛਾਣ ਲਿਆ ਕਿ ਇਹ ਉਨਾਂ ਦੀ ਬੇਟੀ ਸੋਨੀ ਦੀ ਹੀ ਲਾਸ਼ ਹੈ। ਪਰ ਤਦ ਤੱਕ ਕੁੱਤੇ ਨੋਚ ਨੋਚ ਕੇ ਲਾਸ਼ ਨੂੰ ਪੂਰੀ ਤਰਹਾਂ ਖਾ ਚੁੱਕੇ ਸਨ ਮੌਕੇ ਤੇ ਪਹੁੰਚੇ ਪੁਲਿਸ ਅਧਿਕਾਰੀ ਜਨਕ ਰਾਜ ਅਤੇ ਉਸ ਦੀ ਟੀਮ ਨੇ ਪੁਲਿਸ ਕਾਰਵਾਈ ਕਰਦਿਆਂ ਮੌਕੇ ਤੇ ਮੌਜੂਦ ਵਸਤੂਆਂ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਅਤੇ ਪਰਵਾਰ ਦੇ ਮੈਂਬਰਾਂ ਦੇ ਬਿਆਨ ਕਲਮਬੰਦ ਕਰਕੇ ਪਰਚਾ ਦਰਜ ਕਰ ਦਿੱਤਾ।ਮੌਕੇ ਤੇ ਪਹੁੰਚੇ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਨੇ ਮ੍ਰਿਤਕ ਦੇ ਪਰਵਾਰ ਨਾਲ ਹਮਦਰਦੀ ਜਾਹਿਰ ਕਰਦਿਆਂ ਪੁਲਸ ਤੋਂ ਮੰਗ ਕੀਤੀ ਕਿ ਦੋਸ਼ੀ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ।




# ਮਨਸੂਰਪੁਰ ਦੀ ਵਾਲੀਬਾਲ ਟੀਮ ਨੇ ਜਿੱਤਿਆ ਗੋਲਡ ਮੈਡਲ

**ਫਿਲੌਰ (ਨਿਰਮਲ)**-ਪੰਜਾਬ ਸਰਕਾਰ ਵੱਲੋਂ ਕਰਵਾਇਆ ਜਾ ਰਹੀਆਂ ਖੇਡਾਂ ਦੌਰਾਨ 70ਵੀਆਂ ਜ਼ਿਲ੍ਹਾ ਸਕੂਲ ਖੇਡਾਂ 2026-27 ਵਿੱਚ ਮਨਸੂਰਪੁਰ ਸਕੂਲ ਦੀ ਵਾਲੀਵਾਲ ਟੀਮ ਯੂ 14 (ਮੁੰਡੇ) ਵਿੱਚ ਜ਼ਿਲ੍ਹਾ ਜਲੰਧਰ ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ ਗੋਲਡ ਮੈਡਲ ਨਾਲ ਜਿੱਤ ਕੇ ਸਕੂਲ ਅਤੇ ਪਿੰਡ ਦਾ ਨਾਮ ਰੋਸ਼ਨ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਇੰਚਾਰਜ ਅਵਤਾਰ ਲਾਲ ਨੇ ਦੱਸਿਆ ਕਿ ਇਸ ਸਫਲਤਾ ਦੇ ਪਿੱਛੇ ਕੋਚ ਮੈਡਮ ਪਲਵਿੰਦਰ ਕੌਰ ਅਤੇ ਖਿਡਾਰੀਆਂ ਦੀ ਮਿਹਨਤ ਹੈ ਉਨ੍ਹਾਂ ਦੀ ਸਖ਼ਤ ਮਿਹਨਤ ਕਾਰਨ ਹੀ ਸਕੂਲ ਦੀ ਟੀਮ ਨੂੰ ਗੋਲਡ ਮੈਡਲ ਹਾਸਲ ਹੋਇਆ ਹੈ।



# ਸੱਪ ਦੇ ਡੰਗੇ ਮਰੀਜ਼ਾਂ ਦਾ ਪ੍ਰਮੁੱਖ ਇਲਾਜ ਕੇਂਦਰ ਬਣਿਆ ਗੁਰੂ ਨਾਨਕ ਮਿਸ਼ਨ ਹਸਪਤਾਲ




**ਬੰਗਾ (ਅਵਤਾਰ ਕਲੇਰ)**-ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਜ਼ਹਿਰੀਲੇ ਸੱਪ ਦੇ ਡੰਗੇ ਮਰੀਜ਼ਾਂ ਦੇ ਇਲਾਜ ਲਈ ਇਲਾਕੇ ਦਾ ਪ੍ਰਮੁੱਖ ਸਿਹਤ ਕੇਂਦਰ ਬਣਦਾ ਜਾ ਰਿਹਾ ਹੈ। ਹਸਪਤਾਲ ਵਿੱਚ ਪਿਛਲੇ ਵੀਹ ਦਿਨਾਂ ਦੌਰਾਨ ਜ਼ਹਿਰੀਲੇ ਸੱਪਾਂ ਦੇ ਡੱਸੇ ਦਰਜਨ ਤੋਂ ਵੱਧ ਮਰੀਜ਼ਾਂ ਦਾ ਸਮੇਂ ਸਿਰ ਐਂਟੀ-ਸਨੇਕ ਵੇਨਮ (ਸੱਪ ਦੇ ਜ਼ਹਿਰ ਦਾ ਐਂਟੀਡੋਟ) ਅਤੇ ਵੈਂਟੀਲੇਟਰ ਦੀ ਸਹਾਇਤਾ ਨਾਲ ਸਫਲਤਾਪੂਰਵਕ ਇਲਾਜ ਕੀਤਾ ਗਿਆ ਹੈ। ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਦੱਸਿਆ ਕਿ ਹਸਪਤਾਲ ਵਿਖੇ ਸੱਪ ਦੇ ਡੰਗੇ ਮਰੀਜ਼ਾਂ ਦਾ ਇਲਾਜ ਮਿਆਰੀ ਅਤੇ ਆਧੁਨਿਕ ਮੈਡੀਕਲ ਤਰੀਕਿਆਂ ਨਾਲ ਕੀਤਾ ਜਾ ਰਿਹਾ ਹੈ। ਜਿਸ ਦੀ ਤਾਜ਼ਾ ਮਿਸਾਲ ਹੈ ਕਿ ਬੀਤੇ ਦਿਨੀਂ ਹਸਪਤਾਲ ਦੇ ਮੈਡੀਕਲ ਮਾਹਿਰ ਡਾ. ਵਿਵੇਕ ਗੁੰਬਰ, ਐਮ.ਡੀ. ਮੈਡੀਸਨ ਕੋਲ ਮਰੀਜ਼ ਸੈਮਸਲ ਆਲਮ ਉਮਰ 24 ਸਾਲ ਆਇਆ, ਜਿਸ ਨੂੰ ਇੱਕ ਜ਼ਹਿਰੀਲੇ ਸੱਪ ਨੇ ਡੱਸ ਲਿਆ ਸੀ । ਸੱਪ ਦੇ ਡੱਸਣ ਤੋਂ ਬਾਅਦ ਉਸ ਨੂੰ ਪੇਟ ਦਰਦ, ਉਲਟੀ, ਅੱਖਾਂ ਦਾ ਆਪਮੁਹਾਰੇ ਬੰਦ ਹੋਣਾ (ਟੌਸਿਸ) ਅਤੇ ਸਾਹ ਲੈਣ ਵਿੱਚ ਮੁਸ਼ਕਿਲ ਵਰਗੇ ਗੰਭੀਰ ਲੱਛਣਾਂ ਨੇ ਘੇਰ ਲਿਆ ਸੀ । ਉਸ ਦੀ ਗੰਭੀਰ ਹਾਲਤ ਨੂੰ ਦੇਖਦੇ ਹੋਏ ਉਸ ਦੇ ਸਾਥੀਆਂ ਨੇ ਬਿਨਾਂ ਦੇਰੀ ਕੀਤੇ ਉਸ ਨੂੰ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਇਲਾਜ ਲਈ ਪਹੁੰਚਾਇਆ। ਮਰੀਜ਼ ਨੂੰ ਤੁਰੰਤ ਆਈ ਸੀ ਯੂਵਿੱਚ ਦਾਖਲ ਕੀਤਾ ਗਿਆ। ਡਾ. ਵਿਵੇਕ ਗੁੰਬਰ ਦੀ ਅਗਵਾਈ ਮੈਡੀਕਲ ਟੀਮ ਨੇ ਮਰੀਜ਼ ਨੂੰ ਚਾਰ ਦਿਨ ਵੈਂਟੀਲੇਟਰ ਦੀ ਸਹਾਇਤਾ ਅਤੇ ਸੱਪ ਦੇ ਡੰਗ ਦੇ ਇਲਾਜ ਲਈ ਲੋੜੀਂਦੀਆਂ ਮਿਆਰੀ ਦਵਾਈਆਂ ਅਤੇ ਐਂਟੀ ਸਨੇਕ ਵੇਨਮ ਨਾਲ ਇਲਾਜ ਕੀਤਾ। ਡਾ. ਵਿਵੇਕ ਗੁੰਬਰ ਨੇ ਦੱਸਿਆ ਕਿ ਭਾਰਤ ਵਿੱਚ ਜ਼ਹਿਰੀਲੇ ਸੱਪਾਂ ਵਿਚ ਇੰਡੀਅਨ ਕੋਬਰਾ, ਕਾਮਨ ਕਰੇਟ, ਰਸਲਜ਼ ਵਾਈਪਰ ਅਤੇ ਸਾਅ-ਸਕੇਲਡ ਵਾਈਪਰ ਵਾਲੀਆਂ ਪ੍ਰਜਾਤੀਆਂ ਪ੍ਰਮੁੱਖ ਹਨ। ਇਸ ਮੌਕੇ ਮੌਕੇ ਜਗਜੀਤ ਸਿੰਘ ਸੋਢੀ, ਦਵਿੰਦਰ ਸਿੰਘ ਢਿੱਲੋਂ, ਡਾ. ਜਸਦੀਪ ਸਿੰਘ ਸੈਣੀ,ਮਹਿੰਦਰਪਾਲ ਸਿੰਘ, ਦਵਿੰਦਰ ਕੌਰ ਨਰਸਿੰਗ ਸੁਪਰਡੈਂਟ,ਸੁਨੀਤਾ ਵਾਰਡ ਇੰਚਾਰਜ ਅਤੇ ਮਰੀਜ਼ ਦੇ ਪਰਵਾਰਕ ਮੈਂਬਰ ਹਾਜ਼ਰ ਸਨ।

# ਤ੍ਰਿਸ਼ੂਲ ਮਾਰਚ 'ਚ ਸ਼ਾਮਿਲ ਹੋਣ ਲਈ ਸ਼ਿਵ ਸੈਨਾ ਵਰਕਰਾਂ ਦਾ ਜੱਥਾ ਰਵਾਨਾ



**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**-ਸ਼ਿਵ ਸੇਨਾ ਦੀਆਂ 10 ਸੂਤਰੀ ਮੰਗਾਂ ਸਰਕਾਰ ਤੋਂ ਪਰਵਾਨ ਕਰਵਾਉਣ ਲਈ ਪਹਿਲਾਂ ਤੋਂ ਹੀ ਉਲੀਕੇ ਗਏ ਪ੍ਰੋਗਰਾਮ ਤਹਿਤ ਮੋਹਾਲੀ ਤੋਂ ਚੰਡੀਗੜ੍ਹ ਤੱਕ ਕੱਢੇ ਜਾ ਰਹੇ ਤ੍ਰਿਸ਼ੂਲ ਮਾਰਚ ਅਤੇ ਮੁੱਖ ਮੰਤਰੀ ਦੀ ਸਰਕਾਰੀ ਕੋਠੀ ਦਾ ਘਿਰਾਓ ਕਰਨ ਲਈ ਟਾਂਡਾ ਵਿਖੇ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਸੈਂਕੜੇ ਸ਼ਿਵ ਸੈਨਾ ਵਰਕਰਾਂ ਦਾ ਭਾਰੀ ਇਕੱਠ ਹੋਇਆ। ਇਸ ਮੌਕੇ ਤੇ ਹਾਜ਼ਰ ਯੁਵਾ ਨੇਤਾ ਰਾਜੂ ਖੋਸਲਾ, ਦੁਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਜਿਲਾ ਵਾਈਸ ਚੇਅਰਮੈਨ ਸੰਜੀਵ ਖੰਨਾ, ਸਿਟੀ ਯੂਥ ਵਾਈਸ ਚੇਅਰਮੈਨ ਬੱਬਲੂ ਕੁਮਾਰ, ਜਿਲ੍ਹਾ ਯੂਥ ਪ੍ਰਧਾਨ ਪੁਨੀਤ ਢੀਂਗਰਾ, ਬਲਾਕ ਪ੍ਰਧਾਨ ਗੌਰਵ ਬੇਦੀ, ਹਿੰਦੂ ਨੇਤਾ ਪਰਮਜੀਤ ਸਿੰਘ ਬਾਬੂ, ਯੁਵਾ ਨੇਤਾ ਸੁਰਜੀਤ ਸਿੰਘ, ਹਿੰਦੂ ਨੇਤਾ ਵਿਸ਼ਾਲ ਕੁਮਾਰ, ਬਲਾਕ ਵਾਈਸ ਪ੍ਰਧਾਨ ਨਬੀ ਅਰੋੜਾ, ਸਮਾਜ ਸੇਵੀ ਬੰਟੀ ਕੁਮਾਰ, ਸਿਟੀ ਯੂਥ ਪ੍ਰਧਾਨ ਗੁਰਨਾਮ ਸਿੰਘ ਗੋਨੀ, ਸਰਕਲ ਪ੍ਰਧਾਨ ਪਰਮਜੀਤ ਸਿੰਘ, ਸੀਨੀਅਰ ਸਿਟੀ ਪ੍ਰਧਾਨ ਰਾਜੀਵ ਖੰਨਾ, ਸਿਟੀ ਯੂਥ ਚੇਅਰਮੈਨ ਮਨਜੋਤ ਸਿੰਘ, ਯੁਵਾ ਨੇਤਾ ਅਮਨ ਮਾਹੱਲਾ ਅਤੇ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਸ਼ਿਵ ਸੈਨਾ ਵਰਕਰਾਂ ਨੇ ਮੋਹਾਲੀ ਜਾਣ ਲਈ ਚਾਲੇ ਪਾਏ।


# ਅਣਪਛਾਤੇ ਨੌਜਵਾਨ ਦੀ ਲਾਸ਼ ਮਿਲੀ



**ਮਾਹਿਲਪੁਰ (ਸ.ਫਰੀ)**-ਜ਼ਿਲ੍ਹਾ ਹੁਸ਼ਿਆਰਪੁਰ ਅਧੀਨ ਪੈਂਦੇ ਥਾਣਾ ਮਾਹਿਲਪੁਰ ਨਜ਼ਦੀਕ ਪਿੰਡ ਟੂਟੋ ਮੁਜਾਰਾ ਕੋਲ ਬੰਦ ਪਏ ਪੈਟਰੌਲ ਪੰਪ ਤੇ ਇਕ ਅਣਪਛਾਤੇ ਨੌਜਵਾਨ ਦੀ ਲਾਸ਼ ਮਿਲਣ ਤੇ ਥਾਣਾ ਮਾਹਿਲਪੁਰ ਦੀ ਪੁਲਿਸ ਨੇ ਤੁਰੰਤ ਕੀਤੀ ਬਣਦੀ ਕਾਰਵਾਈ।ਥਾਣਾ ਮਾਹਿਲਪੁਰ ਦੀ ਐਸ ਐਚ ਓ ਮੈਡਮ ਰਮਨਦੀਪ ਨੇ ਦੱਸਿਆ ਕਿ ਸਾਨੂੰ ਵਿਅਕਤੀ ਨੇ ਸੂਚਨਾ ਦਿੱਤੀ ਕਿ ਟੂਟੋ ਮਜਾਰਾ ਨਜ਼ਦੀਕ ਬੰਦ ਪਏ ਪੈਟਰੌਲ ਪੰਪ ਤੇ ਇਕ ਸਿੱਖ ਨੌਜਵਾਨ ਦੀ ਲਾਸ਼ ਪਈ ਹੈ। ਅਸੀਂ ਤੁਰੰਤ ਦੱਸੀ ਹੋਈ ਜਗ੍ਹਾ ਤੇ ਪਹੁੰਚੇ ਤਾਂ ਦੇਖਿਆ ਕਿ ਇਕ 30-35 ਸਾਲਾ ਨੌਜਵਾਨ ਦੀ ਲਾਸ਼ ਪਈ ਹੈ ਜਿਸ ਦੇ ਸਰੀਰ ਤੇ ਕੋਈ ਵੀ ਜ਼ਖ਼ਮ ਨਹੀਂ ਹੈ।ਇਸ ਮ੍ਰਿਤਕ ਵਿਅਕਤੀ ਦੀਆਂ ਜੇਬਾਂ ਦੇਖਣ ਤੇ ਕੋਈ ਵੀ ਐਸਾ ਸਬੂਤ ਨਹੀਂ ਮਿਲ ਸਕਿਆ ਜਿਸ ਨਾਲ ਮ੍ਰਿਤਕ ਵਿਅਕਤੀ ਦੀ ਪਹਿਚਾਣ ਹੋ ਸਕੇ । ਐਸ ਐਚ ਓ ਨੇ ਦੱਸਿਆ ਕਿ ਮਿਰਤਕ ਸਰੀਰ ਨੂੰ ਪਹਿਚਾਣ ਵਾਸਤੇ 72 ਘੰਟੇ ਲਈ ਲਾਸ਼ ਘਰ ਗੜ੍ਹਸ਼ੰਕਰ ਵਿਚ ਰੱਖ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਫਗਵਾੜਾ 'ਚ ਦੂਜੇ ਦਿਨ ਵੀ ਜਾਰੀ ਰਹੀ ਸਫ਼ਾਈ ਮੁਹਿੰਮ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**-ਮਿਸ਼ਨ ਕਲੀਨ ਪੰਜਾਬ ਤਹਿਤ ਦੂਜੇ ਦਿਨ ਵੀ ਚਲਾਈ ਗਈ ਵਿਸ਼ੇਸ਼ ਸਫ਼ਾਈ ਮੁਹਿੰਮ ਦੌਰਾਨ, ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਫਗਵਾੜਾ ਸ਼ਹਿਰ ਦੇ ਵਰਿੰਦਰ ਪਾਰਕ ਅਤੇ ਨਾਲ ਲੱਗਦੇ ਇਲਾਕਿਆਂ ਵਿੱਚ ਸਫ਼ਾਈ ਕੰਮਾਂ ਦੀ ਖ਼ੁਦ ਦੇਖ-ਰੇਖ ਕੀਤੀ। ਇਹ ਸਫ਼ਾਈ ਮੁਹਿੰਮ ਪੰਜਾਬ ਸਰਕਾਰ ਦੀਆਂ ਸ਼ਹਿਰਾਂ ਨੂੰ ਸਾਫ਼-ਸੁਥਰਾ, ਹਰਾ-ਭਰਾ ਅਤੇ ਸਿਹਤਮੰਦ ਬਣਾਉਣ ਦੀਆਂ ਕੋਸ਼ਿਸ਼ਾਂ ਦਾ ਹਿੱਸਾ ਹੈ। ਇਸ ਦਾ ਮਕਸਦ ਸਫ਼ਾਈ ਵਿਵਸਥਾ ਨੂੰ ਸੁਧਾਰਨਾ, ਕੂੜੇ ਵਾਲੀਆਂ ਥਾਵਾਂ ਨੂੰ ਖ਼ਤਮ ਕਰਨਾ ਅਤੇ ਸ਼ਹਿਰੀ ਇਲਾਕਿਆਂ ਵਿੱਚ ਨਗਰ ਨਿਗਮ ਦੀਆਂ ਸੇਵਾਵਾਂ ਨੂੰ ਬਿਹਤਰ ਬਣਾਉਣਾ ਹੈ। ਮੁਹਿੰਮ ਦੌਰਾਨ ਸਫ਼ਾਈ ਸੇਵਕਾਂ ਦੇ ਨਾਲ-ਨਾਲ ਜੇ ਸੀ ਬੀ ਅਤੇ ਟਿੱਪਰਾਂ ਵਰਗੀ ਮਸ਼ੀਨਰੀ ਦੀ ਵਰਤੋਂ ਕੀਤੀ ਗਈ ਤਾਂ ਜੋ ਇਲਾਕੇ ਦੀ ਚੰਗੀ ਤਰ੍ਹਾਂ ਸਫ਼ਾਈ ਕੀਤੀ ਜਾ ਸਕੇ। ਵੱਖ-ਵੱਖ ਥਾਵਾਂ 'ਤੇ ਜਮ੍ਹਾਂ ਹੋਏ ਕੂੜੇ ਨੂੰ ਮਸ਼ੀਨਾਂ ਦੀ ਮਦਦ ਨਾਲ ਹਟਾਇਆ ਗਿਆ।ਡਾ. ਰਾਜ ਕੁਮਾਰ ਚੱਬੇਵਾਲ ਕੂੜਾ ਪੂਰੀ ਤਰ੍ਹਾਂ ਚੁੱਕੇ ਜਾਣ ਤੱਕ ਖ਼ੁਦ ਮੌਕੇ 'ਤੇ ਮੌਜੂਦ ਰਹੇ। ਉਨ੍ਹਾਂ ਨੇ ਫਗਵਾੜਾ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਲਾਕੇ ਦੀ ਲਗਾਤਾਰ ਦੇਖ-ਰੇਖ ਕੀਤੀ ਜਾਵੇ ਅਤੇ ਇੱਥੇ ਦੁਬਾਰਾ ਕੂੜਾ ਜਮ੍ਹਾਂ ਨਾ ਹੋਣ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲਗਾਤਾਰ ਸਫ਼ਾਈ ਮੁਹਿੰਮਾਂ ਅਤੇ ਕੂੜੇ ਦੇ ਨਿਪਟਾਰੇ ਦੇ ਸੁਧਾਰਾਂ ਰਾਹੀਂ ਸ਼ਹਿਰਾਂ ਨੂੰ ਸਾਫ਼ ਅਤੇ ਹਰਾ-ਭਰਾ ਬਣਾਉਣ ਲਈ ਕੰਮ ਕਰ ਰਹੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਇਲਾਕੇ ਵਿੱਚ ਰੋਜ਼ਾਨਾ ਸਫ਼ਾਈ ਬਣਾਏ ਰੱਖਣ ਦੇ ਹੁਕਮ ਦਿੱਤੇ ਮਿਸ਼ਨ ਕਲੀਨ ਪੰਜਾਬ ਦੇ ਚੰਗੇ ਨਤੀਜੇ ਲੰਬੇ ਸਮੇਂ ਤੱਕ ਦਿਖਾਈ ਦੇਣ।ਇਸ ਸਫ਼ਾਈ ਮੁਹਿੰਮ ਦੌਰਾਨ ਮੇਅਰ ਰਾਮਪਾਲ ਉੱਪਲ ਅਤੇ ਫਗਵਾੜਾ ਨਗਰ ਨਿਗਮ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।



# ਮਿਸ਼ਨ ਕਲੀਨ ਪੰਜਾਬ ਤਹਿਤ ਭਗਵਾਨ ਵਾਲਮੀਕਿ ਮੁਹੱਲੇ 'ਚ ਕੀਤੀ ਸਫਾਈ

**ਬਲਾਚੌਰ (ਜਸਵਿੰਦਰ ਬੈਂਸ)**-ਮਿਸ਼ਨ ਕਲੀਨ ਪੰਜਾਬ ਤਹਿਤ ਅੱਜ ਹਲਕਾ ਇੰਚਾਰਜ ਜਸਪ੍ਰੀਤ ਸਿੰਘ ਰੋਬੀ ਕੰਗ ਦੀ ਅਗਵਾਈ ਵਿੱਚ ਨਵਾਂਸ਼ਹਿਰ ਦੇ ਭਗਵਾਨ ਵਾਲਮੀਕਿ ਮੁਹੱਲਾ ਨਵਾਂਸ਼ਹਿਰ ਵਿਖੇ ਵਿਸ਼ੇਸ਼ ਸਫਾਈ ਅਭਿਆਨ ਚਲਾਇਆ ਗਿਆ।ਇਸ ਦੌਰਾਨ ਨਗਰ ਕੌਂਸਲ ਦੀਆਂ ਟੀਮਾਂ ਵੱਲੋਂ ਗਲੀਆਂ, ਨਾਲੀਆਂ ਦੀ ਸਫਾਈ ਕੀਤੀ ਗਈ ਅਤੇ ਕੂੜਾ-ਕਰਕਟ ਚੁੱਕਿਆ ਗਿਆ। ਹਲਕਾ ਇੰਚਾਰਜ ਰੋਬੀ ਕੰਗ ਨੇ ਖੁਦ ਮੌਕੇ 'ਤੇ ਮੌਜੂਦ ਰਹਿ ਕੇ ਸਫਾਈ ਕੰਮ ਦਾ ਜਾਇਜ਼ਾ ਲਿਆ ਅਤੇ ਕਰਮਚਾਰੀਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ।ਇਸ ਮੌਕੇ ਹਲਕਾ ਇੰਚਾਰਜ ਜਸਪ੍ਰੀਤ ਸਿੰਘ ਰੋਬੀ ਕੰਗ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਨੂੰ ਸਾਫ-ਸੁਥਰਾ ਅਤੇ ਕੂੜਾ-ਮੁਕਤ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮਿਸ਼ਨ ਕਲੀਨ ਪੰਜਾਬ ਸਿਰਫ਼ ਸਰਕਾਰ ਦਾ ਹੀ ਨਹੀਂ, ਸਗੋਂ ਹਰ ਨਾਗਰਿਕ ਦਾ ਮਿਸ਼ਨ ਹੈ।ਉਨ੍ਹਾਂ ਦੱਸਿਆ ਕਿ ਇਹ ਵਿਸ਼ੇਸ਼ ਸਫਾਈ ਮੁਹਿੰਮ ਜੋ ਸੂਬੇ ਭਰ ਵਿੱਚ 29 ਅਗਸਤ ਤੋਂ ਸ਼ੁਰੂ ਹੋਈ ਹੈ। ਇਹ ਮੁਹਿੰਮ 10 ਦਿਨ ਤੱਕ 7 ਸਤੰਬਰ ਤੱਕ ਲਗਾਤਾਰ ਚੱਲੇਗੀ ਅਤੇ ਇਸ ਦੌਰਾਨ ਸ਼ਹਿਰ ਦੇ ਸਾਰੇ ਵਾਰਡਾਂ, ਮੁਹੱਲਿਆਂ, ਬਾਜ਼ਾਰਾਂ ਅਤੇ ਜਨਤਕ ਥਾਵਾਂ ਦੀ ਸਫਾਈ ਯਕੀਨੀ ਬਣਾਈ ਜਾਵੇਗੀ।ਉਨ੍ਹਾਂ ਅੱਗੇ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਮਕਸਦ ਪੰਜਾਬ ਨੂੰ ਸਾਫ਼- ਸੁਥਰਾ ਤੇ ਸੁੰਦਰ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੌਰਾਨ ਸ਼ਹਿਰ ਨੂੰ ਕੂੜਾ-ਮੁਕਤ, ਗੰਦਗੀ-ਮੁਕਤ ਬਣਾਉਣਾ, ਸੀਵਰੇਜ ਅਤੇ ਨਾਲੀਆਂ ਦੀ ਸਹੀ ਨਿਕਾਸੀ ਨੂੰ ਯਕੀਨੀ ਬਣਾਉਣਾ, ਮੱਛਰਾਂ ਅਤੇ ਬਿਮਾਰੀਆਂ ਦੀ ਰੋਕਥਾਮ ਕਰਨਾ ਅਤੇ ਲੋਕਾਂ ਵਿੱਚ ਸਫਾਈ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ ਤਾਂ ਜੋ ਪੰਜਾਬ ਨੂੰ ਹਰਿਆ-ਭਰਿਆ ਅਤੇ ਰੰਗਲਾ ਪੰਜਾਬ ਬਣਾਇਆ ਜਾ ਸਕੇ।

# ਬਾਸਕਟਬਾਲ ਗਰਾਊਂਡ ਦਾ ਕੰਗ ਵੱਲੋਂ ਉਦਘਾਟਨ

**ਖਰੜ (ਹਰਨਾਮ ਸਿੰਘ ਡੱਲਾ)**-ਸ੍ਰੀ ਅਨੰਦਪੁਰ ਸਾਹਿਬ ਤੋਂ ਲੋਕ ਸਭਾ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਪਿੰਡ ਖਿਜਰਾਬਾਦ ਵਿਖੇ ਆਪਣੇ ਐਮ ਪੀ ਲੈਡ ਫੰਡ ਵਿੱਚੋਂ 20 ਲੱਖ ਰੁਪਏ ਦੀ ਗਰਾਂਟ ਨਾਲ ਤਿਆਰ ਕੀਤੇ ਗਏ ਬਾਸਕਟਬਾਲ ਗਰਾਊਂਡ ਦਾ ਉਦਘਾਟਨ ਕੀਤਾ।ਇਸ ਮੌਕੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਲੋਕ ਸਭਾ ਮੈਂਬਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਹਰ ਸੰਭਵ ਯਤਨ ਕਰ ਰਹੀ ਹੈ।ਉਨ੍ਹਾਂ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਦਾ ਚੌਥਾ ਐਡੀਸ਼ਨ 5 ਸਤੰਬਰ ਤੋਂ ਸ਼ੁਰੂ ਹੋ ਰਿਹਾ ਹੈ, ਜਿਸ ਤਹਿਤ ਹਰ ਉਮਰ ਵਰਗ ਦੇ ਖਿਡਾਰੀਆਂ ਲਈ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਖੇਡ ਮੁਕਾਬਲੇ ਨੌਜਵਾਨਾਂ ਦੀ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਆਪਣੀ ਸਮਰੱਥਾ ਦਾ ਪ੍ਰਦਰਸ਼ਨ ਕਰਨ ਲਈ ਇੱਕ ਵੱਡਾ ਮੰਚ ਪ੍ਰਦਾਨ ਕਰਦੇ ਹਨ। ਕੰਗ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ, ਉਨ੍ਹਾਂ ਦੀ ਅੰਦਰੂਨੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਦੇਣ ਅਤੇ ਇੱਕ ਸਿਹਤਮੰਦ ਪੰਜਾਬ ਦੀ ਉਸਾਰੀ ਲਈ ਸੂਬੇ ਭਰ ਵਿੱਚ 3100 ਪੇਂਡੂ ਖੇਡ ਸਟੇਡੀਅਮ ਵਿਕਸਤ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਖੇਡ ਬੁਨਿਆਦੀ ਢਾਂਚੇ ਦੇ ਵਿਕਾਸ ਨਾਲ ਨੌਜਵਾਨਾਂ ਨੂੰ ਆਪਣੇ ਪਿੰਡਾਂ ਦੇ ਨੇੜੇ ਹੀ ਬਿਹਤਰ ਖੇਡ ਸਹੂਲਤਾਂ ਮਿਲਣਗੀਆਂ। ਇਨ੍ਹਾਂ ਵਿਚੋਂ 1000 ਖੇਡ ਸਟੇਡੀਅਮ ਬਣ ਕੇ ਤਿਆਰ ਵੀ ਹੋ ਚੁੱਕਾ ਹੈ। ਕੰਗ ਨੇ ਕਿਹਾ ਕਿ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਯੋਗ ਪਰਵਾਰਾਂ ਨੂੰ 10 ਲੱਖ ਰੁਪਏ ਤੱਕ ਕੈਸ਼ਲੈੱਸ ਇਲਾਜ ਦੀ ਸਹੂਲਤ ਪ੍ਰਦਾਨ ਕਰਨ ਲਈ ਵੀ ਉਪਰਾਲੇ ਕੀਤੇ ਗਏ ਹਨ।



# ਨੰਬਰਦਾਰ ਦਰਸ਼ਨ ਸਿੰਘ ਨੂੰ ਸੇਜਲ ਅੱਖਾਂ ਨਾਲ ਦਿੱਤੀ ਅੰਤਮ ਵਿਦਾਇਗੀ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਪਿੰਡ ਡਡਵਿੰਡੀ ਦੇ ਸਤਿਕਾਰਯੋਗ ਅਤੇ ਮਿਲਾਪੜੇ ਸੁਭਾਅ ਵਾਲੇ ਨੰਬਰਦਾਰ ਦਰਸ਼ਨ ਸਿੰਘ ਦੇ ਅਚਾਨਕ ਸਦੀਵੀ ਵਿਛੋੜੇ ਨਾਲ ਸਮੁੱਚੇ ਇਲਾਕੇ ਵਿੱਚ ਸੋਗ ਦੀ ਲਹਿਰ ਹੈ। ਨੰਬਰਦਾਰ ਦਰਸ਼ਨ ਸਿੰਘ ਜਥੇਦਾਰ ਮੁਖਤਿਆਰ ਸਿੰਘ ਡਡਵਿੰਡੀ, ਜ਼ਿਲ੍ਹਾ ਪ੍ਰਧਾਨ ਕਪੂਰਥਲਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਗੁਰਨਾਮ ਸਿੰਘ ਅਤੇ ਹਰਜੀਤ ਸਿੰਘ ਯੂ ਐੱਸ ਏ ਦੇ ਸਤਿਕਾਰਯੋਗ ਪਿਤਾ ਸਨ। ਉਨ੍ਹਾਂ ਦਾ ਪਿੰਡ ਡਡਵਿੰਡੀ ਵਿਖੇ ਗਮਗੀਨ ਮਾਹੌਲ ਵਿੱਚ ਅੰਤਿਮ ਸੰਸਕਾਰ ਕਰ ਦਿੱਤਾ ਗਿਆ, ਜਿੱਥੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ, ਪਿੰਡ ਵਾਸੀਆਂ ਅਤੇ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸੇਜਲ ਅੱਖਾਂ ਨਾਲ ਉਨ੍ਹਾਂ ਨੂੰ ਅੰਤਿਮ ਵਿਦਾਇਗੀ ਦਿੱਤੀ। ਅੰਤਿਮ ਸੰਸਕਾਰ ਮੌਕੇ ਹਰਜਿੰਦਰ ਸਿੰਘ ਜੱਖੂ, ਦੋਆਬਾ ਜ਼ੋਨ ਇੰਚਾਰਜ; ਬੀਬੀ ਸੁਖਜੀਤ ਕੌਰ, ਇਸਤਰੀ ਵਿੰਗ ਜ਼ਿਲ੍ਹਾ ਪ੍ਰਧਾਨ; ਜਥੇਦਾਰ ਸੁਲੱਖਣ ਸਿੰਘ, ਹਲਕਾ ਇੰਚਾਰਜ ਸ਼ਾਹਕੋਟ, ਕੁਲਵਿੰਦਰ ਸਿੰਘ ਢਿੱਲਵਾਂ, ਜ਼ਿਲ੍ਹਾ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸੁਖਜਿੰਦਰ ਸਿੰਘ ਭਾਗਵਾਨਪੁਰ, ਸਰਵਣ ਸਿੰਘ ਬਾਊਪੁਰ, ਪੁਸ਼ਪਿੰਦਰ ਸਿੰਘ ਮੋਮੀ, ਹਰਵਿੰਦਰ ਸਿੰਘ, ਮਾਰਕੀਟ ਕਮੇਟੀ ਸੁਪਰਵਾਈਜ਼ਰ, ਵਿਕਰਮਜੀਤ ਸੁਪਰਵਾਈਜ਼ਰ; ਐਡਵੋਕੇਟ ਰਜਿੰਦਰ ਸਿੰਘ ਰਾਣਾ, ਪ੍ਰਧਾਨ ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਕਪੂਰਥਲਾ, ਬਲਦੇਵ ਸਿੰਘ ਟੀਟਾ; ਰਣਜੀਤ ਸਿੰਘ ਰਾਣਾ, ਸਾਬਕਾ ਬਲਾਕ ਸੰਮਤੀ ਮੈਂਬਰ, ਗੁਰਪ੍ਰੀਤ ਸਿੰਘ ਸਰਪੰਚ ਮਾਮੂਪੁਰ ਹਰਿਆਣਾ, ਹਰਜਿੰਦਰ ਸਿੰਘ ਲਾਡੀ; ਨਰਿੰਦਰ ਸਿੰਘ ਜੈਨਪੁਰ, ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਕਵਲਨੈਣ ਸਿੰਘ ਕੈਨੀ; ਜਸਵੀਰ ਸਿੰਘ, ਸਾਬਕਾ ਸਰਪੰਚ ਡਡਵਿੰਡੀ; ਸੁਰਜੀਤ ਸਿੰਘ ਭੌਰ, ਬਲਵਿੰਦਰ ਸਿੰਘ ਧਾਲੀਵਾਲ, ਪ੍ਰਦੀਪ ਸਿੰਘ ਅਟਵਾਲ ਜਲੰਧਰੀਏ, ਰਮੇਸ਼ ਡਡਵਿੰਡੀ, ਸਾਬਕਾ ਜ਼ਿਲ੍ਹਾ ਪ੍ਰਧਾਨ, ਸਰਵਣ ਲਾਲ ਸਰਪੰਚ ਡਡਵਿੰਡੀ, ਸਤਨਾਮ ਸਿੰਘ ਨਾਮੀ, ਸਾਬਕਾ ਸਰਪੰਚ, ਹਰਫੂਲ ਸਿੰਘ ਰਾਜੇਵਾਲ, ਸੁਖਜਿੰਦਰ ਸਿੰਘ ਸਾਬੀ, ਸੰਤੋਖ ਸਿੰਘ, ਯੂਥ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਕਪੂਰਥਲਾ, ਮਗਤ ਰਾਮ ਸਰਪੰਚ, ਹਰਦੀਪ ਸਿੰਘ ਅਤੇ ਪਰਮਜੀਤ ਸਿੰਘ ਪੰਮਾ, ਜਸਵੀਤ ਸਿੰਘ ਭੌਰ ਸਾਬਕਾ ਸਰਪੰਚ,ਰਣਜੀਤ ਸਿੰਘ ਜੋਗਾ ਸਿੰਘ ਬੁੱਕਣ ਸਿੰਘ ਦਲਜੀਤ ਸਿੰਘ ਹਰਨੇਕ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਪਿੰਡ ਵਾਸੀ ਹਾਜ਼ਰ ਰਹੇ।ਇਸ ਮੌਕੇ ਵੱਖ-ਵੱਖ ਆਗੂਆਂ ਅਤੇ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਜਥੇਦਾਰ ਮੁਖਤਿਆਰ ਸਿੰਘ ਡਡਵਿੰਡੀ ਅਤੇ ਸਮੁੱਚੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।



# ਸਾਂਝਾ ਮੁਲਾਜ਼ਮ ਤੇ ਪੈਨਸ਼ਨਰ ਤਾਲਮੇਲ ਫਰੰਟ ਨੇ ਮੁੱਖ ਮੰਤਰੀ ਦਾ ਪੁਤਲਾ ਫੂਕਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਸਥਾਨਕ ਤਹਿਸੀਲ ਕੰਪਲੈਕਸ ਮੂਹਰੇ ਸਾਂਝਾ ਮੁਲਾਜਮ ਅਤੇ ਪੈਨਸ਼ਨਰ ਤਾਲਮੇਲ ਫਰੰਟ ਨੇ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗ ਨਾ ਕਰਨ ਦੇ ਵਿਰੋਧ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਰਥੀ ਫੂਕ ਰੋਸ ਪ੍ਰਗਟਾਇਆ। ਪ ਸ ਸ ਫ਼ ਪ੍ਰਧਾਨ ਰਾਜੀਵ ਸ਼ਰਮਾ ਦੀ ਪ੍ਰਧਾਨਗੀ ਹੇਠ ਮੁਲਾਜਮਾਂ ਅਤੇ ਪੈਨਸ਼ਨਰਾਂ ਨੇ ਸਰਕਾਰ ਖਿਲਾਫ਼ ਨਾਅਰੇਬਾਜੀ ਕੀਤੀ। ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਪੰਜਾਬ ਦੇ ਸੂਬਾ ਕਨਵੀਨਰ ਜਸਵੀਰ ਤਲਵਾੜਾ ਨੇ ਕਿਹਾ ਕਿ ਸਾਂਝਾ ਫਰੰਟ ਲੰਮੇ ਸਮੇਂ ਤੋਂ ਮੁਲਾਜ਼ਮ ਅਤੇ ਪੈਨਸ਼ਨਰ ਮੰਗਾਂ ਲਈ ਸੰਘਰਸ਼ ਕਰ ਰਿਹਾ ਹੈ। ਸਾਂਝਾ ਫਰੰਟ ਹਰ ਤਰ੍ਹਾਂ ਦੇ ਕੱਚੇ ਮੁਲਾਜਮਾਂ ਨੂੰ ਪੱਕੇ, ਮਾਣ ਭੱਤੇ ਉੱਤੇ ਕੰਮ ਕਰਦੇ ਕਰਮਚਾਰੀਆਂ ਨੂੰ ਘਟੋ ਘੱਟ ਉਜਰਤ ਦੇ ਘੇਰੇ ਵਿੱਚ ਲਿਆਉਣ, ਪੁਰਾਣੀ ਪੈਨਸ਼ਨ ਬਹਾਲ ਕਰਨ, ਹਾਈਕੋਰਟ ਦੇ ਫੈਸਲੇ ਮੁਤਾਬਕ 18 ਫੀਸਦੀ ਡੀ ਏ ਜਾਰੀ ਕਰਨ, ਖਾਲੀ ਅਸਾਮੀਆਂ ਉੱਤੇ ਪੂਰੇ ਸਕੇਲਾਂ ਤੇ ਰੈਗੂਲਰ ਭਰਤੀ, ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਬੰਦ ਕਰਨ, ਪੈਨਸ਼ਨਰਾਂ ਨੂੰ 2.59 ਦਾ ਗੁਣਾਕ ਦੇਣ ਆਦਿ ਲਈ ਲਗਾਤਾਰ ਸੰਘਰਸ਼ ਕਰ ਰਿਹਾ ਹੈ। ਉਪਰੰਤ ਮੁਲਾਜਮਾਂ ਤੇ ਪੈਨਸ਼ਨਰਾਂ ਨੇ ਮੁੱਖ ਮੰਤਰੀ ਦਾ ਪੁੱਤਲਾ ਫੂਕ ਨਾਅਰੇਬਾਜੀ ਕੀਤੀ। ਹੋਰਨਾਂ ਤੋਂ ਇਲਾਵਾ ਕੇਹਰ ਸਿੰਘ, ਮੇਲਾ ਸਿੰਘ, ਸ਼ਾਮ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।



# ਸਾਂਝੇ ਮੁਲਾਜ਼ਮ ਫਰੰਟ ਨੇ ਮੁੱਖ ਮੰਤਰੀ ਦਾ ਪੁਤਲਾ ਫੂਕਿਆ



**ਸੁਲਤਾਨਪੁਰ ਲੋਧੀ (ਹਨੀ, ਬਲਵਿੰਦਰ ਸਿੰਘ ਧਾਲੀਵਾਲ)**-ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਅਣਗੌਲਿਆਂ ਕਰਨ ਅਤੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਮਾਂ ਦੇ ਕੇ ਮੀਟਿੰਗ ਨਾ ਕਰਨ ਦੇ ਵਿਰੋਧ ਵਿੱਚ ਸਾਂਝੇ ਮੁਲਾਜ਼ਮ ਫਰੰਟ ਦੇ ਆਗੂਆਂ ਨੇ ਸੁਲਤਾਨਪੁਰ ਲੋਧੀ ਵਿਖੇ ਰੋਸ ਮਾਰਚ ਕੱਢਣ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਦਾ ਸ਼ਹੀਦ ਊਧਮ ਸਿੰਘ ਚੌਕ ਵਿੱਚ ਪੁਤਲਾ ਫੂਕਿਆ ਗਿਆ ਅਤੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਇਸ ਤੋਂ ਪਹਿਲਾਂ ਐਸ ਡੀ ਐਮ ਦਫਤਰ ਮੂਹਰੇ ਦਿੱਤੇ ਧਰਨੇ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਫਰੰਟ ਸੁਲਤਾਨਪੁਰ ਲੋਧੀ ਦੇ ਆਗੂਆਂ ਸੁਖਚੈਨ ਸਿੰਘ ਗੌਰਮਿੰਟ ਟੀਚਰ ਯੂਨੀਅਨ, ਪ੍ਰਿੰਸੀਪਲ ਕਰਨੈਲ ਸਿੰਘ ਪੈਨਸ਼ਨਰ ਐਸੋਸੀਏਸ਼ਨ, ਮਾਸਟਰ ਕੇਡਰ ਯੂਨੀਅਨ ਦੇ ਪ੍ਰਧਾਨ ਨਰੇਸ਼ ਕੋਹਲੀ, ਅਧਿਆਪਕ ਦਲ ਤੋਂ ਮਨਜਿੰਦਰ ਸਿੰਘ, ਸਤਵਿੰਦਰ ਸਿੰਘ ਸਟਾਫ਼ ਨਰਸਿੰਗ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਕੁਲਵਿੰਦਰ ਕੌਰ, ਸਿਹਤ ਵਿਭਾਗ ਦੇ ਆਗੂ ਸੰਨੀ ਸਹੋਤਾ ਨੇ ਕਿਹਾ ਕਿ ਹਿਮਾਚਲ, ਹਰਿਆਣਾ,ਉੱਤਰ ਪ੍ਰਦੇਸ਼, ਰਾਜਸਥਾਨ ਸਮੇਤ ਹੋਰ ਸੂਬਿਆਂ ਦੀਆਂ ਸਰਕਾਰਾਂ ਨੇ ਆਪਣੇ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਸਕੀਮ ਦੇ ਦਿੱਤੀ ਹੈ।ਇਸ ਮੌਕੇ ਸੀਨੀਅਰ ਜਸਵਿੰਦਰ ਸਿੰਘ ਸਿਕਾਰਪੁਰ, ਅਵਤਾਰ ਸਿੰਘ, ਦੀਪਕ ਚਾਵਲਾ, ਯੋਗੇਸ਼ ਸੌਰੀ, ਰਣਜੀਤ ਸਿੰਘ, ਕੰਵਲਪ੍ਰੀਤ ਸਿੰਘ ਕੌੜਾ,ਨਵਨੀਤ ਕੌਰ ਜੰਮੂ, ਤਰੰਨਮਜੀਤ ਕੌਰ, ਜਗਮੋਹਣ ਸਿੰਘ,ਅੰਮ੍ਰਿਤਪਾਲ ਸਿੰਘ, ਤਰਲੋਚਨ ਸਿੰਘ, ਅਜੈ ਕੁਮਾਰ ਗੁਪਤਾ, ਗੁਰਦੇਵ ਸਿੰਘ, ਪਰਦੀਪ ਕੌਰ, ਮੀਤ ਪ੍ਰਧਾਨ ਮਾਸਟਰ ਸੁੱਚਾ ਸਿੰਘ ਮਿਰਜ਼ਾ ਪੁਰ, ਸੀਨੀਅਰ ਅਸਿਸਟੈਂਟ ਕੁਲਜੀਤ ਸਿੰਘ, ਕਾਮਰੇਡ ਗੁਰਚਰਨ ਦਾਸ, ਕੰਵਰਦੀਪ ਸਿੰਘ ਕੇ ਡੀ, ਗੋਪਾਲ ਦਾਸ, ਸੁਖਦੇਵ ਸਿੰਘ ਬੂਲਪੁਰ, ਅਮਰਿੰਦਰ ਸਿੰਘ ਫਾਰਮੇਸੀ ਅਫ਼ਸਰ, ਅਵਤਾਰ ਸਿੰਘ ਹੈਬਤਪੁਰ, ਬਲਿਹਾਰ ਸਿੰਘ, ਗੁਰਪ੍ਰੀਤ ਸਿੰਘ, ਗੁਰਦੇਵ ਸਿੰਘ, ਨਵਜੀਤ ਜੰਮੂ, ਕੁਲਬੀਰ ਕੌਰ, ਤਰੰਨਮ ਪ੍ਰੀਤ ਕੌਰ, ਪ੍ਰਦੀਪ ਕੌਰ, ਸੁਖਜਿੰਦਰ ਸਿੰਘ, ਅਮਨ ਸ਼ਰਮਾ, ਜਸਵਿੰਦਰ ਸਿੰਘ ਸ਼ਿਕਾਰਪੁਰ, ਰੁਪਿੰਦਰ ਸਿੰਘ ਆਲੂਪੁਰ, ਯੁਗੇਸ਼ ਸੌਰੀ, ਸਤਵਿੰਦਰ ਸਿੰਘ, ਅੰਮ੍ਰਿਤਪਾਲ ਸਿੰਘ ਲੋਹੀਆਂ, ਅਜੇ ਗੁਪਤਾ, ਜਗਮੋਹਣ ਸਿੰਘ, ਰਣਜੀਤ ਸਿੰਘ ਆਦਿ ਹਾਜ਼ਰ ਸਨ।

# ਪੁਲਸ ਇੰਸਪੈਕਟਰ ਜਨਰਲ ਨੇ ਸੇਵਾਮੁਕਤੀ 'ਤੇ ਪਰੇਡ ਤੋਂ ਸਲਾਮੀ ਲਈ



**ਜਲੰਧਰ, (ਸੁਰਿੰਦਰ ਕੁਮਾਰ)**-ਪੀ ਏ ਪੀ-2 ਜਲੰਧਰ ਵਿਖੇ ਤਾਇਨਾਤ ਇੰਸਪੈਕਟਰ ਜਨਰਲ ਆਫ਼ ਪੁਲਸ ਰਾਜਪਾਲ ਸਿੰਘ ਸੰਧੂ, 31 ਅਗਸਤ ਨੂੰ ਸਰਕਾਰੀ ਸੇਵਾ ਤੋਂ ਸੇਵਾਮੁਕਤ ਹੋ ਰਹੇ ਹਨ। ਪੀ ਏ ਪੀ ਜਲੰਧਰ ਵਿਖੇ ਉਨ੍ਹਾਂ ਦੇ ਸਨਮਾਨ ਵਿੱਚ ਇੱਕ ਵਿਦਾਇਗੀ ਪਰੇਡ ਦਾ ਆਯੋਜਨ ਕੀਤਾ ਗਿਆ, ਜਿੱਥੇ ਉਨ੍ਹਾਂ ਨੇ ਸਲਾਮੀ ਲਈ। ਉਨ੍ਹਾਂ ਦੀ ਅਗਵਾਈ ਹੇਠ ਕਈ ਅਪਰਾਧਿਕ ਗਿਰੋਹਾਂ ਦਾ ਪਰਦਾਫਾਸ਼ ਕੀਤਾ ਗਿਆ ਅਤੇ ਚੋਰੀ/ਲੁੱਟੀ ਗਈ ਜਾਇਦਾਦ ਦੀ ਮਹੱਤਵਪੂਰਨ ਬਰਾਮਦਗੀ ਕੀਤੀ ਗਈ। ਉਨ੍ਹਾਂ ਨੇ ਨਸ਼ਾ ਤਸਕਰਾਂ ਅਤੇ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਵਿਰੁੱਧ ਵੀ ਬਹੁਤ ਸ਼ਲਾਘਾਯੋਗ ਕੰਮ ਕੀਤਾ। ਵਿਦਾਇਗੀ ਪਰੇਡ ਦੇ ਸੰਬੰਧ ਵਿੱਚ ਆਯੋਜਿਤ ਮਾਰਚ ਪਾਸਟ ਤੋਂ ਬਾਅਦ ਮਨਦੀਪ ਸਿੰਘ ਗਿੱਲ ਕਮਾਂਡੈਂਟ ਟ੍ਰੇਨਿੰਗ ਜਲੰਧਰ ਪੰਜਾਬ ਨੇ ਰਾਜਪਾਲ ਸਿੰਘ ਸੰਧੂ ਅਤੇ ਮੌਜੂਦ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ। ਹਰਕਮਲਪ੍ਰੀਤ ਸਿੰਘ ਖੱਖ, ਏ ਆਈ ਜੀ, ਪੀ ਏ ਪੀ, ਜਲੰਧਰ ਪੰਜਾਬ ਨੇ ਸਮਾਰੋਹ ਵਿੱਚ ਸ਼ਾਮਲ ਹੋਣ ਲਈ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।

# ਬੰਦੀ ਸਿੰਘਾਂ ਦੀ ਰਿਹਾਈ ਲਈ ਗੁਰਦੁਆਰਾ ਅੰਬ ਸਾਹਿਬ ਵਿਖੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ



**ਮੋਹਾਲੀ, (ਗੁਰਜੀਤ ਬਿੱਲਾ)**- ਬੰਦੀ ਸਿੰਘਾਂ ਦੀ ਰਿਹਾਈ ਅਤੇ ਚੜ੍ਹਦੀ ਕਲਾ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਹੋਏ ਫੈਸਲੇ ਅਨੁਸਾਰ ਗੁਰਦੁਆਰਾ ਸ੍ਰੀ ਅੰਬ ਸਾਹਿਬ, ਪਾਤਸ਼ਾਹੀ ਸੱਤਵੀਂ, ਮੋਹਾਲੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਇਆ ਗਿਆ ਸੀ, ਜਿਸ ਦੇ ਭੋਗ ਪਾਏ ਗਏ। ਇਸ ਉਪਰੰਤ ਗੁਰਬਾਣੀ ਕੀਰਤਨ ਅਤੇ ਅਰਦਾਸ ਕੀਤੀ ਗਈ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਮੋਹਾਲੀ ਦੇ ਹਲਕਾ ਇੰਚਾਰਜ ਅਤੇ ਜ਼ਿਲ੍ਹਾ ਪ੍ਰਧਾਨ ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਕਿ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਬੰਦੀ ਸਿੰਘਾਂ ਵਜੋਂ ਜਾਣੇ ਜਾਂਦੇ ਕਈ ਸਿੱਖ ਕੈਦੀ ਆਪਣੀਆਂ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਹਨ।ਉਨ੍ਹਾਂ ਕਿਹਾ ਕਿ ਜਦੋਂ ਕੋਈ ਕੈਦੀ ਕਾਨੂੰਨ ਅਨੁਸਾਰ ਆਪਣੀ ਸਜ਼ਾ ਪੂਰੀ ਕਰ ਲੈਂਦਾ ਹੈ ਤਾਂ ਉਸ ਨੂੰ ਸਿਰਫ਼ ਉਸ ਦੀ ਧਾਰਮਿਕ ਜਾਂ ਸਿਆਸੀ ਪਛਾਣ ਦੇ ਆਧਾਰ 'ਤੇ ਲੰਮੇ ਸਮੇਂ ਤੱਕ ਜੇਲ੍ਹ ਵਿੱਚ ਰੱਖਣਾ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਸੋਹਾਣਾ ਨੇ ਕਿਹਾ ਕਿ ਕਈ ਬੰਦੀ ਸਿੰਘ 20, 25 ਅਤੇ 30 ਸਾਲ ਤੱਕ ਜੇਲ੍ਹਾਂ ਵਿੱਚ ਰਹਿ ਚੁੱਕੇ ਹਨ ਅਤੇ ਕੁਝ ਮਾਮਲਿਆਂ ਵਿੱਚ ਉਮਰ ਕੈਦ ਤੋਂ ਵੀ ਵੱਧ ਸਮਾਂ ਜੇਲ੍ਹ ਕੱਟਣ ਦੇ ਬਾਵਜੂਦ ਉਨ੍ਹਾਂ ਦੀ ਰਿਹਾਈ ਦਾ ਮਾਮਲਾ ਲਟਕਾਇਆ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਵੱਲੋਂ ਵੀ ਪਹਿਲਾਂ ਇਹ ਮਾਮਲਾ ਸਰਕਾਰਾਂ ਅਤੇ ਰਾਸ਼ਟਰਪਤੀ ਤੱਕ ਪਹੁੰਚਾਇਆ ਗਿਆ ਹੈ।ਬੀਬੀ ਪਰਮਜੀਤ ਕੌਰ ਲਾਂਡਰਾਂ ਮੈਂਬਰ ਐਸ ਜੀ ਪੀ ਸੀ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਇਸ ਮਾਮਲੇ ਵਿੱਚ ਆਪਣੀ ਜ਼ਿੰਮੇਵਾਰੀ ਨਿਭਾਉਂਦਿਆਂ ਫੌਰੀ ਤੌਰ 'ਤੇ ਢੁੱਕਵੇਂ ਕਦਮ ਚੁੱਕਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਦਾ ਮਾਮਲਾ ਸਿਰਫ਼ ਕਿਸੇ ਇੱਕ ਪਰਿਵਾਰ ਜਾਂ ਵਿਅਕਤੀ ਦਾ ਮਾਮਲਾ ਨਹੀਂ, ਸਗੋਂ ਲੰਮੇ ਸਮੇਂ ਤੋਂ ਚੱਲ ਰਹੇ ਇਨਸਾਫ਼ ਅਤੇ ਮਨੁੱਖੀ ਅਧਿਕਾਰਾਂ ਨਾਲ ਜੁੜਿਆ ਮਾਮਲਾ ਹੈ। ਸਰਕਾਰਾਂ ਨੂੰ ਇਸ ਮਸਲੇ ਨੂੰ ਹੋਰ ਲਟਕਾਉਣ ਦੀ ਬਜਾਏ ਸੰਵਿਧਾਨਕ ਅਤੇ ਕਾਨੂੰਨੀ ਪ੍ਰਕਿਰਿਆ ਤਹਿਤ ਜਲਦ ਫੈਸਲਾ ਲੈਣਾ ਚਾਹੀਦਾ ਹੈ। ਇਸ ਮੌਕੇ ਬੀਬੀ ਮਨਜੀਤ ਸਿੰਘ ਮਾਨ, ਪ੍ਰੀਤਮ ਸਿੰਘ, ਕਰਮਜੀਤ ਸਿੰਘ ਬੱਬਰਾ, ਸੁਰਜੀਤ ਸਿੰਘ ਮਠਾੜੂ, ਕੇਸਰ ਸਿੰਘ ਬਲੌਂਗੀ, ਪਰਮਜੀਤ ਸਿੰਘ ਐਮ.ਸੀ., ਸਤਬੀਰ ਸਿੰਘ, ਸਰਬਜੀਤ ਸਿੰਘ ਪਾਰਸ, ਮਨਮੋਹਨ ਸਿੰਘ ਕਾਹਲੋਂ, ਇੰਦਰਜੀਤ ਸਿੰਘ, ਹਰਜਿੰਦਰ ਸਿੰਘ, ਗੁਰਸਰਨਦੀਪ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਮਲਕਪੁਰ ਦੇ ਪੁਲ ਲਈ 2.25 ਕਰੋੜ ਮਨਜ਼ੂਰ: ਚੱਬੇਵਾਲ



**ਫਗਵਾੜਾ (ਜਸਵਿੰਦਰ ਢੱਡਾ)**-ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਦਸਿਆ ਕਿ ਪੰਜਾਬ ਸਰਕਾਰ ਨੇ ਮਲਕਪੁਰ ਵਿੱਚ 2.25 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਪੁਲ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਨਾਲ ਮਲਕਪੁਰ ਅਤੇ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਦੀ ਬਹੁਤ ਪੁਰਾਣੀ ਮੰਗ ਪੂਰੀ ਹੋ ਗਈ ਹੈ।ਇੱਥੇ ਇੱਕ ਸਮਾਗਮ ਦੌਰਾਨ ਲੋਕਾਂ ਨੂੰ ਸੰਬੋਧਨ ਕਰਦਿਆਂ ਡਾ. ਚੱਬੇਵਾਲ ਨੇ ਦੱਸਿਆ ਕਿ ਪੁੱਲ ਦਾ ਕੰਮ ਜਲਦੀ ਹੀ ਸ਼ੁਰੂ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਪੁੱਲ ਮਲਕਪੁਰ ਤੋਂ ਤੋਡਰਪੁਰ ਅਤੇ ਵਾਹਿਦ ਪਿੰਡਾਂ ਵੱਲ ਆਵਾਜਾਈ ਨੂੰ ਆਸਾਨ, ਸੁਰੱਖਿਅਤ ਅਤੇ ਸੌਖਾਲਾ ਬਣਾਏਗਾ। ਇਸ ਨਾਲ ਇਲਾਕੇ ਦੇ ਵਿਕਾਸ ਅਤੇ ਕਾਰੋਬਾਰ ਨੂੰ ਵੀ ਵੱਾ ਹੁਲਾਰਾ ਮਿਲੇਗਾ। ਡਾ. ਚੱਬੇਵਾਲ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਤੋਂ ਹੀ ਇਸ ਪੁੱਲ ਦੀ ਮੰਗ ਅਧੂਰੀ ਸੀ, ਕਿਉਂਕਿ ਪੁਰਾਣੀਆਂ ਸਰਕਾਰਾਂ ਨੇ ਲੋਕਾਂ ਦੀ ਇਸ ਸਮੱਸਿਆ ਵੱਲ ਧਿਆਨ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਵਿਕਾਸ ਲਈ ਵਚਨਬੱਧ ਹੈ ਅਤੇ ਫਗਵਾੜਾ ਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸੁਵਿਧਾਵਾਂ ਸੁਧਾਰਨ ਤੇ ਖਾਸ ਧਿਆਨ ਦੇ ਰਹੀ ਹੈ। ਐੱਮ ਪੀ ਨੇ ਅੱਗੇ ਦੱਸਿਆ ਕਿ ਪੁੱਲ ਤੋਂ ਇਲਾਵਾ ਮਲਕਪੁਰ ਵਿੱਚ 60 ਲੱਖ ਰੁਪਏ ਦੇ ਹੋਰ ਵਿਕਾਸ ਕਾਰਜ ਵੀ ਚੱਲ ਰਹੇ ਹਨ। ਇਨ੍ਹਾਂ ਵਿੱਚ ਪੰਚਾਇਤ ਘਰ, ਸੀਵਰੇਜ ਦਾ ਕੰਮ ਅਤੇ ਇੱਕ ਖੇਡ ਸਟੇਡੀਅਮ ਦੀ ਉਸਾਰੀ ਸ਼ਾਮਲ ਹੈ। ਡਾ. ਚੱਬੇਵਾਲ ਨੇ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਦੇ ਪੂਰੇ ਹੋਣ ਨਾਲ ਮਲਕਪੁਰ ਵਿੱਚ ਬੁਨਿਆਦੀ ਸੁਵਿਧਾਵਾਂ ਵਿੱਚ ਵੱਡਾ ਸੁਧਾਰ ਆਵੇਗਾ ਅਤੇ ਇਲਾਕੇ ਦੀ ਤਰੱਕੀ ਹੋਵੇਗੀ।

# ਪਾਸ਼ ਦੇ 76ਵੇਂ ਜਨਮ ਦਿਹਾੜੇ ਦੀਆਂ ਤਿਆਰੀਆਂ ਲਈ ਮੀਟਿੰਗ



**ਜਲੰਧਰ (ਲਖਵਿੰਦਰ ਸਿੰਘ ਆਧੀ)** ਚੋਟੀ ਦੇ ਇਨਕਲਾਬੀ ਕਵੀ ਅਵਤਾਰ ਸਿੰਘ ਪਾਸ਼ ਦੇ ਜੱਦੀ ਘਰ ਵਿਖੇ ਪਿੰਡ ਦੇ ਚੋਣਵੇਂ ਵਲੰਟੀਅਰ ਸਾਥੀਆਂ ਦੀ ਇੱਕ ਵਿਸ਼ੇਸ਼ ਮੀਟਿੰਗ ਕਵੀ ਦੇ ਗ੍ਰਹਿ ਵਿਖੇ ਆਯੋਜਿਤ ਕੀਤੀ ਗਈ।ਇਸ ਮੀਟਿੰਗ ਦਾ ਮੁੱਖ ਉਦੇਸ਼ ਆਉਂਦੀ 9 ਸਤੰਬਰ ਨੂੰ ਪਾਸ਼ ਦੇ ਜਨਮ ਦਿਹਾੜੇ ਨੂੰ ਉਨ੍ਹਾਂ ਦੇ ਪਿੰਡ ਤਲਵੰਡੀ ਸਲੇਮ ਵਿਖੇ ਪੂਰੀ ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ ਮਨਾਉਣ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇਣਾ ਸੀ।ਮੀਟਿੰਗ ਦੌਰਾਨ ਨਗਰ ਦੇ ਮਜ਼ਦੂਰਾਂ ਅਤੇ ਕਿਸਾਨਾਂ ਵੱਲੋਂ ਇਸ ਸਮਾਗਮ ਨੂੰ ਸਫ਼ਲ ਬਣਾਉਣ ਲਈ ਭਰਵਾਂ ਸਹਿਯੋਗ ਦੇਣ ਦਾ ਪੂਰਾ ਵਾਅਦਾ ਕੀਤਾ ਗਿਆ। ਮੀਟਿੰਗ ਦੌਰਾਨ ਸਮਾਗਮ ਦੇ ਪ੍ਰਬੰਧਾਂ ਬਾਰੇ ਵਿਚਾਰ-ਚਰਚਾ ਕਰਦਿਆਂ ਕਮੇਟੀ ਦੇ ਕਨਵੀਨਰ ਮੋਹਨ ਸਿੰਘ ਬੱਲ ਨੇ ਦੱਸਿਆ ਕਿ ਇਸ ਕੌਮੀ ਪੱਧਰ ਦੀ ਸ਼ਖ਼ਸੀਅਤ ਦੇ ਜਨਮ ਦਿਨ ਨੂੰ ਯਾਦਗਾਰੀ ਬਣਾਉਣ ਲਈ ਇਲਾਕੇ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਇਸ ਮੌਕੇ ਕਮੇਟੀ ਮੈਂਬਰ ਹਰਮੇਸ਼ ਮਾਲੜੀ, ਐਡਵੋਕੇਟ ਸੁਰਿੰਦਰ ਖੀਵਾ, ਮਲਕੀਅਤ ਸਿੰਘ ਈਦਾ, ਪਾਸ਼ ਦੇ ਚਚੇਰੇ ਭਰਾ ਸੁਖਵਿੰਦਰ ਸਿੰਘ ਸੁੱਚਾ, ਸਾਬਕਾ ਸਰਪੰਚ ਮਨਜਿੰਦਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਪਿੰਡ ਦੇ ਮੋਹਤਬਾਰ ਸੱਜਣ ਹਾਜ਼ਰ ਸਨ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਫਰੰਟ ਵੱਲੋਂ ਪੁਤਲਾ ਫੂਕ ਮੁਜ਼ਾਹਰਾ



**ਗੁਰਾਇਆ (ਬਿੰਦਰ ਸੁਮਨ)** ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝੇ ਫਰੰਟ ਅਤੇ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ 'ਤੇ ਮੁੱਖ ਮੰਤਰੀ ਵੱਲੋਂ ਸਾਂਝੀ ਤਾਲਮੇਲ ਕਮੇਟੀ ਪੰਜਾਬ ਨੂੰ ਮੀਟਿੰਗ ਦਾ ਸਮਾਂ ਦੇ ਕੇ ਬਾਰ-ਬਾਰ ਮੀਟਿੰਗ ਮੁਲਤਵੀ ਕਰਨ ਦੇ ਵਿਰੋਧ ਵਿੱਚ ਸਾਂਝੇ ਮੰਚ ਦੇ ਫੈਸਲਿਆਂ ਅਨੁਸਾਰ ਪੂਰੇ ਪੰਜਾਬ ਅੰਦਰ ਮੁੱਖ ਮੰਤਰੀ ਦੇ ਪੁਤਲੇ ਫੂਕਣ ਦਾ ਫੈਸਲਾ ਕੀਤਾ ਗਿਆ।ਇਸੇ ਤਹਿਤ ਗੁਰਾਇਆ 'ਚ ਵੀ ਮੁੱਖ ਮੰਤਰੀ ਦਾ ਪੁਤਲਾ ਫੂਕਿਆ ਗਿਆ, ਪਿਛਲੇ ਸਮੇਂ ਅਨੁਸਾਰ ਸਾਂਝੀ ਤਾਲਮੇਲ ਕਮੇਟੀ ਵੱਲੋਂ ਦਿੱਤੇ ਗਏ ਸੰਘਰਸ਼ ਪ੍ਰੋਗਰਾਮ ਤਹਿਤ ਸਮੁੱਚੇ ਮੁਲਾਜ਼ਮ ਅਤੇ ਪੈਨਸ਼ਨਰ ਸਾਥੀਆਂ ਵੱਲੋਂ ਜ਼ਿਲ੍ਹਾ ਹੈਡਕੁਆਰਟਰਾਂ ਤੇ ਧਰਨੇ ਦਿੱਤੇ ਗਏ ਕਿਉਂਕਿ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਦਾ ਮੁਲਾਜ਼ਮਾ ਪ੍ਰਤੀ ਪੈਨਸ਼ਨਾਰਾ ਪ੍ਰਤੀ ਰਵਈਆ ਨਿੰਦਣਯੋਗ ਹੈ।ਇਸ ਰੋਸ਼ ਪ੍ਰਦਰਸ਼ਨ ਵਿੱਚ ਬੁਲਾਏ ਸਾਥੀਆਂ ਬਲਵਿੰਦਰ ਪਾਲ ਪ੍ਰਧਾਨ ਪੈਨਸ਼ਨਰ ਐਸੋਸੀਏਸ਼ਨ, ਸੁਰਿੰਦਰ ਲਾਖਾ ਸੈਕਟਰੀ, ਸ਼ਿਵ ਕੁਮਾਰ ਤਿਵਾੜੀ ਡਿਪਟੀ ਜਨਰਲ ਸਕੱਤਰ ਪੰਜਾਬ ,ਕੁਲਵਿੰਦਰ ਸਿੰਘ ਜਥੇਬੰਦਕ ਸਕੱਤਰ, ਬਨਾਰਸੀ ਦਾਸ ਕੈਸ਼ੀਅਰ ਅਤੇ ਟੈਕਨੀਕਲ ਸਰਵਿਸ ਯੂਨੀਅਨ ਦੇ ਸਟੇਟ ਕਮੇਟੀ ਮੈਂਬਰ ਸੰਜੀਵ ਕੁਮਾਰ, ਨਰਿੰਦਰ ਪਾਲ ਜੋਨ ਪ੍ਰਧਾਨ, ਵਿਨੋਦ ਕੁਮਾਰ ਮੰਡਲ ਸਕੱਤਰ, ਰਵੀਜੋਤ ਮੰਡਲ ਕੈਸ਼ੀਅਰ, ਦੇਵੀ ਪ੍ਰਸਾਦ, ਜਸਵਿੰਦਰ ਸਿੰਘ, ਮੱਖਣ ਲਾਲ ਅਤੇ ਮਹਿੰਗਾ ਮਸੀਹ ਆਦਿ ਨੇ ਸੰਬੋਧਨ ਕੀਤਾ ਤੇ ਅਗਲੇ ਆਉਣ ਵਾਲੇ ਤਿੱਖੇ ਸੰਘਰਸ਼ ਸਬੰਧੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਤਿਆਰ ਰਹਿਣ ਲਈ ਪ੍ਰੇਰਿਤ ਕੀਤਾ।

# ਰੱਖੜ ਪੁੰਨਿਆ ਦੇ ਤਿਉਹਾਰ ਮੌਕੇ ਸੈਂਕੜੇ ਸੰਗਤਾਂ ਨੇ ਲਵਾਈ ਹਾਜ਼ਰੀ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਰੱਖੜ ਪੁੰਨਿਆਂ ਦੇ ਪਵਿੱਤਰ ਤਿਉਹਾਰ ਮੌਕੇ ਡੇਰਾ ਬਾਬਾ ਭਗਤ ਰਾਮ ਜੀ ਪਿੰਡ ਨੰਗਲ ਖੂੰਗਾ ਵਿਖੇ ਸਲਾਨਾ ਸਮਾਗਮ ਕਰਵਾਇਆ ਗਿਆ।ਮੌਜੂਦਾ ਗੱਦੀ ਨਸ਼ੀਨ ਸੰਤ ਨਰੇਸ਼ ਗਿਰ ਦੀ ਅਗਵਾਈ



ਵਿੱਚ ਸਮੂਹ ਸੇਵਾਦਾਰਾਂ ਦੇ ਸਹਿਯੋਗ ਨਾਲ ਕਰਵਾਏ ਗਏ ਇਹ ਸਮਾਗਮ ਦੌਰਾਨ ਇਲਾਕੇ ਭਰ ਚੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਬਾਬਾ ਜੀ ਦੇ ਸਥਾਨ ਤੇ ਨਤਮਸਤਕ ਹੁੰਦੇ ਹੋਏ ਕਰਵਾਏ ਗਏ ਧਾਰਮਿਕ ਸਮਾਗਮ ਵਿੱਚ ਹਾਜ਼ਰੀ ਲਗਵਾਈ। ਸਮਾਗਮ ਦੌਰਾਨ ਸਭ ਤੋਂ ਪਹਿਲਾਂ ਵੱਡੀ ਗਿਣਤੀ ਦੌਰਾਨ ਪਹੁੰਚੀਆਂ ਸੰਗਤਾਂ ਦੀ ਹਾਜ਼ਰੀ ਵਿੱਚ ਗੁਰੂ ਘਰ ਦੇ ਹੈਡ ਗ੍ਰੰਥੀ ਗਿਆਨੀ ਜੈ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕਰਨ ਤੋਂ ਬਾਅਦ ਸ੍ਰੀ ਨਿਸ਼ਾਨ ਸਾਹਿਬ ਚੜਾਉਣ ਦੀ ਸੇਵਾ ਕੀਤੀ ਗਈ। ਉਪਰੰਤ 26 ਅਗਸਤ ਤੋਂ ਆਰੰਭ ਕੀਤੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।ਇਸ ਮੌਕੇ ਸਜਾਏ ਗਏ ਧਾਰਮਿਕ ਸਮਾਗਮ ਵਿੱਚ ਸੰਤ ਬਾਬਾ ਨਰੇਸ਼ ਗਿਰ ਜੀ ਤੋਂ ਇਲਾਵਾ ਸੰਤ ਜਸਪਾਲ ਸਿੰਘ ਉੜਦੇ ਵਾਲੇ ਸੰਤ ਸੋਢੀ ਸ਼ਾਹ ਦਰਬਾਰ ਚੋਲੀਪੁਰ ਵਾਲੇ, ਸੰਤ ਰਾਮ ਗਿਰ ਜੀ ਰਾਜਪੁਰ ਕੰਡੀ ਵਾਲੇ, ਸੰਤ ਹੁਸ਼ਿਆਰ ਗਿਰ ਜੀ ਹੁਸ਼ਿਆਰਪੁਰ ਵਾਲੇ ਅਤੇ ਹੋਰ ਅਨੇਕਾਂ ਹੀ ਸੰਤਾਂ ਮਹਾਂਪੁਰਸ਼ਾਂ ਨੇ ਪਹੁੰਚ ਕੇ ਹਾਜ਼ਰੀ ਲਗਵਾਈ।ਇਸ ਮੌਕੇ ਕੀਰਤਨੀ ਜਥਿਆਂ ਨੇ ਸਮੂਹ ਸੰਗਤ ਨੂੰ ਗੁਰੂ ਮਹਿਮਾ ਦੁਆਰਾ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਨਾਲ ਜੋੜਿਆ ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਐਸ. ਸੀ ਵਿੰਗ ਦੇ ਜਿਲਾ ਪ੍ਰਧਾਨ ਸਰਬਜੀਤ ਸਿੰਘ ਮੋਮੀ, ਸਮਾਜ ਸੇਵੀ ਤੇ ਭਾਜਪਾ ਆਗੂ ਰਸ਼ਪਾਲ ਸਿੰਘ ਚਰੜ, ਸਮਾਜ ਸੇਵੀ ਸ਼ੁਭਮ ਸਹੋਤਾ, ਮਿਸ਼ਨਰੀ ਪ੍ਰਚਾਰਕ ਪ੍ਰੋਫੈਸਰ ਸੋਮਨਾਥ ਫਗਵਾੜਾ, ਸਰਪੰਚ ਪਰਮਜੀਤ ਜੌਹਲ ਨੇ ਦੂਰੋਂ ਨੇੜਿਓਂ ਪਹੁੰਚੀਆਂ ਸੰਗਤਾਂ ਨੂੰ ਰੱਖੜ ਪੁੰਨਿਆਂ ਦੇ ਪਵਿੱਤਰ ਤਿਉਹਾਰ ਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਸੰਜੀਵਾ ਨੰਦ ਹਰਸੀ ਪਿੰਡ,ਸੇਵਾਦਾਰ ਕੁਲਦੀਪ ਸਿੰਘ, ਰੂਪ ਲਾਲ , ਬਲਵੀਰ ਬੱਬੂ, ਅਵਤਾਰ ਸਿੰਘ ਤਾਰੀ , ਸੰਦੀਪ ਸਿੰਘ, ਜਰਨੈਲ ਸਿੰਘ, ਦਵਿੰਦਰ ਸਿੰਘ, ਡਾ. ਸੋਹਣ ਸਿੰਘ, ਰਣਜੀਤ ਸਿੰਘ ਰਾਜਪੁਰ, ਅਮਰੀਕ ਸਿੰਘ ਸੋਢੀ, ਗੁਰਪ੍ਰੀਤ ਸਿੰਘ ਰਾਜਪੁਰ, ਸਰਪੰਚ ਦਲਜੀਤ ਸਿੰਘ, ਰਮਨ ਰਾਜਪੁਰੀਆ,ਮਨਜੀਤ ਸਿੰਘ, ਗੁਰਪ੍ਰੀਤ ਸਿੰਘ, ਜਸ਼ਨਪ੍ਰੀਤ ਸਿੰਘ ਮੂਨਕਾ, ਬਲਵਿੰਦਰ ਸਿੰਘ ਸੀਕਰੀ, ਸਰਬਜੀਤ ਫੁੱਲ , ਜੱਸੀ ਮੂਨਕਾ, ਕਿਰਪਾਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਵੀ ਮੌਜੂਦ ਸਨ।

# ਮੇਜਰ ਧਿਆਨ ਚੰਦ ਦੀ ਯਾਦ 'ਚ 'ਕੌਮੀ ਖੇਡ ਦਿਵਸ' ਮਨਾਇਆ



**ਗੁਰਾਇਆ (ਬਿੰਦਰ ਸੁਮਨ)**- ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਮੰਜਕੀ ਵਿਖੇ ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਦੀ ਰਹਿਨੁਮਾਈ ਹੇਠ ਅਤੇ ਐਨ.ਐਸ.ਐਸ. ਵਿਭਾਗ ਦੇ ਸਹਿਯੋਗ ਨਾਲ ਕੌਮੀ ਖੇਡ ਦਿਵਸ ਦਾ ਆਯੋਜਨ ਕੀਤਾ ਗਿਆ। ਇਹ ਦਿਹਾੜਾ ਮਨਾਉਣ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਖੇਡਾਂ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ। ਇਸ ਮੌਕੇ ਵੱਖ-ਵੱਖ ਖੇਡ ਮੁਕਾਬਲੇ ਜਿਵੇਂ ਕਿ ਸਪੂਨ ਰੇਸ, ਸੈਕ ਰੇਸ, ਥਰੀ-ਲੈਗ ਰੇਸ, ਕੈਰਮ ਬੋਰਡ, ਟੱਗ ਆਫ਼ ਵਾਰ ਕਰਵਾਏ ਗਏ। ਵਿਦਿਆਰਥੀਆਂ ਨੇ ਵੱਡੀ ਗਿਣਤੀ ਉਤਸ਼ਾਹ ਪੂਰਵਕ ਹਿੱਸਾ ਲਿਆ। ਸਪੂਨ ਰੇਸ ਮੁਕਾਬਲੇ ਵਿੱਚ ਗੁਰਲੀਨ (ਬੀ.ਏ.ਪੰਜਵਾਂ ਸਮੈਸਟਰ) ਨੇ ਪਹਿਲਾ ਸਥਾਨ ਸਿਮਰਨ (ਬੀ.ਸੀ.ਏ.ਤੀਸਰਾ ਸਮੈਸਟਰ) ਨੇ ਦੂਸਰਾ ਸਥਾਨ ਹਾਸਿਲ ਕੀਤਾ। ਸੈਕ ਰੇਸ ਮੁਕਾਬਲੇ ਵਿੱਚ ਗੁਰਲੀਨ ਅਤੇ ਹਰਪ੍ਰੀਤ ਨੇ ਜਿੱਤ ਪ੍ਰਾਪਤ ਕੀਤੀ।

ਦੇ ਇੰਚਾਰਜ ਜੌਹਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਖੇਡਾਂ ਚਰਿੱਤਰ ਨੂੰ ਘੜਨ, ਸਰੀਰਕ ਅਤੇ ਮਾਨਸਿਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਅਤੇ ਇਸ ਤੋਂ ਇਲਾਵਾ ਅਨੁਸ਼ਾਸਨ, ਟੀਮ- ਵਰਕ ਅਤੇ ਲੀਡਰਸ਼ਿਪ ਵਰਗੇ ਗੁਣਾਂ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਹਨਾਂ ਕਿਹਾ ਕਿ ਹਾਕੀ ਦੇ ਜਾਦੂਗਰ ਖਿਡਾਰੀ ਮੇਜਰ ਧਿਆਨ ਚੰਦ ਦੇ ਸਨਮਾਨ ਵਿੱਚ ਇਹ ਦਿਹਾੜਾ ਮਨਾਇਆ ਜਾਂਦਾ ਹੈ। ਸਾਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਖੇਡਾਂ ਦੀ ਅਹਿਮੀਅਤ ਸਮਝਣੀ ਚਾਹੀਦੀ ਹੈ।

# ਰੱਖੜ ਪੁੰਨਿਆ ਦਾ ਦਿਹਾੜਾ ਸ਼ਰਧਾ ਨਾਲ ਮਨਾਇਆ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਗੁਰਦੁਆਰਾ ਗੁਰੂ ਨਾਨਕ ਦਰਬਾਰ ਅਸਥਾਨ ਬਾਬਾ ਸ੍ਰੀ ਚੰਦ ਜੀ ਟਾਂਡਾ ਸ੍ਰੀ ਹਰਗੋਬਿੰਦਪੁਰ ਰੋਡ ਨੇੜੇ ਪਿੰਡ ਜੰਡ ਕੋਟਲੀ ਵਿਖੇ ਪੂਰਨਮਾਸ਼ੀ ਦੇ ਦਿਹਾੜੇ ਮੌਕੇ ਗੁਰੂ ਲਾਧੋ ਰੇ ਦਿਵਸ ਤੇ ਰੱਖੜ ਪੁੰਨਿਆ ਦਾ ਦਿਹਾੜਾ ਸ਼ਰਧਾ ਤੇ ਸਤਿਕਾਰ ਤੇ ਨਾਲ ਮਨਾਇਆ ਗਿਆ। ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੁਖਦੇਵ ਸਿੰਘ ਵੇਦੀ 16ਵੀਂ ਸੰਤਾਨ ਸ੍ਰੀ ਗੁਰੂ ਨਾਨਕ ਦੇਵ ਜੀ ਅੰਸ ਦਰਬਾਰ ਸ੍ਰੀ ਚੋਲਾ ਸਾਹਿਬ ਡੇਰਾ ਬਾਬਾ ਨਾਨਕ ਵਾਲਿਆਂ ਦੀ ਅਗਵਾਈ ਵਿੱਚ ਕਰਵਾਏ ਗਏ ਸਮਾਗਮ ਦੌਰਾਨ ਸਭ ਤੋਂ ਪਹਿਲਾਂ ਸ੍ਰੀ ਸਹਿਜ ਪਾਠ ਅਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਲੜੀਆਂ ਦੇ ਭੋਗ ਪਾਏ ਗਏ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਕਰਵਾਏ ਗਏ ਧਾਰਮਿਕ ਸਮਾਗਮ ਦੌਰਾਨ ਬਾਬਾ ਬਲਵਿੰਦਰ ਸਿੰਘ ਖਡੂਰ ਸਾਹਿਬ ਵਾਲੇ, ਗਿਆਨੀ ਤਰਸੇਮ ਸਿੰਘ ਖਾਲਸਾ ਅੰਮ੍ਰਿਤਸਰ ਵਾਲੇ, ਬਾਬਾ ਰਸਪਾਲ ਸਿੰਘ ਪਤਿਆਲਾ ਵਾਲੇ ਤੇ ਹੋਰਨਾਂ ਰਾਗੀ ਢਾਡੀ ਜਥਿਆਂ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਨਾਲ ਜੋੜਿਆ।ਇਸ ਮੌਕੇ ਮੁੱਖ ਸੇਵਾਦਾਰ ਬਾਬਾ ਸੁਖਦੇਵ ਸਿੰਘ ਵੇਦੀ ਨੇ ਸਮੂਹ ਸੰਗਤ ਨੂੰ ਪੂਰਨਮਾਸੀ ਤੇ ਰੱਖੜ ਪੁੰਨਿਆ ਦੇ ਦਿਹਾੜੇ ਤੇ ਮੁਬਾਰਕਬਾਦ ਦਿੱਤੀ। ਸਮਾਗਮ ਦੌਰਾਨ ਪ੍ਰਬੰਧਕ



ਸੇਵਾਦਾਰ ਡਾ. ਸੁਖਵਿੰਦਰ ਸਿੰਘ ਬੇਦੀ ਨੇ ਦੂਰੋਂ ਨੇੜਿਓਂ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ। ਸਮਾਗਮ ਵਿੱਚ ਪਹੁੰਚੇ ਸਮਾਜਸੇਵੀ ਰਸ਼ਪਾਲ ਸਿੰਘ ਚਰੜ ਨੇ ਸਮੂਹ ਸੰਗਤ ਨੂੰ ਗੁਰੂ ਲਾਧੋ ਰੇ ਦਿਵਸ ਅਤੇ ਰੱਖੜ ਪੁੰਨਿਆ ਦੇ ਤਿਉਹਾਰ ਮੌਕੇ ਮੁਬਾਰਕਬਾਦ ਦਿੰਦੇ ਹੋਏ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ। ਸਮਾਗਮ ਵਿੱਚ ਡਾ. ਸੁਖਵਿੰਦਰ ਸਿੰਘ ਬੇਦੀ, ਸਮਾਜ ਸੇਵੀ ਰਸ਼ਪਾਲ ਸਿੰਘ ਚਰੜ, ਡਾ. ਸੁਖਪ੍ਰੀਤ ਸਿੰਘ ਬੇਦੀ, ਡਾ. ਜਸ਼ਨਜੋਤ ਸਿੰਘ ਬੇਦੀ, ਪ੍ਰਧਾਨ ਨਾਜਰ ਸਿੰਘ ਸਹਿਬਾਜਪੁਰ, ਮਾਸਟਰ ਵਿਸਾਖਾ ਸਿੰਘ, ਕਮਲ ਲਾਲ ਮਿਆਣੀ, ਹਰਜੀਤ ਸਿੰਘ ਖਾਲਸਾ, ਲਖਵੀਰ ਸਿੰਘ ਗਿੱਲਾ, ਪਰਮਜੀਤ ਸਿੰਘ, ਸਰਬਜੀਤ ਸਿੰਘ, ਸਤਨਾਮ ਸਿੰਘ , ਦੀਦਾਰ ਸਿੰਘ ਬਲਦੇਵ ਸਿੰਘ, ਬੀਰ ਸਿੰਘ , ਬੂਟਾ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਰੂਪੋਵਾਲ ਦਾ 166ਵਾਂ ਛਿੰਝ ਮੇਲਾ 19 ਤੇ 20 ਸਤੰਬਰ ਨੂੰ

**ਗੁਰਾਇਆ (ਬਿੰਦਰ ਸੁਮਨ)**: ਡੇਰਾ ਦੁੱਧਾਧਾਰੀ ਬਾਬਾ ਬਸਾਊ ਨੂੰ ਸਮਰਪਿਤ ਪਿੰਡ ਰੂਪੋਵਾਲ ਵਿਖੇ 166ਵਾਂ ਸਾਲਾਨਾ ਛਿੰਝ ਮੇਲਾ ਮਿਤੀ 19 ਅਤੇ 20 ਸਤੰਬਰ ਨੂੰ ਕਰਵਾਉਣ ਸੰਬੰਧੀ ਪ੍ਰਬੰਧਕ ਕਮੇਟੀ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਡੇਰੇ ਵਿਖੇ ਕੀਤੀ ਗਈ। ਇਸ ਮੌਕੇ ਮੇਲੇ ਦੀਆਂ



ਤਿਆਰੀਆਂ, ਪ੍ਰਬੰਧਾਂ ਅਤੇ ਵੱਖ-ਵੱਖ ਕਾਰਜਾਂ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਪ੍ਰਬੰਧਕਾਂ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਛਿੰਝ ਮੇਲਾ ਬੜੀ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਕਰਵਾਇਆ ਜਾਵੇਗਾ ਅਤੇ ਮਿਤੀ 15 ਸਤੰਬਰ ਤੋਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਪਾਠ ਵੀ ਆਰੰਭ ਹੋਣਗੇ।

ਮੇਲੇ ਦੌਰਾਨ ਕੁਸ਼ਤੀ ਮੁਕਾਬਲੇ ਵਿਸ਼ੇਸ਼ ਖਿੱਚ ਦਾ ਕੇਂਦਰ ਰਹਿਣਗੇ, ਜਿਨ੍ਹਾਂ ਵਿੱਚ ਵੱਖ-ਵੱਖ ਇਲਾਕਿਆਂ ਤੋਂ ਨਾਮਵਰ ਪਹਿਲਵਾਨ ਹਿੱਸਾ ਲੈਣਗੇ। ਛਿੰਝ ਮੇਲੇ ਵਿੱਚ ਪਹਿਲਵਾਨਾਂ ਲਈ ਵੱਖ-ਵੱਖ ਇਨਾਮ ਅਤੇ ਨਕਦ ਰਾਸ਼ੀਆਂ ਵੀ ਰੱਖੀਆਂ ਗਈਆਂ ਹਨ। ਪ੍ਰਬੰਧਕ ਕਮੇਟੀ ਵੱਲੋਂ ਮੇਲੇ ਵਿੱਚ ਆਉਣ ਵਾਲੀਆਂ ਸੰਗਤਾਂ ਅਤੇ ਦਰਸ਼ਕਾਂ ਦੇ ਬੈਠਣ ਲਈ, ਪੀਣ ਵਾਲੇ ਪਾਣੀ, ਟ੍ਰੈਫਿਕ, ਸੁਰੱਖਿਆ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਸੰਬੰਧੀ ਵੀ ਵਿਚਾਰ ਕੀਤਾ ਗਿਆ। ਇਸ ਤੋਂ ਇਲਾਵਾ ਮੇਲੇ ਦੌਰਾਨ ਹੋਣ ਵਾਲੇ ਧਾਰਮਿਕ ਅਤੇ ਸੱਭਿਆਚਾਰਕ ਸਮਾਗਮਾਂ ਸਬੰਧੀ ਵੀ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਗੁਰਦੀਪ ਸਿੰਘ ਪ੍ਰਧਾਨ, [illegible] ਸੰਦੀਪ ਸਿੰਘ, [illegible] ਸਿੰਘ ਢੇਸੀ, ਮੱਖਣ ਸਿੰਘ ਅਤੇ ਸੋਹਣ ਸਿੰਘ, ਬਲਵਿੰਦਰ ਸਿੰਘ, [illegible] ਕਟਾਰੀਆਂ, ਮਾਸਟਰ ਜਗਦੀਸ਼ ਮਹਿਮੀ, ਮਨਵੀਰ ਸਿੰਘ ਅਤੇ ਸੋਮਪਾਲ ਨੇ ਦੱਸਿਆ ਕੀ ਛਿੰਝ ਮੇਲੇ ਲਈ ਅਵਤਾਰ ਸਿੰਘ ਸਰਾਨਾ ਪਰਿਵਾਰ ਵੱਲੋਂ ਇੱਕ ਕਾਰ, ਰਵਿੰਦਰ ਸਿੰਘ ਗਰੇਵਾਲ ਦੇ ਪਰਿਵਾਰ ਵੱਲੋਂ ਟਰੈਕਟਰ, ਗੁਰਦੀਪ ਸਿੰਘ ਢੇਸੀ ਦੇ ਪਰਿਵਾਰ ਵੱਲੋਂ ਬੁਲਟ ਮੋਟਰਸਾਈਕਲ, ਨਾਨਕ ਚੰਦ ਕਟਾਰੀਆ ਪਰਿਵਾਰ ਵੱਲੋਂ ਸਪਲੈਂਡਰ ਮੋਟਰਸਾਈਕਲ ਇਨਾਮ ਵਜੋਂ ਦਿੱਤੇ ਜਾਣਗੇ।

# ਹਾਕੀ ਖਿਡਾਰੀਆਂ ਨੂੰ ਖੇਡ ਕਿੱਟਾਂ ਵੰਡੀਆਂ

**ਜਲੰਧਰ (ਸ਼ੈਲੀ ਐਲਬਰਟ)**: ਮਹਾਨ ਹਾਕੀ ਖਿਡਾਰੀ ਅਤੇ ਓਲੰਪੀਅਨ ਮੇਜਰ ਧਿਆਨ ਚੰਦ ਦੇ 121ਵੇਂ ਜਨਮ ਦਿਵਸ ਅਤੇ ਰਾਸ਼ਟਰੀ ਖੇਡ ਦਿਵਸ ਮੌਕੇ ਸੁਰਜੀਤ ਹਾਕੀ ਸੁਸਾਇਟੀ ਵੱਲੋਂ ਸਥਾਨਕ ਸੁਰਜੀਤ ਹਾਕੀ ਸਟੇਡੀਅਮ, ਬਰਲਟਨ ਪਾਰਕ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸੁਰਜੀਤ ਹਾਕੀ ਅਕੈਡਮੀ ਨਾਲ ਸਬੰਧਤ 100 ਉਭਰਦੇ ਹਾਕੀ ਖਿਡਾਰੀਆਂ ਨੂੰ ਖੇਡ ਕਿੱਟਾਂ ਵੰਡੀਆਂ ਗਈਆਂ।ਸਮਾਗਮ ਵਿੱਚ ਡਿਪਟੀ ਕਮਿਸ਼ਨਰ ਜਲੰਧਰ ਅਤੇ ਸੁਰਜੀਤ ਹਾਕੀ ਸੁਸਾਇਟੀ ਦੇ ਪ੍ਰਧਾਨ ਵਰਜੀਤ ਸਿੰਘ ਵਾਲੀਆ, ਆਈ.ਏ.ਐਸ. ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਖਿਡਾਰੀਆਂ ਨੂੰ ਖੇਡ ਕਿੱਟ ਪ੍ਰਦਾਨ ਕੀਤੀਆਂ।ਉਨ੍ਹਾਂ ਨੇ ਨੌਜਵਾਨ ਖਿਡਾਰੀਆਂ ਨੂੰ ਰਾਸ਼ਟਰੀ ਖੇਡ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ ਅਤੇ ਉਨ੍ਹਾਂ ਨੂੰ ਅਨੁਸ਼ਾਸਨ, ਮਿਹਨਤ, ਟੀਮ ਭਾਵਨਾ ਅਤੇ ਜ਼ਿੰਮੇਵਾਰੀ ਦੀ ਸਿੱਖਿਆ ਦਿੰਦੀਆਂ ਹਨ।ਡਿਪਟੀ ਕਮਿਸ਼ਨਰ ਵਰਜੀਤ ਸਿੰਘ ਵਾਲੀਆ ਨੇ ਕਿਹਾ ਕਿ ਮੇਜਰ ਧਿਆਨ ਚੰਦ ਦੀ ਜ਼ਿੰਦਗੀ ਅਤੇ ਖੇਡ ਪ੍ਰਤੀ ਸਮਰਪਣ ਨੌਜਵਾਨ ਖਿਡਾਰੀਆਂ ਲਈ ਪ੍ਰੇਰਨਾ ਦਾ ਸਰੋਤ ਹੈ।ਇਸ ਮੌਕੇ ਸੁਰਜੀਤ ਹਾਕੀ ਸੁਸਾਇਟੀ ਦੇ ਵਰਕਿੰਗ ਪ੍ਰਧਾਨ ਲੇਖ ਰਾਜ ਨਈਅਰ ਨੇ ਡਿਪਟੀ ਕਮਿਸ਼ਨਰ ਦਾ ਸਵਾਗਤ ਕਰਦਿਆਂ ਕਿਹਾ ਕਿ ਸੁਸਾਇਟੀ ਵੱਲੋਂ



100 ਉਭਰਦੇ ਖਿਡਾਰੀਆਂ ਨੂੰ ਖੇਡ ਕਿੱਟਾਂ ਮੁਹੱਈਆ ਕਰਵਾਉਣ ਦਾ ਉਦੇਸ਼ ਜ਼ਮੀਨੀ ਪੱਧਰ 'ਤੇ ਹਾਕੀ ਦੀ ਪ੍ਰਤਿਭਾ ਨੂੰ ਉਤਸ਼ਾਹਿਤ ਕਰਨਾ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ ਹੋਣਹਾਰ ਖਿਡਾਰੀਆਂ ਨੂੰ ਲੋੜੀਂਦਾ ਸਾਜ਼ੋ-ਸਾਮਾਨ ਉਪਲਬਧ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਸੁਸਾਇਟੀ ਲੰਮੇ ਸਮੇਂ ਤੋਂ ਹਾਕੀ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨ ਖਿਡਾਰੀਆਂ ਨੂੰ ਬਿਹਤਰ ਸਿਖਲਾਈ ਤੇ ਸਹੂਲਤਾਂ ਪ੍ਰਦਾਨ ਕਰਨ ਲਈ ਕੰਮ ਕਰ ਰਹੀ ਹੈ। ਸਮਾਗਮ ਦੌਰਾਨ ਡਿਪਟੀ ਕਮਿਸ਼ਨਰ ਵਰਜੀਤ ਸਿੰਘ ਵਾਲੀਆ, ਸੁਸਾਇਟੀ ਦੇ ਅਹੁਦੇਦਾਰਾਂ, ਕੋਚਾਂ, ਖਿਡਾਰੀਆਂ ਅਤੇ ਮਾਪਿਆਂ ਨੇ ਮੇਜਰ ਧਿਆਨ ਚੰਦ ਦੇ ਜਨਮ ਦਿਵਸ ਮੌਕੇ ਕੇਕ ਕੱਟ ਕੇ ਮਹਾਨ ਖਿਡਾਰੀ ਨੂੰ ਯਾਦ ਕੀਤਾ ਅਤੇ ਜਲੰਧਰ ਦੀ ਹਾਕੀ ਵਿਰਾਸਤ ਨੂੰ ਹੋਰ ਮਜ਼ਬੂਤ ਕਰਨ ਅਤੇ ਨੌਜਵਾਨ ਪ੍ਰਤਿਭਾ ਨੂੰ ਅੱਗੇ ਲਿਆਉਣ ਦਾ ਸੰਕਲਪ ਲਿਆ। ਸੁਸਾਇਟੀ ਦੇ ਸੀ.ਈ.ਓ. ਇਕਬਾਲ ਸਿੰਘ ਸੰਧੂ ਨੇ ਦੱਸਿਆ ਕਿ ਖਿਡਾਰੀਆਂ ਨੂੰ [illegible] ਸਕੱਤਰ ਸੁਰਿੰਦਰ ਸਿੰਘ ਭਾਪਾ, ਅਵੇਤਨੀ ਸਕੱਤਰ ਰਣਬੀਰ ਸਿੰਘ ਟੁੱਟ, ਸੀਨੀਅਰ ਮੀਤ ਪ੍ਰਧਾਨ ਰਾਮ ਪਰਤਾਪ, ਓਲੰਪੀਅਨ ਰਾਜਿੰਦਰ ਸਿੰਘ, ਡਾ. ਸ਼ਿਵਿੰਦਰ ਸਿੰਘ, ਗੌਰਵ ਅਗਰਵਾਲ, ਕਰਨਦੀਪ ਸਿੰਘ ਤੋਂ ਇਲਾਵਾ ਹਾਕੀ ਕੋਚ ਪਰਦੀਪ ਕੌਰ, ਬਿੰਦੂ, ਸੀਤਾ ਦੇਵੀ ਸਮੇਤ ਹੋਰ ਪਤਵੰਤੇ, ਖਿਡਾਰੀ ਅਤੇ ਮਾਪੇ ਹਾਜ਼ਰ ਸਨ।

# ਬੰਦੀ ਸਿੰਘਾਂ ਦੀ ਰਿਹਾਈ ਸੰਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ

**ਗੁਰਾਇਆ (ਬਿੰਦਰ ਸੁਮਨ)**: ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਸਾਹਿਬ ਵਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਗੁਰਦਵਾਰਾ ਬਾਬਾ ਸੰਗ ਦੇ ਪਵਿੱਤਰ ਅਸਥਾਨ ਪਿੰਡ ਸੰਗ ਢੇਸੀਆਂ ਵਿਖੇ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਗੁਰਦਵਾਰਾ ਸਾਹਿਬ ਜੀ ਦੇ ਹਜ਼ੂਰੀ ਰਾਗੀ ਗੁਰਸਾਹਿਬ ਸਿੰਘ ਦੇ ਜਥੇ ਨੇ ਕੀਰਤਨ ਕਰਕੇ ਹਾਜ਼ਰ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਇਸ ਮੌਕੇ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਸਿੰਘਾਂ ਦੀ ਰਿਹਾਈ ਵਾਸਤੇ ਗੁਰੂ ਮਹਾਰਾਜ ਅੱਗੇ ਅਰਦਾਸ ਕਰਦੇ ਹੋਏ ਸਮੁੱਚੀ ਸਿੱਖ ਕੌਮ ਦੀ ਚੜਦੀ ਕਲਾ ਲਈ ਵੀ ਅਰਦਾਸ ਬੇਨਤੀ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕੁਲਵੀਰ ਸਿੰਘ ਬੜਾ ਪਿੰਡ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਅਮਰਜੀਤ ਸਿੰਘ ਢੇਸੀ ਨੇ ਕਿਹਾ ਕਿ ਧਰਮ ਯੁੱਧ ਮੋਰਚੇ ਦੌਰਾਨ ਪੰਜਾਬ ਅਤੇ ਸਿੱਖ ਕੌਮ ਦੀਆ ਹੱਕੀ ਮੰਗਾਂ ਨੂੰ ਲੈ ਕੇ ਜਿਨ੍ਹਾਂ ਸਿੰਘ ਸੂਰਮਿਆ ਨੇ ਸੰਘਰਸ਼ ਕੀਤਾ ਸੀ, ਉਹ ਸਿੰਘ ਸੂਰਮੇ ਲੰਮੇ ਸਮੇਂ ਤੋ ਜੇਲ੍ਹਾਂ ਵਿੱਚ ਡੱਕੇ ਹੋਏ ਹਨ, ਜਦ ਕਿ ਭਾਰਤੀ ਕਾਨੂੰਨ ਅਨੁਸਾਰ ਜੇਲਾ 'ਚ ਬੰਦ ਸਿੰਘ ਸਹਿਬਾਨ ਆਪਣੀਆ ਸਜਾਵਾ ਵੀ ਪੂਰੀਆ ਕਰ ਚੁੱਕੇ ਹਨ, ਪਰ ਉਹਨਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ, ਜਿਨ੍ਹਾਂ ਦੀ ਰਿਹਾਈ ਵਾਸਤੇ ਅੱਜ ਸਮੁੱਚੇ ਪੰਜਾਬ ਦੇ ਗੁਰਦੁਆਰਾ ਸਾਹਿਬ ਵਿੱਚ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾ ਕੇ ਸਿੰਘਾਂ ਦੀ ਰਿਹਾਈ ਅਤੇ ਉਨ੍ਹਾਂ ਦੀ ਚੜਦੀ ਕਲਾ ਵਾਸਤੇ ਅਰਦਾਸ ਕੀਤੀ ਗਈ ਹੈ, ਜੋ ਕਿ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਸਾਹਿਬ ਦਾ ਇੱਕ ਨੇਕ ਉਪਰਾਲਾ ਹੈ। ਇਸ ਮੌਕੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕੁਲਵੀਰ ਸਿੰਘ ਬੜਾ ਪਿੰਡ, ਸਰਕਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਬਾਦਲ) ਅਮਰਜੀਤ ਸਿੰਘ ਢੇਸੀ, ਜਸਵਿੰਦਰ ਸਿੰਘ ਬੜਾ ਪਿੰਡ, ਤੇਜਿੰਦਰ ਸਿੰਘ, ਨਿਰੰਜਨ ਸਿੰਘ, ਕੁਲਵੰਤ ਸਿੰਘ, ਮੱਖਣ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।



# ਵਿਸ਼ੇਸ਼ ਸਫ਼ਾਈ ਮੁਹਿੰਮ ਦੀ ਟਾਂਡਾ 'ਚ ਸ਼ੁਰੂਆਤ



**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)** ਪੰਜਾਬ ਸਰਕਾਰ ਵੱਲੋਂ 29 ਅਗਸਤ ਤੋਂ 8 ਸਤੰਬਰ ਤੱਕ ਚਲਾਈ ਜਾ ਰਹੀ ਵਿਸ਼ੇਸ਼ ਸਫ਼ਾਈ ਮੁਹਿੰਮ ਤਹਿਤ ਸ਼ਨੀਵਾਰ ਨੂੰ ਟਾਂਡਾ ਵਿੱਚ ਨਗਰ ਕੌਂਸਲ ਵੱਲੋਂ ਨਗਰ ਕੌਂਸਲ ਪ੍ਰਧਾਨ ਹਰਿਕਿਸ਼ਨ ਸੈਣੀ ਦੀ ਅਗਵਾਈ ਹੇਠ ਸਫ਼ਾਈ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਦੀ ਪਤਨੀ ਰਮਨਦੀਪ ਕੌਰ ਵਿਸ਼ੇਸ਼ ਤੌਰ 'ਤੇ ਪਹੁੰਚੀ। ਉਨ੍ਹਾਂ ਨੇ ਸਫ਼ਾਈ ਮੁਹਿੰਮ ਵਿੱਚ ਖੁਦ ਹਿੱਸਾ ਲੈਂਦਿਆਂ ਲੋਕਾਂ ਨੂੰ ਆਪਣੇ ਆਲੇ-ਦੁਆਲੇ ਦਾ ਖੇਤਰ ਸਾਫ਼-ਸੁਥਰਾ ਰੱਖਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਸਾਫ਼-ਸੁਥਰੇ ਸ਼ਹਿਰ ਲਈ ਸਿਰਫ਼ ਸਰਕਾਰੀ ਯਤਨ ਕਾਫ਼ੀ ਨਹੀਂ ਹਨ, ਸਗੋਂ ਹਰੇਕ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਸਮਝਦਿਆਂ ਸਫ਼ਾਈ ਵਿਵਸਥਾ ਬਣਾਈ ਰੱਖਣ ਵਿੱਚ ਸਹਿਯੋਗ ਦੇਣਾ ਚਾਹੀਦਾ ਹੈ।ਨਗਰ ਕੌਂਸਲ ਪ੍ਰਧਾਨ ਹਰਿਕਿਸ਼ਨ ਸੈਣੀ ਨੇ ਕਿਹਾ ਕਿ ਵਿਸ਼ੇਸ਼ ਮੁਹਿੰਮ ਦੌਰਾਨ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਸਫ਼ਾਈ ਵਿਵਸਥਾ ਨੂੰ ਹੋਰ ਬਿਹਤਰ ਬਣਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।ਕੌਂਸਲ ਦੀਆਂ ਟੀਮਾਂ ਵੱਲੋਂ ਜਨਤਕ ਥਾਵਾਂ ਅਤੇ ਹੋਰ ਖੇਤਰਾਂ ਦੀ ਸਫ਼ਾਈ ਕੀਤੀ ਜਾਵੇਗੀ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸੰਗਠਨ ਇੰਚਾਰਜ ਕੇਸ਼ਵ ਸੈਣੀ, ਕੌਂਸਲਰ ਪ੍ਰਵੀਨ ਖੰਨਾ, ਸੇਠ ਰਾਮ ਸੇਠੀ, ਹਰਮੀਤ ਵੜੈਚ, ਮਨਜੀਤ ਕੌਰ, ਪਰਮਜੀਤ ਕੌਰ ਘੁੰਮਣ, ਗੁਰਬਖ਼ਸ਼ ਕੌਰ, ਸਰੋਜ ਬਾਲਾ, ਸਾਬਕਾ ਕੌਂਸਲਰ ਲਖਵਿੰਦਰ ਸਿੰਘ ਮੁਲਤਾਨੀ, ਜਸਪ੍ਰੀਤ ਜੱਸੀ, ਅਨਿਲ ਕੁਮਾਰ ਗੋਰਾ, ਗੁਰਮੀਤ ਬਿੱਟੂ, ਅਮਨ ਘੁੰਮਣ, ਸਨਮਪ੍ਰੀਤ ਸਿੰਘ ਸਮੇਤ ਨਗਰ ਕੌਂਸਲ ਦੇ ਕਰਮਚਾਰੀ ਮੌਜੂਦ ਸਨ।

# ਸੰਸਾਰਪੁਰ 'ਚ ਰਾਊਂਡਗਲਾਸ ਹਾਕੀ ਅਕੈਡਮੀ ਨੇ ਰਾਸ਼ਟਰੀ ਖੇਡ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)** : ਜਲੰਧਰ ਜ਼ਿਲ੍ਹੇ ਦਾ ਪਿੰਡ ਸੰਸਾਰਪੁਰ, ਜਿਸ ਨੂੰ ਦੇਸ਼ ਵਿੱਚ ਸਭ ਤੋਂ ਵੱਧ ਓਲੰਪੀਅਨ ਪੈਦਾ ਕਰਨ ਕਾਰਨ 'ਭਾਰਤੀ ਹਾਕੀ ਦਾ ਮੱਕਾ' ਵਜੋਂ ਜਾਣਿਆ ਜਾਂਦਾ ਹੈ, ਰਾਊਂਡਗਲਾਸ ਹਾਕੀ ਅਕੈਡਮੀ ਵੱਲੋਂ ਰਾਸ਼ਟਰੀ ਖੇਡ ਦਿਵਸ ਸਮਾਗਮ ਮਨਾਇਆ। ਇਹ ਸਮਾਗਮ ਹਾਕੀ ਦੇ ਜਾਦੂਗਰ ਮੇਜਰ ਧਿਆਨ ਚੰਦ ਦੀ 121ਵੀਂ ਜਨਮ ਵਰ੍ਹੇਗੰਢ ਦੇ ਮੌਕੇ 'ਤੇ ਕਰਵਾਇਆ ਗਿਆ,



ਜਿਨ੍ਹਾਂ ਦਾ ਜਨਮ 29 ਅਗਸਤ, 1905 ਨੂੰ ਹੋਇਆ ਸੀ ਅਤੇ ਜਿਨ੍ਹਾਂ ਦੇ ਸ਼ਾਨਦਾਰ ਖੇਡ ਹੁਨਰ ਸਦਕਾ ਭਾਰਤ ਨੇ 1928, 1932 ਅਤੇ 1936 ਦੀਆਂ ਲਗਾਤਾਰ ਤਿੰਨ ਓਲੰਪਿਕ ਖੇਡਾਂ ਵਿੱਚ ਸੋਨ ਤਗਮੇ ਜਿੱਤੇ ਸਨ। ਰਾਸ਼ਟਰੀ ਖੇਡ ਦਿਵਸ 1995 ਤੋਂ ਹਰ ਸਾਲ ਉਨ੍ਹਾਂ ਦੇ ਸਨਮਾਨ ਵਿੱਚ ਮਨਾਇਆ ਜਾਂਦਾ ਹੈ ਅਤੇ ਇਸ ਸਾਲ ਦਾ ਰਾਸ਼ਟਰੀ ਥੀਮ 'ਖੇਲੇਗਾ ਭਾਰਤ, ਜੀਤੇਗਾ ਭਾਰਤ' ਜ਼ਮੀਨੀ ਪੱਧਰ 'ਤੇ ਖੇਡਾਂ ਵਿੱਚ ਵਧੇਰੇ ਭਾਗੀਦਾਰੀ ਨੂੰ ਉਤਸ਼ਾਹਿਤ ਕਰਦਾ ਹੈ।ਸਮਾਗਮ ਦੌਰਾਨ ਦੋ ਹਾਕੀ ਮੈਚ ਵੀ ਖੇਡੇ ਗਏ।ਲੜਕਿਆਂ ਦੇ ਮੁਕਾਬਲੇ ਵਿੱਚ, ਰਾਊਂਡਗਲਾਸ ਹਾਕੀ ਅਕੈਡਮੀ ਧਨੋਵਾਲੀ (ਲੜਕੇ) ਨੇ ਰਾਊਂਡਗਲਾਸ ਹਾਕੀ ਅਕੈਡਮੀ ਸੰਸਾਰਪੁਰ (ਲੜਕੇ) ਨੂੰ 4-3 ਦੇ ਸਕੋਰ ਨਾਲ ਹਰਾਇਆ।ਇੱਕ ਹੋਰ ਪ੍ਰਦਰਸ਼ਨੀ ਮੈਚ ਵਿੱਚ ਰਾਊਂਡਗਲਾਸ ਹਾਕੀ ਅਕੈਡਮੀ ਸੰਸਾਰਪੁਰ (ਲੜਕੇ) ਦਾ ਮੁਕਾਬਲਾ ਰਾਊਂਡਗਲਾਸ ਹਾਕੀ ਅਕੈਡਮੀ ਧਨੋਵਾਲੀ (ਲੜਕੀਆਂ) ਨਾਲ ਹੋਇਆ, ਜਿਸ ਵਿੱਚ ਸੰਸਾਰਪੁਰ ਟੀਮ ਨੇ 5-2 ਨਾਲ ਜਿੱਤ ਹਾਸਲ ਕੀਤੀ। ਸੰਸਾਰਪੁਰ ਦੇ ਸਮਾਗਮ ਵਿੱਚ ਕਈ ਪਤਵੰਤੇ ਸੱਜਣ ਸ਼ਾਮਲ ਹੋਏ, ਜਿਨ੍ਹਾਂ ਵਿੱਚ ਪੋਪਿੰਦਰ ਸਿੰਘ ਕੁਲਾਰ (ਮੁੱਖ ਮਹਿਮਾਨ), ਅਜੀਤ ਸਿੰਘ ਨਹਿਰੂ (ਵਿਸ਼ੇਸ਼ ਮਹਿਮਾਨ), ਕੁਲਵੰਤ ਸਿੰਘ ਆਸੀ, ਓਲੰਪੀਅਨ ਸੰਜੀਵ ਕੁਮਾਰ, ਕੁਲਵਿੰਦਰ ਸਿੰਘ ਨਹਿਰੂ, ਸ਼ਰਨਜੀਤ ਸਿੰਘ, ਸ਼ਮਸ਼ੇਰ ਸਿੰਘ, ਹਾਕੀ ਕੋਚ ਕੁਲਦੀਪ ਸਿੰਘ ਅਤੇ ਕੁਲਵੰਤ ਸਿੰਘ, ਚੜ੍ਹਤ ਸਿੰਘ, ਲਕਸ਼ਯ ਰਾਏਕਵਾਰ, ਅਨਯਾਇਤ ਨਾਹਰ, ਜੋਗਾ ਸਿੰਘ, ਦਵਿੰਦਰ ਸਿੰਘ, ਕੁਲਬੀਰ ਸਿੰਘ ਅਤੇ ਲਵਲੀ ਸਿੱਧੂ ਸ਼ਾਮਲ ਸਨ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਹੁਸ਼ਿਆਰਪੁਰ 'ਚ ਅਰਥੀ ਫੂਕ ਮੁਜ਼ਾਹਰਾ



**ਹੁਸ਼ਿਆਰਪੁਰ (ਓ ਪੀ ਰਾਣਾ)** ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਹੁਸ਼ਿਆਰਪੁਰ ਵੱਲੋਂ ਘੰਟਾ ਘਰ ਚੌਂਕ ਨਜਦੀਕ ਲੇਬਰ ਸ਼ੈਡ ਅੱਗੇ ਪੁਤਲਾ ਫੂਕ ਕੇ ਰੋਸ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਮੁਲਾਜ਼ਮ ਆਗੂਆਂ ਪੰਜਾਬ ਸਰਵਿਸ ਫੈਡਰੇਸ਼ਨ ਤੋਂ ਇੰਦਰਜੀਤ ਵਿਰਦੀ, ਅਧਿਆਪਕ ਆਗੂ ਸੁਰਜੀਤ ਰਾਜਾ, ਅਧਿਆਪਕ ਆਗੂ ਜਤਿੰਦਰ ਸੋਨੀ, ਅਮਰਜੀਤ ਅਤੇ ਪੈਨਸ਼ਨਰ ਸਾਥੀ ਮਨਜੀਤ ਸੈਣੀ, ਪੂਰਨ ਸਿੰਘ ਅਤੇ ਬਲਵਿੰਦਰ ਜੀਤ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਮੰਨਣ ਦੀ ਬਜਾਏ ਟਕਰਾ ਦਾ ਰਸਤਾ ਅਪਣਾ ਰਹੀ ਹੈ ਜਿਸ ਨੂੰ ਪੰਜਾਬ ਦੇ ਮੁਲਾਜ਼ਮ ਕਿਸੇ ਹਾਲਤ ਵਿੱਚ ਬਰਦਾਸ਼ਤ ਨਹੀਂ ਕਰਨਗੇ।ਮੋਰਚੇ ਦੇ ਆਗੂ ਮਨਜੀਤ ਸਿੰਘ ਬਾਜਵਾ, ਰਾਕੇਸ਼ ਕੁਮਾਰ, ਅਧਿਆਪਕ ਆਗੂ ਜਰਨੈਲ ਸੀਕਰੀ, ਕੁਲਦੀਪ ਸਿੰਘ, ਸ਼੍ਰੀਮਤੀ ਅਮਨਦੀਪ ਕੌਰ ਸੈਣੀ ਨੇ ਕਿਹਾ ਕਿ ਮੁਲਾਜ਼ਮਾਂ ਨੇ ਆਪਣੇ ਜਮਹੂਰੀ ਹੱਕ ਦਾ ਇਸਤੇਮਾਲ ਕਰਦਿਆਂ ਹੋਇਆਂ 27 ਅਗਸਤ ਨੂੰ ਪੂਰੇ ਪੰਜਾਬ ਵਿੱਚ ਸਮੂਹਿਕ ਛੁੱਟੀਆਂ ਲੈ ਕੇ ਰੋਸ ਦਾ ਪ੍ਰਗਟਾਵਾ ਕੀਤਾ ਸੀ। ਪੁਤਲਾ ਫੂਕ ਮੁਜਾਹਰੇ ਵਿੱਚ ਬਲਵਿੰਦਰਜੀਤ , ਨਵੀਨ ਕੁਮਾਰ, ਰਕੇਸ਼ ਕੁਮਾਰ, ਕੁਲਦੀਪ ਸਿੰਘ, ਸ਼੍ਰੀਮਤੀ ਮਨਦੀਪ ਕੌਰ, ਸ੍ਰੀਮਤੀ ਕਮਲਜੀਤ ਕੌਰ, ਸ੍ਰੀਮਤੀ ਮਮਤਾ, ਸ੍ਰੀਮਤੀ ਹਰਪ੍ਰੀਤ ਕੌਰ, ਸ੍ਰੀਮਤੀ ਰਕਸ਼ਾ ਕੁਮਾਰੀ, ਸ਼੍ਰੀਮਤੀ ਹਿਨਾ ਕੁਮਾਰੀ, ਸ਼੍ਰੀਮਤੀ ਪ੍ਰਮੋਦ ਸੰਗਰ, ਸ੍ਰੀਮਤੀ ਅਮਨਦੀਪ ਸੈਣੀ, ਸ਼੍ਰੀਮਤੀ ਤਜਿੰਦਰ ਕੌਰ, ਸ੍ਰੀਮਤੀ ਅਨੁਪਮ ਬੱਸੀ ਆਦਿ ਹਾਜ਼ਰ ਸਨ।

# 70ਵੀਆਂ ਅੰਤਰ ਜ਼ੋਨਲ ਕ੍ਰਿਕਟ ਟੂਰਨਾਮੈਂਟ ਲੜਕੇ ਸ਼ਾਨੋ-ਸ਼ੌਕਤ ਨਾਲ ਸਮਾਪਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਿੱਖਿਆ ਵਿਭਾਗ ਵੱਲੋਂ ਕਰਵਾਈਆਂ ਜਾ ਰਹੀਆਂ 70ਵੀਂਆਂ ਅੰਤਰ ਜ਼ੋਨਲ ਕ੍ਰਿਕਟ ਟੂਰਨਾਮੈਂਟ ਲੜਕਿਆਂ ਦੀਆਂ ਖੇਡਾਂ ਸ਼ਾਨੋ-ਸ਼ੌਕਤ ਨਾਲ ਸਮਾਪਤ ਹੋ ਗਈਆਂ। ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਹੁਸ਼ਿਆਰਪੁਰ ਹਰਜਿੰਦਰ ਕੌਰ ਦੇ ਦਿਸ਼ਾ



ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜਗਜੀਤ ਸਿੰਘ, ਪ੍ਰਭਜੋਤ ਸਿੰਘ ਲੈਕਚਰਾਰ ਸਰੀਰਕ ਸਿੱਖਿਆ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ, ਡੀ ਟੀ ਸੀ ਜਨਰਲ ਸਕੱਤਰ ਅਤੇ ਖੇਡ ਕਨਵੀਨਰ ਦੇ ਤੌਰ 'ਤੇ ਇਸ ਟੂਰਨਾਮੈਂਟ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਿਆ ਗਿਆ। ਟੂਰਨਾਮੈਂਟ ਦੌਰਾਨ ਵੱਖ-ਵੱਖ ਜ਼ੋਨਾਂ ਤੋਂ ਪਹੁੰਚੀਆਂ ਸਕੂਲੀ ਕ੍ਰਿਕਟ ਟੀਮਾਂ ਨੇ ਪੂਰੇ ਜੋਸ਼, ਉਤਸ਼ਾਹ ਅਤੇ ਖੇਡ ਭਾਵਨਾ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਖਿਡਾਰੀਆਂ ਨੇ ਕ੍ਰਿਕਟ ਦੇ ਮੈਦਾਨ ਵਿੱਚ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਅੰਡਰ 14 ਸਾਲ ਲੜਕਿਆਂ ਦੇ ਮੈਚਾਂ ਵਿੱਚ ਦਸੂਹਾ ਨੇ ਪਹਿਲਾ, ਤਲਵਾੜਾ ਨੇ ਦੂਸਰਾ ਅਤੇ ਮਹਿਲਪੁਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਅੰਡਰ 17 ਸਾਲ ਲੜਕਿਆਂ ਵਿੱਚ ਮਾਹਲਪੁਰ ਜ਼ੋਨ ਨੇ ਪਹਿਲਾ, ਹਰਿਆਣਾ ਨੇ ਦੂਸਰਾ ਅਤੇ ਤਲਵਾੜਾ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਅੰਡਰ 19 ਸਾਲ ਲੜਕਿਆਂ ਵਿੱਚ ਹੁਸ਼ਿਆਰਪੁਰ ਨੇ ਪਹਿਲਾ ਸਥਾਨ, ਦਸੂਹਾ ਜ਼ੋਨ ਨੇ ਦੂਸਰਾ ਅਤੇ ਭੰਗਾਲਾ ਜ਼ੋਨ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਟੂਰਨਾਮੈਂਟ ਵਿੱਚ ਲੈਕਚਰਾਰ ਸਿਕੰਦਰਪਾਲ ਮਹਿਲਪੁਰ, ਗੁਰਵਿੰਦਰ ਸਿੰਘ ਡੀ ਪੀ ਈ ਨੰਗਲ ਈਸਰ, ਜਸਪਾਲ ਰਾਮ ਕ੍ਰਿਕਟ ਕੋਚ, ਲੈਕਚਰਾਰ ਜਰਨੈਲ ਸਿੰਘ ਬਾੜੀਆ ਕਲਾਂ, ਲੈਕਚਰਾਰ ਨਰੇਸ਼ ਕੁਮਾਰ ਸਰਕਾਰੀ ਸਕੂਲ ਮਹਿਲਾਂਵਾਲੀ, ਗੁਰਮੀਤ ਸਿੰਘ, ਅਤੁਲ ਠਾਕੁਰ ਜੈਮਸ ਕੈਮਰੇ ਸਕੂਲ, ਦੀਪਕ ਕੁਮਾਰ ਜੀ ਐਮ ਏ ਚੱਬੇਵਾਲ, ਮਧੂ ਸੂਦਨ ਐਸ ਡੀ ਸਕੂਲ, ਰਜਨੀਸ਼ ਕੁਮਾਰ ਅਧਿਆਪਕ, ਹੇਮਰਾਜ ਡੀਪੀਈ ਬਹਾਦਰਪੁਰ ਬਾਹੀਆਂ, ਲੈਕਚਰਾਰ ਮਨਦੀਪ ਸਿੰਘ ਭੰਗਾਲਾ ਨੇ ਇਸ ਟੂਰਨਾਮੈਂਟ ਵਿੱਚ ਡਿਊਟੀ ਨਿਭਾਈ ਅਤੇ ਇਸ ਟੂਰਨਾਮੈਂਟ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਿਆ। ਇਸ ਮੌਕੇ ਖੇਡ ਕਨਵੀਨਰ ਲੈਕਚਰਰ ਪ੍ਰਭਜੋਤ ਸਿੰਘ ਨੇ ਖਿਡਾਰੀਆਂ, ਕੋਚਾਂ, ਸਰੀਰਕ ਸਿੱਖਿਆ ਅਧਿਆਪਕਾਂ ਅਤੇ ਸਹਿਯੋਗ ਕਰਨ ਵਾਲੇ ਸਮੂਹ ਸਟਾਫ਼ ਦਾ ਧੰਨਵਾਦ ਕੀਤਾ।

# ਸਿੱਧੂ ਨੇ ਹਲਕੇ ਦੀਆਂ ਭੈਣਾਂ ਨਾਲ ਮਨਾਇਆ ਰੱਖੜੀ ਦਾ ਤਿਉਹਾਰ



**ਮੋਹਾਲੀ (ਗੁਰਜੀਤ ਬਿੱਲਾ)** ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਅਤੇ ਸਾਬਕਾ ਮੇਅਰ ਮੋਹਾਲੀ ਅਮਰਜੀਤ ਸਿੰਘ ਜੀਤੀ ਸਿੱਧੂ ਵੱਲੋਂ ਆਪਣੇ ਨਿਵਾਸ ਸਥਾਨ 'ਤੇ ਸਮੁੱਚੇ ਹਲਕੇ ਤੋਂ ਪਹੁੰਚੀਆਂ ਸਤਿਕਾਰਯੋਗ ਭੈਣਾਂ ਨਾਲ ਰੱਖੜੀ ਦਾ ਪਵਿੱਤਰ ਤਿਉਹਾਰ ਬੜੇ ਪਿਆਰ, ਸਤਿਕਾਰ ਅਤੇ ਭਾਵਨਾਤਮਕ ਮਾਹੌਲ ਵਿੱਚ ਮਨਾਇਆ ਗਿਆ।ਇਸ ਮੌਕੇ ਭੈਣਾਂ ਨੇ ਬਲਬੀਰ ਸਿੰਘ ਸਿੱਧੂ ਦੇ ਗੁੱਟ 'ਤੇ ਰੱਖੜੀ ਬੰਨ੍ਹ ਕੇ ਭੈਣ-ਭਰਾ ਦੇ ਪਵਿੱਤਰ ਰਿਸ਼ਤੇ ਦੀਆਂ ਸਾਂਝੀਆਂ ਭਾਵਨਾਵਾਂ ਨੂੰ ਹੋਰ ਵੀ ਗੂੜ੍ਹਾ ਕੀਤਾ।

ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਲਬੀਰ ਸਿੰਘ ਸਿੱਧੂ ਨੇ ਹਲਕੇ ਦੀਆਂ ਆਪਣੀਆਂ ਭੈਣਾਂ ਪ੍ਰਤੀ ਪਿਆਰ, ਸਤਿਕਾਰ ਅਤੇ ਅਪਣੱਤ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਸੂਟ ਅਤੇ ਸ਼ਗਨ ਭੇਟ ਕੀਤਾ। ਉਨ੍ਹਾਂ ਕਿਹਾ ਕਿ ਰੱਖੜੀ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਭੈਣ-ਭਰਾ ਦੇ ਪਿਆਰ, ਵਿਸ਼ਵਾਸ, ਸਤਿਕਾਰ ਅਤੇ ਜ਼ਿੰਮੇਵਾਰੀ ਦੇ ਪਵਿੱਤਰ ਰਿਸ਼ਤੇ ਦਾ ਪ੍ਰਤੀਕ ਹੈ।

# ਨਗਰ ਕੌਂਸਲ ਦੇ ਈ ਓ ਖਿਲਾਫ ਸਫਾਈ ਸੇਵਕਾਂ ਦਾ ਪ੍ਰਦਰਸ਼ਨ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਨਗਰ ਕੌਂਸਲ ਡੇਰਾਬੱਸੀ ਦੇ ਸਫਾਈ ਸੇਵਕਾਂ ਅਤੇ ਵਾਟਰ-ਸੀਵਰੇਜ ਕਰਮਚਾਰੀਆਂ ਵੱਲੋਂ ਯੂਨੀਅਨ ਪ੍ਰਧਾਨ ਕਾਮਰੇਡ ਹਰਵਿੰਦਰ ਸਿੰਘ ਦੀ ਅਗਵਾਈ ਹੇਠ ਕਾਰਜ ਸਾਧਕ ਅਫਸਰ (ਈ ਓ) ਅਤੇ ਕੌਂਸਲ ਪ੍ਰਸ਼ਾਸਨ ਦੀ ਕਥਿਤ ਕਰਮਚਾਰੀ ਵਿਰੋਧੀ ਕਾਰਜਸ਼ੈਲੀ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਕਰਮਚਾਰੀਆਂ ਨੇ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਆਪਣੀਆਂ ਮੰਗਾਂ ਤੁਰੰਤ ਮੰਨਣ ਦੀ ਮੰਗ ਕੀਤੀ। ਯੂਨੀਅਨ ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਦੀ ਨੀਤੀ ਅਨੁਸਾਰ ਆਊਟਸੋਰਸ ਕਰਮਚਾਰੀਆਂ ਨੂੰ ਕੰਟਰੈਕਟ 'ਤੇ ਲਿਆਉਣ ਅਤੇ ਕੰਟਰੈਕਟ ਕਰਮਚਾਰੀਆਂ ਨੂੰ ਪੱਕਾ ਕਰਨ ਦੀ ਪ੍ਰਕਿਰਿਆ ਕੀਤੀ ਜਾਣੀ ਹੈ, ਪਰ ਨਗਰ ਕੌਂਸਲ ਵੱਲੋਂ ਇਸ ਸੰਬੰਧੀ ਪੇਸ਼ ਕੀਤਾ ਗਿਆ ਮਤਾ ਅਧੂਰੇ ਵੇਰਵਿਆਂ ਵਾਲਾ ਹੈ। ਉਨ੍ਹਾਂ ਕਿਹਾ ਕਿ ਮਤੇ ਵਿੱਚ ਕਰਮਚਾਰੀਆਂ ਨਾਲ ਸਬੰਧਤ ਲੋੜੀਂਦੀ ਜਾਣਕਾਰੀ ਸ਼ਾਮਲ ਨਾ ਕਰਨ ਕਾਰਨ ਉਨ੍ਹਾਂ ਦੇ ਹੱਕ ਪ੍ਰਭਾਵਿਤ ਹੋਣ ਦਾ ਖਦਸ਼ਾ



ਹੈ। ਯੂਨੀਅਨ ਦੀਆਂ ਮੁੱਖ ਮੰਗਾਂ ਵਿੱਚ ਸਫਾਈ ਕਰਮਚਾਰੀਆਂ ਨਾਲ ਸਬੰਧਤ ਸਰਕਾਰੀ ਬਿਲਾਂ ਤੇ ਨੋਟੀਫਿਕੇਸ਼ਨਾਂ ਨੂੰ ਲਾਗੂ ਕਰਨਾ, ਕੱਚੇ ਕਰਮਚਾਰੀਆਂ ਨੂੰ ਪੱਕਾ ਕਰਨ ਅਤੇ ਆਊਟਸੋਰਸ ਕਰਮਚਾਰੀਆਂ ਨੂੰ ਕੰਟਰੈਕਟ 'ਤੇ ਲਿਆਉਣ ਸਬੰਧੀ ਮੁਕੰਮਲ ਮਤੇ ਦੁਬਾਰਾ ਪਾਸ ਕਰਕੇ ਸਰਕਾਰ ਨੂੰ ਭੇਜਣਾ ਅਤੇ ਯੂਨੀਅਨ ਦੇ ਮਾਮਲਿਆਂ ਵਿੱਚ ਪ੍ਰਸ਼ਾਸਨ ਦੀ ਦਖ਼ਲਅੰਦਾਜ਼ੀ ਬੰਦ ਕਰਨਾ ਸ਼ਾਮਲ ਹੈ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।ਯੂਨੀਅਨ ਨੇ ਐਲਾਨ ਕੀਤਾ ਕਿ ਜੇਕਰ ਪ੍ਰਸ਼ਾਸਨ ਨੇ ਆਪਣਾ ਰਵੱਈਆ ਨਾ ਬਦਲਿਆ ਤਾਂ 8 ਸਤੰਬਰ ਨੂੰ ਨਗਰ ਕੌਂਸਲ ਦਫ਼ਤਰ ਦੇ ਬਾਹਰ ਵਿਸ਼ਾਲ ਰੋਸ ਰੈਲੀ ਕੀਤੀ ਜਾਵੇਗੀ ਅਤੇ ਈਓ ਦਾ ਪੁਤਲਾ ਫੂਕ ਕੇ ਰੋਸ ਪ੍ਰਗਟਾਇਆ ਜਾਵੇਗਾ।

# ਰਾਸ਼ਟਰੀ ਖੇਡ ਦਿਵਸ ਮਨਾਇਆ

**ਬਲਾਚੌਰ (ਜਸਵਿੰਦਰ ਬੈਂਸ)**- ਬਾਬਾ ਬਲਰਾਜ ਪੰਜਾਬ ਯੂਨੀਵਰਸਿਟੀ ਕਾਂਸਟੀਚਿਊਐਂਟ ਕਾਲਜ, ਬਲਾਚੌਰ ਨੇ ਰਾਸ਼ਟਰੀ ਖੇਡ ਦਿਵਸ ਬਹੁਤ ਉਤਸ਼ਾਹ ਅਤੇ ਸ਼ਾਨ ਨਾਲ ਮਨਾਇਆ।ਕਾਲਜ ਦੇ ਪ੍ਰਿੰਸੀਪਲ ਡਾ. ਸਤੀਸ਼ ਕੁਮਾਰ ਧੀਮਾਨ ਦੀ ਯੋਗ ਅਗਵਾਈ ਹੇਠ, ਸਰੀਰਕ ਸਿੱਖਿਆ ਵਿਭਾਗ ਨੇ ਹਾਫ ਮੈਰਾਥਨ ਦੌੜ ਦਾ ਆਯੋਜਨ ਕੀਤਾ, ਜਿਸ ਵਿੱਚ 65 ਤੋਂ ਵੱਧ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਇਸ ਮੁਕਾਬਲੇ ਦਾ ਉਦਘਾਟਨ ਸਰੀਰਕ ਸਿੱਖਿਆ ਦੇ ਪ੍ਰੋਫੈਸਰ ਡਾ. ਹਰਨਾਮ ਸਿੰਘ ਨੇ ਹਰੀ ਝੰਡੀ ਲਹਿਰਾ ਕੇ ਕੀਤਾ।ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਹਰਨਾਮ ਸਿੰਘ ਨੇ ਕਿਹਾ ਕਿ ਰਾਸ਼ਟਰੀ ਖੇਡ ਦਿਵਸ ਹਾਕੀ ਦੇ ਮਹਾਨ ਖਿਡਾਰੀ ਮੇਜਰ ਧਿਆਨ ਚੰਦ ਦੇ ਜਨਮ ਦਿਨ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ।ਮੁਕਾਬਲਿਆ 'ਚ ਮੁੰਡਿਆਂ ਦੀ ਸ਼੍ਰੇਣੀ 'ਚ ਪਹਿਲਾ ਸਥਾਨ: ਬਰਮਨ ਚੌਧਰੀ (ਬੀ ਏ ਪਹਿਲਾ ਸਾਲ), ਦੂਜਾ ਸਥਾਨ ਅਨਿਕੇਤ ਕੁਮਾਰ, ਤੀਜਾ ਸਥਾਨ ਪ੍ਰਸ਼ਾਂਤ ਮਿੱਤਲ। ਲੜਕੀਆਂ ਦੀ ਸ਼੍ਰੇਣੀ 'ਚ ਪਹਿਲਾ ਸਥਾਨ ਕਮਲਪ੍ਰੀਤ ਕੌਰ, ਦੂਜਾ ਸਥਾਨ ਮੋਨਿਕਾ, ਤੀਜਾ ਸਥਾਨ ਜੈਸਿਕਾ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਡਾ. ਸਤੀਸ਼ ਕੁਮਾਰ ਧੀਮਾਨ ਨੇ ਜੇਤੂ ਭਾਗੀਦਾਰਾਂ ਨੂੰ ਮੈਡਲਾਂ ਅਤੇ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ।

# ਹਜ਼ਾਰਾਂ ਨਮ ਅੱਖਾਂ ਨੇ ਬਲਵਿੰਦਰ ਸਿੰਘ ਬੁੱਕਣਵਾਲਾ ਨੂੰ ਦਿੱਤੀ ਅੰਤਿਮ ਵਿਦਾਇਗੀ

## ਪੈਰੋਲ 'ਤੇ ਆਏ ਪੁੱਤਰ ਗੁਰਮੀਤ ਸਿੰਘ ਨੇ ਦਿੱਤੀ ਚਿਤਾ ਨੂੰ ਅਗਨੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵਿਧਾਨ ਸਭਾ ਹਲਕਾ ਮੋਗਾ ਤੋਂ ਉਮੀਦਵਾਰ ਗੁਰਮੀਤ ਸਿੰਘ ਬੁੱਕਣਵਾਲਾ ਦੇ ਪਿਤਾ ਬਲਵਿੰਦਰ ਸਿੰਘ, ਜੋ ਸਦੀਵੀ ਵਿਛੋੜਾ ਦੇ ਗਏ ਸਨ, ਅੱਜ ਉਨ੍ਹਾਂ ਦੇ ਜੱਦੀ ਪਿੰਡ ਬੁੱਕਣਵਾਲਾ ਵਿਖੇ ਉਨ੍ਹਾਂ ਦਾ ਸਸਕਾਰ ਕੀਤਾ ਗਿਆ। ਉਨ੍ਹਾਂ ਦੀ ਚਿਤਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਗੁਰਮੀਤ ਸਿੰਘ ਬੁੱਕਣਵਾਲਾ, ਜੋ ਬਠਿੰਡਾ ਜੇਲ੍ਹ ਤੋਂ ਪੈਰੋਲ 'ਤੇ ਆਪਣੇ ਪਿਤਾ ਦੀਆਂ ਅੰਤਿਮ ਰਸਮਾਂ ਨੂੰ ਨਿਭਾਉਣ ਲਈ ਪੁੱਜੇ ਸਨ, ਨੇ ਦਿੱਤੀ।ਇਸ ਮੌਕੇ ਭਾਈ ਅਮ੍ਰਿਤਪਾਲ ਸਿੰਘ ਦੀ ਮਾਤਾ ਬਲਵਿੰਦਰ ਕੌਰ, ਮਰਹੂਮ ਫ਼ਿਲਮ ਅਦਾਕਾਰ ਦੀਪ ਸਿੱਧੂ ਦੇ ਭਰਾ ਮਨਦੀਪ ਸਿੰਘ ਸਿੱਧੂ, ਵਕੀਲ ਇਮਾਨ ਸਿੰਘ ਖਾਰਾ, ਹਲਕਾ ਫਰੀਦਕੋਟ ਤੋਂ ਪਾਰਟੀ ਦੇ ਉਮੀਦਵਾਰ ਦਲੇਰ ਸਿੰਘ ਡੋਡ, ਗੁਰਸੇਵਕ ਸਿੰਘ ਭਾਣਾ, ਸੁਖਰਾਜ ਸਿੰਘ ਨਿਆਮੀਵਾਲਾ, ਰਛਪਾਲ ਸਿੰਘ ਸ਼ੋਸ਼ਣ, ਜਗਮੀਤ ਸਿੰਘ ਖੱਪਿਆਂਵਾਲੀ, ਪਰਮਜੀਤ ਸਿੰਘ ਅਕਾਲੀ, ਸੀਨੀਅਰ ਅਕਾਲੀ ਆਗੂ ਅਮਰਜੀਤ ਸਿੰਘ ਲੰਢੇਕੇ, ਦਵਿੰਦਰ ਸਿੰਘ ਰਣੀਆਂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆ, ਜਸਵਿੰਦਰ ਸਿੰਘ ਸਿੱਧੂ ਧਰਮਕੋਟ, ਬਠਿੰਡਾ ਜੇਲ੍ਹ ਵਿੱਚ ਬੰਦ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਬਸੰਤ ਸਿੰਘ ਦੌਲਤਪੁਰਾ ਦੇ ਪਿਤਾ ਸੁਰਜੀਤ ਸਿੰਘ ਤੋਂ ਇਲਾਵਾ ਹਜ਼ਾਰਾਂ ਦੀ ਗਿਣਤੀ ਵਿੱਚ ਵੱਖ ਵੱਖ ਪਿੰਡਾਂ ਦੇ ਪਤਵੰਤੇ, ਸਿੱਖ ਜਥੇਬੰਦੀਆਂ ਦੇ ਆਗੂ, ਸਮਾਜ ਸੇਵੀ ਤੇ ਸਿਆਸੀ ਦਲਾਂ ਦੇ ਆਗੂਆਂ ਨੇ ਵਿੱਛੜੀ ਆਤਮਾ ਨੂੰ ਅਕੀਦਤ ਦੇ ਫੁੱਲ ਭੇਟ ਕੀਤੇ।

# ਪੁਲਸ ਦੇ ਨੱਕ ਹੇਠ ਚੱਲ ਰਹੇ ਨਜਾਇਜ਼ ਧੰਦਿਆਂ ਵਿਰੁੱਧ ਸੰਕੇਤਕ ਧਰਨਾ

## ਸੱਤਾਧਾਰੀ ਧਿਰ ਦੇ ਆਗੂਆਂ ਤੇ ਪੁਲਸ ਦੀ ਮਿਲੀਭੁਗਤ ਨਾਲ ਚੱਲ ਰਿਹੈ ਦੋ ਨੰਬਰ ਦਾ ਧੰਦਾ : ਗੋਰਾ



**ਰਾਏਕੋਟ (ਸੰਤੋਖ ਗਿੱਲ)**-ਰਾਏਕੋਟ ਸ਼ਹਿਰੀ ਥਾਣੇ ਤੇ ਡੀ.ਐੱਸ.ਪੀ ਦਫ਼ਤਰ ਸਾਹਮਣੇ ਸੀਟੂ ਦੀ ਅਗਵਾਈ ਵਿੱਚ ਸੰਕੇਤਕ ਧਰਨਾ ਲਾ ਕੇ ਸੀਟੂ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਦਲਜੀਤ ਕੁਮਾਰ ਗੋਰਾ ਨੇ ਮੰਗ ਕੀਤੀ ਕਿ ਰਾਏਕੋਟ ਪੁਲਸ ਦੇ ਨੱਕ ਹੇਠ ਦੇਹ ਵਪਾਰ ਦੇ ਨਜਾਇਜ਼ ਅੱਡੇ ਸ਼ਰੇਆਮ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਖ਼ਾਲੀ ਪਈਆਂ ਕੋਠੀਆਂ ਤੇ ਘਰਾਂ ਨੂੰ ਕਿਰਾਏ 'ਤੇ ਲੈ ਕੇ ਕੁਝ ਲੋਕ ਸ਼ਰੇਆਮ ਦੇਹ ਵਪਾਰ ਦੇ ਅੱਡੇ ਚਲਾ ਰਹੇ।ਉਨ੍ਹਾਂ ਦੋਸ਼ ਲਾਇਆ ਕਿ ਜੇਕਰ ਕੋਈ ਇਸ ਬਾਰੇ ਜਾਣਕਾਰੀ ਪੁਲਸ ਨੂੰ ਦਿੰਦਾ ਹੈ ਤਾਂ ਪੁਲਸ ਅੱਡੇ ਚਲਾਉਣ ਵਾਲੇ ਲੋਕਾਂ ਨੂੰ ਪਹਿਲਾਂ ਹੀ ਜਾਣਕਾਰੀ ਦੇ ਦਿੱਤੀ ਜਾਂਦੀ ਹੈ।ਉਨ੍ਹਾਂ ਇਹ ਵੀ ਦੋਸ਼ ਲਾਇਆ ਕਿ ਸ਼ਹਿਰ ਦੇ ਨੇੜਲੇ ਪਿੰਡਾਂ ਵਿੱਚ ਨਸ਼ਾ ਸ਼ਰੇਆਮ ਵਿਕ ਰਿਹਾ, ਦੇਸੀ ਸ਼ਰਾਬ ਦੀ ਪੇਟੀ ਪੰਜ ਸੌ ਰੁਪਏ ਵਿੱਚ 'ਹੋਮ ਵਿੱਚ ਡਲਿਵਰੀ' ਕੀਤੀ ਜਾ ਰਹੀ ਹੈ।

ਉਨ੍ਹਾਂ ਦੋਸ਼ ਲਾਇਆ ਕਿ ਨਸ਼ਾ ਵੇਚਣ ਵਾਲੇ ਹੀ ਯੁੱਧ ਨਸ਼ਿਆਂ ਖ਼ਿਲਾਫ਼ ਲੜਾਈ ਦੇ ਚੈਂਪੀਅਨ ਬਣੇ ਫਿਰਦੇ ਹਨ।ਉਨ੍ਹਾਂ ਕਿਹਾ ਕਿ ਰਾਏਕੋਟ ਤੇ ਗੁਰੂਸਰ ਸੁਧਾਰ ਸਮੇਤ ਤਹਿਸੀਲ ਵਿੱਚ ਸੱਟੇ ਦਾ ਧੰਦਾ ਵੀ ਬੇਖ਼ੌਫ ਜਾਰੀ ਹੈ।ਉਨ੍ਹਾਂ ਕਿਹਾ ਕਿ ਦੇਹ ਵਪਾਰ ਤੇ ਸੱਟਾ ਬਜ਼ਾਰ ਪਿੰਡਾਂ ਤੱਕ ਪੈਰ ਪਸਾਰ ਚੁੱਕਾ ਹੈ, ਪਰ ਪੁਲਸ ਅਧਿਕਾਰੀ ਚੁੱਪ ਧਾਰ ਕੇ ਬੈਠੇ ਹਨ।ਸੀਟੂ ਆਗੂ ਸਾਥੀ ਗੋਰਾ ਨੇ ਐਲਾਨ ਕੀਤਾ ਕਿ ਜੇ ਸ਼ਹਿਰ ਸਮੇਤ ਕਸਬਿਆਂ ਤੇ ਪਿੰਡਾਂ ਵਿੱਚ ਦੇਹ ਵਪਾਰ ਦੇ ਨਜਾਇਜ਼ ਅੱਡੇ ਅਤੇ ਸ਼ਰੇਆਮ ਵਿਕਦਾ ਚਿੱਟਾ ਤੇ ਦੋ ਨੰਬਰ ਦੀ ਸ਼ਰਾਬ ਦੇ ਧੰਦੇ ਨੂੰ ਨੱਥ ਨਾ ਪਾਈ ਗਈ ਤਾਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।ਮਨਰੇਗਾ ਮਜ਼ਦੂਰ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਪ੍ਰਕਾਸ਼ ਸਿੰਘ ਬਰ੍ਹਮੀ, ਰੁਲਦਾ ਸਿੰਘ ਗੋਬਿੰਦਗੜ੍ਹ, ਰਾਜ ਜਸਵੰਤ ਤਲਵੰਡੀ, ਕਰਮਜੀਤ ਸੰਨ੍ਹੀ, ਸਤਵਿੰਦਰ ਸਿੰਘ, ਬਹਾਦਰ ਸਿੰਘ ਨੂਰਪੁਰਾ, ਗੁਰਦੀਪ ਸਿੰਘ ਜੌਹਲਾਂ, ਪ੍ਰਿਤਪਾਲ ਸਿੰਘ ਬਿੱਟਾ, ਮੁਖ਼ਤਿਆਰ ਸਿੰਘ ਕਲਸੀਆਂ ਤੇ ਹੋਰ ਅਹੁਦੇਦਾਰ ਹਾਜ਼ਰ ਸਨ।

# ਪਸ਼ੂ ਮੰਡੀ 'ਚੋਂ ਐਂਗਲ ਚੋਰੀ ਕਰਨ ਦੇ ਦੋਸ਼ 'ਚ ਚਾਰ ਗ੍ਰਿਫ਼ਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਨਬੀਪੁਰ ਪਸ਼ੂ ਮੰਡੀ ਵਿੱਚ ਬਣੀ ਪਾਣੀ ਦੀ ਟੈਂਕੀ 'ਤੇ ਲੱਗੇ ਲੋਹੇ ਦੇ ਐਂਗਲ ਚੋਰੀ ਕਰਨ ਦੇ ਦੋਸ਼ ਹੇਠ ਨਬੀਪੁਰ ਚੌਕੀ ਦੀ ਪੁਲਸ ਵੱਲੋਂ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤੇ ਜਾਣ ਦੀ ਸੂਚਨਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਨਬੀਪੁਰ ਪੁਲਸ ਨੂੰ ਮੁਖਬਰੀ ਮਿਲੀ ਸੀ ਕਿ ਜੈਮਲ ਸਿੰਘ ਵਾਸੀ ਪਿੰਡ ਸਾਧੂਗੜ੍ਹ, ਪ੍ਰਭਜੋਤ ਸਿੰਘ, ਸੁਖਵਿੰਦਰ ਸਿੰਘ ਤੇ ਮੋਇਨ ਖ਼ਾਨ ਵਾਸੀਆਨ ਪਿੰਡ ਬ੍ਰਾਹਮਣਮਾਜਰਾ ਚੋਰੀਆਂ ਕਰਨ ਦੇ ਆਦੀ ਹਨ, ਜਿਨ੍ਹਾਂ ਵੱਲੋਂ ਨਬੀਪੁਰ ਪਸ਼ੂ ਮੰਡੀ ਦੀ ਟੈਂਕੀ 'ਤੇ ਲੱਗੇ ਲੋਹੇ ਦੇ ਐਂਗਲ ਚੋਰੀ ਕੀਤੇ ਗਏ ਹਨ।ਇਤਲਾਹ ਮਿਲਣ 'ਤੇ ਨਬੀਪੁਰ ਚੌਕੀ ਦੀ ਪੁਲਸ ਪਾਰਟੀ ਵੱਲੋਂ ਉਪਰੋਕਤ ਚਾਰੇ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ, ਜਿਨ੍ਹਾਂ ਦੇ ਕਬਜ਼ੇ ਵਿੱਚੋਂ ਪਸ਼ੂ ਮੰਡੀ 'ਚੋਂ ਚੋਰੀ ਕੀਤੇ ਲੋਹੇ ਦੇ ਐਂਗਲ ਬਰਾਮਦ ਹੋਣ 'ਤੇ ਇਸ ਸਬੰਧੀ ਥਾਣਾ ਸਰਹਿੰਦ ਵਿਖੇ ਦਰਜ ਕਰਵਾਏ ਮੁਕੱਦਮੇ ਵਿੱਚ ਜੈਮਲ ਸਿੰਘ, ਪ੍ਰਭਜੋਤ ਸਿੰਘ, ਸੁਖਵਿੰਦਰ ਸਿੰਘ ਤੇ ਮੋਇਨ ਖ਼ਾਨ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।ਚੌਕੀ ਇੰਚਾਰਜ ਹਰਮਿੰਦਰ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# 'ਮਿਸ਼ਨ ਕਲੀਨ ਪੰਜਾਬ' ਤਹਿਤ ਸਫਾਈ ਮੁਹਿੰਮ ਦਾ ਆਗਾਜ਼



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਰਕਾਰ ਦੇ 'ਮਿਸ਼ਨ ਕਲੀਨ ਪੰਜਾਬ ਫੇਜ਼-2' ਤਹਿਤ ਮਾਨਸਾ ਸ਼ਹਿਰ ਨੂੰ ਸਾਫ ਸੁਥਰਾ ਤੇ ਕੂੜਾ ਮੁਕਤ ਬਣਾਉਣ ਦੇ ਮਕਸਦ ਨਾਲ ਵਿਧਾਇਕ ਡਾ. ਵਿਜੈ ਸਿੰਗਲਾ ਦੀ ਅਗਵਾਈ ਹੇਠ ਵਿਸ਼ੇਸ਼ ਸਫਾਈ ਮੁਹਿੰਮ ਦਾ ਆਗਾਜ਼ ਕੀਤਾ ਗਿਆ।ਇਸ ਮੌਕੇ ਵਿਧਾਇਕ ਸਿੰਗਲਾ ਨੇ ਕਿਹਾ ਕਿ ਉਨ੍ਹਾਂ ਵੱਲੋਂ ਅੱਜ ਖੁਦ ਆਪਣੀ ਟੀਮ ਨਾਲ ਜ਼ਮੀਨੀ ਪੱਧਰ 'ਤੇ ਸਫਾਈ ਕਾਰਜ 'ਚ ਸ਼ਮੂਲੀਅਤ ਕਰਦਿਆਂ ਸ਼ਹਿਰ ਨੂੰ ਸਾਫ ਸੁਥਰਾ ਬਣਾਉਣ ਦੀ ਮੁਹਿੰਮ ਦਾ ਆਗਾਜ਼ ਕੀਤਾ ਹੈ। ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਗੁਰਪ੍ਰੀਤ ਸਿੰਘ ਭੁੱਚਰ, ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ, ਪ੍ਰਧਾਨ ਨਗਰ ਕੌਂਸਲ ਮਾਨਸਾ ਭੂਸ਼ਨ ਮੱਤੀ ਤੋਂ ਇਲਾਵਾ ਸ਼ਹਿਰ ਦੇ ਹੋਰ ਮੋਹਤਬਰ ਵਿਅਕਤੀ ਮੌਜੂਦ ਸਨ।ਵਿਧਾਇਕ ਡਾ. ਵਿਜੈ ਸਿੰਗਲਾ ਨੇ ਕਿਹਾ ਕਿ ਮਾਨਸਾ ਸ਼ਹਿਰ ਵਿੱਚ ਕੂੜੇ ਦੇ ਨਿਪਟਾਰੇ ਲਈ ਚਲਾਏ ਇਸ ਅਭਿਆਨ ਵਿੱਚ ਸ਼ਹਿਰ ਦੇ ਹਰ ਨਾਗਰਿਕ ਦੀ ਸ਼ਮੂਲੀਅਤ ਹੋਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸਾਫ਼-ਸੁਥਰੇ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਹਰ ਨਾਗਰਿਕ ਦੀ ਜ਼ਿੰਮੇਵਾਰੀ ਅਹਿਮ ਹੈ।ਉਨ੍ਹਾਂ ਲੋਕਾਂ ਨੂੰ ਪ੍ਰੇਰਿਤ ਕੀਤਾ ਕਿ ਉਹ ਗਿੱਲੇ ਤੇ ਸੁੱਕੇ ਕੂੜੇ ਨੂੰ ਪਹਿਲਾਂ ਹੀ ਵੱਖ-ਵੱਖ ਕਰਨ ਦੀ ਆਦਤ ਪਾਉਣ ਤੇ ਖੁੱਲ੍ਹੇ ਵਿੱਚ ਕੂੜਾ ਸੁੱਟਣ ਦੀ ਥਾਂ ਕੇਵਲ ਨਿਰਧਾਰਤ ਡਸਟਬਿਨਾਂ ਦੀ ਹੀ ਵਰਤੋਂ ਕਰਨ, ਤਾਂ ਜੋ ਕੂੜੇ ਦਾ ਵਾਤਾਵਰਨ-ਪੱਖੀ ਢੰਗ ਨਾਲ ਨਿਪਟਾਰਾ ਸੰਭਵ ਹੋ ਸਕੇ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਨੇ ਸਫਾਈ ਕਰਮਚਾਰੀਆਂ ਦੀ ਦਿਨ-ਰਾਤ ਦੀ ਮਿਹਨਤ ਦੀ ਸ਼ਲਾਘਾ ਕੀਤੀ।

# ਚੰਡੀਗੜ੍ਹ ਮੋਰਚੇ ਲਈ ਬੀ ਕੇ ਯੂ ਰਾਜੇਵਾਲ ਵੱਲੋਂ ਤਿਆਰੀ ਮੁਕੰਮਲ



**ਨਾਭਾ (ਅਮਨ ਗਰਗ)**-ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਾਕ ਨਾਭਾ ਦੀ ਮੀਟਿੰਗ ਬਲਾਕ ਪ੍ਰਧਾਨ ਅੱਛਰ ਸਿੰਘ ਭੋਜੋ ਮਾਜਰੀ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਭਗਤ ਧੰਨਾ ਜੀ ਨਵੀਂ ਅਨਾਜ ਮੰਡੀ ਨਾਭਾ ਵਿਖੇ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਨੇ ਦੱਸਿਆ ਕਿ ਐੱਸ ਕੇ ਐੱਮ ਵੱਲੋਂ ਲਾਏ ਜਾ ਰਹੇ ਚੰਡੀਗੜ੍ਹ ਮੋਰਚੇ ਵਿੱਚ ਨਾਭਾ ਬਲਾਕ ਤੋਂ ਇੱਕ ਵੱਡਾ ਜੱਥਾ ਟਰਾਲੀਆਂ ਲੈ ਕੇ 1 ਸਤੰਬਰ ਨੂੰ ਚੰਡੀਗੜ੍ਹ ਲਈ ਰਵਾਨਾ ਹੋਵੇਗਾ, ਜੋ ਕਿ ਪੰਜਾਬ ਤੋਂ ਲੁੱਟਿਆ ਜਾ ਰਿਹਾ ਦਰਿਆਈ ਪਾਣੀ, ਧਾਰਾ 78, 79, 80, ਮੁਕਤ ਵਪਾਰ ਸਮਝੌਤਾ, ਲੈਂਡ ਪੂਲਿੰਗ ਪਾਲਸੀ ਤੇ ਕਰਜ਼ਾ ਮੁਕਤੀ ਵਰਗੇ ਮੁੱਦਿਆਂ ਨੂੰ ਲੈ ਕੇ ਸੱਤ ਦਿਨ ਲਗਾਤਾਰ ਸੰਘਰਸ਼ ਕਰੇਗਾ।ਮੀਟਿੰਗ ਵਿੱਚ ਧਰਨੇ ਦੀ ਤਿਆਰੀ ਸਬੰਧੀ ਵੱਖ-ਵੱਖ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਮੀਟਿੰਗ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਸੀਨੀਅਰ ਆਗੂ ਅਵਤਾਰ ਸਿੰਘ ਕੈਦੂਪੁਰ, ਹਰਦੀਪ ਸਿੰਘ ਘਨੁੜਕੀ ਪਰਵਿੰਦਰ ਸਿੰਘ ਬਨੇਰਾ, ਜਰਨੈਲ ਸਿੰਘ ਗੁਣੀਕੇ ਤੇ ਨਿਰਭੈ ਸਿੰਘ ਬਿਰਧਨੋ ਦੇ ਨਾਂ ਜ਼ਿਕਰਯੋਗ ਹਨ।ਇਸ ਤੋਂ ਇਲਾਵਾ ਜ਼ਿਲ੍ਹਾ ਮੀਤ ਪ੍ਰਧਾਨ ਅਵਤਾਰ ਸਿੰਘ ਪੇਦਨ ਤੇ ਜਗਜੀਤ ਸਿੰਘ ਮੋਹਲ ਗਵਾਰਾ ਨੇ ਵੀ ਮੀਟਿੰਗ ਵਿੱਚ ਹਾਜ਼ਰੀ ਭਰੀ। ਮੀਟਿੰਗ ਦੀ ਕਾਰਵਾਈ ਬਲਾਕ ਦੇ ਜਨਰਲ ਸਕੱਤਰ ਹਰਿੰਦਰਜੀਤ ਸਿੰਘ ਲੁਬਾਣਾ ਨੇ ਚਲਾਈ।

# 'ਆਪ' ਆਗੂ ਇੰਦਰਜੀਤ ਸੰਧੂ ਵੱਲੋਂ ਸੋਨ ਤਮਗਾ ਜੇਤੂਆਂ ਦਾ ਸਨਮਾਨ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਸਨੌਰ ਦੇ ਤਿੰਨ ਉੱਭਰਦੇ ਖਿਡਾਰੀਆਂ ਨੇ ਰੈਸਲਿੰਗ ਦੇ ਵੱਖ-ਵੱਖ ਉਮਰ ਵਰਗਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਮਗੇ ਜਿੱਤ ਕੇ ਸਨੌਰ ਤੇ ਆਪਣੇ ਪਰਵਾਰਾਂ ਦਾ ਨਾਮ ਰੌਸ਼ਨ ਕੀਤਾ ਹੈ।ਇਨ੍ਹਾਂ ਖਿਡਾਰੀਆਂ ਦੀ ਇਸ ਪ੍ਰਾਪਤੀ ਨਾਲ ਖੇਡ ਪ੍ਰੇਮੀਆਂ ਤੇ ਇਲਾਕਾ ਵਾਸੀਆਂ ਵਿੱਚ ਖੁਸ਼ੀ ਦਾ ਮਾਹੌਲ ਹੈ।ਰੈਸਲਿੰਗ ਦੇ ਅੰਡਰ-17 ਵਰਗ ਵਿੱਚ ਗੁਰਨੂਰ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਮਗਾ ਆਪਣੇ ਨਾਮ ਕੀਤਾ।ਇਸੇ ਤਰ੍ਹਾਂ ਗੁਰਨੂਰ ਕੌਰ ਨੇ ਅੰਡਰ-14 ਤੇ ਪ੍ਰਭਦੀਪ ਸਿੰਘ ਨੇ ਅੰਡਰ-12 ਵਰਗ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਸੋਨ ਤਮਗੇ ਹਾਸਲ ਕੀਤੇ।ਇਸ ਮੌਕੇ ਹਲਕਾ ਸਨੌਰ ਦੇ ਸੀਨੀਅਰ ਆਮ ਆਦਮੀ ਪਾਰਟੀ ਆਗੂ ਤੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਤਿੰਨਾਂ ਹੋਣਹਾਰ ਖਿਡਾਰੀਆਂ ਨੂੰ ਆਪਣੇ ਗ੍ਰਹਿ ਵਿਖੇ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਸਖ਼ਤ ਮਿਹਨਤ, ਅਨੁਸ਼ਾਸਨ ਤੇ ਲਗਨ ਸਦਕਾ ਨੌਜਵਾਨ ਖਿਡਾਰੀ ਖੇਡਾਂ ਦੇ ਖੇਤਰ ਵਿੱਚ ਵੱਡੀਆਂ ਮੰਜ਼ਿਲਾਂ ਹਾਸਲ ਕਰ ਸਕਦੇ ਹਨ।ਸੰਧੂ ਨੇ ਕਿਹਾ ਕਿ ਸਨੌਰ ਦੇ ਇਨ੍ਹਾਂ ਨੌਜਵਾਨ ਖਿਡਾਰੀਆਂ ਦੀ ਕਾਮਯਾਬੀ ਹੋਰ ਬੱਚਿਆਂ ਤੇ ਨੌਜਵਾਨਾਂ ਨੂੰ ਵੀ ਖੇਡਾਂ ਪ੍ਰਤੀ ਉਤਸ਼ਾਹਤ ਕਰੇਗੀ।ਉਨ੍ਹਾਂ ਤਿੰਨਾਂ ਖਿਡਾਰੀਆਂ ਨੂੰ ਭਵਿੱਖ ਵਿੱਚ ਹੋਰ ਵੱਡੀਆਂ ਪ੍ਰਾਪਤੀਆਂ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਗੁਰਨੂਰ ਸਿੰਘ ਦੇ ਪਿਤਾ ਵਿਕਰਮਜੀਤ ਸਿੰਘ, ਗੁਰਨੂਰ ਕੌਰ ਤੇ ਪ੍ਰਭਦੀਪ ਸਿੰਘ ਦੇ ਪਿਤਾ ਮਨਿੰਦਰ ਸਿੰਘ ਬੱਬੂ ਵੀ ਹਾਜ਼ਰ ਸਨ।

# 'ਮਿਸ਼ਨ ਕਲੀਨ ਪੰਜਾਬ' ਤਹਿਤ ਸਫ਼ਾਈ ਕੀਤੀ

**ਰਾਜਪੁਰਾ (ਰਮੇਸ਼ ਕਟਾਰੀਆ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ਼ੁਰੂ ਕੀਤੇ 'ਮਿਸ਼ਨ ਕਲੀਨ ਪੰਜਾਬ' ਦੇ ਦੂਜੇ ਪੜਾਅ ਤਹਿਤ ਹਲਕਾ ਘਨੌਰ ਵਿਖੇ ਵਿਸ਼ੇਸ਼ ਸਫ਼ਾਈ ਮੁਹਿੰਮ ਦੀ ਸ਼ੁਰੂਆਤ ਐਮ.ਐਲ.ਏ ਘਨੌਰ ਗੁਰਲਾਲ ਸਿੰਘ ਦੀ ਹਦਾਇਤ 'ਤੇ ਕਰਾਈ ਗਈ। ਉਨ੍ਹਾਂ ਕਿਹਾ ਕਿ ਆਪਣੇ ਸ਼ਹਿਰ ਤੇ ਚੌਗਿਰਦੇ ਨੂੰ ਸਾਫ਼-ਸੁਥਰਾ ਰੱਖਣਾ ਸਾਡੀ ਸਭ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਸਮੂਹ ਘਨੌਰ ਵਾਸੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਇੱਧਰ-ਉੱਧਰ ਕੂੜਾ ਨਾ ਸੁੱਟੋ ਤੇ ਇਸ ਮੁਹਿੰਮ ਦਾ ਹਿੱਸਾ ਬਣ ਕੇ ਆਪਣੇ ਸ਼ਹਿਰ ਨੂੰ ਸਾਫ਼ ਬਣਾਉਣ ਵਿੱਚ ਯੋਗਦਾਨ ਪਾਓ।



# 10 ਚੋਰੀਸ਼ੁਦਾ ਮੋਟਰਸਾਈਕਲਾਂ ਸਮੇਤ ਗਰੋਹ ਦੇ 4 ਮੈਂਬਰ ਕਾਬੂ



**ਫਰੀਦਕੋਟ/ਜੈਤੋ (ਐਲਿਗਜ਼ੈਂਡਰ ਡਿਸੂਜ਼ਾ)**

ਥਾਣਾ ਜੈਤੋ ਪੁਲਸ ਨੇ ਇੱਕ ਸੰਗਠਿਤ ਮੋਟਰਸਾਈਕਲ ਚੋਰ ਗਰੋਹ ਦੇ 4 ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 10 ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਕੀਤੇ ਹਨ।ਇਸ ਬਾਰੇ ਜਾਣਕਾਰੀ ਦਿੰਦਿਆਂ ਪੁਲਸ ਨੇ ਦੱਸਿਆ ਕਿ 28 ਅਗਸਤ ਨੂੰ ਸਬ-ਇੰਸਪੈਕਟਰ (ਸ:ਥ:) ਇਕਬਾਲ ਸਿੰਘ 456/ਫਰੀਦਕੋਟ ਪੁਲਸ ਪਾਰਟੀ ਸਮੇਤ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਲਈ ਰੇਲਵੇ ਸਟੇਸ਼ਨ ਜੈਤੋ ਨੇੜੇ ਮੌਜੂਦ ਸਨ।ਇਸ ਦੌਰਾਨ ਖਾਸ ਮੁਖਬਰ ਤੋਂ ਇਤਲਾਹ ਮਿਲੀ ਕਿ ਕੁਝ ਵਿਅਕਤੀ ਗਰੋਹ ਬਣਾ ਕੇ ਜੈਤੋ ਤੇ ਆਸ-ਪਾਸ ਦੇ ਪਿੰਡਾਂ ਤੋਂ ਮੋਟਰਸਾਈਕਲ ਚੋਰੀ ਕਰਕੇ ਵੇਚਣ ਦਾ ਧੰਦਾ ਕਰਦੇ ਹਨ।ਪੁਲਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਧਾਵਾ ਬੋਲ ਕੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਤੇ ਉਨ੍ਹਾਂ ਦੀ ਨਿਸ਼ਾਨਦੇਹੀ 'ਤੇ 10 ਚੋਰੀ ਦੇ ਮੋਟਰਸਾਈਕਲ ਬਰਾਮਦ ਕੀਤੇ।ਇਸ ਸਬੰਧੀ ਥਾਣਾ ਜੈਤੋ ਵਿਖੇ ਮੁਕੱਦਮਾ ਨੰਬਰ 191 (ਮਿਤੀ 28.08.2026) ਅਧੀਨ ਧਾਰਾ 303(2), 112 ਬੀ.ਐੱਨ.ਐੱਸ. ਅਤੇ ਵਾਧਾ ਧਾਰਾ 317(2) ਬੀ.ਐੱਨ.ਐੱਸ. ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਮਨਪ੍ਰੀਤ ਸਿੰਘ ਉਰਫ਼ ਲੂੰਗਰ, ਸਤਵੰਤ ਸਿੰਘ ਉਰਫ਼ ਜੱਸੂ, ਜਸ਼ਨਪ੍ਰੀਤ ਸਿੰਘ ਉਰਫ਼ ਜਸ਼ਨ, ਰਵੀ ਸਿੰਘ ਪੁੱਤਰ ਲਖਵਿੰਦਰ ਸਿੰਘ ਵਜੋਂ ਹੋਈ ਹੈ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਮੁਲਜ਼ਮਾਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ ਤਾਂ ਜੋ ਗਰੋਹ ਵਿੱਚ ਸ਼ਾਮਲ ਹੋਰ ਵਿਅਕਤੀਆਂ, ਹੋਰ ਵਾਰਦਾਤਾਂ ਤੇ ਵਾਹਨਾਂ ਦੀ ਬਰਾਮਦਗੀ ਬਾਰੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਸਕੇ।ਜ਼ਿਲ੍ਹਾ ਪੁਲਸ ਨੇ ਸਪੱਸ਼ਟ ਕੀਤਾ ਕਿ ਅਮਨ-ਕਾਨੂੰਨ ਦੀ ਸਥਿਤੀ ਨੂੰ ਬਹਾਲ ਰੱਖਣ ਲਈ ਅਪਰਾਧੀਆਂ ਵਿਰੁੱਧ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ।

# ਪੰਜਾਬ ਸਪੋਰਟਸ ਯੂਨੀਵਰਸਿਟੀ ਨੇ ਰਾਸ਼ਟਰੀ ਖੇਡ ਦਿਵਸ ਮਨਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਵਿਖੇ ਰਾਸ਼ਟਰੀ ਖੇਡ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ।ਵਾਈਸ-ਚਾਂਸਲਰ ਪ੍ਰੋ. ਪੁਸ਼ਪਿੰਦਰ ਸਿੰਘ ਗਿੱਲ ਦੀ ਅਗਵਾਈ, ਡਾਇਰੈਕਟਰ ਸਪੋਰਟਸ ਡਾ. ਅਮਰਪ੍ਰੀਤ ਸਿੰਘ ਤੇ ਪ੍ਰੋਫੈਸਰ ਗੁਰਸੇਵਕ ਸਿੰਘ ਸਰਕਾਰੀ ਸਰੀਰਕ ਸਿੱਖਿਆ ਕਾਲਜ ਦੀ ਪ੍ਰਿੰਸੀਪਲ ਡਾ. ਹਰਮਨਪ੍ਰੀਤ ਕੌਰ ਦੇ ਸਹਿਯੋਗ ਨਾਲ ਕਰਵਾਏ ਸਮਾਗਮ ਦੌਰਾਨ ਵਿਧਾਇਕ ਗੁਰਲਾਲ ਘਨੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨਾਲ ਉਲੰਪੀਅਨ ਰੂਪਾ ਸੈਣੀ ਵੀ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਸਨ।ਕੌਮੀ ਖੇਡ ਦਿਵਸ ਮੌਕੇ ਮਹਾਨ ਹਾਕੀ ਜਾਦੂਗਰ ਮੇਜਰ ਧਿਆਨ ਚੰਦ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ ਉਨ੍ਹਾਂ ਦਾ ਜੀਵਨ ਤੇ ਖੇਡ ਪ੍ਰਾਪਤੀਆਂ ਅੱਜ ਵੀ ਦੇਸ਼ ਦੇ ਨੌਜਵਾਨ ਖਿਡਾਰੀਆਂ ਲਈ ਪ੍ਰੇਰਨਾ ਸਰੋਤ ਹਨ।ਖੇਡਾਂ ਸਰੀਰਕ ਤੇ ਮਾਨਸਿਕ ਤੰਦਰੁਸਤੀ ਦੇ ਨਾਲ-ਨਾਲ ਅਨੁਸ਼ਾਸਨ, ਸਮਰਪਣ, ਟੀਮ ਭਾਵਨਾ ਤੇ ਜੀਵਨ ਵਿੱਚ ਸਫਲਤਾ ਲਈ ਸੰਘਰਸ਼ ਕਰਨ ਦਾ ਜਜ਼ਬਾ ਪੈਦਾ ਕਰਦੀਆਂ ਹਨ।ਇਸੇ ਸੋਚ ਨੂੰ ਅੱਗੇ ਵਧਾਉਂਦਿਆਂ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਖੇਡਾਂ ਵਤਨ ਪੰਜਾਬ ਦੀਆਂ' ਵਰਗੀ ਮਹੱਤਵਪੂਰਨ ਪਹਿਲਕਦਮੀ ਰਾਹੀਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਪਿੰਡਾਂ ਤੇ ਸ਼ਹਿਰਾਂ ਵਿੱਚੋਂ ਉੱਭਰ ਰਹੀ ਖੇਡ ਪ੍ਰਤਿਭਾ ਨੂੰ ਮੰਚ ਪ੍ਰਦਾਨ ਕਰਨ ਤੇ ਪੰਜਾਬ ਦੀ ਸ਼ਾਨਦਾਰ ਖੇਡ ਵਿਰਾਸਤ ਨੂੰ ਹੋਰ ਮਜ਼ਬੂਤ ਕਰਨ ਲਈ ਉਪਰਾਲੇ ਕੀਤੇ ਜਾ ਰਹੇ ਹਨ।ਮੈਰਾਥਨ/ਕੰਟਰੀ ਦੌੜ ਦੌਰਾਨ ਕਾਲਜ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਐੱਨਸੀਸੀ ਕੈਡਿਟਾਂ ਨੇ ਦੌੜਾਕਾਂ ਦਾ ਸਵਾਗਤ ਕੀਤਾ।ਇਸ ਮੌਕੇ ਕਾਲਜ ਤੇ ਯੂਨੀਵਰਸਿਟੀ ਦੋਵਾਂ ਦੇ ਜੇਤੂਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀ, ਫੈਕਲਟੀ ਮੈਂਬਰ, ਅਧਿਆਪਨ ਤੇ ਗੈਰ-ਅਧਿਆਪਨ ਸਟਾਫ ਵੀ ਹਾਜ਼ਰ ਰਿਹਾ।

# ਪੈਰਾ-ਮੈਡੀਕਲ ਯੂਨੀਅਨ ਨੇ ਮੁੱਖ ਮੰਤਰੀ ਦਾ ਪੁਤਲਾ ਫੂਕਿਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਪੈਰਾਮੈਡੀਕਲ ਯੂਨੀਅਨ ਫਿਰੋਜ਼ਪੁਰ ਵੱਲੋਂ ਜਸਵਿੰਦਰ ਸਿੰਘ ਕੌੜਾ ਦੀ ਪ੍ਰਧਾਨਗੀ ਹੇਠ ਸਾਂਝੀ ਸੰਘਰਸ਼ ਕਮੇਟੀ ਵੱਲੋਂ ਦਿੱਤੇ ਗਏ ਪ੍ਰੋਗਰਾਮ ਤਹਿਤ ਭਗਵੰਤ ਮੁੱਖ ਮੰਤਰੀ ਦਾ ਪੁਤਲਾ ਫੂਕਿਆ ਗਿਆ। ਪੰਜਾਬ ਪੈਰਾ ਮੈਡੀਕਲ ਸਿਹਤ ਕਰਮਚਾਰੀ ਯੂਨੀਅਨ ਪੰਜਾਬ ਦੇ ਪ੍ਰਧਾਨ ਨਰਿੰਦਰ ਸ਼ਰਮਾ ਤੇ ਡਾਕਟਰ ਜਤਿੰਦਰ ਕੋਛੜ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲਗਾਤਾਰ ਮੀਟਿੰਗਾਂ ਦੇ ਕੇ ਪੰਜਾਬ ਸਰਕਾਰ ਦਾ ਮੁੱਖ ਮੰਤਰੀ ਮੁਲਾਜ਼ਮ ਜਥੇਬੰਦੀਆਂ ਤੋਂ ਭੱਜ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਤਿਹਾਸ ਗਵਾਹ ਹੈ ਜਦੋਂ ਜਦੋਂ ਵੀ ਜਿਸ ਸਰਕਾਰ ਨੇ ਮੁਲਾਜ਼ਮਾਂ ਦੇ ਨਾਲ ਇਸ ਤਰ੍ਹਾਂ ਦਾ ਮਾੜਾ ਵਿਵਹਾਰ ਕੀਤਾ ਹੈ, ਮੁਲਾਜ਼ਮਾਂ ਨੇ ਕਦੀ ਵੀ ਉਹ ਸਰਕਾਰ ਦੁਬਾਰਾ ਨਹੀਂ ਆਉਣ ਦਿੱਤੀ। ਇਸ ਮੌਕੇ ਨਰਿੰਦਰ ਸ਼ਰਮਾ ਨੇ ਦੱਸਿਆ ਕਿ ਪੈਰਾਮੈਡੀਕਲ ਸਿਹਤ ਕਰਮਚਾਰੀ ਯੂਨੀਅਨ ਪੰਜਾਬ ਜੋ ਵੀ ਪ੍ਰੋਗਰਾਮ ਸਾਂਝੀ ਸੰਘਰਸ਼ ਕਮੇਟੀ ਉਲੀਕੇਗੀ, ਉਸ ਨੂੰ ਨੇਪਰੇ ਚਾੜ੍ਹਨ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾਕਟਰ ਪ੍ਰੀਤੀ, ਡਾਕਟਰ ਰਾਜਨ, ਡਾਕਟਰ ਕਾਰਜ, ਡਾਕਟਰ ਸ਼ਮਨਪ੍ਰੀਤ, ਡਾਕਟਰ ਡਿਸ਼ਵਿਨ ਬਾਜਵਾ, ਗੁਰਦੇਵ ਸਿੰਘ, ਸਤਨਾਮ ਸਿੰਘ, ਕਰਨਜੀਤ ਸਿੰਘ, ਰੋਬਿਨ ਰੋਸ਼ਨ, ਵਿਜੇ, ਮਨਦੀਪ ਚਾਵਲਾ, ਜਤਿੰਦਰ ਸ਼ਰਮਾ, ਅਮਰਜੀਤ ਸਿੰਘ, ਨਛੱਤਰ ਸਿੰਘ, ਗੁਰਦੇਵ ਸਿੰਘ, ਹਰਸ਼ ਫਾਰਮਾਸਿਸਟ, ਇੰਦਰਜੀਤ ਸਿੰਘ, ਸੰਦੀਪ ਸਿੰਘ, ਮੁਨੀਸ਼, ਮਨਜੀਤ, ਅਜੀਤ ਗਿੱਲ, ਮੋਨਿਕਾ, ਗੀਤਾਂਜਲੀ, ਸਵੇਤਾ, ਪ੍ਰਵੀਨ ਸ਼ੈਲੀ, ਹਰਪ੍ਰੀਤ, ਅਮਨਦੀਪ ਕੌਰ, ਬੰਦਨਾ ਸਟਾਫ ਨਰਸ, ਰਜਨੀਸ਼ ਸਟਾਫ ਆਦਿ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

# ਇੱਕ ਵੀ ਹੜਤਾਲੀ ਮੁਲਾਜ਼ਮ ਨੂੰ ਨੌਕਰੀ ਤੋਂ ਕੱਢ ਕੇ ਦਿਖਾਏ ਭਗਵੰਤ ਮਾਨ : ਵੜਿੰਗ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਹੜਤਾਲ 'ਤੇ ਗਏ ਸਰਕਾਰੀ ਮੁਲਾਜ਼ਮਾਂ ਨੂੰ ਨੌਕਰੀ ਤੋਂ ਕੱਢਣ ਦੀ ਧਮਕੀ 'ਤੇ ਤਿੱਖਾ ਹਮਲਾ ਕਰਦਿਆਂ ਚੇਤਾਵਨੀ ਦਿੱਤੀ ਹੈ ਕਿ ਜੇਕਰ ਮੁੱਖ ਮੰਤਰੀ ਵਿੱਚ ਹਿੰਮਤ ਹੈ ਤਾਂ ਹੜਤਾਲ ਕਰਨ ਵਾਲੇ ਇੱਕ ਵੀ ਮੁਲਾਜ਼ਮ ਨੂੰ ਨੌਕਰੀ ਤੋਂ ਕੱਢ ਕੇ ਦਿਖਾਉਣ, ਕਾਂਗਰਸ ਮੁੱਖ ਮੰਤਰੀ ਨੂੰ ਛੇ ਮਹੀਨੇ ਪਹਿਲਾਂ ਹੀ ਕੁਰਸੀ ਤੋਂ ਲਾਹ ਦੇਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਕਾਂਗਰਸ ਮੁਲਾਜ਼ਮਾਂ ਨਾਲ ਡੱਟ ਕੇ ਖੜ੍ਹੀ ਹੈ।ਰਾਜਾ ਵੜਿੰਗ ਇੱਥੇ ਸਾਬਕਾ ਵਿਧਾਇਕ ਅਮਰੀਕ ਸਿੰਘ ਢਿੱਲੋਂ ਦੇ ਘਰ ਉਨ੍ਹਾਂ ਦੇ ਪੋਤਰੇ ਕਰਨਵੀਰ ਸਿੰਘ ਢਿੱਲੋਂ ਦੇ ਯੂਥ ਕਾਂਗਰਸ ਦੇ ਸੂਬਾ ਉਪ-ਪ੍ਰਧਾਨ ਚੁਣੇ ਜਾਣ 'ਤੇ ਉਨ੍ਹਾਂ ਨਾਲ ਮੁਲਾਕਾਤ ਕਰਨ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ।

ਪੰਜਾਬ ਸਰਕਾਰ ਨੂੰ ਆੜੇ ਹੱਥੀਂ ਲੈਂਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਕਦੇ ਦੇਸ਼ ਦਾ ਮੋਹਰੀ ਸੂਬਾ ਰਿਹਾ ਸੀ, ਪਰ ਅੱਜ ਪੰਜਾਬ ਵਿੱਚ ਗੈਂਗਸਟਰਵਾਦ, ਨਸ਼ੇ, ਬੇਰੁਜ਼ਗਾਰੀ ਤੇ ਕਰਜ਼ਾ ਸਿਖਰਾਂ 'ਤੇ ਹਨ।ਪੰਜਾਬ ਅੱਜ ਰੋਜ਼ਾਨਾ 80 ਕਰੋੜ ਰੁਪਏ ਕਰਜ਼ੇ ਦਾ ਵਿਆਜ ਭਰ ਰਿਹਾ ਹੈ ਤੇ ਭਗਵੰਤ ਮਾਨ ਨੇ ਪੰਜਾਬ ਨੂੰ 'ਰੰਗਲਾ ਪੰਜਾਬ' ਦੀ ਬਜਾਏ 'ਕੰਗਲਾ ਪੰਜਾਬ' ਬਣਾ ਕੇ ਰੱਖ ਦਿੱਤਾ ਹੈ।ਸਮਰਾਲਾ ਵਿੱਚ ਢਿੱਲੋਂ ਤੇ ਰਾਜਾ ਗਿੱਲ ਗਰੁੱਪ ਵਿਚਕਾਰ ਚੱਲ ਰਹੀ ਖਿੱਚੋਤਾਣ ਸਬੰਧੀ ਉਨ੍ਹਾਂ ਕਿਹਾ ਕਿ ਕਾਂਗਰਸ ਵਿੱਚ ਅਜਿਹੀ ਕੋਈ ਰਵਾਇਤ ਨਹੀਂ ਹੈ।ਟਿਕਟ ਰਾਹੁਲ ਗਾਂਧੀ ਤੇ ਮਲਿਕਾਰਜੁਨ ਖੜਗੇ ਨੇ ਦੇਣੀ ਹੈ, ਪਰ ਪ੍ਰਦੇਸ਼ ਪ੍ਰਧਾਨ ਵਜੋਂ ਉਹ ਟਿਕਟ ਲਈ ਚੰਗੇ ਲੋਕਾਂ ਦੀ ਵਕਾਲਤ ਕਰਨਗੇ।ਉਨ੍ਹਾਂ ਕਿਹਾ ਕਿ ਕਾਂਗਰਸ ਵੱਲੋਂ ਵੱਖ-ਵੱਖ ਨਿਯੁਕਤੀਆਂ ਵਿੱਚ 50 ਫੀਸਦੀ ਅਹੁਦੇ ਨੌਜਵਾਨਾਂ ਨੂੰ ਦਿੱਤੇ ਜਾਣੇ ਹਨ।ਭਾਵੇਂ ਰਾਜਾ ਵੜਿੰਗ ਇੱਥੇ ਰਾਹੁਲ ਗਾਂਧੀ ਦੀ ਪੰਜਾਬ ਫੇਰੀ ਦੇ ਪ੍ਰਬੰਧਾਂ ਤੇ ਪੁਰਾਣੇ ਸਾਥੀਆਂ ਨੂੰ ਨਾਲ ਜੋੜਨ ਦੇ ਬਹਾਨੇ ਆਏ ਸਨ, ਪਰ ਸਮਝਿਆ ਜਾ ਰਿਹਾ ਹੈ ਕਿ ਸਥਾਨਕ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨਾਲ ਜੁੜੇ ਹੋਣ ਕਾਰਨ ਉਨ੍ਹਾਂ ਨੂੰ ਸਿਆਸੀ ਝਟਕਾ ਦੇਣ ਲਈ ਉਨ੍ਹਾਂ ਦੇ ਵਿਰੋਧੀ ਨੂੰ ਹਮਾਇਤ ਦੇਣਾ ਹੀ ਉਨ੍ਹਾਂ ਦੇ ਦੌਰੇ ਦਾ ਅਸਲ ਮਕਸਦ ਸੀ। ਢਿੱਲੋਂ ਪਰਿਵਾਰ ਨਾਲ ਹੋਈ ਬੰਦ ਕਮਰਾ ਮੀਟਿੰਗ ਦੇ ਵੇਰਵੇ ਭਾਵੇਂ ਪੂਰੀ ਤਰ੍ਹਾਂ ਸਾਹਮਣੇ ਨਹੀਂ ਆਏ, ਪਰ ਕਰਨਵੀਰ ਸਿੰਘ ਢਿੱਲੋਂ ਵੱਲੋਂ ਵਿਧਾਨ ਸਭਾ ਚੋਣਾਂ ਲਈ ਟਿਕਟ ਹਾਸਲ ਕਰਨ ਦੇ ਕੀਤੇ ਜਾ ਰਹੇ ਯਤਨਾਂ ਨੂੰ ਅੱਜ ਵੱਡਾ ਹੁਲਾਰਾ ਮਿਲਣ ਦਾ ਪ੍ਰਭਾਵ ਉਨ੍ਹਾਂ ਦੇ ਸਮਰਥਕਾਂ ਵੱਲੋਂ ਦਿੱਤਾ ਜਾ ਰਿਹਾ ਹੈ।ਇਸ ਮੌਕੇ ਕਰਨਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਉਨ੍ਹਾਂ ਨੇ ਯੂਥ ਕਾਂਗਰਸ ਦੇ ਸੂਬਾ ਪ੍ਰਧਾਨ ਦੀ ਚੋਣ ਇਸ ਲਈ ਲੜੀ ਹੈ, ਤਾਂ ਜੋ ਸਮਰਾਲਾ ਤੋਂ ਵਿਧਾਨ ਸਭਾ ਦੀ ਟਿਕਟ ਲਈ ਆਪਣੀ ਦਾਅਵੇਦਾਰੀ ਪੇਸ਼ ਕੀਤੀ ਜਾ ਸਕੇ ਤੇ ਹੁਣ ਉਹ ਇੱਥੋਂ ਟਿਕਟ ਦੇ ਦਾਅਵੇਦਾਰ ਹਨ।ਇਸ ਮੌਕੇ ਬਲਵੀਰ ਸਿੰਘ ਸਿੱਧੂ, ਸਾਬਕਾ ਵਿਧਾਇਕ ਅਮਰੀਕ ਸਿੰਘ ਢਿੱਲੋਂ, ਅਜਮੇਰ ਸਿੰਘ, ਜਤਿੰਦਰ ਸਿੰਘ ਤੇ ਕਮਲਜੀਤ ਸਿੰਘ ਸਮੇਤ ਕਾਂਗਰਸ ਦੇ ਸਰਗਰਮ ਮੈਂਬਰ ਹਾਜ਼ਰ ਸਨ।

# ਮਹਿੰਦਰਾ ਕਾਲਜ 'ਚ ਦੋ ਰੋਜ਼ਾ ਰਾਸ਼ਟਰੀ ਖੇਡ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਮਹਿੰਦਰਾ ਕਾਲਜ ਪਟਿਆਲਾ ਵਿਖੇ ਹਾਕੀ ਓਲੰਪੀਅਨ ਮੇਜਰ ਧਿਆਨ ਚੰਦ ਦੇ ਜਨਮ ਦਿਨ ਨੂੰ ਸਮਰਪਿਤ ਦੋ ਰੋਜ਼ਾ ਰਾਸ਼ਟਰੀ ਖੇਡ ਦਿਵਸ ਕਾਲਜ ਪ੍ਰਿੰਸੀਪਲ ਪ੍ਰੋ. (ਡਾ.) ਨਿਸ਼ਠਾ ਤ੍ਰਿਪਾਠੀ ਦੀ ਅਗਵਾਈ ਵਿੱਚ ਕਾਲਜ ਦੇ ਸਰੀਰਕ ਸਿੱਖਿਆ ਵਿਭਾਗ ਵੱਲੋਂ ਆਯੋਜਿਤ ਕੀਤਾ ਗਿਆ। ਪਹਿਲੇ ਦਿਨ ਵਿਦਿਆਰਥੀਆਂ ਲਈ ਰਾਜਪਾਲ ਸਿੰਘ ਐੱਸ ਐੱਸ ਪੀ ਵਿਜੀਲੈਂਸ ਪਟਿਆਲਾ, ਸਾਬਕਾ ਕਪਤਾਨ ਭਾਰਤੀ ਹਾਕੀ ਟੀਮ ਤੇ ਅਰਜੁਨ ਅਵਾਰਡੀ ਦਾ ਪ੍ਰੇਰਨਾਦਾਇਕ ਲੈਕਚਰ ਤੇ ਦੂਜੇ ਦਿਨ ਵਿਦਿਆਰਥੀਆਂ ਦਾ ਕ੍ਰਾਸ ਕੰਟਰੀ ਮੁਕਾਬਲਾ ਕਰਵਾਇਆ ਗਿਆ। ਰਾਜਪਾਲ ਸਿੰਘ ਨੇ ਲੈਕਚਰ ਦੌਰਾਨ ਸਵਾਲ ਪੁੱਛਣ ਦੀ ਅਹਿਮੀਅਤ, ਜ਼ਿੰਦਗੀ ਦੇ ਅਹਿਮ ਫੈਸਲੇ ਲੈਣ ਸਮੇਂ ਸੋਚ-ਸਮਝ ਕੇ ਰਿਸਕ ਲੈਣਾ, ਸਪੋਰਟਸ ਪਾਰਟ ਟਾਈਮ ਨਾ ਹੋ ਕੇ ਜ਼ਿੰਦਗੀ ਦਾ ਹਿੱਸਾ ਆਦਿ ਵਿਸ਼ਿਆਂ ਬਾਰੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਲੜਕੀਆਂ ਲਈ ਐਨਰਜੀ ਦੀ ਘਾਟ ਲਈ ਵਿਸ਼ੇਸ਼ ਡਾਇਟ ਪਲੈਨ ਆਦਿ ਬਾਰੇ ਵਿਸ਼ੇਸ਼ ਚਰਚਾ ਕੀਤੀ।ਲੈਕਚਰ ਦੀ ਸ਼ੁਰੂਆਤ ਵਿੱਚ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਡਾ. ਗੁਰਪ੍ਰੀਤ ਕੌਰ ਨੇ ਮੁੱਖ ਮਹਿਮਾਨ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ।ਉਪਰੰਤ ਮੈਡਮ ਪ੍ਰਿੰਸੀਪਲ ਡਾ. ਨਿਸ਼ਠਾ ਤ੍ਰਿਪਾਠੀ ਨੇ ਮੁੱਖ ਬੁਲਾਰੇ ਦਾ ਰਸਮੀ ਤੌਰ 'ਤੇ ਸੁਆਗਤ ਕੀਤਾ।ਪ੍ਰਿੰਸੀਪਲ ਤੇ ਸਟਾਫ ਨੇ ਮੁੱਖ ਮਹਿਮਾਨ ਨੂੰ ਸਨਮਾਨ ਚਿੰਨ੍ਹ ਵਜੋਂ ਕਿਤਾਬ ਭੇਟ ਕੀਤੀ।ਇਸ ਲੈਕਚਰ ਦੌਰਾਨ ਕਾਲਜ ਕੌਂਸਲ ਮੈਂਬਰ ਡਾ. ਸੁਨੀਤ ਕੁਮਾਰ, ਡਾ. ਐੱਸ ਬੀ ਸ਼ਰਮਾ ਤੇ ਕੋਆਰਡੀਨੇਟਰ ਡਾ. ਰਾਏ ਬਹਾਦਰ ਸਿੰਘ ਮੌਜੂਦ ਸਨ। ਇਸ ਦੀ ਨਿਰੰਤਰਤਾ ਵਿੱਚ ਹੀ ਦੂਜੇ ਦਿਨ ਕਾਲਜ ਦੇ ਲੜਕੇ ਤੇ ਲੜਕੀਆਂ ਦਾ ਕ੍ਰਾਸ ਕੰਟਰੀ ਮੁਕਾਬਲਾ ਕਰਵਾਇਆ ਗਿਆ।ਇਸ ਮੁਕਾਬਲੇ ਵਿੱਚ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀ ਨੂੰ ਪ੍ਰਿੰਸੀਪਲ ਡਾ. ਨਿਸ਼ਠਾ ਤ੍ਰਿਪਾਠੀ ਵੱਲੋਂ ਇਨਾਮ ਦਿੱਤੇ ਗਏ।ਇਸ ਮੌਕੇ ਵਿਭਾਗ ਦੇ ਮੁਖੀ ਡਾ. ਗੁਰਪ੍ਰੀਤ ਕੌਰ ਨੇ ਨੇ ਪ੍ਰਿੰਸੀਪਲ ਸਮੇਤ ਹਾਜ਼ਰ ਅਧਿਆਪਕ ਡਾ. ਕਰਮਜੀਤ ਸਿੰਘ, ਪ੍ਰੋ. ਅੰਮ੍ਰਿਤ ਸਿੰਘ, ਪ੍ਰੋ. ਸੁਖਚੈਨ ਸਿੰਘ, ਡਾ. ਕਿਰਨਜੀਤ ਕੌਰ, ਐਥਲੈਟਿਕ ਕੋਚ ਜਗਜੀਤ ਸਿੰਘ ਕਾਹਲੋਂ ਤੇ ਵਿਦਿਅਰਥੀਆਂ ਦਾ ਇਸ ਸਮਾਰੋਹ ਨੂੰ ਸਫ਼ਲ ਬਣਾਉਣ ਲਈ ਧੰਨਵਾਦ ਕੀਤਾ।

# ਪੈਰਾ ਲੀਗਲ ਵਲੰਟੀਅਰਾਂ ਦੀ ਚੋਣ ਲਈ 5 ਤੱਕ ਮੰਗੀਆਂ ਅਰਜ਼ੀਆਂ

**ਭਵਾਨੀਗੜ੍ਹ (ਰਾਜ ਖੁਰਮੀ)**-ਸਮਾਜ ਸੇਵਾ ਦੀ ਭਾਵਨਾ ਰੱਖਣ ਵਾਲੇ ਤੇ ਲੋੜਵੰਦ ਲੋਕਾਂ ਨੂੰ ਕਾਨੂੰਨੀ ਸਹਾਇਤਾ ਨਾਲ ਜੋੜਨ ਦੇ ਇੱਛੁਕ ਵਿਅਕਤੀਆਂ ਲਈ ਅਹਿਮ ਮੌਕਾ ਹੈ।ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸੰਗਰੂਰ ਵੱਲੋਂ ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ, ਨਵੀਂ ਦਿੱਲੀ ਦੀ ਸੋਧੀ ਹੋਈ ਪੈਰਾ ਲੀਗਲ ਵਲੰਟੀਅਰ ਸਕੀਮ ਤਹਿਤ ਪੈਰਾ ਲੀਗਲ ਵਲੰਟੀਅਰਾਂ ਦੀ ਚੋਣ ਲਈ ਜ਼ਿਲ੍ਹਾ ਸੰਗਰੂਰ ਦੇ ਸ਼ਹਿਰੀ ਤੇ ਪੇਂਡੂ ਖੇਤਰਾਂ ਦੇ ਵਸਨੀਕਾਂ ਤੋਂ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ।ਅਥਾਰਟੀ ਵੱਲੋਂ ਜਾਰੀ ਪਬਲਿਕ ਨੋਟਿਸ ਅਨੁਸਾਰ ਘੱਟੋ-ਘੱਟ ਦਸਵੀਂ ਪਾਸ ਜਾਂ ਇਸ ਤੋਂ ਵੱਧ ਪੜ੍ਹੇ-ਲਿਖੇ ਤੇ ਸਮਾਜ ਸੇਵਾ ਲਈ ਰੁਚੀ ਰੱਖਣ ਵਾਲੇ ਵਿਅਕਤੀ ਇਸ ਚੋਣ ਪ੍ਰਕਿਰਿਆ ਵਿੱਚ ਹਿੱਸਾ ਲੈ ਸਕਦੇ ਹਨ।ਇਸ ਮੌਕੇ ਅਧਿਆਪਕਾਂ, ਸੇਵਾਮੁਕਤ ਅਧਿਆਪਕਾਂ, ਸੇਵਾਮੁਕਤ ਸਰਕਾਰੀ ਕਰਮਚਾਰੀਆਂ, ਸੀਨੀਅਰ ਸਿਟੀਜ਼ਨਾਂ, ਐੱਮ.ਐੱਸ.ਡਬਲਿਊ. ਦੇ ਵਿਦਿਆਰਥੀਆਂ ਤੇ ਅਧਿਆਪਕਾਂ, ਆਂਗਣਵਾੜੀ ਵਰਕਰਾਂ, ਡਾਕਟਰਾਂ, ਵਿਦਿਆਰਥੀਆਂ ਤੇ ਕਾਨੂੰਨ ਦੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਯੋਗ ਸ਼੍ਰੇਣੀਆਂ ਵਿੱਚ ਸ਼ਾਮਲ ਕੀਤਾ ਗਿਆ ਹੈ।ਇਸ ਤੋਂ ਇਲਾਵਾ ਗੈਰ-ਸਿਆਸੀ ਤੇ ਸਮਾਜ ਸੇਵਾ ਲਈ ਸਮਰਪਤ ਐੱਨ. ਜੀ. ਓਜ਼ ਤੇ ਕਲੱਬਾਂ ਦੇ ਮੈਂਬਰ ਵੀ ਪੈਰਾ ਲੀਗਲ ਵਲੰਟੀਅਰ ਵਜੋਂ ਸੇਵਾ ਨਿਭਾਉਣ ਲਈ ਅਰਜ਼ੀ ਦੇ ਸਕਦੇ ਹਨ।ਮਹਿਲਾ ਨੇਬਰਹੁੱਡ ਗਰੁੱਪਾਂ, ਮੈਤਰੀ ਸੰਘਮਾਂ ਤੇ ਹੋਰ ਸੈਲਫ ਹੈਲਪ ਗਰੁੱਪਾਂ ਦੇ ਮੈਂਬਰਾਂ, ਖਾਸ ਕਰਕੇ ਹਾਸ਼ੀਏ 'ਤੇ ਰਹਿੰਦੇ ਤੇ ਕਮਜ਼ੋਰ ਵਰਗਾਂ ਨਾਲ ਸਬੰਧਤ ਗਰੁੱਪਾਂ ਨੂੰ ਵੀ ਇਸ ਪ੍ਰਕਿਰਿਆ ਵਿੱਚ ਮੌਕਾ ਦਿੱਤਾ ਗਿਆ ਹੈ। ਅਥਾਰਟੀ ਅਨੁਸਾਰ ਕੋਈ ਵੀ ਹੋਰ ਸਾਖਰ ਵਿਅਕਤੀ ਤਰਜੀਹੀ ਤੌਰ 'ਤੇ ਮੈਟ੍ਰਿਕ ਪਾਸ, ਜਿਸ ਵਿੱਚ ਸਮਾਜ ਸੇਵਾ ਕਰਨ ਦਾ ਜਜ਼ਬਾ ਤੇ ਲੋਕਾਂ ਦੀ ਮਦਦ ਕਰਨ ਦੀ ਇੱਛਾ ਹੋਵੇ, ਵੀ ਨਿਰਧਾਰਤ ਯੋਗਤਾਵਾਂ ਅਨੁਸਾਰ ਅਪਲਾਈ ਕਰ ਸਕਦਾ ਹੈ।ਪੈਰਾ ਲੀਗਲ ਵਲੰਟੀਅਰਾਂ ਦੀ ਭੂਮਿਕਾ ਰਾਹੀਂ ਆਮ ਲੋਕਾਂ, ਖਾਸ ਕਰਕੇ ਲੋੜਵੰਦ ਅਤੇ ਕਮਜ਼ੋਰ ਵਰਗਾਂ ਨੂੰ ਕਾਨੂੰਨੀ ਸੇਵਾਵਾਂ ਅਤੇ ਉਨ੍ਹਾਂ ਦੇ ਹੱਕਾਂ ਸਬੰਧੀ ਜਾਗਰੂਕ ਕਰਨ ਵਿੱਚ ਮਦਦ ਮਿਲੇਗੀ।ਚਾਹਵਾਨ ਉਮੀਦਵਾਰ ਨਿਰਧਾਰਤ ਪ੍ਰੋਫਾਰਮੇ 'ਤੇ ਆਪਣੀ ਦਰਖਾਸਤ 5 ਅਕਤੂਬਰ 2026 ਨੂੰ ਬਾਅਦ ਦੁਪਹਿਰ 4 ਵਜੇ ਤੱਕ ਦਫ਼ਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸਮਝੌਤਾ ਸਦਨ, ਸੰਗਰੂਰ ਵਿਖੇ ਜਮ੍ਹਾਂ ਕਰਵਾ ਸਕਦੇ ਹਨ।

# ਅਧਿਆਪਕਾਂ ਨੇ ਮੁੱਖ ਮੰਤਰੀ ਦੇ ਧਮਕੀ ਪੱਤਰ ਸਾੜੇ



**ਲੁਧਿਆਣਾ (ਸਤੀਸ਼ ਸਚਦੇਵਾ)**-27 ਅਗਸਤ ਨੂੰ ਸਾਂਝੀ ਤਾਲਮੇਲ ਕਮੇਟੀ ਨਾਲ ਹੋਣ ਵਾਲੀ ਮੀਟਿੰਗ ਮੁੱਖ ਮੰਤਰੀ ਦੇ ਭਗੌੜਾ ਹੋ ਜਾਣ 'ਤੇ ਪੰਜਾਬ ਸਰਕਾਰ ਦੇ ਅੜੀਅਲ ਵਤੀਰੇ ਖ਼ਿਲਾਫ਼ ਅਧਿਆਪਕ ਵਰਗ ਵਿੱਚ ਭਾਰੀ ਰੋਸ ਦੀ ਲਹਿਰ ਦੌੜ ਗਈ ਹੈ।ਪੰਜਾਬ ਸਰਕਾਰ ਖ਼ਿਲਾਫ਼ ਰੋਸ ਦੇ ਪ੍ਰਗਟਾਵੇ ਲਈ ਤਾਲਮੇਲ ਕਮੇਟੀ ਵੱਲੋਂ ਦਿੱਤੇ ਗਏ ਸੱਦੇ ਨੂੰ ਡੈਮੋਕ੍ਰੇਟਿਕ ਟੀਚਰਜ਼ ਫਰੰਟ (ਡੀ.ਟੀ.ਐੱਫ.) ਜ਼ਿਲ੍ਹਾ ਲੁਧਿਆਣਾ ਨੇ ਲਾਗੂ ਕਰਦਿਆਂ ਜ਼ਿਲ੍ਹੇ ਭਰ ਦੇ ਵੱਡੀ ਗਿਣਤੀ ਵਿੱਚ ਸਕੂਲ ਅਧਿਆਪਕਾਂ ਨੇ ਵੱਖ-ਵੱਖ ਵਿਦਿਅਕ ਅਦਾਰਿਆਂ ਦੇ ਗੇਟਾਂ ਅੱਗੇ ਜ਼ੋਰਦਾਰ ਪ੍ਰਦਰਸ਼ਨ ਕੀਤੇ, ਜਿੱਥੇ ਉਨ੍ਹਾਂ ਨੇ ਮੁੱਖ ਮੰਤਰੀ ਦੇ ਹਾਲ ਹੀ ਦੇ ਤਾਨਾਸ਼ਾਹੀ ਟਵੀਟ ਤੇ ਗੈਰ-ਹਾਜ਼ਰ ਮੁਲਾਜ਼ਮਾਂ ਬਾਰੇ ਜਾਰੀ ਕੀਤੇ ਗਏ ਧਮਕੀ ਭਰੇ ਪੱਤਰਾਂ ਦੀਆਂ ਕਾਪੀਆਂ ਸਾੜੀਆਂ ਤੇ ਸਕੂਲਾਂ ਦੇ ਗੇਟਾਂ ਦੇ ਬਾਹਰ ਨਾਅਰੇਬਾਜ਼ੀ ਕੀਤੀ।ਡੈਮੋਕ੍ਰੇਟਿਕ ਟੀਚਰਜ਼ ਫਰੰਟ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਰਮਨਜੀਤ ਸਿੰਘ ਸੰਧੂ ਤੇ ਜਨਰਲ ਰੁਪਿੰਦਰ ਪਾਲ ਸਿੰਘ ਗਿੱਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹੀਦ ਦਵਿੰਦਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੱਖਰਾਂ ਸਮੇਤ ਦਰਜਨਾਂ ਸਕੂਲਾਂ ਦੇ ਗੇਟਾਂ ਦੇ ਬਾਹਰ ਅਧਿਆਪਕਾਂ ਨੇ ਰੋਸ ਪ੍ਰਦਰਸ਼ਨ ਕੀਤੇ ਹਨ।ਮੁਜ਼ਾਹਰਾਕਾਰੀ ਆਗੂਆਂ ਰਜਿੰਦਰ ਜੰਡਿਆਲੀ, ਜੰਗਪਾਲ ਸਿੰਘ ਰਾਏਕੋਟ, ਬਲਵੀਰ ਸਿੰਘ ਬਾਸੀਆਂ, ਜਗਦੀਪ ਸਿੰਘ ਜੌਹਲੀ, ਅਵਤਾਰ ਸਿੰਘ ਖ਼ਾਲਸਾ, ਜਸਵਿੰਦਰ ਸਿੰਘ ਐਤੀਆਣਾ, ਮਨਪ੍ਰੀਤ ਸਿੰਘ ਸਮਰਾਲਾ ਆਦਿ ਨੇ ਕਿਹਾ ਕਿ ਮੁਲਾਜ਼ਮ ਕਿਸੇ ਵੀ ਅਨੁਸ਼ਾਸਨੀ ਕਾਰਵਾਈ ਜਾਂ ਧਮਕੀ ਭਰੇ ਸਰਕੂਲਰਾਂ ਤੋਂ ਡਰਨ ਵਾਲੇ ਨਹੀਂ ਹਨ।ਉਨ੍ਹਾਂ ਨੇ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਹੱਲ ਕਰਨ ਦੀ ਬਜਾਏ ਚੇਤਾਵਨੀਆਂ ਰਾਹੀਂ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਦਬਾਉਣ ਦੀ ਸਰਕਾਰ ਦੀ ਪਹੁੰਚ ਦੀ ਸਖ਼ਤ ਨਿੰਦਾ ਕੀਤੀ। ਪ੍ਰਦਰਸ਼ਨ ਦੌਰਾਨ ਯੂਨੀਅਨ ਦੇ ਇੱਕ ਨੁਮਾਇੰਦੇ ਨੇ ਕਿਹਾ, 'ਨਾ ਅਸੀਂ ਪਹਿਲਾਂ ਧਮਕੀਆਂ ਤੋਂ ਡਰੇ ਹਾਂ ਤੇ ਨਾ ਹੀ ਹੁਣ ਡਰਾਂਗੇ।ਅਸੀਂ ਆਪਣੇ ਹੱਕਾਂ ਦੀ ਲੜਾਈ ਲੜਨ ਲਈ ਪੂਰੀ ਤਰ੍ਹਾਂ ਦ੍ਰਿੜ੍ਹ ਹਾਂ।' ਡੀ.ਟੀ.ਐੱਫ. ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਤੁਰੰਤ ਤੇ ਸਾਰਥਕ ਹੱਲ ਨਾ ਕੀਤਾ ਗਿਆ ਤਾਂ ਇਸ ਸੰਘਰਸ਼ ਨੂੰ ਸੂਬੇ ਦੇ ਹਰ ਬਲਾਕ ਤੇ ਜ਼ਿਲ੍ਹੇ ਵਿੱਚ ਹੋਰ ਤੇਜ਼ ਕੀਤਾ ਜਾਵੇਗਾ।

# ਬੰਦੀ ਸਿੰਘਾਂ ਦੀ ਰਿਹਾਈ ਲਈ ਗੁਰੂ ਨਾਨਕ ਕਾਲਜ ਵਿਖੇ ਧਾਰਮਿਕ ਸਮਾਗਮ




**ਬੁਢਲਾਡਾ (ਅਸ਼ੋਕ ਲਾਕੜਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਵੱਲੋਂ ਮਿਲੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਲੰਮੇ ਸਮੇਂ ਤੋਂ ਨਜ਼ਰਬੰਦ ਤੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਤੇ ਚੜ੍ਹਦੀ ਕਲਾ ਲਈ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸਮੂਹ ਅਧਿਆਪਨ ਤੇ ਗੈਰ-ਅਧਿਆਪਨ ਅਮਲੇ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਸੰਪੂਰਨ ਪਾਠ ਕੀਤੇ ਗਏ।ਪਾਠ ਦੇ ਭੋਗ ਉਪਰੰਤ ਕਾਲਜ ਦੇ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ ਕੀਤਾ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਬਾਬਾ ਬੂਟਾ ਸਿੰਘ ਗੁੜਥੜੀ ਮੁਖੀ ਧਰਮ ਪ੍ਰਚਾਰਕ ਮਾਲਵਾ ਵਹੀਰ ਨੇ ਸੰਗਤ ਨੂੰ ਸੰਬੋਧਨ ਕੀਤਾ।ਉਨ੍ਹਾਂ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੇ ਸੰਘਰਸ਼, ਕੁਰਬਾਨੀਆਂ ਤੇ ਮਾਨਵ ਅਧਿਕਾਰਾਂ ਦੀ ਗੱਲ ਕਰਦਿਆਂ ਉਨ੍ਹਾਂ ਦੀ ਤੁਰੰਤ ਰਿਹਾਈ ਦੀ ਮੰਗ ਕੀਤੀ।ਉਨ੍ਹਾਂ ਨੌਜਵਾਨਾਂ ਨੂੰ ਆਪਣੇ ਮਹਾਨ ਸਿੱਖ ਇਤਿਹਾਸ ਦੇ ਫ਼ਲਸਫ਼ੇ ਤੋਂ ਜਾਣੂ ਕਰਵਾਇਆ ਤੇ ਵਿਦਿਆਰਥੀਆਂ ਨੂੰ ਗੁਰੂ ਨਾਲ ਜੁੜਨ ਦਾ ਉਪਦੇਸ਼ ਦਿੱਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਗੁਰੂ ਦੇ ਚਰਨਾਂ ਵਿੱਚ ਕੀਤੀ ਅਰਦਾਸ ਕਦੇ ਵੀ ਅਜਾਈਂ ਨਹੀਂ ਜਾਂਦੀ। ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਆਈਆਂ ਸਮੂਹ ਧਾਰਮਿਕ ਸ਼ਖ਼ਸੀਅਤਾਂ ਤੇ ਸੰਗਤ ਦਾ ਧੰਨਵਾਦ ਕੀਤਾ।ਸਮਾਗਮ ਦੇ ਅੰਤ ਵਿੱਚ ਗੁਰੂ ਚਰਨਾਂ ਵਿੱਚ ਅਰਦਾਸ ਕੀਤੀ ਗਈ ਕਿ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਸਿੰਘਾਂ ਦੀ ਜਲਦ ਰਿਹਾਈ ਹੋਵੇ ਤੇ ਸਮੁੱਚੇ ਜਗਤ ਵਿੱਚ ਸਰਬੱਤ ਦੇ ਭਲੇ ਦੀ ਭਾਵਨਾ ਬਣੀ ਰਹੇ।ਇਸ ਮੌਕੇ ਸੰਸਥਾ ਦਾ ਸਮੂਹ ਸਟਾਫ਼, ਵਿਦਿਆਰਥੀ ਤੇ ਇਲਾਕੇ ਦੀਆਂ ਪ੍ਰਮੁੱਖ ਹਸਤੀਆਂ ਹਾਜ਼ਰ ਸਨ।

# ਡਾ. ਸਿੰਗਲਾ ਮੁਫ਼ਤ ਮੈਡੀਕਲ ਕੈਂਪ ਲਗਾ ਕੇ ਮਨੁੱਖਤਾ ਦੀ ਕਰ ਰਹੇ ਸੇਵਾ : ਭੁਪਾਲ



**ਮਾਨਸਾ (ਆਤਮਾ ਸਿੰਘ ਪਮਾਰ)**-ਡਾ. ਜਨਕ ਰਾਜ ਸਿੰਗਲਾ ਜ਼ਿਲ੍ਹਾ ਪ੍ਰਧਾਨ ਇੰਡੀਅਨ ਮੈਡੀਕਲ ਐਸੋਸੀਏਸ਼ਨ ਵੱਲੋਂ ਸਮਾਜ ਸੇਵਾ ਦੇ ਖੇਤਰ 'ਚ ਲਗਾਤਾਰ ਕੀਤੇ ਜਾ ਰਹੇ ਉਪਰਾਲਿਆਂ ਦੀ ਚੁਫ਼ੇਰਿਓਂ ਸ਼ਲਾਘਾ ਹੋ ਰਹੀ ਹੈ।ਡਾ. ਸਿੰਗਲਾ ਕਾਫ਼ੀ ਲੰਮੇ ਸਮੇਂ ਤੋਂ ਮਾਨਸਾ ਜ਼ਿਲ੍ਹੇ ਦੇ ਲੋਕਾਂ ਦੀਆਂ ਸਮੱਸਿਆਵਾਂ ਤੇ ਹੱਕਾਂ ਲਈ ਆਪਣੀ ਆਵਾਜ਼ ਬੁਲੰਦ ਕਰਦੇ ਆ ਰਹੇ ਹਨ ਅਤੇ ਲੋੜਵੰਦ ਲੋਕਾਂ ਦੀ ਮਦਦ ਲਈ ਹਮੇਸ਼ਾ ਤਤਪਰ ਰਹਿੰਦੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭੁਪਾਲ ਕਲਾਂ ਵਿਖੇ ਲੱਗੇ 18ਵੇਂ ਮੁਫ਼ਤ ਮੈਡੀਕਲ ਕੈਂਪ ਦੇ ਪ੍ਰਬੰਧਕ ਸਮਾਜ ਸੇਵੀ ਰਾਜ ਕੁਮਾਰ ਭੁਪਾਲ ਕਲਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਡਾ. ਸਿੰਗਲਾ ਸਿੱਧੇ-ਸਾਦੇ, ਮਿਲਣਸਾਰ ਤੇ ਲੋਕਾਂ ਦੇ ਦੁੱਖ-ਦਰਦ ਨੂੰ ਨੇੜਿਓਂ ਸਮਝਣ ਵਾਲੇ ਵਿਅਕਤੀ ਹਨ।ਜਦੋਂ ਵੀ ਕਿਸੇ ਗਰੀਬ ਜਾਂ ਲੋੜਵੰਦ ਵਿਅਕਤੀ ਨੂੰ ਮਦਦ ਦੀ ਲੋੜ ਪੈਂਦੀ ਹੈ ਜਾਂ ਫਿਰ ਮਾਨਸਾ ਜ਼ਿਲ੍ਹੇ ਨਾਲ ਸਬੰਧਤ ਕਿਸੇ ਸਮੱਸਿਆ ਦੀ ਗੱਲ ਹੁੰਦੀ ਹੈ, ਤਾਂ ਡਾ. ਸਿੰਗਲਾ ਹਮੇਸ਼ਾ ਲੋਕਾਂ ਦੇ ਨਾਲ ਖੜ੍ਹੇ ਨਜ਼ਰ ਆਉਂਦੇ ਹਨ।ਜਦੋਂ ਇਲਾਜ ਤੇ ਸਿਹਤ ਸਹੂਲਤਾਂ ਆਮ ਲੋਕਾਂ ਲਈ ਮਹਿੰਗੀਆਂ ਹੁੰਦੀਆਂ ਜਾ ਰਹੀਆਂ ਹਨ, ਉਦੋਂ ਡਾ. ਸਿੰਗਲਾ ਵੱਲੋਂ ਪੇਂਡੂ ਇਲਾਕਿਆਂ 'ਚ ਫਰੀ ਮੈਡੀਕਲ ਕੈਂਪ ਲਗਾ ਕੇ ਲੋਕਾਂ ਨੂੰ ਸਿਹਤ ਸਬੰਧੀ ਜਾਗਰੂਕਤਾ ਤੇ ਸਹੂਲਤਾਂ ਮੁਹੱਈਆ ਕਰਵਾਉਣਾ ਇੱਕ ਸ਼ਲਾਘਾਯੋਗ ਕਦਮ ਹੈ। ਇਨ੍ਹਾਂ ਕੈਂਪਾਂ ਦੌਰਾਨ ਲੋਕਾਂ ਦੀ ਆਮ ਸਿਹਤ ਜਾਂਚ ਕਰਨ ਦੇ ਨਾਲ-ਨਾਲ ਬਲੱਡ ਪ੍ਰੈਸ਼ਰ, ਸ਼ੂਗਰ ਤੇ ਹੋਰ ਬਿਮਾਰੀਆਂ ਸਬੰਧੀ ਜਾਂਚ ਕਰਕੇ ਲੋਕਾਂ ਨੂੰ ਸਮੇਂ ਸਿਰ ਸਿਹਤ ਪ੍ਰਤੀ ਸੁਚੇਤ ਕੀਤਾ ਜਾਂਦਾ ਹੈ।ਇਸ ਦੇ ਨਾਲ ਹੀ ਅੱਖਾਂ ਦੀ ਜਾਂਚ ਤੇ ਹੋਰ ਲੋੜੀਂਦੀਆਂ ਸਿਹਤ ਸੇਵਾਵਾਂ ਵੀ ਉਪਲਬਧ ਕਰਵਾਈਆਂ ਜਾਂਦੀਆਂ ਹਨ।ਇਸ ਮੌਕੇ ਡਾ. ਅਨਿਲ ਗਰਗ ਨੇ ਕਿਹਾ ਕਿ ਡਾ. ਸਿੰਗਲਾ ਦਾ ਮੁੱਖ ਉਦੇਸ਼ ਸਿਰਫ਼ ਬਿਮਾਰ ਵਿਅਕਤੀ ਦਾ ਇਲਾਜ ਕਰਵਾਉਣਾ ਹੀ ਨਹੀਂ, ਸਗੋਂ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਅ ਲਈ ਜਾਗਰੂਕ ਕਰਨਾ ਵੀ ਹੈ।ਪਿੰਡ ਦੇ ਸਰਪੰਚ ਗੁਰਜੀਤ ਕੌਰ, ਡਾ. ਦੇਸ ਸਿੰਘ ਨੇ ਕਿਹਾ ਕਿ ਇਸ ਕੈਂਪ 'ਚ ਤਕਰੀਬਨ 200 ਤੋਂ ਵੱਧ ਮਰੀਜ਼ਾਂ ਦਾ ਚੈੱਕਅਪ ਕੀਤਾ।ਕੈਂਪ ਦੀ ਸਮਾਪਤੀ ਸਮੇਂ ਡਾ. ਅਨਿਲ ਗਰਗ ਨੇ ਪਿੰਡ ਵਾਸੀਆਂ ਤੇ ਕੈਂਪ 'ਚ ਵਿਸ਼ੇਸ਼ ਸਹਿਯੋਗ ਲਈ ਧੰਨਵਾਦ ਕਰਦਿਆਂ ਉਮੀਦ ਜਤਾਈ ਕਿ ਡਾ. ਜਨਕ ਰਾਜ ਸਿੰਗਲਾ ਵੱਲੋਂ ਮਾਨਵਤਾ ਦੀ ਭਵਿੱਖ 'ਚ ਵੀ ਇਸੇ ਬਾਦਸਤੂਰ ਸੇਵਾ ਕਰਦੇ ਰਹਿਣਗੇ।

# ਯਾਰਾ ਫਰਟੀਲਾਈਜ਼ਰ ਦੇ ਜ਼ਿੰਕ ਦੀ ਗੁਣਵੱਤਾ 'ਤੇ ਉੱਠੇ ਗੰਭੀਰ ਸਵਾਲ

## ਕਿਸਾਨ ਮੇਲਿਆਂ 'ਚ ਕੰਪਨੀ ਦੇ ਸਟਾਲਾਂ 'ਤੇ ਰੋਕ ਲਗਾਉਣ ਦੀ ਮੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਭਾਰਤ ਦੇ ਪੰਜਾਬ ਤੇ ਹਰਿਆਣਾ ਚੈਪਟਰ ਦੀ ਆਨਲਾਈਨ ਮੀਟਿੰਗ ਵਿੱਚ ਯਾਰਾ ਫਰਟੀਲਾਈਜ਼ਰਜ਼ ਦੇ ਉਤਪਾਦ 'ਯਾਰਾਵੀਟਾ ਜ਼ਿੰਕ ਪ੍ਰੋਕੋਟ 39.5 ਪ੍ਰਤੀਸ਼ਤ' ਦੀ ਗੁਣਵੱਤਾ 'ਤੇ ਡੂੰਘੀ ਚਿੰਤਾ ਪ੍ਰਗਟਾਈ ਗਈ। ਹਰਿਆਣਾ ਖੇਤੀਬਾੜੀ ਵਿਭਾਗ ਤੇ ਨਿੱਜੀ ਲੈਬਾਂ ਦੀ ਜਾਂਚ ਵਿੱਚ ਜ਼ਿੰਕ ਦੀ ਮਾਤਰਾ ਮਾਤਰ 1.74 ਪ੍ਰਤੀਸ਼ਤ ਨਿਕਲਣ ਕਾਰਨ ਕਿਸਾਨਾਂ ਵਿਚ ਭਾਰੀ ਰੋਸ ਹੈ। ਮੋਰਚੇ ਨੇ ਪੰਜਾਬ ਦੇ ਮੁੱਖ ਮੰਤਰੀ ਤੇ ਖੇਤੀਬਾੜੀ ਵਿਭਾਗ ਤੋਂ ਕੰਪਨੀ ਦੇ ਉਤਪਾਦਾਂ ਦੇ ਸਰਕਾਰੀ ਸੈਂਪਲ ਲੈਣ ਤੇ ਜਾਂਚ ਪੂਰੀ ਹੋਣ ਤੱਕ ਕਿਸਾਨ ਮੇਲਿਆਂ ਵਿੱਚ ਕੰਪਨੀ ਦੇ ਸਟਾਲਾਂ ਤੇ ਵਿਕਰੀ 'ਤੇ ਮੁਕੰਮਲ ਰੋਕ ਲਗਾਉਣ ਦੀ ਮੰਗ ਕੀਤੀ ਹੈ। ਸੰਯੁਕਤ ਕਿਸਾਨ ਮੋਰਚਾ ਗੈਰ-ਸਿਆਸੀ (ਭਾਰਤ) ਦੇ ਪੰਜਾਬ ਤੇ ਹਰਿਆਣਾ ਚੈਪਟਰ ਵੱਲੋਂ ਇੱਕ ਅਹਿਮ ਆਨਲਾਈਨ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਕਿਸਾਨ ਆਗੂ ਸੁਖਜੀਤ ਸਿੰਘ ਹਰਦੋਚੰਡੇ, ਬਚਿੱਤਰ ਸਿੰਘ ਕੋਟਲਾ, ਗੁਰਿੰਦਰ ਸਿੰਘ ਭੰਗੂ, ਗੁਰਸੇਵਕ ਸਿੰਘ ਧਾਲੀਵਾਲ, ਬੀਬੀ ਪਰਮਜੀਤ ਕੌਰ ਤੇ ਲਖਵਿੰਦਰ ਸਿੰਘ ਔਲਖ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਮੀਟਿੰਗ ਦੇ ਆਗਾਜ਼ ਵਿੱਚ ਮੋਰਚੇ ਦੇ ਸੀਨੀਅਰ ਆਗੂ ਇੰਦਰਜੀਤ ਸਿੰਘ ਕੋਟਬੁੱਢਾ ਦੀ ਮਾਤਾ ਜੀ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਤੋਂ ਬਾਅਦ ਮੀਟਿੰਗ ਵਿੱਚ ਯਾਰਾ ਫਰਟੀਲਾਈਜ਼ਰਜ਼ ਇੰਡੀਆ ਪ੍ਰਾਈਵੇਟ ਲਿਮਟਿਡ ਦੇ ਚਰਚਿਤ ਉਤਪਾਦ 'ਯਾਰਾਵੀਟਾ ਜ਼ਿੰਕ ਪ੍ਰੋਕੋਟ (39.5 ਫੀਸਦੀ)' ਦੀ ਮਾੜੀ ਗੁਣਵੱਤਾ ਦੇ ਮੁੱਦੇ ਨੂੰ ਗੰਭੀਰਤਾ ਨਾਲ ਵਿਚਾਰਿਆ ਗਿਆ। ਕਿਸਾਨ ਆਗੂਆਂ ਨੇ ਖੁਲਾਸਾ ਕੀਤਾ ਕਿ ਹਰਿਆਣਾ ਖੇਤੀਬਾੜੀ ਵਿਭਾਗ ਦੀ ਅਧਿਕਾਰਤ ਜਾਂਚ ਦੌਰਾਨ ਇਸ ਉਤਪਾਦ ਵਿੱਚ ਜ਼ਿੰਕ ਦੀ ਮਾਤਰਾ ਤੈਅ ਮਾਪਦੰਡਾਂ ਦੇ ਉਲਟ ਮਹਿਜ਼ 1.74 ਫੀਸਦੀ ਹੀ ਪਾਈ ਗਈ ਹੈ। ਇਸ ਤੋਂ ਇਲਾਵਾ ਹੋਰ ਨਿੱਜੀ ਪ੍ਰਯੋਗਸ਼ਾਲਾਵਾਂ (ਲੈਬਾਂ) ਦੀਆਂ ਰਿਪੋਰਟਾਂ ਵਿੱਚ ਵੀ ਗੰਭੀਰ ਊਣਤਾਈਆਂ ਸਾਹਮਣੇ ਆਈਆਂ ਹਨ, ਜਿਸ ਨਾਲ ਕਿਸਾਨਾਂ ਵਿੱਚ ਕੰਪਨੀ ਦੀ ਕਾਰਜਪ੍ਰਣਾਲੀ ਪ੍ਰਤੀ ਭਾਰੀ ਨਾਰਾਜ਼ਗੀ ਫੈਲ ਗਈ ਹੈ। ਕਿਸਾਨ ਮੋਰਚੇ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਨੂੰ ਇੱਕ ਮੰਗ ਪੱਤਰ ਭੇਜ ਕੇ ਤੁਰੰਤ ਦਖਲ ਦੇਣ ਦੀ ਅਪੀਲ ਕੀਤੀ ਗਈ ਹੈ। ਮੰਗ ਕੀਤੀ ਗਈ ਹੈ ਕਿ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਯਾਰਾ ਜ਼ਿੰਕ ਪ੍ਰੋਕੋਟ ਸਮੇਤ ਕੰਪਨੀ ਦੇ ਹੋਰ ਉਤਪਾਦਾਂ ਦੇ ਸਰਕਾਰੀ ਨਮੂਨੇ ਭਰ ਕੇ ਨਿਸ਼ਚਿਤ ਜਾਂਚ ਕਰਵਾਈ ਜਾਵੇ। ਜਦੋਂ ਤੱਕ ਜਾਂਚ ਪ੍ਰਕਿਰਿਆ ਪੂਰੀ ਨਹੀਂ ਹੁੰਦੀ, ਉਦੋਂ ਤੱਕ ਕੰਪਨੀ ਦੇ ਪ੍ਰਚਾਰ, ਪ੍ਰਦਰਸ਼ਨੀ ਅਤੇ ਵਿਕਰੀ ਸਟਾਲਾਂ 'ਤੇ ਪੂਰਨ ਬੈਨ ਲਗਾਇਆ ਜਾਵੇ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਕਿਸੇ ਵੀ ਕਿਸਾਨ ਮੇਲੇ ਵਿੱਚ ਕੰਪਨੀ ਦਾ ਸਟਾਲ ਲਗਾਇਆ ਗਿਆ, ਤਾਂ ਕਿਸਾਨ ਜਥੇਬੰਦੀਆਂ ਸ਼ਾਂਤਮਈ ਤੇ ਲੋਕਤੰਤਰਿਕ ਢੰਗ ਨਾਲ ਵਿਰੋਧ ਕਰਨਗੀਆਂ, ਜਿਸ ਦੀ ਪੂਰੀ ਜ਼ਿੰਮੇਵਾਰੀ ਸਬੰਧਤ ਵਿਭਾਗਾਂ ਦੀ ਹੋਵੇਗੀ।

# ਨਸ਼ਾ ਤਸਕਰਾਂ ਨੂੰ ਕੈਦ ਤੇ ਜੁਰਮਾਨਾ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਫਰੀਦਕੋਟ ਦੇ ਸ਼ੈਸ਼ਨ ਜੱਜ ਸੰਜੇ ਅਗਨੀਹੋਤਰੀ ਨੇ ਤਿੰਨ ਤਸਕਰਾਂ ਨੂੰ ਦਸ-ਦਸ ਸਾਲ ਦੀ ਕੈਦ ਦੀ ਸਜ਼ਾ ਤੇ ਇੱਕ-ਇੱਕ ਲੱਖ ਰੁਪਏ ਜੁਰਮਾਨਾ ਭਰਨ ਦਾ ਹੁਕਮ ਦਿੱਤਾ ਹੈ। ਜਾਣਕਾਰੀ ਅਨੁਸਾਰ ਨਾਰਕੋਟਿਕ ਸੈੱਲ ਫਰੀਦਕੋਟ ਨੇ ਜੂਨ 2021 ਵਿੱਚ ਗੁਰਮੀਤ ਸਿੰਘ, ਜਸਵੀਰ ਸਿੰਘ ਤੇ ਗੁਰਪ੍ਰੀਤ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਇਨ੍ਹਾਂ ਕੋਲੋਂ 3200 ਦੇ ਕਰੀਬ ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਸਨ।

ਇਸ ਮਾਮਲੇ ਵਿੱਚ ਅਦਾਲਤ ਨੇ ਪੰਜ ਸਾਲ ਦੀ ਲੰਬੀ ਸੁਣਵਾਈ ਤੋਂ ਬਾਅਦ ਉਕਤ ਤਿੰਨੇ ਮੁਲਜ਼ਮਾਂ ਨੂੰ ਨਸ਼ਾ ਤਸਕਰੀ ਦਾ ਕਸੂਰਵਾਰ ਮੰਨਦਿਆਂ ਉਕਤ ਸਜ਼ਾ ਦਾ ਹੁਕਮ ਸੁਣਾਇਆ।

ਮੁਲਜ਼ਮਾਂ ਨੇ ਅਦਾਲਤ ਵਿੱਚ ਦਾਅਵਾ ਕੀਤਾ ਸੀ ਕਿ ਉਨ੍ਹਾ ਨੂੰ ਕੇਸ ਵਿੱਚ ਝੂਠਾ ਫਸਾਇਆ ਗਿਆ ਹੈ, ਪਰ ਉਹ ਬੇਗੁਨਾਹੀ ਸਾਬਿਤ ਨਹੀਂ ਕਰ ਸਕੇ।

# ਆਤਮਾ ਰਾਮ ਸਕੂਲ 'ਚ ਰੱਖੜੀ ਦਾ ਤਿਉਹਾਰ ਮਨਾਇਆ



**ਬਰੇਟਾ (ਗੀਤਵਾਲ)**-ਸਥਾਨਕ ਆਤਮਾ ਰਾਮ ਮੈਮੋਰੀਅਲ ਕਾਨਵੈਂਟ ਸਕੂਲ ਵਿਖੇ ਰੱਖੜੀ ਦਾ ਤਿਉਹਾਰ ਬੜੇ ਉਤਸ਼ਾਹ ਤੇ ਵਿਲੱਖਣ ਢੰਗ ਨਾਲ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਆਪਣੇ ਹੱਥਾਂ ਨਾਲ ਸੁੰਦਰ ਤੇ ਰੰਗ-ਬਿਰੰਗੀਆਂ ਰੱਖੜੀਆਂ ਤਿਆਰ ਕਰਕੇ ਸਕੂਲ ਵਿੱਚ ਲਗਾਏ ਪੌਦਿਆਂ ਨੂੰ ਬੰਨ੍ਹੀਆਂ। ਇਸ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੂੰ ਭੈਣ-ਭਰਾ ਦੇ ਪਿਆਰ ਦੇ ਨਾਲ-ਨਾਲ ਕੁਦਰਤ ਤੇ ਵਾਤਾਵਰਣ ਦੀ ਰੱਖਿਆ ਦਾ ਸੁਨੇਹਾ ਦਿੱਤਾ ਗਿਆ।ਵਿਦਿਆਰਥੀਆਂ ਨੇ ਇਹ ਸੰਦੇਸ਼ ਦਿੱਤਾ ਕਿ ਜਿਸ ਤਰ੍ਹਾਂ ਰੱਖੜੀ ਪਿਆਰ ਤੇ ਸੁਰੱਖਿਆ ਦਾ ਪ੍ਰਤੀਕ ਹੈ, ਉਸੇ ਤਰ੍ਹਾਂ ਸਾਨੂੰ ਆਪਣੇ ਪੌਦਿਆਂ ਤੇ ਕੁਦਰਤ ਦੀ ਵੀ ਸੰਭਾਲ ਕਰਨੀ ਚਾਹੀਦੀ ਹੈ।ਸਕੂਲ ਦੇ ਚੇਅਰਮੈਨ ਸ਼ੇਰਿਕ ਗਰਗ, ਪ੍ਰਿੰਸੀਪਲ ਮੋਨਿਕਾ ਗਰਗ ਤੇ ਵਾਈਸ ਪ੍ਰਿੰਸੀਪਲ ਮਿਸ ਪੂਨਮ ਵਰਮਾ ਨੇ ਵਿਦਿਆਰਥੀਆਂ ਦੀ ਇਸ ਰਚਨਾਤਮਕ ਤੇ ਵਾਤਾਵਰਣ-ਪ੍ਰੇਮੀ ਪਹਿਲ ਦੀ ਸ਼ਲਾਘਾ ਕੀਤੀ।ਇਹ ਵਿਲੱਖਣ ਗਤੀਵਿਧੀ ਵਿਦਿਆਰਥੀਆਂ ਲਈ ਪਿਆਰ, ਸੁਰੱਖਿਆ ਤੇ ਕੁਦਰਤ ਪ੍ਰਤੀ ਜ਼ਿੰਮੇਵਾਰੀ ਦਾ ਸੁੰਦਰ ਸੰਦੇਸ਼ ਬਣੀ।

# ਨਗਰ ਪਾਲਿਕਾ ਨੇ ਪੁਲਸ ਦੀ ਮਦਦ ਨਾਲ ਰੋਕੀ ਘਰ ਦੀ ਉਸਾਰੀ

**ਮਲੋਟ (ਰਜਿੰਦਰ ਜੁਨੇਜਾ)**-ਨਗਰ ਪਾਲਿਕਾ ਵੱਲੋਂ ਵੱਡੀ ਕਾਰਵਾਈ ਕਰਦਿਆਂ ਸ਼ਹਿਰ ਅੰਦਰ ਇੱਕ ਅਕਾਲੀ ਆਗੂ ਅਤੇ ਸਾਬਕਾ ਕੌਂਸਲਰ ਦੇ ਤਿੰਨ ਮੰਜ਼ਲਾ ਮਕਾਨ ਦੀ ਉਸਾਰੀ ਦਾ ਕੰਮ ਬੰਦ ਕਰਾ ਦਿੱਤਾ ਗਿਆ।ਇਸ ਕਾਰਵਾਈ ਲਈ ਨਗਰ ਪਾਲਿਕਾ ਵੱਲੋਂ ਪੁਲਸ ਦੀ ਵੀ ਮਦਦ ਲਈ ਗਈ।ਨਗਰ ਪਾਲਿਕਾ ਅਧਿਕਾਰੀਆਂ ਨੇ ਦੱਸਿਆ ਕਿ ਵਾਰਡ ਨੰਬਰ 24 ਵਿਖੇ, ਮੰਡੀ ਹਰਜੀ ਰਾਮ ਵਿਖੇ ਇੱਕ ਸਾਬਕਾ ਐੱਮ.ਸੀ. ਦੇ ਘਰ ਉਸਾਰੀ ਚੱਲ ਰਹੀ ਸੀ, ਜਿਸ 'ਤੇ ਕਮੇਟੀ ਤੋਂ ਡੇਢ ਮੰਜ਼ਲ ਦਾ ਨਕਸ਼ਾ ਪਾਸ ਕਰਾਇਆ ਸੀ, ਜਦਕਿ ਉਸਾਰੀ ਤਿੰਨ ਮੰਜ਼ਲਾਂ ਦੀ ਚੱਲ ਰਹੀ ਸੀ।ਇਸ ਨੂੰ ਰੋਕਣ ਲਈ ਨਗਰ ਪਾਲਿਕਾ ਦੀ ਟੀਮ ਨੇ ਮੌਕੇ 'ਤੇ ਜਾ ਕੇ ਕੰਮ ਬੰਦ ਕਰਨ ਲਈ ਆਖਿਆ।

ਮੌਕੇ 'ਤੇ ਹੋਈ ਤਕਰਾਰ ਤੋਂ ਬਾਅਦ ਨਗਰ ਪਾਲਿਕਾ ਕ੍ਰਮਚਾਰੀਆਂ ਨੇ ਪੁਲਸ ਦੀ ਮਦਦ ਲਈ ਤੇ ਕੰਮ ਬੰਦ ਕਰਾ ਦਿੱਤਾ।ਨਗਰ ਪਾਲਿਕਾ ਪ੍ਰਧਾਨ ਤੇ ਅਧਿਕਾਰੀਆਂ ਨੇ ਦੱਸਿਆ ਕਿ ਸ਼ਹਿਰ ਵਿੱਚ ਬਿਨਾਂ ਮਨਜ਼ੂਰੀ ਤੋਂ ਚੱਲ ਰਹੀ ਉਸਾਰੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਸ ਮਾਮਲੇ ਨੂੰ ਲੈ ਕੇ ਦੂਜੀ ਧਿਰ ਵੱਲੋਂ ਸਿਆਸੀ ਪੱਖਪਾਤ ਦੱਸਿਆ ਜਾ ਰਿਹਾ ਹੈ।ਉਨ੍ਹਾਂ ਅਨੁਸਾਰ ਸ਼ਹਿਰ ਅੰਦਰ ਤਹਿਸੀਲ ਰੋਡ, ਲੋਹਾ ਬਾਜ਼ਾਰ ਤੇ ਆਸ-ਪਾਸ ਦੇ ਰਿਹਾਇਸ਼ੀ ਇਲਾਕਿਆਂ ਵਿੱਚ ਵੱਡੇ ਪੱਧਰ 'ਤੇ ਅਣਅਧਿਕਾਰਿਤ ਉਸਾਰੀ ਦਾ ਕੰਮ ਚੱਲ ਰਿਹਾ ਹੈ।

# ਸੁਭਾਸ਼ ਚੰਦਰਾ ਦਾ 22000 ਕਰੋੜ ਮੁਆਫ਼, ਕਿਸਾਨਾਂ, ਮਜ਼ਦੂਰਾਂ ਦਾ ਦੁੱਕੀ ਨਹੀਂ : ਐੱਸ ਕੇ ਐੱਮ



**ਵਲਟੋਹਾ (ਰਣਜੀਤ ਸਿੰਘ)**- ਐੱਸ ਕੇ ਐੱਮ ਵੱਲੋਂ ਚੱਲ ਰਹੇ ਸ਼ੇਰੋਂ ਖੰਡ ਮਿੱਲ ਮੋਰਚੇ ਦੇ 102ਵੇਂ ਦਿਨ ਕਿਸਾਨ ਆਗੂਆਂ ਨੇ ਕਿਹਾ ਕਿ ਪਹਿਲੀ ਸਤੰਬਰ ਤੋਂ ਸੱਤ ਸਤੰਬਰ ਤੱਕ ਸਯੁੰਕਤ ਕਿਸਾਨ ਮੋਰਚਾ ਪੰਜਾਬ ਦੇ ਪਾਣੀਆਂ, ਰਾਜਧਾਨੀ ਚੰਡੀਗੜ੍ਹ ਸਮੇਤ ਹੋਰ ਸਮੁੱਚੇ ਪੰਜਾਬੀਆਂ ਦੇ ਹੱਕਾਂ ਦੀ ਗੱਲ ਕਰਨ ਅਤੇ ਕਿਸਾਨਾਂ ਮਜ਼ਦੂਰਾਂ ਦੀਆਂ ਮੁੱਖ ਮੰਗਾਂ ਪੂਰੀਆਂ ਕਰਾਉਣ ਲਈ ਲਾਇਆ ਜਾ ਰਿਹਾ ਹੈ ਜਿਹੜੀਆਂ ਕਿ ਸਮੇਂ ਸਮੇਂ ਸਰਕਾਰਾਂ ਮੰਨ ਜਾਂਦੀਆਂ ਹਨ ਪਰ ਅਮਲ ਨਹੀਂ ਕਰਦੀਆਂ। ਕਿਸਾਨ ਆਗੂਆਂ ਦਲਜੀਤ ਸਿੰਘ ਦਿਆਲਪੁਰਾ, ਤਰਸੇਮ ਸਿੰਘ ਲੁਹਾਰ, ਇੰਦਰਜੀਤ ਸਿੰਘ ਮਰਹਾਨਾ, ਜੱਸਾ ਸਿੰਘ ਕੱਦਗਿੱਲ, ਗੁਰਪ੍ਰੀਤ ਸਿੰਘ ਗੰਡੀਵਿੰਡ, ਨਛੱਤਰ ਸਿੰਘ ਪੰਨੂ ਨੇ ਕਿਹਾ ਕਿ ਅੱਜ ਕੇਂਦਰ ਦੀ ਭਾਜਪਾ ਸਰਕਾਰ ਨੇ ਜ਼ੀ ਟੀਵੀ ਚੈਨਲਾਂ ਦੇ ਮਾਲਕ ਸੁਭਾਸ਼ ਚੰਦਰ ਦੇ 22000 ਕਰੋੜ ਰੁਪਏ ਦਾ ਕਰਜ਼ਾ ਮੁਆਫ਼ ਕਰ ਦਿੱਤਾ ਹੈ ਪਰ ਕਿਸਾਨਾਂ ਮਜ਼ਦੂਰਾਂ ਤੇ ਹੋਰ ਛੋਟੇ ਕਾਰੋਬਾਰੀਆਂ ਨੂੰ ਕਰਜ਼ੇ ਦਾ ਵਿਆਜ ਵੀ ਨਹੀਂ ਛੱਡਿਆ ਜਾਂਦਾ। ਹੁਣ ਜਿਸ ਤਰ੍ਹਾਂ ਖੰਡ ਸਮੇਤ ਸਭ ਰਸੋਈ ਦੀਆਂ ਵਸਤਾਂ ਮਹਿੰਗੀਆਂ ਹੋਈਆਂ ਇਸ ਤੋਂ ਪਤਾ ਲਗਦਾ ਹੈ ਕਿ ਕਾਰਪੋਰੇਟ ਘਰਾਣਿਆਂ ਨੂੰ ਲੁੱਟਣ ਦੀ ਕਿੰਨੀ ਖੁੱਲ੍ਹ ਦਿੱਤੀ ਹੋਈ ਹੈ। ਇਸੇ ਕਰਕੇ ਸੰਯੁਕਤ ਕਿਸਾਨ ਮੋਰਚਾ ਚਾਹੁੰਦਾ ਹੈ ਕਿ ਸਹਿਕਾਰੀ ਜਾਂ ਸਰਕਾਰੀ ਖੇਤਰ ਰਾਹੀਂ ਸਮੁੱਚੀ ਖੁਰਾਕ 'ਤੇ ਸਰਕਾਰੀ ਕੰਟਰੋਲ ਹੋਵੇ ਤਾਂ ਕਿ ਆਮ ਆਦਮੀ ਨੂੰ ਜਿਊਣ ਲਈ ਚੰਗੀ ਖ਼ੁਰਾਕ ਮਿਲਦੀ ਰਹੇ।ਉਹਨਾਂ ਕਿਹਾ ਕਿ ਕਿਸਾਨਾਂ ਨੂੰ ਸਾਰੀਆਂ ਫਸਲਾਂ ਤੇ ਵਾਅਦੇ ਅਨੁਸਾਰ ਐਮ ਐਸ ਪੀ ਨਹੀਂ ਦਿੱਤੀ ਜਾ ਰਹੀ, ਸਾਰੀਆਂ ਫਸਲਾਂ ਤੋਂ ਖਾਣ ਪੀਣ ਵਾਲੀਆਂ ਵਸਤੂਆਂ ਦੀ ਮਹਿੰਗਾਈ ਕਰਨ ਦੀ ਕਾਰਪੋਰੇਟ ਘਰਾਣਿਆਂ ਨੂੰ ਖੁੱਲ੍ਹ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਪਾਣੀਆਂ 'ਤੇ ਕੇਂਦਰ ਸਰਕਾਰ ਕੰਟਰੋਲ ਕਰਕੇ ਪੰਜਾਬ ਦੀ ਵੱਡਮੁੱਲੀ ਦੌਲਤ ਹੋਰਾਂ ਨੂੰ ਮੁਫ਼ਤ ਦੇ ਰਹੀ ਹੈ ।

ਇਸ ਤਰ੍ਹਾਂ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਬਣੀ ਰਾਜਧਾਨੀ ਪੰਜਾਬ ਨੂੰ ਨਹੀਂ ਦਿੱਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਬੀਰ ਸਿੰਘ ਨਿੱਜਰਪੁਰਾ, ਰੇਸ਼ਮ ਸਿੰਘ ਫੈਲੋਕੇ, ਮਨਜੀਤ ਸਿੰਘ ਰੰਧਾਵਾ, ਸੁੱਖਬਾਜ ਸਿੰਘ ਸਿੱਧੂ,ਅਜੀਤ ਸਿੰਘ, ਬਲਵਿੰਦਰ ਸਿੰਘ ਨਿਹੰਗ, ਬਲਦੇਵ ਸਿੰਘ ਸ਼ੇਰੋਂ ਕਮਿਸ਼ਨ ਏਜੰਟ , ਚਮਕੌਰ ਸਿੰਘ, ਅਮਰਜੀਤ ਸਿੰਘ ਤੁੜ, ਮੁਖਤਾਰ ਸਿੰਘ ਜੌਹਲ ਢਾਏਵਾਲਾ ਸਮੇਤ ਕਈ ਆਗੂ ਹਾਜ਼ਰ ਸਨ।

# ਪਿਸਤੌਲ, ਮੈਗਜ਼ੀਨ, 3 ਜ਼ਿੰਦਾ ਕਾਰਤੂਸ ਸਮੇਤ 2 ਵਿਅਕਤੀ ਕਾਰ ਸਮੇਤ ਕਾਬੂ

**ਢਿੱਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)**- ਢਿਲਵਾਂ ਪੁਲਸ ਨੇ ਢਿਲਵਾਂ ਹਾਈ-ਟੈਕ ਨਾਕੇ 'ਤੇ ਨਾਕਾਬੰਦੀ ਦੌਰਾਨ ਕਾਰ ਵਿੱਚ ਜਾ ਰਹੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ। ਉਨ੍ਹਾਂ ਤੋਂ ਇੱਕ ਗੈਰ-ਕਾਨੂੰਨੀ ਪਿਸਤੌਲ, ਇੱਕ ਮੈਗਜ਼ੀਨ ਅਤੇ ਤਿੰਨ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ। ਥਾਣਾ ਮੁਖੀ ਢਿਲਵਾਂ ਜਸਦੀਪ ਸਿੰਘ ਨੇ ਦੱਸਿਆ ਕਿ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ ਅਤੇ ਦੋ ਦਿਨਾਂ ਦਾ ਪੁਲਿਸ ਰਿਮਾਂਡ ਦਿੱਤਾ ਗਿਆ ਹੈ। ਉਹਨਾ ਦੱਸਿਆ ਕਿ ਏ ਐਸ ਆਈ ਜਸਬੀਰ ਪਾਲ, ਏ ਐਸ ਆਈ ਰਸ਼ਪਾਲ ਸਿੰਘ ਪੁਲਸ ਟੀਮ ਦੇ ਨਾਲ ਢਿਲਵਾਂ ਹਾਈ-ਟੈਕ ਚੌਕੀ 'ਤੇ ਨਾਕਾਬੰਦੀ ਦੌਰਾਨ ਵਾਹਨਾਂ ਦੀ ਜਾਂਚ ਕਰ ਰਹੇ ਸਨ। ਇਸ ਦੌਰਾਨ ਪੁਲਸ ਨੇ ਅੰਮ੍ਰਿਤਸਰ ਤੋਂ ਆ ਰਹੀ ਕਾਰ ਨੂੰ ਰੋਕਿਆ, ਕਾਰ ਦੀ ਤਲਾਸ਼ੀ ਲਈ ਅਤੇ ਪੁੱਛਗਿੱਛ ਕੀਤੀ। ਪੁੱਛਗਿੱਛ ਦੌਰਾਨ ਵਿਅਕਤੀਆਂ ਨੇ ਆਪਣੀ ਪਛਾਣ ਕਬੀਰ ਕਪੂਰ, ਪੁੱਤਰ ਮਨੀਸ਼ ਕਪੂਰ, ਵਾਸੀ ਮਜੀਠਾ ਰੋਡ, ਅੰਮ੍ਰਿਤਸਰ ਅਤੇ ਭੂਸ਼ਣ ਪੁੱਤਰ ਬੂਆ ਦਾਸ, ਵਾਸੀ ਬਟਾਲਾ ਰੋਡ, ਅੰਮ੍ਰਿਤਸਰ ਵਜੋਂ ਕੀਤੀ। ਥਾਣਾ ਮੁਖੀ ਜਸਦੀਪ ਸਿੰਘ ਨੇ ਦੱਸਿਆ ਕਿ ਕਾਰ ਦੀ ਤਲਾਸ਼ੀ ਦੌਰਾਨ ਡਰਾਈਵਰ ਸੀਟ ਹੇਠੋਂ ਇੱਕ ਪਿਸਤੌਲ, ਇੱਕ ਮੈਗਜ਼ੀਨ ਅਤੇ ਤਿੰਨ ਜ਼ਿੰਦਾ ਕਾਰਤੂਸ ਬਰਾਮਦ ਹੋਏ। ਦੋਵੇਂ ਨੌਜਵਾਨ ਬਰਾਮਦ ਪਿਸਤੌਲ ਸਬੰਧੀ ਕੋਈ ਵੀ ਲਾਇਸੈਂਸ ਪੇਸ਼ ਨਹੀਂ ਕਰ ਸਕੇ। ਦੋਵਾਂ ਕਥਿਤ ਮੁਲਜ਼ਮਾਂ ਖ਼ਿਲਾਫ਼ ਢਿਲਵਾਂ ਥਾਣੇ ਵਿੱਚ ਅਸਲਾ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

# ਮਸ਼ਾਲ ਯਾਤਰਾ ਅਗਲੇ ਪੜਾਅ ਲਈ ਰਵਾਨਾ



**ਪੱਟੀ (ਬਲਦੇਵ ਸਿੰਘ ਸੰਧੂ)**-ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਮਸ਼ਾਲ ਯਾਤਰਾ ਐਤਵਾਰ ਸ੍ਰੀ ਗੁਰੂ ਅਰਜਨ ਦੇਵ ਸਟੇਡੀਅਮ ਤਰਨ ਤਾਰਨ ਤੋਂ ਅਗਲੇ ਪੜਾਅ ਲਈ ਰਵਾਨਾ ਕੀਤੀ ਗਈ।

ਖੇਡਾਂ ਪ੍ਰਤੀ ਨੌਜਵਾਨਾਂ ਵਿਚ ਉਤਸ਼ਾਹ ਪੈਦਾ ਕਰਨ ਦੇ ਉਦੇਸ਼ ਨਾਲ ਕੱਢੀ ਜਾ ਰਹੀ ਇਹ ਮਸ਼ਾਲ ਯਾਤਰਾ ਤਰਨ ਤਾਰਨ ਦੇ ਬਾਜ਼ਾਰ ਵਿੱਚੋਂ ਪੈਦਲ ਮਾਰਚ ਕਰਨ ਤੋਂ ਬਾਅਦ ਹਰੀਕੇ ਲਈ ਰਵਾਨਾ ਹੋਈ, ਜਿੱਥੋਂ ਮਸ਼ਾਲ ਨੂੰ ਰਸਮੀ ਤੌਰ 'ਤੇ ਜ਼ਿਲ੍ਹਾ ਫ਼ਿਰੋਜ਼ਪੁਰ ਨੂੰ ਸੌਂਪ ਦਿੱਤਾ ਗਿਆ।

ਮਸ਼ਾਲ ਯਾਤਰਾ ਨੂੰ ਰਵਾਨਾ ਕਰਨ ਮੌਕੇ ਜ਼ਿਲ੍ਹਾ ਖੇਡ ਅਫ਼ਸਰ ਸਤਵੰਤ ਕੌਰ ਨੇ ਕਿਹਾ ਕਿ ਇਹ ਮਸ਼ਾਲ ਯਾਤਰਾ ਖੇਡਾਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਨਾਲ-ਨਾਲ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕਰਨ ਦਾ ਪ੍ਰਭਾਵਸ਼ਾਲੀ ਮਾਧਿਅਮ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਵਿਚ ਅਨੁਸ਼ਾਸਨ, ਮਿਹਨਤ, ਟੀਮ ਭਾਵਨਾ ਅਤੇ ਆਪਸੀ ਭਾਈਚਾਰਕ ਸਾਂਝ ਦੀ ਭਾਵਨਾ ਮਜ਼ਬੂਤ ਕਰਦੀਆਂ ਹਨ।

ਇਸ ਮੌਕੇ ਤਹਿਸੀਲਦਾਰ ਅਰਚਨਾ ਸ਼ਰਮਾ, ਐਡਵੋਕੇਟ ਰਣਜੀਤ ਸਿੰਘ ਚੀਮਾ, ਸਰਪੰਚ ਹਰਪ੍ਰੀਤ ਸਿੰਘ ਹੈਪੀ ਪਿੰਡ ਮੰਨਣ, ਗੁਰਚਰਨਪ੍ਰੀਤ ਸਿੰਘ ਜੌਲੀ, ਕੋਚ ਦਵਿੰਦਰ ਸਿੰਘ, ਕੁਲਵਿੰਦਰ ਸਿੰਘ, ਰਾਜਵੀਰ ਸਿੰਘ, ਰਾਜਦੀਪ ਸਿੰਘ, ਜਰਮਨਜੀਤ ਸਿੰਘ, ਮਾਨਵਵੀਰ ਸਿੰਘ, ਹਰਪ੍ਰੀਤ ਸਿੰਘ, ਅਮਨਦੀਪ ਕੌਰ, ਜੋਤੀਕਾ ਕਲਸੀ, ਬੀਰਪਾਲ ਕੌਰ, ਮਨਜਿੰਦਰ ਸਿੰਘ, ਖਿਡਾਰੀ ਮਨਤਾਜ ਸਿੰਘ, ਅਰਸ਼ਦੀਪ ਸਿੰਘ, ਅੰਮ੍ਰਿਤ ਪਾਲ ਸਿੰਘ, ਇਕਬਾਲ ਸਿੰਘ, ਲਵਪ੍ਰੀਤ ਸਿੰਘ ਆਦਿ ਮੌਜੂਦ ਸਨ।

# ਕਾਮਰੇਡ ਸੁਖਦੇਵ ਸਿੰਘ ਚਾਹਲ ਨੂੰ ਸਦਮਾ, ਪਤਨੀ ਦਾ ਦੇਹਾਂਤ, ਅੰਤਮ ਅਰਦਾਸ ਅੱਜ



**ਤਰਨ ਤਾਰਨ (ਨ ਜ਼ ਸ)**-ਭਾਰਤੀ ਕਮਿਊਨਿਸਟ ਪਾਰਟੀ ਬਲਾਕ ਤਰਨ ਤਾਰਨ ਦੇ ਆਗੂ ਅਤੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਕਾ. ਸੁਖਦੇਵ ਸਿੰਘ ਚਾਹਲ ਦੀ ਪਤਨੀ ਅਮਰਜੀਤ ਕੌਰ 67 ਦੀ ਬੀਤੇ ਦਿਨੀਂ ਕੈਂਸਰ ਦੀ ਨਾਮੁਰਾਦ ਬਿਮਾਰੀ ਦੇ ਚਲਦਿਆਂ ਇਲਾਜ ਦੌਰਾਨ ਮੌਤ ਹੋ ਜਾਣ ਤੇ ਭਾਰਤੀ ਕਮਿਊਨਿਸਟ ਪਾਰਟੀ ਸਮੇਤ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਸੀ ਪੀ ਆਈ ਦੇ ਸਾਬਕਾ ਕੌਮੀ ਕੌਂਸਲ ਮੈਂਬਰ ਕਾਮਰੇਡ ਹਰਭਜਨ ਸਿੰਘ, ਸੀ ਪੀ ਆਈ ਦੇ ਕੰਟਰੋਲ ਕਮਿਸ਼ਨ ਦੇ ਮੈਂਬਰ ਕਾ. ਸੁਖਚੈਨ ਸਿੰਘ, ਜ਼ਿਲ੍ਹਾ ਸਕੱਤਰ ਕਾ. ਦਵਿੰਦਰ ਸੋਹਲ, ਸਾਬਕਾ ਜ਼ਿਲ੍ਹਾ ਸਕੱਤਰ ਕਾ. ਤਾਰਾ ਸਿੰਘ ਖਹਿਰਾ, ਸੂਬਾ ਸਕੱਤਰੇਤ ਮੈਂਬਰ ਕਾ. ਪ੍ਰਿਥੀਪਾਲ ਸਿੰਘ ਮਾੜੀਮੇਘਾ, ਜ਼ਿਲ੍ਹਾ ਸਹਾਇਕ ਸਕੱਤਰ ਕਾ. ਗੁਰਦਿਆਲ ਸਿੰਘ ਖਡੂਰ ਸਾਹਿਬ, ਕਾ. ਬਲਕਾਰ ਸਿੰਘ ਵਲਟੋਹਾ, ਇਸਤਰੀ ਸਭਾ ਦੀ ਸੂਬਾ ਪ੍ਰਧਾਨ ਰਾਜਿੰਦਰਪਾਲ ਕੌਰ, ਸੀ ਪੀ ਆਈ ਦੇ ਸੂਬਾ ਕੌਂਸਲ ਮੈਂਬਰ ਕਾ. ਗੁਰਪ੍ਰੀਤ ਸਿੰਘ ਗੰਡੀਵਿੰਡ, ਅਧਿਆਪਕ ਆਗੂ ਕਾਰਜ ਸਿੰਘ ਕੈਰੋਂ, ਅੰਮ੍ਰਿਤਪਾਲ ਸਿੰਘ ਬਾਕੀਪੁਰ, ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਵਰਕਿੰਗ ਪ੍ਰਧਾਨ ਮਹਾਂਵੀਰ ਸਿੰਘ ਗਿੱਲ, ਪੀ .ਐਸ .ਈ .ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਸੂਬਾ ਮੀਤ ਪ੍ਰਧਾਨ ਕੁਲਵਿੰਦਰ ਸਿੰਘ ਬਾਗੜੀਆਂ, ਪਾਵਰਕੌਮ ਐਂਡ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਏਟਕ ਦੇ ਸਰਕਲ ਪ੍ਰਧਾਨ ਪੂਰਨ ਸਿੰਘ ਮਾੜੀਮੇਘਾ ਆਦਿ ਨੇ ਕਾਮਰੇਡ ਸੁਖਦੇਵ ਸਿੰਘ ਚਾਹਲ ਦੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਸ੍ਰੀਮਤੀ ਅਮਰਜੀਤ ਕੌਰ ਦੀ ਅੰਤਿਮ ਅਰਦਾਸ ਅੱਜ 31 ਅਗਸਤ ਨੂੰ ਗੁਰਦੁਆਰਾ ਸਾਹਿਬ ਬਾਬਾ ਜੋਗੀ ਪੀਰ ਪਿੰਡ ਮਾਨੋਚਾਹਲ ਕਲਾਂ ਵਿਖੇ 12 ਤੋਂ 1 ਵਜੇ ਤੱਕ ਹੋਵੇਗੀ ।

# ਫੁੱਟਬਾਲ ਕਮੇਟੀ ਵੱਲੋਂ ਗੁਰਸੇਵਕ ਦੇ ਪਰਵਾਰ ਨੂੰ ਵਿੱਤੀ ਸਹਾਇਤਾ



**ਬਿਆਸ (ਪਰਮਜੀਤ ਸਿੰਘ ਰੱਖੜਾ)** ਇੱਕ ਹੋਣਹਾਰ ਫੁੱਟਬਾਲ ਖਿਡਾਰੀ ਗੁਰਸੇਵਕ ਸਿੰਘ, ਜਿਸ ਦੀ ਉਮਰ ਸਿਰਫ਼ 14 ਸਾਲ ਸੀ, ਪਰ ਹਾਲਾਤ ਨੇ ਪਰਵਾਰ ਅੱਗੇ ਵੱਡੀ ਮੁਸ਼ਕਲ ਖੜ੍ਹੀ ਕਰ ਦਿੱਤੀ। ਪਿੰਡ ਸੱਠਿਆਲ ਦੇ ਰਹਿਣ ਵਾਲੇ 14 ਸਾਲਾ ਬੱਚੇ ਦੀ ਕਹਾਣੀ ਅੱਜ ਹਰ ਉਸ ਇਨਸਾਨ ਨੂੰ ਸੋਚਣ ਲਈ ਮਜਬੂਰ ਕਰ ਰਹੀ ਹੈ, ਜੋ ਖੇਡਾਂ ਵਿੱਚ ਆਪਣਾ ਭਵਿੱਖ ਬਣਾਉਣ ਚਾਹੁੰਦਾ ਸੀ। ਪਿਛਲੇ ਦਿਨੀਂ ਫੁੱਟਬਾਲ ਖਿਡਾਰੀ ਗੁਰਸੇਵਕ ਸਿੰਘ ਦਾ ਉਸ ਦੇ ਪਿੰਡ ਦੇ ਕਿਸੇ ਵਿਅਕਤੀ ਦੁਆਰਾ ਕਤਲ ਕਰ ਦਿੱਤਾ ਗਿਆ।

ਸੁਖਦੇਵ ਸਿੰਘ ਬਿਆਸ ਨੇ ਦੱਸਿਆ ਕਿ ਗੁਰਸੇਵਕ ਸਿੰਘ ਫੁੱਟਬਾਲ ਦਾ ਬਹੁਤ ਹੀ ਵਧੀਆ ਖਿਡਾਰੀ ਸੀ, ਜਿਸ ਦੀ ਉਮਰ 14 ਸਾਲ ਦੇ ਕਰੀਬ ਸੀ। ਉਹ ਬਹੁਤ ਹੀ ਗਰੀਬ ਪਰਵਾਰ ਦਾ ਬੱਚਾ ਸੀ ।ਪਿੰਡ ਨਿਵਾਸੀਆਂ ਤੇ ਖਿਡਾਰੀਆਂ ਦਾ ਉਸ ਨਾਲ ਬਹੁਤ ਪਿਆਰ ਸੀ। ਫੁੱਟਬਾਲ ਕਮੇਟੀ ਅੰਮ੍ਰਿਤਸਰ ਦੇ ਸਾਰੇ ਮੈਂਬਰਾਂ ਵੱਲੋਂ 205000/- ਨਗਦ ਰਾਸ਼ੀ ਨਾਲ ਪਰਵਾਰ ਦੀ ਮਦਦ ਕੀਤੀ ਗਈ। ਤਰਨ ਤਾਰਨ ਕਮੇਟੀ ਵੱਲੋਂ ਵੀ 35000/- ਦੀ ਮਦਦ ਕੀਤੀ ਗਈ।

ਇਸ ਮੌਕੇ ਕੰਵਲ ਪੰਨੂ ਭਏਵਾਲ, ਬੰਟੀ ਆਰ ਸੀ ਐੱਫ, ਜਸਬੀਰ ਸਿੰਘ ਸ਼ੀਰਾ ਛੱਜਲਵੱਡੀ, ਸਾਧੂ ਚੌਹਾਨ ,ਗੁਰਵਿੰਦਰ ਸਿੰਘ ਬਟਾਰੀ, ਜਤਿੰਦਰ ਸਿੰਘ ਪੰਜਾਬ ਪੁਲਸ ਨੇ ਇਲਾਕਾ ਨਿਵਾਸੀਆਂ ਨੂੰ ਬੇਨਤੀ ਕੀਤੀ ਗਈ ਕਿ ਪੀੜਤ ਪਰਵਾਰ ਦੀ ਵੱਧ ਤੋਂ ਵੱਧ ਮਦਦ ਕੀਤੀ ਜਾਵੇ।

# ਕਿਰਤੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਨਾਗ ਖੁਰਦ 'ਚ ਵਿਸ਼ਾਲ ਇਕੱਤਰਤਾ



**ਮਜੀਠਾ (ਸੋਇਮ ਆਨੰਦ)** - ਕਿਰਤੀ ਕਿਸਾਨ ਯੂਨੀਅਨ ਪੰਜਾਬ ਸਰਕਲ ਮਜੀਠਾ ਵੱਲੋਂ ਪਿੰਡ ਨਾਗ ਖੁਰਦ ਵਿਖੇ ਵਿਸ਼ੇਸ਼ ਇਕੱਤਰਤਾ ਕਰਕੇ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਉਨ੍ਹਾਂ ਦੇ ਹੱਕਾਂ ਲਈ ਕੀਤੇ ਜਾ ਰਹੇ ਸੰਘਰਸ਼ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਯੂਨੀਅਨ ਦੇ ਬਲਾਕ ਪੱਧਰੀ ਆਗੂਆਂ, ਵਰਕਰਾਂ ਅਤੇ ਇਲਾਕੇ ਦੇ ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੀ ਅਗਵਾਈ ਜਸਪਾਲ ਸਿੰਘ ਨਾਗ ਖੁਰਦ, ਨਰਿੰਦਰ ਸਿੰਘ ਨਾਗ ਕਲਾਂ, ਰਾਜ ਸਿੰਘ ਅਤੇ ਕੁਲਦੀਪ ਸਿੰਘ ਨਾਗ ਕਲਾਂ ਨੇ ਕੀਤੀ। ਇਕੱਤਰਤਾ ਦੌਰਾਨ ਮੌਜੂਦਾ ਸਮੇਂ ਕਿਸਾਨੀ ਨੂੰ ਦਰਪੇਸ਼ ਚੁਣੌਤੀਆਂ, ਖੇਤੀਬਾੜੀ ਨੀਤੀਆਂ ਅਤੇ ਕਿਸਾਨਾਂ-ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਸੰਬੋਧਨ ਕਰਦਿਆਂ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਧਨਵੰਤ ਸਿੰਘ ਖਤਰਾਏ ਕਲਾਂ, ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਛੀਨਾ, ਵਿਜੇ ਧਾਰੀਵਾਲ ਅਤੇ ਗੁਰਮੀਤ ਸਿੰਘ ਭਲਾਪਿੰਡ ਨੇ ਕਿਹਾ ਕਿ ਕਿਸਾਨੀ ਨਾਲ ਜੁੜੇ ਮਸਲੇ ਲਗਾਤਾਰ ਗੰਭੀਰ ਹੁੰਦੇ ਜਾ ਰਹੇ ਹਨ, ਇਸ ਲਈ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਇਕਜੁੱਟ ਹੋ ਕੇ ਆਪਣੀ ਆਵਾਜ਼ ਬੁਲੰਦ ਕਰਨ ਦੀ ਲੋੜ ਹੈ। ਆਗੂਆਂ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਵੱਲੋਂ ਦਿੱਤੇ ਸੱਦੇ 'ਤੇ 1 ਸਤੰਬਰ ਨੂੰ ਚੰਡੀਗੜ੍ਹ ਵਿਖੇ ਕੀਤੇ ਜਾ ਰਹੇ ਧਰਨੇ ਵਿੱਚ ਕਿਰਤੀ ਕਿਸਾਨ ਯੂਨੀਅਨ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸਬੰਧੀ ਪਿੰਡਾਂ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਲਾਮਬੰਦ ਕਰਨ ਲਈ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਇਕੱਤਰਤਾ ਦੌਰਾਨ ਕਈ ਅਹਿਮ ਮਤੇ ਵੀ ਪਾਸ ਕੀਤੇ ਗਏ, ਜਿਨ੍ਹਾਂ ਵਿੱਚ ਅਮਰੀਕਾ ਨਾਲ ਕੀਤੇ ਸਮਝੌਤੇ ਨੂੰ ਰੱਦ ਕਰਨ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਦੇ ਹਿੱਤਾਂ ਦੀ ਰਾਖੀ ਕਰਨ, ਬਿਜਲੀ ਐਕਟ-2020 ਨੂੰ ਰੱਦ ਕਰਨ ਲਈ ਪੰਜਾਬ ਸਰਕਾਰ ਵੱਲੋਂ ਮਤਾ ਪਾਸ ਕਰਨ, ਫ਼ਸਲਾਂ ਦੀ ਐਮ.ਐਸ.ਪੀ. ਡਾ. ਸਵਾਮੀਨਾਥਨ ਕਮਿਸ਼ਨ ਦੇ ਸੀ2+50 ਫ਼ੀਸਦੀ ਫਾਰਮੂਲੇ ਅਨੁਸਾਰ ਤੈਅ ਕਰਨ, ਕਿਸਾਨਾਂ ਅਤੇ ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਮੁਆਫ਼ ਕਰਨ ਅਤੇ ਦਰਿਆਈ ਪਾਣੀਆਂ ਵਿੱਚੋਂ ਪੰਜਾਬ ਦਾ ਬਣਦਾ ਹਿੱਸਾ ਯਕੀਨੀ ਬਣਾਉਣ ਦੀ ਮੰਗ ਕੀਤੀ ਗਈ। ਆਗੂਆਂ ਨੇ ਕਿਹਾ ਕਿ ਸਰਕਾਰਾਂ ਨੂੰ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਇਨ੍ਹਾਂ ਦਾ ਠੋਸ ਹੱਲ ਕੱਢਣਾ ਚਾਹੀਦਾ ਹੈ। ਇਸ ਮੌਕੇ ਹਰਦੀਪ ਸਿੰਘ ਨਾਗ ਖੁਰਦ, ਸਿਮਰਜੀਤ ਸਿੰਘ ਜੱਗਾ, ਨਵਦੀਪ ਸਿੰਘ, ਜਸਵਿੰਦਰ ਸਿੰਘ, ਮਨਦੀਪ ਸਿੰਘ, ਨਰਿੰਦਰ ਸਿੰਘ, ਅਵਤਾਰ ਸਿੰਘ ਸ਼ਾਹ, ਸਤਬੀਰ ਸਿੰਘ ਆੜ੍ਹਤੀਆ, ਜਗਰੂਪ ਸਿੰਘ, ਪ੍ਰਭ ਸਿੰਘ ਸ਼ਾਹ, ਰਣਦੀਪ ਸਿੰਘ ਨਾਗ ਕਲਾਂ, ਮੁਖਵੰਤ ਸਿੰਘ, ਗੋਪਾਲ ਸਿੰਘ ਸੋਹੀਆਂ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਅਤੇ ਮਜ਼ਦੂਰ ਹਾਜ਼ਰ ਸਨ।

# ਅਨੁਜ ਖੇਮਕਾ ਨੇ ਭੂਤਨਾਥ ਮੰਦਰ 'ਚ ਮੱਥਾ ਟੇਕਿਆ



**ਛੇਹਰਟਾ, (ਮਨੋਜ ਕੁਮਾਰ)**- ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਮੁਖੀ ਅਨੁਜ ਖੇਮਕਾ ਤੇ ਸ਼ੰਕਰ ਅਰੋੜਾ ਨੇ ਘੀ ਮੰਡੀ ਦੇ ਭੂਤਨਾਥ ਮੰਦਰ ਵਿਖੇ ਮੱਥਾ ਟੇਕਿਆ।

ਇਸ ਮੌਕੇ ਅਨੁਜ ਖੇਮਕਾ ਨੇ ਦੱਸਿਆ ਕਿ ਭੂਤਨਾਥ ਮੰਦਰ ਬਹੁਤ ਪ੍ਰਾਚੀਨ ਸ਼ਿਵਾਲਾ ਹੈ। ਇਸ ਸ਼ਿਵਾਲੇ ਵਿਚ ਜੋ ਵੀ ਪ੍ਰਾਰਥਨਾ ਕਰਦਾ ਹੈ, ਉਸ ਦੀ ਮਨੋਕਾਮਨਾ ਪੂਰੀ ਹੁੰਦੀ ਹੈ। ਅਨੁਜ ਖੇਮਕਾ ਨੇ ਦੱਸਿਆ ਕਿ ਉਨ੍ਹਾਂ ਨੇ ਭੂਤਨਾਥ ਮੰਦਰ ਵਿਚ ਮੱਥਾ ਟੇਕਿਆ ਅਤੇ ਆਪਣੇ ਪਰਵਾਰ ਦੀ ਖੁਸ਼ੀ ਤੇ ਸੁੱਖ-ਸ਼ਾਂਤੀ ਲਈ ਪ੍ਰਾਰਥਨਾ ਕੀਤੀ। ਇਸ ਮੌਕੇ ਕਪਿਸ਼ ਖੇਮਕਾ, ਉਦਿਤ ਖੇਮਕਾ ਤੇ ਅਨਿਲ ਪੋਦਾਰ ਵੀ ਮੌਜੂਦ ਸਨ।

# ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਇਕਾਈ ਮਜੀਠਾ ਨੇ ਕਵੀ ਦਰਬਾਰ ਕਰਵਾਇਆ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਇਕਾਈ ਮਜੀਠਾ ਵੱਲੋਂ ਵਿਰਸਾ ਵਿਹਾਰ ਸੁਸਾਇਟੀ ਅੰਮ੍ਰਿਤਸਰ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਇਕਾਈ ਅੰਮ੍ਰਿਤਸਰ ਦੇ ਸਹਿਯੋਗ ਨਾਲ ਵਿਰਸਾ ਵਿਹਾਰ ਦੇ ਨਾਨਕ ਸਿੰਘ ਸੈਮੀਨਾਰ ਹਾਲ ਵਿਖੇ ਨਿਰੰਜਨ ਸਿੰਘ ਗਿੱਲ, ਸੁਖਬੀਰ ਸਿੰਘ ਭੁੱਲਰ, ਰਮੇਸ਼ ਯਾਦਵ ਅਤੇ ਨਿਰਮਲ ਕੌਰ ਕੋਟਲਾ ਦੀ ਅਗਵਾਈ ਹੇਠ ਕਵੀ ਦਰਬਾਰ ਕਰਵਾਇਆ ਗਿਆ। ਕਵੀ ਦਰਬਾਰ ਦੌਰਾਨ ਪੰਜਾਬੀ ਦੇ ਵੱਖ-ਵੱਖ ਰੰਗਾਂ ਨੂੰ ਪੇਸ਼ ਕਰਦਿਆਂ ਸੁੱਚਾ ਸਿੰਘ ਰੰਧਾਵਾ, ਐਸ.ਪਰਸ਼ੋਤਮ, ਰੋਜ਼ੀ ਸਿੰਘ, ਕੰਵਲਪ੍ਰੀਤ ਕੌਰ ਥਿੰਦ, ਸਤਨਾਮ ਕੌਰ ਧੁਨ, ਨੀਲਮ ਭਗਤ, ਡਾ. ਜਸਬੀਰ ਕੌਰ, ਮਾਸਟਰ ਅਵਤਾਰ ਸਿੰਘ ਗੋਇੰਦਵਾਲੀਆ, ਕੁਲਵੰਤ ਸਿੰਘ ਕੰਤ, ਹਰਜੀਤ ਸਿੰਘ ਨੰਗਲ ਸੋਹਲ, ਨਵਜੋਤ ਕੌਰ ਭੁੱਲਰ, ਵਜ਼ੀਰ ਸਿੰਘ ਮੂਧਲ, ਹਰਭਜਨ ਸਿੰਘ ਭਗਰਥ, ਢਾਡੀ ਗੁਲਜ਼ਾਰ ਸਿੰਘ ਖੇੜਾ, ਸਰਤਾਜ ਸਿੰਘ ਸੰਧੂ, ਗੁਰਮੇਲ ਸਿੰਘ ਸ਼ਾਮਨਗਰ, ਨਾਨਕ ਚੰਦ ਵਸ਼ਿਸ਼ਟ, ਬਲਵਿੰਦਰ ਕੌਰ ਭੰਡੇਰ, ਸੋਨੂ ਸੁਲਤਾਨ, ਨਿਰਮਲ ਸਿੰਘ ਬਰਾੜ, ਸਤਿੰਦਰਜੀਤ ਕੌਰ, ਲਾਡੀ ਹੁੰਦਲ ਅਤੇ ਸੁਖਬੀਰ ਸਿੰਘ ਭੁੱਲਰ ਸਮੇਤ ਹੋਰਨਾਂ ਸ਼ਾਇਰਾਂ ਨੇ ਆਪਣੀਆਂ ਰਚਨਾਵਾਂ ਪੇਸ਼ ਕਰਕੇ ਸਰੋਤਿਆਂ ਦੀ ਵਾਹ-ਵਾਹ ਖੱਟੀ। ਇਸ ਮੌਕੇ ਕਵਿਤਾ ਰਾਹੀਂ ਸਮਾਜਿਕ ਸਰੋਕਾਰਾਂ, ਮਨੁੱਖੀ ਸੰਵੇਦਨਾਵਾਂ, ਪੰਜਾਬੀ ਸੱਭਿਆਚਾਰ, ਮੌਜੂਦਾ ਸਮਾਜਿਕ ਹਾਲਾਤ ਅਤੇ ਜੀਵਨ ਦੇ ਵੱਖ-ਵੱਖ ਪੱਖਾਂ ਨੂੰ ਬਾਖੂਬੀ ਉਜਾਗਰ ਕੀਤਾ ਗਿਆ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਹਰਵਿੰਦਰ ਸਿੰਘ ਐਲਬ ਨੇ ਨਿਭਾਈ। ਸਮਾਗਮ ਦੇ ਅੰਤ ਵਿੱਚ ਸਰਪ੍ਰਸਤ ਨਿਰੰਜਨ ਸਿੰਘ ਗਿੱਲ ਅਤੇ ਵਿਰਸਾ ਵਿਹਾਰ ਦੇ ਜਨਰਲ ਸਕੱਤਰ ਰਮੇਸ਼ ਯਾਦਵ ਨੇ ਕਵੀ ਦਰਬਾਰ ਵਿੱਚ ਸ਼ਾਮਲ ਸਮੂਹ ਸ਼ਾਇਰਾਂ, ਲੇਖਕਾਂ ਅਤੇ ਸਾਹਿਤ ਪ੍ਰੇਮੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਮਨਜੀਤ ਸਿੰਘ ਭੰਗਵਾਂ, ਸਰਪੰਚ ਗੁਰਭੇਜ ਸਿੰਘ ਭੰਗਵਾਂ ਅਤੇ ਮਨਪ੍ਰੀਤ ਸਿੰਘ ਸਮੇਤ ਹੋਰਨਾਂ ਨੇ ਵੀ ਆਪਣੀ ਹਾਜ਼ਰੀ ਲਵਾਈ।

# ਚੋਣ ਜ਼ਾਬਤਾ ਲੱਗਣ ਉਪਰੰਤ ਸੱਤਾਧਾਰੀਆਂ ਨੂੰ ਅਸਲੀਅਤ ਦਾ ਲੱਗੇਗਾ ਪਤਾ : ਸੱਚਰ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਸੀਨੀਅਰ ਕਾਂਗਰਸੀ ਆਗੂ ਤੇ ਹਲਕਾ ਇੰਚਾਰਜ ਮਜੀਠਾ ਭਗਵੰਤ ਪਾਲ ਸਿੰਘ ਸੱਚਰ ਨੇ ਪੰਜਾਬ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਚੋਣਾਂ ਨੇੜੇ ਆਉਂਦਿਆਂ ਸਰਕਾਰੀ ਇਸ਼ਤਿਹਾਰਾਂ ਅਤੇ ਵੱਡੇ-ਵੱਡੇ ਦਾਅਵਿਆਂ ਰਾਹੀਂ ਲੋਕਾਂ ਨੂੰ ਪ੍ਰਭਾਵਿਤ ਕਰਨ ਦੀਆਂ ਕੋਸ਼ਿਸ਼ਾਂ ਹੋ ਸਕਦੀਆਂ ਹਨ, ਪਰ ਚੋਣ ਜ਼ਾਬਤਾ ਲੱਗਣ ਉਪਰੰਤ ਸੱਤਾਧਾਰੀਆਂ ਨੂੰ ਪੰਜਾਬ ਦੀ ਜ਼ਮੀਨੀ ਹਕੀਕਤ ਦਾ ਅਸਲੀ ਪਤਾ ਲੱਗੇਗਾ।ਸੱਚਰ ਨੇ ਕਿਹਾ ਕਿ ਸਰਕਾਰ ਵੱਲੋਂ ਕੀਤੇ ਗਏ ਵਾਅਦਿਆਂ ਅਤੇ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਮਿਲੀਆਂ ਸਹੂਲਤਾਂ ਵਿਚਲਾ ਫ਼ਰਕ ਹੁਣ ਲੋਕ ਖੁਦ ਮਹਿਸੂਸ ਕਰ ਰਹੇ ਹਨ। ਨਸ਼ੇ ਦੇ ਖਾਤਮੇ, ਕਾਨੂੰਨ-ਵਿਵਸਥਾ, ਰਿਸ਼ਵਤਖੋਰੀ, ਰੁਜ਼ਗਾਰ, ਕਿਸਾਨਾਂ ਦੀਆਂ ਸਮੱਸਿਆਵਾਂ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਅੱਜ ਵੀ ਪੰਜਾਬ ਦੇ ਲੋਕਾਂ ਲਈ ਵੱਡੇ ਸਵਾਲ ਬਣੇ ਹੋਏ ਹਨ।ਉਨ੍ਹਾਂ ਕਿਹਾ ਕਿ ਜਿਹੜੇ ਲੋਕ ਸੱਤਾ ਵਿੱਚ ਆਉਣ ਤੋਂ ਪਹਿਲਾਂ ਹਰ ਵਰਗ ਨਾਲ ਵੱਡੇ-ਵੱਡੇ ਵਾਅਦੇ ਕਰਦੇ ਸਨ, ਅੱਜ ਉਨ੍ਹਾਂ ਨੂੰ ਆਪਣੇ ਹੀ ਵਾਅਦਿਆਂ ਦਾ ਜਵਾਬ ਦੇਣ ਤੋਂ ਭੱਜਣ ਦੀ ਬਜਾਏ ਪੰਜਾਬ ਦੇ ਲੋਕਾਂ ਸਾਹਮਣੇ ਸਾਢੇ ਚਾਰ ਸਾਲਾਂ ਦਾ ਪੂਰਾ ਲੇਖਾ-ਜੋਖਾ ਪੇਸ਼ ਕਰਨਾ ਚਾਹੀਦਾ ਹੈ।ਸੱਚਰ ਨੇ ਕਿਹਾ ਕਿ ਚੋਣਾਂ ਲੋਕਤੰਤਰ ਦਾ ਉਹ ਪੜਾਅ ਹਨ ਜਿੱਥੇ ਇਸ਼ਤਿਹਾਰ ਨਹੀਂ, ਕੰਮ ਬੋਲਦਾ ਹੈ ਅਤੇ ਭਾਸ਼ਣ ਨਹੀਂ, ਕਾਰਗੁਜ਼ਾਰੀ ਦਾ ਹਿਸਾਬ ਹੁੰਦਾ ਹੈ। ਪੰਜਾਬ ਦੇ ਲੋਕ ਹੁਣ ਸਿਆਸੀ ਬਿਆਨਾਂ ਦੀ ਬਜਾਏ ਆਪਣੇ ਤਜਰਬੇ ਦੇ ਆਧਾਰ 'ਤੇ ਫ਼ੈਸਲਾ ਕਰਨਗੇ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਪੰਜਾਬ ਦੇ ਲੋਕਾਂ ਦੇ ਮੁੱਦਿਆਂ ਨੂੰ ਲੈ ਕੇ ਪਿੰਡ-ਪਿੰਡ ਅਤੇ ਘਰ-ਘਰ ਜਾਵੇਗੀ ਅਤੇ ਸਰਕਾਰ ਤੋਂ ਹਰ ਵੱਡੇ ਵਾਅਦੇ ਦਾ ਹਿਸਾਬ ਮੰਗੇਗੀ। ਇਸ ਮੌਕੇ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵਾਲ, ਨਵਦੀਪ ਸਿੰਘ ਸੋਨਾ ਮਜੀਠਾ, ਬਲਾਕ ਪ੍ਰਧਾਨ ਨਵਤੇਜ ਪਾਲ ਸਿੰਘ ਸੋਹੀਆ, ਝਿਲਮਿਲ ਸਿੰਘ ਬਾਠ ਸਾਧਪੁਰ, ਸੋਨੀ ਗਿੱਲ ਪੰਧੇਰ, ਪਲਵਿੰਦਰ ਸਿੰਘ ਫੌਜੀ , ਅਰਸ਼ ਮਜੀਠਾ ਅਤੇ ਯੂਥ ਕਾਂਗਰਸ ਦੇ ਆਗੂ ਸ਼ਰਨਜੀਤ ਸਿੰਘ ਸੰਨੀ ਸਮੇਤ ਹੋਰ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

# 'ਮਨ ਕੀ ਬਾਤ' ਨਾਗਰਿਕਾਂ ਦੇ ਯਤਨਾਂ ਨੂੰ ਰਾਸ਼ਟਰੀ ਪਲੇਟਫਾਰਮ ਪ੍ਰਦਾਨ ਕਰਦੈ : ਤਰੁਣ ਚੁੱਘ



**ਛੇਹਰਟਾ, (ਮਨੋਜ ਕੁਮਾਰ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪ੍ਰਸਿੱਧ ਪ੍ਰੋਗਰਾਮ 'ਮਨ ਕੀ ਬਾਤ' ਦੇ 137ਵੇਂ ਐਪੀਸੋਡ ਨੂੰ ਭਾਰਤੀ ਜਨਤਾ ਪਾਰਟੀ ਦੇ ਕੌਮੀ ਦਫ਼ਤਰ ਇੰਚਾਰਜ ਤੇ ਰਾਜ ਸਭਾ ਮੈਂਬਰ ਤਰੁਣ ਚੁੱਘ ਨੇ ਪਾਰਟੀ ਅਹੁਦੇਦਾਰਾਂ ਤੇ ਵਰਕਰਾਂ ਨਾਲ ਲਾਹੌਰੀ ਗੇਟ ਸਥਿਤ ਆਪਣੇ ਦਫ਼ਤਰ ਵਿਚ ਸੁਣਿਆ। ਇਸ ਮੌਕੇ ਤਰੁਣ ਚੁੱਘ ਨੇ ਕਿਹਾ ਕਿ 'ਮਨ ਕੀ ਬਾਤ' ਰਾਹੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਨਵੀਨਤਾ, ਨਸ਼ਾ ਮੁਕਤ ਭਾਰਤ, ਸਫ਼ਾਈ, ਮਹਿਲਾ ਸਸ਼ਕਤੀਕਰਨ, ਕਿਸਾਨਾਂ ਦੀ ਨਵੀਂ ਸੋਚ, ਵਾਤਾਵਰਣ ਸੁਰੱਖਿਆ ਤੇ 'ਲੋਕਲ ਲਈ ਵੋਕਲ' ਵਰਗੇ ਮਹੱਤਵਪੂਰਨ ਵਿਸ਼ਿਆਂ ਨਾਲ ਜੋੜਿਆ ਹੈ। ਉਨ੍ਹਾਂ ਕਿਹਾ ਕਿ 'ਮਨ ਕੀ ਬਾਤ' ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਇਹ ਹੈ ਕਿ ਪ੍ਰਧਾਨ ਮੰਤਰੀ ਅਣਗਿਣਤ ਨਾਗਰਿਕਾਂ ਦੇ ਯਤਨਾਂ ਨੂੰ ਇਕ ਰਾਸ਼ਟਰੀ ਪਲੇਟਫਾਰਮ ਪ੍ਰਦਾਨ ਕਰਦੇ ਹਨ, ਜੋ ਬਿਨਾਂ ਕਿਸੇ ਪ੍ਰਚਾਰ ਦੀ ਉਮੀਦ ਦੇ ਸਮਾਜ ਤੇ ਦੇਸ਼ ਲਈ ਕੰਮ ਕਰ ਰਹੇ ਹਨ। ਚੁੱਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਦਾ 'ਨਸ਼ਾ ਮੁਕਤ ਨੌਜਵਾਨ, ਵਿਕਸਤ ਭਾਰਤ' ਦਾ ਸੱਦਾ ਪੰਜਾਬ ਲਈ ਵਿਸ਼ੇਸ਼ ਤੌਰ 'ਤੇ ਮਹੱਤਵਪੂਰਨ ਹੈ। ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਅਤੇ ਉਨ੍ਹਾਂ ਨੂੰ ਸਿੱਖਿਆ, ਖੇਡਾਂ, ਰੁਜ਼ਗਾਰ, ਹੁਨਰ ਵਿਕਾਸ ਤੇ ਉੱਦਮਤਾ ਨਾਲ ਜੋੜਨਾ ਸਿਰਫ਼ ਸਰਕਾਰ ਦੀ ਜ਼ਿੰਮੇਵਾਰੀ ਨਹੀਂ ਹੈ, ਸਗੋਂ ਪੂਰੇ ਸਮਾਜ ਦੀ ਸਮੂਹਿਕ ਜ਼ਿੰਮੇਵਾਰੀ ਹੈ। ਉਨ੍ਹਾਂ ਭਾਜਪਾ ਵਰਕਰਾਂ ਨੂੰ ਆਪਣੇ-ਆਪਣੇ ਖੇਤਰਾਂ ਵਿਚ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਜਨਤਕ ਜਾਗਰੂਕਤਾ ਵਧਾਉਣ ਅਤੇ ਨੌਜਵਾਨਾਂ ਨੂੰ ਹਾਂ-ਪੱਖੀ ਤੇ ਰਚਨਾਤਮਕ ਦਿਸ਼ਾ ਵਿਚ ਮਾਰਗਦਰਸ਼ਨ ਕਰਨ ਵਿਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ ਭਾਜਪਾ ਦੇ ਜ਼ਿਲ੍ਹਾ ਉਪ ਪ੍ਰਧਾਨ ਸਰਬਜੀਤ ਸਿੰਘ ਸ਼ੈਂਟੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ 'ਮਨ ਕੀ ਬਾਤ' ਰਾਹੀਂ ਆਮ ਨਾਗਰਿਕਾਂ ਦੀਆਂ ਅਸਧਾਰਨ ਪ੍ਰਾਪਤੀਆਂ ਨੂੰ ਉਜਾਗਰ ਕਰਨ ਦਾ ਵਿਲੱਖਣ ਕੰਮ ਕੀਤਾ ਹੈ। ਸਾਬਕਾ ਕੌਂਸਲਰ ਤੇ ਐੱਸ ਸੀ ਫਰੰਟ ਦੇ ਸਾਬਕਾ ਸੂਬਾਈ ਉਪ ਪ੍ਰਧਾਨ ਲਵਿੰਦਰ ਬੰਟੀ ਨੇ ਕਿਹਾ ਕਿ 'ਵੋਕਲ ਫਾਰ ਲੋਕਲ' ਅਪਣਾ ਕੇ ਅਸੀਂ ਆਪਣੇ ਸਥਾਨਕ ਵਪਾਰੀਆਂ, ਕਾਰੀਗਰਾਂ ਤੇ ਛੋਟੇ ਉੱਦਮੀਆਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰ ਸਕਦੇ ਹਾਂ ਅਤੇ ਸਥਾਨਕ ਪੱਧਰ 'ਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰ ਸਕਦੇ ਹਾਂ। ਭਾਜਪਾ ਨੇਤਾ ਰਮਨ ਅਰੋੜਾ ਨੇ ਪ੍ਰੋਗਰਾਮ ਤੋਂ ਬਾਅਦ ਸਾਰੇ ਵਰਕਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤਰੁਣ ਚੁੱਘ ਦੇ ਦਫ਼ਤਰ ਸਕੱਤਰ ਰਾਜੇਸ਼ ਮਹਿਤਾ, ਨਰੇਸ਼ ਕਾਕਾ, ਸਾਬਕਾ ਮੰਡਲ ਪ੍ਰਧਾਨ ਸੰਦੀਪ ਬਹਿਲ, ਮੰਡਲ ਜਨਰਲ ਸਕੱਤਰ ਗੌਰਵ ਭਾਟੀਆ, ਤਰਵਿੰਦਰ ਬਿੱਲਾ, ਨਰੇਸ਼ ਨੇਤਰਪਾਲ, ਰਮਨ ਦੁਆ, ਵਿਸ਼ਾਲ ਸ਼ੂਰ, ਬੀ.ਐੱਸ. ਸੋਹਲ, ਅਮਰੇਸ਼ ਕਪੂਰੀਆ, ਅਰੁਣ ਖੰਨਾ, ਪਵਨ ਚਾਵਲਾ, ਰਾਜ ਕੁਮਾਰ ਬਿੱਟੂ, ਸੁਰੇਸ਼ ਕਪੂਰ, ਜਤਿੰਦਰ ਪੱਪੀ, ਅਨੂਪ ਅਰੋੜਾ, ਰਾਕੇਸ਼ ਗੋਪਾਲਾ, ਅਸ਼ੋਕ ਭਗਤ, ਰੋਬਿਨ ਤਲਵਾੜ, ਬਲਦੇਵ ਧਵਨ, ਰਮਨ ਮਹਿਤਾ, ਵਿਕਰਮ, ਤਰੁਣ ਅਰੋੜਾ, ਬਿੱਲਾ ਭੱਟੀ, ਦੀਪਕ ਭਗਤ, ਯੁਵਾ ਮੋਰਚਾ ਤੋਂ ਮਾਧਵ ਸ਼ਰਮਾ, ਸਿਮਰਪ੍ਰੀਤ ਸਿੰਘ ਵਾਲੀਆ, ਹਰੀਓਮ, ਵਰੁਣ ਅਗਰਵਾਲ, ਅੰਕੁਰ ਚੋਪੜਾ, ਕਾਰਤਿਕ ਮਹਾਜਨ, ਨਿਤਿਨ ਮਹਿਤਾ, ਸੁਰਿੰਦਰ ਮਹਿਰਾ, ਸਤੀਸ਼ ਅਰੋੜਾ, ਗੁਰਪ੍ਰੀਤ ਸਿੰਘ, ਰਮਾ, ਮਾਨਿਕ ਕਪੂਰ ਸਮੇਤ ਵੱਡੀ ਗਿਣਤੀ ਵਿਚ ਭਾਜਪਾ ਆਗੂ ਤੇ ਵਰਕਰ ਹਾਜ਼ਰ ਸਨ।

# ਸਾਬਕਾ ਵਿਧਾਇਕ ਰਣਜੀਤ ਸਿੰਘ ਵਰਿਆਮ ਨੰਗਲ ਪੰਜ ਤੱਤਾਂ 'ਚ ਵਲੀਨ



**ਮਜੀਠਾ (ਸੋਇਮ ਆਨੰਦ)**-ਹਲਕਾ ਮਜੀਠਾ ਦੇ ਸਾਬਕਾ ਵਿਧਾਇਕ ਰਣਜੀਤ ਸਿੰਘ ਵਰਿਆਮ ਨੰਗਲ ਜਿਨ੍ਹਾਂ ਦਾ ਬੀਤੇ ਦਿਨ ਲੰਬੀ ਬਿਮਾਰੀ ਪਿੱਛੋਂ ਦੇਹਾਂਤ ਹੋ ਗਿਆ ਸੀ । ਉਨ੍ਹਾਂ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਵਰਿਆਮ ਨੰਗਲ ਵਿਖੇ ਕੀਤਾ ਗਿਆ। ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਬਿੰਨੀ ਰੰਧਾਵਾ ਅਤੇ ਜਿੰਮੀ ਰੰਧਾਵਾ ਨੇ ਦਿਖਾਈ। ਇਸ ਮੌਕੇ ਉਨਾਂ ਦੀ ਧਰਮ ਪਤਨੀ ਰਮੇਸ਼ ਰਾਣੀ, ਸਪੁੱਤਰ ਬਿੰਨੀ ਰੰਧਾਵਾ ਅਤੇ ਜਿੰਮੀ ਰੰਧਾਵਾ ਨਾਲ ਸਮਾਜਿਕ, ਧਾਰਮਿਕ ਅਤੇ ਵੱਖ ਵੱਖ ਸਿਆਸੀ ਪਾਰਟੀਆਂ ਵੱਲੋਂ ਦੁੱਖ ਪ੍ਰਗਟ ਕੀਤਾ ਗਿਆ।ਜਿਨ੍ਹਾਂ ਵਿੱਚ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ, ਸਾਬਕਾ ਵਿਧਾਇਕ ਸਵਿੰਦਰ ਸਿੰਘ ਕੱਥੂਨੰਗਲ, ਵਿਧਾਇਕ ਗਵੀਨ ਕੌਰ ਮਜੀਠੀਆ, ਤਲਬੀਰ ਸਿੰਘ ਗਿੱਲ, ਭਗਵੰਤਪਾਲ ਸਿੰਘ ਸੱਚਰ, ਕੁਲਵੰਤ ਸਿੰਘ ਪਾਖਰਪੁਰਾ, ਗੁਰਬੀਰ ਸਿੰਘ ਢਿੱਲੋਂ, ਜਸਬੀਰ ਸਿੰਘ ਮਾਨਾ, ਬਾਬਾ ਸੱਜਣ ਸਿੰਘ, ਚੇਅਰਮੈਨ ਮਨਜੀਤ ਸਿੰਘ ਭੋਮਾ, ਹਰਭੁਪਿੰਦਰ ਸਿੰਘ ਸ਼ਾਹ, ਸਤਿੰਦਰ ਸਿੰਘ ਸ਼ਾਹ, ਵਿਜੇ ਕੁਮਾਰ ਥਰੀਏਵਾਲ, ਸੰਤੋਖ ਸਿੰਘ ਸਮਰਾ, ਨਿਸ਼ਾਨ ਸਿੰਘ ਭੰਗਾਲੀ, ਭੁਪਿੰਦਰ ਸਿੰਘ ਸੱਚਰ, ਸਰਪੰਚ ਸੋਨੀ ਕੱਥੂਨੰਗਲ, ਪ੍ਰਦੁਮਣ ਸਿੰਘ ਲੁੱਧੜ ਸੁਖਪਾਲ ਸਿੰਘ, ਸਰਪੰਚ ਰਵਿੰਦਰਪਾਲ ਸਿੰਘ ਹਦਾਇਤਪੁਰ, ਅਜੀਤਪਾਲ ਸਿੰਘ ਸਮਰਾ, ਗੁਰਬਿੰਦਰ ਸਿੰਘ ਸਭਰਾ, ਚਰਨਜੀਤ ਸਿੰਘ ਬੈਸਟ ਆਟਾ ਮਿੱਲ, ਗੁਰਮੀਤ ਸਿੰਘ, ਰਮਨ, ਰਿੱਕੂ ਪੰਚਾਇਤ ਸੈਕਟਰੀ, ਪ੍ਰੰਭਪਾਲ ਸਿੰਘ ਚੰਡੇ, ਕੁਲਦੀਪ ਸਿੰਘ ਕਾਹਲੋਂ, ਜਸਪਾਲ ਸਿੰਘ ਭੋਆ, ਕੁਲਦੀਪ ਸ਼ਰਮਾ ਚਵਿੰਡਾ, ਗੁਰਮੀਤ ਸਿੰਘ, ਬਲਦੇਵ ਸਿੰਘ ਭੰਗਾਲੀ, ਸਰਬਜੀਤ ਸਿੰਘ ਗੁਜਰਪੁਰਾ, ਮਾਸਟਰ ਸਤਨਾਮ ਸਿੰਘ ਪਾਖਰਪੁਰਾ, ਸਰਪੰਚ ਸੱਤਪਾਲ ਸਿੰਘ ਰੱਖ ਨਾਗ, ਲਖਵਿੰਦਰ ਸਿੰਘ, ਸਰਪੰਚ ਹਰਗੁਰਿੰਦਰ ਸਿੰਘ ਮਾਨ, ਮੋਹਨ ਸਿੰਘ ਨਿੰਬਰਵਿੰਡ ਤੋਂ ਵੱਡੀ ਗਿਣਤੀ ਵਿਚ ਸਨੇਹੀ ਹਾਜ਼ਰ ਸਨ।

# ਬੱਜੂਮਾਨ 'ਚ ਹਾਕੀ ਟੂਰਨਾਮੈਂਟ ਕਰਵਾਇਆ



**ਜੈਂਤੀਪੁਰ (ਸੁਖਬੀਰ ਸਿੱਧੂ)**-ਭਾਰਤ ਵਿੱਚ ਹਰ ਸਾਲ 29 ਅਗਸਤ ਨੂੰ ਰਾਸ਼ਟਰੀ ਖੇਡ ਦਿਵਸ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਇਹ ਦਿਨ ਮਹਾਨ ਹਾਕੀ ਖਿਡਾਰੀ ਮੇਜਰ ਧਿਆਨ ਚੰਦ ਦੇ ਜਨਮ ਦਿਨ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ, ਜਿਨ੍ਹਾਂ ਨੂੰ ਹਾਕੀ ਦਾ ਜਾਦੂਗਰ ਵੀ ਕਿਹਾ ਜਾਂਦਾ ਹੈ।ਇਸ ਖਾਸ ਮੌਕੇ 'ਤੇ ਦੇਸ਼ ਭਰ ਦੇ ਸਕੂਲਾਂ, ਕਾਲਜਾਂ ਅਤੇ ਖੇਡ ਸੰਸਥਾਵਾਂ ਵਿੱਚ ਕਈ ਤਰ੍ਹਾਂ ਦੇ ਪ੍ਰੋਗਰਾਮ ਅਤੇ ਖੇਡ ਮੁਕਾਬਲੇ ਕਰਵਾਏ ਜਾਂਦੇ ਹਨ। ਇਸੇ ਲੜੀ ਤਹਿਤ ਕਸਬਾ ਜੈਂਤੀਪੁਰ ਦੇ ਨੇੜਲੇ ਪਿੰਡ ਬੱਜੂਮਾਨ ਵਿਖੇ ਨੈਸ਼ਨਲ ਸਪੋਰਟਸ ਡੇ ਮੌਕੇ ਵੱਖ ਵੱਖ ਹਾਕੀ ਟੀਮਾਂ ਦੇ ਮੁਕਾਬਲੇ ਕਰਵਾਏ ਗਏ। ਇਸ ਮੌਕੇ ਅਮਰੀਕ ਸਪੋਰਟਸ ਦੇ ਜੋਬਨ ਕਾਹਲੋਂ ਵੱਲੋਂ ਸਮੂਹ ਟੀਮਾਂ ਨੂੰ ਸਪੋਰਟਸ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਉਨ੍ਹਾ ਦੱਸਿਆ ਕਿ ਅੱਜ ਜੇਕਰ ਨੌਜਵਾਨ ਪੀੜ੍ਹੀ ਨੂੰ ਬਚਾਉਣਾ ਹੈ ਤਾਂ ਖੇਡਾਂ ਨਾਲ ਜੋੜਿਆ ਜਾਵੇ ਨਹੀਂ ਤਾਂ ਨੌਜਵਾਨ ਨਸ਼ਿਆਂ ਦੀ ਦਲਦਲ ਵਿੱਚ ਧਸਦੇ ਜਾ ਰਹੇ ਹਨ। ਇਸ ਮੌਕੇ ਸਤਨਾਮ ਸਿੰਘ ਮਾਨ ਹਾਕੀ ਕੋਚ, ਰੂਪ ਸਿੰਘ ਮਾਨ ਖੇਡ ਪ੍ਰਮੋਟਰ, ਸੁਖਦੇਵ ਸਿੰਘ ਇੰਡੀਅਨ ਏਅਰ ਫੋਰਸ ਖੇਡ ਪ੍ਰਮੋਟਰ ਜੱਸ ਆਰਮੀ ਯੂ ਐਸ ਏ, ਹਾਕੀ ਕੋਚ ਹਰਮੀਤ ਸਿੰਘ, ਗੁਰਮੀਤ ਸਿੰਘ ਜਗਜੀਤ ਸਿੰਘ ਆਰਮੀ ਗੁਰਪ੍ਰੀਤ ਸਿੰਘ ਪੰਨੂ ਵੇਰਕਾ, ਸਤਨਾਮ ਸਿੰਘ ਡੀਪੀ, ਸਲਵਿੰਦਰ ਸਿੰਘ ਫੌਜੀ, ਪਰਮਵੀਰ ਸਿੰਘ ਬਾਬੋਵਾਲ, ਲਖਵਿੰਦਰ ਸਿੰਘ, ਧਰਮਿੰਦਰ ਸਿੰਘ, ਬਲਵਿੰਦਰ ਸਿੰਘ, ਜਗਤਾਰ ਸਿੰਘ ਕੋਟਲੀ ਢੋਲੇ ਸ਼ਾਹ, ਰਾਜਵੀਰ ਸਿੰਘ ਚਾਹਲ ਕਲਾ, ਬਾਬਾ ਲਖਬੀਰ ਸਿੰਘ, ਬਾਬਾ ਕੁਲਦੀਪ ਸਿੰਘ, ਬਾਬਾ ਹਰਤਾਜ ਸਿੰਘ, ਮਾਸਟਰ ਨਿਰਮਲ ਸਿੰਘ, ਆਦਿ ਪਿੰਡ ਵਾਸੀ ਹਾਜ਼ਰ ਸਨ।

# ਵਰਪਾਲ ਨੇ ਰਾਮੂਵਾਲੀਆ ਦਾ ਹਾਲ-ਚਾਲ ਜਾਣਿਆ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਪਿਛਲੇ ਕੁਝ ਸਮੇਂ ਤੋਂ ਬਿਮਾਰ ਚੱਲ ਰਹੇ ਸਾਬਕਾ ਕੇਂਦਰੀ ਮੰਤਰੀ ਬਲਵੰਤ ਸਿੰਘ ਰਾਮੂਵਾਲੀਆ ਦਾ ਹਾਲ ਚਾਲ ਜਾਣਨ ਲਈ ਅਮਰੀਕ ਸਿੰਘ ਵਰਪਾਲ ਉਨ੍ਹਾਂ ਦੇ ਮੁਹਾਲੀ ਵਿੱਚ ਗ੍ਰਹਿ ਪਹੁੰਚੇ ਅਤੇ ਉਨ੍ਹਾਂ ਨਾਲ ਮੁਲਾਕਾਤ ਕਰਕੇ ਸਿਹਤ ਬਾਰੇ ਜਾਣਕਾਰੀ ਹਾਸਲ ਕੀਤੀ।

ਇਸ ਮੌਕੇ ਦੋਵਾਂ ਆਗੂਆਂ ਨੇ ਇੱਕ ਦੂਜੇ ਪੁਰਾਣੀਆਂ ਯਾਦਾਂ ਸਾਂਝੀਆਂ ਕੀਤੀਆਂ ਅਤੇ ਪੰਜਾਬ ਨਾਲ ਸੰਬੰਧਿਤ ਵੱਖ -ਵੱਖ ਮਸਲਿਆਂ ਬਾਰੇ ਗੱਲਬਾਤ ਕੀਤੀ। ਵਰਪਾਲ ਨੇ ਰਾਮੂਵਾਲੀਆ ਦੀ ਸਿਹਤ ਬਾਰੇ ਪਰਵਾਰਕ ਮੈਂਬਰਾਂ ਤੋਂ ਵੀ ਜਾਣਕਾਰੀ ਲਈ ਅਤੇ ਉਨ੍ਹਾਂ ਦੀ ਜਲਦ ਸਿਹਤਯਾਬੀ ਦੀ ਕਾਮਨਾ ਕੀਤੀ। ਰਾਮੂਵਾਲੀਆ ਦਾ ਅਮਰੀਕ ਸਿੰਘ ਵਰਪਾਲ ਬਹੁਤ ਗੂੜ੍ਹਾ ਪਿਆਰ ਰਿਹਾ ਹੈ। ਇਸ ਮੌਕੇ ਉਨ੍ਹਾਂ ਨਾਲ ਹਾਜ਼ਰ ਚੰਡੀਗੜ੍ਹ ਮੁਹਾਲੀ ਅਜੀਤ ਦੇ ਚੀਫ ਬਿਊਰੋ ਹਰਕਵਲਜੀਤ ਸਿੰਘ ਅਤੇ ਚੰਡੀਗੜ੍ਹ ਮੁਹਾਲੀ ਉਪ ਦਫ਼ਤਰ ਦੇ ਇੰਚਾਰਜ ਪ੍ਰੋ ਅਵਤਾਰ ਸਿੰਘ, ਡਾ ਬਲਜਿੰਦਰ ਸਿੰਘ ਹਮਦਰਦ ਤੋਂ ਇਲਾਵਾ ਬਿਹਾਰ ਸਰਕਾਰ ਦੇ ਉਦਯੋਗ ਮਾਲ ਅਤੇ ਭੂਮੀ ਸੁਧਾਰ ਮੰਤਰੀ ਦਲੀਪ ਕੁਮਾਰ ਜੈਸਵਾਲ ਨੇ ਵੀ ਬਲਵੰਤ ਸਿੰਘ ਰਾਮੂਵਾਲੀਆ ਦੇ ਗ੍ਰਹਿ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਉਨ੍ਹਾਂ ਨਾਲ ਮੁਲਾਕਾਤ ਕੀਤੀ। ਇਸ ਤੋਂ ਪਹਿਲਾਂ ਉੱਘੇ ਗਾਇਕ ਤੇ ਅਦਾਕਾਰ ਹਰਭਜਨ ਸਿੰਘ ਮਾਨ ਅਤੇ ਜਸਵੀਰ ਸਿੰਘ ਜੱਸੀ ਵੀ ਰਾਮੂਵਾਲੀਆ ਦਾ ਹਾਲ ਚਾਲ ਪੁੱਛਣ ਲਈ ਉਨ੍ਹਾਂ ਦੇ ਘਰ ਪਹੁੰਚੇ ਸਨ। ਇਸ ਮੌਕੇ ਅਮਰੀਕ ਸਿੰਘ ਵਰਪਾਲ, ਸੱਜਣ ਸਿੰਘ, ਇਸਪ੍ਰੀਤ ਸਿੰਘ ਵਿੱਕੀ (ਪੀ ਏ) ਜਗਤਾਰ ਸਿੰਘ, ਸਲਵਿੰਦਰ ਸਿੰਘ, ਸਰਬਜੀਤ ਸਿੰਘ ਪਾਰਸ ਅਤੇ ਰਾਮੂਵਾਲੀਆ ਦੇ ਪੋਤਰੇ ਸਾਹਿਰਾਜ ਸਿੰਘ ਗਿੱਲ ਵੀ ਮੌਜੂਦ ਸਨ।

# ਬਟਾਲਾ ਵਿਖੇ 'ਮਿਸ਼ਨ ਕਲੀਨ ਪੰਜਾਬ' ਤਹਿਤ ਸਫ਼ਾਈ ਅਭਿਆਨ ਜਾਰੀ

**ਬਟਾਲਾ (ਤਰਲੋਕ ਬੱਗਾ)**-ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ ਬਣਾਉਣ ਲਈ 29 ਅਗਸਤ ਤੋਂ 7 ਸਤੰਬਰ ਤੱਕ 'ਮਿਸ਼ਨ ਕਲੀਨ ਪੰਜਾਬ' ਤਹਿਤ ਵਿਸ਼ੇਸ਼ ਸਫ਼ਾਈ ਅਭਿਆਨ ਚਲਾਇਆ ਜਾ ਰਿਹਾ ਹੈ। ਇਸ ਮੁਹਿਮ ਬਟਾਲਾ ਵਿਖੇ ਸਫ਼ਾਈ ਅਭਿਆਨ ਜਾਰੀ ਹੈ ਅਤੇ ਐਤਵਾਰ ਗੁਰਦਾਸਪੁਰ ਰੋਡ ਸਮੇਤ ਸ਼ਹਿਰ ਦੇ ਅੰਦਰੂਨੀ ਹਿੱਸਿਆਂ ਵਿੱਚ ਸਫਾਈ ਮੁਹਿਮ ਵਿੱਢੀ ਗਈ।ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸ਼ਹਿਰਾਂ ਨੂੰ ਦੇਸ਼ ਦੇ ਸਭ ਤੋਂ ਸਾਫ-ਸੁਥਰੇ ਅਤੇ ਸੁੰਦਰ ਸ਼ਹਿਰਾਂ ਵਿੱਚ ਤਬਦੀਲ ਕਰਨ ਲਈ ਵੱਡੇ ਪੱਧਰ 'ਤੇ ਸਫਾਈ ਮੁਹਿਮ ਦਾ ਆਗਾਜ਼ ਕੀਤਾ ਗਿਆ ਹੈ। ਇਸ ਮੁਹਿਮ ਦਾ ਮੁੱਖ ਉਦੇਸ਼ ਪੰਜਾਬ ਦੇ ਹਰ ਛੋਟੇ ਵੱਡੇ ਸ਼ਹਿਰ ਨੂੰ ਸਫਾਈ ਦਾ ਮਾਡਲ ਬਣਾਉਣਾ ਹੈ, ਤਾਂ ਜੋ ਸੂਬੇ ਦੇ ਨਾਗਰਿਕਾਂ ਨੂੰ ਸਾਫ-ਸੁਥਰਾ ਅਤੇ ਤੰਦਰੁਸਤ ਵਾਤਾਵਰਣ ਮਿਲ ਸਕੇ। ਇਸ ਪਹਿਲ ਨਾਲ ਪੰਜਾਬ ਨੂੰ ਦੇਸ਼ ਦੇ ਸਫਾਈ ਮਾਡਲ ਵੱਜੋਂ ਪੇਸ਼ ਕਰਨ ਦਾ ਟੀਚਾ ਰੱਖਿਆ ਗਿਆ ਹੈ। ਇਸ ਮੌਕੇ ਮੇਅਰ ਭੁਪਿੰਦਰ ਸਿੰਘ ਬਾਜਵਾ ਅਤੇ ਸੈਨੇਟਰੀ ਇੰਸਪੈਕਟਰ ਵਾਸੂਦੇਵ ਵੀ ਮੌਜੂਦ ਸਨ। ਉਹਨਾਂ ਅੱਗੇ ਕਿਹਾ ਕਿ ਇਸ ਵਿੱਚ ਪੰਜਾਬ ਦੀਆਂ ਸਾਰੀਆਂ ਨਗਰ ਨਿਗਮਾਂ ਅਤੇ ਨਗਰ ਕੌਂਸਲਾਂ ਦੇ ਅਧੀਨ ਪੈਂਦੇ ਸਾਰੇ ਇਲਾਕਿਆਂ ਦੀ ਸਾਫ-ਸਫ਼ਾਈ ਦਾ ਕੰਮ ਮੁੱਖ ਤੌਰ 'ਤੇ ਦੇਖਿਆ ਜਾ ਰਿਹਾ ਹੈ। ਸੋ ਇਸ ਕੰਮ ਨੂੰ ਮੱਦੇਨਜ਼ਰ ਰੱਖਦੇ ਹੋਏ ਇਸ ਮੁਹਿਮ ਦੀ ਸ਼ੁਰੂਆਤ ਬਟਾਲਾ ਸ਼ਹਿਰ ਤੋਂ ਸ਼ੁਰੂ ਕੀਤੀ ਗਈ ਹੈ। ਇਹ ਸਫਾਈ ਅਭਿਆਨ 10 ਦਿਨ ਚਲਾਇਆ ਜਾਵੇਗਾ ਅਤੇ ਇਸ ਤੋਂ ਬਾਅਦ ਵੀ ਨਿਰੰਤਰ ਸਫਾਈ ਮੁਹਿੰਮ ਚੱਲੇਗੀ। ਇਸ ਦੌਰਾਨ ਕੂੜਾ ਕਰਕਟ ਸੁੱਟਣ ਵਾਲੇ ਸਥਾਨਾਂ ਦਾ ਮੁੱਖ ਤੌਰ 'ਤੇ ਨਿਰੀਖਣ ਕੀਤਾ ਜਾਵੇਗਾ। ਇਸ ਸਫਾਈ ਅਭਿਆਨ ਤੋਂ ਬਾਅਦ ਵੀ ਇਹ ਯਕੀਨੀ ਬਣਾਇਆ ਜਾਵੇਗਾ ਕਿ ਇਹਨਾਂ ਸਥਾਨਾਂ 'ਤੇ ਦੁਬਾਰਾ ਕੂੜਾ ਕਰਕਟ ਨਾ ਸੁੱਟਿਆ ਜਾਵੇ। ਉਨ੍ਹਾਂ ਹੋਰ ਕਿਹਾ ਕਿ ਸਫਾਈ ਕਰਮਚਾਰੀ ਇਸ ਮੁਹਿਮ ਦਾ ਕੇਂਦਰੀ ਹਿੱਸਾ ਹਨ ਅਤੇ ਉਨ੍ਹਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਸ਼ਹਿਰ ਵਾਸੀਆਂ ਅਤੇ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਧਾਰਮਿਕ ਅਤੇ ਇਤਿਹਾਸਕ ਸ਼ਹਿਰ ਬਟਾਲਾ ਨੂੰ ਸਾਫ਼ ਸੁਥਰਾ ਰੱਖਣ ਲਈ ਵੱਧ ਤੋਂ ਵੱਧ ਕੋਸ਼ਿਸ਼ ਕਰਨ।

# ਬਲੈਕ ਕਾਈਟ ਪੰਛੀ ਕੀਤਾ ਰੈਸਕਿਊ



**ਬਟਾਲਾ (ਤਰਲੋਕ ਬੱਗਾ)**- ਧਰਤੀ ਦੇ ਸਾਰੇ ਜੀਵਾਂ ਕਰਕੇ ਹੀ ਇਸ ਦੀ ਖ਼ੂਬਸੂਰਤੀ ਹੈ ਪਰ ਕਈ ਜਾਤੀਆਂ ਅਲੋਪ ਹੋ ਗਈਆਂ ਹਨ। ਸੰਥੈਟਿਕ ਡੋਰ ਨਾਲ ਬੇਜ਼ੁਬਾਨ ਪੰਛੀਆਂ ਦੀਆਂ ਜਾਨਾਂ ਜਾ ਰਹੀਆਂ ਹਨ।ਸੂਚਨਾ ਮਿਲੀ ਕਿ ਦੋ ਬਲੈਕ ਕਾਈਟ ਪੰਛੀ, ਬਿਜਲੀਘਰ ਦੇ ਸਾਹਮਣੇ ਦੁਸਹਿਰਾ ਗਰਾਊਂਡ ਦੇ ਪਾਸੇ ਉਚੇ ਸਫੈਦੇ ਦੇ ਰੁੱਖ ਉਪਰ ਚਾਈਨਾ ਡੋਰ ਵਿਚ ਜਕੜੇ ਮੌਤ ਨਾਲ ਜੰਗ ਲੜ ਰਹੇ ਹਨ। ਤੁਰੰਤ ਸਿਵਲ ਡਿਫੈਂਸ, ਫਾਇਰ ਐਂਡ ਐਮਰਜੈਂਸੀ ਸੇਵਾਵਾਂ ਬਟਾਲਾ, ਜੀਵ ਰੱਖਿਆਂ ਵਿਭਾਗ ਦੀਆਂ ਟੀਮਾਂ ਰੈਸਕਿਊ ਕਰਨ ਪਹੁੰਚੀਆਂ। ਜਿਸ ਵਿਚ ਬਿਜਲੀ ਬੋਰਡ ਤੇ ਵਿਸ਼ੇਸ਼ ਤੌਰ 'ਤੇ ਭੁਪਿੰਦਰ ਸਿੰਘ ਬਾਜਵਾ ਮੇਅਰ ਨਗਰ ਨਿਗਮ (ਸਕਾਈ ਲਿਫਟ ਲਈ) ਵੱਲੋਂ ਪੂਰਾ ਸਹਿਯੋਗ ਕੀਤਾ ਗਿਆ।ਪਹਿਲਾਂ ਹੀ ਇਕ ਪੰਛੀ ਨੀਵਾਂ ਹੋਣ ਕਰਕੇ ਸੂਰਜ ਨਾਮੀ ਵਿਅਕਤੀ ਨੇ ਰੈਸਕਿਊ ਕਰ ਦਿੱਤਾ ਸੀ, ਦੂਸਰਾ ਤਕਰੀਬਨ 80 ਫੁੱਟ ਦੀ ਉਚਾਈ 'ਤੇ ਹੇਠਾਂ ਹਾਈ ਵੋਲਟੇਜ ਹੋਣ ਕਰਕੇ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਸਵੇਰ ਤੋਂ ਸ਼ਾਮ ਤੱਕ ਚੱਲੇ ਇਸ ਰੈਸਕਿਊ ਅਪ੍ਰੇਸ਼ਨ ਵਿਚ ਕਾਮਯਸਬੀ ਨਹੀਂ ਮਿਲੀ। ਰਾਤ ਹਨੇਰਾ ਹੋਣ ਕਰਕੇ ਇਸ ਨੂੰ ਰੋਕ ਦਿੱਤਾ ਗਿਆ ਫੇਰ ਸਵੇਰੇ 6 ਵਜੇ ਸ਼ੁਰੂ ਦੁਬਾਰਾ ਸਕਾਈ ਲਿਫਟ ਰਾਹੀ ਪੰਛੀ ਰੈਸਕਿਊ ਕਰਨ ਵਿਚ ਕਾਮਯਾਬੀ ਮਿਲੀ, ਉਪਰੰਤ ਪਸ਼ੂ ਪਾਲਣ ਡਾਕਟਰ ਦੇ ਹਵਾਲੇ ਕਰ ਦਿੱਤਾ ਗਿਆ। ਛੇਤੀ ਹੀ ਇਹ ਬਲੈਕ ਕਾਈਟ ਪੰਛੀ ਖੁੱਲ੍ਹੇ ਅਸਮਾਨ ਵਿਚ ਉਡਾਰੀਆ ਲਗਾਵੇਗਾ।

ਪੰਛੀ ਰੈਸਕਿਊ ਕਰਨ ਵਿਚ ਫਾਇਰ ਅਫ਼ਸਰ ਰਕੇਸ਼ ਸ਼ਰਮਾ ਤੇ ਟੀਮ, ਗੁਰਪ੍ਰੀਤ ਸਿੰਘ ਇੰਚਾਰਜ ਬੀਟ ਬਟਾਲਾ ਵਲਡਲਾਈਫ ਰੇਂਜ ਗੁਰਦਾਸਪੁਰ, ਪੋਸਟ ਵਾਰਡਨ ਹਰਬਖਸ਼ ਸਿੰਘ, ਰੂਬੀ, ਗਗਨਦੀਪ ਸਿੰਘ, ਵੈਟਰਨਰੀ ਡਾ. ਰਮਨਪ੍ਰੀਤ ਸਿੰਘ, ਸਰਬਜੀਤ ਸਿੰਘ, ਪਰਮਜੀਤ ਸਿੰਘ ਬਮਰਾਹ, ਗੁਰਭੇਜ ਸਿੰਘ, ਗੁਰਪ੍ਰੀਤ ਸਿੰਘ, ਜਗਪ੍ਰੀਤ ਸਿੰਘ, ਸੁਖਮਨਪ੍ਰੀਤ, ਜਸ਼ਨਪ੍ਰੀਤ, ਸੂਰਜ, ਸਨੀ, ਪਲਵਿੰਦਰ ਸਿੰਘ ਲੰਬੜਦਾਰ ਸਮੇਤ ਹੋਰਨਾਂ ਨੇ ਵੀ ਹਿੱਸਾ ਲਿਆ ਜਿਹਨਾਂ ਦੀ ਮਿਹਨਤ ਸਦਕਾ ਬੇਜੁਵਾਨ ਦੀ ਜਾਨ ਬਚੀ।ਰੈਸਕਿਊ ਟੀਮ ਵਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਸਕੂਲ, ਕਾਲਜ ਤੇ ਮਾਤਾ-ਪਿਤਾ ਆਪਣੇ ਬੱਚਿਆਂ ਨੂੰ ਇਸ ਸੰਥੈਟਿਕ ਡੋਰ ਨੂੰ, ਨਾ ਵਰਤਣ ਲਈ ਪ੍ਰੇਰਤ ਕਰਨ।

# ਪ੍ਰਤਾਪ ਵਰਲਡ ਸਕੂਲ ਦੇ ਵਿਦਿਆਰਥੀਆਂ ਵੱਲੋਂ ਆਈ ਆਈ ਟੀ ਜੰਮੂ ਦਾ ਦੌਰਾ



**ਪਠਾਨਕੋਟ ( ਦਵਿੰਦਰ ਸਿੰਘ)**-ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਦੇ ਵਿਦਿਆਰਥੀਆਂ ਨੇ ਸਕੂਲ ਦੇ ਅਧਿਆਪਕਾਂ ਨਾਲ ਭਾਰਤੀ ਤਕਨਾਲੋਜੀ ਸੰਸਥਾਨ ਜੰਮੂ ਦਾ ਸਿੱਖਿਆਤਮਕ ਦੌਰਾ ਕੀਤਾ। ਇਹ ਦੌਰਾ ਵਿਦਿਆਰਥੀਆਂ ਨੂੰ ਗੁਣਵੱਤਾਪੂਰਨ ਸਿੱਖਿਆਤਮਕ ਅਨੁਭਵ ਪ੍ਰਦਾਨ ਕਰਨ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਸਕੂਲ ਵੱਲੋਂ ਕੀਤੇ ਜਾ ਰਹੇ ਲਗਾਤਾਰ ਯਤਨਾਂ ਦਾ ਹਿੱਸਾ ਸੀ।ਦੌਰੇ ਦੌਰਾਨ ਵਿਦਿਆਰਥੀਆਂ ਨੇ ਆਈ ਆਈ ਟੀ ਜੰਮੂ ਦੇ ਮਾਹਰਾਂ ਅਤੇ ਅਧਿਆਪਕਾਂ ਵੱਲੋਂ ਆਯੋਜਿਤ ਇੰਟਰਐਕਟਿਵ ਸਿੱਖਿਆਤਮਕ ਸੈਸ਼ਨਾਂ ਵਿੱਚ ਭਾਗ ਲਿਆ। ਇਨ੍ਹਾਂ ਸੈਸ਼ਨਾਂ ਰਾਹੀਂ ਵਿਦਿਆਰਥੀਆਂ ਨੂੰ ਉੱਚ ਸਿੱਖਿਆ, ਉਭਰ ਰਹੀਆਂ ਤਕਨਾਲੋਜੀਆਂ, ਨਵੀਨਤਾ, ਖੋਜ ਅਤੇ ਇੰਜੀਨੀਅਰਿੰਗ ਦੇ ਖੇਤਰ ਵਿੱਚ ਉਪਲਬਧ ਵੱਖ-ਵੱਖ ਮੌਕਿਆਂ ਬਾਰੇ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਹੋਈ।ਦੌਰੇ ਦਾ ਮੁੱਖ ਆਕਰਸ਼ਣ ਆਈ ਆਈ ਟੀ ਜੰਮੂ ਦੀਆਂ ਅਤਿ-ਆਧੁਨਿਕ ਪ੍ਰਯੋਗਸ਼ਾਲਾਵਾਂ ਦਾ ਦੌਰਾ ਰਿਹਾ। ਵਿਦਿਆਰਥੀਆਂ ਦੇ ਨਾਲ ਗਏ ਪ੍ਰਤਾਪ ਵਰਲਡ ਸਕੂਲ ਦੇ ਅਧਿਆਪਕਾਂ ਲਈ ਵੀ ਇਹ ਦੌਰਾ ਬਹੁਤ ਲਾਭਦਾਇਕ ਰਿਹਾ। ਉਨ੍ਹਾਂ ਨੂੰ ਉੱਚ ਸਿੱਖਿਆ, ਖੋਜ ਅਤੇ ਆਧੁਨਿਕ ਸਿੱਖਿਆ ਪ੍ਰਣਾਲੀਆਂ ਨਾਲ ਜੁੜੇ ਨਵੇਂ ਦ੍ਰਿਸ਼ਟੀਕੋਣ ਪ੍ਰਾਪਤ ਕਰਨ ਦਾ ਮੌਕਾ ਮਿਲਿਆ। ਇਸ ਮੌਕੇ 'ਤੇ ਸਕੂਲ ਦੀ ਪ੍ਰਿੰਸੀਪਲ ਸੁਭਰਾ ਰਾਣੀ ਨੇ ਕਿਹਾ, ਆਈ ਆਈ ਟੀ ਜੰਮੂ ਵਰਗੀਆਂ ਪ੍ਰਸਿੱਧ ਸੰਸਥਾਵਾਂ ਦਾ ਦੌਰਾ ਵਿਦਿਆਰਥੀਆਂ ਨੂੰ ਵੱਡੇ ਸੁਪਨੇ ਦੇਖਣ ਅਤੇ ਭਵਿੱਖ ਦੀਆਂ ਸੰਭਾਵਨਾਵਾਂ ਨੂੰ ਸਮਝਣ ਲਈ ਪ੍ਰੇਰਿਤ ਕਰਦਾ ਹੈ।

ਸਕੂਲ ਦੇ ਡਾਇਰੈਕਟਰ ਸਨੀ ਮਹਾਜਨ ਨੇ ਕਿਹਾ, ਪ੍ਰਤਾਪ ਵਰਲਡ ਸਕੂਲ ਵਿੱਚ ਸਾਡਾ ਮੰਨਣਾ ਹੈ ਕਿ ਸਿੱਖਿਆ ਸਿਰਫ਼ ਕਲਾਸਰੂਮ ਦੀਆਂ ਚਾਰ ਦੀਵਾਰਾਂ ਤੱਕ ਸੀਮਿਤ ਨਹੀਂ । ਪ੍ਰਸਿੱਧ ਸੰਸਥਾਵਾਂ ਦਾ ਸਿੱਧਾ ਅਨੁਭਵ ਵਿਦਿਆਰਥੀਆਂ ਨੂੰ ਸਿੱਖਣ, ਖੋਜ ਕਰਨ ਅਤੇ ਆਪਣੇ ਭਵਿੱਖ ਲਈ ਵੱਡੇ ਟੀਚੇ ਨਿਰਧਾਰਤ ਕਰਨ ਦਾ ਮੌਕਾ ਦਿੰਦਾ ਹੈ।

ਆਈ ਆਈ ਟੀ ਜੰਮੂ ਦਾ ਇਹ ਦੌਰਾ ਵਿਦਿਆਰਥੀਆਂ ਲਈ ਗਿਆਨ, ਪ੍ਰੇਰਣਾ ਅਤੇ ਅਨੁਭਵ ਦਾ ਇੱਕ ਮਹੱਤਵਪੂਰਨ ਮੌਕਾ ਰਿਹਾ। ਅਸੀਂ ਭਵਿੱਖ ਵਿੱਚ ਵੀ ਅਜਿਹੇ ਯਤਨ ਜਾਰੀ ਰੱਖਾਂਗੇ, ਜੋ ਵਿਦਿਆਰਥੀਆਂ ਦੇ ਸਿੱਖਿਆਤਮਕ, ਨਿੱਜੀ ਅਤੇ ਸਰਵਪੱਖੀ ਵਿਕਾਸ ਵਿੱਚ ਯੋਗਦਾਨ ਪਾਉਣ।

# ਗਿੱਲ ਨੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਵਾਲਿਆਂ ਦਾ ਹਾਲ-ਚਾਲ ਜਾਣਿਆ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜਿਨ੍ਹਾਂ ਦੀ ਸਿਹਤ ਕੁਝ ਢਿੱਲੀ ਹੋਣ ਦੇ ਕਾਰਨ ਹਸਪਤਾਲ ਵਿੱਚ ਦਾਖਲ ਸਨ ਉਹਨਾਂ ਦੀ ਸਿਹਤਯਾਬੀ ਦਾ ਪਤਾ ਲੈਣ ਲਈ ਵਿਧਾਨ ਸਭਾ ਹਲਕਾ ਮਜੀਠਾ ਦੇ ਆਮ ਆਦਮੀ ਪਾਰਟੀ ਵੱਲੋਂ ਇੰਚਾਰਜ ਤਲਬੀਰ ਸਿੰਘ ਗਿੱਲ ਉਚੇਚੇ ਤੌਰ 'ਤੇ ਹਸਪਤਾਲ ਪਹੁੰਚੇ ਅਤੇ ਸੰਤ ਬਾਬਾ ਸੱਜਣ ਸਿੰਘ ਦੀ ਸਿਹਤਯਾਬੀ ਦੀ ਕਾਮਨਾ ਕੀਤੀ।

ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਸੰਤ ਬਾਬਾ ਸੱਜਣ ਸਿੰਘ ਹੋਰਾਂ ਦੀ ਇਲਾਕੇ ਨੂੰ ਬਹੁਤ ਵੱਡੀ ਦੇਣ ਹੈ। ਇਸ ਮੌਕੇ ਉਹਨਾਂ ਨਾਲ ਰਣਜੀਤ ਸਿੰਘ ਰਾਣਾ ਬਾਬੋਵਾਲ, ਬਾਬਾ ਰਾਜਾ ਬੁਲਾਰਾ, ਪਰਗਟ ਸਿੰਘ ਬੋਪਾਰਾਏ, ਜਗਰੂਪ ਸਿੰਘ ਬੋਪਾਰਾਏ, ਬਲਜਿੰਦਰ ਸਿੰਘ ਨਿਬਰਵਿੰਡ ਅਤੇ ਹੋਰ ਆਗੂ ਵੀ ਹਾਜ਼ਰ ਸਨ ।

# ਆਰ ਐੱਮ ਪੀ ਆਈ ਦੇ ਸੂਬਾਈ ਸੱਦੇ 'ਤੇ ਮਹਿੰਗਾਈ ਵਿਰੁੱਧ ਜ਼ੋਰਦਾਰ ਰੋਸ ਮੁਜ਼ਾਹਰਾ



**ਅਜਨਾਲਾ (ਸੁਖਜਿੰਦਰ ਸਿੰਘ ਰਾਜੂ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ( ਆਰ.ਐਮ. ਪੀ.ਆਈ. ) ਦੇ ਸੂਬਾਈ ਸੱਦੇ 'ਤੇ ਐਤਵਾਰ ਇਥੇ ਪਾਰਟੀ ਦੇ ਆਗੂਆਂ ਤੇ ਵਰਕਰਾਂ ਨੇ ਅਜਨਾਲਾ ਫਤਿਹਗੜ੍ਹ ਚੂੜੀਆਂ ਰੋਡ 'ਤੇ ਮਹਿੰਗਾਈ ਵਿਰੁੱਧ ਜ਼ੋਰਦਾਰ ਰੋਸ ਮੁਜ਼ਾਹਰਾ ਕੀਤਾ ਅਤੇ ਮਹਿੰਗਾਈ ਮੈਨ ਮੋਦੀ ਦਾ ਪੁਤਲਾ ਫੂਕਿਆ ਜਿੱਥੇ ਅਕਾਸ਼ ਗੁੰਜਾਊ ਨਾਅਰੇ ਲਾਏ ਗਏ '70 ਰੁਪਏ ਕਿਲੋ ਖੰਡ-ਮੋਦੀ ਕਰੇ ਪਖੰਡ'।

ਇੱਥੇ ਜੁੜੇ ਰੋਹ ਭਰੇ ਇਕੱਠ ਨੂੰ ਸੰਬੋਧਨ ਕਰਦਿਆਂ ਜਮਹੂਰੀ ਪਾਰਟੀ ਦੇ ਸੀਨੀਅਰ ਆਗੂ ਤੇ ਜਮਹੂਰੀ ਕਿਸਾਨ ਸਭਾ ਦੇ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ, ਸੀਨੀਅਰ ਕਿਸਾਨ ਆਗੂ ਬਲਤੇਜ ਸਿੰਘ ਦਿਆਲਪੁਰਾ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸੂਬਾਈ ਸਕੱਤਰ ਧਰਮਿੰਦਰ ਸਿੰਘ ਮੁਕੇਰੀਆਂ, ਨੌਜਵਾਨ ਸਭਾ ਦੇ ਪ੍ਰਧਾਨ ਜੱਗਾ ਸਿੰਘ ਡੱਲਾ ਤੇ ਮਨਪ੍ਰੀਤ ਸਿੰਘ ਜੋਸ਼ ਅਤੇ ਦਿਹਾਤੀ ਮਜ਼ਦੂਰ ਸਭਾ ਦੇ ਅਮਰਜੀਤ ਸਿੰਘ ਭਿੰਡੀ ਸੈਦਾਂ ਨੇ ਦੱਸਿਆ ਕਿ ਕਾਰਪੋਰੇਟੀ ਮੋਦੀ ਸਰਕਾਰ ਨੇ ਗਿਣ-ਮਿੱਥ ਕੇ ਕਾਰਪੋਰੇਟੀ ਘਰਾਣਿਆਂ ਤੇ ਵੱਡੇ ਵਪਾਰੀਆਂ ਨੂੰ ਫਾਇਦਾ ਪਹੁੰਚਾਉਣ ਲਈ ਖਾਹ ਮਖਾਹ ਜੰਗ ਦੇ ਅਤੇ ਹੋਰ ਝੂਠੇ ਬਹਾਨੇ ਬਣਾ ਕੇ ਖੰਡ ਦੀਆਂ ਕੀਮਤਾਂ ਵਧਾਉਣ ਦਾ ਵੱਡੇ ਵਪਾਰੀਆਂ ਨੂੰ ਮਨਮਰਜ਼ੀ ਦੇ ਰੇਟ ਲਾਉਣ ਦਾ ਬਹਾਨਾ ਦੇ ਦਿੱਤਾ ਹੈ ਜਦ ਕਿ ਅਸਲੀਅਤ ਕੁਝ ਹੋਰ ਹੈ। ਆਰਥਿਕ ਖੇਤੀ ਮਾਹਿਰ ਡਾ. ਅਜਨਾਲਾ ਨੇ ਮਹਿੰਗਾਈ ਪ੍ਰਤੀ ਝੂਠੇ ਬਿਆਨਾਂ ਦਾ ਚੌਰਾਹੇ 'ਚ ਭਾਂਡਾ ਭੰਨ ਦਿੱਤਾ। ਉਹਨਾਂ ਪੰਜਾਬ ਤੇ ਦੇਸ਼ ਵਾਸੀਆਂ ਨੂੰ ਸੁਨੇਹਾ ਦਿੱਤਾ ਕਿ ਉਹ ਇੱਕਜੁੱਟ ਹੋ ਕੇ ਮਹਿੰਗਾਈ ਨੂੰ ਕਾਬੂ ਕਰਨ ਲਈ ਮਾਲਕਾਂ ਤੇ ਕਾਲਾ-ਬਜ਼ਾਰੀਆਂ ਖਿਲਾਫ ਜ਼ਬਰਦਸਤ ਘੋਲ ਲਾਮਬੰਦ ਕਰਨ। ਇਸ ਮੌਕੇ ਪ੍ਰੋਫੈਸਰ ਮਾਲਕ ਸਿੰਘ ਗੁਰਾਲਾ, ਸਰਪੰਚ ਇੰਦਰਜੀਤ ਸਿੰਘ ਅਨੈਤਪੁਰਾ, ਸੁੱਖ ਅੰਮ੍ਰਿਤਪਾਲ ਸਿੰਘ ਅਜਨਾਲਾ, ਨੌਜਵਾਨ ਆਗੂ ਸੰਤ ਸਿੰਘ ਬਾਜਵਾ ਤੇ ਗੁਰਸਿਮਰਨ ਸਿੰਘ ਡਿਆਲ ਭੱਟੀ, ਜਸਕਰਨ ਸਿੰਘ ਗੱਗੋਮਾਹਲ, ਮਨਪ੍ਰੀਤ ਸਿੰਘ - ਜੋਗਰਾਜ ਸਿੰਘ ਭਿੰਡੀ ਸੈਦਾਂ, ਵਿਜੇ - ਲਵ ਸਿੰਘ - ਲਵਪ੍ਰੀਤ ਸਿੰਘ ਨਾਸਰ, ਸਾਜਨਦੀਪ ਸਿੰਘ ਤੇ ਮਨੀ ਰੰਧਾਵਾ ਬੋਹਲੀਆ, ਜਸਪਾਲ ਸਿੰਘ ਕਮੀਰਪੁਰਾ, ਬੱਗਾ ਪੱਕਾ ਡੱਲਾ ਰਾਜਾ ਸਿੰਘ ਤੇ ਜੱਗਾ ਸਿੰਘ ਚੱਤੜਤੇਵਾਲ, ਜਗਤਾਰ ਸਿੰਘ ਸਾਹੋਵਾਲ, ਮੋਨੂੰ ਸਿੰਘ ਬੇਦੀ ਛੰਨਾ, ਸਤਪਾਲ ਸਿੰਘ ਤੇ ਜੱਗਾ ਸਿੰਘ ਵਾੜਾ, ਸਰਪੰਚ ਸੁਖਦੇਵ ਸਿੰਘ ਤੇ ਬਲਵਿੰਦਰ ਸਿੰਘ ਮੁਜੱਫਰਪੁਰ, ਹਰਜਿੰਦਰ ਸਿੰਘ ਛੀਨਾ ਰਾਏਪੁਰ ਆਦਿ ਨੇ ਦੱਸਿਆ ਕਿ ਪਿਛਲੇ ਇਕ ਮਹੀਨੇ ਵਿੱਚ ਮੋਦੀ ਸਰਕਾਰ ਨੇ ਖੰਡ ਤੇ ਹੋਰ ਵਸਤਾਂ ਮਹਿੰਗੀਆਂ ਕਰਕੇ ਕਾਰਪੋਰੇਟੀਆਂ ਨੂੰ 36 ਹਜ਼ਾਰ ਕਰੋੜ ਰੁਪਏ ਦਾ ਮੁਨਾਫਾ ਕਰਵਾਇਆ ਹੈ, ਇਸੇ ਤਰ੍ਹਾਂ 10 ਲੱਖ ਟਨ ਕੱਚੀ ਖੰਡ ਦਰਾਮਦ ਕਰਨ ਤੇ ਬੇਲੋੜਾ ਦੱਸਿਆ ਜਦੋਂ ਕੇ ਸਾਡੇ ਦੇਸ਼ ਵਿੱਚ ਤਕਰੀਬਨ 282 ਲੱਖ ਟਨ ਦੀ ਪੈਦਾਵਾਰ ਹੋਈ ਹੈ ਜਿਹੜੀ ਕਿ ਸਾਡੀਆਂ ਘਰੇਲੂ ਲੋੜਾਂ ਤੇ ਵਪਾਰਕ ਵਰਤੋਂ ਲਈ ਕਾਫੀ ਹੈ।

ਜਨਮ ਦਿਨ ਮੁਬਾਰਕ



ਨਾਯਰਾ ਗੁਪਤਾ

## ਡਾ: ਭੀਮ ਰਾਓ ਅੰਬੇਡਕਰ ਲਾਇਬ੍ਰੇਰੀ ਪਾਠਕਾਂ ਲਈ ਭਲਕੇ ਹੋਵੇਗੀ ਅਰਪਿਤ

**ਖਰੜ (ਹਰਨਾਮ ਸਿੰਘ ਡੱਲਾ)**-ਸ੍ਰੀ ਗੁਰੂ ਰਵਿਦਾਸ ਸਭਾ ਰਜਿ: ਖਰੜ ਵੱਲੋਂ ਚਲਾਈ ਜਾਣ ਵਾਲੀ [illegible] ਡਾ: ਭੀਮ ਰਾਓ ਅੰਬੇਡਕਰ ਲਾਇਬ੍ਰੇਰੀ ਖਰੜ 1 ਸਤੰਬਰ ਨੂੰ ਪਾਠਕਾਂ ਲਈ ਰਸਮੀ ਤੌਰ 'ਤੇ ਖੋਲ੍ਹੀ ਜਾਵੇਗੀ। [illegible] ਸਵੇਰੇ 9.00 ਵਜੇ ਤੋਂ 11.00 ਵਜੇ, ਸ਼ਾਮ 5.00 ਵਜੇ ਤੋਂ ਸ਼ਾਮ 7.00 ਵਜੇ ਤੱਕ, ਅਤੇ ਸਰਦੀਆਂ ਵਿੱਚ ਸਵੇਰੇ 10.00 ਤੋਂ 12.00 ਵਜੇ ਅਤੇ ਸ਼ਾਮ 4.00 ਵਜੇ ਤੋਂ 6.00 ਵਜੇ ਤੱਕ ਹੋਇਆ ਕਰੇਗਾ।

## ਐੱਸ ਆਈ ਆਰ ਦੀ ਆੜ 'ਚ ਜਾਇਜ਼ ਵੋਟਾਂ ਨਹੀਂ ਕੱਟਣ ਦਿਆਂਗੇ: ਨਾਹਰ



**ਡੇਰਾਬੱਸੀ (ਵਿਨੈ ਕੁਮਾਰ ਜੈਨ)**-ਹਲਕਾ ਡੇਰਾਬੱਸੀ ਵਿਖੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਘੱਟ ਗਿਣਤੀ ਵਿਭਾਗ ਦੇ ਚੇਅਰਮੈਨ ਪ੍ਰੋ. ਇਮਾਨੂਅਲ ਨਾਹਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। [illegible]

## ਕੈਬਨਿਟ ਮੰਤਰੀ ਨੇ ਪੰਚਾਇਤ ਨੂੰ ਵਿਕਾਸ ਕਾਰਜਾਂ ਲਈ 4 ਲੱਖ ਦਾ ਦਿੱਤਾ ਚੈੱਕ



**ਹੁਸ਼ਿਆਰਪੁਰ (ਓ ਪੀ ਰਾਣਾ)**-ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਨੂੰ ਤਰਜੀਹ ਦਿੰਦਿਆਂ [illegible] ਸਰਕਾਰੀ ਸਕੂਲਾਂ ਦੀ ਬਿਹਤਰੀ, ਆਮ [illegible]

## ਪੰਜਾਬੀਆਂ ਨੇ ਕੁਰੈਸ਼ੀਆ 'ਚ ਰੱਖੜੀ ਦਾ ਤਿਉਹਾਰ ਮਨਾਇਆ



**ਮੋਰਿੰਡਾ (ਨਿਹਾਲ ਸਿੰਘ ਕਲਸੀ)** - ਯੂਰਪ ਦੇ ਦੇਸ਼ ਕੁਰੈਸ਼ੀਆ ਵਿੱਚ ਰੋਜ਼ੀ ਰੋਟੀ ਕਮਾਉਣ ਗਏ ਪੰਜਾਬੀ [illegible]

## ਰਾਸ਼ਟਰੀ ਖੇਡ ਦਿਵਸ ਮਨਾਇਆ



**ਜਲੰਧਰ (ਸ਼ੈਲੀ ਐਲਬਰਟ)**-ਲਾਇਲਪੁਰ ਖ਼ਾਲਸਾ ਕਾਲਜ ਨੇ ਮਹਾਨ ਹਾਕੀ ਖਿਡਾਰੀ ਮੇਜਰ ਧਿਆਨ ਚੰਦ ਦੇ ਜਨਮ ਦਿਵਸ ਦੇ ਸੰਬੰਧ ਵਿੱਚ ਰਾਸ਼ਟਰੀ ਖੇਡ ਦਿਵਸ ਮਨਾਇਆ। [illegible] ਡਾ. ਸਿਮਰਨਜੀਤ ਸਿੰਘ ਬੈਂਸ (ਡੀਨ ਸਪੋਰਟਸ) ਅਤੇ ਸਪੋਰਟਸ ਕਮੇਟੀ ਦੇ ਮੈਂਬਰਾਂ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਪ੍ਰਿੰਸੀਪਲ ਡਾ. ਸੰਧੂ ਨੇ ਆਪਣੇ ਸੰਬੋਧਨ ਵਿੱਚ ਖੇਡਾਂ ਦੇ ਖੇਤਰ ਵਿੱਚ ਲਾਇਲਪੁਰ ਖਾਲਸਾ ਕਾਲਜ ਦੇ ਸ਼ਾਨਦਾਰ ਯੋਗਦਾਨ, ਅੰਤਰਰਾਸ਼ਟਰੀ ਖੇਡਾਂ ਵਿੱਚ ਇਸ ਦੀ ਅਮੀਰ ਵਿਰਾਸਤ ਅਤੇ ਉੱਭਰਦੇ ਖਿਡਾਰੀਆਂ ਨੂੰ ਵਿਸ਼ਵ ਪੱਧਰੀ ਸਹੂਲਤਾਂ ਪ੍ਰਦਾਨ ਕਰਨ ਲਈ [illegible] (ਫੁੱਟਬਾਲ), ਸ: ਗੁਰਦਿਆਲ ਸਿੰਘ (ਵਾਲੀਬਾਲ), ਦਵਿੰਦਰਪਾਲ ਸਿੰਘ (ਹਾਕੀ) ਸਮੇਤ ਫੈਕਲਟੀ ਮੈਂਬਰ ਡਾ: ਬਲਰਾਜ ਕੌਰ, ਡਾ: ਦਿਨਕਰ ਸ਼ਰਮਾ, ਡਾ: ਅਜੀਤਪਾਲ ਸਿੰਘ, ਡਾ: ਮਨਪ੍ਰੀਤ ਸਿੰਘ ਲੇਹਲ, ਪ੍ਰੋ: ਸਤਪਾਲ ਸਿੰਘ, ਪ੍ਰੋ: ਸਰਬਜੀਤ ਸਿੰਘ, ਪ੍ਰੋ. ਰਜਿਤ, ਪ੍ਰੋ. ਬਲਦੀਨਾ, ਸ. ਜਗਦੀਸ਼ ਸਿੰਘ ਅਤੇ ਅੰਮ੍ਰਿਤ ਲਾਲ ਸੈਣੀ ਨੇ ਸਰਗਰਮੀ ਨਾਲ ਭਾਗ ਲਿਆ।

## ਫਿਲੌਰ ਤੋਂ ਬੱਸ ਚੜ੍ਹਨ ਵੇਲੇ ਔਰਤ ਦਾ ਪਰਸ ਚੋਰੀ

**ਫਿਲੌਰ (ਨਿਰਮਲ)**-[illegible] ਮੈਨੂੰ ਆਪਣੇ ਵਾਹਨ ਵਿੱਚ ਫਿਲੌਰ ਲੈ ਕੇ ਆਇਆ। ਇਸ ਤੇ ਲੋਕ ਇਨਸਾਫ਼ ਮੰਚ ਦੇ ਆਗੂਆਂ ਜਰਨੈਲ ਫਿਲੌਰ, ਸਕੱਤਰ ਪਰਸ਼ੋਤਮ ਫਿਲੌਰ, ਸੀਨੀਅਰ ਆਗੂ ਮਾਸਟਰ ਹੰਸ ਰਾਜ, ਰਾਜਵਿੰਦਰ ਸਿੰਘ ਮੁਠੱਡਾ, ਡਾਕਟਰ ਸੰਦੀਪ ਕੁਮਾਰ, ਡਾਕਟਰ ਅਸ਼ੋਕ ਕੁਮਾਰ, ਡਾ. ਸੁਨੀਲ ਕੁਮਾਰ ਅਤੇ ਹਨੀ ਸੰਤੋਖਪੁਰਾ ਨੇ ਸਾਂਝੇ ਤੌਰ ਤੇ ਦੱਸਿਆ ਕਿ ਫਿਲੌਰ ਵਿੱਚ ਲੁੱਟਾਂ ਖੋਹਾਂ ਤੇ ਚੋਰੀ ਦੀਆਂ ਘਟਨਾਵਾਂ ਕਾਰਨ ਲੋਕਾਂ ਵਿੱਚ ਹਾਹਾਕਾਰ ਮਚੀ ਹੋਈ ਹੈ।

## ਵਰਕਰਾਂ ਦੇ ਮਾਣ-ਸਨਮਾਨ ਨੂੰ ਬਹਾਲ ਰੱਖਣਾ ਮੇਰੀ ਪਹਿਲੀ ਜ਼ਿੰਮੇਵਾਰੀ: ਤਲਵਾੜ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-[illegible] ਇਹਨਾ ਹੀ ਵਰਕਰਾਂ ਦੇ ਹੌਸਲੇ ਨਾਲ 2027 ਵਿਚ ਇਕ ਵਾਰ ਫਿਰ ਪੰਜਾਬ ਅੰਦਰ ਅਕਾਲੀ ਦਲ ਦੀ ਸਰਕਾਰ ਬਣੇਗੀ। ਇਸ ਮੌਕੇ ਵੱਖ-ਵੱਖ ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਸੰਜੀਵ ਤਲਵਾੜ ਦਾ ਉਚੇਚੇ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਪ੍ਰੇਮ ਸਿੰਘ (ਜ਼ਿਲ੍ਹਾ ਪ੍ਰਧਾਨ, ਐੱਸ.ਸੀ. ਵਿੰਗ), ਸੰਤੋਖ ਅੰਜਲਾ (ਜ਼ਿਲ੍ਹਾ ਪ੍ਰਧਾਨ, ਵਪਾਰ ਸੈੱਲ), ਬਿਕਰਮਜੀਤ ਕਲਸੀ (ਪ੍ਰਦੇਸ਼ ਜਨਰਲ ਸਕੱਤਰ, ਬੀ ਸੀ ਵਿੰਗ), ਸੰਜੀਵ ਕੁਮਾਰ (ਰਿਟਾਇਰਡ ਡੀ ਐੱਫ ਓ), ਸੰਜੀਵ ਥਾਪਰ, ਨਰਿੰਦਰ ਸਿੰਘ, ਜਸਵਿੰਦਰ ਸਿੰਘ, ਸੁਖਦੇਵ ਸਿੰਘ ਸੁੱਖਾ, ਜੋਧ ਸਿੰਘ, ਬਲਦੇਵ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ।

## ਸਿਲਵਰ ਓਕ ਸਕੂਲ ਦੇ ਖਿਡਾਰੀਆਂ ਨੇ ਪੰਜਾਬ ਸਕੂਲ ਖੇਡਾਂ 'ਚ ਮੈਡਲ ਜਿੱਤੇ



**ਟਾਂਡਾ ਉੜਮੁੜ (ਜਸਵਿੰਦਰ ਸਿੰਘ, ਪੰਡਿਤ ਮਿਸ਼ਰਾ)**-[illegible] ਕੁਆਲੀਫਾਈ ਕੀਤਾ। ਇਸ ਦੇ ਨਾਲ ਹੀ ਅਰਪਨ ਨੇ ਕਿੱਕ ਬਾਕਸਿੰਗ ਅੰਡਰ 14 ਦੇ ਵਿੱਚ ਅਤੇ ਗਗਨਪ੍ਰੀਤ ਨੇ ਗਤਕੇ ਦੀ ਅੰਡਰ 17 ਕੈਟਾਗਰੀ ਦੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਿਲਵਰ ਮੈਡਲ ਸਕੂਲ ਦੀ ਝੋਲੀ ਪਾਏ। ਇਸ ਤੋਂ ਇਲਾਵਾ ਅਭੀਜੀਤ ਸਿੰਘ ਨੇ ਗਤਕਾ ਅੰਡਰ 17 ਕੈਟਾਗਰੀ ਦੇ ਵਿੱਚ ਕਾਂਸੀ ਦਾ ਮੈਡਲ ਜਿੱਤਿਆ। ਚੇਅਰਮੈਨ ਤਰਲੋਚਨ ਸਿੰਘ ਨੇ ਬੇਹਦ ਖੁਸ਼ੀ ਦਾ ਇਜ਼ਹਾਰ ਕਰਦੇ ਹੋਏ ਦੱਸਿਆ ਕਿ [illegible] ਗਜਿੰਦਰ ਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਗੁਰਪ੍ਰੀਤ, ਅਮਰਜੀਤ ਕੌਰ ਸੈਣੀ, ਵਿਸ਼ਾਲੀ, ਅਰਚਨਾ, ਨੇਹਾ ਰਾਜਵੀਰ, ਰੁਪਿੰਦਰ, ਪੰਕਜ, ਸੁਰੇਸ਼, ਬਲਦੇਵ, ਜਗਬੰਧਨ, ਸੁਸ਼ੀਲ, ਮੋਨਿਕਾ, ਪਰਮਜੀਤ, ਕੰਚਨ, ਬਲਜੀਤ ,ਹਰਮਿੰਦਰ, ਹਰਜੀਤ, ਰਜਮੀਤ, ਸ਼ਿਲਪਾ, ਵਿਨੇ, ਹਿਨਾ, ਅਮਨ, ਚੇਤਨਾ, ਪ੍ਰਭਜੀਤ, ਪੁਸ਼ਪਾ, ਰਜਿੰਦਰ, ਪੂਜਾ, ਸ਼ਵੇਤਾ ਅਤੇ ਹੋਰ ਸਟਾਫ ਮੌਜੂਦ ਸੀ।

## ਪੰਜਾਬ 'ਵਰਸਿਟੀ ਵਿਦਿਆਰਥੀ ਕੌਂਸਲ ਚੋਣਾਂ ਅੱਜ

**ਚੰਡੀਗੜ੍ਹ (ਸੁਰਜੀਤ ਸੁਮਨ)**-ਪੰਜਾਬ ਯੂਨੀਵਰਸਿਟੀ ਵਿਦਿਆਰਥੀ ਕੌਂਸਲ ਚੋਣਾਂ 31 ਅਗਸਤ ਨੂੰ ਹੋਣ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਕੁੱਲ 16,468 ਵਿਦਿਆਰਥੀ ਵੋਟਰਾਂ ਵੱਲੋਂ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕੀਤਾ ਜਾਵੇਗਾ। ਇਨ੍ਹਾਂ ਚੋਣਾਂ ਲਈ ਪੀ ਯੂ ਦੇ ਵੱਖ ਵੱਖ ਵਿਭਾਗਾਂ ਵਿੱਚ ਕੁੱਲ 191 ਬੂਥ ਬਣਾਏ ਗਏ ਹਨ। ਵੋਟਰਾਂ ਦੀ ਗਿਣਤੀ ਦੇ ਆਧਾਰ 'ਤੇ ਹੀ ਵੋਟਰ ਕੇਂਦਰ ਨਿਰਧਾਰਤ ਕੀਤੇ ਗਏ ਹਨ। ਜ਼ਿਕਰਯੋਗ ਹੈ ਕਿ ਇਸ ਵਾਰ ਇਨ੍ਹਾਂ ਕੌਂਸਲ ਚੋਣਾਂ ਵਿੱਚ ਪੰਜਾਬ ਯੂਨੀਵਰਸਿਟੀ ਦੀਆਂ ਵਿਦਿਆਰਥਣਾਂ ਦੇ ਕਿੰਗਮੇਕਰ ਬਣਨ ਦੀ ਸੰਭਾਵਨਾ ਜਤਾਈ ਜਾ ਰਹੀ ਹੈ, ਕਿਉਂਕਿ ਕੁੱਲ ਵੋਟਰਾਂ ਵਿੱਚੋਂ 9000 ਵਿਦਿਆਰਥਣਾਂ ਹਨ। ਯੂਨੀਵਰਸਿਟੀ ਤੇ ਪੁਲਸ ਪ੍ਰਸ਼ਾਸਨ ਵੱਲੋਂ ਕੈਂਪਸ ਵਿੱਚ ਪੂਰੀ ਮੁਸ਼ਤੈਦੀ ਵਰਤੀ ਜਾ ਰਹੀ ਹੈ।

## 'ਰਨ ਫ਼ਾਰ ਇਕੁਐਲਿਟੀ' ਮੈਰਾਥਨ ਲਈ ਪੁਖ਼ਤਾ ਪ੍ਰਬੰਧ ਮੁਕੰਮਲ: ਏ ਡੀ ਸੀ

**ਕਪੂਰਥਲਾ (ਮਨਜੀਤ ਮਾਨ)**- ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੋਮਵਾਰ ਨੂੰ ਸਵੇਰੇ ਕਰਵਾਈ ਜਾ ਰਹੀ 'ਰਨ ਫ਼ਾਰ ਇਕੁਐਲਿਟੀ' ਮੈਰਾਥਨ ਦੀਆਂ ਤਿਆਰੀਆਂ ਦਾ ਵਧੀਕ ਡਿਪਟੀ ਕਮਿਸ਼ਨਰ (ਵਿ) ਵਰਿੰਦਰ ਪਾਲ ਸਿੰਘ ਬਾਜਵਾ ਨੇ ਜਾਇਜ਼ਾ ਲਿਆ।



ਇਹ ਮੈਰਾਥਨ ਸਵੇਰੇ 6:00 ਵਜੇ ਗੁਰੂ ਨਾਨਕ ਸਟੇਡੀਅਮ ਤੋਂ ਸ਼ੁਰੂ ਹੋਵੇਗੀ, ਰਮਾਡਾ ਹੋਟਲ ਵੱਲ ਜਾਵੇਗੀ ਅਤੇ ਵਾਪਸ ਗੁਰੂ ਨਾਨਕ ਸਟੇਡੀਅਮ ਆ ਕੇ ਸਮਾਪਤ ਹੋਵੇਗੀ। ਬਾਜਵਾ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਪੂਰੇ ਰੂਟ ਅਤੇ ਸਟੇਡੀਅਮ ਦਾ ਦੌਰਾ ਕੀਤਾ। ਉਨ੍ਹਾਂ ਨੇ ਸਫ਼ਾਈ, ਟ੍ਰੈਫਿਕ, ਸੁਰੱਖਿਆ, ਪੀਣ ਵਾਲੇ ਪਾਣੀ ਅਤੇ ਮੈਡੀਕਲ ਸੁਵਿਧਾਵਾਂ ਦਾ ਜਾਇਜ਼ਾ ਲਿਆ ਤਾਂ ਜੋ ਸਮਾਗਮ ਸੁਚਾਰੂ ਢੰਗ ਨਾਲ ਹੋ ਸਕੇ। ਉਨ੍ਹਾਂ ਨੇ ਸਮੂਹ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਬਣਾਏ ਰੱਖਣ ਅਤੇ ਖਿਡਾਰੀਆਂ ਦੀ ਸੁਰੱਖਿਆ ਤੇ ਸਹੂਲਤ ਦਾ ਪੂਰਾ ਧਿਆਨ ਰੱਖਣ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਦੱਸਿਆ ਕਿ ਇਸ ਮੈਰਾਥਨ ਦਾ ਮੁੱਖ ਮਕਸਦ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਤੋਂ ਪ੍ਰੇਰਿਤ ਹੋ ਕੇ ਸਮਾਜ ਵਿੱਚ ਬਰਾਬਰਤਾ ਅਤੇ ਭਾਈਚਾਰਕ ਸਾਂਝ ਦਾ ਸੰਦੇਸ਼ ਦੇਣਾ ਹੈ। ਉਨ੍ਹਾਂ ਨੇ ਆਮ ਲੋਕਾਂ, ਨੌਜਵਾਨਾਂ ਅਤੇ ਖੇਡ ਪ੍ਰੇਮੀਆਂ ਨੂੰ ਇਸ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ।

## ਬੀ ਕੇ ਇੰਟਰਨੈਸ਼ਨਲ ਤੇ ਬਾਬੇ ਕੇ ਸਕੂਲ 'ਚ ਮਨਾਇਆ ਰੱਖੜੀ ਦਾ ਤਿਉਹਾਰ



**ਲੋਹੀਆਂ ਖਾਸ (ਯੋਗੇਸ਼ਵਰ)**-ਬੀ ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ ਅਤੇ ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ, ਵਾੜਾ ਜੋਧ ਸਿੰਘ ਵਿਖੇ ਰੱਖੜੀ ਦਾ ਪਵਿੱਤਰ ਤਿਉਹਾਰ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵਿਦਿਆਰਥੀਆਂ ਨੇ ਆਪਣੇ ਹੱਥਾਂ ਨਾਲ ਖ਼ੂਬਸੂਰਤ ਰੱਖੜੀਆਂ ਬਣਾਈਆਂ। ਵਿਦਿਆਰਥੀਆਂ ਨੂੰ ਭਰਾ-ਭੈਣ ਪਵਿੱਤਰ ਰਿਸ਼ਤੇ ਦੇ ਪ੍ਰਤੀਕ ਰੱਖੜੀ ਤੇ ਤਿਉਹਾਰ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ । ਵਿਦਿਆਰਥੀਆਂ ਨੇ ਆਪਣੇ ਹੱਥਾਂ ਨਾਲ ਬਣਾਈਆਂ ਰੱਖੜੀਆਂ ਅਧਿਆਪਕਾਂ ਅਤੇ ਪ੍ਰਿੰਸੀਪਲ ਨੂੰ ਵੀ ਭੇਟ ਕੀਤੀਆਂ। ਇਸ ਮੌਕੇ ਸਕੂਲ ਦੇ ਐੱਮ ਡੀ ਸੱਦਾਮ ਖਾਨ, ਅਮਰਜੀਤ ਕੌਰ, ਪ੍ਰਿੰਸੀਪਲ ਸ਼੍ਰੀਮਤੀ ਨੀਤੀਮਾ ਪੁਰੀ ਨੇ ਰੱਖੜੀ ਤੇ ਤਿਉਹਾਰ ਦੀ ਵਧਾਈ ਦਿੰਦੇ ਹੋਏ ਇਹ ਸੰਦੇਸ਼ ਦਿੱਤਾ ਕਿ ਤਿਉਹਾਰ ਸਾਡੀ ਭਾਰਤੀ ਸੰਸਕ੍ਰਿਤੀ ਦਾ ਪ੍ਰਤੀਕ ਹਨ ਅਤੇ ਸਾਨੂੰ ਸਾਰੇ ਤਿਉਹਾਰ ਆਪਸੀ ਪ੍ਰੇਮ -ਭਾਈਚਾਰੇ ਨਾਲ ਮਨਾਉਣੇ ਚਾਹੀਦੇ ਹਨ।

## 20 ਨੂੰ ਕਿਸਾਨਾਂ ਦੀ ਹੋਵੇਗੀ ਇਤਿਹਾਸਕ ਕੌਮੀ ਕਾਨਫ਼ਰੰਸ

**ਗੁਰਾਇਆ (ਬਿੰਦਰ ਸੁਮਨ)**-ਪਿੰਡ ਬੋਪਾਰਾਏ ਵਿਖੇ ਸ਼ਿਗਾਰਾ ਸਿੰਘ ਬੋਪਾਰਾਏ ਦੀ 9ਵੀਂ ਬਰਸੀ ਮੌਕੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਕੇਂਦਰੀ ਕਮੇਟੀ ਮੈਂਬਰ ਕੁਲਵੰਤ ਸਿੰਘ ਸੰਧੂ ਨੇ ਯਾਦਗਾਰ 'ਤੇ ਝੰਡਾ ਲਹਿਰਾਇਆ। ਇਸ ਮੌਕੇ ਉਨ੍ਹਾਂ ਸੰਬੋਧਨ ਕਰਦਿਆ ਕਿਹਾ ਕਿ 20-21 ਸਤੰਬਰ ਨੂੰ ਜਲੰਧਰ ਵਿਖੇ ਆਲ ਇੰਡੀਆ ਕਿਸਾਨ ਮਹਾਸਭਾ ਦੀ ਇਤਿਹਾਸਕ ਕੌਮੀ ਕਾਨਫ਼ਰੰਸ ਹੋਣ ਜਾ ਰਹੀ ਹੈ, ਜਿਸ ਦੇ ਪਹਿਲੇ ਦਿਨ ਰੈਲੀ ਕੀਤੀ ਜਾਵੇਗੀ। ਸੰਧੂ ਨੇ ਕਿਹਾ ਕਿ ਜਮਹੂਰੀ ਕਿਸਾਨ ਸਭਾ ਅਤੇ ਪੰਜਾਬ ਕਿਸਾਨ ਯੂਨੀਅਨ ਵਲੋਂ ਏਕਾ ਕਰਕੇ ਇਸ ਕੌਮੀ ਕਾਨਫ਼ਰੰਸ ਦੀਆਂ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਆਰੰਭ ਕੀਤੀਆਂ ਹੋਈਆਂ ਹਨ। ਸੰਧੂ ਨੇ ਅੱਗੇ ਕਿਹਾ ਕਿ ਮੋਦੀ ਦੀ ਸਰਕਾਰ ਵਲੋਂ ਕਾਰਪੋਰੇਟ ਘਰਾਣਿਆਂ ਦੀ ਸੇਵਾ ਕਰਦੇ ਹੋਏ ਜਿਸ ਢੰਗ ਨਾਲ ਕਿਸਾਨੀ ਉਪਰ ਹਮਲਾ ਬੋਲਿਆ ਜਾ ਰਿਹਾ ਹੈ, ਉਸ ਨਾਲ ਲੋਕਾਂ ਨੂੰ ਖੇਤੀ 'ਚੋਂ ਕੱਢ ਕੇ ਜ਼ਮੀਨਾਂ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਲਈ ਲਗਾਤਾਰ ਕੋਸ਼ਿਸ਼ਾਂ ਜਾਰੀ ਹਨ। ਸੰਧੂ ਨੇ ਕਿਹਾ ਕਿ ਇਸ ਦਾ ਮੁਕਾਬਲਾ ਵਿਸ਼ਾਲ ਏਕਤਾ ਨਾਲ ਹੀ ਕੀਤਾ ਜਾ ਸਕਦਾ ਹੈ। ਇਸ ਮੌਕੇ ਆਰ ਐੱਮ ਪੀ ਆਈ ਦੇ ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਢੇਸੀ ਨੇ ਵਿਸ਼ਵਾਸ਼ ਦਵਾਇਆ ਕਿ ਇਸ ਕਾਨਫ਼ਰੰਸ ਨੂੰ ਕਾਮਯਾਬ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ, ਜਿਸ ਤਹਿਤ ਫ਼ੰਡ ਇਕੱਠਾ ਕਰਨ, ਪ੍ਰਚਾਰ ਕਰਨ ਸਮੇਤ ਤਿਆਰੀਆਂ ਜਾਰੀ ਹਨ। ਢੇਸੀ ਨੇ ਕਿਹਾ ਕਿ ਦੋ ਕਿਸਾਨ ਜਥੇਬੰਦੀਆਂ ਦੀ ਏਕਤਾ ਹੋਣ ਨਾਲ ਲੋਕਾਂ ਚ ਵੀ ਕਾਫੀ ਉਤਸ਼ਾਹ ਹੈ। ਸਮਾਗਮ ਦੌਰਾਨ ਆਰ ਐੱਮ ਪੀ ਆਈ ਦੇ ਸੂਬਾ ਕਮੇਟੀ ਮੈਂਬਰ ਪਰਮਜੀਤ ਰੰਧਾਵਾ ਤੇ



ਸੰਤੋਖ ਸਿੰਘ ਬਿਲਗਾ, ਤਹਿਸੀਲ ਸਕੱਤਰ ਡਾ. ਸਰਬਜੀਤ ਮੁਠੱਡਾ, ਜੰਡਿਆਲਾ ਮੰਜਕੀ ਦੇ ਸਾਬਕਾ ਸਰਪੰਚ ਮੱਖਣ ਪੱਲਨ, ਸਾਬਕਾ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਹਰਜਿੰਦਰ ਸਿੰਘ ਲੱਲੀਆਂ, ਨਿਰਮੋਲਕ ਸਿੰਘ ਹੀਰਾ, ਕੁਲਦੀਪ ਵਾਲੀਆ, ਪਰਮਜੀਤ ਬੋਪਾਰਾਏ ਨੇ ਸ਼ਿਗਾਰਾ ਸਿੰਘ ਨੂੰ ਯਾਦ ਕਰਦਿਆਂ ਆਪਣੇ ਵਿਚਾਰ ਪੇਸ਼ ਕੀਤੇ।ਇਸ ਮੌਕੇ ਮੇਜਰ ਫਿਲੌਰ, ਕੁਲਜੀਤ ਫਿਲੌਰ, ਰਾਮ ਨਾਥ ਦੁਸਾਂਝ, ਬਲਵਿੰਦਰ ਸਰਗੁੰਦੀ, ਗੁਰਦੀਪ ਗੋਗੀ, ਬਲਵਿੰਦਰ ਸਿੰਘ ਦੁਸਾਂਝ, ਮਨਜੀਤ ਸੂਰਜਾ, ਅਮਰੀਕ ਰੁੜਕਾ ਆਦਿ ਵੀ ਹਾਜ਼ਰ ਸਨ।

## ਦਸਮੇਸ਼ ਸਪੋਰਟਸ ਕਲੱਬ ਦੀ ਨਵੀਂ ਕਮੇਟੀ ਦਾ ਗਠਨ



**ਬੰਗਾ (ਅਵਤਾਰ ਕਲੇਰ**- ਦਸਮੇਸ਼ ਸਪੋਰਟਸ ਕਲੱਬ ਪਿੰਡ ਕੱਟ ਦੀ ਚੋਣ ਕਰਦਿਆਂ 15 ਮੈਂਬਰੀ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ। ਅਮਨਿੰਦਰ ਸਿੰਘ ਪ੍ਰਧਾਨ, ਦਿਲਪ੍ਰੀਤ ਸਿੰਘ ਵਾਈਸ ਪ੍ਰਧਾਨ, ਪਵਨਦੀਪ ਸਿੰਘ ਨੂੰ ਜਨਰਲ ਸਕੱਤਰ, ਜਗਦੀਸ਼ ਕੁਮਾਰ ਨੂੰ ਖਜਾਨਚੀ ਅਤੇ ਸੰਦੀਪ ਸਿੰਘ ਨੂੰ ਉਪ ਖਜਾਨਚੀ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਜਸ਼ਨਦੀਪ ਸਿੰਘ, ਜੰਗ ਬਹਾਦਰ ਸਿੰਘ, ਦਲਜੀਤ ਕੁਮਾਰ, ਸਰਬਜੀਤ ਸੈਂਪਲੇ, ਸੁਖਪ੍ਰੀਤ, ਸੁਖਜੀਵਨ ਸਿੰਘ, ਸੁਖਜਿੰਦਰ ਸਿੰਘ, ਅਮਨਜੋਤ ਸਿੰਘ, ਮਨਜਿੰਦਰ ਸਿੰਘ ਅਤੇ ਚਰਨਪ੍ਰੀਤ ਸਿੰਘ ਨੂੰ ਕਮੇਟੀ ਮੈਂਬਰ ਵਜੋਂ ਸ਼ਾਮਲ ਕੀਤਾ ਗਿਆ। ਇਸ ਮੌਕੇ ਪੁਰਾਣੀ ਕਮੇਟੀ ਦੇ ਮੌਜੂਦਾ ਪ੍ਰਧਾਨ ਅਤੇ ਮੈਂਬਰ ਵੀ ਹਾਜ਼ਰ ਰਹੇ। ਪੁਰਾਣੀ ਕਮੇਟੀ ਦੇ ਕਈ ਮੈਂਬਰਾਂ ਦੇ ਪਿੰਡ ਤੋਂ ਬਾਹਰ ਜਾ ਚੁੱਕੇ ਹੋਣ ਕਾਰਨ ਕਮੇਟੀ ਦੇ ਕੰਮਕਾਜ ਨੂੰ ਸੁਚਾਰੂ ਢੰਗ ਨਾਲ ਜਾਰੀ ਰੱਖਣ ਲਈ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ। ਪੁਰਾਣੀ ਕਮੇਟੀ ਵੱਲੋਂ ਨਵੇਂ ਨਿਯੁਕਤ ਅਹੁਦੇਦਾਰਾਂ ਅਤੇ ਮੈਂਬਰਾਂ ਸਬੰਧੀ ਸਹਿਮਤੀ ਪ੍ਰਗਟਾਈ ਗਈ। ਇਸ ਮੌਕੇ ਪਰਮਜੀਤ ਸਿੰਘ, ਸੁਰਿੰਦਰ ਸਿੰਘ,ਪਰਮਿੰਦਰ ਸਿੰਘ, ਰਵਿੰਦਰ ਸਿੰਘ, ਜਗਦੀਪ ਸਿੰਘ, ਨਵਜੋਤ ਸਿੰਘ, ਕਰਨਦੀਪ ਸਿੰਘ, ਗੁਰਕੀਰਤ ਸਿੰਘ ਆਦਿ ਹੋਰ ਪਿੰਡ ਦੇ ਪਤਵੰਤੇ ਸੱਜਣ ਅਤੇ ਨੌਜਵਾਨ ਵੀ ਹਾਜ਼ਰ ਸਨ।ਨਵੀਂ ਕਮੇਟੀ ਵੱਲੋਂ ਪਿੰਡ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ, ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਦਸ਼ਮੇਸ਼ ਸਪੋਰਟਸ ਕਲੱਬ ਦੀਆਂ ਗਤੀਵਿਧੀਆਂ ਨੂੰ ਹੋਰ ਬਿਹਤਰ ਢੰਗ ਨਾਲ ਅੱਗੇ ਲਿਜਾਣ ਲਈ ਮਿਲਜੁਲ ਕੇ ਕੰਮ ਕਰਨ ਦਾ ਸੰਕਲਪ ਲਿਆ ਗਿਆ।

## ਕਾਂਗਰਸ ਵੱਲੋਂ ਮਹਿੰਗਾਈ ਤੇ ਬੇਰੁਜ਼ਗਾਰੀ ਖ਼ਿਲਾਫ਼ ਰੋਸ ਪ੍ਰਦਰਸ਼ਨ

**ਜ਼ੀਰਕਪੁਰ (ਜਤਿੰਦਰ ਕੁਮਾਰ)**-ਮਹਿੰਗਾਈ, ਬੇਰੁਜ਼ਗਾਰੀ ਅਤੇ ਲੋਕਾਂ ਨਾਲ ਜੁੜੇ ਹੋਰ ਮੁੱਦਿਆਂ ਨੂੰ ਲੈ ਕੇ ਕਾਂਗਰਸ ਪਾਰਟੀ ਵੱਲੋਂ ਡੇਰਾਬੱਸੀ ਵਿੱਚ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਪ੍ਰਦਰਸ਼ਨ ਵਿੱਚ ਉਪਪ੍ਰਧਾਨ ਉਦੇਵੀਰ ਸਿੰਘ ਢਿੱਲੋਂ, ਹਰਸ਼ਰਿਸ਼ੀ ਅਤੇ ਹੋਰ ਸੈਂਕੜਿਆਂ ਦੀ ਗਿਣਤੀ ਵਿੱਚ ਕਾਂਗਰਸੀ



ਆਗੂਆਂ, ਅਹੁਦੇਦਾਰਾਂ ਅਤੇ ਵਰਕਰਾਂ ਨੇ ਸ਼ਮੂਲੀਅਤ ਕਰਦਿਆਂ ਸਰਕਾਰ ਖ਼ਿਲਾਫ਼ ਆਪਣਾ ਰੋਸ ਜ਼ਾਹਿਰ ਕੀਤਾ।ਪ੍ਰਦਰਸ਼ਨ ਦੌਰਾਨ ਕਾਂਗਰਸੀ ਵਰਕਰਾਂ ਨੇ ਮਹਿੰਗਾਈ ਅਤੇ ਬੇਰੁਜ਼ਗਾਰੀ ਦੇ ਮੁੱਦੇ ਨੂੰ ਲੈ ਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਲਗਾਤਾਰ ਵਧ ਰਹੀ ਮਹਿੰਗਾਈ ਕਾਰਨ ਆਮ ਪਰਵਾਰਾਂ ਦਾ ਘਰੇਲੂ ਬਜਟ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਰੋਜ਼ਾਨਾ ਵਰਤੋਂ ਦੀਆਂ ਵਸਤਾਂ, ਖਾਣ-ਪੀਣ ਦੀਆਂ ਚੀਜ਼ਾਂ ਅਤੇ ਹੋਰ ਜ਼ਰੂਰੀ ਸਾਮਾਨ ਦੀਆਂ ਕੀਮਤਾਂ ਵਧਣ ਕਾਰਨ ਆਮ ਲੋਕਾਂ ਲਈ ਘਰ ਦਾ ਗੁਜ਼ਾਰਾ ਕਰਨਾ ਮੁਸ਼ਕਲ ਹੋ ਰਿਹਾ ਹੈ। ਇਸ ਮੌਕੇ ਕਾਂਗਰਸੀ ਵਰਕਰਾਂ ਨੇ ਹੱਥਾਂ ਵਿੱਚ ਪਾਰਟੀ ਦੇ ਝੰਡੇ ਫੜ ਕੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਅਤੇ ਮਹਿੰਗਾਈ ਤੇ ਬੇਰੁਜ਼ਗਾਰੀ ਨੂੰ ਕਾਬੂ ਕਰਨ ਲਈ ਠੋਸ ਕਦਮ ਚੁੱਕਣ ਦੀ ਮੰਗ ਕੀਤੀ। ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ ਅਤੇ ਵਰਕਰਾਂ ਦੀ ਮੌਜੂਦਗੀ ਨੇ ਪਾਰਟੀ ਦੇ ਸਥਾਨਕ ਪੱਧਰ 'ਤੇ ਸਰਗਰਮ ਹੋਣ ਦਾ ਸੰਕੇਤ ਦਿੱਤਾ। ਇਸ ਦੌਰਾਨ ਕਾਂਗਰਸ ਵੱਲੋਂ ਮਹਿੰਗਾਈ ਅਤੇ ਬੇਰੁਜ਼ਗਾਰੀ ਦੇ ਮੁੱਦੇ ਨੂੰ ਲੈ ਕੇ ਸਰਕਾਰ 'ਤੇ ਨਿਸ਼ਾਨਾ ਸਾਧਿਆ ਗਿਆ।

## ਮੁਲਾਜ਼ਮਾਂ ਨੂੰ ਜਾਰੀ ਕੀਤੇ ਕਾਰਨ ਦੱਸੋ ਨੋਟਿਸ ਵਾਪਸ ਲੈਣ ਦੀ ਮੰਗ

**ਚੰਡੀਗੜ੍ਹ (ਸੁਰਜੀਤ ਸੁਮਨ)**-ਮਹਿੰਗਾਈ ਭੱਤੇ ਅਤੇ ਹੋਰ ਮੰਗਾਂ ਨੂੰ ਲੈ ਕੇ ਪੰਜਾਬ ਦੇ ਸਰਕਾਰੀ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਸੂਬਾਸਰਕਾਰ ਵਿਚਕਾਰ ਬਣਿਆ ਟਕਰਾਅ ਗੰਭੀਰ ਰੂਪ ਅਖ਼ਤਿਆਰ ਕਰਦਾ ਜਾ ਰਿਹਾ ਹੈ। ਇਸ ਮਾਮਲੇ ਨੂੰ ਲੈ ਕੇ ਸਰਕਾਰ ਵੱਲੋਂ ਹੜਤਾਲੀ ਮੁਲਾਜ਼ਮਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਨ ਤੋਂ ਇੱਕ ਦਿਨ ਬਾਅਦ ਲੁਧਿਆਣਾ ਦੇ ਬੱਚਤ ਭਵਨ ਵਿਖੇ ਮੁੜ ਇਕੱਤਰ ਹੋਏ ਸਮੁੱਚੇ ਪੰਜਾਬ ਦੇ ਮੁਲਾਜ਼ਮ ਦੇ ਰੋਹ-ਵਿਦਰੋਹ ਦੇ ਮੱਦੇਨਜ਼ਰ ਜੁੜ ਬੈਠੇ ਆਗੂਆਂ ਵੱਲੋਂ ਮੌਜੂਦਾ ਹਾਲਾਤਾਂ ਨੂੰ ਵਾਚਦਿਆਂ ਲੰਬਾ ਸੰਘਰਸ਼ ਲੜਨ ਲਈ ਰਣਨੀਤੀ ਉਲੀਕੀ ਗਈ। ਉਨ੍ਹਾਂ ਵੱਲੋਂ ਇਹ ਵੀ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਮੁਲਾਜ਼ਮਾਂ ਦੇ ਐਕਸ਼ਨਾਂ ਨਾਲ ਆਮ ਲੋਕਾਂ ਨੂੰ ਕੋਈ ਬਹੁਤੀ ਮੁਸ਼ਕਲ ਪੇਸ਼ ਨਾ ਆਵੇ ਅਤੇ ਮੁਲਾਜ਼ਮ ਮੰਗਾਂ ਵੀ ਮਨਵਾਈਆਂ ਜਾ ਸਕਣ। ਮੀਟਿੰਗ ਉਪਰੰਤ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ



ਕਰਦਿਆਂ ਮੁਲਾਜ਼ਮ ਆਗੂ ਗੁਰਨਾਮ ਸਿੰਘ ਵਿਰਕ ਨੇ ਕਿਹਾ ਕਿ ਸੱਤ ਸਤੰਬਰ ਤੱਕ ਸਰਕਾਰ ਨੂੰ ਇਹ ਨੋਟਿਸ ਦਿੱਤਾ ਜਾ ਰਿਹਾ ਹੈ ਕਿ ਮੁਲਾਜ਼ਮਾਂ ਵਿਰੁੱਧ ਜਾਰੀ ਕੀਤਾ ਗਿਆ ਕਾਰਨ ਦੱਸੋ ਨੋਟਿਸ ਤੁਰੰਤ ਵਾਪਸ ਲਿਆ ਜਾਵੇ। ਉਨ੍ਹਾਂ ਕਿਹਾ ਕਿ ਅੱਠ ਸਤੰਬਰ ਨੂੰ ਸਮੂਹਿਕ ਛੁੱਟੀ ਲੈ ਕੇ ਮੁੜ ਹੜਤਾਲ ਕੀਤੀ ਜਾਵੇਗੀ, ਜਿਸ ਦੀ ਤਾਈਦ ਸੁਖਚੈਨ ਸਿੰਘ ਖਹਿਰਾ ਵੱਲੋਂ ਕੀਤੀ ਗਈ। ਇਸ ਮੌਕੇ ਸਤੀਸ਼ ਰਾਣਾ ਨੇ ਕਿਹਾ ਕਿ ਅੱਠ ਸਤੰਬਰ ਨੂੰ ਇੱਕ ਦਿਨ ਦੀ ਹੜਤਾਲ ਕੀਤੀ ਜਾਵਗੀ। ਉਨ੍ਹਾਂ ਮੁਲਾਜ਼ਮਾਂ ਨੂੰ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਦੀ ਨਿਖੇਧੀ ਕਰਦਿਆਂ ਕਿਹਾ ਕਿ 12 ਅਤੇ 13 ਸਤੰਬਰ ਨੂੰ ਪੰਜਾਬ ਦੇ ਮੰਤਰੀਆਂ ਹਰਭਜਨ ਸਿੰਘ ਈ.ਟੀ.ਓ, ਜੈ ਕਿਸ਼ਨ ਰੋੜੀ, ਡਾ. ਬਲਬੀਰ ਸਿੰਘ, ਕੁਲਤਾਰ ਸਿੰਘ ਸੰਧਵਾ, ਲਾਲ ਚੰਦ ਕਟਾਰੂਚੱਕ ਅਤੇ ਅਮਨ ਅਰੋੜਾ ਦੇ ਘਰਾਂ ਦਾ ਘਿਰਾਓ ਕੀਤਾ ਜਾਵੇਗਾ। ਇਸੇ ਤਰ੍ਹਾਂ 28 ਤੇ 29 ਸਤੰਬਰ ਨੂੰ ਬਾਕੀ ਮੰਤਰੀਆਂ ਅਤੇ ਐਮ.ਐਲ.ਏਜ਼ ਦੇ ਘਰਾਂ ਦਾ ਘਿਰਾਓ ਕੀਤਾ ਜਾਵੇਗਾ।30 ਸਤੰਬਰ ਨੂੰ ਚੰਡੀਗੜ੍ਹ ਵਿਖੇ ਆਪਣੀ ਵੱਖਰੀ ਵਿਧਾਨ ਸਭਾ ਲਗਾਉਣਗੇ। ਇਸੇ ਦੌਰਾਨ ਜ਼ਿਲ੍ਹਾ ਪੱਧਰੀ ਕਮੇਟੀਆਂ ਦੀਆਂ ਮੀਟਿੰਗਾਂ ਵੀ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਨੂੰ ਮੁੱਖ ਮੰਤਰੀ ਦੀ ਸਕੱਤਰੇਤ ਤੋਂ ਸਤੌਜ ਵਾਪਸੀ ਦਾ ਨਾਂਅ ਦਿੱਤਾ ਗਿਆ ਹੈ। ਜ਼ਿਕਰਯੋਗ ਹੈ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਸੁਣਾਏ ਜਾ ਚੁੱਕੇ ਫੈਸਲੇ ਅਨੁਸਾਰ ਸਰਕਾਰ ਵੱਲੋਂ ਮਹਿੰਗਾਈ ਭੱਤੇ ਦੀ ਅਦਾਇਗੀ ਸਬੰਧੀ ਕੰਪਲਾਇੰਸ ਰਿਪੋਰਟ 31 ਅਗਸਤ ਤੱਕ ਪੇਸ਼ ਕੀਤੀ ਜਾਣੀ ਹੈ।

## ਨੰਬਰਦਾਰ ਯੂਨੀਅਨ ਵੱਲੋਂ ਮੁੱਖ ਮੰਤਰੀ ਦੇ ਘਰ ਦਾ ਘਿਰਾਓ 5 ਅਕਤੂਬਰ ਨੂੰ

**ਨਕੋਦਰ (ਮਨਜੀਤ ਮਾਨ)**- ਪੰਜਾਬ ਨੰਬਰਦਾਰ ਯੂਨੀਅਨ ਰਜਿ (643) ਵਲੋਂ ਨੰਬਰਦਾਰਾਂ ਦੀਆਂ ਹੱਕੀ ਅਤੇ ਜਾਇਜ ਮੰਗਾਂ ਜੋ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਵਿਧਾਨ ਸਭਾ ਦੀਆਂ 2022 ਦੀਆਂ ਚੋਣਾਂ ਸਮੇਂ 13 ਨੁਕਾਤੀ ਏਜੰਡੇ ਵਿਚ ਗਰੰਟੀ ਦਿੱਤੀ ਗਈ ਸੀ ਨੂੰ ਲਾਗੂ ਕਰਵਾਉਣ ਲਈ ਪਿਛਲੇ ਸਾਢੇ ਚਾਰ ਸਾਲ ਤੋਂ ਪੰਜਾਬ ਸਰਕਾਰ ਨਾਲ ਸੰਪਰਕ ਵਿਚ ਰਹਿਣ ਦੇ ਬਾਵਜੂਦ ਵੀ ਲਾਗੂ ਨਾ ਹੋਣ ਕਾਰਨ ਪੰਜਾਬ ਦੇ ਸਮੁਚੇ ਨੰਬਰਦਾਰ ਭਾਈਚਾਰੇ ਵਿਚ ਸਰਕਾਰ ਖਿਲਾਫ ਦਾ ਰੋਸ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਯੂਨੀਅਨ ਨਾਲ ਪੰਜ ਮੀਟਿੰਗਾਂ ਵਿਚ ਕੁਝ ਨਿਕਲਿਆ। ਪਰ ਹੁਣ ਪੰਜਾਬ ਨੰਬਰਦਾਰ



ਯੂਨੀਅਨ ਵਲੋਂ ਸੂਬਾ ਪ੍ਰਧਾਨ ਗੁਰਪਾਲ ਸਿੰਘ ਸਮਰਾ ਦੇ ਦਿਸ਼ਾ ਨਿਰਦੇਸ਼ਾ ਤਹਿਤ ਸੂਬਾ ਬਾਡੀ ਦੀ ਪ੍ਰੀਤ ਪੈਲਸ ਜੰਡਿਆਲਾ ਮੰਜਕੀ (ਜਲੰਧਰ ) ਵਿਖੇ ਸੂਬਾ ਕਾਰਜਕਾਰੀ ਪ੍ਰਧਾਨ ਗੁਰਦਰਸਨ ਸਿੰਘ ਗਲੌਲੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿਚ ਸਮੂਹ ਪੰਜਾਬ ਬਾਡੀ ਦੇ ਅਹੁਦੇਦਾਰਾਂ, ਜਿਲਿਆਂ ਅਤੇ ਤਹਿਸੀਲਾਂ ਦੇ ਅਹੁਦੇਦਾਰਾਂ ਨੇ ਫੈਸਲਾ ਕੀਤਾ ਕਿ ਮੁੱਖ ਮੰਤਰੀ ਦੀ ਸੰਗਰੂਰ ਕੋਠੀ ਦਾ ਘਿਰਾਓ ਕੀਤਾ 5 ਅਕਤੂਬਰ ਨੂੰ ਕੀਤਾ ਜਾਵੇਗਾ। ਇਸ ਮੌਕੇ ਸੂਬਾ ਕਾਰਜਕਾਰੀ ਪ੍ਰਧਾਨ ਗਲੌਲੀ ਅਤੇ ਸੂਬਾ ਸਕਤਰ ਜਨਰਲ ਰਸ਼ਪਾਲ ਸਿੰਘ ਰਾਮਪੁਰ ਤਰਨ ਤਾਰਨ , ਸੀਨੀਅਰ ਮੀਤ ਪ੍ਰਧਾਨ ਜਸਵੰਤ ਸਿੰਘ ਰੰਧਾਵਾ ਹੁਸਿਆਰਪੁਰ, ਸੀਨੀਅਰ ਮੀਤ ਪ੍ਰਧਾਨ ਹਰਕੰਵਲ ਸਿੰਘ ਮੁੰਧ ਜਲੰਧਰ, ਸੀਨੀ ਮੀਤ ਪ੍ਰਧਾਨ ਹੁਸਿਆਰ ਸਿੰਘ ਝੰਡੇਰ ਅੰਮ੍ਰਿਤਸਰ, ਦਰਸਨ ਸਿੰਘ ਮਾਲਵਾ ਬਠਿੰਡਾ ਖਜਾਨਚੀ, ਮੀਤ ਪ੍ਰਧਾਨ ਹਰਪਾਲ ਸਿੰਘ ਪੰਨੂ ਅੰਮ੍ਰਿਤਸਰ, ਕਰਮਜੀਤ ਸਿੰਘ ਨਮੋਲ ਜ਼ਿਲ੍ਹਾ ਪ੍ਰਧਾਨ ਸੰਗਰੂਰ, ਸੀਨੀਅਰ ਮੀਤ ਪ੍ਰਧਾਨ ਭਗਵਾਨ ਸਿੰਘ ਮਾਣਕੀ ਮਲੇਰਕੋਟਲਾ,ਚਰਨਜੀਤ ਸਿੰਘ ਕਰਤਾਰਪੁਰ ਮੁੱਖ ਬੁਲਾਰਾ, ਸੀਨੀ ਮੀਤ ਪ੍ਰਧਾਨ ਪਿਆਰਾ ਸਿੰਘ ਦਹੇੜਕਾ ਲੁਧਿਆਣਾ, ਵਰਿੰਦਰ ਕੁਮਾਰ ਚੌਧਰੀ ਜਿਲ੍ਹਾ ਪ੍ਰਧਾਨ ਰੋਪੜ, ਸਿੰਗਾਰਾ ਸਿੰਘ ਲਾਖਨਾ ਸੀਨੀਅਰ ਪ੍ਰਧਾਨ, ਹਰਵੰਤ ਸਿੰਘ ਜਿਲ੍ਹਾ ਪ੍ਰਧਾਨ ਨਵਾਸਹਿਰ, ਕੁਲਦੀਪ ਸਿੰਘ ਜਿਲ੍ਹਾ ਪ੍ਰਧਾਨ ਫਿਰੋਜਪੁਰ, ਜਗਤਾਰ ਸਿੰਘ ਜ਼ਿਲ੍ਹਾ ਪ੍ਰਧਾਨ ਫਰੀਦਕੋਟ,ਹਰਦਰਸਨ ਸਿੰਘ ਕੋਟਦੁੰਨਾ ਜਿਲ੍ਹਾ ਪ੍ਰਧਾਨ ਬਰਨਾਲਾ,ਹਰਭਜਨ ਸਿੰਘ ਬੋਦੇਵਾਲ ਜਿਲ੍ਹਾ ਪ੍ਰਧਾਨ ਤਰਨ ਤਾਰਨ, ਹਰਪਾਲ ਸਿੰਘ ਪੰਨੂ ਜਿਲ੍ਹਾ ਪ੍ਰਧਾਨ ਅੰਮ੍ਰਿਤਸਰ,ਭਾਕਰ ਸਿੰਘ ਜਿਲ੍ਹਾ ਪ੍ਰਧਾਨ ਬਠਿੰਡਾ,ਯਾਦਵਿੰਦਰ ਸਿੰਘ ਜਿਲ੍ਹਾ ਪ੍ਰਧਾਨ ਪਟਿਆਲਾ, ਅੰਮ੍ਰਿਤਪਾਲ ਸਿੰਘ ਗੁਰਨੇ ਜ਼ਿਲ੍ਹਾ ਪ੍ਰਧਾਨ ਮਾਨਸਾ,ਕੁਲਵੰਤ ਸਿੰਘ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ, ਗੁਰਦੇਵ ਲਾਲ ਜਿਲ੍ਹਾ ਪ੍ਰਧਾਨ ਜਲੰਧਰ ਸ਼ਹਿਰੀ, ਅਮਰਜੀਤ ਸਿੰਘ ਨੱਥੋਹੇੜੀ ਜ਼ਿਲ੍ਹਾ ਪ੍ਰਧਾਨ ਮਲੇਰਕੋਟਲਾ, ਸਾਹਿਬ ਸਿੰਘ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਗੁਰਮੁਖ ਸਿੰਘ ਤੱਖਤੂਚੱਕ ਤਹਿਸੀਲ ਪ੍ਰਧਾਨ ਖਡੂਰ ਸਾਹਿਬ, ਨਰਿੰਦਰ ਸਿੰਘ ਗੁਜਰਪੁਰਾ ਤਹਿਸੀਲ ਪ੍ਰਧਾਨ ਗੋਇੰਦਵਾਲ ਸਾਹਿਬ, ਕੁਲਵੰਤ ਸਿੰਘ ਮੱਖੀ ਤਹਿਸੀਲ ਪ੍ਰਧਾਨ ਪੱਟੀ, ਸੁਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ, ਮੇਜਰ ਸਿੰਘ ਸ਼ਾਹਕੋਟ,ਹਰਨੇਕ ਸਿੰਘ ਲੋਹੀਆਂ, ਭਜਨ ਸਿੰਘ ਕਰਤਾਰਪੁਰ, ਅੰਮ੍ਰਿਤਪਾਲ ਸਿੰਘ ਆਦਮਪੁਰ, ਮਨਜੀਤ ਸਿੰਘ,ਕੁਲਵੰਤ ਸਿੰਘ ਭੋਗਪੁਰ, ਰਘੁਬੀਰ ਸਿੰਘ ਮਹਿਤਪੁਰ, ਜਸਵਿੰਦਰ ਸਿੰਘ ਸਰਹਾਲੀ, ਗੁਰਸ਼ਰਨ ਸਿੰਘ ਭਗਵਾਨਪੁਰ ਤਹਿਸੀਲ ਪ੍ਰਧਾਨ ਖੇਮਕਰਨ, ਦਿਲਬਾਗ ਸਿੰਘ ਵਲਟੋਹਾ ਤਹਿਸੀਲ ਪ੍ਰਧਾਨ ਭਿੱਖੀਵਿੰਡ, ਕ੍ਰਿਸ਼ਨ ਸਿੰਘ ਜਿਲ੍ਹਾ ਆਗੂ ਸੰਗਰੂਰ, ਰਣਜੀਤ ਸਿੰਘ ਰਾਜਾ ਮਜੀਠਾ ਆਦਿ ਹਾਜ਼ਰ ਸਨ।

## ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ



**ਆਦਮਪੁਰ (ਪਰਮਜੀਤ ਸਿੰਘ)**-ਆਦਮਪੁਰ ਦੇ ਨਜ਼ਦੀਕ ਪਿੰਡ ਡਰੋਲੀ ਕਲਾਂ ਵਿਖੇ ਹਰ ਸਾਲ ਦੀ ਤਰਾਂ ਸ਼ਹੀਦ ਬਾਬਾ ਮਤੀ ਜੀ ਮੈਮੋਰੀਅਲ ਸੱਤ ਦਿਨਾ ਖੇਡ ਦੀ ਅਰੰਭਤਾ ਮੇਲੇ ਨੂੰ ਮੁੱਖ ਰੱਖਦਿਆ ਖਿਡਾਰੀਆਂ ਦੀ ਸਿਹਤ ਦੀ ਤੰਦਰੁਸਤੀ ਲਈ ਤੇ ਸਮਾਗਮ ਦੀ ਨਿਰਵਿਗਨ ਸੰਪੂਰਣਤਾ ਲਈ ਪ੍ਰਮਾਤਮਾ ਦਾ ਓਟ ਆਸਰਾ ਲੈਦਿਆਂ ਗਰਾਉਂਡ ਵਿੱਚ ਸਥਿਤ ਹਾਲ ਅੰਦਰ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਭੋਗ ਪਾਏ ਗਏ। ਇਸ ਮੌਕੇ ਪ੍ਰਬੰਧਕ ਕਮੇਟੀ ਮੈਂਬਰ ਪ੍ਰਧਾਨ ਕੁਲਵਿੰਦਰ ਸਿੰਘ,ਉਪ ਪ੍ਰਧਾਨ ਗਰਮੀਤ ਸਿੰਘ, ਮੁੱਖ ਸੰਚਾਲਕ ਅਮਰਜੀਤ ਸਿੰਘ ਕੁਕੂ, ਹਰਮਿੰਦਰ ਸਿੰਘ ਸੈਕਟਰੀ, ਖਜਾਨਚੀ ਰਣਵੀਰ ਸਿੰਘ, ਦਵਿੰਦਰ ਕੁਮਾਰ, ਫੁੱਟਬਾਲ ਇੰਚਾਰਜ ਹਰਪ੍ਰੀਤ ਸਿੰਘ ਬੱਬਲਾ, ਅਮਰਜੀਤ ਸਿੰਘ, ਗੁਰਦੁਆਰਾ ਪ੍ਰੰਧਕ ਕਮੇਟੀ ਪ੍ਰਧਾਨ ਜੱਥੇਦਾਰ ਮਨੋਹਰ ਸਿੰਘ, ਚਰਨਜੀਤ ਸਿੰਘ ਯੂ ਐੱਸ ਏ, ਸਰਪੰਚ ਰਛਪਾਲ ਸਿੰਘ, ਕਮਲਜੀਤ ਸਿੰਘ, ਸਰਵਣ ਸਿੰਘ, ਰਣਵੀਰ ਪਾਲ ਸਿੰਘ, ਅਤੇ ਮੁੱਖ ਸਖਸੀਅਤਾਂ ਹਾਜ਼ਰ ਸਨ। ਸਟੇਜ ਸਕੱਤਰ ਦੇ ਸੇਵਾ ਹਰਜਾਪ ਸਿੰਘ ਵੱਲੋਂ ਨਿਭਾਈ ਜਾਵੇਗੀ।

## ਗੜ੍ਹੀ ਨੇ ਗੁਰਦੁਆਰਾ ਕੋਤਵਾਲੀ ਸਾਹਿਬ ਵਿਖੇ ਨਤਮਸਤਕ ਹੋ ਕੇ ਕੀਤਾ ਸ਼ੁਕਰਾਨਾ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਆਮ ਆਦਮੀ ਪਾਰਟੀ ਵਲੋਂ ਵਿਧਾਨ ਸਭਾ ਹਲਕਾ ਸ੍ਰੀ ਚਮਕੌਰ ਲਈ ਨਵੇਂ ਨਿਯੁਕਤ ਕੀਤੇ ਹਲਕਾ ਇੰਚਾਰਜ ਜਸਵੀਰ ਸਿੰਘ ਗੜ੍ਹੀ ਨੇ ਇਤਿਹਾਸਕ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਵਿਖੇ ਪਹੁੰਚ ਕੇ ਨਤਮਸਤਕ ਹੋ ਕੇ ਗੁਰੂ ਮਹਾਰਾਜ ਜੀ ਦਾ ਅਸ਼ੀਰਵਾਦ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਮਾਰਕੀਟ ਕਮੇਟੀ ਦੇ



ਸਾਬਕਾ ਚੇਅਰਮੈਨ ਐਨ ਪੀ ਰਾਣਾ ਨੇ ਦੱਸਿਆ ਕਿ ਜਸਵੀਰ ਸਿੰਘ ਗੜ੍ਹੀ ਨੇ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਇੰਚਾਰਜ ਨਿਯੁਕਤ ਹੋਣ ਉਪਰੰਤ ਵੱਡੇ ਕਾਫਲੇ ਨਾਲ ਇਤਿਹਾਸਕ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਸ੍ਰੀ ਚਮਕੌਰ ਸਾਹਿਬ ਵਿਖੇ ਗੁਰੂ ਸਾਹਿਬ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਉਪਰੰਤ ਗੁਰਦੁਆਰਾ ਸ਼ਹੀਦ ਬਾਬਾ ਸੰਗਤ ਸਿੰਘ, ਸ਼ਿਵ ਮੰਦਰ ਸ੍ਰੀ ਚਮਕੌਰ ਸਾਹਿਬ ਨਤਮਸਤਕ ਹੁੰਦੇ ਹੋਏ ਦੁਪਹਿਰ 3 ਵਜੇ ਮੋਰਿੰਡਾ ਵਿਖੇ ਪਹੁੰਚ ਕੇ ਮਾਤਾ ਗੁਜਰ ਕੌਰ ਅਤੇ ਸਾਹਿਬਜ਼ਾਦਿਆਂ ਚਰਨ ਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਤੋਂ ਅਸ਼ੀਰਵਾਦ ਲਿਆ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕਰਵਾਈ। ਇਸ ਮੌਕੇ ਪੱਤਰਕਰਾਂ ਨਾਲ ਗਲਬਾਤ ਕਰਦਿਆਂ ਜਸਵੀਰ ਸਿੰਘ ਗੜ੍ਹੀ ਨੇ ਇਸ ਨਿਯੁਕਤੀ ਲਈ ਜਿਥੇ ਗੁਰੂ ਮਹਾਰਾਜ ਜੀ ਦਾ ਸ਼ੁਕਰਾਨਾ ਕੀਤਾ ਉਥੇ ਉਹਨਾਂ ਪਾਰਟੀ ਹਾਈਕਮਾਂਡ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਉਹਨਾਂ ਆਖਿਆ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਮਜ਼ਦੂਰਾਂ, ਮੁਲਾਜ਼ਮਾਂ ਤੇ ਕਿਸਾਨਾਂ ਦੀ ਬਾਂਹ ਫੜੀ। ਸਿਖਿਆ ਅਤੇ ਸਿਹਤ ਸੇਵਾਵਾਂ ਨੂੰ ਬੇਹਤਰੀਨ ਬਣਾਇਆ। ਮਹਿਲਾਵਾਂ ਭੈਣਾਂ ਨੂੰ ਇਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇ ਕੇ ਉਹਨਾਂ ਦਾ ਸਤਿਕਾਰ ਕੀਤਾ। ਇਸ ਮੌਕੇ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਉਹਨਾਂ ਨੂੰ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ।ਇਸ ਮੌਕੇ ਕਾਫਲੇ ਵਿਚ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਮਨਦੀਪ ਸਿੰਘ ਮਾਂਗਟ ਸਾਬਕਾ ਪ੍ਰਧਾਨ ਨਗਰ ਕੌਂਸਲ ਸ੍ਰੀ ਚਮਕੌਰ ਸਾਹਿਬ, ਸਿੰਕਦਰ ਸਿੰਘ ਸਹੇੜੀ, ਕੁਲਦੀਪ ਸਿੰਘ ਖੇੜੀ, ਬਲਵਿੰਦਰ ਸਿੰਘ ਪੱਟੀ ਅਤੇ ਰੋਹਿਤ ਵਸ਼ਿਸ਼ਟ ਅਤੇ ਕੇਸਰ ਸਿੰਘ ਸਮਾਣਾ ਚੇਅਰਮੈਨ ਮਾਰਕੀਟ ਕਮੇਟੀ ਮੋਰਿੰਡਾ ਆਦਿ ਪਤਵੰਤੇ ਸੱਜਣ ਹਾਜ਼ਰ ਸਨ।

## ਵਿਦਿਆਰਥੀਆਂ ਦੇ ਲਿਖਤੀ ਮੁਕਾਬਲੇ ਕਰਵਾਏ



**ਆਦਮਪੁਰ (ਪਰਮਜੀਤ ਸਿੰਘ)**- ਪ੍ਰਬੁੱਧ ਭਾਰਤ ਫਾਉਂਡੇਸ਼ਨ ਨੇ ਪੰਜਾਬ ਦੇ ਵੱਖ-ਵੱਖ ਪ੍ਰੀਖਿਆ ਕੇਂਦਰਾਂ ਵਿੱਚ ਵਿਦਿਆਰਥੀਆਂ ਦੀ 100 ਅੰਕਾਂ ਦੀ ਲਿਖਤੀ ਪ੍ਰੀਖਿਆ ਲਈ। ਇਸੇ ਲੜੀ ਵਿੱਚ ਖੁਰਦਪੁਰ ਦੇ ਪ੍ਰੀਖਿਆ ਕੇਂਦਰ ਵਿੱਚ ਵੀ ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਲੈਕਚਰਾਰ ਗੁਰਿੰਦਰ ਸਿੰਘ ਨੇ ਦੱਸਿਆ ਕਿ ਸਾਰੇ ਵਿਦਿਆਰਥੀਆਂ ਨੂੰ ਤਿੰਨ ਗਰੁੱਪਾਂ ਵਿੱਚ ਵੰਡਿਆ ਗਿਆ ਹੈ। ਪਹਿਲੇ ਗਰੁੱਪ ਵਿੱਚ ਅੱਠਵੀਂ ਤੱਕ ਦੇ ਵਿਦਿਆਰਥੀ, ਦੂਜੇ ਗਰੁੱਪ ਵਿੱਚ ਨੌਵੀਂ ਤੋਂ ਬਾਰਵੀਂ ਤੱਕ ਦੇ ਵਿਦਿਆਰਥੀ ਤੇ ਤੀਜੇ ਗਰੁੱਪ ਵਿੱਚ ਬਾਰਵੀਂ ਤੋਂ ਉੱਪਰ ਦੇ ਵਿਦਿਆਰਥੀ ਸ਼ਾਮਿਲ ਸਨ। ਗਰੁੱਪ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਨੂੰ 50 ਹਜ਼ਾਰ ਰੁਪਏ ਦੇ ਨਗਦ ਇਨਾਮ ਦਿੱਤੇ ਜਾਣਗੇ। ਇਸ ਤਰਾਂ ਜੇਤੂ ਬੱਚਿਆਂ ਨੂੰ ਲਗਭਗ 5 ਲੱਖ ਰੁਪਏ ਦੇ ਨਗਦ ਇਨਾਮ ਵੰਡੇ ਜਾਣਗੇ।ਇਹ ਪੇਪਰ ਡਾਕਟਰ ਭੀਮ ਰਾਓ ਅੰਬੇਡਕਰ ਯੂਥ ਸਪੋਰਟਸ ਕਲੱਬ ਖੁਰਦਪੁਰ ਤੇ ਪ੍ਰਬੰਧਕੀ ਟੀਮ ਦੇ ਅਹੁਦੇਦਾਰਾਂ ਡਾਕਟਰ ਕੇ ਕੇ ਅਜਾਦ, ਮਦਨ ਲਾਲ, ਬਨਾਰਸੀ ਦਾਸ ਭਾਟੀਆ, ਡਾ. ਸ਼ਾਮ ਲਾਲ ਜਲੰਧਰ, ਲੈਕਚਰਾਰ ਗੁਰਿੰਦਰ ਸਿੰਘ, ਰਾਜ ਕੁਮਾਰ ਤੇ ਐਡਵੋਕੇਟ ਸੋਨਮ ਆਦਮਪੁਰ ਦੀ ਦੇਖ ਰੇਖ ਵਿੱਚ ਕਰਵਾਇਆ ਗਿਆ। ਜ਼ਿਕਰਯੋਗ ਹੈ ਕਿ ਸੰਸਥਾ ਵੱਲੋਂ ਇਸ ਪੇਪਰ ਦੀ ਤਿਆਰੀ ਲਈ ਬੱਚਿਆਂ ਨੂੰ ਮੁਫਤ ਕਿਤਾਬਾਂ ਪ੍ਰਦਾਨ ਕੀਤੀਆਂ ਗਈਆਂ ਅਤੇ ਵਿਦਿਆਰਥੀਆਂ ਲਈ ਸਟੇਸ਼ਨਰੀ ਅਤੇ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ।

## ਜੈਂਤੀਮਾਜਰੀ ਪੁਲ ਦਾ ਨਿਰਮਾਣ ਕਰਕੇ ਲੋਕਾਂ ਦੀ ਸਮੱਸਿਆ ਹੱਲ ਕਰਨਾ ਅਤਿ ਜ਼ਰੂਰੀ : ਮਾਵੀ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਜੈਂਤੀਮਾਜਰਾ ਵਿਖੇ ਇਸ ਪੁਲ ਦੀ ਅਣਹੋਂਦ ਕਾਰਨ ਲੋਕਲ ਲੋਕਾਂ ਨੂੰ ਆਪਣੀਆਂ ਨਿੱਤ ਦਿਨ ਦੀਆਂ ਲੋੜਾਂ ਦੀ ਪੂਰਤੀ ਲਈ ਵੱਡੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ।



ਬਰਸਾਤ ਦੇ ਦਿਨਾਂ ਵਿੱਚ ਤਾਂ ਇਸ ਪੁਲ ਦੀ ਅਣਹੋਂਦ ਕਾਰਨ ਇਲਾਕਾ ਬਾਕੀ ਦੁਨੀਆਂ ਤੋਂ ਪੂਰੀ ਤਰ੍ਹਾਂ ਅਲੱਗ ਥਲੱਗ ਹੋ ਕੇ ਰਹਿ ਜਾਂਦਾ ਹੈ।ਲੋਕਾਂ ਦੀ ਇਸ ਸਮੱਸਿਆ ਨੂੰ ਵੇਖਦੇ ਹੋਏ ਇਲਾਕਾ ਸੰਘਰਸ਼ ਕਮੇਟੀ, ਸਮੂਹ ਸਮਾਜਸੇਵੀ ਤੇ ਸਿਆਸੀ ਪਾਰਟੀਆਂ ਅਧਾਰਿਤ ਸਾਂਝੀ ਟੀਮ ਦੀ ਪਹਿਲਕਦਮੀ ਸਦਕਾ ਇਲਾਕੇ ਦੇ ਸੂਝਵਾਨ ਲੋਕਾਂ ਵੱਲੋਂ ਇਸ ਪੁਲ ਦੇ ਨਿਰਮਾਣ ਲਈ ਆਪਣੇ ਤੌਰ ਤੇ ਵੱਡੇ ਪੱਧਰ ਤੇ ਆਰਥਿਕ ਮੱਦਦ ਤੇ ਨਿਰਮਾਣ ਸਮੱਗਰੀ ਇਕੱਤਰ ਕਰਨਾ ਸ਼ੁਰੂ ਕਰ ਦਿੱਤੀ ਗਈ ਹੈ। ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਪੰਜਾਬ ਭਰ ਦੇ ਦੌਰੇ ਕਰ ਰਹੇ ਹਨ, ਤਾਂ ਇਹ ਵੇਖਣ ਵਾਲੀ ਗੱਲ ਹੋਵੇਗੀ ਕੀ, ਕਿ ਆਪਣੇ ਇੱਕ ਸਤੰਬਰ ਦੇ ਪਿੰਡ ਤੀੜਾ ਵਿਖੇ ਇਸ ਦੌਰੇ ਦੌਰਾਨ ਮੁੱਖ ਮੰਤਰੀ ਇਸ ਪੁਲ ਦੇ ਨਿਰਮਾਣ ਸਬੰਧੀ ਨਜ਼ਰ ਸੁਵੱਲੀ ਕਰਨਗੇ ਜਾਂ ਨਹੀਂ? ਇਸ ਸਬੰਧੀ ਉਪਰੋਕਤ ਸੁਆਲ ਖੜਾ ਕਰਦਿਆਂ ਹਰਨੇਕ ਸਿੰਘ ਮਾਵੀ ਨੇ ਕਿਹਾ ਕਿ ਇਸ ਪੁਲ ਦਾ ਨਿਰਮਾਣ ਸਰਕਾਰੀ ਤੌਰ ਤੇ ਕਰਵਾਉਂਦੇ ਹੋਏ ਲੋਕਲ ਲੋਕਾਂ ਦੀ ਸਮੱਸਿਆ ਤੁਰੰਤ ਹੱਲ ਕਰਨਾ ਅਤਿ ਜ਼ਰੂਰੀ ਹੈ।

## ਰਾਸ਼ਟਰੀ ਖੇਡ ਦਿਵਸ 'ਤੇ 12 ਖਿਡਾਰੀਆਂ ਨੂੰ 5 ਲੱਖ ਦਾ ਸਨਮਾਨ

**ਜਲੰਧਰ (ਸ਼ੈਲੀ ਐਲਬਰਟ)**-ਰਾਸ਼ਟਰੀ ਖੇਡ ਦਿਵਸ ਮੌਕੇ ਸੀ ਟੀ ਗਰੁੱਪ ਵੱਲੋਂ ਆਪਣੇ ਵਿਦਿਆਰਥੀ ਖਿਡਾਰੀਆਂ ਦੀਆਂ ਸ਼ਾਨਦਾਰ ਖੇਡ ਪ੍ਰਾਪਤੀਆਂ ਦਾ ਸਨਮਾਨ ਕੀਤਾ ਗਿਆ। ਵੱਖ-ਵੱਖ ਆਲ ਇੰਡੀਆ ਇੰਟਰ-ਯੂਨੀਵਰਸਿਟੀ ਚੈਂਪੀਅਨਸ਼ਿਪਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ 12 ਹੋਣਹਾਰ ਖਿਡਾਰੀਆਂ ਨੂੰ ਕੁਸ਼ਤੀ, ਪਾਵਰਲਿਫਟਿੰਗ, ਆਰਮ ਰੈਸਲਿੰਗ, ਵੁਸ਼ੂ ਅਤੇ ਪੇਂਚਕ ਸਿਲਾਟ ਵਰਗੀਆਂ ਖੇਡ ਵਿਧਾਵਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਗਿਆ। ਇਨ੍ਹਾਂ ਖਿਡਾਰੀਆਂ ਨੂੰ ਸਾਂਝੇ ਤੌਰ 'ਤੇ ?5 ਲੱਖ ਦੇ ਨਕਦ ਇਨਾਮ ਪ੍ਰਦਾਨ ਕੀਤੇ ਗਏ।ਇਹ ਇਨਾਮ ਪ੍ਰਤਿਸ਼ਠਿਤ ਰਾਸ਼ਟਰੀ ਪੱਧਰੀ ਯੂਨੀਵਰਸਿਟੀ ਮੁਕਾਬਲਿਆਂ



ਵਿੱਚ ਤਮਗੇ ਜਿੱਤਣ ਵਾਲੇ ਖਿਡਾਰੀਆਂ ਦੀ ਮਿਹਨਤ, ਸਮਰਪਣ ਅਤੇ ਸ਼ਾਨਦਾਰ ਪ੍ਰਦਰਸ਼ਨ ਨੂੰ ਮਾਨਤਾ ਦੇਣ ਲਈ ਦਿੱਤੇ ਗਏ।ਸੋਨ ਤਮਗਾ ਜੇਤੂਆਂ ਵਿੱਚ ਹਰਕੋਮਲ ਸਿੰਘ ਗਿੱਲ (ਬੀ ਬੀ ਏ-ਐੱਚ ਆਰ) ਨੇ ਆਰਮ ਰੈਸਲਿੰਗ ਵਿੱਚ ਰਾਈਟ ਆਰਮ ਅਤੇ ਲੈਫਟ ਆਰਮ ਵਰਗਾਂ ਵਿੱਚ ਦੋ ਸੋਨ ਤਮਗੇ ਜਿੱਤ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਵੁਸ਼ੂ ਵਿੱਚ ਸੋਨੀਆ ਅਤੇ ਲੋਕੇਸ਼ ਨੇ ਆਪਣੇ-ਆਪਣੇ ਭਾਰ ਵਰਗਾਂ ਵਿੱਚ ਸੋਨ ਤਮਗੇ ਹਾਸਲ ਕੀਤੇ, ਜਦਕਿ ਸੈਯਦ ਮੁਹੰਮਦ ਅਲੀ ਰਊਫ਼ ਸ਼ਾਹ ਬੀ ਕੋਮ ਨੇ 70 ਕਿਲੋਗ੍ਰਾਮ ਵਰਗ ਵਿੱਚ ਸੋਨ ਤਮਗਾ ਜਿੱਤਿਆ।ਪੇਂਚਕ ਸਿਲਾਟ ਵਿੱਚ ਨਿਤਿਨ ਅਤੇ ਸਚਿਨ ਨੇ ਕ੍ਰਮਵਾਰ 45 ਕਿਲੋਗ੍ਰਾਮ ਅਤੇ 90 ਕਿਲੋਗ੍ਰਾਮ ਵਰਗ ਵਿੱਚ ਸੋਨ ਤਮਗੇ ਹਾਸਲ ਕੀਤੇ। ਇਸੇ ਤਰ੍ਹਾਂ ਸੁਧਾ ਚੌਹਾਨ (2.1.) ਨੇ 75 ਕਿਲੋਗ੍ਰਾਮ ਵਰਗ ਵਿੱਚ ਸੋਨ ਤਮਗਾ ਜਿੱਤ ਕੇ ਸੀਟੀ ਗਰੁੱਪ ਦੀਆਂ ਖੇਡ ਪ੍ਰਾਪਤੀਆਂ ਵਿੱਚ ਹੋਰ ਵਾਧਾ ਕੀਤਾ। ਧੀਰਜ ਨੇ ਵੁਸ਼ੂ ਵਿੱਚ ਚਾਂਦੀ ਦਾ ਤਮਗਾ ਜਿੱਤ ਕੇ ਆਪਣੀ ਕਾਬਲੀਅਤ, ਲਗਨ ਅਤੇ ਦ੍ਰਿੜ ਇਰਾਦੇ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਕਾਂਸੀ ਦੇ ਤਮਗਾ ਜੇਤੂਆਂ ਨੇ ਵੀ ਸੀਟੀ ਗਰੁੱਪ ਦਾ ਮਾਣ ਵਧਾਇਆ। ਸ਼ਿਵਾਨੀ ਸਿੰਘ (ਐੱਮ ਬੀ ਏ) ਨੇ ਕੁਸ਼ਤੀ ਵਿੱਚ ਕਾਂਸੀ ਦਾ ਤਮਗਾ ਹਾਸਲ ਕਰਨ ਦੇ ਨਾਲ ਕੇ ਆਈ ਯੂ ਗੇਮਸ ਲਈ ਵੀ ਕੁਆਲੀਫਾਈ ਕੀਤਾ। ਪਾਵਰਲਿਫਟਿੰਗ ਵਿੱਚ ਸਨੇਹਾ ਘਰਾਮੀ (2.1.) ਨੇ 84 ਕਿਲੋਗ੍ਰਾਮ ਅਤੇ ਗੀਤਾ (2.1.) ਨੇ 52 ਕਿਲੋਗ੍ਰਾਮ ਵਰਗ ਵਿੱਚ ਕਾਂਸੀ ਦੇ ਤਮਗੇ ਜਿੱਤੇ।ਇਸੇ ਤਰ੍ਹਾਂ ਤੌਸੀਫ਼ਾ ਹਸਨ (2.1.) ਨੇ ਪੇਂਚਕ ਸਿਲਾਟ ਦੇ -60 ਕਿਲੋਗ੍ਰਾਮ ਵਰਗ ਵਿੱਚ ਕਾਂਸੀ ਦਾ ਤਮਗਾ ਹਾਸਲ ਕਰਕੇ ਸੀਟੀ ਗਰੁੱਪ ਦੀ ਵਧ ਰਹੀ ਖੇਡ ਵਿਰਾਸਤ ਵਿੱਚ ਇੱਕ ਹੋਰ ਉਪਲਬਧੀ ਜੋੜੀ।ਇਸ ਮੌਕੇ ਪ੍ਰੋ. (ਡਾ.) ਮਨਬੀਰ ਸਿੰਘ, ਮੈਨੇਜਿੰਗ ਡਾਇਰੈਕਟਰ, ਸੀਟੀ ਗਰੁੱਪ ਅਤੇ ਪ੍ਰੋ-ਚਾਂਸਲਰ, ਸੀ ਟੀ ਯੂਨੀਵਰਸਿਟੀ ਨੇ ਕਿਹਾ, ਸੀ ਟੀ ਗਰੁੱਪ ਵਿੱਚ ਸਾਡਾ ਵਿਸ਼ਵਾਸ ਹੈ ਕਿ ਸਿੱਖਿਆ ਸਿਰਫ਼ ਕਲਾਸਰੂਮ ਤੱਕ ਸੀਮਿਤ ਨਹੀਂ ਹੈ।